ਸ਼ੁੱਕਰਵਾਰ, 19 ਜੂਨ, 2026

5 ਹਾੜ੍ਹ { ਨਾਨਕਸ਼ਾਹੀ 558
ਬਿਕਰਮੀ 2083

ਜਿਲਦ/VOL. : 75

ਅੰਕ/NO. : 18

ਰੋਜ਼ਾਨਾ

ਨਵਾਂ ਜ਼ਮਾਨਾ

DAILY NAWAN ZAMANA • FRIDAY, 19 JUNE, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

YouTube nawan zamana TV

ਫਰਜ਼ੀ ਵੀਡੀਓ ਦੀ ਜਾਂਚ ਲਈ ਡੀ ਜੀ ਪੀ ਨੂੰ ਨਿਰਦੇਸ਼

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਇੱਕ ਕਥਿਤ ਵੀਡੀਓ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 'ਗੁਰੂ ਦੋਖੀ' ਅਤੇ 'ਪੰਥ ਵਿਰੋਧੀ' ਕਰਾਰ ਦਿੱਤੇ ਜਾਣ ਤੋਂ ਕੁਝ ਦਿਨਾਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਨੂੰ ਇਸ 'ਤੇ ਆਪਣਾ ਪੱਖ ਸਾਹਮਣੇ ਰੱਖਿਆ। ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਸੂਬੇ ਤੋਂ ਬਾਹਰਲੀਆਂ ਪ੍ਰਮੁੱਖ ਲੈਬਾਰਟਰੀਆਂ ਤੋਂ ਕਰਵਾਈ ਗਈ ਫ਼ੌਰੈਂਸਿਕ ਜਾਂਚ ਵਿੱਚ ਇਹ ਸਾਬਤ ਹੋ ਗਿਆ ਹੈ ਕਿ ਉਕਤ ਵੀਡੀਓ ਪੂਰੀ ਤਰ੍ਹਾਂ ਨਕਲੀ ਅਤੇ ਫ਼ਰਜ਼ੀ ਹੈ। ਮੁੱਖ ਮੰਤਰੀ ਨੇ ਖ਼ੁਲਾਸਾ ਕੀਤਾ ਕਿ ਉਨ੍ਹਾ ਦੀ ਸਿਆਸੀ ਅਤੇ ਸਮਾਜਿਕ ਦਿੱਖ ਨੂੰ ਖ਼ਰਾਬ ਕਰਨ ਲਈ ਕਿਸੇ ਅਦਾਕਾਰ ਦਾ ਸਹਾਰਾ ਲੈ ਕੇ ਇਹ ਸਾਰਾ ਸਵਾਂਗ ਰਚਿਆ ਗਿਆ ਅਤੇ ਵੀਡੀਓ ਰਿਕਾਰਡ ਕੀਤੀ ਗਈ। ਉਨ੍ਹਾ ਕਿਹਾ, 'ਮੈਂ ਡੀ ਜੀ ਪੀ ਪੰਜਾਬ ਨੂੰ ਸਖ਼ਤ ਨਿਰਦੇਸ਼ ਦਿੱਤੇ ਹਨ ਕਿ ਦੋਸ਼ੀਆਂ ਨੂੰ ਤੁਰੰਤ ਟਰੈਕ ਕਰਕੇ ਜਨਤਾ ਦੇ ਸਾਹਮਣੇ ਬੇਨਕਾਬ

ਕੀਤਾ ਜਾਵੇ।' ਉਨ੍ਹਾ ਕਿਹਾ ਕਿ ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਡੀ ਜੀ ਪੀ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ, ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਹ ਵੀਡੀਓ ਕਿਸ ਨੇ ਬਣਵਾਈ, ਕਿਸ ਨੇ ਪੈਸੇ ਦਿੱਤੇ ਅਤੇ ਇਹ ਕਿੱਥੇ ਸ਼ੂਟ ਕੀਤੀ ਗਈ। ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਫੜ ਕੇ ਜਲਦ ਹੀ ਨਾਨਕ-ਲੇਵਾ ਸੰਗਤ ਦੇ ਸਾਹਮਣੇ ਪੇਸ਼ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਧਰਮ ਦੇ ਕਥਿਤ ਠੇਕੇਦਾਰਾਂ ਵੱਲੋਂ ਆਪਣੇ ਸਿਆਸੀ ਆਕਾਵਾਂ ਨੂੰ ਖ਼ੁਸ਼ ਕਰਨ ਲਈ ਅਜਿਹੇ ਹੱਥਕੰਡੇ ਅਪਣਾਏ ਜਾ ਰਹੇ ਹਨ।

ਉਨ੍ਹਾ ਕਿਹਾ ਕਿ ਐੱਸ ਜੀ ਪੀ ਸੀ ਪ੍ਰਧਾਨ ਖ਼ੁਦ ਨੂੰ ਸੁਖਬੀਰ ਸਿੰਘ ਬਾਦਲ ਦਾ ਵਫ਼ਾਦਾਰ ਸਿਪਾਹੀ ਦੱਸਦੇ ਹਨ, ਜਦੋਂ ਕਿ ਉਨ੍ਹਾ ਨੂੰ ਗੁਰੂ ਸਾਹਿਬ ਦਾ ਸਿਪਾਹੀ ਹੋਣਾ ਚਾਹੀਦਾ ਸੀ

ਮੁੱਖ ਮੰਤਰੀ ਨੇ ਕਿਹਾ, "ਵੀਡੀਓ ਦੇ 'ਫਰੇਮ-ਦਰ-ਫਰੇਮ' ਕੀਤੇ ਗਏ ਤਕਨੀਕੀ ਵਿਸ਼ਲੇਸ਼ਣ ਨੇ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿਆਸੀ ਮਨਸੂਬਿਆਂ ਦੀ ਪੋਲ ਖੋਲ੍ਹ ਦਿੱਤੀ ਹੈ। ਮੈਨੂੰ ਬਦਨਾਮ ਕਰਨ ਦੀ ਇਹ ਸਾਜ਼ਿਸ਼ ਪੂਰੀ ਤਰ੍ਹਾਂ ਫ਼ੇਲ੍ਹ ਹੋ ਚੁੱਕੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਤੋਂ ਲੋਕਾਂ ਨੇ ਉਨ੍ਹਾ ਨੂੰ ਸੇਵਾ ਦਾ ਮੌਕਾ ਦਿੱਤਾ ਹੈ, ਉਨ੍ਹਾ ਦੀ ਸਰਕਾਰ ਨੇ ਅਜਿਹੇ ਫੈਸਲੇ ਲਏ ਹਨ, ਜੋ ਪੰਜਾਬ ਦੇ ਇਤਿਹਾਸ ਵਿੱਚ ਪਹਿਲਾਂ ਕਦੇ ਨਹੀਂ ਹੋਏ। ਉਨ੍ਹਾ ਸੰਸਦ ਵਿੱਚ ਛੋਟੇ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਦਿਵਾਉਣ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਵਾਰੀ ਵਾਲੀਆਂ ਗੱਡੀਆਂ ਦਾ ਟੈਕਸ ਮੁਆਫ਼ ਕਰਨ, ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਅਤੇ ਤਿੰਨ ਤਖ਼ਤ ਸਾਹਿਬਾਨ ਵਾਲੇ ਸ਼ਹਿਰਾਂ (ਸ੍ਰੀ ਅਨੰਦਪੁਰ ਸਾਹਿਬ, ਤਲਵੰਡੀ ਸਾਬੋ ਅਤੇ ਅੰਮ੍ਰਿਤਸਰ ਸਾਹਿਬ) ਨੂੰ ਪਵਿੱਤਰ ਸ਼ਹਿਰਾਂ ਦਾ ਦਰਜਾ ਦੇਣ ਵਰਗੇ ਕਾਰਜਾਂ ਦਾ ਜ਼ਿਕਰ ਕੀਤਾ। ਬੇਅਦਬੀ ਦੇ ਮਾਮਲਿਆਂ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਹਿਲਾਂ ਕਾਨੂੰਨ ਬਹੁਤ ਕਮਜ਼ੋਰ ਸੀ, ਜਿਸ ਨੂੰ ਉਨ੍ਹਾ ਦੀ ਸਰਕਾਰ ਨੇ ਸਖ਼ਤ ਬਣਾਇਆ ਹੈ, ਜਿਸ ਨਾਲ ਸੰਗਤ ਦੇ ਹਿਰਦਿਆਂ ਨੂੰ ਸ਼ਾਂਤੀ ਮਿਲੀ ਹੈ।

ਗੱਡੀ ਖੱਡ 'ਚ, ਤਿੰਨ ਭਰਾਵਾਂ ਸਣੇ 7 ਦੀ ਮੌਤ

ਚੰਬਾ : ਇੱਥੇ ਇਕ ਸੜਕ ਹਾਦਸੇ 'ਚ 3 ਭਰਾਵਾਂ ਸਮੇਤ 7 ਵਿਅਕਤੀਆਂ ਦੀ ਮੌਤ ਹੋ ਗਈ। ਮ੍ਰਿਤਕ ਗ੍ਰਾਮ ਪੰਚਾਇਤ ਕੁਥੇੜ ਦੇ ਮਹਲ ਪਿੰਡ ਦੇ ਰਹਿਣ ਵਾਲੇ ਹਨ।

ਉਹ ਕਿਸੇ ਹੋਰ ਪਿੰਡ ਵਿੱਚ ਇੱਕ ਸਮਾਗਮ ਵਿੱਚ ਸ਼ਾਮਲ ਹੋ ਕੇ ਘਰ ਪਰਤ ਰਹੇ ਸਨ ਕਿ ਇਹ ਹਾਦਸਾ ਵਾਪਰ ਗਿਆ। ਮੁੱਢਲੀ ਰਿਪੋਰਟ ਅਨੁਸਾਰ, ਛੱਤਰੁੰਡ ਨੇੜੇ ਐੱਸ ਯੂ ਵੀ ਚਾਲਕ ਦੇ ਕਾਬੂ ਤੋਂ ਬਾਹਰ ਹੋ ਕੇ ਇੱਕ ਡੂੰਘੀ ਖੱਡ ਵਿੱਚ ਜਾ ਡਿੱਗੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਵਾਹਨ ਪੂਰੀ ਤਰ੍ਹਾਂ ਚਕਨਾਚੂਰ ਹੋ ਗਿਆ। ਛੇ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦ ਕਿ ਇੱਕ ਹੋਰ ਨੇ ਬਾਅਦ ਵਿੱਚ ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਦਮ ਤੋੜ ਦਿੱਤਾ। ਮ੍ਰਿਤਕਾਂ ਵਿੱਚ ਤਿੰਨ ਔਰਤਾਂ ਸ਼ਾਮਲ ਹਨ। ਹਾਦਸੇ ਦੀ ਆਵਾਜ਼ ਸੁਣ ਕੇ ਸਥਾਨਕ ਲੋਕ ਮੌਕੇ 'ਤੇ ਪਹੁੰਚੇ ਅਤੇ ਉਨ੍ਹਾਂ ਨੇ ਪੁਲਸ ਅਤੇ ਪ੍ਰਸ਼ਾਸਨ ਨੂੰ ਸੂਚਨਾ ਦਿੱਤੀ।

ਵੱਖ-ਵੱਖ ਥਾਵਾਂ 'ਤੇ ਬੇਅਦਬੀ ਦੀਆਂ ਘਟਨਾਵਾਂ

ਮੋਗਾ (ਨ ਜ਼ ਸ)-ਮੋਗਾ ਜ਼ਿਲ੍ਹੇ ਦੇ ਗੁਰਦੁਆਰਿਆਂ ਵਿੱਚ ਬੇਅਦਬੀ ਦੀਆਂ ਦੋ ਘਟਨਾਵਾਂ ਵਿੱਚ ਪੁਲਸ ਨੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਦੋਵਾਂ ਮਾਮਲਿਆਂ ਵਿੱਚ ਕੇਸ ਦਰਜ ਕਰ ਲਿਆ ਹੈ। ਪਹਿਲੀ ਘਟਨਾ ਵਿੱਚ ਮੋਗਾ ਦੇ ਸਥਾਨਕ ਗੁਰਦੁਆਰਾ ਸਾਹਿਬ ਦੇ ਅੰਦਰ ਇੱਕ ਸ਼ੱਕੀ ਵਸਤੂ ਮਿਲਣ ਤੋਂ ਬਾਅਦ ਸ਼ਰਧਾਲੂਆਂ ਅਤੇ ਨਿਵਾਸੀਆਂ ਵਿੱਚ ਦਹਿਸ਼ਤ ਫੈਲ ਗਈ। ਸ਼ੁਰੂਆਤੀ ਰਿਪੋਰਟਾਂ ਤੋਂ ਸੰਕੇਤ ਮਿਲਦਾ ਹੈ ਕਿ ਇੱਕ ਅਣਪਛਾਤੀ ਔਰਤ ਨੇ ਇਹ ਵਸਤੂ ਰੱਖੀ ਸੀ। ਸ਼ੱਕੀ ਦੀ ਪਛਾਣ ਕਰਨ ਅਤੇ ਉਸ ਦਾ ਪਤਾ ਲਗਾਉਣ ਲਈ ਸੀ ਸੀ ਟੀ ਵੀ ਫੁਟੇਜ਼ ਦੀ ਜਾਂਚ ਕੀਤੀ ਜਾ ਰਹੀ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤ ਨੂੰ ਸ਼ਾਂਤ ਰਹਿਣ ਅਤੇ ਅਫਵਾਹਾਂ ਨਾ ਫੈਲਾਉਣ ਦੀ ਅਪੀਲ ਕੀਤੀ ਹੈ।

ਪ੍ਰਬੰਧਕਾਂ ਨੇ ਬਿਆਨ ਦਿੱਤਾ, 'ਅਸੀਂ ਭਾਈਚਾਰੇ ਨੂੰ ਅੰਧਵਿਸ਼ਵਾਸ ਅਤੇ ਅੰਨ੍ਹੀ ਸ਼ਰਧਾ ਤੋਂ ਦੂਰ ਰਹਿਣ ਦੀ ਅਪੀਲ ਕਰਦੇ ਹਾਂ। ਘਬਰਾਓ ਨਾ ਅਤੇ ਗਲਤ ਜਾਣਕਾਰੀ ਨਾ ਫੈਲਾਓ। ਅਧਿਕਾਰੀਆਂ ਨੂੰ ਆਪਣਾ ਕੰਮ ਕਰਨ ਦਿਓ।' ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਵਸਤੂ ਦੀ ਕਿਸਮ ਤੇ ਇਸ ਕਾਰੇ ਦੇ ਪਿੱਛੇ ਦੇ ਮਨੋਰਥ ਦਾ ਪਤਾ ਲਗਾਉਣ ਲਈ ਜਾਂਚ ਚੱਲ ਰਹੀ ਹੈ।

ਦੂਜੀ ਘਟਨਾ ਵਿੱਚ ਪੁਲਸ ਨੇ ਇੱਕ ਨੌਜਵਾਨ ਨੂੰ ਉਸ ਸਮੇਂ ਗ੍ਰਿਫਤਾਰ ਕੀਤਾ, ਜਦੋਂ ਉਸ ਨੇ ਕਥਿਤ ਤੌਰ 'ਤੇ ਮੋਗਾ ਦੇ ਧਰਮਕੋਟ ਇਲਾਕੇ ਵਿੱਚ ਗੁਰਦੁਆਰਾ ਧਰਮ ਕੀ ਪੌੜੀ ਵਿੱਚ ਸੰਨ੍ਹ ਲਗਾਈ, ਗੋਲਕ ਵਿੱਚੋਂ ਨਕਦੀ ਚੋਰੀ ਕੀਤੀ ਅਤੇ ਪਵਿੱਤਰ ਅਸਥਾਨ ਦੀ ਮਰਿਆਦਾ ਨੂੰ ਭੰਗ ਕੀਤਾ। ਪੁਲਸ ਸੂਤਰਾਂ ਨੇ ਖੁਲਾਸਾ ਕੀਤਾ ਕਿ ਮੁਲਜ਼ਮ ਮੁੱਖ ਹਾਲ ਵਿੱਚ ਉਸ ਸਮੇਂ ਦਾਖ਼ਲ ਹੋਇਆ, ਜਦੋਂ ਗ੍ਰੰਥੀ ਸਿੰਘ ਦਰਵਾਜ਼ੇ ਲਾਕ ਕਰਕੇ ਰੋਜ਼ਾਨਾ ਦੇ ਕੰਮ ਲਈ

• ਬਾਕੀ ਸਫਾ 2 'ਤੇ

ਨਰੇਸ਼ ਗੁਜਰਾਲ ਨਾਲ 7.8 ਕਰੋੜ ਰੁਪਏ ਦੀ ਠੱਗੀ

ਨਵੀਂ ਦਿੱਲੀ : ਸਾਬਕਾ ਰਾਜ ਸਭਾ ਮੈਂਬਰ ਨਰੇਸ਼ ਗੁਜਰਾਲ ਨਾਲ ਆਨ ਲਾਈਨ 7.8 ਕਰੋੜ ਰੁਪਏ ਦੀ ਠੱਗੀ ਮਾਰੀ ਗਈ ਹੈ। ਇਸ ਸੰਬੰਧੀ ਦਿੱਲੀ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ। ਪੁਲਸ ਅਨੁਸਾਰ ਇਹ ਧੋਖਾਧੜੀ 12 ਤੋਂ 16 ਜੂਨ ਦੇ ਵਿਚਕਾਰ ਹੋਈ। ਘੁਟਾਲੇਬਾਜ਼ਾਂ ਨੇ ਨਰੇਸ਼ ਗੁਜਰਾਲ ਦੀ ਡਿਸਪਲੇ ਤਸਵੀਰ ਦੀ ਵਰਤੋਂ ਕਰਕੇ ਇੱਕ ਆਨਲਾਈਨ ਮੈਸੇਜਿੰਗ ਪਲੇਟਫਾਰਮ 'ਤੇ ਇੱਕ ਖਾਤਾ ਬਣਾਇਆ। ਘੁਟਾਲੇਬਾਜ਼ਾਂ ਨੇ ਉਨ੍ਹਾਂ ਦੇ ਇੱਕ ਕਰਮਚਾਰੀ ਨੂੰ ਰੀਅਲ-ਟਾਈਮ ਗ੍ਰਾਸ ਸੈਟਲਮੈਂਟ ਰਾਹੀਂ ਫੰਡ ਇੱਕ ਖਾਸ ਬੈਂਕ ਖਾਤੇ ਵਿੱਚ ਟਰਾਂਸਫਰ ਕਰਨ ਲਈ ਕਿਹਾ, ਜੋ ਕਿ ਜ਼ਰੂਰੀ ਕਾਰੋਬਾਰ ਨਾਲ ਸੰਬੰਧਤ ਉਦੇਸ਼ਾਂ ਲਈ ਜਾਪਦਾ ਸੀ। ਪੁਲਸ ਨੇ ਕਿਹਾ ਕਿ ਨਿਰਦੇਸ਼ਾਂ ਨੂੰ ਜਾਇਜ਼ ਮੰਨਦੇ ਹੋਏ, ਕਰਮਚਾਰੀ, ਜਿਸ ਨੂੰ ਗੁਜਰਾਲ ਦੁਆਰਾ ਵਿੱਤੀ ਪਹੁੰਚ ਦਾ ਅਧਿਕਾਰ ਦਿੱਤਾ ਗਿਆ ਸੀ, ਨੇ ਚਾਰ ਦਿਨਾਂ ਦੇ ਦੌਰਾਨ ਚਾਰ ਵੱਖ-ਵੱਖ ਆਰ ਟੀ ਜੀ ਐਸ ਲੈਣ-ਦੇਣ ਕੀਤੇ, ਜਿਸ ਦੇ ਨਤੀਜੇ ਵਜੋਂ 7.8 ਕਰੋੜ ਰੁਪਏ ਦਾ ਨੁਕਸਾਨ ਹੋਇਆ। ਇਹ ਘੁਟਾਲਾ 16 ਜੂਨ ਨੂੰ ਉਦੋਂ ਸਾਹਮਣੇ ਆਇਆ, ਜਦੋਂ ਲੈਣ-ਦੇਣ ਗੁਜਰਾਲ ਦੀ ਧੀ ਦੇ ਧਿਆਨ ਵਿੱਚ ਆਇਆ, ਜਿਸ ਨੇ ਤੁਰੰਤ ਆਪਣੇ ਪਿਤਾ ਨਾਲ ਗੱਲ ਕੀਤੀ। ਗੁਜਰਾਲ ਨੇ ਅਜਿਹੇ ਕੋਈ ਵੀ ਨਿਰਦੇਸ਼ ਜਾਰੀ ਕਰਨ ਤੋਂ ਇਨਕਾਰ ਕੀਤਾ ਅਤੇ ਪੈਸੇ ਦੇ ਟਰਾਂਸਫਰ ਹੋਣ ਬਾਰੇ ਕੋਈ ਜਾਣਕਾਰੀ ਹੋਣ ਤੋਂ ਇਨਕਾਰ ਕੀਤਾ। ਜਿਸ ਤੋਂ ਬਾਅਦ ਪਰਵਾਰ ਅਤੇ ਕੰਪਨੀ ਦੇ ਸਟਾਫ ਨੂੰ ਅਹਿਸਾਸ ਹੋਇਆ ਕਿ ਉਹ ਇੱਕ ਘੁਟਾਲੇ ਦਾ ਸ਼ਿਕਾਰ ਹੋ ਗਏ ਹਨ। ਅਧਿਕਾਰੀਆਂ ਨੇ ਫੁਰਤੀ ਵਰਤਦਿਆਂ ਧੋਖਾਧੜੀ ਨਾਲ ਜੁੜੇ ਕਈ ਖਾਤਿਆਂ 'ਚ ਧੋਖਾਧੜੀ ਵਾਲੀ ਰਕਮ ਦੇ ਲੱਗਭੱਗ 4 ਕਰੋੜ ਰੁਪਏ ਨੂੰ ਫਰੀਜ਼ ਕਰਨ ਵਿੱਚ ਮਦਦ ਕੀਤੀ।



ਵੀਡੀਓ 'ਚ ਭਗਵੰਤ ਮਾਨ ਨਹੀਂ, ਦੋ ਲੈਬਾਰਟਰੀਆਂ ਦੀ ਰਿਪੋਰਟ : ਚੀਮਾ

ਚੰਡੀਗੜ੍ਹ (ਨ ਜ਼ ਸ)-ਆਮ ਆਦਮੀ ਪਾਰਟੀ ਵੱਲੋਂ ਵੀਰਵਾਰ ਨੂੰ ਮੁਹਾਲੀ ਵਿਖੇ ਇੱਕ ਪ੍ਰੈੱਸ ਕਾਨਫਰੰਸ ਕਰਕੇ ਐਲਾਨ ਕੀਤਾ ਗਿਆ ਕਿ ਪਿਛਲੇ ਦਿਨੀਂ ਮੁੱਖ ਮੰਤਰੀ ਭਗਵੰਤ ਮਾਨ ਸੰਬੰਧੀ ਵਾਇਰਲ ਹੋਈ ਵਿਵਾਦਤ ਵੀਡੀਓ ਬਾਰੇ ਉੱਚ ਪੱਧਰੀ ਜਾਂਚ ਦੀ ਮੰਗ ਕਰਨ ਲਈ ਪਾਰਟੀ ਦਾ ਇੱਕ ਵਫਦ ਡੀ ਜੀ ਪੀ ਪੰਜਾਬ ਨੂੰ ਮਿਲੇਗਾ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਪਾਰਟੀ ਦੇ ਬੁਲਾਰੇ ਬਲਤੇਜ ਪੰਨੂ ਵੱਲੋਂ ਕੀਤੀ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਗਿਆ ਕਿ ਵਿਵਾਦਤ ਵੀਡੀਓ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੇ ਹੋਣ ਦਾ ਕੀਤਾ ਗਿਆ ਜ਼ਿਕਰ ਅਕਾਲੀ ਦਲ ਵੱਲੋਂ ਸਾਜ਼ਿਸ਼ ਤਹਿਤ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਵਾਦਗ੍ਰਸਤ ਵੀਡੀਓ ਦੀ ਭਾਰਤ ਸਰਕਾਰ ਦੁਆਰਾ ਮਾਨਤਾ ਪ੍ਰਾਪਤ ਦੋ ਸੁਤੰਤਰ ਪ੍ਰਮੁੱਖ ਲੈਬਾਰਟਰੀਆਂ ਵਿੱਚ ਚੈੱਕ ਕਰਵਾਈ ਗਈ ਹੈ। ਉਨ੍ਹਾ ਕਿਹਾ ਕਿ ਪੰਜਾਬ ਤੋਂ ਬਾਹਰਲੇ ਸੂਬਿਆਂ ਵਿਚ ਚੈੱਕ ਕਰਵਾਈ ਗਈ ਵੀਡੀਓ ਵਿੱਚ ਮੌਜੂਦ ਵਿਅਕਤੀ ਦੀ 1191 ਐਂਗਲਾਂ ਤੋਂ ਪੜਤਾਲ ਕੀਤੀ ਗਈ ਹੈ। ਜਿਸ ਵਿੱਚ ਦੋਵਾਂ ਲੈਬਾਰਟਰੀਆਂ ਨੇ ਇਹ ਰਿਪੋਰਟ ਦਿੱਤੀ ਹੈ ਕਿ ਵੀਡੀਓ ਵਿੱਚ ਨਜ਼ਰ ਆ ਰਿਹਾ ਵਿਅਕਤੀ ਮੁੱਖ ਮੰਤਰੀ ਭਗਵੰਤ ਮਾਨ ਨਹੀਂ ਹੈ, ਸਗੋਂ ਕੋਈ ਹੋਰ ਹੈ। ਇਸ ਮੌਕੇ ਦੋਵਾਂ ਆਗੂਆਂ ਨੇ ਅਕਾਲੀ ਦਲ ਉੱਤੇ ਮੁੱਖ ਮੰਤਰੀ ਨੂੰ ਬਦਨਾਮ ਕਰਨ ਦੇ ਦੋਸ਼ ਲਾਉਂਦਿਆਂ ਕਿਹਾ ਕਿ ਇਸ ਵੀਡੀਓ ਪਿੱਛੇ ਅਕਾਲੀ ਦਲ ਅਤੇ ਸੁਖਬੀਰ ਸਿੰਘ ਬਾਦਲ ਅਤੇ ਉਨ੍ਹਾਂ ਦੇ ਸਾਥੀਆਂ ਦਾ ਹੱਥ ਹੈ। ਉਨ੍ਹਾਂ ਕਿਹਾ ਕਿ ਜਦੋਂ ਤੋਂ ਪੰਜਾਬ ਸਰਕਾਰ ਵੱਲੋਂ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਕਾਨੂੰਨ ਬਣਾਇਆ ਗਿਆ ਹੈ, ਉਦੋਂ ਤੋਂ ਹੀ ਅਕਾਲੀ ਦਲ ਵੱਲੋਂ ਮੁੱਖ ਮੰਤਰੀ ਨੂੰ ਲਗਾਤਾਰ ਟਾਰਗੇਟ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਬਹੁਤ ਵੱਡੀ ਸਾਜ਼ਿਸ਼ ਰਚੀ ਗਈ ਸੀ ਅਤੇ ਮੁੱਖ ਮੰਤਰੀ ਨੂੰ ਬਦਨਾਮ ਕਰਨ ਲਈ ਅਜਿਹਾ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਸੁਖਬੀਰ ਸਿੰਘ ਬਾਦਲ ਪੰਜਾਬ ਦੇ ਮਾਹੌਲ ਨੂੰ

• ਬਾਕੀ ਸਫਾ 2 'ਤੇ

ਡੀ ਜੀ ਪੀ ਨੂੰ ਮਿਲਣ ਪੁੱਜਾ 'ਆਪ' ਵਫਦ



ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕਥਿਤ ਇਤਰਾਜ਼ਯੋਗ ਵੀਡੀਓ ਨੂੰ ਲੈ ਕੇ ਵੀਰਵਾਰ ਨੂੰ ਆਮ ਆਦਮੀ ਪਾਰਟੀ ਪੰਜਾਬ ਦਾ ਇੱਕ ਵਫ਼ਦ ਡੀ ਜੀ ਪੀ ਦਫ਼ਤਰ ਪਹੁੰਚਿਆ। ਉੱਥੇ ਵਫ਼ਦ ਨੇ ਡੀ ਜੀ ਪੀ ਦੀ ਤਰਫ਼ੋਂ ਏ ਡੀ ਜੀ ਪੀ (ਕਾਨੂੰਨ ਤੇ ਵਿਵਸਥਾ) ਪਰਵੀਨ ਸਿਨਹਾ ਨਾਲ ਮੁਲਾਕਾਤ ਕੀਤੀ ਅਤੇ ਮੁੱਖ ਮੰਤਰੀ ਦੀ ਵੀਡੀਓ ਨੂੰ ਫ਼ਰਜ਼ੀ ਕਰਾਰ ਦਿੱਤਾ। ਇਸ ਮੌਕੇ 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ, ਸੀਨੀਅਰ ਆਗੂ ਹਰਪਾਲ ਸਿੰਘ ਚੀਮਾ ਅਤੇ ਬਲਤੇਜ ਪੰਨੂ ਨੇ ਏ ਡੀ ਜੀ ਪੀ ਨੂੰ ਦੋ ਲੈਬਾਰਟਰੀਆਂ ਦੀਆਂ ਰਿਪੋਰਟਾਂ ਸੌਂਪੀਆਂ, ਜਿਸ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਕਿ ਵੀਡੀਓ ਵਿੱਚ ਦਿਖਾਈ ਦੇ ਰਿਹਾ ਵਿਅਕਤੀ ਮੁੱਖ ਮੰਤਰੀ ਭਗਵੰਤ ਮਾਨ ਨਹੀਂ ਹੈ। 'ਆਪ' ਆਗੂਆਂ ਨੇ ਕਿਹਾ ਕਿ ਕਿਸੇ ਵੱਲੋਂ ਜਾਣਬੁੱਝ ਕੇ ਫ਼ਰਜ਼ੀ ਵੀਡੀਓ ਤਿਆਰ ਕਰਕੇ ਮੁੱਖ ਮੰਤਰੀ ਦੇ ਅਕਸ ਨੂੰ ਢਾਹ ਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਇਹ ਵੀਡੀਓ ਕਿਸ ਵੱਲੋਂ ਤਿਆਰ ਕੀਤੀ ਗਈ ਹੈ ਅਤੇ ਕਿਸ ਵੱਲੋਂ ਸੋਸ਼ਲ ਮੀਡੀਆ 'ਤੇ ਫੈਲਾਈ ਗਈ ਹੈ, ਉਸ ਦੀ ਜਾਂਚ ਕਰਕੇ ਕਸੂਰਵਾਰਾਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਏ ਡੀ ਜੀ ਪੀ (ਕਾਨੂੰਨ ਤੇ ਵਿਵਸਥਾ) ਪਰਵੀਨ ਸਿਨਹਾ ਨੇ 'ਆਪ' ਵਫ਼ਦ ਦੀਆਂ ਸ਼ਿਕਾਇਤਾਂ ਨੂੰ ਵਿਸਥਾਰਪੂਰਵਕ ਸੁਣਿਆ। ਏ ਡੀ ਜੀ

• ਬਾਕੀ ਸਫਾ 2 'ਤੇ

ਐਡਵੋਕੇਟ ਰਜਿੰਦਰ ਮੰਡ ਦਾ ਸਸਕਾਰ ਅੱਜ



ਜਲੰਧਰ : 'ਨਵਾਂ ਜ਼ਮਾਨਾ' ਦੀ ਸੰਚਾਲਨ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਟਰੱਸਟੀ ਐਡਵੋਕੇਟ ਰਜਿੰਦਰ ਮੰਡ ਦਾ ਅੰਤਮ ਸੰਸਕਾਰ ਅੱਜ 11 ਵਜੇ ਪਿੰਡ ਮੰਡ ਮੌੜ (ਕਰਤਾਰਪੁਰ-ਕਿਸ਼ਨਗੜ੍ਹ ਰੋਡ) ਵਿਖੇ ਕੀਤਾ ਜਾਵੇਗਾ।

ਪੀ ਐੱਫ 'ਤੇ ਵਿਆਜ 'ਚ ਵਾਧਾ ਨਹੀਂ

ਨਵੀਂ ਦਿੱਲੀ : ਕੇਂਦਰ ਸਰਕਾਰ ਨੇ ਵਿੱਤੀ ਸਾਲ 2025-26 ਲਈ ਇੰਪਲਾਈ ਪ੍ਰੋਵੀਡੈਂਟ ਫੰਡ ਜਮ੍ਹਾਂ ਰਕਮਾਂ 'ਤੇ 8.25 ਫੀਸਦੀ ਵਿਆਜ ਦਰ ਨੂੰ ਮਨਜ਼ੂਰੀ ਦੇ ਦਿੱਤੀ ਹੈ। ਈ ਪੀ ਐੱਫ ਓ ਵਿੱਤ ਮੰਤਰਾਲੇ ਰਾਹੀਂ ਸਰਕਾਰ ਵੱਲੋਂ ਮਨਜ਼ੂਰੀ ਮਿਲਣ ਤੋਂ ਬਾਅਦ ਹੀ ਈ ਪੀ ਐੱਫ 'ਤੇ ਵਿਆਜ ਦਰ ਪ੍ਰਦਾਨ ਕਰਦਾ ਹੈ। ਇਸ ਤੋਂ ਪਹਿਲਾਂ 2 ਮਾਰਚ ਨੂੰ ਕੇਂਦਰੀ ਕਿਰਤ ਮੰਤਰੀ ਮਨਸੁਖ ਮਾਂਡਵੀਆ ਦੀ ਪ੍ਰਧਾਨਗੀ ਹੇਠ ਹੋਈ ਬੈਠਕ ਵਿੱਚ ਵਿੱਤੀ ਸਾਲ 2025-26 ਲਈ 8.25 ਫੀਸਦੀ ਵਿਆਜ ਦਰ ਤੈਅ ਕਰਨ ਦਾ ਫੈਸਲਾ ਕੀਤਾ ਸੀ, ਜੋ ਕਿ ਲਗਾਤਾਰ ਤੀਜਾ ਸਾਲ ਹੈ ਜਦੋਂ ਇਹ ਦਰ ਬਰਕਰਾਰ ਰੱਖੀ ਗਈ ਹੈ। ਇਸ ਤੋਂ ਬਾਅਦ ਇਹ ਪ੍ਰਸਤਾਵ ਵਿੱਤ ਮੰਤਰਾਲੇ ਨੂੰ ਸਹਿਮਤੀ ਲਈ ਭੇਜਿਆ ਗਿਆ ਸੀ।

ਹਾਈਕੋਰਟ ਨੇ ਬਠਿੰਡਾ ਦੇ ਜੱਜ ਨੂੰ ਪਾਈ ਫਿਟਕਾਰ

ਚੰਡੀਗੜ੍ਹ : ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਨਸ਼ਾ ਤਸਕਰੀ (ਡਰੱਗਜ਼) ਦੇ ਇੱਕ ਮਾਮਲੇ ਵਿੱਚ ਹਾਈਕੋਰਟ ਵੱਲੋਂ ਪਹਿਲਾਂ ਹੀ ਲਗਾਈ ਗਈ ਰੋਕ ਦੇ ਬਾਵਜੂਦ ਜ਼ਮਾਨਤ ਪਟੀਸ਼ਨ ਖਾਰਜ ਕਰਨ 'ਤੇ ਬਠਿੰਡਾ ਦੀ ਇੱਕ ਵਿਸ਼ੇਸ਼ ਅਦਾਲਤ (ਸਪੈਸ਼ਲ ਕੋਰਟ) ਦੇ ਜੱਜ ਦੀ ਸਖ਼ਤ ਨਿਖੇਧੀ ਕੀਤੀ ਹੈ। ਹਾਈਕੋਰਟ ਦੇ ਬੈਂਚ ਨੇ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਹੇਠਲੀ ਅਦਾਲਤ ਦਾ ਇਹ ਫੈਸਲਾ ਕਾਨੂੰਨੀ ਸਮਝ ਦੀ ਪੂਰਨ ਅਣਹੋਂਦ (ਨਾਨ-ਐਪਲੀਕੇਸ਼ਨ ਆਫ਼ ਜੁਡੀਸ਼ੀਅਲ ਮਾਈਂਡ) ਦਾ ਪ੍ਰਮਾਣ ਹੈ ਅਤੇ ਸੰਬੰਧਤ ਨਿਆਂਇਕ ਅਧਿਕਾਰੀ ਦੀ ਸੂਝ-ਬੂਝ 'ਤੇ ਸਵਾਲੀਆ ਨਿਸ਼ਾਨ ਖੜ੍ਹਾ ਕਰਦਾ ਹੈ। ਮੁਲਜ਼ਮ ਦੀ ਜ਼ਮਾਨਤ ਪਟੀਸ਼ਨ ਨੂੰ ਮਨਜ਼ੂਰ ਕਰਦਿਆਂ ਜਸਟਿਸ ਸੂਰਿਆ ਪ੍ਰਤਾਪ ਸਿੰਘ ਨੇ ਇਸ ਫੈਸਲੇ ਦੀ ਕਾਪੀ ਅਗਲੇਰੀ ਘੋਖ ਲਈ ਬਠਿੰਡਾ ਸੈਸ਼ਨ ਡਵੀਜ਼ਨ ਦੇ ਪ੍ਰਸ਼ਾਸਕੀ ਜੱਜ (ਐਡਮਿਨਿਸਟਰੇਟਿਵ ਜੱਜ) ਨੂੰ ਭੇਜਣ ਦੇ ਨਿਰਦੇਸ਼ ਦਿੱਤੇ ਹਨ। ਇਹ ਮਾਮਲਾ ਇੱਕ ਮੁਲਜ਼ਮ ਕੋਲੋਂ ਟਰਾਮਾਡੋਲ ਦੀਆਂ 15,500 ਗੋਲੀਆਂ ਬਰਾਮਦ ਹੋਣ ਤੋਂ ਬਾਅਦ ਦਰਜ ਕੀਤਾ ਗਿਆ ਸੀ।

ਜੰਗਬੰਦੀ ਵਧਾਉਣ ਤੇ ਹਾਰਮੁਜ਼ ਲਾਂਘਾ ਖੋਲ੍ਹਣ ਲਈ ਸਮਝੌਤਾ ਸਹੀਬੰਦ

ਖੱਟਿਆ ਈਰਾਨ ਨੇ, ਖ਼ੁਸ਼ ਟਰੰਪ

ਟਰੰਪ ਨੇ ਉਸ ਥਾਂ 'ਤੇ ਅਮਨ ਸਮਝੌਤੇ 'ਤੇ ਦਸਤਖ਼ਤ ਕੀਤੇ, ਜਿੱਥੇ ਪਹਿਲਾ ਵਿਸ਼ਵ ਯੁੱਧ ਖ਼ਤਮ ਹੋਇਆ ਸੀ। 1919 ਵਿੱਚ ਅਮਰੀਕੀ ਰਾਸ਼ਟਰਪਤੀ ਵੁਡਰੋ ਵਿਲਸਨ ਨੇ ਵਰਸੇਲਜ਼ ਦੀ ਸੰਧੀ 'ਤੇ ਦਸਤਖ਼ਤ ਕੀਤੇ ਸਨ। (ਸੱਜੇ) ਈਰਾਨੀ ਰਾਸ਼ਟਰਪਤੀ ਮਸੂਦ ਪੇਜ਼ੇਸ਼ਕਿਆਨ ਆਪਣੇ ਦਸਤਖ਼ਤ ਕਰਨ ਤੋਂ ਬਾਅਦ ਸਮਝੌਤੇ ਦੀ ਕਾਪੀ ਦਿਖਾਉਂਦੇ ਹੋਏ।

ਪੈਰਿਸ (ਨਵਾਂ ਜ਼ਮਾਨਾ ਸਰਵਿਸ)

ਅਮਰੀਕਾ ਅਤੇ ਈਰਾਨ ਨੇ ਜੰਗ ਖਤਮ ਕਰਨ ਲਈ ਬੁੱਧਵਾਰ ਰਾਤ ਅੰਤਰਮ ਸਮਝੌਤੇ 'ਤੇ ਦਸਤਖਤ ਕਰ ਦਿੱਤੇ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਫਰਾਂਸ ਦੇ ਵਰਸੇਲਜ਼ ਪੈਲੇਸ ਵਿਖੇ ਸਮਝੌਤੇ 'ਤੇ ਦਸਤਖਤ ਕੀਤੇ। ਫਰਾਂਸ ਦੇ ਰਾਸ਼ਟਰਪਤੀ ਇਮੈਨੂਅਲ ਮੈਕ੍ਰੋਂ ਵੀ ਇਸ ਮੌਕੇ ਮੌਜੂਦ ਸਨ। ਦਸਤਖਤ ਕਰਨ ਤੋਂ ਪਹਿਲਾਂ ਇੱਕ ਪਲ ਲਈ ਰੁਕ ਕੇ ਹਾਜ਼ਰ ਲੋਕਾਂ ਨੂੰ ਕਿਹਾ, "ਇਹ ਆਸਾਨ ਨਹੀਂ ਸੀ। ਮੈਂ ਤੁਹਾਨੂੰ ਇਹ ਦੱਸ ਸਕਦਾ ਹਾਂ।" ਫਿਰ ਉਨ੍ਹਾ ਸਮਝੌਤੇ ਦੇ ਪਹਿਲੇ ਪੰਨੇ 'ਤੇ ਦਸਤਖਤ ਕੀਤੇ। ਦਸਤਖਤ ਕਰਨ ਤੋਂ ਬਾਅਦ, ਟਰੰਪ ਨੇ ਬਾਹਰ ਭੀੜ ਨੂੰ ਚੀਕ ਕੇ ਕਿਹਾ, "ਸਮਝੌਤੇ 'ਤੇ ਦਸਤਖਤ ਹੋ ਗਏ ਹਨ।" ਟਰੰਪ ਤੋਂ ਬਾਅਦ, ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕਿਆਨ ਨੇ ਵੀ ਸਮਝੌਤੇ 'ਤੇ ਇਲੈਕਟ੍ਰਾਨਿਕ ਤੌਰ 'ਤੇ ਦਸਤਖਤ ਕੀਤੇ। ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਇਸਲਾਮਾਬਾਦ ਵਿੱਚ ਵਿਚੋਲੇ ਵਜੋਂ ਦਸਤਖਤ ਕੀਤੇ। ਸਮਝੌਤੇ ਦਾ ਐਲਾਨ ਵੀਰਵਾਰ ਨੂੰ ਭਾਰਤੀ ਸਮੇਂ ਅਨੁਸਾਰ ਸਵੇਰੇ 5:30 ਵਜੇ ਕੀਤਾ ਗਿਆ। ਇਹ ਤੁਰੰਤ ਲਾਗੂ ਹੋ ਗਿਆ। ਸਮਝੌਤੇ ਦੇ ਤਹਿਤ, ਈਰਾਨ ਅਤੇ ਲਿਬਨਾਨ ਵਿੱਚ ਫੌਜੀ ਕਾਰਵਾਈ ਖਤਮ ਹੋ ਜਾਵੇਗੀ। ਹਾਰਮੁਜ਼ ਜਲਡਮਰੂ ਨੂੰ ਦੁਬਾਰਾ ਖੋਲ੍ਹਿਆ ਜਾਵੇਗਾ ਅਤੇ ਅਮਰੀਕੀ ਜਲ ਸੈਨਾ ਦੀ ਨਾਕਾਬੰਦੀ ਹਟਾ ਦਿੱਤੀ ਜਾਵੇਗੀ।

ਟਰੰਪ ਦਾ ਕਹਿਣਾ ਹੈ ਕਿ ਈਰਾਨ ਕੋਲ ਅਜੇ ਵੀ ਕੁਝ ਬੈਲਿਸਟਿਕ ਮਿਜ਼ਾਈਲਾਂ ਹੋ ਸਕਦੀਆਂ ਹਨ। ਉਨ੍ਹਾ ਕਿਹਾ ਕਿ ਈਰਾਨ ਲਈ ਕੁਝ ਬੈਲਿਸਟਿਕ ਮਿਜ਼ਾਈਲਾਂ ਹੋਣਾ ਗਲਤ ਨਹੀਂ ਹੈ। ਅਸਲ ਚਿੰਤਾ ਮਿਜ਼ਾਈਲਾਂ ਨਹੀਂ, ਸਗੋਂ ਪ੍ਰਮਾਣੂ ਹਥਿਆਰਾਂ ਦੀ ਹੈ। ਟਰੰਪ ਨੇ ਕਿਹਾ, ਜੇ ਸਾਊਦੀ ਅਰਬ, ਕਤਰ ਅਤੇ ਹੋਰ ਦੇਸ਼ਾਂ ਕੋਲ ਅਜਿਹੀਆਂ ਮਿਜ਼ਾਈਲਾਂ ਹਨ, ਤਾਂ ਈਰਾਨ ਕੋਲ ਵੀ ਕੁਝ ਮਿਜ਼ਾਈਲਾਂ ਹੋ ਸਕਦੀਆਂ ਹਨ। ਅਮਰੀਕਾ ਦੇ ਉਪ-ਰਾਸ਼ਟਰਪਤੀ ਜੇ ਡੀ ਵੈਂਸ ਨੇ ਕਿਹਾ ਹੈ ਕਿ ਈਰਾਨ ਨਾਲ ਸਮਝੌਤੇ ਦੀ ਸਭ ਤੋਂ ਵੱਡੀ ਤਾਕਤ ਇਹ ਹੈ ਕਿ ਇਹ ਸਿਰਫ ਵਾਅਦਿਆਂ 'ਤੇ ਨਹੀਂ, ਸਗੋਂ ਕਾਰਵਾਈ 'ਤੇ ਜ਼ੋਰ ਦਿੰਦਾ ਹੈ।

ਉਨ੍ਹਾ ਕਿਹਾ ਕਿ ਨਵੀਂ ਈਰਾਨੀ ਸਰਕਾਰ ਦਾ ਨਿਰਣਾ ਉਸ ਦੇ ਬਿਆਨਾਂ ਦੁਆਰਾ ਨਹੀਂ ਬਲਕਿ ਅਸਲ ਵਿੱਚ ਕੀਤੀਆਂ ਗਈਆਂ ਕਾਰਵਾਈਆਂ ਦੁਆਰਾ ਕੀਤਾ ਜਾਵੇਗਾ। ਵੈਂਸ ਨੇ ਕਿਹਾ ਕਿ ਰਾਸ਼ਟਰਪਤੀ ਟਰੰਪ ਅਤੇ ਪੂਰੀ ਅਮਰੀਕੀ ਸਰਕਾਰ ਕੁਝ ਮਹੀਨੇ ਪਹਿਲਾਂ ਹੋਈਆਂ ਘਟਨਾਵਾਂ ਤੋਂ ਬਹੁਤ ਦੁਖੀ ਹੈ, ਜਿਸ ਕਾਰਨ ਵੱਡੀ ਗਿਣਤੀ ਵਿੱਚ ਪ੍ਰਦਰਸ਼ਨਕਾਰੀਆਂ ਦੀ ਮੌਤ ਹੋਈ ਸੀ।

ਉਸ ਸਮੇਂ ਸੱਤਾ ਵਿੱਚ ਰਹਿਣ ਵਾਲੇ ਹੁਣ ਚਲੇ ਗਏ ਹਨ, ਪਰ ਹੁਣ ਸਾਨੂੰ ਦੇਖਣਾ ਪਵੇਗਾ ਕਿ ਨਵੇਂ ਆਗੂ ਆਪਣੇ ਲੋਕਾਂ ਨਾਲ ਵੱਖਰੇ ਢੰਗ ਨਾਲ ਪੇਸ਼ ਆਉਂਦੇ ਹਨ ਜਾਂ ਨਹੀਂ।

ਅਮਰੀਕੀ ਸੈਨੇਟ ਵਿੱਚ ਡੈਮੋਕ੍ਰੇਟਿਕ ਪਾਰਟੀ ਦੇ ਨੇਤਾ ਚੱਕ ਸ਼ੂਮਰ ਨੇ ਕਿਹਾ ਕਿ ਇਸ ਸਮਝੌਤੇ ਨੂੰ ਅਮਰੀਕਾ ਦੀਆਂ ਸਭ ਤੋਂ ਵੱਡੀਆਂ ਸਿਆਸੀ ਗਲਤੀਆਂ ਵਿੱਚੋਂ ਇੱਕ ਵਜੋਂ ਯਾਦ ਰੱਖਿਆ ਜਾਵੇਗਾ। ਸ਼ੂਮਰ ਨੇ ਦੋਸ਼ ਲਾਇਆ ਕਿ ਅਮਰੀਕਾ ਹੁਣ ਜੰਗ ਤੋਂ ਪਹਿਲਾਂ ਨਾਲੋਂ ਵੀ ਜ਼ਿਆਦਾ ਕਮਜ਼ੋਰ ਸਥਿਤੀ ਵਿੱਚ ਹੈ ਅਤੇ ਟਰੰਪ ਨੇ ਈਰਾਨ ਅੱਗੇ ਆਤਮਸਮਰਪਣ ਕਰ ਦਿੱਤਾ ਹੈ। ਡੈਮੋਕ੍ਰੇਟਿਕ ਸੈਨੇਟਰ ਮਾਰਕ ਵਾਰਨਰ, ਰਿਚਰਡ ਬਲੂਮੈਂਥਲ ਅਤੇ ਪੀਟਰ ਵੈਲਚ ਨੇ ਈਰਾਨ ਨੂੰ ਕਥਿਤ ਤੌਰ 'ਤੇ 300 ਅਰਬ ਡਾਲਰ ਦੀ ਫੰਡਿੰਗ ਅਤੇ ਹਾਰਮੁਜ਼ ਜਲਡਮਰੂ 'ਤੇ ਈਰਾਨ ਦੇ ਪ੍ਰਭਾਵ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ ਹਨ। ਡੈਮੋਕ੍ਰੇਟਿਕ ਕਾਨੂੰਨਸਾਜ਼ਾਂ ਨੇ ਕਿਹਾ ਕਿ ਸਮਝੌਤੇ ਨੇ ਈਰਾਨ ਨੂੰ ਹੋਰ ਰਿਆਇਤਾਂ ਦਿੱਤੀਆਂ, ਜਦੋਂ ਕਿ ਅਮਰੀਕਾ ਨੂੰ ਬਦਲੇ ਵਿੱਚ ਕੋਈ ਲਾਭ ਨਹੀਂ ਮਿਲਿਆ।

ਸਮਝੌਤਾ ਪ੍ਰਕਿਰਿਆ ਵਿੱਚ ਸ਼ਾਮਲ ਇੱਕ ਅਮਰੀਕੀ ਅਧਿਕਾਰੀ ਨੇ 14-ਨੁਕਾਤੀ ਸਮਝੌਤੇ ਬਾਰੇ ਵਿਸਥਾਰ ਵਿੱਚ ਦੱਸਿਆ ਕਿ 800 ਸ਼ਬਦਾਂ ਵਾਲੇ ਡੇਢ ਪੰਨਿਆਂ ਦੇ ਇਸ ਦਸਤਾਵੇਜ਼ ਵਿੱਚ ਈਰਾਨ ਵੱਲੋਂ ਪ੍ਰਮਾਣੂ ਹਥਿਆਰ ਵਿਕਸਤ ਨਾ ਕਰਨ ਦੀ ਵਚਨਬੱਧਤਾ ਸ਼ਾਮਲ ਹੈ, ਜਦੋਂ ਕਿ ਈਰਾਨ ਦੇ ਪੁਨਰ ਨਿਰਮਾਣ ਲਈ 300 ਅਰਬ ਡਾਲਰ (28 ਲੱਖ ਕਰੋੜ ਰੁਪਏ) ਦੀ ਫੰਡਿੰਗ ਦੀ ਯੋਜਨਾ 'ਤੇ ਵੀ ਸਹਿਮਤੀ ਬਣੀ ਹੈ। ਈਰਾਨ ਨੇ ਹਾਰਮੁਜ਼ ਜਲਡਮਰੂ ਨੂੰ ਦੁਬਾਰਾ ਖੋਲ੍ਹਣ ਦਾ ਵਾਅਦਾ ਕੀਤਾ ਹੈ। ਇਹ ਪ੍ਰਬੰਧ 60 ਦਿਨਾਂ ਤੱਕ ਰਹੇਗਾ, ਜਿਸ ਦੌਰਾਨ ਜਹਾਜ਼ਾਂ ਤੋਂ ਕੋਈ ਵਾਧੂ ਟੈਕਸ ਨਹੀਂ ਲਿਆ ਜਾਵੇਗਾ। ਨਿਊਯਾਰਕ ਟਾਈਮਜ਼ ਮੁਤਾਬਕ ਇਸ ਸਮਝੌਤੇ ਦੀ ਸਭ ਤੋਂ

• ਬਾਕੀ ਸਫਾ 2 'ਤੇ

ਸੁਖਬੀਰ ਵੱਲੋਂ ਧਰਮ ਯੁੱਧ ਮੋਰਚੇ ਦੀ ਚੇਤਾਵਨੀ



ਚੰਡੀਗੜ੍ਹ (ਨ ਜ਼ ਸ)

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੀਰਵਾਰ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਭਗਵੰਤ ਮਾਨ ਨੂੰ ਗੁਰੂ ਦੋਖੀ ਤੇ ਪੰਥ ਦੋਖੀ ਕਰਾਰ ਦਿੱਤਾ ਹੈ, ਜਿਸ ਲਈ ਉਸ ਨੂੰ ਕਦੇ ਵੀ ਮੁਆਫ ਨਹੀਂ ਕੀਤਾ ਜਾਵੇਗਾ। ਉਨ੍ਹਾ 'ਆਪ' ਨੂੰ ਚਿਤਾਵਨੀ ਦਿੱਤੀ ਕਿ ਜੇ 'ਆਪ' ਨੇ ਇਕ ਮਹੀਨੇ ਵਿੱਚ ਭਗਵੰਤ ਮਾਨ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਨਾ ਹਟਾਇਆ ਤਾਂ ਸ਼੍ਰੋਮਣੀ ਅਕਾਲੀ ਦਲ ਵੱਲੋਂ 19 ਜੁਲਾਈ ਤੋਂ 'ਧਰਮ ਯੁੱਧ ਮੋਰਚਾ' ਸ਼ੁਰੂ ਕੀਤਾ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਲਈ ਸਾਰੀਆਂ ਸਿੱਖ ਜਥੇਬੰਦੀਆਂ ਤੇ ਸਿਆਸੀ ਪਾਰਟੀਆਂ ਨੂੰ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਉਨ੍ਹਾ ਕਿਹਾ ਕਿ ਪਾਰਟੀ ਦੀ ਪੰਜ ਮੈਂਬਰੀ ਕਮੇਟੀ ਵੱਲੋਂ ਸਾਰੀਆਂ ਸਿੱਖ ਜਥੇਬੰਦੀਆਂ ਅਤੇ ਸਿਆਸੀ ਪਾਰਟੀਆਂ ਤੱਕ ਪਹੁੰਚ ਕੀਤੀ ਜਾਵੇਗੀ ਅਤੇ ਭਗਵੰਤ ਮਾਨ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇਗੀ।

ਉਨ੍ਹਾ ਕਿਹਾ ਕਿ ਇੱਕ ਸਾਲ ਤੋਂ ਜਨਤਕ ਖੇਤਰ ਵਿੱਚ ਮੌਜੂਦ ਵੀਡੀਓ ਬਿਲਕੁਲ ਸੱਚੀ ਹੈ। ਉਨ੍ਹਾ ਦਾਅਵਾ ਕੀਤਾ ਕਿ ਪਹਿਲਾਂ ਮੁੱਖ ਮੰਤਰੀ ਨੇ ਇਸ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਨਾਲ ਤਿਆਰ ਕੀਤੀ ਫਰਜ਼ੀ ਵੀਡੀਓ ਦੱਸਿਆ ਸੀ, ਪਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਦੇਸ਼ ਦੀਆਂ ਦੋ ਪ੍ਰਮੁੱਖ ਫੋਰੈਂਸਿਕ ਲੈਬਾਰਟਰੀਆਂ ਤੋਂ ਕਰਵਾਈ ਗਈ ਜਾਂਚ ਵਿੱਚ ਇਸ ਵੀਡੀਓ ਦੇ ਅਸਲੀ ਹੋਣ ਦੀ ਪੁਸ਼ਟੀ ਹੋਈ ਹੈ, ਪਰ ਮੁੱਖ ਮੰਤਰੀ ਦੋ ਲੈਬਾਰਟਰੀਆਂ ਦੀਆਂ ਰਿਪੋਰਟਾਂ ਦੇ ਆਧਾਰ 'ਤੇ ਦਾਅਵਾ ਕਰ ਰਹੇ ਹਨ ਕਿ ਵੀਡੀਓ ਵਿੱਚ ਉਹ ਨਹੀਂ ਹਨ। ਉਨ੍ਹਾ ਸਵਾਲ ਚੁੱਕਿਆ ਕਿ ਜੇ ਮੁੱਖ ਮੰਤਰੀ ਬੇਕਸੂਰ ਸਨ ਤਾਂ ਉਨ੍ਹਾ ਚੰਡੀਗੜ੍ਹ ਸਥਿਤ ਕੇਂਦਰੀ ਫੋਰੈਂਸਿਕ ਲੈਬਾਰਟਰੀ ਤੋਂ ਇਸ ਦੀ ਜਾਂਚ ਕਿਉਂ ਨਹੀਂ ਕਰਵਾਈ? ਉਨ੍ਹਾ ਮੁੱਖ ਮੰਤਰੀ ਨੂੰ ਚੁਣੌਤੀ ਦਿੱਤੀ ਕਿ ਉਹ ਆਪਣੀ ਬੇਗੁਨਾਹੀ ਸਾਬਤ ਕਰਨ ਲਈ 'ਲਾਈ ਡਿਟੈਕਟਰ ਟੈਸਟ' ਕਰਾਉਣ।

ਯੂ ਕੇ ਤੋਂ ਭਾਰਤ ਨੂੰ ਮਿਲੇਗੀ ਸਸਤੀ ਵਿਸਕੀ

ਲੰਦਨ : ਬਰਤਾਨੀਆ ਤੇ ਭਾਰਤ ਦਰਮਿਆਨ ਮੁਕਤ ਵਪਾਰ ਸਮਝੌਤਾ 15 ਜੁਲਾਈ ਤੋਂ ਅਮਲੀ ਰੂਪ ਵਿੱਚ ਲਾਗੂ ਹੋ ਜਾਵੇਗਾ। ਇਸ ਤਹਿਤ ਭਾਰਤ ਵਾਸੀਆਂ ਨੂੰ ਬਰਤਾਨੀਆ ਤੋਂ ਪਹਿਲਾਂ ਨਾਲੋਂ ਸਸਤੀ ਵਿਸਕੀ ਮੁਹੱਈਆ ਹੋਵੇਗੀ। ਇਸ ਸਮਝੌਤੇ ਤਹਿਤ ਭਾਰਤ ਵਿਸਕੀ ਉੱਤੇ ਟੈਰਿਫ਼ ਨੂੰ 150 ਫ਼ੀਸਦੀ ਤੋਂ ਘਟਾ ਕੇ 40 ਫ਼ੀਸਦ ਕਰੇਗਾ ਅਤੇ ਆਟੋਮੋਟਿਵਜ਼ ਨੂੰ 100 ਫ਼ੀਸਦ ਤੋਂ ਘਟਾ ਕੇ 10 ਫ਼ੀਸਦੀ ਕਰੇਗਾ। ਇਸ ਬਦਲੇ ਯੂ ਕੇ ਕੱਪੜੇ, ਜੁੱਤੀਆਂ ਅਤੇ ਕੁਝ ਖ਼ੁਰਾਕੀ ਚੀਜ਼ਾਂ 'ਤੇ ਟੈਰਿਫ ਘਟਾਏਗਾ।

ਅੱਜ-ਨਾਮਾ

ਭਾਖੜਾ ਝੀਲ 'ਚੋਂ ਲੱਗੇ ਸਨ ਗਾਰ ਕੱਢਣ,
ਹਿਮਾਚਲ ਆਣ ਸੀ ਲੱਤ ਅੜਾਈ ਮੀਆਂ।
ਲਈ ਕਿਉਂ ਨਾ ਓਥੇ ਪਰਮਿਸ਼ਨ ਪਹਿਲਾਂ,
ਆ ਕੇ ਚਾਬੀ ਇਹ ਵਿੱਚ ਫਸਾਈ ਮੀਆਂ।
ਓਧਰ ਮੌਸਮ ਆ ਬਾਰਸ਼ ਦਾ ਬਹੁਤ ਨੇੜੇ,
ਮੌਨਸੂਨ ਆਖਦੇ ਆਈ ਕਿ ਆਈ ਮੀਆਂ।
ਗੋਤੇ ਦਿੱਤੇ ਕਈ ਹੜ੍ਹਾਂ ਸਨ ਸਾਲ ਪਿਛਲੇ,
ਉਨ੍ਹਾਂ ਦੀ ਯਾਦ ਆ ਨੀਂਦ ਉਡਾਈ ਮੀਆਂ।
ਲੱਗਦਾ ਜਦੋਂ ਵੀ ਕਿਤੇ ਕੋਈ ਕੰਮ ਚੱਲਣ,
ਅੜਿੱਕਾ ਕੋਈ ਆ ਲੱਗਦਾ ਪਾਉਣ ਮੀਆਂ।
ਫਸੀ ਚਿੱਕੜ ਦੇ ਵਿੱਚ ਬੱਸ ਗੱਡ ਰਹਿੰਦੀ,
ਦੇਂਦੇ ਕੰਮ ਕੋਈ ਸਿਰੇ ਨਾ ਲਾਉਣ ਮੀਆਂ।

-ਤੀਸ ਮਾਰ ਖਾਂ

ਕਾਦੀਆਂ-ਬਿਆਸ ਰੇਲ ਪ੍ਰੋਜੈਕਟ ਨੂੰ ਹਰੀ ਝੰਡੀ

ਨਵੀਂ ਦਿੱਲੀ : ਕੇਂਦਰ ਸਰਕਾਰ ਨੇ ਪੰਜਾਬ ਦੇ ਮਾਝਾ ਖੇਤਰ ਦੇ ਵਿਕਾਸ ਲਈ ਲੰਮੇ ਸਮੇਂ ਤੋਂ ਰੁਕੇ ਹੋਏ ਕਾਦੀਆਂ-ਬਿਆਸ ਨਵੇਂ ਰੇਲਵੇ ਲਾਈਨ ਪ੍ਰੋਜੈਕਟ ਨੂੰ ਸੁਰਜੀਤ ਕਰ ਦਿੱਤਾ ਹੈ। ਇਹ ਪ੍ਰੋਜੈਕਟ ਸਭ ਤੋਂ ਪਹਿਲਾਂ ਅੰਗਰੇਜ਼ਾਂ ਦੇ ਵੇਲੇ, ਯਾਨੀ ਲਗਪਗ 100 ਸਾਲ ਪਹਿਲਾਂ ਤਿਆਰ ਕੀਤਾ ਗਿਆ ਸੀ। ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਵੀਰਵਾਰ ਨੂੰ ਇੱਥੇ ਰੇਲ ਭਵਨ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਇਸ ਪ੍ਰੋਜੈਕਟ ਨੂੰ ਦੁਬਾਰਾ ਸ਼ੁਰੂ ਕਰਨ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਹ ਨਵਾਂ 39.68 ਕਿਲੋਮੀਟਰ ਲੰਮਾ ਰੇਲਵੇ ਲਿੰਕ ਲਗਪਗ 1,400 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗਾ ਅਤੇ ਇਸ ਨੂੰ ਉੱਤਰੀ ਰੇਲਵੇ ਵੱਲੋਂ ਪੂਰਾ ਕੀਤਾ ਜਾਵੇਗਾ। ਇਹ ਮਾਝਾ ਖੇਤਰ ਦੀ ਆਰਥਿਕਤਾ, ਧਾਰਮਿਕ ਸੈਰ-ਸਪਾਟੇ ਅਤੇ ਖੇਤਰੀ ਵਿਕਾਸ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾਵੇਗਾ। ਇਸ ਪ੍ਰੋਜੈਕਟ ਨੂੰ ਪੂਰਾ ਹੋਣ ਵਿੱਚ ਘੱਟੋ-ਘੱਟ ਤਿੰਨ ਸਾਲ ਲੱਗਣਗੇ।

ਮੰਤਰੀ ਨੇ ਦੱਸਿਆ ਕਿ ਪ੍ਰਸਤਾਵਿਤ ਪ੍ਰੋਜੈਕਟ ਗੁਰਦਾਸਪੁਰ ਜ਼ਿਲ੍ਹੇ ਦੇ ਕਾਦੀਆਂ ਨੂੰ ਜੋੜੇਗਾ ਅਤੇ ਕਾਦੀਆਂ, ਧੰਦੋਈ, ਘੁਮਾਣ, ਬੁਤਾਲਾ, ਸਠਿਆਲਾ ਅਤੇ ਬਿਆਸ ਵਰਗੇ ਮਹੱਤਵਪੂਰਨ ਕਸਬਿਆਂ ਅਤੇ ਪਿੰਡਾਂ ਵਿੱਚੋਂ ਦੀ ਗੁਜ਼ਰੇਗਾ।

ਇਸ ਨਾਲ ਮਾਝਾ ਇਲਾਕੇ ਦੇ ਬਹੁਤ ਸਾਰੇ ਹਿੱਸੇ ਰੇਲਵੇ ਲਾਈਨ ਨਾਲ ਜੁੜ ਜਾਣਗੇ ਅਤੇ ਇੱਥੋਂ ਦੇ ਰਹਿਣ ਵਾਲੇ ਲੋਕਾਂ ਦਾ ਆਉਣ-ਜਾਣ ਬਹੁਤ ਆਸਾਨ ਹੋ ਜਾਵੇਗਾ। ਇਸ ਪ੍ਰੋਜੈਕਟ ਦੇ ਤਹਿਤ ਆਧੁਨਿਕ ਰੇਲਵੇ ਬੁਨਿਆਦੀ ਢਾਂਚੇ ਦੇ ਵਿਕਾਸ ਦੀ ਯੋਜਨਾ ਹੈ, ਜਿਸ ਵਿੱਚ ਘੁਮਾਣ ਅਤੇ ਬੁਟਾਲਾ ਵਿਖੇ ਦੋ ਕਰਾਸਿੰਗ ਸਟੇਸ਼ਨ, 11 ਵੱਡੇ ਪੁਲ ਅਤੇ 121 ਛੋਟੇ ਪੁਲ, 54 ਰੋਡ ਅੰਡਰ ਬ੍ਰਿਜ, ਆਧੁਨਿਕ ਸਿਗਨਲ, ਦੂਰਸੰਚਾਰ ਪ੍ਰਣਾਲੀ ਅਤੇ 'ਕਵਚ' ਸੁਰੱਖਿਆ ਪ੍ਰਣਾਲੀ ਦੀ ਤਾਇਨਾਤੀ ਸ਼ਾਮਲ ਹੈ।

ਸ਼ਹੀਦ ਕਾਮਰੇਡ **ਸਵਰਨ ਸਿੰਘ ਸੋਹਲ** ਦੀ ਛੋਟੀ ਭੈਣ, ਗੁਰਬਿੰਦਰ ਸੋਹਲ ਤੇ ਨਰਿੰਦਰ ਸੋਹਲ ਦੀ ਭੂਆ **ਪ੍ਰਸਿੰਨ ਕੌਰ** ਬੀਤੀ 11 ਜੂਨ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾ ਨਮਿਤ **ਅੰਤਿਮ ਅਰਦਾਸ** 20 ਜੂਨ ਨੂੰ **ਪਿੰਡ ਸਿਹਾਰੀ, ਜ਼ਿਲ੍ਹਾ ਰਾਮਪੁਰ, ਉੱਤਰ ਪ੍ਰਦੇਸ਼ ਵਿਖੇ ਕੀਤੀ ਜਾ ਰਹੀ ਹੈ।** ਇਸ ਮੌਕੇ ਸੋਹਲ ਪਰਵਾਰ ਵੱਲੋਂ ਅਦਾਰੇ ਨੂੰ 2100 ਰੁਪਏ ਸਹਾਇਤਾ ਰਾਸ਼ੀ ਭੇਜੀ ਗਈ ਹੈ।

ਤਣਾਅ ਮੁਕਤ ਸਿੱਖਿਆ ਦੇ ਪ੍ਰੇਰਨਾਦਾਇਕ ਲੇਖ ਸੰਗ੍ਰਹਿ ਡੀ ਸੀ ਵੱਲੋਂ ਲੋਕ ਅਰਪਣ

ਸਫਲਤਾ ਲਈ ਪੜ੍ਹਾਈ ਦੌਰਾਨ ਤਣਾਅ ਨਹੀਂ, ਸਗੋਂ ਸਕਾਰਾਤਮਕ ਸੋਚ ਦੀ ਜ਼ਰੂਰਤ : ਦੀਪਸ਼ਿਖਾ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਵਿਦਿਆਰਥੀਆਂ ਨੂੰ ਪ੍ਰੀਖਿਆ ਤੇ ਪੜ੍ਹਾਈ ਦੌਰਾਨ ਤਣਾਅ ਮੁਕਤ ਰੱਖਣ ਅਤੇ ਉਨ੍ਹਾਂ ਵਿੱਚ ਸਕਾਰਾਤਮਕ ਸੋਚ ਵਿਕਸਿਤ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਮਨੀਲਾ ਅਰੋੜਾ ਦੀ ਅਗਵਾਈ ਹੇਠ ਉੱਪ-ਜ਼ਿਲ੍ਹਾ ਸਿੱਖਿਆ ਅਫਸਰ ਡਾ. ਸਤਿੰਦਰ ਸਿੰਘ ਨੈਸ਼ਨਲ ਐਵਾਰਡੀ ਦੇ ਯਤਨਾਂ ਸਦਕਾ ਸ਼ੁਰੂ ਕੀਤੇ ਮਿਸ਼ਨ ਪ੍ਰੇਰਨਾ ਤਹਿਤ ਤਿਆਰ ਕੀਤੇ ਗਏ ਪ੍ਰੇਰਨਾਦਾਇਕ ਲੇਖ ਸੰਗ੍ਰਹਿ ਨੂੰ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ, ਆਈਏਐੱਸ ਵੱਲੋਂ ਵਿਸ਼ੇਸ਼ ਸਮਾਗਮ ਦੌਰਾਨ ਲੋਕ ਅਰਪਣ ਕੀਤਾ ਗਿਆ। ਇਸ ਲੇਖ ਸੰਗ੍ਰਹਿ ਵਿੱਚ ਸਿੱਖਿਆ ਮਾਹਰਾਂ, ਮਨੋਵਿਗਿਆਨੀਆਂ ਤੇ ਪ੍ਰਸਿੱਧ ਲੇਖਕਾਂ ਵੱਲੋਂ ਲਿਖੇ ਗਏ ਉਹ ਲੇਖ ਸ਼ਾਮਲ ਕੀਤੇ ਗਏ ਹਨ, ਜੋ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੌਰਾਨ ਆਤਮਵਿਸ਼ਵਾਸ, ਮਨੋਬਲ ਤੇ ਸਕਾਰਾਤਮਕ ਸੋਚ ਬਣਾਈ ਰੱਖਣ ਲਈ ਪ੍ਰੇਰਿਤ ਕਰਦੇ ਹਨ। ਇਹ ਉਪਰਾਲਾ ਵਿਦਿਆਰਥੀਆਂ ਨੂੰ ਤਣਾਅ ਤੋਂ ਦੂਰ ਰੱਖ ਕੇ ਉਨ੍ਹਾਂ ਦੀਆਂ ਸਮਰੱਥਾਵਾਂ ਨੂੰ ਨਿਖਾਰਨ ਵੱਲ ਇਕ ਮਹੱਤਵਪੂਰਨ ਕਦਮ ਹੈ। ਆਪਣੇ ਪ੍ਰਧਾਨਗੀ ਸੰਬੋਧਨ ਦੌਰਾਨ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਸਿੱਖਿਆ ਵਿਭਾਗ ਦੇ ਇਸ ਨਿਵੇਕਲੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਤਣਾਅ ਤੇ ਡਰ ਨੂੰ ਆਪਣੇ ਉੱਤੇ ਭਾਰੀ ਨਾ ਹੋਣ ਦੇਣ, ਸਗੋਂ ਮਿਹਨਤ, ਅਨੁਸ਼ਾਸਨ ਤੇ ਸਕਾਰਾਤਮਕ ਸੋਚ ਨਾਲ ਅੱਗੇ ਵਧਣ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੇਰਨਾਦਾਇਕ ਲੇਖ ਵਿਦਿਆਰਥੀਆਂ ਨੂੰ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਣ ਤੇ ਉਨ੍ਹਾਂ ਵਿੱਚ ਸਫਲਤਾ ਪ੍ਰਤੀ ਵਿਸ਼ਵਾਸ ਪੈਦਾ ਕਰਨ ਵਿੱਚ ਸਹਾਇਕ ਸਾਬਤ ਹੋਣਗੇ। ਇਸ ਪ੍ਰੋਜੈਕਟ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਸੰਦੀਪ ਕੁਮਾਰ, ਗੁਰਦੇਵ ਸਿੰਘ, ਗੁਰਪ੍ਰੀਤ ਸਿੰਘ, ਸਮੂਹ ਬੀਆਰਸੀ ਤੇ ਕੰਚਨ ਰਾਣੀ ਦਾ ਵਿਸ਼ੇਸ਼ ਯੋਗਦਾਨ ਰਿਹਾ। ਉਨ੍ਹਾਂ ਦੀ ਮਿਹਨਤ ਤੇ ਸਮਰਪਣ ਨੂੰ ਦੇਖਦਿਆਂ ਡਿਪਟੀ ਕਮਿਸ਼ਨਰ ਵੱਲੋਂ ਉਨ੍ਹਾਂ ਨੂੰ ਪ੍ਰਸੰਸਾ ਪੱਤਰ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਮਨੀਲਾ ਅਰੋੜਾ ਨੇ ਕਿਹਾ ਕਿ ਇਸ ਲੇਖ ਸੰਗ੍ਰਹਿ ਦੇ ਸੰਪਾਦਕ ਡਾ. ਸਤਿੰਦਰ ਸਿੰਘ ਤੇ ਉਨ੍ਹਾਂ ਦੇ ਸਹਿਯੋਗੀ ਅਧਿਆਪਕਾਂ ਦਾ ਇਹ ਨਿਵੇਕਲਾ ਉਪਰਾਲਾ ਵਿਦਿਆਰਥੀਆਂ ਲਈ ਬੇਹੱਦ ਲਾਭਦਾਇਕ ਤੇ ਮਾਰਗਦਰਸ਼ਕ ਸਾਬਿਤ ਹੋਵੇਗਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਸਿੱਖਿਆ ਪ੍ਰਤੀ ਰੁਚੀ ਪੈਦਾ ਕਰਨ ਤੇ ਉਨ੍ਹਾਂ ਨੂੰ ਪ੍ਰੇਰਿਤ ਕਰਨ ਲਈ ਲਗਾਤਾਰ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ। ਡਾ. ਸਤਿੰਦਰ ਸਿੰਘ ਨੇ ਡਿਪਟੀ ਕਮਿਸ਼ਨਰ ਤੇ ਇਸ ਪ੍ਰੋਜੈਕਟ ਵਿਚ ਸਹਿਯੋਗ ਕਰਨ ਵਾਲੇ ਸਹਿਯੋਗੀਆਂ ਤੇ ਲੇਖਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਿਸ਼ਨ ਪ੍ਰੇਰਨਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਆਤਮਵਿਸ਼ਵਾਸ ਪੈਦਾ ਕਰਨਾ, ਉਨ੍ਹਾਂ ਨੂੰ ਪ੍ਰੀਖਿਆਵਾਂ ਦੇ ਦਬਾਅ ਤੋਂ ਮੁਕਤ ਰੱਖਣਾ ਤੇ ਉਨ੍ਹਾਂ ਦੀ ਸਰਵਪੱਖੀ ਸ਼ਖ਼ਸੀਅਤ ਦਾ ਵਿਕਾਸ ਕਰਨਾ ਹੈ। ਉਨ੍ਹਾਂ ਕਿਹਾ ਕਿ ਲੇਖ ਸੰਗ੍ਰਹਿ ਵਿੱਚ ਸ਼ਾਮਲ ਵਿਚਾਰ ਵਿਦਿਆਰਥੀਆਂ ਨੂੰ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਪ੍ਰੇਰਿਤ ਕਰਨਗੇ।

ਇਸ ਮੌਕੇ ਪ੍ਰਿੰਸੀਪਲ ਰਾਕੇਸ਼ ਸ਼ਰਮਾ ਡੀਐੱਸਐੱਮ, ਸੁਖਚੈਨ ਸਿੰਘ ਸਟੈਨੋ ਅਤੇ ਹੋਰ ਅਧਿਕਾਰੀ ਤੇ ਅਧਿਆਪਕ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਸ਼ੈਲਰਾਂ 'ਚ ਲੱਗੇ ਚੌਲਾਂ ਦੇ ਭੰਡਾਰ ਕਾਰਨ ਸ਼ੈਲਰ ਮਾਲਕਾਂ ਸਾਹ ਸੂਤੇ : ਸੰਜੀਵ ਕੁਮਾਰ

ਜਗਰਾਉਂ (ਨਛੱਤਰ ਸੰਧੂ)-ਸੈਲਰਾਂ ਵਿੱਚ ਚੌਲਾਂ ਦੇ ਲੱਗੇ ਭੰਡਾਰ ਕਾਰਨ ਸੈਲਰ ਮਾਲਕਾਂ ਦੇ ਸਾਹ ਸੂਤੇ ਪਏ ਹਨ।ਇਸ ਸਬੰਧੀ ਗੱਲਬਾਤ ਕਰਦਿਆਂ ਸੈਲਰ ਮਾਲਕ ਸੰਜੀਵ ਕੁਮਾਰ ਨੇ ਦੱਸਿਆ ਕਿ ਚੌਲ ਉਦਯੋਗ ਨੂੰ ਪੰਜਾਬ ਦੀ ਆਰਥਿਕਤਾ, ਖੇਤੀਬਾੜੀ ਤੇ ਪੇਂਡੂ ਰੁਜ਼ਗਾਰ ਦਾ ਇੱਕ ਅਹਿਮ ਥੰਮ੍ਹ ਮੰਨਿਆ ਜਾਂਦਾ ਹੈ, ਪਰ ਇਸ ਵੇਲੇ ਇਹ ਉਦਯੋਗ ਅਨੇਕਾਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ, ਜਿਸ ਕਾਰਨ ਪੰਜਾਬ ਦੇ ਚੌਲ ਉਦਯੋਗ ਦੀ ਹਾਲਤ ਖਰਾਬ ਹੋਣ ਦਾ ਖ਼ਤਰਾ ਹੈ।ਪਿਛਲੇ ਤਿੰਨ ਸਾਲਾਂ ਤੋਂ ਕੇਂਦਰੀ ਏਜੰਸੀਆਂ ਵੱਲੋਂ ਪੰਜਾਬ ਦੇ ਗੋਦਾਮਾਂ ਵਿੱਚੋਂ ਚੌਲਾਂ ਦੀ ਲਿਫਟਿੰਗ ਦੀ ਰਫ਼ਤਾਰ ਕਾਫੀ ਹੌਲੀ ਹੈ, ਗੋਦਾਮ ਭਰੇ ਪਏ ਹਨ ਤੇ ਪੰਜਾਬ ਵਿੱਚ ਬਕਾਇਆ ਮਿਲਿੰਗ ਦੇ ਚੌਲਾਂ ਲਈ ਜਗ੍ਹਾ ਦੀ ਘਾਟ ਮਹਿਸੂਸ ਹੋ ਰਹੀ ਹੈ। ਕੇਂਦਰ ਸਰਕਾਰ ਨੇ ਇਸ ਸਾਲ ਨਵੀਂ ਨੀਤੀ ਵਿੱਚ ਮਿਲਰਾਂ ਕੋਲੋਂ 10 ਫੀਸਦੀ ਟੋਟੇ ਵਾਲੇ ਚੌਲ਼ ਲੈਣੇ ਸਨ ਤੇ ਬਾਕੀ 15 ਫੀਸਦੀ ਟੋਟਾ ਚੌਲਾਂ ਨੂੰ ਸਿੱਧੀ ਬੋਲੀ ਰਾਹੀਂ ਵੇਚਿਆ ਜਾਣਾ ਸੀ, ਪਰ ਰੇਟ ਵੱਧ ਹੋਣ ਕਾਰਨ ਇਹ ਨਹੀਂ ਵਿਕ ਰਹੇ।ਗੌਰਤਲਬ ਹੈ ਕਿ ਬੀਤੇ ਦਿਨ ਖੇਤੀਬਾੜੀ, ਪਸ਼ੂਪਾਲਣ ਤੇ ਫੂਡ ਪ੍ਰੋਸੈਸਿੰਗ ਬਾਰੇ ਸੰਸਦੀ ਸਥਾਈ ਕਮੇਟੀ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਤੇ 21 ਹੋਰ ਸੰਸਦਾਂ ਨੂੰ ਪੰਜਾਬ ਰਾਈਸ ਇੰਡਸਟਰੀ ਐਸੋਸੀਏਸ਼ਨ ਦਾ ਵਫਦ ਪ੍ਰਧਾਨ ਭਾਰਤ ਭੂਸ਼ਨ ਬਿੱਟਾ ਤੇ ਉੱਪ ਪ੍ਰਧਾਨ ਰਣਜੀਤ ਸਿੰਘ ਜੋਸਨ ਦੀ ਅਗਵਾਈ ਹੇਠ ਮਿਲਿਆ ਸੀ ਤੇ ਪੰਜਾਬ ਦੀ ਖੇਤੀ ਤੇ ਚੌਲ ਉਦਯੋਗ ਨਾਲ ਜੁੜੇ ਇਹ ਸਾਰੇ ਮੁੱਦੇ ਉਠਾਏ ਗਏ।

ਸ਼੍ਰੋਮਣੀ ਅਕਾਲੀ ਦਲ ਵੱਲੋਂ ਗੁਰਪ੍ਰੀਤ ਸਿੰਘ ਲਾਪਰਾਂ ਦਾ ਵਿਸ਼ੇਸ਼ ਸਨਮਾਨ

ਦੋਰਾਹਾ (ਹਰਮਿੰਦਰ ਸੇਠ)-ਸ਼੍ਰੋਮਣੀ ਅਕਾਲੀ ਦਲ ਵੱਲੋਂ ਸ੍ਰ. ਗੁਰਪ੍ਰੀਤ ਸਿੰਘ ਲਾਪਰਾ ਨੂੰ ਖੰਨਾ ਦਾ ਅਬਜ਼ਰਵਰ ਲਗਾਏ ਜਾਣ ਉਪਰੰਤ ਦੋਰਾਹਾ ਵਿਖੇ ਵਿਸ਼ੇਸ਼ ਸਨਮਾਨ ਸਮਾਰੋਹ ਕੀਤਾ ਗਿਆ। ਇਸ ਮੌਕੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਟਕਸਾਲੀ ਯੂਥ ਆਗੂ ਸ੍ਰ. ਗੁਰਦੀਪ ਸਿੰਘ ਬਾਵਾ ਨੇ ਕਿਹਾ ਕਿ ਸ੍ਰ. ਗੁਰਪ੍ਰੀਤ ਸਿੰਘ ਲਾਪਰਾ ਬਹੁਤ ਹੀ ਮਿਹਨਤੀ, ਇਮਾਨਦਾਰ ਤੇ ਪਾਰਟੀ ਦੇ ਜੁਝਾਰੂ ਵਰਕਰ ਹਨ।ਉਨ੍ਹਾਂ ਕਿਹਾ ਕਿ ਆਸ ਹੈ ਕਿ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਵੱਲੋਂ ਸ੍ਰੀ ਲਾਪਰਾ ਨੂੰ ਟਿਕਟ ਦੇ ਕੇ ਸਨਮਾਨਤ ਕੀਤਾ ਜਾਵੇਗਾ।ਇਸ ਦੌਰਾਨ ਸ੍ਰ. ਗੁਰਪ੍ਰੀਤ ਸਿੰਘ ਲਾਪਰਾ ਨੇ ਸਮੂਹ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਵਰਕਰਾਂ ਨਾਲ ਵਿਚਾਰ-ਵਟਾਂਦਰਾ ਵੀ ਕੀਤਾ ਤੇ ਪਾਰਟੀ ਦੀ ਮਜ਼ਬੂਤੀ ਲਈ ਹਰ ਵਾਰਡ ਵਿੱਚ ਬੂਥ ਲੈਵਲ ਏਜੰਟ ਤੇ ਵਾਰਡ ਪੱਧਰੀ ਟੀਮਾਂ ਨੂੰ ਹੋਰ ਸਰਗਰਮ ਕਰਨ ਦੀ ਅਪੀਲ ਕੀਤੀ।ਇਸ ਮੌਕੇ ਮੈਂਬਰ ਕੋਰ ਕਮੇਟੀ ਜਗਦੀਪ ਸਿੰਘ ਲਹਿਲ, ਨਰਿੰਦਰ ਬਿੱਲੂ, ਰਣਜੀਤ ਸਿੰਘ ਕਾਕਾ, ਰਾਕੇਸ਼ ਆਨੰਦ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸਨ।

ਸਾਗਰ ਵਿਰਕ ਦੀ ਅੰਡਰ 19 ਭਾਰਤੀ ਕ੍ਰਿਕਟ ਟੀਮ 'ਚ ਚੋਣ ਹਲਕੇ ਲਈ ਮਾਣ ਵਾਲੀ ਗੱਲ : ਗੌਰਵ ਸੰਧੂ



ਸਨੌਰ (ਰਾਜਿੰਦਰ ਸਿੰਘ ਥਿੰਦ)-ਹਲਕਾ ਸਨੌਰ ਦੇ ਹੋਣਹਾਰ ਨੌਜਵਾਨ ਕ੍ਰਿਕਟਰ ਸਾਗਰ ਵਿਰਕ ਵੱਲੋਂ ਅੰਡਰ-19 ਟੀਮ ਵਿੱਚ ਚੋਣ ਹੋਣ 'ਤੇ ਖੇਤਰ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ ਵੱਲੋਂ 17 ਸਾਲਾ ਸਾਗਰ ਵਿਰਕ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਗੌਰਵ ਸੰਧੂ ਨੇ ਸਾਗਰ ਵਿਰਕ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਸ ਦੀ ਇਹ ਪ੍ਰਾਪਤੀ ਸਨੌਰ ਇਲਾਕੇ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਸਾਗਰ ਨੇ ਆਪਣੀ ਮਿਹਨਤ, ਲਗਨ ਤੇ ਖੇਡ ਪ੍ਰਤੀ ਸਮਰਪਣ ਸਦਕਾ ਇਹ ਮੁਕਾਮ ਹਾਸਲ ਕੀਤਾ ਹੈ, ਜਿਸ ਨਾਲ ਹੋਰ ਨੌਜਵਾਨਾਂ ਨੂੰ ਵੀ ਖੇਡਾਂ ਵਿੱਚ ਅੱਗੇ ਵਧਣ ਦੀ ਪ੍ਰੇਰਨਾ ਮਿਲੇਗੀ।ਉਨ੍ਹਾਂ ਆਸ ਪ੍ਰਗਟਾਈ ਕਿ ਸਾਗਰ ਵਿਰਕ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੰਜਾਬ ਤੇ ਦੇਸ਼ ਦਾ ਨਾਮ ਰੌਸ਼ਨ ਕਰੇਗਾ।ਇਸ ਮੌਕੇ ਸਾਗਰ ਵਿਰਕ ਦੇ ਪਰਿਵਾਰਕ ਮੈਂਬਰਾਂ ਅਤੇ ਖੇਡ ਪ੍ਰੇਮੀਆਂ ਨੇ ਵੀ ਉਸ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਉਸ ਦੀ ਉੱਜਵਲ ਭਵਿੱਖ ਲਈ ਕਾਮਨਾ ਕੀਤੀ।ਇਸ ਮੌਕੇ ਅਮਨਦੀਪ ਸਿੰਘ ਵਿਰਕ, ਹਰਪ੍ਰੀਤ ਸਿੰਘ ਸੰਧੂ, ਅਦਿੱਤਯ ਸਾਗਰ, ਸੁੱਖੀ ਪ੍ਰਧਾਨ ਸਨੌਰ, ਅਮਰਜੀਤ ਵਿਰਕ, ਸਤਿੰਦਰ ਸਿੰਘ ਰਠੋਆਂ, ਜੱਪਜੀਤ ਸਿੰਘ, ਸਿਮਰਨਜੋਤ ਸਿੰਘ, ਰਜਤ ਭਾਟੀਆ ਸਨੌਰ, ਪੰਕਜ ਧਾਲੀਵਾਲ ਤੇ ਹੋਰ।

ਸ਼ੇਰ ਸਿੰਘ ਫੌਜੀ ਨਮਿੱਤ ਸਰਧਾਂਜਲੀ ਸਮਾਗਮ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪੰਚਾਇਤ ਸੰਮਤੀ ਮਹਿਲ ਕਲਾਂ ਦੇ ਚੇਅਰਮੈਨ ਕਰਮਜੀਤ ਸਿੰਘ ਨਾਈਵਾਲਾ ਦੇ ਸਤਿਕਾਰਯੋਗ ਪਿਤਾ ਸ੍ਰ: ਸ਼ੇਰ ਸਿੰਘ ਫੌਜੀ ਨਮਿੱਤ ਅੰਤਿਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਕਮਿਊਨਿਟੀ ਹਾਲ ਨਾਈਵਾਲਾ ਵਿਖੇ ਹੋਇਆ।ਇਸ ਮੌਕੇ ਉਪਰੰਤ ਪ੍ਰਸਿੱਧ ਕੀਰਤਨੀ ਜਥੇ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ।ਸ਼ਰਧਾਂਜਲੀ ਅਰਪਿਤ ਕਰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੇ ਨਿੱਜੀ ਸਹਾਇਕ ਮਾ: ਹਰਮਨਜੀਤ ਸਿੰਘ ਕੁਤਬਾ ਨੇ ਕਿਹਾ ਕਿ ਸ਼ੇਰ ਸਿੰਘ ਫੌਜੀ ਇੱਕ ਨੇਕ ਤੇ ਇਮਾਨਦਾਰ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਸਮਾਜ ਤੇ ਦੇਸ਼ ਲਈ ਬੇਮਿਸਾਲ ਸੇਵਾਵਾਂ ਨਿਭਾਈਆਂ ਹਨ ਤੇ ਉਨ੍ਹਾਂ ਦੇ ਚਲੇ ਜਾਣ ਨਾਲ ਪਰਿਵਾਰ ਤੇ ਇਲਾਕੇ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਉਨ੍ਹਾਂ ਪੰਜਾਬ ਸਰਕਾਰ ਵੱਲੋਂ 20 ਲੱਖ ਰੁਪਏ ਦੀ ਗ੍ਰਾਂਟ ਸ: ਸ਼ੇਰ ਸਿੰਘ ਫੌਜੀ ਦੀ ਯਾਦ 'ਚ ਪਿੰਡ ਨਾਈਵਾਲਾ ਦੇ ਵਿਕਾਸ ਕਾਰਜਾਂ ਲਈ ਦੇਣ ਦਾ ਐਲਾਨ ਕੀਤਾ।'ਆਪ' ਆਗੂ ਹਰਜੀਤ ਸਿੰਘ ਕੈਰੇ ਨੇ ਪਰਿਵਾਰ ਵੱਲੋਂ ਵੱਡੀ ਗਿਣਤੀ 'ਚ ਪਹੁੰਚੇ ਵੱਖ ਵੱਖ ਆਗੂਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਭੰਗੂ, ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਇੰਚਾਰਜ ਨਾਥ ਸਿੰਘ ਹਮੀਦੀ, ਸ਼੍ਰੋਮਣੀ ਅਕਾਲੀ ਦਲ (ਵਾਰਿਸ ਪੰਜਾਬ ਦੇ) ਦੇ ਆਗੂ ਅਵਤਾਰ ਸਿੰਘ ਰਾਏਸਰ, ਜ਼ਿਲ੍ਹਾ ਪ੍ਰਧਾਨ ਬਬਲਾ ਗਰੇਵਾਲ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਪੰਜਾਬੀ ਸਾਹਿਤ ਸਭਾ ਦੇ ਗੁਰਪ੍ਰੀਤ ਸਿੰਘ ਅਣਖੀ, ਸੰਮਤੀ ਮੈਂਬਰ ਹਰਦੀਪ ਕੌਰ ਭੋਤਨਾ, ਦਵਿੰਦਰ ਸਿੰਘ ਧਨੋਆ, ਗੁਰਜੰਟ ਸਿੰਘ ਮਹਿਲ ਖੁਰਦ, ਨਿਰਮਲਜੀਤ ਕੌਰ, ਗੁਰਪ੍ਰੀਤ ਸਿੰਘ ਰਾਏਸਰ, ਸਕੱਤਰ ਗੁਰਦੀਪ ਸਿੰਘ ਤੋਂ ਇਲਾਵਾ ਬੀ.ਡੀ.ਪੀ.ਓ. ਦਫ਼ਤਰ ਮਹਿਲ ਕਲਾਂ ਦੇ ਸਟਾਫ਼ ਮੈਂਬਰ, ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ ਦੇ ਨੁਮਾਇੰਦੇ ਹਾਜ਼ਰ ਸਨ।ਚੇਅਰਮੈਨ ਕਰਮਜੀਤ ਸਿੰਘ ਨਾਈਵਾਲਾ, ਸਮੂਹ ਪਰਵਾਰ ਵੱਲੋਂ ਸ੍ਰ: ਸ਼ੇਰ ਸਿੰਘ ਫੌਜੀ ਦੀ ਯਾਦ 'ਚ ਵੱਖ-ਵੱਖ ਸੰਸਥਾਵਾਂ ਨੂੰ ਰਾਸ਼ੀ ਦਾਨ ਵਜੋਂ ਦਿੱਤੀ ਗਈ।

ਕੇਂਦਰ ਸਰਕਾਰ ਡੀਜ਼ਲ ਤੇ ਪੈਟਰੋਲ ਦੀਆਂ ਵਧੀਆਂ ਕੀਮਤਾਂ ਘਟਾਏ : ਸੁਰਜੀਤ ਥਿੰਦ



ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਟਰੱਕ ਯੂਨੀਅਨ ਦੇਵੀਗੜ੍ਹ ਨੇ ਲਿਖਤੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ 'ਚ ਝੋਨੇ ਦੀ ਲਵਾਈ ਦਾ ਜ਼ੋਰ ਪੈ ਗਿਆ ਹੈ ਤੇ ਸਰਕਾਰ ਵੱਲੋਂ ਹੁਕਮ ਜਾਰੀ ਕਰ ਦਿੱਤੇ ਗਏ ਹਨ ਕਿ ਪੈਟਰੋਲ ਪੰਪਾਂ 'ਤੇ ਕਿਸਾਨਾਂ ਨੂੰ 200 ਲਿਟਰ ਤੋਂ ਵੱਧ ਡੀਜ਼ਲ ਨਾ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਪਿਛਲੇ ਮਹੀਨੇ ਕੇਂਦਰ ਸਰਕਾਰ ਨੇ ਸਾਢੇ ਅੱਠ ਰੁਪਏ ਡੀਜ਼ਲ ਤੇ 10 ਰੁਪਏ ਦੇ ਲਗਭਗ ਪੈਟਰੋਲ ਦੀਆਂ ਕੀਮਤਾਂ ਵਧਾ ਕੇ ਲੋਕਾਂ 'ਤੇ ਹੋਰ ਵਿੱਤੀ ਬੋਝ ਪਾ ਦਿੱਤਾ ਹੈ।ਨੇਪਾਲ ਸਮੇਤ ਜਿਹੜੇ ਹੋਰ ਦੇਸ਼ ਭਾਰਤ ਤੋਂ ਡੀਜ਼ਲ ਤੇ ਪੈਟਰੋਲ ਲੈਂਦੇ ਹਨ, ਉਨ੍ਹਾਂ ਦੇਸ਼ਾਂ 'ਚ ਭਾਰਤ ਨਾਲੋਂ ਤਕਰੀਬਨ ਅੱਧੇ ਮੁੱਲ 'ਤੇ ਆਪਣੇ ਦੇਸ਼ ਦੀ ਜਨਤਾ ਨੂੰ ਡੀਜ਼ਲ ਤੇ ਪੈਟਰੋਲ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਛੋਟੇ-ਛੋਟੇ ਦੇਸ਼ ਘੱਟ ਕੀਮਤ 'ਤੇ ਤੇਲ ਦੇ ਸਕਦੇ ਹਨ ਤਾਂ ਭਾਰਤ ਕਿਉਂ ਨਹੀਂ ਦੇ ਸਕਦਾ? ਥਿੰਦ ਨੇ ਅੱਗੇ ਕਿਹਾ ਕਿ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਨਾ ਸਾੜਨ ਕਰ ਕੇ ਕਿਸਾਨਾਂ ਨੂੰ ਵੱਡੇ-ਵੱਡੇ ਟ੍ਰੈਕਟਰ ਲੈਣੇ ਪਏ, ਜਿਹੜੇ ਇਕ ਏਕੜ ਦਾ 150-150 ਲਿਟਰ ਡੀਜ਼ਲ ਪੀ ਜਾਂਦੇ ਹਨ।ਇਸ ਨਾਲ ਵੀ ਕਿਸਾਨਾਂ ਦੀ ਜੇਬ ਉੱਪਰ ਡੂੰਘਾ ਅਸਰ ਪਿਆ ਹੈ।ਸਰਕਾਰ ਵੱਲੋਂ ਡੀਜ਼ਲ ਦੀਆਂ ਵਧਾਈਆਂ ਕੀਮਤਾਂ ਕਿਸਾਨਾਂ ਦਾ ਕਚੂੰਮਰ ਕੱਢ ਕੇ ਰੱਖ ਦੇਣਗੀਆਂ।ਉਨ੍ਹਾਂ ਕਿਹਾ ਕਿ ਸੋਸਾਇਟੀਆਂ 'ਚ ਖਾਦ ਦੀ ਕਮੀ ਕਾਰਨ ਕਿਸਾਨਾਂ ਨੂੰ ਖਾਦ ਲੈਣ 'ਚ ਮੁਸ਼ਕਲਾਂ ਪੇਸ਼ ਆ ਰਹੀਆਂ ਹਨ।ਮਾਰਕੀਟ 'ਚ ਖਾਦ ਦੇ ਥੈਲੇ ਨਾਲ ਹੋਰ ਦਵਾਈਆਂ ਥੋਪੀਆਂ ਜਾ ਰਹੀਆਂ ਹਨ, ਜਿਹੜਾ ਕਿ ਕਿਸਾਨਾਂ ਨਾਲ ਸਰਾਸਰ ਧੱਕਾ ਹੈ।ਉਨ੍ਹਾਂ ਸਰਕਾਰ ਵੱਲੋਂ ਲਏ ਗਲਤ ਫੈਸਲਿਆਂ ਦੀ ਸਖਤ ਨਿੰਦਾ ਕੀਤੀ।

ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਲਾਸਾਨੀ ਸ਼ਹਾਦਤ : ਜਥੇਦਾਰ ਤਲਵੰਡੀ



ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦੇ ਸੰਬੰਧ ਵਿੱਚ ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਵਿਖੇ ਸੰਗਤਾਂ ਲਈ ਠੰਡੇ-ਮਿੱਠੇ ਜਲ ਦੀ ਛਬੀਲ ਤੇ ਪ੍ਰਸਾਦਿ ਦਾ ਲੰਗਰ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਾਇਆ ਗਿਆ।ਇਸ ਛਬੀਲ ਤੇ ਲੰਗਰ ਦੀ ਸ਼ੁਰੂਆਤ ਗੁਰਦੁਆਰਾ ਟਾਹਲੀਆਣਾ ਸਾਹਿਬ ਦੇ ਗ੍ਰੰਥੀ ਸਿੰਘ ਵੱਲੋਂ ਅਰਦਾਸ ਉਪਰੰਤ ਕੀਤਾ ਗਿਆ।ਸ਼੍ਰੋਮਣੀ ਪ੍ਰਬੰਧਕ ਕਮੇਟੀ ਮੈਂਬਰ ਜਥੇਦਾਰ ਜਗਜੀਤ ਸਿੰਘ ਤਲਵੰਡੀ ਨੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਵੱਖ ਵੱਖ ਉਦਾਹਰਨ ਰਾਹੀਂ ਦਰਸਾਉਂਦਿਆਂ ਪ੍ਰਣਾਮ ਕਰਦਿਆਂ ਸੰਗਤਾਂ ਨੂੰ ਉਨ੍ਹਾਂ ਦੇ ਦਰਸਾਏ ਮਾਰਗ ਚੱਲਣ ਪ੍ਰੇਰਿਤ ਕੀਤਾ।

ਗਿਆਨ ਸਿੰਘ ਦੁਸਾਂਝ ਵੱਲੋਂ ਰਜਿੰਦਰ ਮੰਡ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

ਦੁਸਾਂਝ ਕਲਾਂ (ਨ ਜ਼ ਸ)

ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਕੌਮੀ ਸਕੱਤਰ ਗਿਆਨ ਸਿੰਘ ਦੁਸਾਂਝ ਨੇ ਐਡਵੋਕੇਟ ਰਜਿੰਦਰ ਮੰਡ ਦੀ ਬੇਵਕਤੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾ ਕਿਹਾ ਕਿ ਸਾਥੀ ਮੰਡ ਨੇ ਆਪਣੀ ਬੀ.ਏ., ਐੱਲ ਐੱਲ ਬੀ ਦੀ ਸਟੱਡੀ ਦੌਰਾਨ 1991 ਤੋਂ 1993 ਤੱਕ ਸਟੂਡੈਂਟਸ ਫੈਡਰੇਸ਼ਨ ਦੇ ਸੂਬਾਈ ਜਨਰਲ ਸਕੱਤਰ ਵਜੋਂ ਵਿਦਿਆਰਥੀ ਸੰਘਰਸ਼ਾਂ ਦੀ ਯੋਗ ਅਗਵਾਈ ਕਰਦਿਆਂ ਇਤਿਹਾਸਕ ਜਿੱਤਾਂ ਦਰਜ ਕਰਾਈਆਂ ਅਤੇ 1936 ਵਿੱਚ ਕਾਇਮ ਹੋਈ ਇਸੇ ਵਿਦਿਆਰਥੀ ਜਥੇਬੰਦੀ ਦੀਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਅੱਗੇ ਵਧਾਇਆ। ਸਾਥੀ ਦੁਸਾਂਝ, ਜਿਹੜੇ ਕਿ ਸੀ ਪੀ ਆਈ ਦੀ ਸੂਬਾ ਐਗਜ਼ੈਕਟਿਵ ਕਮੇਟੀ ਦੇ ਮੈਂਬਰ ਰਹੇ ਹਨ, ਨੇ ਯਾਦ ਕੀਤਾ ਕਿ ਸਾਥੀ ਮੰਡ ਨਾਲ ਉਨ੍ਹਾਂ ਦੀ ਨੇੜਤਾ ਉਸ ਸਮੇਂ ਹੋਈ ਜਦ ਸਾਥੀ ਮੰਡ ਜ਼ਿਲ੍ਹਾ ਜਲੰਧਰ ਪਾਰਟੀ ਕੌਂਸਲ ਦੇ ਸਕੱਤਰ ਸਨ। ਉਨ੍ਹਾਂ ਨੇ ਵਿੱਛੜੇ ਸਾਥੀ ਦੇ ਪਰਿਵਾਰ ਅਤੇ ਸਾਥੀਆਂ ਨਾਲ ਵੀ ਦੁੱਖ ਵੰਡਾਇਆ ਹੈ।

ਖੇਤ ਬਚਾਓ ਅਭਿਆਨ ਤਹਿਤ ਮਾਝੀ 'ਚ ਕਿਸਾਨ ਜਾਗਰੂਕਤਾ ਪ੍ਰੋਗਰਾਮ

ਭਵਾਨੀਗੜ੍ਹ, (ਰਾਜ ਖੁਰਮੀ)

ਖੇਤ ਬਚਾਓ ਅਭਿਆਨ ਤਹਿਤ ਬਲਾਕ ਭਵਾਨੀਗੜ੍ਹ ਦੇ ਪਿੰਡ ਮਾਝੀ ਵਿਖੇ ਕਿਸਾਨਾਂ ਲਈ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਾਇਆ ਗਿਆ। ਇਹ ਪ੍ਰੋਗਰਾਮ 399 ਫਾਊਂਡੇਸ਼ਨ ਤੇ ਐਨ.ਆਰ.ਐਫ.ਐਮ.ਟੀ.ਟੀ.ਆਈ. ਹਿਸਾਰ ਦੇ ਸਾਂਝੇ ਸਹਿਯੋਗ ਨਾਲ ਆਯੋਜਤ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਕਿਸਾਨਾਂ ਨੇ ਸ਼ਮੂਲੀਅਤ ਕਰਕੇ ਖੇਤੀ ਨਾਲ ਸਬੰਧਤ ਆਧੁਨਿਕ ਤੇ ਵਾਤਾਵਰਨ ਪੱਖੀ ਤਕਨੀਕਾਂ ਬਾਰੇ ਜਾਣਕਾਰੀ ਹਾਸਲ ਕੀਤੀ।ਪ੍ਰੋਗਰਾਮ ਦੌਰਾਨ ਮਾਹਿਰਾਂ ਨੇ ਕਿਸਾਨਾਂ ਨੂੰ ਯੂਰੀਆ ਸਮੇਤ ਰਸਾਇਣਕ ਖਾਦਾਂ ਦੀ ਬੇਲੋੜੀ ਵਰਤੋਂ ਤੋਂ ਬਚਣ, ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਅਤੇ ਕੁਦਰਤੀ ਤੇ ਟਿਕਾਊ ਖੇਤੀ ਪੱਧਤੀਆਂ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਕਿਸਾਨਾਂ ਨੇ ਪਰਾਲੀ ਨੂੰ ਅੱਗ ਨਾ ਲਾਉਣ ਤੇ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਵਿਗਿਆਨਕ ਢੰਗ ਨਾਲ ਪ੍ਰਬੰਧਨ ਕਰਨ ਦਾ ਅਹਿਦ ਵੀ ਕੀਤਾ।

ਸਮਾਗਮ ਨੂੰ ਸੰਬੋਧਨ ਕਰਦਿਆਂ ਐਨ.ਆਰ.ਐਫ.ਐਮ.ਟੀ.ਟੀ.ਆਈ. ਹਿਸਾਰ ਦੇ ਨਿਰਦੇਸ਼ਕ ਇੰਚਾਰਜ ਪ੍ਰਦੀਪ ਮੇਸ਼ਰਾਮ ਤੇ ਖੇਤੀਬਾੜੀ ਇੰਜੀਨੀਅਰ ਮਾਨ ਸਿੰਘ ਨੇ ਕਿਸਾਨਾਂ ਨਾਲ ਰੂ-ਬ-ਰੂ ਗੱਲਬਾਤ ਕਰਦੇ ਹੋਏ ਫ਼ਸਲ ਅਵਸ਼ੇਸ਼ ਪ੍ਰਬੰਧਨ, ਮਿੱਟੀ ਵਿੱਚ ਜੈਵਿਕ ਕਾਰਬਨ ਦੀ ਮਾਤਰਾ ਵਧਾਉਣ ਤੇ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਦੇ ਲਾਭਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਇਸ ਦੌਰਾਨ ਪ੍ਰਤਿਊਸ਼ ਸਤਿਆ (ਐੱਸ.ਟੀ.ਏ) ਵੱਲੋਂ ਪਾਵਰ ਪੌਇੰਟ ਪ੍ਰਜ਼ੈਂਟੇਸ਼ਨ ਰਾਹੀਂ ਮਿੱਟੀ ਦੀ ਸਿਹਤ ਸੰਭਾਲ ਤੇ ਪਰਾਲੀ ਦੇ ਵਿਗਿਆਨਕ ਪ੍ਰਬੰਧਨ ਸਬੰਧੀ ਅਹਿਮ ਜਾਣਕਾਰੀਆਂ ਸਾਂਝੀਆਂ ਕੀਤੀਆਂ ਗਈਆਂ।ਕਿਸਾਨਾਂ ਨੂੰ ਦੋ ਸੁਪਰ ਸੀਡਰ ਮਸ਼ੀਨਾਂ ਦਾ ਲਾਈਵ ਡੈਮੋਨਸਟ੍ਰੇਸ਼ਨ ਵੀ ਦਿਖਾਇਆ ਗਿਆ, ਜਿਸ ਰਾਹੀਂ ਉਨ੍ਹਾਂ ਨੇ ਪਰਾਲੀ ਨੂੰ ਬਿਨਾਂ ਸਾੜੇ ਕਣਕ ਦੀ ਬਿਜਾਈ ਕਰਨ ਦੀ ਆਧੁਨਿਕ ਤਕਨੀਕ ਨੂੰ ਨੇੜਿਓਂ ਸਮਝਿਆ।

ਖੇਤੀਬਾੜੀ ਸਭਾ ਮਾਝੀ ਦੇ ਸਕੱਤਰ ਯਾਦਵਿੰਦਰ ਬਿੱਟੂ ਮਾਝੀ ਅਤੇ ਪ੍ਰਧਾਨ ਪ੍ਰਗਟ ਸਿੰਘ ਨੇ ਆਏ ਹੋਏ ਅਧਿਕਾਰੀਆਂ ਤੇ ਮਾਹਿਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਕਿਸਾਨਾਂ ਨੂੰ ਵਾਤਾਵਰਨ ਪੱਖੀ ਖੇਤੀ ਵੱਲ ਪ੍ਰੇਰਿਤ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਆਮਦਨ ਅਤੇ ਮਿੱਟੀ ਦੀ ਸਿਹਤ ਵਿੱਚ ਸੁਧਾਰ ਲਈ ਵੀ ਲਾਹੇਵੰਦ ਸਾਬਤ ਹੁੰਦੇ ਹਨ।

ਸਫਾ 1 ਦੇ ਬਾਕੀ...

ਵੱਖ-ਵੱਖ ਥਾਵਾਂ 'ਤੇ ...

ਬਾਹਰ ਗਏ ਹੋਏ ਸਨ। ਉਸ ਨੇ ਕਥਿਤ ਤੌਰ 'ਤੇ ਸੁਖ ਆਸਨ ਸਾਹਿਬ ਵਾਲੀ ਜਗ੍ਹਾ, ਜਿੱਥੇ ਪਵਿੱਤਰ ਸਰੂਪ ਰੱਖੇ ਜਾਂਦੇ ਹਨ, ਤੱਕ ਪਹੁੰਚਣ ਲਈ ਇੱਕ ਸ਼ੀਸ਼ੇ ਦੀ ਢਾਲ (ਸ਼ੀਸ਼ਾ) ਤੋੜ ਦਿੱਤੀ ਅਤੇ ਅੰਦਰੋਂ ਨਕਦੀ ਚੋਰੀ ਕਰਨ ਲਈ ਗੋਲਕ ਨੂੰ ਨਿਸ਼ਾਨਾ ਬਣਾਇਆ। ਚੋਰੀ ਦੀ ਕੋਸ਼ਿਸ਼ ਕਰਦੇ ਸਮੇਂ ਇੱਕ ਸ਼ਰਧਾਲੂ ਨੇ ਉਸ ਦੀਆਂ ਸ਼ੱਕੀ ਹਰਕਤਾਂ ਨੂੰ ਦੇਖ ਲਿਆ ਅਤੇ ਰੌਲਾ ਪਾ ਦਿੱਤਾ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਅਤੇ ਸਥਾਨਕ ਲੋਕਾਂ ਨੇ ਮੌਕੇ 'ਤੇ ਪਹੁੰਚ ਕੇ ਉਸ ਨੂੰ ਕਾਬੂ ਕਰ ਲਿਆ।

ਉਸ ਕੋਲੋਂ ਤੰਬਾਕੂ ਬਰਾਮਦ ਹੋਇਆ ਹੈ, ਜਿਸ ਨਾਲ ਇਸ ਮਾਮਲੇ ਵਿੱਚ ਬੇਅਦਬੀ ਦਾ ਪਹਿਲੂ ਜੁੜ ਗਿਆ ਹੈ। ਐੱਸ ਐੱਚ ਓ ਲਕਸ਼ਮਣ ਸਿੰਘ ਨੇ ਦੱਸਿਆ ਕਿ ਨੌਜਵਾਨ ਦੀ ਪਛਾਣ ਹਰਪਿੰਦਰ ਸਿੰਘ ਵਜੋਂ ਹੋਈ ਹੈ। ਇਸੇ ਦੌਰਾਨ ਜਲੰਧਰ ਦੇ ਪਿੰਡ ਸੰਘਵਾਲ 'ਚ ਬੇਅਦਬੀ ਦੀ ਘਟਨਾ ਵਾਪਰੀ ਹੈ। ਮਾਮਲੇ ਸਬੰਧੀ ਚੌਕੀ ਇੰਚਾਰਜ ਨੇ ਦੱਸਿਆ ਕਿ ਪਿੰਡ ਸੰਘਵਾਲ ਦੇ ਗੁਰਦੁਆਰਾ ਦੇ ਗ੍ਰੰਥੀ ਨੇ ਰਿਪੋਰਟ ਦਿੱਤੀ ਕਿ ਇੱਕ ਪ੍ਰਵਾਸੀ ਔਰਤ ਨੇ ਗੁਰਦੁਆਰਾ ਸਾਹਿਬ ਵਿੱਚ ਗੁਟਕਾ ਸਾਹਿਬ ਦੀ ਬੇਅਦਬੀ ਕੀਤੀ ਹੈ। ਇਸ ਘਟਨਾ ਮਗਰੋਂ ਲੋਕਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਚੌਕੀ ਇੰਚਾਰਜ ਅਨੁਸਾਰ ਹੈੱਡ ਗ੍ਰੰਥੀ ਕਮਲਜੀਤ ਲਾਲ ਨੇ ਸ਼ਿਕਾਇਤ ਦਰਜ ਕਰਵਾਈ ਹੈ। ਉਸ ਨੇ ਦੱਸਿਆ ਕਿ ਘਟਨਾ ਵੇਲੇ ਉਹ ਬਾਥਰੂਮ ਚਲਾ ਗਿਆ। ਬੱਚੇ ਗੁਰਦੁਆਰਾ ਸਾਹਿਬ ਵਿੱਚ ਪਾਠ ਕਰ ਰਹੇ ਸਨ ਜਦੋਂ ਇੱਕ ਔਰਤ ਅੰਦਰ ਦਾਖਲ ਹੋਈ। ਉਹ ਗੁਟਕਾ ਸਾਹਿਬ ਨੂੰ ਹੱਥ 'ਚ ਲੈ ਕੇ ਅੰਗਾਂ ਨੂੰ ਪਾੜਨ ਲੱਗੀ। ਇਸ ਦੌਰਾਨ ਉਸ ਨੂੰ ਮੌਕੇ 'ਤੇ ਕਾਬੂ ਕਰ ਲਿਆ ਗਿਆ। ਪੁਲਿਸ ਮੁਤਾਬਿਕ ਉਕਤ ਮਹਿਲਾ ਬਿਹਾਰ ਦੀ ਰਹਿਣ ਵਾਲੀ ਹੈ ਜਿਸ ਦੀ ਪਛਾਣ ਰਾਧਿਕਾ ਵਜੋਂ ਹੋਈ ਹੈ। ਮਹਿਲਾ ਨੂੰ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਹੈ। ਮਹਿਲਾ ਝਾਰਖੰਡੀ ਬੋਲਦੀ ਸੀ। ਜਾਂਚ ਵਿੱਚ ਪਤਾ ਲੱਗਾ ਕਿ ਉਹ ਦਿਮਾਗੀ ਤੌਰ 'ਤੇ ਪਰੇਸ਼ਾਨ ਸੀ।

ਜੰਗਬੰਦੀ ਵਧਾਉਣ ਤੇ ...

ਮਹੱਤਵਪੂਰਨ ਧਾਰਾ 'ਸਿਰਫ 60 ਦਿਨਾਂ ਲਈ ਕੋਈ ਫੀਸ ਨਹੀਂ' ਹੈ। ਇਸ ਦਾ ਮਤਲਬ ਹੈ ਕਿ 60 ਦਿਨ ਪੂਰੇ ਹੋਣ ਤੋਂ ਬਾਅਦ, ਈਰਾਨ ਜਹਾਜ਼ਾਂ 'ਤੇ ਟੈਰਿਫ ਜਾਂ ਫੀਸ ਲਗਾ ਸਕਦਾ ਹੈ। ਯੁੱਧ ਤੋਂ ਪਹਿਲਾਂ, ਈਰਾਨ ਆਮ ਤੌਰ 'ਤੇ ਅੰਤਰਰਾਸ਼ਟਰੀ ਜਹਾਜ਼ਾਂ ਤੋਂ ਅਜਿਹੀ ਫੀਸ ਨਹੀਂ ਲੈਂਦਾ ਸੀ। ਹੁਣ ਟੈਕਸ ਲਗਾਉਣ ਨਾਲ ਵਿਸ਼ਵਵਿਆਪੀ ਸਮੁੰਦਰੀ ਵਪਾਰ ਦੀ ਲਾਗਤ ਵਧ ਸਕਦੀ ਹੈ। ਦੋਵੇਂ ਦੇਸ਼ ਸਾਂਝੇ ਤੌਰ 'ਤੇ ਇਹ ਫੈਸਲਾ ਕਰਨਗੇ ਕਿ ਈਰਾਨ ਦੇ ਮੌਜੂਦਾ ਭਰਪੂਰ ਯੂਰੇਨੀਅਮ ਭੰਡਾਰ ਦਾ ਕੀ ਕਰਨਾ ਹੈ। ਇਸ ਲਈ ਇੱਕ ਵੱਖਰਾ ਪ੍ਰਬੰਧ ਸਥਾਪਤ ਕੀਤਾ ਜਾਵੇਗਾ, ਜਿਸ 'ਤੇ ਅੱਗੇ ਦੀ ਗੱਲਬਾਤ ਵਿੱਚ ਸਹਿਮਤੀ ਬਣ ਜਾਵੇਗੀ। ਇਸ ਵੇਲੇ ਘੱਟੋ-ਘੱਟ ਸਹਿਮਤੀ ਇਹ ਹੈ ਕਿ ਇਸ ਭਰਪੂਰ ਸਮੱਗਰੀ ਨੂੰ ਈਰਾਨ ਦੇ ਅੰਦਰ ਹੀ ਬਦਲਿਆ ਜਾਵੇਗਾ ਤਾਂ ਜੋ ਪ੍ਰਮਾਣੂ ਹਥਿਆਰ ਬਣਾਉਣਾ ਅਸੰਭਵ ਹੋ ਸਕੇ। ਇਸ ਪੂਰੀ ਪ੍ਰਕਿਰਿਆ ਦੀ ਨਿਗਰਾਨੀ ਅੰਤਰਰਾਸ਼ਟਰੀ ਪ੍ਰਮਾਣੂ ਊਰਜਾ ਏਜੰਸੀ ਦੁਆਰਾ ਕੀਤੀ ਜਾਵੇਗੀ।

ਸਮਝੌਤੇ ਤੋਂ ਬਾਅਦ, ਅਮਰੀਕਾ ਈਰਾਨੀ ਤੇਲ ਦੇ ਨਿਰਯਾਤ 'ਤੇ ਰਾਹਤ ਦੇਣਾ ਸ਼ੁਰੂ ਕਰ ਦੇਵੇਗਾ। ਇਸ ਲਈ, ਅਮਰੀਕੀ ਖਜ਼ਾਨਾ ਵਿਭਾਗ ਜ਼ਰੂਰੀ ਛੋਟਾਂ ਅਤੇ ਪ੍ਰਵਾਨਗੀਆਂ ਜਾਰੀ ਕਰੇਗਾ ਤਾਂ ਜੋ ਈਰਾਨ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਆਪਣਾ ਤੇਲ ਵੇਚ ਸਕੇ। ਇਹ ਰਾਹਤ ਸਿਰਫ਼ ਤੇਲ ਦੀ ਵਿਕਰੀ ਤੱਕ ਹੀ ਸੀਮਿਤ ਨਹੀਂ ਹੋਵੇਗੀ। ਇਹ ਬੈਂਕਿੰਗ ਲੈਣ-ਦੇਣ, ਬੀਮਾ, ਸ਼ਿਪਿੰਗ, ਮਾਲ-ਭਾੜਾ ਅਤੇ ਹੋਰ ਵਿੱਤੀ ਸੇਵਾਵਾਂ ਵਿੱਚ ਰੁਕਾਵਟਾਂ ਨੂੰ ਵੀ ਘੱਟ ਕਰੇਗੀ, ਜੋ ਈਰਾਨ ਦੇ ਤੇਲ ਨਿਰਯਾਤ ਵਿੱਚ ਰੁਕਾਵਟ ਪਾ ਰਹੀਆਂ ਹਨ। ਇਹ ਵਿਵਸਥਾ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਈਰਾਨ 'ਤੇ ਲਗਾਈਆਂ ਗਈਆਂ ਸਾਰੀਆਂ ਪਾਬੰਦੀਆਂ ਹਟਾਉਣ ਦੀ ਪ੍ਰਕਿਰਿਆ ਪੂਰੀ ਨਹੀਂ ਹੋ ਜਾਂਦੀ। ਸਮਝੌਤੇ ਦੇ ਇਸ ਹਿੱਸੇ ਨੇ ਈਰਾਨ ਵਿਰੁੱਧ ਸਖਤ ਰੁਖ਼ ਰੱਖਣ ਵਾਲੇ ਸਿਆਸਤਦਾਨਾਂ ਅਤੇ ਮਾਹਰਾਂ ਵਿੱਚ ਸਭ ਤੋਂ ਵੱਧ ਚਿੰਤਾ ਪੈਦਾ ਕਰ ਦਿੱਤੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਤੇਲ ਨਿਰਯਾਤ ਪਾਬੰਦੀ ਅਮਰੀਕਾ ਦੇ ਦਬਾਅ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਸੀ, ਜਿਸ ਨਾਲ ਈਰਾਨ ਦੀ ਆਰਥਿਕਤਾ 'ਤੇ ਭਾਰੀ ਦਬਾਅ ਪਿਆ। ਅਮਰੀਕਾ ਈਰਾਨ 'ਤੇ ਲਗਾਈਆਂ ਗਈਆਂ ਸਖਤ ਆਰਥਿਕ ਪਾਬੰਦੀਆਂ ਨੂੰ ਢਿੱਲਾ ਕਰਕੇ ਪ੍ਰਮਾਣੂ ਪ੍ਰੋਗਰਾਮ 'ਤੇ ਸਖਤ ਸ਼ਰਤਾਂ ਨੂੰ ਸਵੀਕਾਰ ਕਰਨ ਲਈ ਮਨਾਉਣਾ ਚਾਹੁੰਦਾ ਹੈ। ਇਹ ਮੰਨਿਆ ਜਾਂਦਾ ਹੈ ਕਿ ਇਹ ਪਾਬੰਦੀਆਂ ਤੋਂ ਰਾਹਤ ਅਮਰੀਕਾ ਵੱਲੋਂ ਈਰਾਨ ਨੂੰ ਸੌਦੇ ਦੇ ਬਦਲੇ ਵਿੱਚ ਦਿੱਤਾ ਜਾ ਸਕਦਾ ਸਭ ਤੋਂ ਵੱਡਾ ਲਾਭ ਹੈ। ਅਮਰੀਕਾ ਨੇ ਈਰਾਨ ਦੀਆਂ ਜ਼ਬਤ ਕੀਤੀਆਂ ਜਾਇਦਾਦਾਂ ਨੂੰ ਜਾਰੀ ਕਰਨ ਦਾ ਵਾਅਦਾ ਕੀਤਾ ਹੈ। ਹਾਲਾਂਕਿ ਦੋਵੇਂ ਦੇਸ਼ ਗੱਲਬਾਤ ਰਾਹੀਂ ਫੈਸਲਾ ਕਰਨਗੇ ਕਿ ਇਹ ਪੈਸਾ ਕਦੋਂ ਅਤੇ ਕਿਵੇਂ ਜਾਰੀ ਕੀਤਾ ਜਾਵੇਗਾ। ਇਸ ਦਾ ਮਤਲਬ ਈਰਾਨ ਨੂੰ ਅਰਬਾਂ ਡਾਲਰ ਦੀ ਸਹਾਇਤਾ ਹੋ ਸਕਦੀ ਹੈ, ਬਿਨਾਂ ਕਿਸੇ ਅੰਤਿਮ ਸਮਝੌਤੇ ਦੀ ਉਡੀਕ ਕੀਤੇ। ਅਨੁਮਾਨਾਂ ਅਨੁਸਾਰ ਇਹ ਰਕਮ 24 ਅਰਬ ਡਾਲਰ ਜਾਂ ਇਸ ਤੋਂ ਵੱਧ ਹੈ। ਅਮਰੀਕਾ 30 ਦਿਨਾਂ ਦੇ ਅੰਦਰ ਈਰਾਨੀ ਬੰਦਰਗਾਹਾਂ 'ਤੇ ਜਲ ਸੈਨਾ ਦੀ ਨਾਕਾਬੰਦੀ ਨੂੰ ਪੂਰੀ ਤਰ੍ਹਾਂ ਖਤਮ ਕਰ ਦੇਵੇਗਾ। ਨਾਕਾਬੰਦੀ ਹਟਣ ਨਾਲ ਈਰਾਨ ਫਿਰ ਤੋਂ ਆਪਣੇ ਬੰਦਰਗਾਹਾਂ ਤੋਂ ਤੇਲ ਅਤੇ ਹੋਰ ਸਾਮਾਨ ਖਰੀਦ ਅਤੇ ਵੇਚ ਸਕੇਗਾ। ਇਹ ਈਰਾਨ ਲਈ ਇੱਕ ਵੱਡੀ ਅਤੇ ਤੁਰੰਤ ਰਾਹਤ ਹੋਵੇਗੀ, ਕਿਉਂਕਿ ਇਸ ਦੇ ਜ਼ਿਆਦਾਤਰ ਨਿਰਯਾਤ ਚੀਨ ਨੂੰ ਜਾਂਦੇ ਹਨ। ਜਿਵੇਂ ਹੀ ਨਿਰਯਾਤ ਮੁੜ ਸ਼ੁਰੂ ਹੋਵੇਗਾ, ਈਰਾਨ ਨੂੰ ਵਿਦੇਸ਼ੀ ਮੁਦਰਾ ਮਿਲਣੀ ਸ਼ੁਰੂ ਹੋ ਜਾਵੇਗੀ। ਅਮਰੀਕਾ ਅਤੇ ਈਰਾਨ ਇੱਕ ਦੂਜੇ ਦੀ ਆਜ਼ਾਦੀ, ਸਰਹੱਦਾਂ ਅਤੇ ਪ੍ਰਭੂਸੱਤਾ ਦਾ ਸਤਿਕਾਰ ਕਰਨਗੇ। ਉਹ ਇੱਕ ਦੂਜੇ ਦੇ ਘਰੇਲੂ ਮਾਮਲਿਆਂ ਵਿੱਚ ਦਖਲ ਨਹੀਂ ਦੇਣਗੇ। ਸਮਝੌਤੇ ਦਾ ਇਹ ਹਿੱਸਾ ਈਰਾਨ ਦੇ ਸਰਕਾਰ ਵਿਰੋਧੀ ਸਮੂਹਾਂ ਨੂੰ ਪਸੰਦ ਨਹੀਂ ਆ ਸਕਦਾ, ਜਿਨ੍ਹਾਂ ਨੂੰ ਉਮੀਦ ਸੀ ਕਿ ਅਮਰੀਕਾ ਭਵਿੱਖ ਵਿੱਚ ਈਰਾਨ ਵਿੱਚ ਸਿਆਸੀ ਤਬਦੀਲੀ ਜਾਂ ਲੋਕਤੰਤਰ ਪੱਖੀ ਅੰਦੋਲਨਾਂ ਦਾ ਖੁੱਲ੍ਹ ਕੇ ਸਮਰਥਨ ਕਰੇਗਾ। ਇਸ ਸਾਲ ਦੇ ਸ਼ੁਰੂ ਵਿੱਚ ਈਰਾਨ ਵਿੱਚ ਹੋਏ ਸਰਕਾਰ ਵਿਰੋਧੀ ਪ੍ਰਦਰਸ਼ਨਾਂ ਦੌਰਾਨ ਟਰੰਪ ਨੇ ਪ੍ਰਦਰਸ਼ਨਕਾਰੀਆਂ ਦਾ ਸਮਰਥਨ ਕੀਤਾ ਸੀ, ਉਨ੍ਹਾਂ ਨੂੰ ਸਹਾਇਤਾ ਦਾ ਵਾਅਦਾ ਕੀਤਾ ਸੀ। ਹਾਲਾਂਕਿ, ਮੰਨਿਆ ਜਾ ਰਿਹਾ ਹੈ ਕਿ ਨਵੇਂ ਸਮਝੌਤੇ ਨੇ ਈਰਾਨ ਦੇ ਅੰਦਰੂਨੀ ਮੁੱਦਿਆਂ 'ਤੇ ਅਮਰੀਕਾ ਦੇ ਰੁਖ਼ ਨੂੰ ਨਰਮ ਕਰ ਦਿੱਤਾ ਹੈ। ਅਮਰੀਕਾ, ਈਰਾਨ ਅਤੇ ਉਨ੍ਹਾਂ ਦੇ ਸਹਿਯੋਗੀਆਂ ਵਿਚਕਾਰ ਲਿਬਨਾਨ ਸਮੇਤ ਸਾਰੇ ਮੋਰਚਿਆਂ 'ਤੇ ਫੌਜੀ ਕਾਰਵਾਈ ਦਾ ਤੁਰੰਤ ਅਤੇ ਸਥਾਈ ਤੌਰ 'ਤੇ ਅੰਤ ਹੋਵੇਗਾ। ਇਹ ਮੁੱਦਾ ਅਮਰੀਕਾ ਲਈ ਮਹੱਤਵਪੂਰਨ ਹੈ ਕਿਉਂਕਿ ਟਰੰਪ ਨੂੰ ਚਿੰਤਾ ਸੀ ਕਿ ਹਿਜ਼ਬੁੱਲਾ ਵਿਰੁੱਧ ਇਜ਼ਰਾਈਲ ਦੀ ਫੌਜੀ ਕਾਰਵਾਈ ਸ਼ਾਂਤੀ ਸਮਝੌਤੇ ਨੂੰ ਕਮਜ਼ੋਰ ਕਰ ਸਕਦੀ ਹੈ।

ਇਸ ਨੂੰ ਇਜ਼ਰਾਈਲ ਦੇ ਵਿਰੁੱਧ ਮੰਨਿਆ ਜਾ ਰਿਹਾ ਹੈ, ਜਿਸ ਨੇ ਪਹਿਲਾਂ ਹੀ ਕਿਹਾ ਹੈ ਕਿ ਉਹ ਲਿਬਨਾਨ 'ਤੇ ਅਮਰੀਕਾ-ਈਰਾਨ ਗੱਲਬਾਤ ਵਿੱਚ ਹੋਏ ਕਿਸੇ ਵੀ ਸਮਝੌਤੇ ਨੂੰ ਸਵੀਕਾਰ ਨਹੀਂ ਕਰੇਗਾ। ਜਦੋਂ ਅਮਰੀਕਾ ਅਤੇ ਈਰਾਨ ਵਿਚਕਾਰ ਅੰਤਿਮ ਸਮਝੌਤਾ ਹੋ ਜਾਂਦਾ ਹੈ, ਤਾਂ ਇਸ ਨੂੰ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਇੱਕ ਮਤੇ ਦੁਆਰਾ ਪ੍ਰਵਾਨਗੀ ਦਿੱਤੀ ਜਾਵੇਗੀ। ਇਸ ਦਾ ਮਤਲਬ ਹੈ ਕਿ ਅੰਤਿਮ ਸਮਝੌਤਾ ਨਾ ਸਿਰਫ ਅਮਰੀਕਾ ਅਤੇ ਈਰਾਨ ਵਿਚਕਾਰ ਇੱਕ ਸਿਆਸੀ ਸਮਝੌਤਾ ਹੋਵੇਗਾ, ਸਗੋਂ ਇਸ ਨੂੰ ਅੰਤਰਰਾਸ਼ਟਰੀ ਕਾਨੂੰਨੀ ਮਾਨਤਾ ਵੀ ਮਿਲੇਗੀ। ਮਾਹਰਾਂ ਦਾ ਮੰਨਣਾ ਹੈ ਕਿ ਇਸ ਨਾਲ ਸਮਝੌਤੇ ਨੂੰ ਮਜ਼ਬੂਤੀ ਮਿਲੇਗੀ, ਜਿਵੇਂ ਕਿ ਪਿਛਲੇ ਸਾਲ ਦੇ ਗਾਜ਼ਾ ਸਮਝੌਤੇ ਦੇ ਮਾਮਲੇ ਵਿੱਚ ਹੋਇਆ ਸੀ, ਜਿਸ ਨੂੰ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦਾ ਸਮਰਥਨ ਵੀ ਪ੍ਰਾਪਤ ਹੋਇਆ ਸੀ। ਹਾਲਾਂਕਿ ਬਹੁਤ ਸਾਰੇ ਮਾਹਰ ਸ਼ੱਕ ਕਰਦੇ ਹਨ ਕਿ ਕੀ ਇਹ ਪੜਾਅ ਅਸਲ ਵਿੱਚ ਸਾਕਾਰ ਹੋਵੇਗਾ।

ਵੀਡੀਓ 'ਚ ਭਗਵੰਤ...

ਖਰਾਬ ਕਰਨਾ ਚਾਹੁੰਦੇ ਹਨ ਤੇ ਲੋਕਾਂ ਦੀਆਂ ਭਾਵਨਾਵਾਂ ਨਾਲ ਖੇਡ ਰਹੇ ਹਨ, ਜਿਸ ਨੂੰ ਕਿ ਪੰਜਾਬ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਅਕਾਲੀ ਦਲ ਦੀ ਸਰਕਾਰ ਸਮੇਂ 1986 ਵਿੱਚ ਨਕੋਦਰ ਅਤੇ 2015 ਵਿੱਚ ਬਰਗਾੜੀ ਤੇ ਬਹਿਬਲ ਕਲਾਂ ਵਿਖੇ ਗੁਰੂ ਗ੍ਰੰਥ ਸਾਹਿਬ ਦੀਆਂ ਹੋਈਆਂ ਬੇਅਦਬੀਆਂ ਅਤੇ ਬੇਦੋਸ਼ੇ ਨੌਜਵਾਨਾਂ ਨੂੰ ਗੋਲੀਆਂ ਮਰਾਉਣ ਦੇ ਦੋਸ਼ ਵੀ ਲਾਏ ਅਤੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਅਜਿਹੀਆਂ ਸਾਜ਼ਿਸ਼ਾਂ ਰਚਦਾ ਆਇਆ ਹੈ, ਜਦੋਂ ਕਿ ਪੰਜਾਬ ਦੇ ਮੁੱਖ ਮੰਤਰੀ ਪੰਜਾਬੀਆਂ ਲਈ ਕੰਮ ਕਰਨ ਨੂੰ ਤਰਜੀਹ ਦੇ ਰਹੇ ਹਨ, ਜਿਸ ਤੋਂ ਅਕਾਲੀ ਦਲ ਅਤੇ ਉਨ੍ਹਾਂ ਦੇ ਚਹੇਤਿਆਂ ਨੂੰ ਤਕਲੀਫ ਹੋ ਰਹੀ ਹੈ।

ਵਿਧਾਇਕ ਭੁੱਲਰ ਨੇ ਪਿੰਡਾਂ 'ਚ ਵਿਕਾਸ ਕਾਰਜਾਂ ਦੇ ਉਦਘਾਟਨ ਤੇ ਨੀਂਹ ਪੱਥਰ ਰੱਖੇ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਵਿਧਾਇਕ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਖਾਈ ਫੇਮੇ ਕੀ, ਖਾਈ, ਮੀਰਾ ਸ਼ਾਹ ਨੂਰ, ਇੰਦਰਾ ਕਲੋਨੀ ਆਦਿ ਵਿਖੇ ਲੋਕ ਮਿਲਣੀਆਂ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ 'ਤੇ ਕਈ ਹੱਲ ਵੀ ਕੀਤੀਆਂ। ਇਸ ਦੌਰਾਨ ਰਣਬੀਰ ਸਿੰਘ ਭੁੱਲਰ ਨੇ ਪਿੰਡਾਂ ਵਿੱਚ ਇੰਟਰਲਾਕਿੰਗ ਟਾਈਲਾਂ, ਗਲੀਆਂ ਨਾਲੀਆਂ ਪੱਕੀਆਂ ਕਰਨ ਆਦਿ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਤੇ ਨੀਂਹ ਪੱਥਰ ਰੱਖੇ। ਵਿਧਾਇਕ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਕਾਰਜ ਇਸੇ ਤਰ੍ਹਾਂ ਨਿਰੰਤਰ ਜਾਰੀ ਰਹਿਣਗੇ।

ਰੁਜ਼ਗਾਰ ਨਾ ਮਿਲਣ ਤੋਂ ਪਰੇਸ਼ਾਨ 24 ਸਾਲਾ ਲੜਕੀ ਵੱਲੋਂ ਖੁਦਕੁਸ਼ੀ

ਸੰਗਰੂਰ : ਇੱਥੇ ਸੰਗਰੂਰ-ਲੁਧਿਆਣਾ ਸਟੇਟ ਹਾਈਵੇਅ ਉੱਪਰ ਧੂਰੀ ਰੋਡ 'ਤੇ ਰੇਲਵੇ ਓਵਰਬ੍ਰਿਜ ਤੋਂ ਛਾਲ ਮਾਰ ਕੇ ਇੱਕ ਬੇਰੁਜ਼ਗਾਰ ਲੜਕੀ ਵੱਲੋਂ ਖ਼ੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਡੀ.ਐੱਸ.ਪੀ. ਸੰਗਰੂਰ ਦਲਵੀਰ ਸਿੰਘ ਸਿੱਧੂ ਨੇ ਥਾਣਾ ਸਿਟੀ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਵੀਰਵਾਰ ਸਵੇਰੇ ਧੂਰੀ ਰੋਡ ਓਵਰਬ੍ਰਿਜ ਨੇੜੇ ਇੱਕ ਲੜਕੀ ਦੀ ਲਾਸ਼ ਮਿਲੀ ਹੈ। ਜਾਂਚ ਤੋਂ ਪਤਾ ਲੱਗਿਆ ਹੈ ਕਿ ਕਰੀਬ 24 ਸਾਲਾ ਲੜਕੀ ਰਜਨੀ, ਸ਼ਹਿਰ ਧੂਰੀ ਦੀ ਰਹਿਣ ਵਾਲੀ ਸੀ, ਜੋ ਕਿ ਲੰਘੇ ਕੱਲ੍ਹ ਸੰਗਰੂਰ ਵਿਖੇ ਇੱਕ ਕੰਪਨੀ ਵਿੱਚ ਰੁਜ਼ਗਾਰ ਲਈ ਇੰਟਰਵਿਊ ਦੇਣ ਆਈ ਸੀ ਪ੍ਰੰਤੂ ਇੰਟਰਵਿਊ ਵਿੱਚ ਸਫ਼ਲ ਨਹੀਂ ਹੋ ਸਕੀ, ਜਿਸ ਕਾਰਨ ਮਾਨਸਿਕ ਤੌਰ 'ਤੇ ਪਰੇਸ਼ਾਨ ਹੋ ਕੇ ਉਸ ਨੇ ਓਵਰਬ੍ਰਿਜ ਤੋਂ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਲਈ।

ਮ੍ਰਿਤਕ ਲੜਕੀ ਆਪਣੀ ਵੱਡੀ ਭੈਣ ਦੀਪਿਕਾ ਅਤੇ ਜੀਜਾ ਓਮ ਸ਼ੰਕਰ ਕੋਲ ਰਹਿੰਦੀ ਸੀ, ਜਿਨ੍ਹਾਂ ਨੇ ਪੁਲਸ ਨੂੰ ਦੱਸਿਆ ਹੈ ਕਿ ਉਹ ਰੁਜ਼ਗਾਰ ਨਾ ਮਿਲਣ ਕਾਰਨ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦੀ ਸੀ।

ਡੀ ਜੀ ਪੀ ਨੂੰ ਮਿਲਣ...

ਪੀ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਪੁਲਸ ਦੇ ਸਾਈਬਰ ਸੈੱਲ ਵੱਲੋਂ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ ਅਤੇ ਫ਼ਰਜ਼ੀ ਵੀਡੀਓ ਬਣਾਉਣ ਵਾਲੇ ਮੁੱਖ ਦੋਸ਼ੀਆਂ ਸਮੇਤ ਇਸ ਨੂੰ ਸੋਸ਼ਲ ਮੀਡੀਆ 'ਤੇ ਸਾਂਝਾ (ਵਾਇਰਲ) ਕਰਨ ਵਾਲਿਆਂ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਲੋਕਾਂ ਦੀ ਸਹੂਲਤ ਲਈ ਜਲਦ ਕਮਿਊਨਿਟੀ ਸੈਂਟਰ ਚਲਾਇਆ ਜਾਵੇਗਾ : ਗਿਆਸਪੁਰਾ

ਦੋਰਾਹਾ (ਹਰਮਿੰਦਰ ਸੇਠ)-ਕਾਂਗਰਸ ਪਾਰਟੀ ਦੇ ਥੰਮ੍ਹ ਚੇਅਰਮੈਨ ਬੰਤ ਸਿੰਘ ਦੋਬੁਰਜੀ ਨੂੰ ਹਰਾ ਕੌਂਸਲਰ ਬਣੇ ਯੂਥ ਸਮਾਜ ਸੇਵੀ ਰਾਹੁਲ ਬੈਕਟਰ ਰਿੱਕੀ ਨੇ ਹਿੰਦੂ ਧਰਮਸ਼ਾਲਾ ਦੋਰਾਹਾ ਵਿਖੇ ਇਕ ਵਿਸ਼ੇਸ਼ ਧੰਨਵਾਦੀ ਸਮਾਗਮ ਰੱਖਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਤੋਂ ਇਲਾਵਾ ਵਾਰਡ ਵਾਸੀ ਪਹੁੰਚੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵੀ ਹਾਜ਼ਰ ਰਹੇ।ਇਸ ਮੌਕੇ ਹਲਕਾ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਜਿਹੜਾ ਕਮਿਊਨਿਟੀ ਸੈਂਟਰ ਬੰਦ ਪਿਆ ਹੈ, ਉਸ ਨੂੰ ਜਲਦੀ ਹੀ ਵੋਟਾਂ ਤੋਂ ਪਹਿਲਾਂ ਆਮ ਲੋਕਾਂ ਦੀ ਸਹੂਲਤ ਲਈ ਫ੍ਰੀ ਵਿੱਚ ਚਲਾਇਆ ਜਾਵੇਗਾ, ਜਿੱਥੇ ਕਿ ਲੋਕ ਫ੍ਰੀ ਵਿੱਚ ਪ੍ਰੋਗਰਾਮ ਕਰ ਸਕਦੇ ਹਨ।ਇਸ ਮੌਕੇ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜਿੰਨੇ ਵੀ ਵਾਅਦੇ ਕੀਤੇ ਗਏ ਸੀ, ਉਹ ਲਗਭਗ ਸਾਰੇ ਪੂਰੇ ਕਰ ਦਿੱਤੇ ਗਏ ਹਨ, ਜਿਹੜੇ ਔਰਤਾਂ ਦੇ ਖਾਤੇ ਵਿੱਚ ਪੈਸੇ ਆਉਣੇ ਸਨ, ਉਹ ਵੀ ਇੱਕ ਜੁਲਾਈ ਤੋਂ ਆਉਣੇ ਸ਼ੁਰੂ ਹੋ ਜਾਣਗੇ।ਉਨ੍ਹਾਂ ਕੌਂਸਲਰ ਰਾਹੁਲ ਬੈਕਟਰ ਰਿੱਕੀ ਦੀ ਤਾਰਿਫ ਕਰਦਿਆਂ ਕਿਹਾ ਕਿ ਲੋਕਾਂ ਨੇ ਪੈਸੇ ਨੂੰ ਨਹੀਂ ਕੰਮ ਨੂੰ ਵੋਟ ਪਾਈ ਹੈ, ਜਿਸ ਦੇ ਚਲਦਿਆਂ ਰਾਹੁਲ ਬੈਕਟਰ ਰਿਕੀ ਚੋਣ ਜਿੱਤਿਆ ਹੈ।ਉਨ੍ਹਾ ਲੱਕੜ ਮੰਡੀ ਵਿਖੇ ਖੜ੍ਹ ਰਹੇ ਸੀਵਰੇਜ ਦੇ ਪਾਣੀ ਦਾ ਵੀ ਜਲਦੀ ਤੋਂ ਜਲਦੀ ਪੱਕਾ ਹੱਲ ਕਰਨ ਦਾ ਵਾਅਦਾ ਕੀਤਾ।ਇਸ ਮੌਕੇ ਮੇਅਰ ਮੈਡਮ ਇੰਦਰਜੀਤ ਕੌਰ ਵੱਲੋਂ ਵੀ ਰਾਹੁਲ ਬੈਕਟਰ ਰਿੱਕੀ ਦੀ ਕਾਫੀ ਤਾਰੀਫ ਕੀਤੀ ਗਈ।ਇਸ ਮੌਕੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਜਗਰੂਪ ਸਿੰਘ ਸੇਹ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਲੁਧਿਆਣਾ, ਸਾਬਕਾ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ, ਆਲ ਟਰੇਡ ਯੂਨੀਅਨ ਦੇ ਪ੍ਰਧਾਨ ਬੌਬੀ ਤਿਵਾੜੀ, ਕੌਂਸਲਰ ਕਵਲਜੀਤ ਸਿੰਘ ਬਿੱਟੂ, ਮਿੱਠੂ, ਕੌਂਸਲਰ ਅਨਮੋਲ ਸ਼ਰਮਾ ਐਨੀ, ਕੌਂਸਲਰ ਜਸਵੰਤ ਕੌਰ ਲੋਹਟ ਪੂਜਾ ਕੌਂਸਲਰ ਪੰਕਜ ਗੌਤਮ ਕੌਂਸਲਰ, ਜਰਨੈਲ ਸਿੰਘ ਲੋਹਟ ਆਦਿ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਮੌਜੂਦ ਸਨ।

ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਕੀਰਤਨ ਦਰਬਾਰ ਕਰਾਇਆ

ਜਗਰਾਉਂ (ਸੰਜੀਵ ਅਰੋੜਾ)-ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਹੀਰਾ ਬਾਗ ਵਿਖੇ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਕੀਰਤਨ ਦਰਬਾਰ ਕਰਾਇਆ ਗਿਆ, ਜਿਸ 'ਚ ਭਾਈ ਸੁਖਜਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਪਹਿਲਾ ਸਵੇਰੇ ਸੰਗਤੀ ਰੂਪ 'ਚ ਸੰਗਤਾਂ ਨੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਤੇ ਪਿਛਲੇ ਇਕ ਮਹੀਨੇ ਤੋਂ ਚੱਲ ਰਹੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੀ ਸਮਾਪਤੀ ਕੀਤੀ ਗਈ। ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਜਗਰਾਉਂ ਦੇ ਰਾਸ਼ਟਰਪਤੀ ਐਵਾਰਡ ਲਈ ਚੁਣੇ ਗਏ ਗੁਰਪ੍ਰੀਤ ਸਿੰਘ ਮਨਕੂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ। ਇਸ ਤੋਂ ਇਲਾਵਾ ਕੌਂਸਲਰ ਅਜੀਤ ਸਿੰਘ ਠੁਕਰਾਲ, ਕੌਂਸਲਰ ਕਵਿਤਾ ਕੱਕੜ ਤੇ ਕੌਂਸਲਰ ਵਰਿੰਦਰ ਸਿੰਘ ਕਲੇਰ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਮਾਤਾ ਸਾਹਿਬ ਕੌਰ ਦੀ ਪ੍ਰਬੰਧਕ ਕਮੇਟੀ ਨੇ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਅਪੀਲ ਕੀਤੀ।

ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਫਾਰਮ ਭਰੇ



ਜਗਰਾਉਂ (ਸੰਜੀਵ ਅਰੋੜਾ)-ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਵੀਰਵਾਰ ਨੂੰ ਸਰਕਾਰੀ ਛੁੱਟੀ ਵਾਲੇ ਦਿਨ ਵੀ ਫ਼ਾਰਮ ਭਰੇ ਗਏ। ਆਂਗਣਵਾੜੀ ਵਰਕਰ ਯੂਨੀਅਨ ਦੀ ਸਰਕਲ ਪ੍ਰਧਾਨ ਨਿਰਮਲਜੀਤ ਕੌਰ ਤੇ ਆਂਗਣਵਾੜੀ ਵਰਕਰ ਯੂਨੀਅਨ ਦੀ ਸਰਕਲ ਪ੍ਰੈਸ ਸਕੱਤਰ ਅੰਮ੍ਰਿਤਪਾਲ ਸ਼ਰਮਾ ਨੇ ਕਿਹਾ ਕਿ ਪੰਜਵੀਂ ਪਾਤਸਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਪੂਰੇ ਦੇਸ਼ ਵਿੱਚ ਸੰਗਤਾਂ ਵੱਲੋਂ ਸ਼ਰਧਾ-ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਤੇ ਪੰਜਾਬ ਦੇ ਸਾਰੇ ਸਰਕਾਰੀ ਦਫ਼ਤਰਾਂ ਵਿਚ ਸਰਕਾਰੀ ਛੁੱਟੀ ਹੈ ਪਰ ਸੂਬਾ ਸਰਕਾਰ ਵੱਲੋਂ ਉਨ੍ਹਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਛੁੱਟੀ ਵਾਲੇ ਦਿਨ ਵੀ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਫ਼ਾਰਮ ਭਰੇ ਜਾਣ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਫ਼ਾਰਮ ਭਰਨ ਲਈ ਉਨ੍ਹਾਂ ਨੂੰ ਨਾ ਕੋਈ ਮੋਬਾਇਲ ਫੋਨ ਤੇ ਨਾ ਹੀ ਮੋਬਾਇਲ ਦਾ ਖਰਚਾ ਦਿੱਤਾ ਗਿਆ ਹੈ ਉਹ ਆਪਣੇ ਨਿੱਜੀ ਫੋਨਾਂ 'ਤੇ ਹੀ ਪਿੰਡ ਦੀਆਂ ਔਰਤਾਂ ਦੇ ਫਾਰਮ ਭਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਫਾਰਮ ਭਰਨ ਲਈ ਦੋ ਟੀਮਾਂ ਬਣਾਈਆਂ ਗਈਆ ਹਨ, ਇੱਕ ਟੀਮ ਮਹਿਲਾ ਸਖੀਆ ਘਰ-ਘਰ ਜਾ ਕੇ ਔਰਤਾਂ ਦੇ ਫਾਰਮ ਭਰ ਰਹੀਆਂ ਹਨ ਅਤੇ ਉਹ ਫਾਰਮ ਲੈ ਕੇ ਔਰਤਾਂ ਦੂਜੀ ਟੀਮ ਆਂਗਣਵਾੜੀ ਵਰਕਰਾਂ ਤੋਂ ਆਪਣਾ ਫਾਰਮ ਆਨਲਾਇਨ ਕਰਾ ਰਹੀਆਂ ਹਨ। ਉਨ੍ਹਾਂ ਪਿੰਡ ਮੱਲ੍ਹਾ ਦੀਆਂ ਸਮੂਹ ਔਰਤਾਂ ਨੂੰ ਬੇਨਤੀ ਕੀਤੀ ਕਿ ਕਿਸੇ ਵੀ ਅਧਿਕਾਰੀ ਨੂੰ ਫਾਰਮ ਭਰਨ ਦਾ ਕੋਈ ਪੈਸਾ ਨਾ ਦਿੱਤਾ ਜਾਵੇ। ਉਹ ਪਿੰਡ ਦੀਆਂ ਔਰਤਾਂ ਦੇ ਫਰੀ ਫਾਰਮ ਭਰਨਗੀਆਂ।

'ਪਿੰਡ ਕੋਟਾਲਾ ਦੇ ਲੋਕ ਤੇ ਸਫ਼ਰ-ਏ-ਪਾਕਿਸਤਾਨ' ਦਾ ਲੋਕ ਅਰਪਣ 21 ਨੂੰ

ਸਮਰਾਲਾ (ਸੁਰਜੀਤ ਸਿੰਘ)-ਪਾਕਿਸਤਾਨੀ ਲੇਖਕ ਰਾਣਾ ਨਜ਼ੀਰ ਅਹਿਮਦ ਖਾਨ ਦੁਆਰਾ ਉਰਦੂ 'ਚ ਲਿਖੀ ਤੇ ਪਿੰਡ ਕੋਟਾਲਾ ਦੇ ਡਾ ਸੰਤੋਖ ਸਿੰਘ ਵਲੋਂ ਪੰਜਾਬੀ ਵਿਚ ਅਨੁਵਾਦਿਤ ਪੁਸਤਕ 'ਪਿੰਡ ਕੋਟਾਲਾ ਦੇ ਲੋਕ ਤੇ ਸਫ਼ਰ-ਏ-ਪਾਕਿਸਤਾਨ' ਦਾ ਸਾਹਿਤ ਸਭਾ ਵੱਲੋਂ ਮਾਸਿਕ ਮੀਟਿੰਗ ਦੌਰਾਨ 21ਨੂੰ ਲੋਕ ਅਰਪਣ ਕੀਤਾ ਜਾਵੇਗਾ। ਸਭਾ ਦੇ ਜਨਰਲ ਸਕੱਤਰ ਦੀਪ ਦਿਲਬਰ ਤੇ ਪ੍ਰੈਸ ਸਕੱਤਰ ਇੰਦਰਜੀਤ ਸਿੰਘ ਕੰਗ ਨੇ ਦੱਸਿਆ ਕਿ ਇਸ ਪੁਸਤਕ ਦੇ ਲੇਖਕ ਅਤੇ ਵਸਨੀਕ ਰਾਣਾ ਨਜ਼ੀਰ ਅਹਿਮਦ ਖਾਨ ਨੇ ਆਪਣੇ ਸਾਬਕਾ ਪਿੰਡ ਕੋਟਾਲਾ ਦੀਆਂ ਯਾਦਾਂ ਨੂੰ ਕਲਮ ਬਧ ਕਰਕੇ ਪੁਸਤਕ ਦਾ ਰੂਪ ਦਿੱਤਾ।ਡਾ. ਸੰਤੋਖ ਸਿੰਘ ਕੋਟਾਲਾ ਤੇ ਸਰਬਜੀਤ ਸਿੰਘ ਖੀਰਨੀਆਂ ਦੇ ਸਾਂਝੇ ਯਤਨਾ ਸਦਕਾ ਦੋਹਾਂ ਨੇ ਇਹ ਪੁਸਤਕ ਪੰਜਾਬੀ ਵਿੱਚ ਅਨੁਵਾਦ ਕਰਕੇ ਛਪਵਾਈ ਹੈ।ਉਨ੍ਹਾਂ ਅੱਗੇ ਦੱਸਿਆ ਕਿ ਮੀਟਿੰਗ ਦੌਰਾਨ ਇਸ ਪੁਸਤਕ ਦੇ ਲੋਕ ਅਰਪਣ ਉਪਰੰਤ ਕਹਾਣੀਕਾਰ ਅਜਮੇਰ ਸਿੱਧੂ ਤੇ ਕਹਾਣੀਕਾਰ ਸੰਦੀਪ ਸਮਰਾਲਾ ਆਪਣੀਆਂ ਨਵੀਆਂ ਕਹਾਣੀਆਂ ਸੁਣਾਉਣਗੇ ਅਤੇ ਹੋਰ ਹਾਜ਼ਰ ਲੇਖਕ ਤੇ ਕਹਾਣੀਕਾਰ ਆਪਣੀਆਂ ਰਚਨਾਵਾਂ ਪੜ੍ਹਨਗੇ।

ਖ਼ੂਨਦਾਨ ਕੈਂਪ ਲਾਇਆ

ਬਰੇਟਾ (ਗੀਤਵਾਲ)-ਸਮਾਜ ਸੇਵੀ ਸੰਸਥਾ ਆਸਰਾ ਫਾਊਂਡੇਸ਼ਨ ਵੱਲੋਂ ਪਿੰਡ ਕੁਲਰੀਆਂ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੂਹ ਗ੍ਰਾਮ ਪੰਚਾਇਤ ਨਗਰ ਨਿਵਾਸੀ ਪਿੰਡ ਕੁਲਰੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਵਿੱਚ ਇੱਕ ਵਿਸ਼ਾਲ ਖ਼ੂਨ ਦਾਨ ਕੈਂਪ ਡਾਕਟਰ ਗੁਰਪਿਆਰ ਸਿੰਘ ਬਰੇਟਾ,ਸਿਵਲ ਹਸਪਤਾਲ ਮਾਨਸਾ ਦੀ ਟੀਮ ਮੈਡਮ ਸਨੈਨਾ ਤੇ ਅਮਨ ਦੀ ਅਗਵਾਈ ਹੇਠ ਬਲੱਡ ਕੈਂਪ ਦੇ ਪ੍ਰੋਜੈਕਟ ਚੇਅਰਮੈਨ ਪ੍ਰਧਾਨ ਡਾਕਟਰ ਗਿਆਨ ਚੰਦ ਆਜ਼ਾਦ ਡਾਕਟਰ ਜਲਵਿੰਦਰ ਸਿੰਘ ਜੋਰਾ, ਡਾਕਟਰ ਬੰਤ ਸਿੰਘ (ਬੰਤ ਲੈਬ)ਦੀ ਅਗਵਾਈ ਹੇਠ ਲਾਇਆ ਗਿਆ, ਜਿਸ ਵਿੱਚ 44 ਯੂਨਿਟ ਖ਼ੂਨ ਦਾਨੀਆਂ ਵੱਲੋਂ ਖ਼ੂਨਦਾਨ ਕੀਤਾ ਗਿਆ।ਕੈਂਪ ਵਿੱਚ ਨੌਜਵਾਨਾਂ ਦੇ ਨਾਲ-ਨਾਲ ਔਰਤਾਂ ਨੇ ਵੀ ਵਧ-ਚੜ੍ਹ ਕੇ ਹਿੱਸਾ ਲਿਆ।ਟੀਮ ਆਸਰਾ ਵੱਲੋਂ ਸਾਰੇ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਮੋਮੈਂਟ ਦੇ ਕੇ ਸਨਮਾਨਤ ਕੀਤਾ ਗਿਆ।ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਬਾਬਾ ਕਰਮਜੀਤ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸਾਹਿਬ, ਪ੍ਰਧਾਨ ਗੁਰਲਾਲ ਸਿੰਘ ਨੇ ਦੱਸਿਆ ਕਿ ਇਹ ਖ਼ੂਨ ਥੈਲੇਸੀਮੀਆਂ ਪੀੜਤ ਬੱਚਿਆਂ, ਸੜਕੀ ਹਾਦਸਿਆਂ, ਕੈਂਸਰ ਮਰੀਜ਼ਾਂ, ਜਣੇਪਾ ਕੇਸਾਂ ਦੇ ਕੰਮ ਆਵੇਗਾ। ਇਲਾਕੇ ਦੇ ਪਹੁੰਚੇ ਮੋਹਤਵਾਰਾਂ ਵੱਲੋਂ ਟੀਮ ਆਸਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸੰਸਥਾ ਸਾਡੇ ਇਲਾਕੇ ਦੀ ਬਹੁਤ ਹੀ ਸੋਸ਼ਲ ਸੰਸਥਾ ਹੈ ਜਿਹੜੀ ਕਿ ਹਰ ਵੇਲੇ ਲੋੜਵੰਦਾਂ ਦੇ ਭਲੇ ਦੇ ਕੰਮ ਕਰਦੀ ਰਹਿੰਦੀ ਹੈ।ਇਸ ਦਾ ਅਸੀਂ ਬਹੁਤ ਸਵਾਗਤ ਕਰਦੇ ਹਾਂ ਤੇ ਅਸੀਂ ਆਪਣੇ ਵੱਲੋਂ ਹਰ ਸਮੇਂ ਹਰ ਤਰ੍ਹਾਂ ਦੀ ਮਦਦ ਲਈ ਤਿਆਰ ਹਾਂ।

ਯੂਰਪ ਦੀ ਪਹਿਲੀ ਵੱਡੀ ਕੌਮਾਂਤਰੀ ਪੰਜਾਬੀ ਕਾਨਫ਼ਰੰਸ 20 ਨੂੰ ਨਾਰਵੇ 'ਚ

ਰਾਏਕੋਟ (ਸੰਤੋਖ ਗਿੱਲ)-ਯੂਰਪ ਦੀ ਪਹਿਲੀ ਵੱਡੀ ਕੌਮਾਂਤਰੀ ਪੰਜਾਬੀ ਕਾਨਫ਼ਰੰਸ 20 ਜੂਨ ਨੂੰ ਨਾਰਵੇ ਦੀ ਰਾਜਧਾਨੀ ਓਸਲੋ ਦੇ ਮਸ਼ਹੂਰ ਓਕਰਨ ਸੈਂਟਰ 'ਚ ਕੀਤੀ ਜਾ ਰਹੀ ਹੈ, ਜਿਸ ਵਿੱਚ ਦੁਨੀਆ ਭਰ ਤੋਂ ਆਏ ਵਿਦਵਾਨ, ਆਲਮ ਫ਼ਾਜ਼ਲ, ਸਕਾਲਰ, ਇਤਿਹਾਸਕਾਰ, ਰਾਜਨੀਤਕ ਵਿਗਿਆਨੀ, ਇਨਸਾਨੀ ਹੱਕਾਂ ਦੇ ਅਲੰਬਰਦਾਰ ਭਾਗ ਲੈਣਗੇ।ਇਨ੍ਹਾਂ ਵਿਚ ਸਟਾਕਹੋਮ ਯੂਨੀਵਰਸਿਟੀ ਸਵੀਡਨ ਤੋਂ ਪ੍ਰੋਫ਼ੈਸਰ ਡਾ. ਇਸ਼ਤਿਆਕ ਅਹਿਮਦ, ਭਾਰਤ ਦੀ ਬੜੋਦਾ ਗੁਜਰਾਤ ਯੂਨੀਵਰਸਿਟੀ ਦੇ ਡਾ. ਰਾਜਕੁਮਾਰ ਹੰਸ, ਪੰਜਾਬ ਯੂਨੀਵਰਸਿਟੀ ਲਾਹੌਰ ਤੋਂ ਡਾ. ਮੁਹੰਮਦ ਇਕਬਾਲ ਚਾਵਲਾ, ਮਲੇਸ਼ੀਆ ਤੋਂ ਡਾ. ਕਰਮਿੰਦਰ ਸਿੰਘ ਢਿੱਲੋਂ, ਇੰਡੀਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ, ਹਾਲੈਂਡ ਯੂਨੀਵਰਸਿਟੀ ਦੇ ਡਾ. ਖ਼ਿਜ਼ਰ ਜਾਵਦ, ਦੇਸ਼ ਦੀ ਸਰਬਉੱਚ ਅਦਾਲਤ ਦੇ ਸੀਨੀਅਰ ਵਕੀਲ ਨਵਕਿਰਨ ਸਿੰਘ, ਬੀ.ਬੀ.ਸੀ ਰੇਡੀਓ ਦੇ ਰਵਿੰਦਰ ਸਿੰਘ ਕੁੰਦਰਾ, ਪੰਜਾਬ ਸਟੇਟ ਪੁਰਾਲੇਖ਼ ਦੀ ਬੀਬੀ ਪਰਮਿੰਦਰ ਕੌਰ (ਪੰਮੀ ਸਿੱਧੂ-ਸੰਧੂ), ਕੈਲੀਫੋਰਨੀਆ ਤੋਂ ਸਿੱਖਿਆ-ਸ਼ਾਸਤਰੀ ਅਤੇ ਬੈਂਕਰ ਬਲਵਿੰਦਰ ਸਿੰਘ ਜਟਾਣਾ, ਕੈਨੇਡਾ ਤੋਂ ਗੁਰਮਤਿ ਦੇ ਵਿਦਵਾਨ ਗੁਰਚਰਨ ਸਿੰਘ ਜਿਉਣਵਾਲਾ, ਮਸ਼ਹੂਰ ਗੁਰਮਤਿ ਪ੍ਰਚਾਰਕ ਪ੍ਰੀਤਮ ਸਿੰਘ ਮਟਵਾਣੀ, ਵਾਲਸਾਲ ਤੋਂ ਕੁਲਵੰਤ ਸਿੰਘ ਚੱਠਾ ਸਮੇਤ ਹੋਰ ਕਈ ਹਸਤੀਆਂ ਉਚੇਚੇ ਤੌਰ 'ਤੇ ਇਸ ਕਾਨਫ਼ਰੰਸ ਵਿਚ ਹਿੱਸਾ ਲੈਣ ਲਈ ਨਾਰਵੇ ਪਹੁੰਚ ਗਈਆਂ ਹਨ।ਇਸ ਮੌਕੇ ਦੂਜਾ ਮਾਸਟਰ ਤਾਰਾ ਸਿੰਘ ਮੈਮੋਰੀਅਲ ਲੈਕਚਰ ਵੀ ਕਰਾਇਆ ਜਾਏਗਾ।ਗੁਰੂ ਨਾਨਕ ਇੰਸਟੀਚਿਊਟ ਨੇ ਦੁਨੀਆ ਭਰ ਵਿਚ ਪੰਜ ਥਾਂਵਾਂ 'ਤੇ ਮਾਸਟਰ ਤਾਰਾ ਸਿੰਘ ਮੈਮੋਰੀਅਲ ਲੈਕਚਰ ਕਰਾਉਣ ਦਾ ਫ਼ੈਸਲਾ ਕੀਤਾ ਹੈ।ਨਾਰਵੇ 'ਚ ਪ੍ਰੋ. ਡਾ. ਇਸ਼ਤਿਆਕ ਅਹਿਮਦ ਮੈਮੋਰੀਅਲ ਲੈਕਚਰ ਪੇਸ਼ ਕਰਨਗੇ।ਕਾਬਲੇ-ਗ਼ੌਰ ਹੈ ਕਿ 1705 ਵਿਚ ਰਾਏਕੋਟ ਦੇ ਨਵਾਬ ਰਾਏ ਕਲ੍ਹਾ, ਜਿਨ੍ਹਾਂ ਨੂੰ ਗੁਰੂ ਗੋਬਿੰਦ ਸਿੰਘ ਜੀ ਨੇ ਕੁਝ ਤੋਹਫ਼ੇ ਬਖ਼ਸ਼ੇ ਸਨ, ਉਨ੍ਹਾਂ 'ਚੋਂ ਇਕ ਤੋਹਫ਼ਾ ਗੰਗਾ ਸਾਗਰ ਦੇ ਨਿਗਰਾਨ ਰਾਏ ਅਜ਼ੀਜ਼ ਉਲ੍ਹਾ ਖ਼ਾਨ ਉਸ ਤੋਹਫ਼ੇ ਨੂੰ ਲੈ ਕੇ ਕੈਨੇਡਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

ਮਾੜੀ ਮੇਘਾ ਤੇ ਹੋਰਨਾਂ ਵੱਲੋਂ ਐਡਵੋਕੇਟ ਮੰਡ ਦੀ ਬੇਵਕਤੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

ਭਿੱਖੀਵਿੰਡ : ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਬਲਾਕ ਸਕੱਤਰ ਨਰਿੰਦਰ ਸਿੰਘ ਅਲਗੋਂ, ਕਿਸਾਨ ਆਗੂ ਰਛਪਾਲ ਸਿੰਘ ਬਾਠ ਅਤੇ ਪੰਜਾਬ ਇਸਤਰੀ ਸਭਾ ਦੀ ਆਗੂ ਸਰੋਜ ਰਾਣੀ ਮਲਹੋਤਰਾ ਨੇ ਨਵਾਂ ਜ਼ਮਾਨਾ ਅਖ਼ਬਾਰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਟਰੱਸਟੀ ਰਜਿੰਦਰ ਸਿੰਘ ਮੰਡ ਐਡਵੋਕੇਟ ਦੀ ਬੇਵਕਤੀ ਹੋਈ ਮੌਤ 'ਤੇ ਮੰਡ ਦੇ ਪ੍ਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਹੈ ਕਿ ਪਿਛਲੇ ਸਾਲ ਉਨ੍ਹਾਂ ਦੇ ਬਾਪ ਗੁਰਮੀਤ ਸ਼ੁਗਲੀ ਐਡਵੋਕੇਟ ਜੋ ਫਾਊਂਡੇਸ਼ਨ ਦੇ ਸਕੱਤਰ ਸਨ ਉਨ੍ਹਾਂ ਦੀ ਮੌਤ ਹੋ ਗਈ ਸੀ ਤੇ ਰਜਿੰਦਰ ਸਿੰਘ ਮੰਡ ਦੀ ਅਗਵਾਈ ਹੇਠ ਸ਼ੁਗਲੀ ਜੀ ਦੀ ਪਹਿਲੀ ਬਰਸੀ 5 ਜੂਨ 2026 ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿੱਚ ਉਸਰੇ ਵਿਸ਼ਨੂੰ ਗਣੇਸ਼ ਪਿੰਗਲੇ ਵਿਖੇ ਮਨਾਈ ਗਈ। ਬਰਸੀ ਮਨਾਉਣ ਵਾਲੀ ਰਾਤ ਹੀ ਮੰਡ ਦੀ ਸਿਹਤ ਵਿਗੜ ਗਈ। ਸ਼ੂਗਰ ਤੇ ਬੀ ਪੀ ਜ਼ਿਆਦਾ ਥੱਲੇ ਆ ਗਏ। ਪਹਿਲਾਂ ਜਲੰਧਰ ਦੋ-ਤਿੰਨ ਦਿਨ ਦਾਖਲ ਰਹੇ ਪਰ ਸਿਹਤ ਵਿੱਚ ਸੁਧਾਰ ਨਾ ਹੋਇਆ। ਫਿਰ ਲੁਧਿਆਣਾ ਡੀ ਐਮ ਸੀ ਚਲੇ ਗਏ ਉਥੇ ਵੀ ਸਿਹਤ ਠੀਕ ਨਾ ਹੋਈ ਤੇ ਮੌਤ ਹੋ ਗਈ। ਰਜਿੰਦਰ ਮੰਡ ਨਵਾਂ ਜ਼ਮਾਨਾ ਵਿੱਚ ਵੀ ਸਮਾਂ ਦਿੰਦੇ ਸਨ ਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਮੈਂਬਰ ਹੋਣ ਦੇ ਨਾਤੇ ਓਧਰ ਵੀ ਆਉਂਦੇ ਜਾਂਦੇ ਰਹਿੰਦੇ ਸਨ। ਵਕਾਲਤ ਦੇ ਕਾਰਜ਼ ਵਿੱਚ ਉਹ ਮਿਹਨਤਕਸ਼ ਆਵਾਮ ਨੂੰ ਨਿਆਂ ਦਿਵਾ ਕੇ ਜ਼ਿਆਦਾ ਖੁਸ਼ ਹੁੰਦੇ ਸਨ। । ਆਗੂਆਂ ਨੇ ਕਿਹਾ ਕਿ ਮੰਡ ਦੀ ਮੌਤ ਨਾਲ ਅਗਾਂਹਵਧੂ ਤਾਕਤਾਂ ਨੂੰ ਵੱਡਾ ਘਾਟਾ ਪਿਆ ਹੈ।

ਪੰਜਵੜ ਵਿਖੇ ਪੀਰ ਬਾਬਾ ਵਣ ਪੀਰ ਦਾ ਸਲਾਨਾ ਸੱਭਿਆਚਾਰਕ ਮੇਲਾ 27 ਨੂੰ

ਝਬਾਲ (ਹਰਜਿੰਦਰ ਸਿੰਘ ਸੋਨੀ)- ਪੰਜਾਬ ਦੇ ਨਾਮਵਰ ਮੇਲਿਆਂ 'ਚ ਸ਼ੁਮਾਰ ਪਿੰਡ ਪੰਜਵੜ ਵਿਖੇ ਲੱਗਣ ਵਾਲਾ ਪੀਰ ਬਾਬਾ ਵਣਪੀਰ ਦੀ ਦਰਗਾਹ 'ਤੇ ਸਲਾਨਾ ਸੱਭਿਆਚਾਰਕ ਮੇਲਾ 13 ਹਾੜ, 27 ਜੂਨ ਨੂੰ (ਸਵ: ਬਾਬਾ ਅਜੀਤ ਸਿੰਘ ਮੁੱਖ ਸੇਵਾਦਾਰ ਦਰਗਾਹ) ਦੇ ਅਸ਼ੀਰਵਾਦ ਅਤੇ ਸਮੂਹ ਨਗਰ ਪੰਜਵੜ ਦੀਆਂ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਮੇਲੇ ਦੇ ਮੁੱਖ ਪ੍ਰਬੰਧਕ ਬਾਬਾ ਦਰਸ਼ਨ ਸਿੰਘ ਪੰਜਵੜ ਵਾਲਿਆਂ ਨੇ ਦੱਸਿਆ ਕਿ 26 ਜੂਨ ਨੂੰ ਸ਼ਾਮ ਵੇਲੇ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ।ਜਦ ਕਿ 27 ਜੂਨ ਨੂੰ ਸੱਭਿਆਚਾਰਕ ਪ੍ਰੋਗਰਾਮ ਦੌਰਾਨ ਪੰਜਾਬ ਦੀ ਪ੍ਰਸਿੱਧ ਦੋਗਾਣਾ ਗਾਇਕ ਜੋੜੀ ਸਰਬਜੀਤ ਬੁੱਗਾ-ਬੀਬਾ ਮਨਪ੍ਰੀਤ ਬੁੱਗਾ, ਗਾਇਕ ਮੁਹੰਮਦ ਬੂਟਾ, ਸ਼ੰਮੀ ਖਾਨ-ਬੀਬਾ ਕਿਰਨ ਰੰਧਾਵਾ, ਸੁਰਿੰਦਰ ਮਾਨ-ਕਰਮਜੀਤ ਕੰਮੋ, ਲਵ ਮਾਨ-ਰੋਜ਼ੀ ਮਾਨ, ਐਸ ਐਸ ਸਿੱਧੂ ਤੇ ਨੌਜਵਾਨ ਗਾਇਕ ਐਸ ਪੀ ਬੁੱਗਾ ਸਰੋਤਿਆਂ ਦਾ ਮਨੋਰੰਜਨ ਕਰਨਗੇ। ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ, ਚੇਅਰਮੈਨ ਅਵਤਾਰ ਸਿੰਘ ਪੱਖੋਕੇ ਤੋਂ ਇਲਾਵਾ ਬਾਬਾ ਬਲਦੇਵ ਰਾਜ ਬੇਰਾਗੀ, ਬਾਬਾ ਪਰਮਜੀਤ ਸਿੰਘ ਢੋਲਣ ਚਿਸ਼ਤੀ, ਬਾਬਾ ਬਿੱਟੂ ਮਖੂ ਚਿਸ਼ਤੀ, ਬਾਬਾ ਮਿੱਟੂ ਰੋਡੇਸ਼ਾਹੀਏ ਚਿਸ਼ਤੀ, ਬਾਬਾ ਰਣਜੋਧ ਸ਼ਾਹ ਚਿਸ਼ਤੀ, ਬਾਬਾ ਜਿੰਦੇ ਸ਼ਾਹ ਕਾਦਰੀ ਰੋਡੇਸ਼ਾਹੀਏ ਜਗਤਪੁਰਾ ਸ਼ਰੀਫ਼, ਗੁਲਾਮ ਮੌਇਦੀਨ ਚਿਸ਼ਤੀ, ਬਾਬਾ ਗੋਰਾ ਕਾਦਰੀ ਰੋਡੇਸ਼ਾਹੀਏ, ਬਾਬਾ ਦਲੇਰ ਸ਼ਾਹ ਚਿਸ਼ਤੀ ਆਦਿ ਵੀ ਹਾਜ਼ਰੀਆਂ ਭਰਨਗੇ।ਇਸ ਮੌਕੇ ਸਰਪੰਚ ਤਰਸੇਮ ਸਿੰਘ ਪੰਜਵੜ, ਸੁਖਜਿੰਦਰ ਸਿੰਘ ਵਿੱਕੀ ਢਿੱਲੋਂ ਪੰਜਵੜ, ਸਾਬਕਾ ਸਰਪੰਚ ਜਸਵਿੰਦਰ ਸਿੰਘ ਫੋਰਮੈਨ, ਜਸਵੰਤ ਸਿੰਘ ਜੱਸਾ ਪੰਜਵੜ, ਮੈਂਬਰ ਗੁਰਬਖਸ਼ ਸਿੰਘ, ਬਾਬਾ ਸੋਨੂੰ ਸ਼ਾਹ, ਕਾਲਾ ਪੰਜਵੜ, ਮੁਖਤਾਰ ਸਿੰਘ ਪ੍ਰਧਾਨ, ਪ੍ਰਤਾਪ ਸਿੰਘ, ਪ੍ਰਗਟ ਸਿੰਘ ਪੰਚ, ਬਿੱਤੋ ਪੰਚ, ਜਸਪਾਲ ਸਿੰਘ ਪੰਚ, ਬਲਵਿੰਦਰ ਸਿੰਘ ਪੰਚ, ਜਸਪਾਲ ਕੌਰ ਪੰਚ, ਸੰਦੀਪ ਕੌਰ ਪੰਚ, ਬਾਬਾ ਦੇਬਾ ਸਿੰਘ, ਬਾਬਾ ਗੁੜ, ਵੀਰ ਸਿੰਘ, ਗੁਰਦੇਵ ਸਿੰਘ ਮੀਆਂਪੁਰ, ਆਦਿ ਵੀ ਹਾਜ਼ਰ ਸਨ।

ਅੰਮ੍ਰਿਤਸਰ ਤੋਂ ਗੁਰਦਾਸਪੁਰ-ਜੰਮੂ, ਕਟੜਾ ਵੰਦੇ ਮਾਤਰਮ ਰੇਲ ਗੱਡੀ ਚੱਲਣ 'ਤੇ ਲੋਕਾਂ 'ਚ ਖੁਸ਼ੀ ਦੀ ਲਹਿਰ

ਗੁਰਦਾਸਪੁਰ (ਜਨਕ ਮਹਾਜਨ) - ਰੇਲਵੇ ਮੰਤਰਾਲੇ ਵਲੋਂ ਅੰਮ੍ਰਿਤਸਰ ਤੋਂ ਕਟੜਾ ਜਾਣ ਵਾਸਤੇ ਵੰਦੇ ਮਾਤਰਮ ਰੇਲ ਗੱਡੀ ਚਲਾ ਕੇ ਗੁਰਦਾਸਪੁਰ ਇਲਾਕਾ ਵਾਸੀਆਂ ਦੀ ਲੰਬੇ ਸਮੇਂ ਤੋਂ ਚਲਦੀ ਆ ਰਹੀ ਮੰਗ ਨੂੰ ਪੂਰਾ ਕੀਤਾ ਗਿਆ ਹੈ। ਇਸ ਰੇਲ ਗੱਡੀ ਦੇ ਚੱਲਣ ਨਾਲ ਲੋਕਾਂ ਵਿੱਚ ਭਾਰੀ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਵਾਸਤੇ ਲਲਿਤ ਕੰਵਲ, ਤਰਸੇਮ ਕੁਮਾਰ, ਨਵਨੀਤ ਕੁਮਾਰ, ਜਤਿਨ ਕੁਮਾਰ, ਮਾਨਕ, ਸਤੀਸ਼ ਕੁਮਾਰ ਗੁਪਤਾ, ਸਚਿਨ ਕੁਮਾਰ, ਨਮਨ ਮਹਾਜਨ, ਛਵੀ ਮਹਾਜਨ ਆਦਿ ਅਨੇਕਾਂ ਲੋਕਾਂ ਨੇ ਰੇਲ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਇਹ ਰੇਲ ਗੱਡੀ ਚਲਣ ਨਾਲ ਬਾਰਡਰ ਏਰੀਏ ਦੇ ਕਸਬਾ ਦੋਰਾਂਗਲਾ, ਬਹਿਰਾਮਪੁਰ, ਗਾਹਲੜੀ, ਕਲਾਨੌਰ ਆਦਿ ਅਨੇਕਾਂ ਪਿੰਡਾਂ ਦੇ ਲੋਕਾਂ ਨੂੰ ਲਾਭ ਮਿਲੇਗਾ। ਇਸ ਸਬੰਧੀ ਜਦੋਂ ਗੁਰਦਾਸਪੁਰ ਦੇ ਸਟੇਸ਼ਨ ਸੁਪਰਡੈਂਟ ਗੁੰਜਨ ਕੁਮਾਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਵੰਦੇ ਮਾਤਰਮ ਰੇਲ ਗੱਡੀ ਰੋਜਾਨਾ ਸ਼ਾਮ 4.40 'ਤੇ ਅੰਮ੍ਰਿਤਸਰ ਤੋਂ ਚੱਲੇਗੀ ਜੋ ਸ਼ਾਮ 5.58 ਵਜੇ ਗੁਰਦਾਸਪੁਰ ਪੁੱਜੇਗੀ ਜਿੱਥੇ ਦੋ ਮਿੰਟ ਰੁਕ ਕੇ 6 ਵਜੇ ਜੰਮੂ-ਕਟੜਾ ਨੂੰ ਰਵਾਨਾ ਹੋ ਜਾਵੇਗੀ ਅਤੇ ਰਾਤ 8.40 ਵਜੇ ਕਟੜਾ ਪੁੱਜੇਗੀ। ਉਨ੍ਹਾਂ ਦੱਸਿਆ ਕਿ ਉਥੋਂ ਵਾਪਸੀ 'ਤੇ ਇਹ ਰੇਲ ਗੱਡੀ 6.40 'ਤੇ ਸਵੇਰੇ ਕੱਟੜਾ ਤੋਂ ਚਲੇਗੀ ਜੋ ਗੁਰਦਾਸਪੁਰ 10.15 'ਤੇ ਪਹੁੰਚੇਗੀ ਅਤੇ 11.40 'ਤੇ ਅੰਮ੍ਰਿਤਸਰ ਪਹੁੰਚੇਗੀ। ਗੁੰਜਨ ਕੁਮਾਰ ਨੇ ਦੱਸਿਆ ਕਿ ਰੇਲ ਗੱਡੀ ਵਿੱਚ 16 ਕੋਚ ਹੋਣਗੇ ਅਤੇ 1000 ਤੋਂ ਵੱਧ ਸਵਾਰੀਆਂ ਇਸ ਵਿਚ ਬੈਠ ਸਕਣਗੀਆਂ। ਉਨ੍ਹਾਂ ਦੱਸਿਆ ਕਿ ਇਸ ਗੱਡੀ ਦਾ ਕਿਰਾਇਆ ਅੰਮ੍ਰਿਤਸਰ ਤੋਂ ਕਟੜਾ ਤੱਕ ਲਗਭਗ 780 ਤੋਂ ਸ਼ੁਰੂ ਹੋ ਕੇ 1040 ਵੱਖ-ਵੱਖ ਸ਼੍ਰੇਣੀਆਂ ਅਨੁਸਾਰ ਹੋਵੇਗਾ। ਇਸ ਗੱਡੀ ਦੇ ਚੱਲਣ ਨਾਲ ਮਾਤਾ ਵੈਸ਼ਣੋ ਦੇਵੀ ਅਤੇ ਸ਼੍ਰੀਨਗਰ ਜਾਣ ਵਾਲੇ ਯਾਤਰੀਆਂ ਨੂੰ ਕਾਫੀ ਫਾਇਦਾ ਮਿਲੇਗਾ। ਉਨ੍ਹਾਂ ਦੱਸਿਆ ਕਿ ਇਹ ਰੇਲ ਗੱਡੀ ਸ਼ਨੀਵਾਰ ਨੂੰ ਛੱਡ ਕੇ ਹਫਤੇ ਦੇ ਛੇ ਦਿਨ ਅੰਮ੍ਰਿਤਸਰ ਤੋਂ ਕਟੜਾ ਰੋਜ਼ਾਨਾ ਜਾਵੇਗੀ ਅਤੇ ਆਵੇਗੀ।

ਯੋਗ ਨਾਗਰਿਕ ਦਾ ਨਾਂਅ ਵੋਟਰ ਸੂਚੀ 'ਚ ਸ਼ਾਮਲ ਕਰਨਾ ਯਕੀਨੀ ਬਣਾਇਆ ਜਾਵੇਗਾ : ਡਿਪਟੀ ਕਮਿਸ਼ਨਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.-2026) ਪ੍ਰੋਗਰਾਮ ਨੂੰ ਸਫਲਤਾਪੂਰਵਕ ਲਾਗੂ ਕਰਨ ਲਈ ਵਿਧਾਨ ਸਭਾ ਹਲਕਾ 019-ਅੰਮ੍ਰਿਤਸਰ ਦੱਖਣੀ ਦੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਦੀ ਸਿਖਲਾਈ ਕਰਵਾਈ ਗਈ। ਇਸ ਸਿਖਲਾਈ ਪ੍ਰੋਗਰਾਮ ਦੀ ਅਗਵਾਈ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ-ਕਮ-ਵਧੀਕ ਕਮਿਸ਼ਨਰ ਜੈ ਇੰਦਰ ਸਿੰਘ ਵੱਲੋਂ ਕੀਤੀ ਗਈ। ਸਿਖਲਾਈ ਦੌਰਾਨ ਬੀ.ਐਲ.ਓਜ਼ ਨੂੰ ਐਸ.ਆਈ.ਆਰ.-2026 ਦੇ ਸਮੁੱਚੇ ਪ੍ਰੋਗਰਾਮ, ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਤੇ ਵੋਟਰ ਸੂਚੀਆਂ ਦੀ ਸ਼ੁੱਧਤਾ ਯਕੀਨੀ ਬਣਾਉਣ ਸਬੰਧੀ ਜਾਣਕਾਰੀ ਦਿੱਤੀ ਗਈ। ਸਿਖਲਾਈ ਦੌਰਾਨ ਬੀ.ਐਲ.ਓਜ਼ ਨੂੰ ਚੋਣ ਕਮਿਸ਼ਨ ਵੱਲੋਂ ਜਾਰੀ ਕੀਤੀਆਂ ਗਈਆਂ ਆਮ ਹਦਾਇਤਾਂ, ਦਸਤਾਵੇਜ਼ਾਂ ਦੀ ਜਾਂਚ, ਯੋਗ ਵੋਟਰਾਂ ਦੀ ਪਛਾਣ, ਮ੍ਰਿਤਕ ਜਾਂ ਸਥਾਨ ਤਬਦੀਲ ਕਰ ਚੁੱਕੇ ਵੋਟਰਾਂ ਦੇ ਵੇਰਵਿਆਂ ਦੀ ਤਸਦੀਕ ਅਤੇ ਆਨਲਾਈਨ ਡਾਟਾ ਐਂਟਰੀ ਦੀ ਪ੍ਰਕਿਰਿਆ ਬਾਰੇ ਵੀ ਜਾਣੂ ਕਰਵਾਇਆ ਗਿਆ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਧਿਕਾਰੀ ਨੇ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਇਹ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.-2026) ਮੁਹਿੰਮ ਵੋਟਰ ਸੂਚੀਆਂ ਨੂੰ ਹੋਰ ਵਧੇਰੇ ਪਾਰਦਰਸ਼ੀ, ਸ਼ੁੱਧ ਅਤੇ ਅੱਪਡੇਟ ਬਣਾਉਣ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਬੀ.ਐਲ.ਓਜ਼ ਇਸ ਮੁਹਿੰਮ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੀ ਜ਼ਿੰਮੇਵਾਰੀ ਹੈ ਕਿ ਹਰ ਯੋਗ ਵੋਟਰ ਤੱਕ ਪਹੁੰਚ ਕਰਕੇ ਗਣਨਾ ਫਾਰਮ ਮੁਹੱਈਆ ਕਰਵਾਇਆ ਜਾਵੇ ਅਤੇ ਸਮੇਂ ਸਿਰ ਇਸ ਦੀ ਪ੍ਰਾਪਤੀ ਯਕੀਨੀ ਬਣਾਈ ਜਾਵੇ। ਉਨ੍ਹਾਂ ਦੱਸਿਆ ਕਿ ਸਾਰੇ ਬੀ.ਐਲ.ਓਜ਼ ਘਰ-ਘਰ ਜਾ ਕੇ ਗਣਨਾ ਫਾਰਮਾਂ ਦੀ ਵੰਡ ਕਰਨਗੇ ਅਤੇ ਨਾਗਰਿਕਾਂ ਨੂੰ ਫਾਰਮ ਭਰਨ ਸਬੰਧੀ ਲੋੜੀਂਦੀ ਜਾਣਕਾਰੀ ਵੀ ਪ੍ਰਦਾਨ ਕਰਨਗੇ। ਪ੍ਰਾਪਤ ਫਾਰਮਾਂ ਨੂੰ ਨਿਰਧਾਰਤ ਸਮੇਂ ਅੰਦਰ ਆਨਲਾਈਨ ਅਪਲੋਡ ਕਰਕੇ ਦਫ਼ਤਰ ਵਿੱਚ ਜਮ੍ਹਾਂ ਕਰਵਾਇਆ ਜਾਵੇਗਾ ਤਾਂ ਜੋ ਡਰਾਫਟ ਵੋਟਰ ਸੂਚੀ ਦਾ ਖਰੜਾ ਤਿਆਰ ਕੀਤਾ ਜਾ ਸਕੇ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬੀ.ਐਲ.ਓਜ਼ ਦਾ ਪੂਰਾ ਸਹਿਯੋਗ ਕਰਨ ਅਤੇ ਗਣਨਾ ਫਾਰਮ ਸਹੀ ਜਾਣਕਾਰੀ ਨਾਲ ਭਰ ਕੇ ਸਮੇਂ ਸਿਰ ਜਮ੍ਹਾਂ ਕਰਵਾਉਣ ਤਾਂ ਜੋ ਕੋਈ ਵੀ ਯੋਗ ਨਾਗਰਿਕ ਆਪਣੇ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹੇ। ਇਸ ਮੌਕੇ ਇਲੈਕਸ਼ਨ ਕਾਨੂੰਨਗੋ ਰਾਜਵਿੰਦਰ ਸਿੰਘ ਬੱਲ ਅਤੇ ਇਲੈਕਸ਼ਨ ਇੰਚਾਰਜ ਸੰਜੀਵ ਕਾਲੀਆ ਨੇ ਦੱਸਿਆ ਕਿ 20 ਜੂਨ ਤੋਂ 22 ਜੂਨ 2026 ਤੱਕ ਬੀ.ਐਲ.ਓਜ਼ ਨੂੰ ਚੋਣ ਸਮੱਗਰੀ ਅਤੇ ਗਣਨਾ ਫਾਰਮਾਂ ਦੀ ਵੰਡ ਕੀਤੀ ਜਾਵੇਗੀ। ਇਸ ਉਪਰੰਤ 25 ਜੂਨ ਤੋਂ ਬੀ.ਐਲ.ਓਜ਼ ਆਪਣੇ-ਆਪਣੇ ਬੂਥ ਖੇਤਰਾਂ ਵਿੱਚ ਘਰ-ਘਰ ਜਾ ਕੇ ਗਣਨਾ ਫਾਰਮ ਵੰਡਣ ਦਾ ਕੰਮ ਸ਼ੁਰੂ ਕਰਨਗੇ। ਇਸ ਸਿਖਲਾਈ ਪ੍ਰੋਗਰਾਮ ਵਿੱਚ ਹਲਕਾ 019-ਅੰਮ੍ਰਿਤਸਰ ਦੱਖਣੀ ਨਾਲ ਸੰਬੰਧਤ ਸਮੂਹ ਬੀ.ਐਲ.ਓਜ਼, ਚੋਣ ਅਮਲਾ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

ਬੀ ਕੇ ਯੂ ਉਗਰਾਹਾਂ ਬਲਾਕ ਗੰਡੀਵਿੰਡ ਵੱਲੋਂ ਸਬ ਡਵੀਜ਼ਨ ਝਬਾਲ ਦੇ ਐੱਸ ਡੀ ਓ ਦਾ ਘੇਰਾਓ

ਝਬਾਲ (ਹਰਜਿੰਦਰ ਸਿੰਘ ਸੋਨੀ)- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਥੇਬੰਦੀ ਦੇ ਝੰਡੇ ਹੇਠ ਬਲਾਕ ਗੰਡੀਵਿੰਡ ਦੇ ਅਹੁਦੇਦਾਰਾਂ ਵਲੋਂ ਸੱਬ ਡਵੀਜ਼ਨ ਝਬਾਲ ਵਿਖੇ ਮੌਕੇ 'ਤੇ ਹੀ ਕਿਸਾਨ ਭਰਾਵਾਂ ਦੇ ਮਸਲੇ ਹੱਲ ਕਰਾਏ ਗਏ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਥੇਬੰਦੀ ਬਲਾਕ ਗੰਡੀਵਿੰਡ ਦੇ ਪ੍ਰਧਾਨ ਧਿਆਨ ਸਿੰਘ ਫੌਜੀ ਨੇ ਇੱਕਠੇ ਹੋਏ ਕਿਸਾਨਾਂ ਨੂੰ ਦੱਸਿਆ ਕਿ ਸੱਬ ਡਵੀਜ਼ਨ ਝਬਾਲ ਦੇ ਐਸ ਡੀ ਓ ਮਨਪ੍ਰੀਤ ਸਿੰਘ ਕਿਸਾਨਾਂ ਨੂੰ ਖੁੱਜਲ ਖੁਵਾਰ ਕਰ ਰਹੇ ਸਨ । ਉਹ ਪਿੰਡ ਪੰਜਵੜ ਦੀ ਇਕਾਈ ਦੇ ਖਜਾਨਚੀ ਸਰਬਜੀਤ ਸਿੰਘ ਦੇ ਬੰਬੀ ਕੁਨੈਕਸ਼ਨ 'ਤੇ ਟ੍ਰਾਂਸਫਾਰਮਰ ਰੱਖਣ ਨੂੰ ਲੈ ਕੇ ਟਾਲ ਮਟੋਲ ਕਰ ਰਿਹਾ ਸੀ । ਜਿਸ ਕਰਕੇ ਮਜ਼ਬੂਰਨ ਸੱਬ ਡਵੀਜ਼ਨ ਝਬਾਲ ਦੇ ਐਸ ਡੀ ਓ ਦਾ ਦਫ਼ਤਰ ਘੇਰ ਕੇ ਮੌਕੇ 'ਤੇ ਕੰਮ ਕਰਾਉਣ ਲਈ ਮਜਬੂਰ ਹੋਣਾ ਪਿਆ । ਐਸ ਡੀ ਓ ਝਬਾਲ ਨੇ ਕਿਸਾਨਾਂ ਵਿੱਚ ਆਣ ਕੇ ਇਸ ਕੰਮ ਨੂੰ ਪਹਿਲ ਦੇ ਆਧਾਰ 'ਤੇ ਕਰਨ ਦਾ ਵਿਸ਼ਵਾਸ ਦਿਵਾਇਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਆਗੂ ਸੁਖਬੀਰ ਸਿੰਘ ਗੱਗੋਬੂਹਾ,ਬਾਬਾ ਕਾਲਾ ਝਬਾਲ, ਨਿਰਵੈਲ ਸਿੰਘ ਪੰਜਵੜ ਰੁਪਿੰਦਰ ਸਿੰਘ ਪੰਜਵੜ ਮਨਜੀਤ ਸਿੰਘ ਪੰਜਵੜ,ਗੁਰਤੇਜ ਸਿੰਘ ਪੰਜਵੜ,ਦਿਲਬਾਗ ਸਿੰਘ ਮੰਨਣ, ਗੁਰਮੇਜ ਸਿੰਘ ਮੰਨਣ,ਸੁਖਚੈਨ ਸਿੰਘ ਬੋਹੜੂ,ਸ਼ਮਸ਼ੇਰ ਸਿੰਘ ਬੋਹੜੂ,ਲਾਡੀ ਬੁਰਜ, ਸੋਨੀ ਅੱਲਗੋ,ਲਖਬੀਰ ਸਿੰਘ ਸਰਾਏ ਅਮਾਨਤ ਖਾਂ,ਪ੍ਰੀਤਮ ਸਿੰਘ ਭੁੱਚਰ, ਰਾਜਬੀਰ ਸਿੰਘ ਭੁੱਚਰ,ਘੁੱਕ ਸੋਹਲ, ਆਤਮਾ ਸਿੰਘ ਸੋਹਲ,ਜਸਵੰਤ ਸਿੰਘ ਸੋਹਲ, ਅਮਰੀਕ ਸਿੰਘ ਬਘਿਆੜੀ,ਮੇਜਰ ਸਿੰਘ ਭੋਲਾ,ਹਰਬੰਸ ਸਿੰਘ ਭੁੱਚਰ ਆਦਿ ਆਗੂ ਹਾਜ਼ਰ ਰਹੇ।

ਸਮੂਹ ਵਿਧਾਨ ਸਭਾ ਹਲਕਿਆਂ 'ਚ ਐਸ ਆਈ ਆਰ ਸੰਬੰਧੀ ਸਿਖਲਾਈ ਦਿੱਤੀ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਆਦਿਤਿਆ ਉੱਪਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਹਲਕਿਆਂ ਬਟਾਲਾ, ਕਾਦੀਆਂ, ਸ੍ਰੀ ਹਰਗੋਬਿੰਦਪੁਰ ਸਾਹਿਬ, ਫਤਿਹਗੜ੍ਹ ਚੂੜੀਆਂ, ਡੇਰਾ ਬਾਬਾ ਨਾਨਕ, ਗੁਰਦਾਸਪੁਰ ਅਤੇ ਦੀਨਾਨਗਰ ਵਿਖੇ ਐਸ ਆਈ ਆਰ ਸਬੰਧੀ ਬੀ ਐਲ ਓਜ਼ ਅਤੇ ਬਲਾਕ ਲੈਵਲ ਏਜੰਟਾਂ (ਬੀਐਲਏਜ਼) ਨੂੰ ਸਿਖਲਾਈ ਪ੍ਰਦਾਨ ਕੀਤੀ ਗਈ ਹੈ। ਐਸ ਆਈ ਆਰ ਦੀ ਟ੍ਰੇਨਿੰਗ ਸਬੰਧੀ ਆਰ ਡੀ ਖੋਸਲਾ ਸਕੂਲ ਬਟਾਲਾ ਵਿਖੇ ਬੀ ਐਲ ਓਜ਼ ਦੇ ਦੂਸਰੇ ਬੈਚ ਦੀ ਟ੍ਰੇਨਿੰਗ ਇਲੈਕਸ਼ਨ ਇੰਚਾਰਜ ਸ੍ਰੀ ਹਰਗੋਬਿੰਦਪੁਰ ਸਾਹਿਬ ਪ੍ਰਿੰਸੀਪਲ ਲਖਵਿੰਦਰ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਨੇ ਤਨਦੇਹੀ ਨਾਲ ਕਰਵਾਈ ।ਐਸ ਆਈ ਆਰ ਦੀ ਟ੍ਰੇਨਿੰਗ ਵਿੱਚ ਸਬ ਡਿਵੀਜ਼ਨਲ ਮੈਜਿਸਟਰੇਟ ਸ੍ਰੀ ਸਾਰੰਗਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਇਸ ਮੌਕੇ ਸਟੈਨੋ ਰਾਜਵਿੰਦਰ ਸਿੰਘ, ਬੀ ਐਨ ਓ ਮਨਪ੍ਰੀਤ ਸਿੰਘ, ਡੀ ਐਲ ਐਮ ਟੀ ਗੁਰਮੁਖ ਸਿੰਘ, ਸੁਖਦੇਵ ਸਿੰਘ, ਪਰਮਿੰਦਰ ਸਿੰਘ, ਮਨੀਸ਼ , ਵਰਿੰਦਰ ਸਿੰਘ, ਗੁਰਸਿਮਰ ਪ੍ਰੀਤ ਸਿੰਘ, ਰਛਪਾਲ ਸਿੰਘ ਹਾਜ਼ਰ ਸਨ।

ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

ਚੋਹਲਾ ਸਾਹਿਬ (ਰਮਨ ਚੱਢਾ)- ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚੋਹਲਾ ਸਾਹਿਬ ਵਿਖੇ ਨੌਜਵਾਨਾਂ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਹੈ। ਚੋਹਲਾ ਸਾਹਿਬ ਵਿਖੇ ਨੌਜਵਾਨ ਦੁਕਾਨਦਾਰਾਂ ਲਵ ਸਿੰਘ,ਮਨਪ੍ਰੀਤ ਸਿੰਘ, ਮੋਹਨ ਸਿੰਘ, ਕਾਲਾ ਸਿੰਘ, ਮਨਦੀਪ ਸਿੰਘ ਕਾਲੂ, ਨਵਜੋਤ ਸਿੰਘ, ਸ਼ਮਸ਼ੇਰ ਸਿੰਘ,ਸੁਖਦੇਵ ਸਿੰਘ,ਬਲਵਿੰਦਰ ਸਿੰਘ ਆਦਿ ਨੇ ਸਾਰਾ ਦਿਨ ਸੇਵਾ ਕੀਤੀ ਅਤੇ ਰਾਹਗੀਰਾਂ ਨੂੰ ਤਪਦੀ ਗਰਮੀਂ ਤੋਂ ਰਾਹਤ ਦੇਣ ਲਈ ਠੰਡੇ ਮਿੱਠੇ ਜਲ ਦੀ ਛਬੀਲ ਛਕਾਈ।



ਗੁਰਦੁਆਰਾ ਕਿਲ੍ਹਾ ਸਾਹਿਬ ਠੱਠਗੜ ਵਿਖੇ ਪੰਚਮੀ ਦਾ ਦਿਹਾੜਾ ਅੱਜ

ਝਬਾਲ (ਹਰਜਿੰਦਰ ਸਿੰਘ ਸੋਨੀ)- ਤੀਸਰੇ ਪਾਤਸ਼ਾਹ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਅਮਰਦਾਸ ਜੀ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਕਿਲਾ ਸਾਹਿਬ ਪਿੰਡ ਠੱਠਗੜ ਨੇੜੇ ਝਬਾਲ ਜ਼ਿਲਾ ਤਰਨਤਾਰਨ ਵਿਖੇ ਪੰਚਮੀ ਦਾ ਦਿਹਾੜਾ 19 ਜੂਨ ਸ਼ੁੱਕਰਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਇਸ ਸੰਬਧੀ ਜਾਣਕਾਰੀ ਦਿੰਦਿਆਂ ਬਾਬਾ ਸੁੱਧ ਸਿੰਘ ਟੂਸੇ ਮਾਛੀਵਾੜਾ ਸਾਹਿਬ ਲੰਗਰਾਂ ਵਾਲਿਆਂ ਨੇ ਦੱਸਿਆ ਕਿ ਰਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਵਿੱਚ ਰਾਗੀ ਢਾਡੀ ਤੇ ਕਵੀਸ਼ਰੀ ਜਥੇ ਗੁਰੂ ਜੱਸ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।ਇਸ ਮੌਕੇ ਸੰਗਤਾਂ ਲਈ ਠੰਢੇ ਮਿੱਠੇ ਜਲ ਦੀ ਛਬੀਲ ਤੇ ਵੱਖ ਵੱਖ ਪਕਵਾਨਾਂ ਦੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ। ਇਸ ਮੌਕੇ ਬਾਬਾ ਸਰਬਜੀਤ ਸਿੰਘ, ਬਾਬਾ ਸਤਵੰਤ ਸਿੰਘ ਸਮੇਤ ਹੋਰ ਸੇਵਾਦਾਰ ਵੀ ਮੌਜੂਦ ਸਨ।

ਨਵ ਨਿਯੁਕਤ ਤਹਿਸੀਲਦਾਰ ਅਰਚਨਾ ਸ਼ਰਮਾ ਨੇ ਅਹੁਦਾ ਸੰਭਾਲਿਆ

ਤਰਨ ਤਾਰਨ (ਪ੍ਰਿਤਪਾਲ ਸਿੰਘ) - ਤਰਨ ਤਾਰਨ ਵਿਖੇ ਨਵ-ਨਿਯੁਕਤ ਤਹਿਸੀਲ ਅਰਚਨਾ ਸ਼ਰਮਾ ਨੇ ਆਪਣੇ ਅਹੁਦੇ ਦਾ ਕਾਰਜਭਾਰ ਸੰਭਾਲ ਲਿਆ। ਇਸ ਮੌਕੇ ਤਹਿਸੀਲ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਅਤੇ ਭਰਵਾਂ ਸਵਾਗਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਉਹ ਆਪਣੇ ਆਪ ਨੂੰ ਬਹੁਤ ਖੁਸ਼ਕਿਸਮਤ ਸਮਝਦੇ ਹਨ ਕਿ ਉਨ੍ਹਾਂ ਨੂੰ ਮੁੜ ਤੋਂ ਪੰਜਵੀਂ ਪਾਤਸ਼ਾਹੀ ਗੁਰੂ ਅਰਜਨ ਦੇਵ ਜੀ ਦੀ ਵਸਾਈ ਹੋਈ ਪਵਿੱਤਰ ਨਗਰੀ ਤਾਰਨ ਤਾਰਨ ਸਾਹਿਬ ਵਿੱਚ ਸੇਵਾਵਾਂ ਨਿਭਾਉਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਤਰਨ ਤਾਰਨ ਨਾਲ ਉਨ੍ਹਾਂ ਦਾ ਪਹਿਲਾਂ ਤੋਂ ਹੀ ਵਿਸ਼ੇਸ਼ ਲਗਾਅ ਰਿਹਾ ਹੈ ਅਤੇ ਇਸ ਧਰਤੀ 'ਤੇ ਦੁਬਾਰਾ ਸੇਵਾ ਕਰਨਾ ਉਨ੍ਹਾਂ ਲਈ ਮਾਣ ਅਤੇ ਸੌਭਾਗ ਦੀ ਗੱਲ ਹੈ। ਉਨ੍ਹਾਂ ਨੇ ਦਫ਼ਤਰੀ ਕੰਮਕਾਜ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਰਜਿਸਟਰੀ ਕਲਰਕ ਅਭਿਸ਼ੇਕ ਸ਼ਰਮਾ, ਟੀ.ਏ. ਰਣਜੀਤ ਕੌਰ, ਆਰ.ਸੀ. ਜਸਪਾਲ ਸਿੰਘ, ਮਨੀਸ਼ ਕੁਮਾਰ, ਗੁਰਮੁਖ ਸਿੰਘ ਅਤੇ ਮਨਪ੍ਰੀਤ ਕੌਰ ਆਦਿ ਹਾਜ਼ਰ ਸਨ।

22 ਜੂਨ ਦੇ ਰੋਸ ਪ੍ਰਦਰਸ਼ਨ 'ਚ ਵੱਡੀ ਗਿਣਤੀ 'ਚ ਔਰਤਾਂ ਸ਼ਾਮਿਲ ਹੋਣਗੀਆਂ : ਭੈਲ

ਤਰਨ ਤਾਰਨ, ਖਡੂਰ ਸਾਹਿਬ (ਪ੍ਰਿਤਪਾਲ ਸਿੰਘ, ਸਰਬਜੋਤ ਸਿੰਘ ਸੰਧਾ)- ਬੇਸ਼ੁਮਾਰ ਵੱਧ ਰਹੀ ਮਹਿੰਗਾਈ,ਪੈਟਰੌਲ, ਡੀਜਲ, ਗੈਸ, ਦੀਆਂ ਵਧਦੀਆਂ ਕੀਮਤਾਂ ਖਿਲਾਫ ਆਰ ਐਮ ਪੀ ਆਈ ਵੱਲੋਂ 22 ਜੂਨ ਨੂੰ ਰੋਸ ਪ੍ਰਦਰਸ਼ਨ ਦੀਆਂ ਤਿਆਰੀਆਂ ਸਬੰਧੀ ਪਿੰਡ ਚੌਧਰੀ ਵਾਲਾ 'ਚ ਔਰਤਾਂ ਦੀ ਭਰਵੀਂ ਮੀਟਿੰਗ ਕੀਤੀ ਗਈ। ਮੀਟਿੰਗ ਨੂੰ ਆਰ ਐਮ ਪੀ ਆਈ ਦੇ ਤਹਿਸੀਲ ਪ੍ਰਧਾਨ ਬਲਦੇਵ ਸਿੰਘ ਭੈਲ ਨੇ ਬੋਲਦਿਆਂ ਕਿਹਾ ਕਿ ਭਾਜਪਾ ਦੀ ਮੋਦੀ ਦੀ ਕੇਂਦਰੀ ਸਰਕਾਰ ਦੀ ਸਾਮਰਾਜ ਪੱਖੀ ਵਿਦੇਸ਼ ਨੀਤੀ ਅਤੇ ਨਕਾਮੀਆਂ ਨੇ ਦੇਸ਼ ਨੂੰ ਆਰਥਿਕ ਕੰਗਾਲੀ ਵੱਲ ਧੱਕ ਦਿੱਤਾ ਹੈ । ਰੁਪਏ ਦੀ ਕੀਮਤ ਲਗਾਤਾਰ ਡਿੱਗ ਰਹੀ ਹੈ। ਮੋਦੀ ਸਰਕਾਰ ਕਾਰਪੋਰੇਟ ਮਿੱਤਰਾਂ ਦੇ ਮੁਨਾਫਿਆਂ ਲਈ ਅਤੇ ਆਪਣੀਆਂ ਨਕਾਮੀਆਂ 'ਤੇ ਪਰਦਾਪੋਸ਼ੀ ਕਰਕੇ ਸਾਰਾ ਭਾਰ ਆਮ ਲੋਕਾਂ ਉੱਪਰ ਪਾ ਰਹੀ ਹੈ । ਮਹਿੰਗਾਈ ਨੇ ਲੋਕਾਂ ਦਾ ਜਿਊਣਾ ਦੁੱਭਰ ਕੀਤਾ ਹੋਇਆ ਹੈ। ਰੂਸ ਅਤੇ ਹੋਰਨਾਂ ਦੇਸ਼ਾਂ ਤੋਂ ਸਸਤਾ ਕੱਚਾ ਤੇਲ ਲੈ ਕੇ ਲੱਖਾਂ ਕਰੋੜਾ ਦੇ ਮਨਾਫੇ ਕਮਾਉਣ ਵਾਲੀਆਂ ਕੰਪਨੀਆਂ ਨੂੰ ਘਾਟੇ ਦਾ ਰੌਲਾ ਪਾ ਕੇ ਲੋਕਾਂ ਨਾਲ ਗੁਮਰਾਹ ਕੁੰਨ ਝੂਠ ਬੋਲਿਆ ਜਾ ਰਿਹਾ ਹੈ। ਉਹਨਾਂ ਲੋਕਾਂ ਨੂੰ ਮਹਿੰਗਾਈ, ਬੇਰੋਜ਼ਗਾਰੀ ਅਤੇ ਰੋਜ ਦੀ ਹੋ ਰਹੀ ਖੱਜਲਖੁਆਰੀ ਖਿਲਾਫ ਸੰਘਰਸ਼ ਦੇ ਮੈਦਾਨ ਵਿੱਚ ਆਉਣ ਦਾ ਸੱਦਾ ਦਿੱਤਾ । ਇਸ ਮੌਕੇ ਕੰਮਲਜੀਤ ਕੌਰ, ਜੋਤੀ, ਪੂਜਾ, ਪ੍ਰਕਾਸ਼ ਕੌਰ, ਸੁਖਵਿੰਦਰ ਕੌਰ, ਕਸ਼ਮੀਰ ਕੌਰ, ਗੁਰਜੀਤ ਕੌਰ, ਸੁਭਕਰਨਜੀਤ ਕੌਰ ਆਦਿ ਹਾਜਰ ਸਨ।

ਭੱਠਾ ਮਜ਼ਦੂਰ ਨਵੇਂ ਰੇਟ ਲਾਗੂ ਕਰਵਾਉਣ ਲਈ ਕਰਨਗੇ ਰੋਸ ਪ੍ਰਦਰਸ਼ਨ

ਪਠਾਨਕੋਟ (ਦਵਿੰਦਰ ਸਿੰਘ)- ਜੇਕਰ ਦੋ-ਤਿੰਨ ਦਿਨਾਂ ਦੇ ਅੰਦਰ-ਅੰਦਰ ਭੱਠਾ ਮਾਲਕਾਂ ਨੇ ਭੱਠਾ ਮਜ਼ਦੂਰਾਂ ਲਈ ਨਵੇਂ ਰੇਟ ਲਾਗੂ ਨਾ ਕੀਤੇ ਤਾਂ ਭੱਠਾ ਮਜ਼ਦੂਰ ਜ਼ਿਲ੍ਹਾ ਹੈੱਡਕੁਆਰਟਰ ਮਲਕਪੁਰ ਵਿਖੇ ਪੰਜਾਬ ਭੱਠਾ ਲੇਬਰ ਯੂਨੀਅਨ ਸਬੰਧਤ ਸੀ ਟੀ ਯੂ ਪੰਜਾਬ ਦੀ ਅਗਵਾਈ ਹੇਠ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਏਗਾ। ਜ਼ਰੂਰਤ ਪੈਣ 'ਤੇ ਨਵੇਂ ਰੇਟ ਅਨੁਸਾਰ ਮਜ਼ਦੂਰੀ ਦੇਣ ਤੋਂ ਇਨਕਾਰ ਕਰਨ ਵਾਲੇ ਭੱਠਾ ਮਾਲਕਾਂ ਖਿਲਾਫ ਵੀ ਧਰਨਾ ਦਿੱਤਾ ਜਾਵੇਗਾ।ਪਿੰਡ ਅਲੀਖਾਂਹ, ਤੰਗੋਸ਼ਾਹ, ਪਰਮਾਨੰਦ, ਮਾੜੀ, ਜੰਗਲਾਂ, ਭਵਾਨੀ, ਚੌਹਾਨਾ ਤੇ ਘਰੋਟਾ ਏਰੀਏ ਦੇ ਭੱਠਾ ਮਜ਼ਦੂਰਾਂ ਨੇ ਪਿੰਡ ਮਾੜੀ ਨੇੜੇ ਵਿਸ਼ਾਲ ਇਕੱਠ ਕਰਕੇ ਫੈਸਲਾ ਕੀਤਾ ਕਿ ਜਦੋਂ ਤੱਕ 15 ਜੂਨ ਸੀਜ਼ਨ ਦੀ ਸਮਾਪਤੀ ਦਾ ਹਿਸਾਬ ਨਵੇਂ ਰੇਟ ਨਾਲ ਨਹੀਂ ਕੀਤਾ ਜਾਂਦਾ ਅੱਗੇ ਕੰਮ ਨਹੀਂ ਕਰਾਂਗੇ।ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਜਸਵੰਤ ਸਿੰਘ ਬੁੱਟਰ ਅਤੇ ਰਾਮਦਿਆਲ ਦੀ ਪ੍ਰਧਾਨਗੀ ਹੇਠ ਵਿਸ਼ਾਲ ਇਕੱਠ ਨੂੰ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਸ਼ਿਵ ਕੁਮਾਰ, ਸੀ ਟੀ ਯੂ ਪੰਜਾਬ ਮੀਤ ਪ੍ਰਧਾਨ ਕਾਮਰੇਡ ਧਿਆਨ ਸਿੰਘ ਠਾਕੁਰ, ਜਸਵੰਤ ਸਿੰਘ ਬੁੱਟਰ ਅਤੇ ਯੂਨੀਅਨ ਦੇ ਜਾਇੰਟ ਸਕੱਤਰ ਮਨਹਰਨ ਨੇ ਸਾਂਝੇ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਗਰਮੀ ਦੇ ਸੀਜ਼ਨ ਵਿੱਚ ਕੀਤੇ ਕੰਮ ਦੀ ਮਜ਼ਦੂਰੀ ਮਾਰਚ ਅਪ੍ਰੈਲ 987 ਰੁਪਏ ਅਤੇ ਪਹਿਲੀ ਮਈ ਤੋਂ ਬਾਅਦ ਹੁਣ ਤੱਕ ਕੀਤੇ ਕੰਮ ਦੀ ਮਜ਼ਦੂਰੀ 1138 ਰੁਪਏ ਨਿਸ਼ਚਿਤ ਰੇਟ ਤਹਿਤ ਦਿਵਾਉਣ ਲਈ ਲੋੜ ਅਨੁਸਾਰ ਪੱਕਾ ਧਰਨਾ-ਪ੍ਰਦਰਸ਼ਨ ਵੀ ਕੀਤਾ ਜਾਵੇ ਜਿਸਦੀ ਸਾਰੀ ਜ਼ਿੰਮੇਵਾਰੀ ਭੱਠਾ ਮਾਲਕਾਂ ਤੇ ਜ਼ਿਲ੍ਹਾ ਪ੍ਰਸ਼ਾਸਨ ਪਠਾਨਕੋਟ ਦੀ ਹੋਵੇਗੀ।ਕੁੱਝ ਭੱਠਾ ਮਾਲਕ ਮਜ਼ਦੂਰਾਂ ਦੇ ਖਾਤਿਆਂ ਵਿੱਚ ਪੈਸੇ ਪਾ ਕੇ ਕੁੱਝ ਅਖੌਤੀ ਲੀਡਰਾਂ ਨੂੰ ਦੇ ਰਹੇ ਹਨ ਜਿਹੜੇ ਲੋੜ ਪੈਣ 'ਤੇ ਘੱਟ ਰੇਟ ਨਾਲ ਹਿਸਾਬ ਕਰਾਕੇ ਮਾਲਕਾਂ ਦੀ ਮਦਦ ਕਰਦੇ ਹਨ ।ਮਜ਼ਦੂਰਾਂ ਵਿੱਚ ਇਸ ਸਬੰਧੀ ਕਾਫੀ ਰੋਸ ਹੈ।ਜੇ ਕਿਸੇ ਭੱਠਾ ਮਾਲਕ ਨੇ ਮਜ਼ਦੂਰਾਂ ਦੇ ਖਾਤੇ ਵਿੱਚ ਪੈਸੇ ਪਾ ਕੇ ਕਿਸੇ ਵੀ ਯੂਨੀਅਨ ਦੇ ਆਗੂ ਨੂੰ ਦਿੱਤੇ ਤਾਂ ਉਨ੍ਹਾਂ ਪੈਸਿਆਂ ਦਾ ਸਿੱਧੇ ਤੌਰ ਤੇ ਭੱਠਾ ਮਾਲਕ ਜ਼ਿੰਮੇਵਾਰ ਹੋਵੇਗਾ।

ਮੁੜ ਜੀਵੰਤ ਹੋਇਆ ਇਤਿਹਾਸਕ ਕਾਦੀਆਂ-ਬਿਆਸ ਰੇਲ ਪ੍ਰੋਜੈਕਟ : ਰਵਨੀਤ ਸਿੰਘ ਬਿੱਟੂ

ਨਵੀਂ ਦਿੱਲੀ/ਚੰਡੀਗੜ੍ਹ/ਗੁਰਦਾਸਪੁਰ (ਨ ਜ ਸ)- ਪੰਜਾਬ ਦੇ ਮਾਝਾ ਖੇਤਰ ਲਈ ਇੱਕ ਇਤਿਹਾਸਕ ਉਪਲਬਧੀ ਵਜੋਂ ਭਾਰਤ ਸਰਕਾਰ ਨੇ ਲੰਬੇ ਸਮੇਂ ਤੋਂ ਲੰਬਿਤ ਕਾਦੀਆਂ-ਬਿਆਸ ਨਵੀਂ ਰੇਲ ਲਾਈਨ ਪ੍ਰੋਜੈਕਟ ਨੂੰ ਮੁੜ ਜੀਵੰਤ ਕਰ ਦਿੱਤਾ ਹੈ। ਰੇਲ ਭਵਨ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਰੇਲਵੇ ਅਤੇ ਖੁਰਾਕ ਪ੍ਰੋਸੈਸਿੰਗ ਉਦਯੋਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਇਸ ਮਹੱਤਵਪੂਰਨ ਪ੍ਰੋਜੈਕਟ ਲਈ ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਮਾਨਯੋਗ ਰੇਲ ਮੰਤਰੀ ਅਸ਼ਵਿਨੀ ਵੈਸ਼ਣਵ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਰੇਲਵੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਖੇਤਰੀ ਵਿਕਾਸ ਨੂੰ ਗਤੀ ਦੇਣ ਲਈ ਕੇਂਦਰ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਕਾਦੀਆਂ-ਬਿਆਸ ਰੇਲ ਲਿੰਕ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸ੍ਰੀ ਰਵਨੀਤ ਸਿੰਘ ਬਿੱਟੂ ਨੇ ਦੱਸਿਆ ਕਿ ਪ੍ਰਸਤਾਵਿਤ ਰੇਲ ਲਾਈਨ ਗੁਰਦਾਸਪੁਰ ਜ਼ਿਲ੍ਹੇ ਦੇ ਕਾਦੀਆਂ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਬਿਆਸ ਨਾਲ ਜੋੜੇਗੀ। ਲਗਭਗ 39.68 ਕਿਲੋਮੀਟਰ ਲੰਬੀ ਇਸ ਬ੍ਰਾਡ ਗੇਜ ਰੇਲ ਲਾਈਨ ਦੀ ਅਨੁਮਾਨਿਤ ਲਾਗਤ ਕਰੀਬ 1,400 ਕਰੋੜ ਹੈ। ਇਸ ਪ੍ਰੋਜੈਕਟ ਨੂੰ ਉੱਤਰੀ ਰੇਲਵੇ ਵੱਲੋਂ ਲਾਗੂ ਕੀਤਾ ਜਾਵੇਗਾ। ਪ੍ਰਸਤਾਵਿਤ ਰੇਲ ਮਾਰਗ ਕਾਦੀਆਂ, ਧਪਾਈ, ਘੁਮਾਣ, ਬੁਟਾਲਾ, ਸਠਿਆਲਾ ਅਤੇ ਬਿਆਸ ਵਰਗੇ ਮਹੱਤਵਪੂਰਨ ਕਸਬਿਆਂ ਅਤੇ ਪਿੰਡਾਂ ਵਿੱਚੋਂ ਲੰਘੇਗਾ। ਇਸ ਨਾਲ ਮਾਝਾ ਖੇਤਰ ਦੇ ਕਈ ਇਲਾਕਿਆਂ ਨੂੰ ਪਹਿਲੀ ਵਾਰ ਸਿੱਧੀ ਰੇਲ ਕਨੈਕਟੀਵਿਟੀ ਪ੍ਰਾਪਤ ਹੋਵੇਗੀ ਅਤੇ ਸਥਾਨਕ ਲੋਕਾਂ ਦੀ ਆਵਾਜਾਈ ਵਿੱਚ ਮਹੱਤਵਪੂਰਨ ਸੁਧਾਰ ਆਵੇਗਾ।

ਝੱਖੜ ਨਾਲ ਡਿੱਗੇ ਦਰੱਖਤਾਂ ਨੂੰ ਹਟਾਉਣ ਦੀ ਨਗਰ ਨਿਗਮ ਵੱਲੋਂ ਮੁਹਿੰਮ ਜਾਰੀ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਆਏ ਭਿਆਨਕ ਝੱਖੜ ਤੋਂ ਬਾਅਦ ਸ਼ੁਰੂ ਕੀਤੇ ਗਏ ਬਹਾਲੀ ਕਾਰਜਾਂ ਦੀ ਲੜੀ ਨੂੰ ਜਾਰੀ ਰੱਖਦਿਆਂ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਡਿੱਗੇ ਹੋਏ ਦਰੱਖਤਾਂ ਨੂੰ ਹਟਾਉਣ, ਨੁਕਸਾਨਗ੍ਰਸਤ ਟਾਹਣੀਆਂ ਦੀ ਸਫ਼ਾਈ ਕਰਨ ਅਤੇ ਜਨਤਕ ਥਾਵਾਂ ਨੂੰ ਮੁੜ ਸੁਚੱਜਾ ਬਣਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਬਾਗਬਾਨੀ ਵਿਭਾਗ ਵੱਲੋਂ ਸਕੱਤਰ-ਕਮ-ਇੰਚਾਰਜ ਬਾਗਬਾਨੀ ਸੁਸ਼ਾਂਤ ਭਾਟੀਆ ਦੀ ਨਿਗਰਾਨੀ ਹੇਠ ਚੌਵੀ ਘੰਟੇ ਕੰਮ ਕੀਤਾ ਜਾ ਰਿਹਾ ਹੈ। ਇਹ ਕਾਰਵਾਈ ਐੱਲਐੱਸਓ ਯਾਦਵਿੰਦਰ, ਜੇਈ ਰਘੁਨੰਦਨ ਅਤੇ ਜੇਈ ਨਟਵੰਤ ਦੀ ਅਗਵਾਈ ਹੇਠ ਬਾਗਬਾਨੀ ਵਿਭਾਗ ਦੀ ਮਿਹਨਤੀ ਟੀਮ ਵੱਲੋਂ ਕੀਤੀ ਜਾ ਰਹੀ ਹੈ।ਨਗਰ ਨਿਗਮ ਦੇ ਅਧੀਨ ਆਉਂਦੇ ਵੱਖ-ਵੱਖ ਇਲਾਕਿਆਂ ਵਿੱਚ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਹੈ ਤਾਂ ਜੋ ਤੂਫ਼ਾਨ ਕਾਰਨ ਪਏ ਮਲਬੇ ਨੂੰ ਜਲਦੀ ਹਟਾ ਕੇ ਆਮ ਹਾਲਾਤ ਬਹਾਲ ਕੀਤੇ ਜਾ ਸਕਣ। ਵਿਭਾਗ ਵੱਲੋਂ ਸੜਕਾਂ, ਪਾਰਕਾਂ, ਗ੍ਰੀਨ ਬੈਲਟਾਂ ਅਤੇ ਹੋਰ ਜਨਤਕ ਥਾਵਾਂ ਤੋਂ ਉਖੜੇ ਹੋਏ ਦਰੱਖਤਾਂ ਅਤੇ ਟੁੱਟੀਆਂ ਟਾਹਣੀਆਂ ਨੂੰ ਹਟਾਉਣ ਦਾ ਕੰਮ ਕੀਤਾ ਜਾ ਰਿਹਾ ਹੈ, ਜਿਸ ਨਾਲ ਆਵਾਜਾਈ ਸੁਚਾਰੂ ਬਣੀ ਰਹੇ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।ਉਨ੍ਹਾਂ ਸੰਵੇਦਨਸ਼ੀਲ ਖੇਤਰਾਂ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ, ਜਿੱਥੇ ਡਿੱਗੇ ਦਰੱਖਤਾਂ ਕਾਰਨ ਆਵਾਜਾਈ ਪ੍ਰਭਾਵਿਤ ਹੋਈ ਸੀ ਜਾਂ ਲੋਕਾਂ ਲਈ ਖ਼ਤਰਾ ਪੈਦਾ ਹੋ ਗਿਆ ਸੀ। ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਬਾਗਬਾਨੀ ਵਿਭਾਗ ਦੇ ਕਰਮਚਾਰੀਆਂ ਦੀ ਅਥਕ ਮਿਹਨਤ ਅਤੇ ਤੁਰੰਤ ਕਾਰਵਾਈ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਤੂਫ਼ਾਨ ਦੇ ਪ੍ਰਭਾਵ ਨੂੰ ਘਟਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।ਉਨ੍ਹਾਂ ਨੇ ਸ਼ਹਿਰ ਦੀ ਹਰਿਆਲੀ ਨੂੰ ਸੰਭਾਲਣ ਦੇ ਨਾਲ-ਨਾਲ ਨਾਗਰਿਕਾਂ ਦੀ ਸੁਰੱਖਿਆ ਅਤੇ ਸੁਵਿਧਾ ਨੂੰ ਯਕੀਨੀ ਬਣਾਉਣ ਲਈ ਨਿਗਮ ਦੀ ਵਚਨਬੱਧਤਾ ਨੂੰ ਦੁਹਰਾਇਆ।ਨਗਰ ਨਿਗਮ ਅੰਮ੍ਰਿਤਸਰ ਵੱਲੋਂ ਨਾਗਰਿਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਫ਼ੀਲਡ ਟੀਮਾਂ ਨਾਲ ਸਹਿਯੋਗ ਕਰਨ ਅਤੇ ਨੁਕਸਾਨਗ੍ਰਸਤ ਦਰੱਖਤਾਂ, ਬੰਦ ਹੋਈਆਂ ਸੜਕਾਂ ਜਾਂ ਤੂਫ਼ਾਨ ਨਾਲ ਸੰਬੰਧਿਤ ਕਿਸੇ ਵੀ ਖ਼ਤਰੇ ਬਾਰੇ ਤੁਰੰਤ ਸੰਬੰਧਿਤ ਅਧਿਕਾਰੀਆਂ ਨੂੰ ਜਾਣਕਾਰੀ ਦੇਣ ਤਾਂ ਜੋ ਸਮੇਂ ਸਿਰ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।

ਖਾਲਸਾ ਕਾਲਜ ਗੁਰਦਾਸ ਨੰਗਲ ਦੇ ਸਟਾਫ ਤੇ ਵਿਦਿਆਰਥੀਆਂ ਨੇ ਦਰਬਾਰ ਸਾਹਿਬ ਵਿਖੇ ਕੀਤੀ ਸੇਵਾ

ਧਾਰੀਵਾਲ, (ਮਨਦੀਪ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ, ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਪੂਰੀ ਤਨਦੇਹੀ ਨਾਲ ਵੱਖ-ਵੱਖ ਤਰ੍ਹਾਂ ਦੀ ਸੇਵਾ ਨਿਭਾਈ ਗਈ। ਕਾਲਜ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੂਨ ਮਹੀਨੇ ਦੀਆਂ ਛੁੱਟੀਆਂ ਦੌਰਾਨ ਅਜੋਕੀ ਨੌਜਵਾਨ ਪੀੜ੍ਹੀ ਨੂੰ ਆਪਣੇ ਧਰਮ, ਸਿੱਖੀ ਅਤੇ ਸੇਵਾ ਭਾਵਨਾ ਨਾਲ ਜੋੜਨ ਲਈ ਸ਼ਲਾਘਾਯੋਗ ਕਾਰਜ ਨੂੰ ਅਮਲ ਵਿੱਚ ਲਿਆਂਦਾ ਗਿਆ ਹੈ ਜਿਸ ਦੇ ਤਹਿਤ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਕੂਲਾਂ ਅਤੇ ਕਾਲਜਾਂ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਜੂਨ ਮਹੀਨੇ ਦੀਆਂ ਛੁੱਟੀਆਂ ਦੌਰਾਨ ਇਕ-ਇਕ ਦਿਨ ਦੀ ਸੇਵਾ ਸੌਂਪੀ ਗਈ ਹੈ। ਇਸ ਵਿਲੱਖਣ ਉਪਰਾਲੇ ਦੀ ਸਾਲਾਨਾ ਲੜੀ ਤਹਿਤ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਪੂਰੀ ਸ਼ਰਧਾ ਭਾਵਨਾ ਨਾਲ ਸੇਵਾ ਨਿਭਾਈ ਗਈ। ਇਸ ਮੌਕੇ ਉਨ੍ਹਾਂ ਨੇ ਸੰਗਤਾਂ ਨੂੰ ਜਲ ਛਕਾਉਣ, ਬਰਤਨ ਸਾਫ ਕਰਨ, ਸੰਗਤਾਂ ਨੂੰ ਅਰਾਮ ਨਾਲ ਬਿਠਾਉਣ, ਨਾਮ ਦਾ ਜਾਪ ਕਰਵਾਉਣ, ਸ਼ਾਂਤੀਪੂਰਵਕ ਬਾਣੀ ਸਰਵਣ ਕਰਨ ਦੀ ਬੇਨਤੀ ਕਰਨ ਆਦਿ ਵੱਖ-ਵੱਖ ਤਰ੍ਹਾਂ ਦੀ ਸੇਵਾ ਕੀਤੀ। ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਇਸ ਨਿਵੇਕਲੀ ਕੋਸ਼ਿਸ਼ ਨੂੰ ਇਕ ਸ਼ਲਾਘਾਯੋਗ ਕਦਮ ਦੱਸਦਿਆਂ ਕਿਹਾ ਸਮੇਂ ਦੀ ਲੋੜ ਅਨੁਸਾਰ ਨੌਜਵਾਨ ਵਰਗ ਨੂੰ ਆਪਣੇ ਧਰਮ, ਵਿਰਸ਼ੇ ਅਤੇ ਆਪਣੀਆਂ ਜੜ੍ਹਾਂ ਨਾਲ ਜੋੜਨ ਲਈ ਇਹ ਉਪਰਾਲਾ ਕਾਰਗਰ ਸਾਬਤ ਹੋਵੇਗਾ। ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਵਿੱਦਿਆ ਸਕੱਤਰ ਇੰਜੀ. ਸੁਖਮਿੰਦਰ ਸਿੰਘ ਦੀ ਦੂਰ-ਅੰਦੇਸ਼ੀ ਸੋਚ ਦੀ ਸ਼ਲਾਘਾ ਕਰਦੇ ਹੋਏ ਕਿਹਾ ਅਜਿਹੀਆਂ ਸ਼ਖਸੀਅਤਾਂ ਕੌਮ ਦੀਆਂ ਅਸਲ ਵਾਰਿਸ ਹਨ ਜੋ ਧਰਮ ਅਤੇ ਕੌਮ ਦੇ ਹੱਕ ਵਿੱਚ ਇਤਿਹਾਸਕ ਫੈਸਲੇ ਲੈ ਕੇ ਨਵਾਂ ਇਤਿਹਾਸ ਸਿਰਜਦੀਆਂ ਹਨ। ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਸੰਗਤਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।

ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਦਿਹਾੜੇ 'ਤੇ ਧਾਰਮਿਕ ਸਮਾਗਮ

ਭਲਾਣ (ਹਰਭਜਨ ਸਿੰਘ ਢਿੱਲੋਂ)- ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਪਿੰਡ ਮਹਿਲਵਾਂ ਵਿਖੇ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ 420 ਵੇਂ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਉਣ ਉਪਰੰਤ ਸਾਲਾਨਾ ਧਾਰਮਿਕ ਸਮਾਗਮ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਸਮਾਗਮ ਦੌਰਾਨ ਭਾਈ ਰਜਿੰਦਰ ਸਿੰਘ, ਬਾਬਾ ਅਵਤਾਰ ਸਿੰਘ ਸਹਿਜੋਵਾਲ ਵਾਲਿਆਂ ਦੇ ਜਥੇ ਨੇ ਗੁਰਬਾਣੀ ਕੀਰਤਨ ਅਤੇ ਕਥਾ-ਵਿਚਾਰਾਂ ਰਾਹੀਂ ਸੰਗਤ ਨੂੰ ਨਿਹਾਲ ਕੀਤਾ। ਉਨ੍ਹਾਂ ਨੇ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸੰਗਤ ਨੂੰ ਗੁਰੂ ਸਾਹਿਬ ਦੇ ਉੱਚੇ ਆਦਰਸ਼ਾਂ ਅਤੇ ਕੁਰਬਾਨੀ ਤੋਂ ਸੇਧ ਲੈਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਸੰਗਤਾਂ ਨੇ ਗੁਰੂ ਘਰ ਵਿੱਚ ਨਤਮਸਤਕ ਹੋ ਕੇ ਕੀਰਤਨ ਅਤੇ ਕਥਾ ਦਾ ਆਨੰਦ ਮਾਣਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਮਾਸਟਰ ਸੋਹਣ ਸਿੰਘ ਚਾਹਲ ਦੇ ਸਮੂਹ ਪਰਵਾਰ ਨੇ ਸਮਾਗਮ ਵਿੱਚ ਪਹੁੰਚਣ ਵਾਲੀਆਂ ਸਮੂਹ ਸੰਗਤਾਂ ਅਤੇ ਸਹਿਯੋਗ ਦੇਣ ਵਾਲੇ ਦਾਨੀ ਸੱਜਣਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜਿਹੇ ਧਾਰਮਿਕ ਸਮਾਗਮ ਕਰਵਾਉਣ ਦਾ ਭਰੋਸਾ ਦਿੱਤਾ।



ਅਕਾਲੀ ਆਗੂ ਗੁਰਦਿਆਲ ਸਿੰਘ ਸੈਕਟਰੀ ਚੋਹਲਾ ਸਾਹਿਬ ਦਾ ਦੇਹਾਂਤ

ਚੋਹਲਾ ਸਾਹਿਬ (ਰਮਨ ਚੱਢਾ)- ਚੋਹਲਾ ਸਾਹਿਬ ਤੋਂ ਅਕਾਲੀ ਆਗੂ ਅਤੇ ਸ੍ ਰਣਜੀਤ ਸਿੰਘ ਬ੍ਰਹਮਪੁਰਾ ਦੇ ਨਜਦੀਕੀ ਸਾਥੀ ਜੱਥੇਦਾਰ ਸਤਨਾਮ ਸਿੰਘ ਚੋਹਲਾ ਸਾਹਿਬ ਦੇ ਸਾਥੀ ਸੈਕਟਰੀ ਗੁਰਦਿਆਲ ਸਿੰਘ ਦਾ ਐਕਸੀਡੈਂਟ ਵਿਚ ਦਿਹਾਤ ਹੋ ਗਿਆ ਉਹਨਾਂ ਦੀ ਮੌਤ ਨਾਲ ਜਿੱਥੇ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ ਉਥੇ ਅਕਾਲੀ ਦਲ ਨੂੰ ਵੀ ਨਾ ਪੂਰਿਆ ਜਾ ਸਕਣ ਵਾਲਾ ਨੁਕਸਾਨ ਹੋਇਆ ਹੈ। ਇਸ ਮੌਕੇ ਪਰਿਵਾਰ ਨਾਲ ਸ੍ ਰਵਿੰਦਰ ਸਿੰਘ ਬ੍ਰਹਮਪੁਰਾ, ਸਤਨਾਮ ਸਿੰਘ ਚੋਹਲਾ ਸਾਹਿਬ, ਅਮਰੀਕ ਸਿੰਘ ਸਰਪੰਚ, ਦਲਬੀਰ ਸਿੰਘ ਸਰਪੰਚ, ਡਾ ਜਤਿੰਦਰ ਸਿੰਘ, ਹਰਜਿੰਦਰ ਸਿੰਘ ਬਾਦਸਾਹ, ਸਵਰਨ ਸਿੰਘ ਮੁਨੀਮ, ਬਬਲੂ ਮੁਨੀਮ, ਗੁਰਦੇਵ ਸਿੰਘ ਸੱਬਦੀ,ਬੱਲੀ ਸਿੰਘ ਪ੍ਰਧਾਨ, ਸਾਧਾ ਸਿੰਘ ਪ੍ਰਧਾਨ, ਗੁਰਪ੍ਰੀਤ ਸਿੰਘ ਗੋਪੀ, ਰਾਜੂ ਸਿੰਘ, ਪਵਨ ਪੰਛੀ ਇਸਪੈਕਟਰ ਮਾਰਕਫੈਡ , ਸੁਖਦੇਵ ਸਿੰਘ ਆੜਤੀਆ ਦੇਬਾ ਸ਼ਾਹ ਵੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

ਬੂਥ ਲੈਵਲ ਅ.ਫਸਰਾਂ ਨੂੰ ਐੱਸ ਆਈ ਆਰ ਸਬੰਧੀ ਸਿਖਲਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.-2026) ਤਹਿਤ ਸਮੂਹ ਬੂਥ ਲੈਵਲ ਅਫ਼ਸਰਾਂ ਦੀ ਸਿਖਲਾਈ ਮੁਹਿੰਮ ਦੇ ਤਹਿਤ ਵਿਧਾਨ ਸਭਾ ਹਲਕਾ 020-ਅਟਾਰੀ (ਅ.ਜ.) ਦੇ ਬੂਥ ਲੈਵਲ ਅਫ਼ਸਰਾਂ ਦੀ ਟ੍ਰੇਨਿੰਗ ਆਡੀਟੋਰੀਅਮ ਹਾਲ, ਬੀ.ਬੀ.ਕੇ. ਡੀ.ਏ.ਵੀ. ਕਾਲਜ ਲਾਰੰਸ ਰੋਡ ਅੰਮ੍ਰਿਤਸਰ ਵਿਖੇ ਕਰਵਾਈ ਗਈ। ਇਹ ਟ੍ਰੇਨਿੰਗ ਗੁਰਮੰਦਰ ਸਿੰਘ ਮਨੇਸ, ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ, 20-ਅਟਾਰੀ (ਅ.ਜ.) ਵਿਧਾਨ ਸਭਾ ਚੋਣ ਹਲਕਾ-ਕਮ-ਉਪ ਮੰਡਲ ਮੈਜਿਸਟ੍ਰੇਟ, ਅੰਮ੍ਰਿਤਸਰ-2 ਦੀ ਅਗਵਾਈ ਅਤੇ ਦੇਖ-ਰੇਖ ਹੇਠ ਸੰਪੰਨ ਹੋਈ। ਟ੍ਰੇਨਿੰਗ ਵਿੱਚ 198 ਬੂਥ ਲੈਵਲ ਅਫ਼ਸਰਾਂ, 20 ਸੈਕਟਰ ਅਫ਼ਸਰਾਂ, 17 ਅਸੈਂਬਲੀ ਲੈਵਲ ਮਾਸਟਰ ਟ੍ਰੇਨਰਾਂ ਅਤੇ ਵੱਖ-ਵੱਖ ਟੀਮਾਂ ਦੇ ਨੋਡਲ ਅਧਿਕਾਰੀਆਂ ਨੇ ਭਾਗ ਲਿਆ। ਟ੍ਰੇਨਿੰਗ ਦੌਰਾਨ ਅਸੈਂਬਲੀ ਲੈਵਲ ਮਾਸਟਰ ਟ੍ਰੇਨਰਾਂ ਵੱਲੋਂ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐੱਸ.ਆਈ.ਆਰ. ਪ੍ਰਕਿਰਿਆ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਹਰਜੀਤ ਕੌਰ, ਚੋਣ ਕਾਨੂੰਗੋ, ਸੁਖਪਾਲ ਸਿੰਘ (ਐਚ.ਡੀ.ਓ.), ਮਨਦੀਪ ਕੁਮਾਰ (ਕੰਪਿਊਟਰ ਫੈਕਲਟੀ), ਅੰਮ੍ਰਿਤਪਾਲ ਸਿੰਘ (ਕੰਪਿਊਟਰ ਫੈਕਲਟੀ), ਅਮਨਦੀਪ ਸਿੰਘ (ਲੈਕਚਰਾਰ), ਪਰਮਿੰਦਰ ਸਿੰਘ (ਲੈਕਚਰਾਰ), ਸਿਮਰਨਦੀਪ ਸਿੰਘ (ਐਸ.ਡੀ.ਓ.), ਹਰਪ੍ਰੀਤ ਸਿੰਘ (ਏ.ਈ.ਓ.), ਅਜੈ ਕੁਮਾਰ (ਪ੍ਰਿੰਸੀਪਲ), ਕੁਲਵਿੰਦਰ ਸਿੰਘ (ਲੈਕਚਰਾਰ) ਅਤੇ ਮਨਦੀਪ ਸਿੰਘ (ਏ.ਡੀ.ਓ.) ਨੇ ਮਾਸਟਰ ਟ੍ਰੇਨਰਾਂ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ। ਗੁਰਮੰਦਰ ਸਿੰਘ ਮਨੇਸ ਨੇ ਟ੍ਰੇਨਿੰਗ ਦੌਰਾਨ ਬੀ.ਐਲ.ਓਜ਼ ਨੂੰ ਨਿਰਦੇਸ਼ ਦਿੱਤੇ ਕਿ ਉਹ ਘਰ-ਘਰ ਜਾ ਕੇ ਤੱਥਾਂ ਦੀ ਪੁਸ਼ਟੀ ਕਰਨ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪੂਰੀ ਪਾਲਣਾ ਯਕੀਨੀ ਬਣਾਉਣ। ਇਸ ਮੌਕੇ ਟ੍ਰੇਨਿੰਗ ਸਬੰਧੀ ਸਮੂਹ ਪ੍ਰਬੰਧ ਹਰਜੀਤ ਕੌਰ, ਚੋਣ ਕਾਨੂੰਗੋ ਵੱਲੋਂ ਸੁਚਾਰੂ ਢੰਗ ਨਾਲ ਕੀਤੇ ਗਏ।

ਭਜਨ ਦੀ ਸੁਰੀਲੀ ਪੇਸ਼ਕਾਰੀ ਨੇ ਸ਼ਰਧਾਲੂਆਂ ਨੂੰ ਮੰਤਰ-ਮੁਗਧ ਕੀਤਾ

ਅੰਮ੍ਰਿਤਸਰ (ਅਰੋੜਾ) - ਸ਼ੇਰਸ਼ਾਹ ਸੂਰੀ ਮਾਰਗ ਵਿਖੇ ਸਥਿਤ ਠਾਕੁਰਦੁਆਰਾ ਗੋਵਿੰਦਪੁਰਾ ਵਿਖੇ ਸ਼੍ਰੀਮਦ ਭਾਗਵਤ ਪੁਰਾਣ ਕਥਾ ਦੀ ਚੌਥਾ ਦਿਨ ਸੀ। ਵ੍ਰਿੰਦਾਵਨ ਤੋਂ ਕਥਾਵਾਚਕ ਸ਼੍ਰੀ ਮਾਧਵ ਕ੍ਰਿਸ਼ਨ ਭਾਰਦਵਾਜ ਨੇ ਸ਼ਰਧਾਲੂਆਂ ਨੂੰ ਸ਼੍ਰੀਮਦ ਭਾਗਵਤ ਪੁਰਾਣ ਦੀ ਮਹੱਤਤਾ ਅਤੇ ਸਾਡੇ ਜੀਵਨ ਵਿੱਚ ਬ੍ਰਹਮ ਨਾਮ ਦੇ ਜਾਪ ਬਾਰੇ ਵਿਸਥਾਰ ਵਿੱਚ ਦੱਸਿਆ। ਉਨ੍ਹਾਂ ਨੇ ਭਗਤ ਪ੍ਰਹਿਲਾਦ ਰਿਸ਼ੀ ਦੁਰਵਾਸਾ ਅਤੇ ਸਮੁੰਦਰ ਮੰਥਨ ਦੇ ਇਤਹਾਸ ਬਾਰੇ ਵੀ ਵਿਸਥਾਰ ਵਿੱਚ ਦੱਸਿਆ। ਇਸ ਤੋਂ ਇਲਾਵਾ ਨੰਦ ਮਹੋਤਸਵ ਮਨਾਇਆ ਗਿਆ। ਨਾਲ ਆਏ ਭਗਤੀ ਗਾਇਕਾਂ ਨੇ ਸੁੰਦਰ ਭਜਨਾਂ ਦੀ ਆਪਣੀ ਸੁਰੀਲੀ ਪੇਸ਼ਕਾਰੀ ਨਾਲ ਸਾਰੇ ਸ਼ਰਧਾਲੂਆ ਨੂੰ ਮੰਤਰਮੁਗਧ ਕਰ ਦਿੱਤਾ। ਇਹ ਕਥਾ 21 ਜੂਨ ਤੱਕ ਠਾਕੁਰਦੁਆਰਾ ਗੋਵਿੰਦਪੁਰਾ ਵਿਖੇ ਰੋਜਾਨਾ ਸ਼ਾਮ 3:00 ਵਜੇ ਤੋਂ ਸ਼ਾਮ 6:00 ਵਜੇ ਤੱਕ ਜਾਰੀ ਰਹੇਗੀ। ਡਾ. ਰਾਕੇਸ਼ ਸ਼ਰਮਾ, ਡਾ.ਰਜਨੀਸ਼ ਸ਼ਰਮਾ, ਡਾ. ਅਸ਼ੀਸ਼ ਸ਼ਰਮਾ, ਡਾ. ਚੇਤਨਾ ਸ਼ਰਮਾ, ਸ਼੍ਰੀ ਕਰਨ ਪੁਰੀ, ਡਾ. ਗੋਪਿੰਦਰ ਸ਼ਰਮਾ, ਸ਼੍ਰੀ ਕੇਵਲ ਕ੍ਰਿਸ਼ਨ ਸ਼ਰਮਾ, ਸ਼੍ਰੀ ਯਸ਼ਪਾਲ ਸ਼ਰਮਾ, ਜੋਤੀ ਸ਼ਰਮਾ, ਸ਼੍ਰੀ ਸੁਮਨ ਸ਼ਰਮਾ, ਪ੍ਰਿਆ ਸ਼ਰਮਾ, ਸ਼੍ਰੀ ਸੁਸ਼ੀਲ ਦੇਵਗਨ, ਸ਼੍ਰੀ ਜਗਮੋਹਨ ਰਾਜਪੂਤ, ਐਡਵੋਕੇਟ ਮਨਮੋਹਨ ਸ਼ਰਮਾ, ਸ਼੍ਰੀ ਵਿਪਨ ਪੁਰੀ, ਸ਼੍ਰੀ ਚੰਦਰ ਸ਼ਰਮਾ, ਸ਼੍ਰੀ ਤਰਲੋਚਨ ਸ਼ਰਮਾ, ਜੇ.ਪੀ. ਸਲਵਾਨ, ਗਊ ਸੇਵਕ ਅਵਨ ਪਰਾਸ਼ਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜਰ ਹਨ। ਪ੍ਰੋਗਰਾਮ ਦੇ ਅੰਤ ਵਿੱਚ ਪੰਡਿਤ ਮੁਰਾਰੀ ਲਾਲ ਅਤੇ ਸ਼੍ਰੀ ਦਿਨੇਸ਼ ਸ਼ਰਮਾ ਨੇ ਹਾਜਰ ਸ਼ਰਧਾਲੂਆ ਦਾ ਧੰਨਵਾਦ ਕੀਤਾ।

ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਛਬੀਲ ਤੇ ਪ੍ਰਸ਼ਾਦ ਦਾ ਲੰਗਰ ਲਗਾਇਆ

ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)- ਵਾਰਡ ਨੰਬਰ 13 ਦੇ ਸਿਆਣ ਪਰਵਾਰ ਵੱਲੋਂ ਮੁੱਖ ਰੂਪ ਵਿੱਚ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕੇ ਪ੍ਰਸ਼ਾਦ ਦੇ ਲੰਗਰ ਦੀ ਸੇਵਾ ਬੜੀ ਸ਼ਰਧਾ ਭਾਵਨਾ ਨਾਲ ਕਰਵਾਈ ਗਈ। ਇਸ ਧਾਰਮਿਕ ਸਮਾਗਮ ਦੀ ਸ਼ੁਰੂਆਤ ਮੌਕੇ ਗੁਰਦੁਆਰਾ ਨਾਨਕ ਨਿਰਵੈਰ ਸੱਚਖੰਡ ਧਾਮ ਰੋਲੂ ਕਲੋਨੀ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਬਾਬਾ ਹਰਜਿੰਦਰ ਸਿੰਘ ਬਰਾੜ ਵੱਲੋਂ ਇਲਾਹੀ ਬਾਣੀ ਦਾ ਜਾਪ ਕੀਤਾ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਅਰਦਾਸ ਉਪਰੰਤ ਸੰਗਤਾਂ ਲਈ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਪ੍ਰਸ਼ਾਦ ਵਰਤਾਉਣ ਦੀ ਸੇਵਾ ਸ਼ੁਰੂ ਕੀਤੀ ਗਈ। ਇਸ ਸੇਵਾ ਕਾਰਜ ਵਿੱਚ ਨਗਰ ਕੌਂਸਲ ਦੇ ਉਪ ਪ੍ਰਧਾਨ ਹਰਵਿੰਦਰ ਕੌਰ ਸਿਆਣ, ਜਸਵਿੰਦਰ ਸਿੰਘ ਸਿਆਣ, ਸੋਨੂ ਸਿਆਣ ਆਸਟਰੇਲੀਆ, ਤਰਨਪ੍ਰੀਤ ਸਿਆਣ ਕਨੇਡਾ, ਸਿਮਰਨਜੀਤ ਕੌਰ ਸਿਆਣ, ਸੰਦੀਪ ਕੌਰ ਸਿਆਣ ਅਤੇ ਕੁਲਵਿੰਦਰ ਸਿੰਘ ਸਿਆਣ ਨੇ ਪਰਿਵਾਰ ਸਮੇਤ ਵਿਸ਼ੇਸ਼ ਤੌਰ 'ਤੇ ਇਸ ਧਾਰਮਿਕ ਕਾਰਜ ਵਿੱਚ ਸਿਆਸੀ, ਸਮਾਜਿਕ ਅਤੇ ਇਲਾਕੇ ਦੀਆਂ ਕਈ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ।



ਪੰਜਵੀਂ ਪਾਤਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਵਸ ਮਨਾਇਆ ਗਿਆ ।ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਕਾਹਨੂੰਵਾਨ ਰੋਡ ਸ਼ਾਸਤਰੀ ਨਗਰ ਬਟਾਲਾ ਵਿਖੇ ਅਖੰਡ ਪਾਠ ਦੇ ਭੋਗ ਪਾਏ ਗਏ। ਇਸ ਤੋਂ ਬਾਅਦ ਸੰਗਤਾਂ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਲਾਈ ਗਈ। ਇਸ ਮੌਕੇ ਗੁਰਦੁਆਰਾ ਕਮੇਟੀ ਮੈਂਬਰ ਸੁਲੱਖਣ ਸਿੰਘ ਪ੍ਰਧਾਨ, ਪ੍ਰੀਤਮ ਸਿੰਘ, ਬਾਵਾ ਸਿੰਘ ਜਨਰਲ ਸਕੱਤਰ, ਸੁਵਿੰਦਰ ਪਾਲ ਸਿੰਘ ਕੈਸ਼ੀਅਰ, ਡਾਕਟਰ ਮਲਵਿੰਦਰ ਸਿੰਘ, ਹਰਪਾਲ ਸਿੰਘ ਮੀਤ ਪ੍ਰਧਾਨ, ਜੋਗਿੰਦਰ ਸਿੰਘ ਤੋਂ ਇਲਾਵਾ ਹੋਰ ਸੰਗਤਾਂ ਹਾਜ਼ਰ ਸਨ।

ਫੋਟੋ ਅਤੇ ਵੇਰਵਾ : ਡਾਕਟਰ ਮਲਵਿੰਦਰ ਸਿੰਘ, ਬਟਾਲਾ

ਨਵਾਂ ਜ਼ਮਾਨਾ
ਸ਼ੁੱਕਰਵਾਰ, 19 ਜੂਨ 2026

ਅਯੁੱਧਿਆ ਤੋਂ ਬਾਅਦ ਮਥੁਰਾ

ਅਯੁੱਧਿਆ ਵਿੱਚ ਰਾਮ ਮੰਦਰ ਨੂੰ ਮਿਲੇ ਦਾਨ ਦੀ ਦੁਰਵਰਤੋਂ ਅਤੇ ਧੋਖਾਧੜੀ ਨੂੰ ਲੈ ਕੇ ਚੱਲ ਰਿਹਾ ਵਿਵਾਦ ਅਜੇ ਸ਼ਾਂਤ ਹੀ ਨਹੀਂ ਹੋਇਆ ਕਿ ਮਥੁਰਾ ਦੇ ਸ੍ਰੀ ਕ੍ਰਿਸ਼ਨ ਜਨਮ ਭੂਮੀ ਮੰਦਰ ਤੋਂ ਇੱਕ ਵੱਡੀ ਚੋਰੀ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਸ੍ਰੀ ਕ੍ਰਿਸ਼ਨ ਜਨਮ ਭੂਮੀ ਮੁਕਤੀ ਅੰਦੋਲਨ ਦੇ ਮੁਖੀ ਅਤੇ ਇਸ ਮਾਮਲੇ ਦੇ ਮੁੱਖ ਸ਼ਿਕਾਇਤਕਰਤਾ ਪੰਡਤ ਦਿਨੇਸ਼ ਫਲਾਹਾਰੀ ਨੇ ਮੰਦਰ ਦੇ ਖਜ਼ਾਨੇ (ਤੋਸ਼ਾਖਾਨਾ) ਵਿੱਚੋਂ ਦਾਨ ਦੇ ਹਜ਼ਾਰਾਂ ਕਰੋੜ ਰੁਪਏ, ਸੋਨੇ ਅਤੇ ਚਾਂਦੀ ਦੇ ਗਹਿਣਿਆਂ ਅਤੇ ਕੀਮਤੀ ਸਾਮਾਨ ਦੀ ਚੋਰੀ ਦੇ ਗੰਭੀਰ ਦੋਸ਼ ਲਗਾਏ ਹਨ। ਉਸ ਨੇ ਯੂ ਪੀ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਇਸ ਮਾਮਲੇ ਦੀ ਤੁਰੰਤ ਸੀ ਬੀ ਆਈ ਜਾਂਚ ਦੀ ਮੰਗ ਕੀਤੀ ਹੈ।

ਮੀਡੀਆ ਰਿਪੋਰਟਾਂ ਮੁਤਾਬਕ ਜਦੋਂ ਮੰਦਰ ਦਾ ਇਤਿਹਾਸਕ ਖਜ਼ਾਨਾ ਹਾਲ ਹੀ ਵਿੱਚ ਕਈ ਦਹਾਕਿਆਂ ਬਾਅਦ ਖੋਲ੍ਹਿਆ ਗਿਆ ਸੀ ਤਾਂ ਅੰਦਰਲਾ ਦ੍ਰਿਸ਼ ਹੈਰਾਨ ਕਰਨ ਵਾਲਾ ਸੀ। ਖਜ਼ਾਨੇ ਦੀਆਂ ਤਿਜੌਰੀਆਂ ਪੂਰੀ ਤਰ੍ਹਾਂ ਖਾਲੀ ਸਨ ਅਤੇ ਭਾਰਤ ਤੇ ਵਿਦੇਸ਼ਾਂ ਦੇ ਰਾਜਿਆਂ ਅਤੇ ਸ਼ਰਧਾਲੂਆਂ ਵੱਲੋਂ ਦਾਨ ਕੀਤੇ ਗਏ ਕੀਮਤੀ ਹੀਰੇ, ਗਹਿਣੇ ਅਤੇ ਸੋਨੇ ਦੇ ਗਹਿਣਿਆਂ ਵਾਲੇ ਬਕਸੇ ਖਾਲੀ ਪਾਏ ਗਏ ਸਨ। ਇਸ ਤੋਂ ਇਲਾਵਾ ਮੰਦਰ ਦੀਆਂ ਬਹੁਤ ਸਾਰੀਆਂ ਚੱਲ ਅਤੇ ਅਚੱਲ ਜਾਇਦਾਦਾਂ ਦੇ ਮਹੱਤਵਪੂਰਨ ਦਸਤਾਵੇਜ਼ ਵੀ ਰਹੱਸਮਈ ਢੰਗ ਨਾਲ ਗਾਇਬ ਸਨ। ਪੰਡਤ ਫਲਾਹਾਰੀ ਨੇ ਦੋਸ਼ ਲਗਾਇਆ ਹੈ ਕਿ ਸਨਾਤਨ ਧਰਮ ਦੇ ਪੈਰੋਕਾਰਾਂ ਨੇ ਆਪਣੀ ਮਿਹਨਤ ਦੀ ਕਮਾਈ ਅਤੇ ਅਥਾਹ ਸ਼ਰਧਾ ਨਾਲ ਭਗਵਾਨ ਦੇ ਚਰਨਾਂ ਵਿੱਚ ਹਜ਼ਾਰਾਂ ਕਰੋੜ ਰੁਪਏ ਦੇ ਗਹਿਣੇ ਅਤੇ ਜਾਇਦਾਦ ਦਾਨ ਕੀਤੀ ਸੀ, ਜਿਹੜੀ ਕੁਝ ਭ੍ਰਿਸ਼ਟ ਪ੍ਰਸ਼ਾਸਕਾਂ ਅਤੇ ਪ੍ਰਭਾਵਸ਼ਾਲੀ ਲੋਕਾਂ ਨੇ ਹੜੱਪ ਕਰ ਲਈ। ਹੋਰਨਾਂ ਸੰਤਾਂ ਨੇ ਵੀ ਚੇਤਾਵਨੀ ਦਿੱਤੀ ਹੈ ਕਿ ਜੇ ਇਸ ਮਾਮਲੇ 'ਤੇ ਤੁਰੰਤ ਸਖਤ ਕਾਰਵਾਈ ਨਾ ਕੀਤੀ ਗਈ ਅਤੇ ਦੋਸ਼ੀਆਂ ਵਿਰੁੱਧ ਕਾਰਵਾਈ ਨਾ ਕੀਤੀ ਗਈ ਤਾਂ ਉਹ ਪ੍ਰਸ਼ਾਸਨ ਵਿਰੁੱਧ ਮਰਨ ਵਰਤ ਅਤੇ ਭੁੱਖ ਹੜਤਾਲ ਕਰਨ ਲਈ ਮਜਬੂਰ ਹੋਣਗੇ। ਮਥੁਰਾ ਅਤੇ ਵ੍ਰਿੰਦਾਵਨ ਦੇ ਸੰਤਾਂ ਦਾ ਕਹਿਣਾ ਹੈ ਕਿ ਇਹ ਸਿਰਫ ਪੈਸੇ ਦੀ ਚੋਰੀ ਨਹੀਂ, ਸਗੋਂ ਲੱਖਾਂ ਸਨਾਤਨੀਆਂ ਦੀ ਅਟੁੱਟ ਆਸਥਾ ਨਾਲ ਘੋਰ ਵਿਸ਼ਵਾਸਘਾਤ ਹੈ।

ਇਸ ਤੋਂ ਪਹਿਲਾਂ ਵਿਰੋਧੀ ਪਾਰਟੀਆਂ ਅਤੇ ਕੁਝ ਸਥਾਨਕ ਸੰਤਾਂ ਨੇ ਅਯੁੱਧਿਆ ਵਿੱਚ ਰਾਮ ਮੰਦਰ ਦੇ ਨਿਰਮਾਣ ਲਈ ਦੇਸ਼ਵਿਆਪੀ ਦਾਨ (ਸਮਰਪਣ ਨਿਧੀ) ਅਤੇ ਜ਼ਮੀਨ ਖਰੀਦਦਾਰੀ ਵਿੱਚ ਗੰਭੀਰ ਵਿੱਤੀ ਬੇਨੇਮੀਆਂ ਦਾ ਵੀ ਦੋਸ਼ ਲਗਾਇਆ ਸੀ। ਦੋਸ਼ ਹੈ ਕਿ ਥੋੜ੍ਹੀ ਜਿਹੀ ਕੀਮਤ 'ਤੇ ਐਕੁਆਇਰ ਕੀਤੀ ਗਈ ਜ਼ਮੀਨ ਰਾਮ ਮੰਦਰ ਟਰੱਸਟ ਨੂੰ ਮਿੰਟਾਂ ਦੇ ਅੰਦਰ-ਅੰਦਰ ਕਰੋੜਾਂ ਰੁਪਏ ਦੀਆਂ ਮਹਿੰਗੀਆਂ ਕੀਮਤਾਂ 'ਤੇ ਵੇਚ ਦਿੱਤੀ ਗਈ, ਜਿਸ ਦੇ ਨਤੀਜੇ ਵਜੋਂ ਭਾਰੀ ਮੁਨਾਫਾ ਹੋਇਆ ਅਤੇ ਦਾਨ ਦੀ ਦੁਰਵਰਤੋਂ ਹੋਈ। ਅਯੁੱਧਿਆ ਤੋਂ ਬਾਅਦ ਮਥੁਰਾ ਵਿੱਚ ਦਾਨ ਦੀ ਚੋਰੀ ਨੇ ਯੂ ਪੀ ਦੀ ਧਾਰਮਿਕ ਰਾਜਨੀਤੀ ਅਤੇ ਮੰਦਰਾਂ ਦੇ ਪ੍ਰਬੰਧਨ ਦੀ ਪਾਰਦਰਸ਼ਤਾ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਮਾਮਲਾ ਏਨਾ ਗੰਭੀਰ ਹੋ ਚੁੱਕਾ ਹੈ ਕਿ ਯੂ ਪੀ ਸਰਕਾਰ, ਜਿਹੜੀ ਇਸ ਤਰ੍ਹਾਂ ਦੇ ਦੋਸ਼ਾਂ ਨੂੰ ਨਜ਼ਰਅੰਦਾਜ਼ ਕਰ ਦਿੰਦੀ ਸੀ, ਰਾਮ ਮੰਦਰ ਦੇ ਮਾਮਲੇ ਦੀ ਜਾਂਚ ਲਈ ਵਿਸ਼ੇਸ਼ ਟੀਮ ਬਣਾਉਣ ਲਈ ਮਜਬੂਰ ਹੋਈ ਹੈ। ਵੱਡੇ ਮੰਦਰਾਂ ਵਿੱਚ ਇਸ ਤਰ੍ਹਾਂ ਦੇ ਘਪਲਿਆਂ ਨੇ ਇਹ ਸਵਾਲ ਵੀ ਪੈਦਾ ਕਰ ਦਿੱਤਾ ਹੈ ਕਿ ਰਾਮ ਮੰਦਰ ਦਾ ਅੰਦੋਲਨ ਜਾਂ ਕ੍ਰਿਸ਼ਨ ਜਨਮ ਭੂਮੀ ਮੰਦਰ ਲਈ ਚਲਾਇਆ ਜਾ ਰਿਹਾ ਅੰਦੋਲਨ ਧਾਰਮਿਕ ਨੌਈਅਤ ਦੇ ਸਨ/ਹਨ ਜਾਂ ਇਨ੍ਹਾਂ ਦੇ ਖਜ਼ਾਨਿਆਂ 'ਤੇ ਕਬਜ਼ਾ ਕਰਨ ਦੀ ਨੀਤ ਨਾਲ ਚਲਾਏ ਗਏ ਜਾਂ ਚਲਾਏ ਜਾ ਰਹੇ ਹਨ।

ਜਲਵਾਯੂ ਪਰਿਵਰਤਨ ਅਤੇ ਇਸ ਦੇ ਪ੍ਰਭਾਵ

ਤੇਜਿੰਦਰ ਸਿੰਘ ਬਾਜ਼

ਅਸੀਂ ਅਕਸਰ ਸੁਣਦੇ ਆਏ ਹਾਂ ਕਿ ਜਲਵਾਯੂ ਦਾ ਪਰਿਵਰਤਨ ਹੋ ਗਿਆ। ਪਹਿਲੇ ਸਮਿਆਂ ਵਿੱਚ ਬਹੁਤ ਜ਼ਿਆਦਾ ਠੰਢ ਪੈਂਦੀ ਸੀ, ਪਰ ਹੁਣ ਅਸੀਂ ਪਿਛਲੇ ਕਈ ਸਾਲਾਂ ਤੋਂ ਨੋਟ ਕਰਦੇ ਆ ਰਹੇ ਹਾਂ ਕਿ ਬਹੁਤ ਜ਼ਿਆਦਾ ਠੰਢ ਨਹੀਂ ਪੈਂਦੀ।ਸਮੇਂ ਤੋਂ ਪਹਿਲਾ ਗਰਮੀ ਸ਼ੁਰੂ ਹੋ ਜਾਂਦੀ ਹੈ, ਜਿਵੇਂ ਇਸ ਵਾਰ ਤਾਂ ਫਰਵਰੀ ਵਿੱਚ ਗਰਮੀ ਸ਼ੁਰੂ ਹੋ ਗਈ।ਸਾਨੂੰ ਪਹਿਲਾ ਤਾਂ ਜਲਵਾਯੂ ਪਰਿਵਰਤਨ ਬਾਰੇ ਸਮਝਣਾ ਪਵੇਗਾ।ਜਲਵਾਯੂ ਪਰਿਵਰਤਨ ਤੋਂ ਭਾਵ ਹੈ ਕਿ ਵਾਤਾਵਰਣ ਵਿੱਚ ਹੌਲੀ-ਹੌਲੀ ਕਾਰਬਨ ਡਾਈਆਕਸਾਈਡ ਗੈਸ ਦਾ ਵਧਣਾ, ਇਹ ਗੈਸ ਤਪਸ਼ ਪੈਦਾ ਕਰਦੀ ਹੈ, ਜਿਵੇਂ ਕਾਰਬਨ ਡਾਈਆਕਸਾਈਡ ਵਧਦੀ ਹੈ, ਤਾਂ ਵਾਤਾਵਰਣ ਵਿੱਚ ਤਪਸ਼ ਵਧਦੀ ਹੈ।ਇਸ ਵਿਧੀ ਨੂੰ ਗਲੋਬਲ ਵਾਰਮਿੰਗ ਵੀ ਕਿਹਾ ਜਾਂਦਾ ਹੈ।ਤਪਸ਼ ਵਧਣ ਨਾਲ਼ ਵਾਤਾਵਰਣ ਵਿੱਚ ਤਾਪਮਾਨ ਵਧ ਰਿਹਾ ਹੈ। ਪਹਿਲੇ ਸਮਿਆਂ ਵਿੱਚ ਨਾ ਕੋਈ ਏਅਰ ਕੰਡੀਸ਼ਨਰ ਹੁੰਦਾ ਸੀ, ਨਾ ਕੋਈ ਰੈਫ਼ਰੀਜਰੇਟਰ ਹੁੰਦਾ ਸੀ।ਉਸ ਸਮੇਂ ਵਾਤਾਵਰਣ ਬਹੁਤ ਸਵੱਛ ਹੁੰਦਾ ਸੀ, ਪਰ ਹੁਣ ਏ.ਸੀ, ਰੈਫਰੀਜਰੇਟਰ ਵਿੱਚੋਂ ਸੀ ਐੱਫ ਸੀ (ਕਲੋਰੋ-ਫਲੋਰੋ ਕਾਰਬਨ) ਨਿਕਲਦਾ ਹੈ, ਜੋ 100 ਸਾਲ ਵਾਤਾਵਰਣ ਵਿੱਚ ਰਹਿੰਦਾ ਹੈ। ਇਸ ਨਾਲ਼ ਓਜ਼ੋਨ ਪੱਟੀ ਵੀ ਨੁਕਸਾਨੀ ਗਈ ਹੈ। ਜੇਕਰ ਇਸ ਤਰ੍ਹਾਂ ਹੀ ਵਾਤਾਵਰਣ ਵਿੱਚ ਤਪਸ਼ ਵਧਦੀ ਗਈ, ਤਾਂ ਜੀਵਨ ਬਸਰ ਕਰਨਾ ਗ਼ਨੀਮਤ ਬਣ ਜਾਵੇਗਾ।ਜਲਵਾਯੂ ਪਰਿਵਰਤਨ ਸਾਡੀਆਂ ਆਮ ਗਲਤੀਆਂ ਨਾਲ਼ ਹੋਇਆ ਹੈ, ਜਿਵੇਂ ਇੰਡਸਟਰੀ ਵਿੱਚੋਂ ਨਿਕਲਣ ਵਾਲਾ ਧੂੰਆਂ ਵੀ ਵਾਤਾਵਰਣ ਵਿੱਚ ਖਲਲ ਪਾਉਂਦਾ ਹੈ।ਪਥਰਾਟ ਬਾਲਣ, ਕੋਲਾ, ਪੈਟਰੋਲੀਅਮ, ਡੀਜ਼ਲ ਜਲਾਉਂਦੇ ਹਾਂ।ਉਸ ਨਾਲ਼ ਜਲਵਾਯੂ ਪਰਿਵਰਤਨ ਹੁੰਦਾ ਹੈ।ਜੇਕਰ ਅਸੀਂ ਵਾਤਾਵਰਣ ਨੂੰ ਬਚਾਉਣਾ ਚਾਹੁੰਦੇ ਹਾਂ, ਤਾਂ ਰੁੱਖਾਂ ਨੂੰ ਕੱਟਣ ਤੋਂ ਸੰਕੋਚ ਕਰਨਾ ਹੋਵੇਗਾ। ਅਸੀਂ ਪਰਾਲੀ ਨੂੰ ਅੱਗ ਲਗਾਉਣ ਤੋਂ ਸੰਕੋਚ ਕਰਾਂਗੇ ਤਾਂ ਜਲਵਾਯੂ ਪਰਿਵਰਤਨ ਤੋਂ ਬਚ ਸਕਦੇ ਹਾਂ।ਇਸ ਸਾਲ ਵਿਸ਼ਵ ਵਾਤਾਵਰਣ ਦਿਵਸ -2025 ਦਾ ਥੀਮ- ਵਿਸ਼ਵਵਿਆਪੀ ਤੌਰ 'ਤੇ ਪਲਾਸਟਿਕ ਪ੍ਰਦੂਸ਼ਣ ਨੂੰ ਖਤਮ ਕਰਨਾ (Ending plastic pollution Globally) ਹੈ। ਪਲਾਸਟਿਕ ਪ੍ਰਦੂਸ਼ਣ ਵੀ ਵਾਤਾਵਰਣ ਲਈ ਵੱਡੀ ਚਿੰਤਾ ਦਾ ਵਿਸ਼ਾ ਹੈ। ਇਹ ਸਮਾਗਮ 19,000 ਸਰਕਾਰੀ ਸਕੂਲਾਂ ਵਿੱਚ ਕਰਵਾਉਣ ਦਾ ਟੀਚਾ ਹੈ। ਸਕੂਲ ਵਿੱਚ ਵਿਦਿਆਰਥੀਆਂ ਵਿੱਚ ਜ਼ਿੰਮੇਵਾਰੀ ਭਾਵਨਾ ਪੈਦਾ ਕਰਨ ਲਈ ਮੈਡੀਸਨ ਪੌਦੇ ਲਗਾਉਣ ਦੀਆਂ ਮੁਹਿੰਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਸਿੱਖਿਆ ਵਿਭਾਗ ਦਾ ਵੱਡਾ ਉਪਰਾਲਾ ਹੈ। ਸਾਨੂੰ ਸਾਰਿਆਂ ਨੂੰ ਵਾਤਾਵਰਣ ਪ੍ਰਤੀ ਬਣਦਾ ਫ਼ਰਜ਼ ਅਦਾ ਕਰਨਾ ਚਾਹੀਦਾ ਹੈ, ਤਾਂ ਹੀ ਅਸੀਂ ਵਾਤਾਵਰਣ ਨੂੰ ਬਚਾ ਸਕਦੇ ਹਾਂ।

ਸੰਪਰਕ : 98720-74034

ਮੈਡੀਕਲ ਸਿੱਖਿਆ 'ਚ ਵੱਡੇ ਪੱਧਰ 'ਤੇ ਸੁਧਾਰ ਦੀ ਜ਼ਰੂਰਤ

ਡਾ. ਸਤਿੰਦਰ ਸਿੰਘ

ਮੰਮੀ-ਪਾਪਾ ਮੇਰੇ ਵਿੱਚ ਨੀਟ ਪ੍ਰੀਖਿਆ ਦੁਬਾਰਾ ਦੇਣ ਦੀ ਹਿੰਮਤ ਨਹੀਂ... ਇਹ ਲਿਖ ਕੇ ਮੱਧ ਪ੍ਰਦੇਸ਼ ਦੇ ਮਉਗੰਜ ਜ਼ਿਲ੍ਹੇ ਦੀ 20 ਸਾਲਾ ਪ੍ਰਤਿਭਾਸ਼ਾਲੀ ਵਿਦਿਆਰਥਣ ਆਕਾਂਕਸ਼ਾ ਉਰਫ ਸਨੇਹਾ ਨੇ ਆਤਮਘਾਤੀ ਕਦਮ ਚੁੱਕ ਕੇ ਜੀਵਨ ਲੀਲ੍ਹਾ ਸਮਾਪਤ ਕਰ ਲਈ। ਇਹ ਇਸ ਬੱਚੀ ਦੇ ਲਿਖੇ ਸਿਰਫ ਸ਼ਬਦ ਨਹੀਂ, ਸਗੋਂ ਵਿਸ਼ਵ ਦਾ ਸਭ ਤੋਂ ਵੱਡਾ ਲੋਕਤੰਤਰ ਕਹਾਉਂਦੇ ਅਤੇ ਵਿਸ਼ਵ ਗੁਰੂ ਬਣਨ ਦੇ ਸੁਪਨੇ ਦੇਖਣ ਵਾਲੇ ਦੇਸ਼ ਦੀ ਸਿੱਖਿਆ ਪ੍ਰਣਾਲੀ ਦੇ ਮੱਥੇ ਉੱਪਰ ਬਹੁਤ ਵੱਡਾ ਦਾਗ ਹੈ।ਇਸ ਤੋਂ ਪਹਿਲਾਂ ਵੀ ਕੁਝ ਵਿਦਿਆਰਥੀਆਂ ਨੇ ਤਣਾਅ ਹੇਠ ਅਜਿਹੇ ਭਿਅੰਕਰ ਕਦਮ ਚੁੱਕੇ ਹਨ। ਕੀ ਅਜਿਹੀ ਬੇਹੱਦ ਮਹੱਤਵਪੂਰਨ ਪ੍ਰੀਖਿਆ ਵਿੱਚ ਧੋਖਾਧੜੀ ਕਰਨ ਦੇ ਕਸੂਰਵਾਰ ਪੈਸੇ ਦੇ ਲਾਲਚੀ ਲੋਕਾਂ ਨੂੰ ਇਹਨਾਂ ਬੱਚਿਆਂ ਦੀਆਂ ਕੀਮਤੀ ਜ਼ਿੰਦਗੀਆਂ ਖਤਮ ਕਰਨ ਦੇ ਦੋਸ਼ੀ ਮੰਨ ਕੇ ਸਖਤ ਸਜ਼ਾਵਾਂ ਦਿੱਤੀਆਂ ਜਾਣਗੀਆਂ? ਕੀ ਇਹਨਾਂ ਬੱਚੇ ਦੇ ਮਾਪਿਆਂ ਨੂੰ ਜਿਉਂਦੇ ਜੀਅ ਇਨਸਾਫ ਦੇਖਣ ਨੂੰ ਮਿਲੇਗਾ? ਕੀ ਸਾਡੇ ਦੇਸ਼ ਦੀਆਂ ਸਰਕਾਰਾਂ ਇਸ ਗਲਤੀ ਤੋਂ ਸਬਕ ਲੈ ਕੇ ਭਵਿੱਖ ਵਿੱਚ ਅਜਿਹੀ ਘਟਨਾ ਨਹੀਂ ਵਾਪਰੇਗੀ, ਦੀ ਗਰੰਟੀ ਦੇਸ਼ ਦੇ ਨੌਜਵਾਨ ਵਰਗ ਨੂੰ ਦੇਣਗੇ। ਅਜਿਹੇ ਅਨੇਕਾਂ ਹੀ ਸਵਾਲਾਂ ਦੇ ਜਵਾਬ ਦੇਸ਼ ਦੇ ਲੱਖਾਂ ਨੌਜਵਾਨ ਉਡੀਕ ਰਹੇ ਹਨ।

03 ਮਈ ਨੂੰ ਹੋਈ ਨੀਟ ਪ੍ਰੀਖਿਆ ਤੋਂ ਬਾਅਦ ਜਦੋਂ ਵਿਦਿਆਰਥੀ ਆਪਣੇ ਦੋ ਸਾਲ ਤੋਂ ਵੱਧ ਸਮੇਂ ਤਣਾਅਪੂਰਨ ਹਾਲਾਤ ਵਿੱਚ ਕੀਤੀ ਸਖਤ ਮਿਹਨਤ ਨੂੰ ਦੂਰ ਕਰਨ ਦੀ ਯੋਜਨਾ ਹੀ ਬਣਾ ਰਹੇ ਸੀ, ਤਾਂ 12 ਮਈ ਨੂੰ ਪੇਪਰ ਰੱਦ ਹੋਣ ਦੀ ਖਬਰ ਨੇ 22 ਲੱਖ ਪਰਵਾਰਾਂ ਨੂੰ ਬੇਹੱਦ ਤਣਾਅ ਵਿੱਚ ਲੈ ਆਉਂਦਾ। ਇਹਨਾਂ ਪਰਵਾਰਾਂ ਲਈ 21 ਜੂਨ ਨੂੰ ਹੋਣ ਵਾਲੇ ਦੁਬਾਰਾ ਨੀਟ ਪ੍ਰੀਖਿਆ ਤੱਕ ਦਾ ਸਮਾਂ ਕਿਵੇਂ ਗੁਜ਼ਰ ਰਿਹਾ, ਇਹ ਉਹੀ ਦੱਸ ਸਕਦੇ ਹਨ। ਉਹਨਾਂ ਦੇ ਮਨਾਂ ਵਿੱਚ ਪ੍ਰਸ਼ਨ ਹੈ ਕੀ ਇਹ ਪ੍ਰੀਖਿਆ ਨਿਰਪੱਖ ,ਪਾਰਦਰਸ਼ੀ ਅਤੇ ਇਮਾਨਦਾਰੀ ਨਾਲ ਸੁਚੱਜੇ ਢੰਗ ਨਾਲ ਆਯੋਜਿਤ ਹੋਵੇਗੀ ਜਾਂ ਇਸ ਦਾ ਹਸ਼ਰ ਵੀ ਪਹਿਲਾਂ ਵਰਗੇ ਟੈਸਟ ਵਾਂਗ ਹੀ ਹੋਵੇਗਾ।

ਸਾਡੇ ਦੇਸ਼ ਵਿੱਚ ਡਾਕਟਰੀ ਦੇ ਕਿੱਤੇ ਨੂੰ ਪਵਿੱਤਰ ਅਤੇ ਸਤਿਕਾਰਤ ਪੇਸ਼ਾ ਮੰਨਿਆ ਜਾਂਦਾ ਹੈ। ਦੇਸ਼ ਦੇ ਰੋਸ਼ਨ ਦਿਮਾਗ ਲੱਖਾਂ ਵਿਦਿਆਰਥੀ ਹਰ ਸਾਲ ਐਮ ਬੀ ਬੀ ਐੱਸ ਦੀ ਡਿਗਰੀ ਵਿੱਚ ਦਾਖਲਾ ਲੈ ਕੇ ਡਾਕਟਰ ਬਣਨ ਦਾ ਸੁਪਨਾ ਦੇਖਦੇ ਹਨ। ਇਸ ਸੁਪਨੇ ਨੂੰ ਸਾਕਾਰ ਕਰਨ ਲਈ ਸਖਤ ਮਿਹਨਤ, ਲਗਨ ਅਤੇ ਸਮਰਪਤ ਭਾਵਨਾ ਨਾਲ ਤਿਆਰੀ ਕਰਦੇ ਹਨ। ਆਪਣੀ ਜਵਾਨੀ ਸਮੇਂ ਦੀ ਮੌਜ ਮਸਤੀ, ਖੁਸ਼ੀਆਂ, ਸਰੀਰਕ ਖੇਡਾਂ, ਤਿਉਹਾਰ ਮਨਾਉਣ ਦੇ ਚਾਅ, ਰਿਸ਼ਤੇਦਾਰੀ ਅਤੇ ਪਰਿਵਾਰਕ ਸਮਾਗਮਾਂ ਦਾ ਤਿਆਗ ਕਰਦੇ ਹਨ। ਮਾਪਿਆਂ ਵੱਲੋਂ ਲੱਖਾਂ ਰੁਪਏ ਕੋਚਿੰਗ ਸੈਂਟਰਾਂ ਦੀ ਫੀਸ ਉੱਪਰ ਲਗਾਈ ਜਾਂਦੀ ਹੈ। ਇਹ ਮਹੱਤਵਪੂਰਨ ਪ੍ਰੀਖਿਆ ਪਰਵਾਰਾਂ ਦੀ ਆਰਥਿਕ, ਸਮਾਜਿਕ,ਮਾਨਸਿਕ ਅਤੇ ਸਰੀਰਕ ਸਥਿਤੀ ਨੂੰ ਬਦਲ ਕੇ ਰੱਖ ਦਿੰਦੀ ਹੈ। ਇੰਨੀ ਸਖਤ ਮਿਹਨਤ ਕਾਰਨ ਹੀ ਵਿਦਿਆਰਥੀ ਨੂੰ ਆਪਣੇ ਆਪ 'ਤੇ ਭਰੋਸਾ ਪੈਦਾ ਹੁੰਦਾ ਹੈ।

ਭਾਰਤ ਵਿੱਚ ਮੈਡੀਕਲ ਸਿੱਖਿਆ ਨੂੰ ਸਭ ਤੋਂ ਜ਼ਿੰਮੇਵਾਰ ਖੇਤਰਾਂ ਵਿੱਚੋਂ ਇੱਕ ਗਿਣਿਆ ਜਾਂਦਾ ਹੈ, ਪ੍ਰੰਤੂ ਪਿਛਲੇ ਕੁਝ ਸਾਲਾਂ ਤੋਂ ਹੋਏ ਘਟਨਾਕਰਮ ਨੇ ਸਿੱਧ ਕਰ ਦਿੱਤਾ ਹੈ ਕਿ ਦੇਸ਼ ਦੀ ਮੈਡੀਕਲ ਸਿੱਖਿਆ ਦੇ ਖੇਤਰ ਵਿੱਚ ਵੱਡੇ ਪੱਧਰ 'ਤੇ ਸੁਧਾਰ ਕਰਨਾ ਸਮੇਂ ਦੀ ਵੱਡੀ ਜ਼ਰੂਰਤ ਹੈ।ਇਹ ਸੁਧਾਰ ਮੈਡੀਕਲ ਦੇ ਗ੍ਰੈਜੂਏਸ਼ਨ ਕੋਰਸਾਂ ਤੱਕ ਹੀ ਨਹੀਂ, ਸਗੋਂ ਪੋਸਟ ਗ੍ਰੈਜੂਏਸ਼ਨ ਤੱਕ ਵੀ ਕਰਨ ਦੀ ਜ਼ਰੂਰਤ ਹੈ। ਇਸ ਸਬੰਧੀ ਸਰਕਾਰਾਂ ਜਿੰਨੀ ਜਲਦੀ ਗੰਭੀਰਤਾ ਨਾਲ ਕਦਮ ਚੁੱਕਣਗੀਆਂ, ਓਨਾ ਹੀ ਦੇਸ਼ ਦੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਸੁਧਾਰ ਦੀ ਉਮੀਦ ਜਾਗੇਗੀ ਅਤੇ ਪ੍ਰਤਿਭਾਸ਼ਾਲੀ ਨੌਜਵਾਨਾਂ ਵਿੱਚ ਸਿਸਟਮ ਪ੍ਰਤੀ ਵਿਸ਼ਵਾਸ ਪੈਦਾ ਹੋਵੇਗਾ।

10 ਨਵੰਬਰ 2017 ਨੂੰ ਕੇਂਦਰੀ ਕੈਬਨਿਟ ਨੇ ਨੈਸ਼ਨਲ ਟੈਸਟਿੰਗ ਏਜੰਸੀ ਬਣਾਉਣ ਦੀ ਮਨਜ਼ੂਰੀ ਦਿੱਤੀ। ਇਸ ਏਜੰਸੀ ਨੂੰ ਸੰਵਿਧਾਨਿਕ ਸੰਸਥਾ ਬਣਾਉਣ ਦੀ ਥਾਂ ਮਈ 2018 ਵਿੱਚ ਰਜਿਸਟਰ ਆਫ ਸੋਸਾਇਟੀਜ਼ ਕੋਲ ਸੋਸਾਇਟੀ ਐਕਟ 1860 ਅਧੀਨ ਰਜਿਸਟਰ ਕਰਵਾ ਦਿੱਤਾ ਗਿਆ। ਫਿਰ ਵੀ ਇਸ ਸੰਸਥਾ ਦੇ ਹੋਂਦ ਵਿੱਚ ਆਉਣ ਨਾਲ ਲੋਕਾਂ ਦੇ ਮਨਾਂ ਵਿੱਚ ਆਸ ਦੀ ਕਿਰਨ ਜਾਗੀ ਕੀ ਹੁਣ ਪ੍ਰੀਖਿਆਵਾਂ ਪਾਰਦਰਸ਼ੀ, ਨਿਰਪੱਖਤਾ, ਕੁਸ਼ਲ ਅਤੇ ਸੁਚੱਜੇ ਢੰਗ ਨਾਲ ਅਜੋਜਿਤ ਹੋਣਗੀਆਂ। ਇਸ ਤੋਂ ਪਹਿਲਾਂ ਮੈਡੀਕਲ ਕਾਲਜਾਂ ਲਈ ਸੀ ਬੀ ਐੱਸ ਈ ਵੱਲੋਂ ਏ ਆਈ ਪੀ ਐੱਮ ਟੀ ਅਤੇ ਸਟੇਟ ਪੀ ਐੱਮ ਟੀ ਆਦਿ ਵੱਖਰੇ ਵੱਖਰੇ ਟੈਸਟ ਹੁੰਦੇ ਸਨ। ਵਿਦਿਆਰਥੀਆਂ ਲਈ ਅਲੱਗ ਅਲੱਗ ਟੈਸਟ ਦੇਣਾ ਕੌਂਸਲਿੰਗ ਲਈ ਜਾਣਾ ਬੇਹੱਦ ਮੁਸ਼ਕਲ ਹੁੰਦਾ ਸੀ। ਇਸ ਲਈ 1986 ਦੀ ਰਾਸ਼ਟਰੀ ਸਿੱਖਿਆ ਨੀਤੀ ਨੇ ਵੀ ਕੇਂਦਰੀ ਦਾਖਲਾ ਪ੍ਰਕਿਰਿਆ ਦੀ ਸਿਫਾਰਸ਼ ਕੀਤੀ ਸੀ। 1992 ਵਿੱਚ ਉਸ ਸਮੇਂ ਸਰਕਾਰ ਨੇ ਵਿਚਾਰ ਲਈ ਕਮੇਟੀ ਵੀ ਗਠਿਤ ਕੀਤੀ ਸੀ। ਉਸ ਤੋਂ ਬਾਅਦ ਦੁਬਾਰਾ ਸਾਲ 2010 ਵਿੱਚ ਕੇਂਦਰੀ ਪ੍ਰੀਖਿਆ ਪ੍ਰਣਾਲੀ ਸੰਬੰਧੀ ਗਠਿਤ ਕਮੇਟੀ ਨੇ ਆਪਣੀ ਰਿਪੋਰਟ ਕੇਂਦਰ ਦੇ ਮਨੁੱਖੀ ਸਰੋਤ ਤੇ ਵਿਕਾਸ ਮੰਤਰਾਲੇ ਨੂੰ ਸੌਂਪੀ। ਸਾਲ 2012 ਵਿੱਚ ਇਸ ਸਬੰਧੀ ਕੇਸ ਸੁਪਰੀਮ ਕੋਰਟ ਵਿੱਚ ਚਲਾ ਗਿਆ। ਸਾਲ 2016 ਵਿੱਚ ਸੁਪਰੀਮ ਕੋਰਟ ਦੇ ਸੰਵਿਧਾਨਕ ਬੈਂਚ ਨੇ ਕੇਂਦਰੀ ਦਾਖਲਾ ਪ੍ਰਕਿਰਿਆ ਅਰਥਾਤ ਨੀਟ ਪ੍ਰੀਖਿਆ ਕਰਾਉਣ ਦੀ ਦਿੱਤੀ ਇਜਾਜ਼ਤ ਨਾਲ ਆਮ ਲੋਕਾਂ ਨੇ ਉਮੀਦ ਕੀਤੀ ਸੀ ਕਿ ਹੁਣ ਐਨਟੀਏ ਵੱਲੋਂ ਮੈਡੀਕਲ ਦਾਖਲਾ ਪ੍ਰਕਿਰਿਆ ਵਿੱਚ ਇੱਕਸਾਰਤਾ ਅਤੇ ਸਮਾਨਤਾ ਲਿਆਂਦੀ ਜਾਵੇਗੀ, ਪ੍ਰੰਤੂ 2018 ਵਿੱਚ ਵੀ ਪ੍ਰੀਖਿਆ ਵਿਵਾਦਾਂ ਵਿੱਚ ਰਹੀ। ਸਾਲ 2024 ਦਾ ਨੀਟ ਪ੍ਰਸ਼ਨ ਪੱਤਰ ਲੀਕ ਅਤੇ ਗੜਬੜੀਆਂ ਕਾਰਨ ਐਨ ਟੀ ਏ ਦੀ ਕਾਰਜ-ਪ੍ਰਣਾਲੀ ਸਵਾਲਾਂ ਦੇ ਘੇਰੇ ਵਿੱਚ ਆਈ ਅਤੇ ਕੁਝ ਪ੍ਰੀਖਿਆ ਕੇਂਦਰਾਂ ਵਿੱਚ ਪ੍ਰੀਖਿਆ ਵੀ ਦੁਬਾਰਾ ਆਯੋਜਿਤ ਕੀਤੀ ਗਈ। ਸਾਡੇ ਦੇਸ਼ ਵਿੱਚ ਮੈਡੀਕਲ ਕਾਲਜਾਂ ਵਿੱਚ ਦਾਖਲੇ ਦੀ ਇੱਕ-ਮਾਤਰ ਯੋਗਤਾ ਨੀਟ ਸਕੋਰ ਹੈ। ਇਸ ਲਈ ਇਸ ਦਾ ਮਿਆਰ ਕਾਇਮ ਕਰਨਾ ਬੇਹੱਦ ਜ਼ਰੂਰੀ ਹੈ। ਸਾਲ 2024 ਵਿੱਚ ਹੋਈ ਗੜਬੜੀ ਤੋਂ ਬਾਅਦ ਜੋ ਸ੍ਰੀ ਕੇ ਰਾਧਾ ਕ੍ਰਿਸ਼ਨਨ ਕਮੇਟੀ ਦਾ ਗਠਨ ਕੀਤਾ ਗਿਆ, ਉਹਨਾਂ ਨੇ ਵੀ ਪ੍ਰੀਖਿਆ ਵਿੱਚ ਬੁਨਿਆਦੀ ਤਬਦੀਲੀਆਂ 'ਤੇ ਜ਼ੋਰ ਦਿੱਤਾ ਸੀ।

ਮੈਡੀਕਲ ਸਿੱਖਿਆ ਦੀ ਸਭ ਤੋਂ ਵੱਡੀ ਸਮੱਸਿਆ ਕੋਚਿੰਗ ਸੈਂਟਰਾਂ ਦੀ ਕਾਰਜ ਪ੍ਰਣਾਲੀ ਦੇ ਰੂਪ ਵਿੱਚ ਸਾਹਮਣੇ ਆ ਰਹੀ ਹੈ। ਹਰ ਧੋਖਾਧੜੀ ਜਾਂ ਸਕੈਂਡਲ ਤੋਂ ਬਾਅਦ ਕਿਸੇ ਨਾ ਕਿਸੇ ਕੋਚਿੰਗ ਸੈਂਟਰ ਦੀ ਭੂਮਿਕਾ ਸਾਹਮਣੇ ਆ ਜਾਂਦੀ ਹੈ। ਕੋਚਿੰਗ ਸੈਂਟਰ ਨੇ ਆਪਣੇ ਵਪਾਰ ਅਤੇ ਮਸ਼ਹੂਰੀ ਦੀ ਖਾਤਰ ਵਿਦਿਆਰਥੀਆਂ ਨੂੰ ਇਸ਼ਤਿਹਾਰ ਦੀ ਸਮੱਗਰੀ ਬਣਾ ਦਿੱਤਾ ਹੈ। ਹੁਣ ਤਾਂ ਇਹ ਕੋਚਿੰਗ ਅੱਠਵੀਂ ਜਮਾਤ ਤੋਂ ਬਾਅਦ ਹੀ ਸ਼ੁਰੂ ਕਰਨ ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਸਕੂਲ ਸਿਸਟਮ ਨੂੰ ਤਬਾਹ ਕਰਨ ਦਾ ਰਸਤਾ ਅਪਣਾਇਆ ਜਾ ਰਿਹਾ ਹੈ। ਡੰਮੀ ਦਾਖਲਿਆਂ ਦਾ ਰੁਝਾਨ ਤੇਜ਼ੀ ਨਾਲ ਵਧ ਰਿਹਾ ਹੈ। ਬੱਚਿਆਂ ਨੂੰ ਪ੍ਰੈਕਟੀਕਲ ਸਿੱਖਿਆ ਤੋਂ ਪੂਰੀ ਤਰ੍ਹਾਂ ਤੋੜ ਦਿੱਤਾ ਗਿਆ ਹੈ। ਸ਼ਾਇਦ ਹੀ ਕਿਸੇ ਸਕੂਲ ਵਿੱਚ ਨੀਟ ਦੀ ਤਿਆਰੀ ਕਰਦੇ ਵਿਦਿਆਰਥੀ ਸਾਇੰਸ ਲੈਬ ਵਿੱਚ ਜਾਂਦੇ ਹੋਣ। ਸਿਰਫ ਓਬਜੈਕਟਿਵ ਟਾਈਪ ਪ੍ਰਸ਼ਨਾਂ ਨੂੰ ਆਧਾਰ ਮੰਨ ਕੇ ਰੱਟੇਬਾਜ਼ੀ ਦੀ ਪੜ੍ਹਾਈ ਤੇ ਜ਼ੋਰ ਦਿੱਤਾ ਜਾਂਦਾ ਹੈ। ਨੈਤਿਕ ਗੁਣ, ਵਿਹਾਰ, ਸੰਚਾਰ ਹੁਨਰ, ਤਰਕ ਸੰਗਤ ਵਿਸ਼ਲੇਸ਼ਣ ਅਤੇ ਸਮਾਜਿਕ ਵਿਕਾਸ ਦੀ ਥਾਂ ਸਿਰਫ ਤਣਾਅ ਅਤੇ ਕੋਚਿੰਗ ਸੈਂਟਰਾਂ ਦੇ ਟੈਸਟਾਂ ਦੇ ਵੱਧ ਅੰਕ ਅਤੇ ਚੰਗਾ ਰੈਂਕ ਹੀ ਵਿਦਿਆਰਥੀ ਦਾ ਮੁੱਖ ਟੀਚਾ ਬਣ ਜਾਂਦਾ ਹੈ।

ਨੀਟ ਪ੍ਰੀਖਿਆ ਅਤੇ ਸਮੁੱਚੀ ਮੈਡੀਕਲ ਸਿੱਖਿਆ ਵਿੱਚ ਵਧਦਾ ਵਪਾਰੀਕਰਨ ਅਨੇਕਾਂ ਸਮੱਸਿਆਵਾਂ ਦੀ ਜੜ੍ਹ ਹੈ। ਮੈਡੀਕਲ ਸਿੱਖਿਆ ਦੀ ਕੋਚਿੰਗ ਅਰਬਾਂ ਰੁਪਏ ਦਾ ਵਪਾਰ ਬਣ ਚੁੱਕਿਆ ਹੈ। ਪ੍ਰਾਈਵੇਟ ਮੈਡੀਕਲ ਕਾਲਜਾਂ ਦੀ ਫੀਸ 75 ਲੱਖ ਤੋਂ 1.25 ਕਰੋੜ ਤੱਕ ਪਹੁੰਚ ਚੁੱਕੀ ਹੈ। ਅਜਿਹੇ ਹਾਲਾਤ ਵਿੱਚ ਮੋਟੀ ਰਕਮ ਦਾ ਲਾਲਚ ਕਿਸੇ ਨੂੰ ਵੀ ਆਪਣੇ ਨਾਲ ਜੋੜਨ ਦੀ ਸਮਰੱਥਾ ਰੱਖਦਾ ਹੈ।

ਦੇਸ਼ ਦੇ 824 ਮੈਡੀਕਲ ਕਾਲਜਾਂ ਵਿੱਚ 129603 ਐੱਮ ਬੀ ਬੀ ਐੱਸ ਦੀਆਂ ਸੀਟਾਂ ਲਈ 22 ਲੱਖ ਵਿਦਿਆਰਥੀ ਨੀਟ ਪ੍ਰੀਖਿਆ ਵਿੱਚ ਬੈਠਦੇ ਹਨ। ਏਨਾ ਸਖਤ ਮੁਕਾਬਲਾ ਹੋਣ ਕਾਰਨ ਵਿਦਿਆਰਥੀ ਅਤੇ ਮਾਪੇ ਸਭ ਕੁਝ ਦਾਅ 'ਤੇ ਲਗਾ ਦਿੰਦੇ ਹਨ। 62 ਹਜ਼ਾਰ ਦੇ ਕਰੀਬ ਸਰਕਾਰੀ ਕਾਲਜਾਂ ਵਿੱਚ ਸੀਟਾਂ ਲਈ ਫੀਸ ਘੱਟ ਹੋਣ ਕਾਰਨ ਮੁਕਾਬਲਾ ਕਿਤੇ ਵਧ ਜਾਂਦਾ ਹੈ। ਨੀਟ ਦੇ ਕੁੱਲ 720 ਅੰਕਾਂ ਵਿੱਚੋਂ ਘੱਟੋ ਘੱਟ 600 ਅੰਕ ਪ੍ਰਾਪਤ ਕਰਨ ਵਾਲੇ ਦੀ ਹੀ ਸਰਕਾਰੀ ਸੀਟ ਸੰਭਵ ਹੈ, ਜਦਕਿ ਬਾਕੀ 65 ਤੋਂ 70 ਹਜ਼ਾਰ ਸੀਟਾਂ ਲਈ ਪ੍ਰਾਈਵੇਟ ਕਾਲਜਾਂ ਅਤੇ ਡੀਮਡ ਯੂਨੀਵਰਸਿਟੀਆਂ ਭਾਰੀ ਫੀਸਾਂ ਅਤੇ ਫੰਡ ਵਸੂਲ ਕਰਦੀਆਂ ਹਨ।

ਪਿਛਲੇ 10 -12 ਸਾਲ ਵਿੱਚ ਚਾਹੇ ਦੇਸ਼ ਵਿੱਚ 350 ਤੋਂ ਵੱਧ ਨਵੇਂ ਮੈਡੀਕਲ ਕਾਲਜ ਬਣੇ ਹਨ, ਇਹਨਾਂ ਵਿੱਚੋਂ ਬਹੁ-ਗਿਣਤੀ ਨਿੱਜੀ ਖੇਤਰ ਦੇ ਕਾਲਜ ਹਨ। ਇਸੇ ਸਮੇਂ ਦੌਰਾਨ ਹੀ 60 ਹਜ਼ਾਰ ਤੋਂ ਵੱਧ ਐੱਮ ਬੀ ਬੀ ਐੱਸ ਦੀਆਂ ਸੀਟਾਂ ਵਿੱਚ ਵਾਧਾ ਹੋਇਆ ਹੈ। ਇਹ ਵਿਕਾਸ ਗਿਣਾਤਮਕ ਪੱਖ ਤੋਂ ਜ਼ਰੂਰ ਨਜ਼ਰ ਆਉਂਦਾ ਹੈ, ਪ੍ਰੰਤੂ ਜ਼ਰੂਰਤ ਮੈਡੀਕਲ ਸਿੱਖਿਆ ਦੇ ਗੁਣਾਤਮਕ ਪੱਖ ਤੋਂ ਵਿਕਾਸ ਕਰਨ ਦੀ ਹੈ।

ਮੈਡੀਕਲ ਸਿੱਖਿਆ ਦੇ ਪੋਸਟ ਗ੍ਰੈਜੂਏਸ਼ਨ ਅਰਥਾਤ ਐੱਮ ਡੀ ਅਤੇ ਐੱਮ ਐੱਸ ਪੱਖੋਂ ਵੀ ਸਥਿਤੀ ਸੰਤੋਸ਼ਜਨਕ ਨਹੀਂ ਹੈ। ਦੇਸ਼ ਦੇ ਕੁੱਲ ਕਾਲਜਾਂ ਵਿੱਚ ਐੱਮ ਡੀ ਅਤੇ ਐੱਮ ਐੱਸ ਦੀਆਂ 58 ਹਜ਼ਾਰ ਦੇ ਕਰੀਬ ਸੀਟਾਂ ਉਪਲੱਬਧ ਹਨ। ਜਿਨਾਂ ਵਿੱਚੋਂ 28 ਹਜ਼ਾਰ ਤੋਂ ਵੱਧ ਨਿੱਜੀ ਕਾਲਜਾਂ ਦੀਆਂ ਹਨ। ਨਿੱਜੀ ਮੈਡੀਕਲ ਕਾਲਜਾਂ ਅਤੇ ਡੀਮਡ ਯੂਨੀਵਰਸਿਟੀਆਂ ਦੀਆਂ ਫੀਸਾਂ 1.25 ਕਰੋੜ ਤੋਂ 02 ਕਰੋੜ ਤੱਕ ਪਹੁੰਚ ਚੁੱਕੀਆਂ ਹਨ। ਏਨੀਆਂ ਭਾਰੀ ਫੀਸਾਂ, ਯੋਗਤਾ ਤੇ ਭਾਰੂ ਪੈ ਰਹੀਆਂ ਹਨ। ਘੱਟ ਯੋਗਤਾ ਵਾਲੇ ਮਨ ਪਸੰਦ ਬਰਾਂਚ ਵਿੱਚ ਸੀਟਾਂ ਲੈ ਜਾਂਦੇ ਹਨ, ਜਿਸ ਦਾ ਅਸਰ ਦੇਸ਼ ਦੀਆਂ ਸਿਹਤ ਸੇਵਾਵਾਂ ਦੀ ਗੁਣਵੱਤਾ ਉੱਪਰ ਪੈਣਾ ਯਕੀਨੀ ਹੈ।ਸੀਟਾਂ ਘੱਟ ਹੋਣ ਕਾਰਨ ਸਥਿਤੀ ਹੋਰ ਵੀ ਗੁੰਝਲਦਾਰ ਬਣ ਜਾਂਦੀ ਹੈ। ਮੈਡੀਕਲ ਕਾਲਜਾਂ ਵਿੱਚ ਦਾਖਲਾ ਸਿਰਫ ਨੀਟ ਪੀ ਜੀ ਦੇ ਅੰਕਾਂ 'ਤੇ ਅਧਾਰਤ ਹੋਣ ਕਾਰਨ ਕਲੀਨੀਕਲ ਯੋਗਤਾ ਨੂੰ ਪੂਰੀ ਤਰ੍ਹਾਂ ਨਜ਼ਰ-ਅੰਦਾਜ਼ ਕੀਤਾ ਜਾਂਦਾ ਹੈ, ਜਿਸ ਨਾਲ ਨੀਟ ਯੂਜੀ ਦੀ ਤਰ੍ਹਾਂ ਇਸ ਵਿੱਚ ਵੀ ਕੋਚਿੰਗ ਸੈਂਟਰਾਂ ਦਾ ਪ੍ਰਚਲਨ ਤੇਜ਼ੀ ਨਾਲ ਵਧ ਰਿਹਾ ਹੈ।

ਸਮੁੱਚੀ ਸਥਿਤੀ ਦਾ ਵਿਸ਼ਲੇਸ਼ਣ ਕਰਨ ਉਪਰੰਤ ਇਹ ਜਰੂਰਤ ਮਹਿਸੂਸ ਹੁੰਦੀ ਹੈ ਕਿ ਮਿਆਰੀ ਸਿਹਤ ਸੇਵਾਵਾਂ ਲਈ ਮੈਡੀਕਲ ਸਿੱਖਿਆ ਦੇ ਖੇਤਰ ਵਿੱਚ ਵੱਡੇ ਪੱਧਰ 'ਤੇ ਸੁਧਾਰਵਾਦੀ ਤਬਦੀਲੀਆਂ ਕਰਨ ਦੀ ਜ਼ਰੂਰਤ ਹੈ।

 # ਸੰਪਰਕ : 98154-27554

ਲਿਵ-ਇਨ ਸੰਬੰਧਾਂ ਬਾਰੇ ਹਾਈ ਕੋਰਟ ਦੀਆਂ ਟਿੱਪਣੀਆਂ ਵਿਰੋਧਤਾਈਆਂ ਨਾਲ ਭਰਪੂਰ

ਡਾ. ਅਰੁਣ ਮਿਤਰਾ

ਲਿਵ ਇਨ ਸੰਬੰਧਾਂ ਬਾਰੇ ਪੰਜਾਬ ਤੇ ਹਰਿਆਣਾ ਦੇ ਹਾਈ ਕੋਰਟ ਦਾ ਫੈਸਲਾ ਕਿ ਉਹ ਇਸ ਕਿਸਮ ਦੇ ਜੋੜਿਆਂ ਨੂੰ ਕੋਈ ਸੁਰੱਖਿਆ ਪ੍ਰਦਾਨ ਨਹੀਂ ਕਰ ਸਕਦਾ ਸਮਾਜ ਅਤੇ ਕਾਨੂੰਨ ਦੇ ਲਈ ਅਨੇਕਾਂ ਪ੍ਰਸ਼ਨ ਖੜੇ ਕਰਦਾ ਹੈ। ਕੋਰਟ ਦਾ ਇਹ ਵਿਚਾਰ ਕਿ ਇਸ ਕਿਸਮ ਨਾਲ ਘਰੋਂ ਭੱਜ ਕੇ ਆਏ ਜੋੜੇ ਆਪਣੇ ਮਾਪਿਆਂ ਦੀ ਇੱਜ਼ਤ 'ਤੇ ਦਾਗ ਲਾਉਂਦੇ ਹਨ, ਡੂੰਘੇ ਅਧਿਅਨ ਦੀ ਮੰਗ ਕਰਦਾ ਹੈ। ਜਿਸ ਕੇਸ ਦਾ ਹਵਾਲਾ ਦਿੱਤਾ ਗਿਆ ਹੈ, ਉਸ ਵਿੱਚ ਲੜਕੀ ਨੇ ਕਿਹਾ ਹੈ ਕਿ ਉਸ ਦੇ ਉੱਪਰ ਦਬਾਅ ਪਾਇਆ ਜਾ ਰਿਹਾ ਹੈ ਕਿ ਉਹ ਲੜਕੇ ਨੂੰ ਛੱਡ ਦੇਵੇ। ਹਾਲਾਂਕਿ ਇਸ ਜੋੜੇ ਨੇ ਕਿਹਾ ਹੈ ਕਿ ਅਸੀਂ ਲਿਵ ਇਨ ਸੰਬੰਧ ਵਿੱਚ ਰਹਿ ਰਹੇ ਹਾਂ, ਪਰ ਅਸੀਂ ਛੇਤੀ ਹੀ ਵਿਆਹ ਕਰਾ ਲਵਾਂਗੇ।

ਮਾਣਯੋਗ ਜੱਜ ਸ੍ਰੀ ਮੋਦਗਿਲ ਨੇ ਕਿਹਾ ਹੈ ਕਿ ਇਸ ਕਿਸਮ ਦੇ ਲਿਵ ਇਨ ਸਬੰਧ ਪੱਛਮੀ ਸਭਿਅਤਾ ਦੇ ਨਾਲ ਜੁੜੇ ਹੋਏ ਹਨ ਤੇ ਅਜੋਕੇ ਸਮੇਂ ਵਿੱਚ ਨਵੀਂ ਪੀੜ੍ਹੀ ਦੇ ਯੁਵਾ ਆਪਣੇ ਸੱਭਿਆਚਾਰ ਨੂੰ ਛੱਡ ਕੇ ਪੱਛਮੀ ਸੱਭਿਆਚਾਰ ਵੱਲ ਜਾ ਰਹੇ ਹਨ। ਇਹ ਗੱਲ ਤੱਥਾਂ ਤੋਂ ਪਰੇ ਹੈ, ਕਿਉਂਕਿ ਭਾਰਤ ਦੇ ਪੁਰਾਤਨ ਇਤਿਹਾਸ ਵਿੱਚ ਗੰਧਰਵ ਵਿਆਹ ਦਾ ਵਰਣਨ ਹੈ, ਜੋ ਕਿ ਇਸੇ ਕਿਸਮ ਦੀ ਵਿਆਖਿਆ ਹੈ। ਇਹ ਵੀ ਸਭ ਨੂੰ ਪਤਾ ਹੈ ਕਿ ਪੁਰਾਤਨ ਸਮੇਂ ਵਿੱਚ ਪੋਲੀ ਗੈਮੀ - ਮਤਲਬ ਇੱਕ ਪੁਰਸ਼ ਦੇ ਅਨੇਕਾਂ ਇਸਤਰੀਆਂ ਨਾਲ ਵਿਆਹ ਤੇ ਪਾਲੀ ਐਂਡਰੀ -ਮਤਲਬ ਇੱਕ ਇਸਤਰੀ ਦੇ ਅਨੇਕਾਂ ਪੁਰਸ਼ਾਂ ਨਾਲ ਵਿਆਹ ਜਾਇਜ਼ ਸਨ। ਕਰਨ, ਜੋ ਕਿ ਮਹਾਭਾਰਤ ਦਾ ਇੱਕ ਨਾਇਕ ਹੈ, ਉਸ ਦੀ ਪੈਦਾਇਸ਼ ਕਿਵੇਂ ਹੋਈ, ਇਸ ਦੇ ਬਾਰੇ ਮਹਾਂਭਾਰਤ ਵਿੱਚ ਪੂਰਨ ਵਿਆਖਿਆ ਕੀਤੀ ਗਈ ਹੈ। ਇਸ ਲਈ ਕੋਰਟ ਦਾ ਇਹ ਕਹਿਣਾ ਕਿ ਲਿਵ ਇਨ ਸੰਬੰਧਾਂ ਵਰਗੀਆਂ ਗੱਲਾਂ ਸਾਡੇ ਸੱਭਿਆਚਾਰ ਨਾਲ ਮੇਲ ਨਹੀਂ ਖਾਂਦੀਆਂ, ਵਿਰੋਧਤਾਈਆਂ ਨਾਲ ਭਰਿਆ ਹੋਇਆ ਹੈ। ਆਜ਼ਾਦੀ ਤੋਂ ਪਹਿਲਾਂ ਤੇ ਉਸ ਤੋਂ ਕੁਝ ਸਮੇਂ ਬਾਅਦ ਤੱਕ ਜਦੋਂ ਕਿ ਇੱਕ ਤੋਂ ਵੱਧ ਵਿਆਹ ਨੂੰ ਸਮਾਪਤ ਨਹੀਂ ਕੀਤਾ ਗਿਆ, ਕਿਸੇ ਵੀ ਧਰਮ ਨਾਲ ਸੰਬੰਧਤ ਰਾਜੇ ਅਨੇਕਾਂ ਇਸਤਰੀਆਂ ਨਾਲ ਵਿਆਹ ਰਚਾਉਂਦੇ ਸਨ।

ਕੋਰਟ ਦੇ ਮੁਤਾਬਕ ਜਦੋਂ ਜੋੜੇ ਘਰੋਂ ਭੱਜ ਜਾਂਦੇ ਹਨ ਤਾਂ ਉਹ ਮਾਪਿਆਂ ਤੇ ਰਿਸ਼ਤੇਦਾਰਾਂ ਅਤੇ ਸਮੁੱਚੇ ਪਰਵਾਰ 'ਤੇ ਕਲੰਕ ਦਾ ਕਾਰਨ ਬਣਦੇ ਹਨ, ਪਰ ਕੋਰਟ ਨੇ ਇਸ ਗੱਲ ਵੱਲ ਕੋਈ ਤਵੱਜੋ ਨਹੀਂ ਦਿੱਤੀ ਕਿ ਐਸੇ ਕੇਸਾਂ ਵਿੱਚ ਮਾਪਿਆਂ ਜਾਂ ਰਿਸ਼ਤੇਦਾਰਾਂ ਵੱਲੋਂ ਦਬਾਅ ਪਾ ਕੇ ਬੱਚਿਆਂ ਨੂੰ ਆਪਣੀ ਮਰਜ਼ੀ ਦੇ ਨਾਲ ਆਪਣਾ ਜੀਵਨ ਸਾਥੀ ਚੁਣਨ ਦੇ ਅਧਿਕਾਰ ਤੋਂ ਰੋਕਿਆ ਜਾਂਦਾ ਹੈ। ਇਹ ਵਿਸ਼ੇਸ਼ਕਰ ਉਦੋਂ ਹੁੰਦਾ ਹੈ, ਜਦੋਂ ਵਿਆਹ ਅੰਤਰ ਧਰਮ ਜਾਂ ਅੰਤਰਜਾਤੀ ਜਾਂ ਅਨੇਕਾਂ ਵਾਰ ਆਰਥਿਕ ਸਥਿਤੀ ਦੇ ਵਿੱਚ ਵਖਰੇਵੇਂ ਦੇ ਕਾਰਨ ਵੀ ਹੋਣ ਤਾਂ। ਮਾਣ- ਸਨਮਾਨ ਨੂੰ ਸਨਮੁਖ ਰੱਖਦੇ ਹੋਏ ਮਾਪਿਆਂ ਵੱਲੋਂ ਆਪਣੀਆਂ ਬੇਟੀਆਂ ਜਾਂ ਹੋਣ ਵਾਲੇ ਦਾਮਾਦ ਦੇ ਕਤਲ ਦੀਆਂ ਅਨੇਕਾਂ ਘਟਨਾਵਾਂ ਸਾਡੇ ਸਾਹਮਣੇ ਹਨ। ਇਸੇ ਕਰਕੇ ਇਸ ਕਿਸਮ ਦੇ ਜੋੜੇ ਸੁਰੱਖਿਆ ਦੀ ਮੰਗ ਕਰਦੇ ਹਨ। ਇਹ ਵੀ ਦੇਖਣ ਵਿੱਚ ਆਇਆ ਹੈ ਕਿ ਜਦੋਂ ਬੱਚੇ ਆਪਣੀ ਮਰਜ਼ੀ ਨਾਲ ਵਿਆਹ ਕਰਾਉਣਾ ਚਾਹੁੰਦੇ ਹਨ ਤਾਂ ਲੜਕੀਆਂ ਦੇ ਉੱਪਰ ਜ਼ਿਆਦਾ ਦਬਾਅ ਪਾਇਆ ਜਾਂਦਾ ਹੈ।

 # ਸੰਪਰਕ : 94170-00360

ਡਿਜੀਟਲ ਕ੍ਰਾਂਤੀ ਜਾਂ ਮਾਨਸਿਕ ਗੁਲਾਮੀ

ਪ੍ਰੋ. ਜਗਰੂਪ ਕੌਰ

ਅਜੋਕਾ ਮਨੁੱਖ ਇੱਕ ਅਜਿਹੀ ਹਾਈ-ਟੈਕ ਡਿਜੀਟਲ ਕ੍ਰਾਂਤੀ ਦੇ ਮੋੜ 'ਤੇ ਖੜ੍ਹਾ ਹੈ, ਜਿੱਥੇ ਇੰਟਰਨੈੱਟ ਦੀ ਦੁਨੀਆ ਅਤੇ ਸਾਡੀ ਅਸਲ ਜ਼ਿੰਦਗੀ ਵਿਚਕਾਰਲਾ ਫ਼ਰਕ ਪੂਰੀ ਤਰ੍ਹਾਂ ਮਿਟ ਚੁੱਕਾ ਹੈ। ਅੱਜ ਸੋਸ਼ਲ ਮੀਡੀਆ ਮਹਿਜ਼ ਗੱਲਬਾਤ ਦਾ ਜ਼ਰੀਆ ਨਹੀਂ ਰਿਹਾ, ਬਲਕਿ ਇੱਕ ਵੱਖਰਾ ਹੀ ਸਮਾਜ ਅਤੇ ਮਾਨਸਿਕ ਤਾਣਾ-ਬਾਣਾ ਬਣ ਚੁੱਕਾ ਹੈ। ਇਸ ਇੰਟਰਨੈੱਟ ਦੀ ਦੁਨੀਆ ਨੇ ਜਿੱਥੇ ਨੌਜਵਾਨ ਪੀੜ੍ਹੀ ਨੂੰ ਆਪਣੀ ਪ੍ਰਤਿਭਾ ਦਿਖਾਉਣ, ਆਜ਼ਾਦ ਕਾਰੋਬਾਰ ਕਰਨ ਅਤੇ ਖੁੱਲ੍ਹ ਕੇ ਗੱਲ ਰੱਖਣ ਦੇ ਵੱਡੇ ਮੌਕੇ ਦਿੱਤੇ ਹਨ, ਉੱਥੇ ਹੀ ਇਸ ਦੀ ਬੇਲਗਾਮ ਵਰਤੋਂ ਨੇ ਇੱਕ ਗੰਭੀਰ ਨੈਤਿਕ, ਮਾਨਸਿਕ ਅਤੇ ਸੁਰੱਖਿਆ ਸੰਕਟ ਖੜ੍ਹਾ ਕਰ ਦਿੱਤਾ ਹੈ। ਤ੍ਰਾਸਦੀ ਇਹ ਹੈ ਕਿ ਸਾਡੀ ਨਵੀਂ ਪੀੜ੍ਹੀ-ਚਾਹੇ ਉਹ ਧੀਆਂ ਹੋਣ ਜਾਂ ਪੁੱਤ ਇਸ ਮੋਬਾਈਲ ਦੇ ਮਾਇਆ ਜਾਲ ਦਾ ਸਭ ਤੋਂ ਨਰਮ ਨਿਸ਼ਾਨਾ ਬਣ ਰਹੀ ਹੈ, ਜਿੱਥੇ ਸਕ੍ਰੀਨ ਦੇ ਚਿਹਰੇ ਤਾਂ ਨਕਲੀ ਹਨ, ਪਰ ਉਨ੍ਹਾਂ ਵੱਲੋਂ ਦਿੱਤੇ ਜ਼ਖ਼ਮ ਬਿਲਕੁਲ ਅਸਲੀ ਹਨ।

ਜੇਕਰ ਅਸੀਂ ਦੇਸ਼ ਅਤੇ ਦੁਨੀਆ ਦੇ ਅੰਕੜਿਆਂ ਦੀ ਹਕੀਕਤ 'ਤੇ ਨਜ਼ਰ ਮਾਰੀਏ ਤਾਂ ਨੈਸ਼ਨਲ ਕਰਾਈਮ ਰਿਕਾਰਡਜ਼ ਬਿਊਰੋ ਦੀਆਂ ਰਿਪੋਰਟਾਂ ਇੱਕ ਬੇਹੱਦ ਖ਼ੌਫ਼ਨਾਕ ਸੱਚ ਪੇਸ਼ ਕਰਦੀਆਂ ਹਨ। ਇਨ੍ਹਾਂ ਮੁਤਾਬਕ ਔਰਤਾਂ ਅਤੇ ਮਰਦਾਂ ਵਿਰੁੱਧ ਹੋਣ ਵਾਲੇ ਆਨਲਾਈਨ ਅਪਰਾਧਾਂ ਵਿੱਚ ਸਾਲਾਨਾ ਲੱਗਭੱਗ 24 ਤੋਂ 28 ਫੀਸਦੀ ਦਾ ਭਿਆਨਕ ਵਾਧਾ ਹੋ ਰਿਹਾ ਹੈ। ਜਿੱਥੇ 60 ਫੀਸਦੀ ਤੋਂ ਵੱਧ ਲੜਕੀਆਂ ਇੰਟਰਨੈੱਟ 'ਤੇ ਪਿੱਛਾ ਕਰਨ, ਆਨਲਾਈਨ ਬਲੈਕਮੇਲਿੰਗ ਅਤੇ ਫੋਟੋਆਂ ਦੀ ਗਲਤ ਵਰਤੋਂ ਯਾਨੀ ਡੀਪਫੇਕ ਦਾ ਸ਼ਿਕਾਰ ਹੋ ਰਹੀਆਂ ਹਨ, ਉੱਥੇ ਹੀ ਦੂਜੇ ਪਾਸੇ 18 ਤੋਂ 35 ਸਾਲ ਦੇ ਨੌਜਵਾਨ ਲੜਕੇ ਬਹੁਤ ਵੱਡੀ ਗਿਣਤੀ ਵਿੱਚ ਆਨਲਾਈਨ ਵਿੱਤੀ ਠੱਗੀਆਂ, ਜਾਲ੍ਹੀ ਨੌਕਰੀਆਂ ਦੇ ਲਾਰਿਆਂ ਅਤੇ ਹਨੀ-ਟ੍ਰੈਪ ਯਾਨੀ ਸੋਸ਼ਲ ਮੀਡੀਆ 'ਤੇ ਕੁੜੀਆਂ ਦੇ ਨਕਲੀ ਖਾਤੇ ਬਣਾ ਕੇ ਫਸਾਉਣ ਵਰਗੇ ਅਪਰਾਧਾਂ ਦਾ ਸ਼ਿਕਾਰ ਹੋ ਰਹੇ ਹਨ।

ਇਸ ਤਕਨੀਕੀ ਅੰਨ੍ਹੇਵਾਹ ਦੌੜ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਭਾਵ ਮਾਨਵ-ਨਿਰਮਿਤ ਬੁੱਧੀ ਦੀ ਆਮਦ ਨੇ ਨਵੇਂ ਖ਼ਤਰਿਆਂ ਨੂੰ ਜਨਮ ਦਿੱਤਾ ਹੈ। ਏ ਆਈ ਰਾਹੀਂ ਹੁਣ ਆਵਾਜ਼ ਅਤੇ ਚਿਹਰੇ ਬਦਲਣ ਦੀ ਤਕਨੀਕ ਬਿਮਾਰ ਮਾਨਸਿਕਤਾ ਦਾ ਉਹ ਹਥਿਆਰ ਬਣ ਚੁੱਕੀ ਹੈ, ਜੋ ਨਾ ਸਿਰਫ਼ ਔਰਤਾਂ ਦੇ ਅਕਸ ਨੂੰ ਖ਼ਰਾਬ ਕਰ ਰਹੀ ਹੈ, ਬਲਕਿ ਲੜਕਿਆਂ ਨੂੰ ਵੀ ਵੀਡੀਓ ਕਾਲਾਂ ਰਾਹੀਂ ਜਾਲ ਵਿੱਚ ਫਸਾ ਕੇ ਉਨ੍ਹਾਂ ਦੀਆਂ ਨਕਲੀ ਨਿਊਡ ਵੀਡੀਓਜ਼ ਬਣਾਉਣ ਅਤੇ ਫਿਰ ਪਰਵਾਰ ਨੂੰ ਦਿਖਾਉਣ ਦੇ ਨਾਂਅ 'ਤੇ ਲੱਖਾਂ ਰੁਪਏ ਬਲੈਕਮੇਲ ਕਰਨ ਲਈ ਵਰਤੀ ਜਾ ਰਹੀ ਹੈ। ਇਸ ਦੇ ਨਾਲ ਹੀ ਬੱਚਿਆਂ ਦੀਆਂ ਨਕਲੀ ਆਵਾਜ਼ਾਂ ਤਿਆਰ ਕਰਕੇ ਪਰਵਾਰਾਂ ਨੂੰ ਡਰਾਉਣ ਅਤੇ ਪੈਸੇ ਲੁੱਟਣ ਦੇ ਮਾਮਲੇ ਵੀ ਤੇਜ਼ੀ ਨਾਲ ਵਧੇ ਹਨ।

ਅੱਜ-ਕੱਲ੍ਹ ਸਕੂਲਾਂ-ਕਾਲਜਾਂ ਵਿੱਚ ਪੜ੍ਹਦੀ ਨੌਜਵਾਨ ਪੀੜ੍ਹੀ ਵੀਡੀਓ ਦੇਖਣ ਵਾਲੇ ਵਿਊਜ਼ ਅਤੇ ਆਪਣੇ ਫਾਲੋਅਰਜ਼ ਦੀ ਗਿਣਤੀ ਵਧਾਉਣ ਦੀ ਇੱਕ ਅਣਦਿੱਖੀ ਮਾਨਸਿਕ ਬੀਮਾਰੀ ਦਾ ਸ਼ਿਕਾਰ ਹੋ ਰਹੀ ਹੈ। ਲੋਕਾਂ ਤੋਂ ਤਾਰੀਫ਼ ਸੁਣਨ ਦੀ ਭੁੱਖ ਨੇ ਮਨੁੱਖ ਨੂੰ ਆਪਣੀ ਨਿੱਜਤਾ ਨਿਲਾਮ ਕਰਨ ਲਈ ਮਜਬੂਰ ਕਰ ਦਿੱਤਾ ਹੈ। ਅਸੀਂ ਬਾਹਰੀ ਦੁਨੀਆ ਦੇ ਅਣਜਾਣ ਲੋਕਾਂ ਤੋਂ ਲਾਇਕਸ ਲੈਣ ਲਈ ਐਨੇ ਉਤਾਵਲੇ ਹਾਂ ਕਿ ਆਪਣੀ ਹਰ ਛੋਟੀ-ਵੱਡੀ ਨਿੱਜੀ ਗਤੀਵਿਧੀ ਅਤੇ ਮੌਜੂਦਾ ਸਥਾਨ ਇੰਟਰਨੈੱਟ 'ਤੇ ਸਾਂਝਾ ਕਰ ਰਹੇ ਹਾਂ, ਜਿਸ ਦਾ ਫਾਇਦਾ ਚੁੱਕ ਕੇ ਅਪਰਾਧਿਕ ਬਿਰਤੀ ਵਾਲੇ ਲੋਕ ਇਨ੍ਹਾਂ ਬੱਚਿਆਂ ਦਾ ਆਨਲਾਈਨ ਪਿੱਛਾ ਕਰਦੇ ਹਨ।

ਜਿੱਥੇ ਪੰਜਾਬ ਦੀਆਂ ਕੁੜੀਆਂ ਵਿਦੇਸ਼ ਜਾਣ ਦੀ ਅੰਨ੍ਹੀ ਦੌੜ ਸਦਕਾ ਆਨਲਾਈਨ ਵਿਆਹ ਕਰਵਾਉਣ ਵਾਲੀਆਂ ਸਾਈਟਾਂ ਜਾਂ ਝੂਠੇ ਲਾਰਿਆਂ ਰਾਹੀਂ ਠੱਗੀਆਂ ਜਾ ਰਹੀਆਂ ਹਨ, ਉੱਥੇ ਸਾਡੇ ਗੱਭਰੂ ਨੌਜਵਾਨ ਆਨਲਾਈਨ ਗੇਮਾਂ ਦੀ ਲਤ ਅਤੇ ਰਾਤੋ-ਰਾਤ ਅਮੀਰ ਬਣਨ ਵਾਲੀਆਂ ਆਨਲਾਈਨ ਸੱਟੇਬਾਜ਼ੀ ਐਪਸ ਦੀ ਦਲਦਲ ਵਿੱਚ ਫਸ ਰਹੇ ਹਨ। ਕਈ ਨੌਜਵਾਨ ਲੜਕੇ ਆਪਣੀ ਪੜ੍ਹਾਈ ਦੀ ਫੀਸ, ਘਰਦਿਆਂ ਦੀ ਜਮ੍ਹਾਂ-ਪੂੰਜੀ ਜਾਂ ਕਰਜ਼ਾ ਚੁੱਕ ਕੇ ਇਨ੍ਹਾਂ ਖੇਡਾਂ ਅਤੇ ਕ੍ਰਿਪਟੋ ਵਰਗੀਆਂ ਸੱਟੇਬਾਜ਼ੀਆਂ ਵਿੱਚ ਲੱਖਾਂ ਰੁਪਏ ਹਾਰ ਰਹੇ ਹਨ। ਜਦੋਂ ਇਹ ਨੁਕਸਾਨ ਬਰਦਾਸ਼ਤ ਤੋਂ ਬਾਹਰ ਹੋ ਜਾਂਦਾ ਹੈ ਤਾਂ ਉਹ ਡਿਪਰੈਸ਼ਨ ਯਾਨੀ ਮਾਨਸਿਕ ਤਣਾਅ ਵਿੱਚ ਚਲੇ ਜਾਂਦੇ ਹਨ।

ਪੰਜਾਬ ਦੇ ਲੁਧਿਆਣਾ, ਜਲੰਧਰ ਅਤੇ ਅੰਮ੍ਰਿਤਸਰ ਵਰਗੇ ਵੱਡੇ ਉਦਯੋਗਿਕ ਤੇ ਵਿਦਿਅਕ ਕੇਂਦਰਾਂ ਦੇ ਸਾਈਬਰ ਅਪਰਾਧ ਸੈੱਲਾਂ ਵਿੱਚ ਅਜਿਹੇ ਸੈਂਕੜੇ ਮਾਮਲੇ ਦਰਜ ਹੋ ਰਹੇ ਹਨ, ਜਿੱਥੇ ਲੜਕੀਆਂ ਦੀਆਂ ਨਿੱਜੀ ਵੀਡੀਓਜ਼ ਚੋਰੀ-ਛਿਪੇ ਰਿਕਾਰਡ ਕਰਕੇ ਉਨ੍ਹਾਂ ਨੂੰ ਬਲੈਕਮੇਲ ਕੀਤਾ ਗਿਆ ਅਤੇ ਦੂਜੇ ਪਾਸੇ ਕਈ ਨੌਜਵਾਨ ਲੜਕਿਆਂ ਨੂੰ ਅਣਜਾਣ ਕੁੜੀਆਂ ਦੇ ਨਾਂਅ 'ਤੇ ਆਈਆਂ ਵੀਡੀਓ ਕਾਲਾਂ ਰਾਹੀਂ ਬਲੈਕਮੇਲ ਕਰਕੇ ਖੁਦਕੁਸ਼ੀ ਕਰਨ ਲਈ ਮਜਬੂਰ ਕੀਤਾ ਗਿਆ। ਪੰਜਾਬੀ ਸੱਭਿਆਚਾਰ ਵਿੱਚ ਅੱਜ ਸੋਸ਼ਲ ਮੀਡੀਆ 'ਤੇ ਕੁਮੈਂਟ ਬਾਕਸ ਇੱਕ ਜੰਗ ਦਾ ਮੈਦਾਨ ਬਣ ਚੁੱਕਾ ਹੈ। ਇੱਥੇ ਨੌਜਵਾਨ ਲੜਕੇ- ਲੜਕੀਆਂ ਇੱਕ-ਦੂਜੇ ਦੇ ਖਿਲਾਫ਼ ਜਾਂ ਵੱਖ-ਵੱਖ ਵਿਚਾਰਧਾਰਾਵਾਂ ਦੇ ਨਾਂਅ 'ਤੇ ਜਿਸ ਤਰ੍ਹਾਂ ਦੀ ਗੰਦੀ ਭਾਸ਼ਾ, ਗਾਲੀ-ਗਲੋਚ ਅਤੇ ਧਮਕੀਆਂ ਦੀ ਵਰਤੋਂ ਕਰਦੇ ਹਨ, ਉਹ ਸਾਡੇ ਸਮਾਜਿਕ ਨਿਘਾਰ ਦੀ ਜਿਉਂਦੀ-ਜਾਗਦੀ ਮਿਸਾਲ ਹੈ।

ਇਸ ਸਾਰੀ ਤਬਾਹੀ ਦੇ ਬਾਵਜੂਦ ਸਾਡੇ ਸਮਾਜ ਦੀ ਸਭ ਤੋਂ ਵੱਡੀ ਤਰਾਸਦੀ ਇਹ ਹੈ ਕਿ ਅੱਜ ਵੀ ਇੱਥੇ ਸਮੱਸਿਆ ਨੂੰ ਸਮਝਣ ਦੀ ਬਜਾਏ ਪੀੜਤ ਨੂੰ ਹੀ ਕਸੂਰਵਾਰ ਠਹਿਰਾਉਣ ਦੀ ਮਾਨਸਿਕਤਾ ਹਾਵੀ ਹੈ। ਜੇਕਰ ਲੜਕੀ ਸ਼ਿਕਾਰ ਹੋਵੇ ਤਾਂ ਲੋਕ ਕਹਿੰਦੇ ਹਨ-ਇਸ ਨੂੰ ਮੋਬਾਈਲ ਕਿਉਂ ਦਿੱਤਾ , ਜੇਕਰ ਲੜਕਾ ਸ਼ਿਕਾਰ ਹੁੰਦਾ ਹੈ ਤਾਂ ਉਸ ਦੇ ਮਾਨਸਿਕ ਦਰਦ ਨੂੰ ਸਮਝਣ ਦੀ ਬਜਾਏ ਉਸ ਨੂੰ ਨਾਲਾਇਕ ਜਾਂ ਮੂਰਖ ਕਹਿ ਕੇ ਦੁਤਕਾਰ ਦਿੱਤਾ ਜਾਂਦਾ ਹੈ। ਸਾਈਬਰ ਮਾਹਰਾਂ ਅਨੁਸਾਰ ਲਗਭਗ 80 ਫੀਸਦੀ ਇੰਟਰਨੈੱਟ ਅਪਰਾਧ ਦੇ ਮਾਮਲੇ ਲੋਕ-ਲਾਜ ਅਤੇ ਸ਼ਰਮ ਦੇ ਮਾਰੇ ਪੁਲਸ ਤੱਕ ਪਹੁੰਚ ਹੀ ਨਹੀਂ ਪਾਉਂਦੇ। ਪਰਵਾਰ ਬੱਚਿਆਂ ਨੂੰ ਇਨਸਾਫ਼ ਦਿਵਾਉਣ ਜਾਂ ਉਨ੍ਹਾਂ ਦਾ ਸਾਥ ਦੇਣ ਦੀ ਬਜਾਏ ਉਨ੍ਹਾਂ ਨੂੰ ਘਰ ਵਿੱਚ ਕੈਦ ਕਰ ਦਿੰਦੇ ਹਨ ਜਾਂ ਉਨ੍ਹਾਂ ਨੂੰ ਬੇਇੱਜ਼ਤ ਕਰਦੇ ਹਨ, ਜੋ ਕਿ ਅਸਲ ਵਿੱਚ ਅਪਰਾਧੀ ਨੂੰ ਸਜ਼ਾ ਦੇਣ ਦੀ ਬਜਾਏ ਪੀੜਤ ਨੂੰ ਦੁਬਾਰਾ ਸਜ਼ਾ ਦੇਣ ਦੇ ਬਰਾਬਰ ਹੈ। ਸਾਨੂੰ ਇਹ ਪ੍ਰਵਾਨ ਕਰਨਾ ਪਵੇਗਾ ਕਿ ਅਪਰਾਧ ਇੰਟਰਨੈੱਟ ਦੇ ਸਿਗਨਲਾਂ ਵਿੱਚ ਨਹੀਂ, ਬਲਕਿ ਸਾਡੇ ਸਮਾਜ ਦੇ ਬਿਮਾਰ ਦਿਮਾਗਾਂ ਵਿੱਚ ਹੈ। ਭਾਵੇਂ ਕਾਨੂੰਨ ਵਿੱਚ ਸਖ਼ਤ ਧਾਰਾਵਾਂ ਅਤੇ ਭਾਰੀ ਜੁਰਮਾਨੇ ਮੌਜੂਦ ਹਨ, ਪਰ ਕਾਨੂੰਨ ਦੀ ਸੁਸਤ ਰਫ਼ਤਾਰ ਅਤੇ ਡਿਜੀਟਲ ਅਧਿਕਾਰਾਂ ਦੀ ਜਾਣਕਾਰੀ ਨਾ ਹੋਣ ਕਾਰਨ ਇਹ ਹਥਿਆਰ ਅਕਸਰ ਬੇਅਸਰ ਸਾਬਤ ਹੋ ਰਹੇ ਹਨ।

ਇਸ ਭਿਆਨਕ ਸੰਕਟ ਵਿੱਚੋਂ ਨਿਕਲਣ ਲਈ ਸਾਨੂੰ ਸਭ ਤੋਂ ਪਹਿਲਾਂ ਆਪਣੇ ਘਰਾਂ ਅਤੇ ਸਕੂਲਾਂ-ਕਾਲਜਾਂ ਵਿੱਚ ਇੰਟਰਨੈੱਟ ਦੀ ਵਰਤੋਂ ਦੇ ਸੁਰੱਖਿਆ ਨਿਯਮਾਂ ਭਾਵ ਸਾਈਬਰ ਸਿਆਣਪ ਨੂੰ ਲਾਗੂ ਕਰਨਾ ਪਵੇਗਾ। ਹਰ ਨੌਜਵਾਨ ਨੂੰ ਇਹ ਸਿਖਾਇਆ ਜਾਵੇ ਕਿ ਮਜ਼ਬੂਤ ਪਾਸਵਰਡ ਰੱਖਣਾ, ਟੂ-ਸਟੈੱਪ ਵੈਰੀਫਿਕੇਸ਼ਨ ਦੀ ਵਰਤੋਂ ਕਰਨਾ, ਕਿਸੇ ਵੀ ਅਣਜਾਣ ਲਿੰਕ 'ਤੇ ਕਲਿੱਕ ਨਾ ਕਰਨਾ ਅਤੇ ਆਨਲਾਈਨ ਪੈਸੇ ਜਿੱਤਣ ਵਾਲੀਆਂ ਐਪਸ ਤੋਂ ਦੂਰ ਰਹਿਣਾ ਓਨਾ ਹੀ ਜ਼ਰੂਰੀ ਹੈ, ਜਿੰਨਾ ਘਰ ਦੇ ਮੁੱਖ ਦਰਵਾਜ਼ੇ ਨੂੰ ਜੰਦਰਾ ਲਗਾਉਣਾ। ਇਸ ਦੇ ਨਾਲ ਹੀ ਨਵੀਂ ਪੀੜ੍ਹੀ ਨੂੰ ਇਹ ਸਮਝਾਉਣਾ ਪਵੇਗਾ ਕਿ ਇੰਟਰਨੈੱਟ 'ਤੇ ਪਾਈ ਗਈ ਕੋਈ ਵੀ ਚੀਜ਼ ਕਦੇ ਵੀ ਪੂਰੀ ਤਰ੍ਹਾਂ ਮਿਟਦੀ ਨਹੀਂ; ਇਹ ਸਾਡੇ ਚਰਿੱਤਰ ਦਾ ਉਹ ਸਥਾਈ ਪਰਛਾਵਾਂ ਹੈ ਜੋ ਉਮਰ ਭਰ ਸਾਡੇ ਨਾਲ ਚੱਲੇਗਾ। ਸਕੂਲਾਂ ਦੇ ਸਿਲੇਬਸ ਵਿੱਚ ਇੰਟਰਨੈੱਟ 'ਤੇ ਵਿਚਰਨ ਦੇ ਨੈਤਿਕ ਨਿਯਮਾਂ, ਸਾਈਬਰ ਸੁਰੱਖਿਆ ਅਤੇ ਆਨਲਾਈਨ ਵਿੱਤੀ ਧੋਖਾਧੜੀ ਤੋਂ ਬਚਣ ਦੇ ਤਰੀਕਿਆਂ ਨੂੰ ਇੱਕ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਇਆ ਜਾਣਾ ਚਾਹੀਦਾ ਹੈ।

ਮਾਪਿਆਂ ਦੀ ਭੂਮਿਕਾ ਵੀ ਅਜੋਕੇ ਦੌਰ ਵਿੱਚ ਬਦਲਣੀ ਪਵੇਗੀ। ਉਨ੍ਹਾਂ ਨੂੰ ਆਪਣੇ ਬੱਚਿਆਂ 'ਤੇ ਸ਼ੱਕੀ ਨਜ਼ਰਾਂ ਨਾਲ ਜਾਸੂਸੀ ਕਰਨ ਦੀ ਬਜਾਏ, ਘਰ ਵਿੱਚ ਇੱਕ ਅਜਿਹਾ ਦੋਸਤਾਨਾ ਮਾਹੌਲ ਸਿਰਜਣਾ ਪਵੇਗਾ ਕਿ ਜੇਕਰ ਕੋਈ ਬੱਚਾ, ਚਾਹੇ ਧੀ ਹੋਵੇ ਜਾਂ ਪੁੱਤ, ਆਨਲਾਈਨ ਕਿਸੇ ਮੁਸ਼ਕਲ, ਠੱਗੀ ਜਾਂ ਬਲੈਕਮੇਲਿੰਗ ਦਾ ਸ਼ਿਕਾਰ ਹੋ ਜਾਂਦਾ ਹੈ, ਤਾਂ ਉਹ ਡਰ ਦੇ ਮਾਰੇ ਕੋਈ ਗਲਤ ਕਦਮ ਚੁੱਕਣ ਦੀ ਬਜਾਏ ਸਭ ਤੋਂ ਪਹਿਲਾਂ ਆਪਣੇ ਪਰਵਾਰ ਨੂੰ ਸੱਚ ਦੱਸ ਸਕੇ।

ਪ੍ਰਸ਼ਾਸਨ ਦੇ ਪੱਧਰ 'ਤੇ ਸਾਈਬਰ ਸ਼ਿਕਾਇਤ ਪ੍ਰਣਾਲੀ ਨੂੰ ਸੌਖਾ ਕੀਤਾ ਜਾਵੇ, ਜਿੱਥੇ ਰਾਸ਼ਟਰੀ ਸਾਈਬਰ ਹੈਲਪਲਾਈਨ ਨੰਬਰ 1930 ਅਤੇ ਸਰਕਾਰ ਦੇ ਅਧਿਕਾਰਤ ਸਾਈਬਰ ਪੋਰਟਲ cybercrime.gov.in ਬਾਰੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਸਾਈਬਰ ਥਾਣਿਆਂ ਵਿੱਚ ਸਿਖਲਾਈ ਪ੍ਰਾਪਤ ਅਧਿਕਾਰੀਆਂ ਦੀ ਤਾਇਨਾਤੀ ਯਕੀਨੀ ਹੋਵੇ, ਤਾਂ ਜੋ ਪੀੜਤ ਬੱਚੇ ਬਿਨਾਂ ਝਿਜਕ ਆਪਣੀ ਗੱਲ ਕਹਿ ਸਕਣ ਅਤੇ ਫਾਸਟ-ਟਰੈਕ ਅਦਾਲਤਾਂ ਰਾਹੀਂ ਦੋਸ਼ੀਆਂ ਨੂੰ ਤੁਰੰਤ ਸਜ਼ਾਵਾਂ ਮਿਲਣ।

ਇਸ ਦੇ ਨਾਲ ਹੀ ਇੰਟਰਨੈੱਟ ਚਲਾਉਣ ਵਾਲੀਆਂ ਵੱਡੀਆਂ ਸੋਸ਼ਲ ਮੀਡੀਆ ਕੰਪਨੀਆਂ—ਚਾਹੇ ਉਹ ਟੈਲੀਗ੍ਰਾਮ ਹੋਵੇ, ਇੰਸਟਾਗ੍ਰਾਮ ਹੋਵੇ ਜਾਂ ਕੋਈ ਹੋਰ ਪਲੇਟਫਾਰਮ—ਉਨ੍ਹਾਂ ਦੀ ਕਾਨੂੰਨੀ ਜਵਾਬਦੇਹੀ ਦੇ ਨਿਯਮ ਬੇਹੱਦ ਸਖ਼ਤ ਹੋਣੇ ਚਾਹੀਦੇ ਹਨ। ਸਭ ਤੋਂ ਪਹਿਲੀ ਲੋੜ ਤੁਰੰਤ ਸੁਣਵਾਈ ਦੀ ਹੈ; ਜੇਕਰ ਕੋਈ ਪੀੜਤ ਕਿਸੇ ਇਤਰਾਜ਼ਯੋਗ ਵੀਡੀਓ ਜਾਂ ਸਮੱਗਰੀ ਖ਼ਿਲਾਫ਼ ਸ਼ਿਕਾਇਤ ਕਰਦਾ ਹੈ, ਤਾਂ ਕੰਪਨੀਆਂ ਦੇ ਮਾਲਕਾਂ ਨੂੰ ਦਿਨਾਂ ਜਾਂ ਹਫ਼ਤਿਆਂ ਦਾ ਸਮਾਂ ਲਗਾਉਣ ਦੀ ਬਜਾਏ ਕੁਝ ਹੀ ਮਿੰਟਾਂ ਦੇ ਅੰਦਰ ਉਸ ਨੂੰ ਪੋਰਟਲ ਤੋਂ ਹਟਾਉਣਾ ਲਾਜ਼ਮੀ ਹੋਵੇ। ਦੂਜਾ ਵੱਡਾ ਹੱਲ ਇਹ ਹੈ ਕਿ ਹਰ ਇੱਕ ਐਪ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਯਾਨੀ ਏ ਆਈ ਡਿਟੈਕਸ਼ਨ ਫਿਲਟਰ ਵਰਗੀ ਆਧੁਨਿਕ ਤਕਨੀਕ ਨੂੰ ਜੋੜਿਆ ਜਾਵੇ, ਜੋ ਕਿਸੇ ਵੀ ਚੀਜ਼ ਨੂੰ ਅਪਲੋਡ ਕਰਨ ਵੇਲੇ ਹੀ ਪਰਖ ਅਤੇ ਛਾਣ ਸਕੇ ਕਿ ਇਹ ਅਸਲੀ ਹੈ ਜਾਂ ਕਿਸੇ ਦੀ ਨਕਲੀ ਯਾਨੀ ਡੀਪਫੇਕ ਬਣਾਈ ਗਈ ਹੈ। ਜੇਕਰ ਕੋਈ ਚੀਜ਼ ਨਕਲੀ ਜਾਂ ਇਤਰਾਜ਼ਯੋਗ ਪਾਈ ਜਾਂਦੀ ਹੈ, ਤਾਂ ਸਿਸਟਮ ਉਸ ਨੂੰ ਅਪਲੋਡ ਹੋਣ ਦੀ ਆਪਸ਼ਨ ਹੀ ਨਾ ਦੇਵੇ। ਤਕਨਾਲੋਜੀ ਦੇ ਮਾਲਕਾਂ ਨੂੰ ਖ਼ੁਦ ਇਸ ਮੁਹਿੰਮ ਵਿੱਚ ਜਵਾਬਦੇਹ ਬਣਾਉਣਾ ਹੁਣ ਸਮੇਂ ਦੀ ਸਭ ਤੋਂ ਵੱਡੀ ਮੰਗ ਹੈ।

ਨੌਜਵਾਨ ਪੀੜ੍ਹੀ ਨੂੰ ਹਫ਼ਤੇ ਵਿੱਚ ਇੱਕ ਦਿਨ ਸਕਰੀਨ ਤੋਂ ਪੂਰੀ ਤਰ੍ਹਾਂ ਦੂਰ ਰਹਿ ਕੇ ਹਕੀਕੀ ਜ਼ਿੰਦਗੀ ਜਿਉਣ ਭਾਵ ਡਿਜੀਟਲ ਡੀਟੌਕਸ ਕਰਨ ਦੀ ਆਦਤ ਪਾਉਣੀ ਪਵੇਗੀ, ਤਾਂ ਜੋ ਉਹ ਮਸ਼ੀਨਾਂ ਬਣਨ ਦੀ ਬਜਾਏ ਮਨੁੱਖ ਬਣੇ ਰਹਿਣ ਅਤੇ ਅਸਲ ਰਿਸ਼ਤਿਆਂ ਦੀ ਨਿੱਘ ਨੂੰ ਮਹਿਸੂਸ ਕਰ ਸਕਣ। ਸੋਸ਼ਲ ਮੀਡੀਆ ਇੱਕ ਦੋਧਾਰੀ ਤਲਵਾਰ ਹੈ, ਇਸ ਨੂੰ ਕੋਸ ਕੇ ਜਾਂ ਬੱਚਿਆਂ ਨੂੰ ਮੋਬਾਈਲ ਵਰਤਣ ਤੋਂ ਰੋਕ ਕੇ ਅਸੀਂ ਸਮੱਸਿਆ ਦਾ ਹੱਲ ਨਹੀਂ ਕਰ ਸਕਦੇ। ਹੱਲ ਤਕਨਾਲੋਜੀ ਨੂੰ ਰੋਕਣ ਵਿੱਚ ਨਹੀਂ, ਬਲਕਿ ਇੱਕ ਅਜਿਹਾ ਸੁਰੱਖਿਅਤ, ਨੈਤਿਕ ਅਤੇ ਸਿਹਤਮੰਦ ਮਾਹੌਲ ਸਿਰਜਣ ਵਿੱਚ ਹੈ, ਜਿੱਥੇ ਸਾਡੀ ਨਵੀਂ ਪੀੜ੍ਹੀ ਬਿਨਾਂ ਕਿਸੇ ਡਰ ਅਤੇ ਭਟਕਣਾ ਦੇ ਇਸ ਡਿਜੀਟਲ ਦੁਨੀਆ ਵਿੱਚ ਆਪਣੀ ਸਕਾਰਾਤਮਕ ਉਡਾਣ ਭਰ ਸਕੇ।

 # ਸੰਪਰਕ : 70095-29882

ਭਾਜਪਾ ਈ ਡੀ, ਸੀ ਬੀ ਆਈ ਰਾਹੀਂ ਲੀਡਰਾਂ ਨੂੰ ਡਰਾ ਕੇ ਪਾਰਟੀ 'ਚ ਸ਼ਾਮਲ ਕਰ ਰਹੀ : ਧਾਲੀਵਾਲ

ਮਾਲੇਰਕੋਟਲਾ (ਅਸਗਰ ਪਰਿਹਾਰ)

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮਾਲੇਰਕੋਟਲਾ ਵੱਲੋਂ ਮਹਿੰਗਾਈ, ਬੇਰੁਜ਼ਗਾਰੀ, ਨਸ਼ਾਖੋਰੀ ਤੇ ਅਮਨ ਕਾਨੂੰਨ ਦੀ ਵਿਗੜਦੀ ਹਾਲਤ ਦੇ ਵਿਰੋਧ ਵਿੱਚ ਸੱਟਾ ਚੌਕ ਮਾਲੇਰਕੋਟਲਾ ਵਿਖੇ ਬਹਾਵਲਪੁਰੀ ਧਰਮਸ਼ਾਲਾ ਵਿੱਚ ਕਨਵੈਨਸ਼ਨ ਕੀਤੀ ਗਈ।ਕਨਵੈਨਸ਼ਨ ਦੀ ਪ੍ਰਧਾਨਗੀ ਰਣਜੀਤ ਸਿੰਘ ਰਾਣਵਾਂ ਪੈਨਸ਼ਨਰ ਆਗੂ, ਕਾ. ਮੁਹੰਮਦ ਖ਼ਲੀਲ, ਕਾ. ਦਿਨੇਸ਼ ਭਰਤਵਾਜ ਦੋਵੇਂ ਸਹਾਇਕ ਸਕੱਤਰ ਸੀ ਪੀ ਆਈ ਜ਼ਿਲ੍ਹਾ ਮਾਲੇਰਕੋਟਲਾ ਤੇ ਸਰਿੰਦਰ ਕੁਮਾਰ ਭੈਣੀ ਕਲਾਂ ਦੇ ਅਧਾਰਤ ਪ੍ਰਧਾਨਗੀ ਮੰਡਲ ਨੇ ਕੀਤੀ।ਕਨਵੈਨਸ਼ਨ ਦੀ ਕਾਰਵਾਈ ਸ਼ੁਰੂ ਕਰਦਿਆਂ ਕਾ. ਭਰਪੂਰ ਸਿੰਘ ਬੂੱਲਾਪੁਰ ਜ਼ਿਲ੍ਹਾ ਸਕੱਤਰ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮਾਲੇਰਕੋਟਲਾ ਨੇ ਕਿਹਾ ਕਿ ਸੀ ਪੀ ਆਈ ਪੰਜਾਬ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਇਹ ਕਨਵੈਨਸ਼ਨਾਂ ਕੀਤੀਆਂ ਜਾ ਰਹੀਆਂ ਹਨ। ਪੰਜਾਬ ਦੇ ਲੋਕਾਂ ਨੂੰ ਅੱਜ ਦੇ ਵਿਗੜਦੇ ਹਾਲਤਾਂ ਵਿੱਚ ਰਹਿਣ ਬਸੇਰਾ ਕਰਨਾ ਬਹੁਤ ਮੁਸ਼ਕਲ ਹੋ ਗਿਆ ਹੈ।ਹਰ ਰੋਜ਼ ਲੁੱਟਾਂ-ਖੋਹਾਂ ਤੇ ਦਿਨ ਦਿਹਾੜੇ ਕਤਲ ਹੋ ਰਹੇ ਹਨ, ਭਾਰਤੀ ਕਮਿਊਨਿਸਟ ਪਾਰਟੀ ਪੰਜਾਬ ਦੇ ਸੂਬਾ ਸਕੱਤਰ ਕਾ. ਨਿਰਮਲ ਸਿੰਘ ਧਾਲੀਵਾਲ ਨੇ ਕਨਵੈਨਸ਼ਨ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਪੰਜਾਬ ਵਿੱਚ ਮਹਿੰਗਾਈ ਨੇ ਗਰੀਬ ਤੇ ਮੱਧਵਰਗੀ ਪਰਿਵਾਰਾਂ ਤੇ ਸਮੁੱਚੇ ਮਿਹਨਤਕਸ਼ ਲੋਕਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ।ਨਸ਼ਾ ਸ਼ਰੇਆਮ ਵਿਕ ਰਿਹਾ ਹੈ।ਕਈ ਪਿੰਡਾਂ ਦੇ ਲੋਕਾਂ ਨੇ ਆਪਣੇ ਘਰਾਂ 'ਤੇ ਲਿਖ ਦਿੱਤਾ ਹੈ ਕਿ ਇਹ ਘਰ ਅੱਧੀ ਕੀਮਤ 'ਤੇ ਵਿਕਾਊ ਹੈ।ਪੁਲਸ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਇਹ ਲੋਕ ਆਪ ਹੀ ਨਸ਼ਾ ਵੇਚਦੇ ਹਨ। ਪੰਜਾਬ ਸਰਕਾਰ ਪ੍ਰਚਾਰ ਕਰਦੀ ਹੈ ਕਿ ਨਸ਼ਾ ਵੇਚਣ ਵਾਲਿਆਂ ਦੇ ਘਰਾਂ ਨੂੰ ਬਲਡੋਜ਼ਰ ਨਾਲ ਢਾਹੁੰਦੀ ਹੈ, ਜਦੋਂਕਿ ਅਸਲੀਅਤ ਇਹ ਹੈ, ਜੋ ਘਰ ਸ਼ਾਮਲਾਟ ਜਗ੍ਹਾ 'ਤੇ ਬਣਿਆ ਹੈ, ਉਸ ਨੂੰ ਹੀ ਢਾਹੁੰਦੀ ਹੈ, ਜੋ ਨਸ਼ਾ ਕਰਦੇ ਹਨ, ਉਨ੍ਹਾਂ ਨੂੰ ਪੁਲਸ ਫੜ ਕੇ ਜੇਲ੍ਹਾਂ ਵਿੱਚ ਭੇਜੀ ਜਾ ਰਹੀ ਹੈ।ਕਿਸੇ ਵੱਡੇ ਸਮਗਲਰ ਨੂੰ ਤਾਂ ਅੱਜ ਤੱਕ ਫੜਿਆ ਨਹੀਂ ਗਿਆ।ਇਹ ਸਾਰਾ ਨਸ਼ਾ ਗੁਜਰਾਤ ਦੀਆਂ ਬੰਦਰਗਾਹਾਂ ਰਾਹੀਂ ਆਉਂਦਾ ਹੈ।ਸੋ ਪੰਜਾਬ, ਹਰਿਆਣਾ ਤੇ ਹੋਰ ਰਾਜਾਂ ਵਿੱਚ ਵਿਕ ਰਿਹਾ ਹੈ।ਬੀ ਜੇ ਪੀ ਵੱਲੋਂ ਐੱਸ ਆਈ ਆਰ ਵੋਟਾਂ ਦੀ ਵਿਸ਼ੇਸ਼ ਸੁਧਾਈ ਰਾਹੀਂ ਪਹਿਲਾਂ ਬਿਹਾਰ ਵਿੱਚ ਤੀਜਾ ਹਿੱਸਾ ਵੋਟਾਂ ਜੋ ਵਿਰੋਧੀ ਸਨ, ਉਹ ਕੱਟੀਆਂ ਗਈਆਂ। ਬੰਗਾਲ ਵਿੱਚ ਵੀ 27 ਲੱਖ ਵਿਰੋਧੀ ਵੋਟਾਂ ਕੱਟ ਕੇ ਸਰਕਾਰ ਬਣਾ ਲਈ ਹੈ।ਹੁਣ ਪੰਜਾਬ ਵਿੱਚ 37 ਲੱਖ ਵਿਰੋਧੀ ਵੋਟਾਂ ਕੱਟਣ ਦੀ ਕਾਰਵਾਈ ਕੀਤੀ ਜਾ ਰਹੀ ਹੈ। ਭਾਜਪਾ ਪੰਜਾਬ ਦੀ ਰਾਜਨੀਤੀ ਵਿੱਚ ਵੀ ਸਰਕਾਰ ਬਣਾਉਣਾ ਚਾਹੁੰਦੀ ਹੈ।ਪੰਜਾਬ ਵਿੱਚ ਵੀ ਫਿਰਕਾਪ੍ਰਸਤੀ ਫੈਲਾ ਕੇ ਵੋਟਾਂ ਹਾਸਲ ਕਰਨਾ ਚਾਹੁੰਦੀ ਹੈ।ਇਹ ਆਰ ਐੱਸ ਐੱਸ ਦਾ ਚੋਣਾਵੀ ਹੱਥ ਕੰਡਾ ਹੈ ਕਿ ਜਲ, ਜੰਗਲ, ਜ਼ਮੀਨ, ਲੋਹਾ, ਕੋਲਾ, ਸੋਨਾ ਤੇ ਹੋਰ ਸਾਰੇ ਕੁਦਰਤੀ ਖਣਿਜ ਪਦਾਰਥਾਂ ਨੂੰ ਕਰਪੋਰੇਟਾਂ ਨੂੰ ਦੇ ਕੇ ਕੇਂਦਰ ਤੇ ਸਾਰੇ ਰਾਜਾਂ ਵਿੱਚ ਆਪਣੀਆਂ ਸਰਕਾਰਾਂ ਬਣਾਈਆਂ ਜਾਣ।ਹੁਣ ਪੰਜਾਬ ਵਿੱਚ ਵੀ ਭਾਜਪਾ ਆਪਣੀ ਸਰਕਾਰ ਬਣਾਉਣਾ ਚਾਹੁੰਦੀ ਹੈ। ਪ੍ਰੰਤੂ ਪੰਜਾਬ ਲੋਕਾਂ ਦੇ ਭਖਦੇ ਮਸਲੇ ਮਹਿੰਗਾਈ, ਬੇਰੁਜ਼ਗਾਰੀ, ਨਸ਼ਾਖੋਰੀ ਤੇ ਅਮਨ ਕਾਨੂੰਨ, ਸਿੱਖਿਆ, ਸਿਹਤ ਆਦਿ ਸਮੇਤ ਦਾ ਹੱਲ ਭਾਰਤੀ ਕਮਿਊਨਿਸਟ ਪਾਰਟੀ ਤੇ ਸੈਕੂਲਰ ਧਿਰਾਂ ਹੀ ਕਰ ਸਕਦੀਆਂ ਹਨ। ਇਸ ਲਈ ਪੰਜਾਬ ਦੇ ਲੋਕਾਂ ਨੂੰ ਵੋਟਾਂ ਪਾਉਣ ਦੀ ਅਪੀਲ ਕਰਦੇ ਹਾਂ।ਅੱਜ ਦੀ ਕਨਵੈਨਸ਼ਨ ਨੂੰ ਜੀਤ ਸਿੰਘ ਬਿੰਝੋਕੀ ਕਲਾਂ, ਨਰਿੰਦਰ ਕੁਮਾਰ ਤੇ ਗੋਬਿੰਦ ਕਾਂਤ ਝਾਅ ਨੇ ਵੀ ਸੰਬੋਧਨ ਕੀਤਾ।

ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਸਥਾਈ ਮੈਂਬਰੀ ਖ਼ਤਮ ਕਰਕੇ ਪੰਜਾਬ ਦੇ ਪਾਣੀਆਂ ਦਾ ਮਸਲਾ, ਚੰਡੀਗੜ੍ਹ ਤੇ ਪੰਜਾਬ ਦਾ ਹੱਕ ਨਾ ਦੇਣਾ, ਚੰਡੀਗੜ੍ਹ ਵਿੱਚ ਹਰਿਆਣਾ ਨੂੰ ਵਿਧਾਨ ਸਭਾ ਲਈ ਜਗ੍ਹਾ ਦੇਣਾ, ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਦੇਣਾ, ਕਿਰਤ ਕਾਨੂੰਨਾਂ ਵਿੱਚੋਂ 29 ਕਿਰਤ ਕਾਨੂੰਨਾਂ ਨੂੰ ਤੋੜ ਕੇ ਚਾਰ ਲੇਬਰ ਕੋਡ ਲਾਗੂ ਕਰਨਾ, ਠੇਕੇਦਾਰੀ ਤੇ ਆਊਟਸੋਰਸਿਸ ਰਾਹੀਂ ਮਜ਼ਦੂਰਾਂ ਦੀ ਲੁੱਟ ਕਰਨਾ, ਨਰੇਗਾ ਕਾਨੂੰਨ ਨੂੰ ਖ਼ਤਮ ਕਰਨਾ, ਘੱਟ ਗਿਣਤੀ ਭਾਈਚਾਰੇ ਦੇ ਧਾਰਮਿਕ ਸਥਾਨਾਂ 'ਤੇ ਆਪਣਾ ਹੱਕ ਜਿਤਾ ਕੇ ਫ਼ਿਰਕੂ ਧਰੁਵੀਕਰਨ ਕਰਕੇ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰਨਾ ਹੀ ਚੋਣਾਵੀ ਰਾਜਨੀਤੀ ਰਾਹੀਂ ਪੰਜਾਬ ਵਿੱਚ ਵੋਟਾਂ ਬਟੋਰਨ ਦੀ ਨੀਤੀ 'ਤੇ ਚੱਲ ਰਹੀ ਹੈ।ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਪੰਜਾਬ ਵਿੱਚ ਕਨਵੈਨਸ਼ਨਾਂ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਭਾਜਪਾ ਈ ਡੀ, ਸੀ ਬੀ ਆਈ ਰਾਹੀਂ ਦੂਸਰਿਆਂ ਪਾਰਟੀਆਂ ਦੇ ਕੁਰੱਪਟ ਲੀਡਰਾਂ ਨੂੰ ਡਰਾ ਕੇ ਆਪਣੀ ਪਾਰਟੀ ਵਿੱਚ ਸ਼ਾਮਲ ਕਰ ਰਹੀ ਹੈ।ਇਸ ਲਈ ਅਸੀਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਕਨਵੈਨਸ਼ਨਾਂ ਕਰਕੇ ਪੰਜਾਬ ਦੇ ਲੋਕਾਂ ਨੂੰ ਸੁਚੇਤ ਕਰ ਰਹੇ ਹਾਂ।

■ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮਾਲੇਰਕੋਟਲਾ ਵੱਲੋਂ ਚੇਤਨਾ ਕਨਵੈਨਸ਼ਨ

ਐਡਵੋਕੇਟ ਰਾਜਿੰਦਰ ਮੰਡ ਦੇ ਦਿਹਾਂਤ ਨਾਲ ਕਮਿਊਨਿਸਟ ਲਹਿਰ ਤੇ ਲੋਕ ਪੱਖੀ ਪੱਤਰਕਾਰੀ ਨੂੰ ਪਿਆ ਵੱਡਾ ਘਾਟਾ : ਸੀ ਪੀ ਆਈ, ਏਟਕ

ਮੋਗਾ (ਇਕਬਾਲ ਸਿੰਘ ਖਹਿਰਾ)-ਉੱਘੇ ਕਮਿਊਨਿਸਟ ਆਗੂ, ਲੋਕ ਪੱਖੀ ਸੋਚ ਦੇ ਪ੍ਰਚਾਰਕ ਤੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਜਲੰਧਰ ਦੇ ਟਰੱਸਟੀ ਐਡਵੋਕੇਟ ਰਾਜਿੰਦਰ ਸਿੰਘ ਮੰਡ ਦੇ ਅਚਾਨਕ ਦਿਹਾਂਤ 'ਤੇ ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਮੋਗਾ ਅਤੇ ਟਰੇਡ ਯੂਨੀਅਨ ਕੌਂਸਲ (ਏਟਕ) ਮੋਗਾ ਵੱਲੋਂ ਡੂੰਘੇ ਦੁੱਖ ਤੇ ਸੋਗ ਦਾ ਪ੍ਰਗਟਾਵਾ ਕੀਤਾ ਗਿਆ ਹੈ।

ਸੀ.ਪੀ.ਆਈ. ਤੇ ਟਰੇਡ ਯੂਨੀਅਨ ਆਗੂਆਂ ਨੇ ਆਪਣੇ ਸ਼ੋਕ ਸੰਦੇਸ਼ ਵਿੱਚ ਕਿਹਾ ਕਿ ਐਡਵੋਕੇਟ ਰਾਜਿੰਦਰ ਸਿੰਘ ਮੰਡ ਨੇ ਆਪਣਾ ਸਾਰਾ ਜੀਵਨ ਕਿਰਤੀ ਲੋਕਾਂ, ਮਜ਼ਦੂਰਾਂ, ਕਿਸਾਨਾਂ ਤੇ ਸਮਾਜ ਦੇ ਵੰਚਿਤ ਵਰਗਾਂ ਦੇ ਹੱਕਾਂ ਲਈ ਸੰਘਰਸ਼ ਕਰਦਿਆਂ ਬਿਤਾਇਆ।ਉਹ ਪ੍ਰਗਤੀਸ਼ੀਲ ਵਿਚਾਰਧਾਰਾ ਦੇ ਦ੍ਰਿੜ੍ਹ ਹਮਾਇਤੀ ਤੇ ਲੋਕ ਪੱਖੀ ਪੱਤਰਕਾਰੀ ਦੇ ਸਮਰਪਿਤ ਸਾਥੀ ਸਨ। 'ਨਵਾਂ ਜ਼ਮਾਨਾ' ਅਖ਼ਬਾਰ ਨਾਲ ਉਨ੍ਹਾਂ ਦੀ ਲੰਬੀ ਸਾਂਝ ਨੇ ਲੋਕਤੰਤਰੀ ਤੇ ਧਰਮ ਨਿਰਪੱਖ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾਇਆ।

ਆਗੂਆਂ ਨੇ ਕਿਹਾ ਕਿ ਉਨ੍ਹਾਂ ਦੇ ਦਿਹਾਂਤ ਨਾਲ 'ਨਵਾਂ ਜ਼ਮਾਨਾ' ਅਖ਼ਬਾਰ, ਕਮਿਊਨਿਸਟ ਪਾਰਟੀ, ਟਰੇਡ ਯੂਨੀਅਨ ਲਹਿਰ ਤੇ ਸਮੁੱਚੀ ਕਿਰਤੀ ਜਮਾਤ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਉਨ੍ਹਾਂ ਦੀ ਸਾਦਗੀ, ਇਮਾਨਦਾਰੀ, ਵਿਚਾਰਧਾਰਕ ਦ੍ਰਿੜ੍ਹਤਾ ਤੇ ਲੋਕਾਂ ਨਾਲ ਜੁੜਾਅ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਸੀ.ਪੀ.ਆਈ. ਮੋਗਾ ਤੇ ਟਰੇਡ ਯੂਨੀਅਨ ਕੌਂਸਲ ਮੋਗਾ ਵੱਲੋਂ ਮਰਹੂਮ ਰਾਜਿੰਦਰ ਸਿੰਘ ਮੰਡ ਦੇ ਪਰਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਦੁੱਖ ਦੀ ਇਸ ਘੜੀ ਵਿੱਚ ਹਰ ਸੰਭਵ ਸਾਥ ਦੇਣ ਦਾ ਭਰੋਸਾ ਦਿੱਤਾ ਗਿਆ।ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਸੀ.ਪੀ.ਆਈ. ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ, ਸ਼ੇਰ ਸਿੰਘ ਦੌਲਤਪੁਰਾ, ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਸਵਰਾਜ ਸਿੰਘ ਢੁੱਡੀਕੇ, ਗੁਰਮੀਤ ਸਿੰਘ ਵਾਂਦਰ, ਟਰੇਡ ਯੂਨੀਅਨ ਕੌਂਸਲ (ਏਟਕ) ਦੇ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਸਕੱਤਰ ਜਗਸੀਰ ਸਿੰਘ ਖੋਸਾ, ਭੁਪਿੰਦਰ ਸਿੰਘ ਸੇਖੋਂ, ਪੋਹਲਾ ਸਿੰਘ ਬਰਾੜ, ਸਤਪਾਲ ਸਹਿਗਲ, ਨੌਜਵਾਨ ਆਗੂ ਸੁਖਜਿੰਦਰ ਮਹੇਸ਼ਰੀ, ਕਰਮਵੀਰ ਬੱਧਨੀ, ਗੁਰਦਿੱਤ ਸਿੰਘ ਦੀਨਾਂ, ਇੰਦਰਜੀਤ ਸਿੰਘ ਦੀਨਾ, ਜਗਵਿੰਦਰ ਸਿੰਘ ਕਾਕਾ, ਵਿਦਿਆਰਥੀ ਆਗੂ ਹਰਪ੍ਰੀਤ ਸਿੰਘ, ਸਵਰਾਜ ਸਿੰਘ ਖੋਸਾ ਤੇ ਇਸਤਰੀ ਆਗੂ ਸਰਬਜੀਤ ਕੌਰ ਖੋਸਾ ਆਦਿ ਸ਼ਾਮਲ ਸਨ।

ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਧਾਰਮਿਕ ਸਮਾਗਮ ਕਰਾਇਆ

ਭਵਾਨੀਗੜ੍ਹ (ਰਾਜ ਖੁਰਮੀ)-ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਇਤਿਹਾਸਕ ਗੁਰਦੁਆਰਾ ਨੌਵੀਂ ਪਾਤਸ਼ਾਹੀ ਭਵਾਨੀਗੜ੍ਹ ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਧਾਰਮਿਕ ਸਮਾਗਮ ਕਰਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੀ ਲੜੀ ਦੇ ਵੀ ਭੋਗ ਪਾਏ ਗਏ।ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਦੀ ਸੇਵਾ ਸੁਖਮਨੀ ਸਾਹਿਬ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਬੜੀ ਸ਼ਰਧਾ ਨਾਲ ਨਿਭਾਈ ਗਈ।ਸਮਾਗਮ ਦੌਰਾਨ ਸੰਗਤਾਂ ਨੇ ਵੱਡੀ ਗਿਣਤੀ 'ਚ ਹਾਜ਼ਰੀ ਭਰ ਕੇ ਗੁਰਬਾਣੀ ਕੀਰਤਨ ਤੇ ਕਥਾ ਦਾ ਆਨੰਦ ਮਾਣਿਆ ਅਤੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ।ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਸੰਗਤਾਂ ਲਈ ਠੰਡੇ-ਮਿੱਠੇ ਪਾਣੀ ਦੀ ਛਬੀਲ ਲਾਈ ਗਈ, ਜਦਕਿ ਘੁੰਗਣੀਆਂ ਅਤੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ।ਬੁਲਾਰਿਆਂ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਮਨੁੱਖਤਾ, ਸਹਿਣਸ਼ੀਲਤਾ ਤੇ ਧਾਰਮਿਕ ਆਜ਼ਾਦੀ ਦਾ ਮਹਾਨ ਪ੍ਰਤੀਕ ਦੱਸਦਿਆਂ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ।

ਸਿਵਲ ਹਸਪਤਾਲ 'ਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਡਾਕਟਰ ਤੇ ਸਟਾਫ ਸਨਮਾਨਤ

ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)-ਸਿਵਲ ਹਸਪਤਾਲ ਵਿਖੇ ਆਪਣੀ ਡਿਊਟੀ ਨਿਭਾ ਕੇ ਲੋੜਵੰਦ ਮਰੀਜ਼ਾਂ ਨਾਲ ਹਮਦਰਦੀ ਤੇ ਨਿਮਰਤਾ ਭਰਿਆ ਰਵੱਈਆ ਰੱਖਣ ਵਾਲੇ ਕੁਝ ਚੋਣਵੇਂ ਡਾਕਟਰਾਂ ਤੇ ਮੁਲਾਜ਼ਮਾਂ ਨੂੰ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ ਸੰਜੀਵ ਅਰੋੜਾ ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਡਾਕਟਰ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਯਤਨਾਂ ਸਦਕਾ ਸਿਵਲ ਹਸਪਤਾਲ ਧੂਰੀ ਦੀ ਬਣੀ ਅਤੀ ਆਧੁਨਿਕ ਬਿਲਡਿੰਗ ਵਿੱਚ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠਾਂ ਮਿਲਣ ਵਾਲੀਆਂ ਬਿਹਤਰੀਨ ਸਹੂਲਤਾਂ ਨੂੰ ਲੋੜਵੰਦ ਮਰੀਜ਼ਾਂ ਤੱਕ ਪੂਰੀ ਇਮਾਨਦਾਰੀ ਨਾਲ ਪੁਚਾਉਣ ਲਈ ਸਾਰੇ ਡਾਕਟਰ ਅਤੇ ਮੈਡੀਕਲ ਸਟਾਫ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਦਿੱਤੇ ਹੋਏ ਹਨ ਤੇ ਸਮੁੱਚੇ ਸਟਾਫ ਵੱਲੋਂ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਈ ਜਾ ਰਹੀ ਹੈ, ਪ੍ਰੰਤੂ ਇਸ ਦੇ ਬਾਵਜੂਦ ਸਟਾਫ ਦੀ ਹੌਸਲਾ ਅਫ਼ਜ਼ਾਈ ਲਈ ਹਰ ਮਹੀਨੇ ਇੱਕ ਮੁਲਾਜ਼ਮ ਨੂੰ ਬਿਹਤਰੀਨ ਸੇਵਾਵਾਂ ਦੇਣ ਵਾਲੇ ਮੁਲਾਜ਼ਮ ਵਜੋਂ ਸਨਮਾਨਤ ਕੀਤਾ ਜਾਂਦਾ ਹੈ ਅਤੇ ਇਸ ਲੜੀ ਵਿੱਚ ਜਨਵਰੀ ਮਹੀਨੇ ਵਿੱਚ ਡਾਕਟਰ ਨਰਾਇਣ ਸਿੰਘ, ਫਰਵਰੀ ਮਹੀਨੇ ਵਿੱਚ ਡਾਕਟਰ ਰੁਪਿੰਦਰ ਸਿੰਘ, ਮਾਰਚ ਮਹੀਨੇ ਵਿੱਚ ਡਾਕਟਰ ਸੁਮਿਤ ਗੋਇਲ, ਅਪ੍ਰੈਲ ਮਹੀਨੇ ਵਿੱਚ ਕੰਪਿਊਟਰ ਆਪਰੇਟਰ ਤਾਨੀਆ ਸ਼ਰਮਾ, ਮਈ ਮਹੀਨੇ ਵਿੱਚ ਲੈਬ ਟੈਕਨੀਸ਼ੀਅਨ ਪ੍ਰੇਮ ਸਿੰਗਲਾ ਅਤੇ ਜੂਨ ਮਹੀਨੇ 'ਚ ਨਰਸਿੰਗ ਸਟਾਫ ਵਿੱਚੋਂ ਸ਼੍ਰੀਮਤੀ ਮਨਜੀਤ ਕੌਰ ਨੂੰ ਆਪੋ ਆਪਣੇ ਖੇਤਰ ਵਿੱਚ ਵਧੀਆ ਸੇਵਾਵਾਂ ਨਿਭਾਉਣ ਬਦਲੇ ਸਨਮਾਨਤ ਕੀਤਾ ਗਿਆ ਹੈ।

ਕਾਤਰਾਂ

ਮਾਲਕੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਨ ਦੀ ਕੋਸ਼ਿਸ਼, ਮਾਮਲਾ ਦਰਜ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਗੁਰੂ ਹਰਸਹਾਏ ਪੁਲਸ ਨੇ ਮਾਲਕੀ ਤੇ ਖ਼ੁਦ ਕਾਸ਼ਤ ਕੀਤੀ ਜਾ ਰਹੀ ਜ਼ਮੀਨ 'ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਖਿਲਾਫ ਫ਼ਸਲ ਦਾ ਨੁਕਸਾਨ ਕਰਨ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਦੋਸ਼ਾਂ ਹੇਠ 6 ਵਿਅਕਤੀਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੰਦੀਪ ਸਿੰਘ ਪੁੱਤਰ ਸਰਬਜੀਤ ਸਿੰਘ ਵਾਸੀ ਰਿਸ਼ੀ ਚੌਕ, ਗੁਰੂ ਹਰਸਹਾਏ ਨੇ ਦੱਸਿਆ ਕਿ ਉਸ ਦੀ ਜੱਦੀ ਮਾਲਕੀ ਤੇ ਖ਼ੁਦ ਕਾਸ਼ਤ ਕੀਤੀ ਜਾ ਰਹੀ ਜ਼ਮੀਨ, ਜੋ ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਸਥਿਤ ਹੈ, 'ਤੇ ਹਰ ਸਾਲ ਫ਼ਸਲ ਦੀ ਕਾਸ਼ਤ ਕੀਤੀ ਜਾਂਦੀ ਹੈ। ਸ਼ਿਕਾਇਤਕਰਤਾ ਅਨੁਸਾਰ ਸਰਕਾਰੀ ਮਾਲ ਰਿਕਾਰਡ ਮੁਤਾਬਕ ਵੀ ਉਹ ਉਕਤ ਜ਼ਮੀਨ ਦਾ ਅਸਲੀ ਮਾਲਕ ਹੈ।ਉਸ ਨੇ ਦੋਸ਼ ਲਗਾਇਆ ਕਿ ਮੁਲਜ਼ਮਾਂ ਨੇ ਨਾਜਾਇਜ਼ ਤੌਰ 'ਤੇ ਜ਼ਮੀਨ 'ਤੇ ਧੱਕੇ ਨਾਲ ਕਬਜ਼ਾ ਕਰਨ ਦੀ ਨੀਅਤ ਨਾਲ ਉਸ ਦੀ ਬੀਜੀ ਹੋਈ ਫ਼ਸਲ ਵਾਹ ਦਿੱਤੀ।ਜਦੋਂ ਉਸ ਨੇ ਇਸ ਦਾ ਵਿਰੋਧ ਕੀਤਾ ਤਾਂ ਮੁਲਜ਼ਮਾਂ ਨੇ ਗਾਲੀ-ਗਲੋਚ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ।ਇਸ ਸਬੰਧੀ ਗੁਰੂ ਹਰਸਹਾਏ ਥਾਣਾ ਪੁਲਸ ਨੇ ਸਰਬਜੀਤ ਸਿੰਘ, ਗੁਰਬਖ਼ਸ਼ ਲਾਲ, ਅੰਮੀ ਚੰਦ (ਪੰਮਾ), ਹੁਕਮ ਚੰਦ, ਰਾਕੇਸ਼ ਕੁਮਾਰ, ਅਸ਼ੋਕ ਕੁਮਾਰ ਤੇ ਦੌਲਤ ਰਾਮ ਪਟਵਾਰੀ ਸਮੇਤ ਨਾਮਜ਼ਦ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।ਪੁਲਸ ਅਨੁਸਾਰ ਮਾਮਲੇ ਦੀ ਜਾਂਚ ਜਾਰੀ ਹੈ ਤੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

ਰੇਲ ਯਾਤਰੀਆਂ ਦੀ ਸਹੂਲਤ ਲਈ ਟਰੇਨਾਂ 'ਚ ਲਗਾਏ ਜਾਣਗੇ ਵਾਧੂ ਕੋਚ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਰੇਲ ਯਾਤਰੀਆਂ ਦੀ ਸਹੂਲਤ ਨੂੰ ਧਿਆਨ ਵਿਚ ਰੱਖਦੇ ਹੋਏ ਗਰਮੀਆਂ ਦੇ ਸੀਜ਼ਨ ਦੌਰਾਨ ਰੇਲਵੇ ਨੇ ਵਿਸ਼ੇਸ਼ ਪ੍ਰਬੰਧ ਕੀਤੇ ਹਨ। ਯਾਤਰੀਆਂ ਨੂੰ ਰਾਹਤ ਦੇਣ ਦੇ ਉਦੇਸ਼ ਨਾਲ ਰੇਲਵੇ ਨੇ ਟਰੇਨਾਂ ਵਿੱਚ ਵਾਧੂ ਕੋਚ ਜੋੜਨ ਦਾ ਫੈਸਲਾ ਕੀਤਾ ਹੈ, ਜਿਸ ਵਿੱਚ ਟਰੇਨ ਨੰਬਰ 20498 ਫਿਰੋਜ਼ਪੁਰ ਕੈਂਟ-ਰਾਮੇਸ਼ਵਰਮ ਹਮਸਫ਼ਰ ਐਕਸਪ੍ਰੈੱਸ ਵਿੱਚ 20 ਜੂਨ 2026 ਨੂੰ ਵਾਤਾਨੁਕੂਲਿਤ 3 ਟਾਇਰ ਦਾ ਇੱਕ ਵਾਧੂ ਕੋਚ ਜੋੜਿਆ ਜਾਵੇਗਾ। ਟਰੇਨ ਨੰਬਰ 12030 ਅੰਮ੍ਰਿਤਸਰ-ਨਵੀਂ ਦਿੱਲੀ ਸਵਰਨ ਜਯੰਤੀ ਸ਼ਤਾਬਦੀ ਐਕਸਪ੍ਰੈੱਸ ਵਿੱਚ ਵਾਤਾਨੁਕੂਲਿਤ ਚੇਅਰ ਕਾਰ ਦਾ ਇੱਕ ਵਾਧੂ ਕੋਚ ਮਿਤੀ 20, 21 ਤੇ 22 ਜੂਨ 2026 ਨੂੰ ਜੋੜਿਆ ਜਾਵੇਗਾ। ਬਸੰਤ ਕੁਮਾਰ ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਉੱਤਰ ਰੇਲਵੇ ਫਿਰੋਜ਼ਪੁਰ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਰੇਲ ਯਾਤਰੀਆਂ ਦੀ ਸਹੂਲਤ ਤੇ ਬਿਹਤਰ ਸਫ਼ਰ ਲਈ ਲਗਾਤਾਰ ਯਤਨਸ਼ੀਲ ਹੈ। ਵਾਧੂ ਕੋਚ ਲਗਾਉਣ ਨਾਲ ਟਰੇਨਾਂ ਵਿੱਚ ਜ਼ਿਆਦਾ ਯਾਤਰੀ ਸਫ਼ਰ ਕਰ ਸਕਣਗੇ ਤੇ ਯਾਤਰਾ ਆਸਾਨ ਹੋਵੇਗੀ। ਯਾਤਰੀਆਂ ਨੂੰ ਬੇਨਤੀ ਹੈ ਕਿ ਉਹ ਰੇਲ ਮਦਦ ਨੰਬਰ 139 ਜਾਂ ਨੈਸ਼ਨਲ ਟਰੇਨ ਇਨਕੁਆਰੀ ਸਿਸਟਮ ਤੋਂ ਅਪਡੇਟ ਕੀਤੀ ਜਾਣਕਾਰੀ ਅਨੁਸਾਰ ਆਪਣੀ ਯਾਤਰਾ ਦੀ ਯੋਜਨਾ ਬਣਾਉਣ।

ਧੂਰੀ 'ਚ ਭਖਿਆ ਅਧਿਆਪਕ ਅੰਦੋਲਨ, ਅੱਜ ਸ਼ਹਿਰ ਦੀਆਂ ਸੜਕਾਂ ਜਾਮ ਕਰਨਗੇ ਅਧਿਆਪਕ

ਟਾਵਰ 'ਤੇ ਡਟੇ ਹਰਜੀਤ ਬਰਨਾਲਾ ਦੇ ਸੰਘਰਸ਼ ਦਾ 10ਵਾਂ ਦਿਨ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ, ਸੁਖਦੇਵ ਧੂਰੀ)-5994 ਈ.ਟੀ.ਟੀ. ਅਧਿਆਪਕਾਂ ਦੀ ਭਰਤੀ ਪ੍ਰਕਿਰਿਆ ਵਿੱਚੋਂ ਰਹਿੰਦੇ 2994 ਬੈਕਲਾਗ ਅਧਿਆਪਕਾਂ ਦੀ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕਰਵਾਉਣ ਦੀ ਮੰਗ ਨੂੰ ਲੈ ਕੇ ਸਥਾਨਕ ਟੈਲੀਫੋਨ ਐਕਸਚੇਂਜ ਦੇ ਮੋਬਾਇਲ ਟਾਵਰ 'ਤੇ ਚੜ੍ਹਿਆ ਹਰਜੀਤ ਸਿੰਘ ਬਰਨਾਲਾ ਅੱਜ 10ਵੇਂ ਦਿਨ ਵੀ ਪ੍ਰਸ਼ਾਸਨ ਤੇ ਸਰਕਾਰ ਲਈ ਵੰਗਾਰ ਬਣਿਆ ਰਿਹਾ।

ਤੱਪਦੀ ਗਰਮੀ ਦੇ ਬਾਵਜੂਦ ਉਸ ਦੇ ਹੌਸਲੇ ਬੁਲੰਦ ਹਨ ਅਤੇ ਹੇਠਾਂ ਉਸ ਦੇ ਸਾਥੀ ਲਗਾਤਾਰ ਪੱਕਾ ਧਰਨਾ ਦੇ ਕੇ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕਰ ਰਹੇ ਹਨ।ਇਸੇ ਦੌਰਾਨ ਜਥੇਬੰਦੀ ਦੇ ਸੂਬਾ ਪ੍ਰਧਾਨ ਅਸ਼ੋਕ ਬਾਵਾ ਨੇ ਤਿੱਖੇ ਤੇਵਰ ਦਿਖਾਉਂਦਿਆਂ ਐਲਾਨ ਕੀਤਾ ਹੈ ਕਿ ਅੱਜ ਧੂਰੀ ਸ਼ਹਿਰ ਦੇ ਬਾਜ਼ਾਰਾਂ ਵਿੱਚ ਵਿਸ਼ਾਲ ਰੋਸ ਮਾਰਚ ਕੱਢਿਆ ਜਾਵੇਗਾ।ਉਨ੍ਹਾਂ ਕਿਹਾ ਕਿ ਸਰਕਾਰ ਦੀ ਬੇਰੁਖ਼ੀ ਤੋਂ ਤੰਗ ਆ ਕੇ ਅੱਜ ਅਧਿਆਪਕਾਂ ਵੱਲੋਂ ਮੁੱਖ ਮਾਰਗ 'ਤੇ ਜਾਮ ਲਗਾ ਕੇ ਆਵਾਜਾਈ ਪੂਰੀ ਤਰ੍ਹਾਂ ਠੱਪ ਕੀਤੀ ਜਾਵੇਗੀ, ਜਿਸ ਦੀ ਜ਼ਿੰਮੇਵਾਰੀ ਸਿੱਧੇ ਤੌਰ 'ਤੇ ਪ੍ਰਸ਼ਾਸਨ ਦੀ ਹੋਵੇਗੀ।

ਉਨ੍ਹਾ ਕਿਹਾ ਕਿ ਇੱਕ ਅਧਿਆਪਕ 10 ਦਿਨਾਂ ਤੋਂ ਆਪਣੀ ਜਾਨ ਜ਼ੋਖਮ ਵਿੱਚ ਪਾ ਕੇ ਟਾਵਰ 'ਤੇ ਬੈਠਾ ਹੈ, ਪਰ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕ ਰਹੀ।ਸਰਕਾਰ ਸਿਰਫ਼ ਸਮਾਂ ਟਪਾਊ ਨੀਤੀਆਂ ਅਪਣਾ ਕੇ ਸਾਡੇ ਸਬਰ ਦਾ ਇਮਤਿਹਾਨ ਲੈ ਰਹੀ ਹੈ, ਜਿਸ ਨੂੰ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਧਿਆਪਕ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਬੈਕਲਾਗ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਹੁੰਦਾ, ਇਹ ਸੰਘਰਸ਼ ਹੋਰ ਪ੍ਰਚੰਡ ਕੀਤਾ ਜਾਵੇਗਾ।

1 ਕਿੱਲੋ 904 ਗ੍ਰਾਮ ਹੈਰੋਇਨ ਸਣੇ 3 ਤਸਕਰ ਗ੍ਰਿਫ਼ਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਡੀ.ਜੀ.ਪੀ. ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤੇ ਐੱਸ ਪੀ ਗੁਰਿੰਦਰਬੀਰ ਸਿੰਘ ਦੀ ਅਗਵਾਈ ਹੇਠ ਐਂਟੀ-ਨਾਰਕੋਟਿਕਸ ਟਾਸਕ ਫੋਰਸ ਫ਼ਿਰੋਜ਼ਪੁਰ ਰੇਂਜ ਨੇ ਬੀਐੱਸਐੱਫ ਨਾਲ ਮਿਲ ਕੇ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਦੋ ਵੱਖ-ਵੱਖ ਸਾਂਝੇ ਆਪ੍ਰੇਸ਼ਨਾਂ ਦੌਰਾਨ ਮੁਸਤੈਦੀ ਨਾਲ ਕਾਰਵਾਈ ਕਰਦੇ ਹੋਏ ਟੀਮਾਂ ਨੇ ਕੁੱਲ 1 ਕਿੱਲੋ 904 ਗ੍ਰਾਮ ਹੈਰੋਇਨ ਬਰਾਮਦ ਕਰਕੇ ਤਿੰਨ ਅੰਤਰ-ਜ਼ਿਲ੍ਹਾ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪਹਿਲੇ ਮਾਮਲੇ ਵਿੱਚ ਐੱਨ.ਟੀ.ਐੱਫ. ਦੇ ਐੱਸ. ਆਈ. ਗੁਰਬਖ਼ਸ਼ ਸਿੰਘ, ਏ.ਐੱਸ.ਆਈ. ਪਰਮਿੰਦਰ ਸਿੰਘ ਤੇ ਬੀ.ਐੱਸ.ਐੱਫ. ਦੇ ਇੰਸਪੈਕਟਰ-ਜੀ ਵਰਿੰਦਰ ਸਿੰਘ ਦੀ ਸਾਂਝੀ ਟੀਮ ਨੇ ਡਿਪਟੀ ਕਮਾਂਡੈਂਟ ਰਣ ਸਿੰਘ ਤੇ ਡੀ.ਐੱਸ.ਪੀ. ਭੁਪਿੰਦਰ ਸਿੰਘ ਦੀ ਨਿਗਰਾਨੀ ਹੇਠ ਇੱਕ ਤਸਕਰ ਨੂੰ ਕਾਬੂ ਕੀਤਾ। ਫੜੇ ਗਏ ਮੁਲਜ਼ਮ ਦੀ ਪਛਾਣ ਯੁਗਰਾਜ ਸਿੰਘ ਪੁੱਤਰ ਨਿਰਮਲ ਸਿੰਘ, ਵਾਸੀ ਪਿੰਡ ਪਛਾੜੀਆਂ (ਫ਼ਿਰੋਜ਼ਪੁਰ) ਵਜੋਂ ਹੋਈ ਹੈ, ਜਿਸ ਕੋਲੋਂ 1 ਕਿੱਲੋ 404 ਗ੍ਰਾਮ ਹੈਰੋਇਨ ਮਿਲੀ। ਪੁੱਛਗਿੱਛ ਦੌਰਾਨ ਖ਼ੁਲਾਸਾ ਹੋਇਆ ਕਿ ਇਹ ਖੇਪ ਸਰਹੱਦ ਪਾਰ ਬੈਠੇ ਪਾਕਿਸਤਾਨੀ ਸਮਗਲਰਾਂ ਨੇ ਡਰੋਨ ਰਾਹੀਂ ਭਾਰਤੀ ਖੇਤਰ ਦੇ ਪਿੰਡ ਪਛਾੜੀਆਂ ਦੇ ਖੇਤਾਂ ਵਿੱਚ ਸੁੱਟੀ ਸੀ, ਜਿਸ ਨੂੰ ਅੱਗੇ ਸਪਲਾਈ ਕੀਤਾ ਜਾਣਾ ਸੀ। ਇਸ ਸਬੰਧੀ ਥਾਣਾ ਐੱਨ.ਟੀ.ਐੱਫ. ਐੱਸ.ਏ.ਐੱਸ. ਨਗਰ ਵਿਖੇ ਐੱਨ.ਡੀ.ਪੀ.ਐੱਸ. ਐਕਟ ਦੀ ਧਾਰਾ 21 ਤਹਿਤ ਮੁਕੱਦਮਾ ਨੰਬਰ 133 ਦਰਜ ਕੀਤਾ ਗਿਆ ਹੈ। ਇੱਕ ਹੋਰ ਆਪ੍ਰੇਸ਼ਨ ਵਿੱਚ ਏ.ਐੱਸ.ਆਈ. ਦਲਜੀਤ ਸਿੰਘ ਦੀ ਅਗਵਾਈ ਹੇਠਲੀ ਪੁਲਸ ਟੀਮ ਨੇ ਡੀ.ਐੱਸ.ਪੀ. ਸਤਪਾਲ ਸਿੰਘ ਦੀ ਦੇਖ-ਰੇਖ ਹੇਠ ਦੋ ਵਿਅਕਤੀਆਂ ਨੂੰ ਕਾਬੂ ਕੀਤਾ। ਇਨ੍ਹਾਂ ਦੇ ਕਬਜ਼ੇ ਵਿੱਚੋਂ 500 ਗ੍ਰਾਮ ਹੈਰੋਇਨ ਬਰਾਮਦ ਹੋਈ।

ਫੜੇ ਗਏ ਮੁਲਜ਼ਮਾਂ ਦੀ ਪਛਾਣ ਨਵਪ੍ਰੀਤ ਸਿੰਘ ਪੁੱਤਰ ਪਰਮਜੀਤ ਸਿੰਘ ਤੇ ਬਲਜਿੰਦਰ ਸਿੰਘ ਪੁੱਤਰ ਸੁਖਵਿੰਦਰ ਸਿੰਘ, ਦੋਵੇਂ ਵਾਸੀ ਅਟਾਰੀ (ਜ਼ਿਲ੍ਹਾ ਅੰਮ੍ਰਿਤਸਰ) ਵਜੋਂ ਹੋਈ ਹੈ। ਇਨ੍ਹਾਂ ਖ਼ਿਲਾਫ਼ ਵੀ ਥਾਣਾ ਐੱਨ.ਟੀ.ਐੱਫ, ਐੱਸ.ਏ.ਐੱਸ. ਨਗਰ ਵਿਖੇ ਮੁਕੱਦਮਾ ਨੰਬਰ 130 ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਐੱਨ.ਟੀ.ਐੱਫ. ਦੇ ਉੱਚ ਅਧਿਕਾਰੀਆਂ ਮੁਤਾਬਕ ਫੜੇ ਗਏ ਸਾਰੇ ਮੁਲਜ਼ਮਾਂ ਕੋਲੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਪੁਲਸ ਵੱਲੋਂ ਇਸ ਨਸ਼ਾ ਤਸਕਰੀ ਦੇ ਅਗਲੇ-ਪਿਛਲੇ ਸਬੰਧਾਂ ਤੇ ਵਿੱਤੀ ਲੈਣ-ਦੇਣ ਨੂੰ ਬਾਰੀਕੀ ਨਾਲ ਖੰਗਾਲਿਆ ਜਾ ਰਿਹਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਗਰੋਹ ਦੇ ਮੁੱਖ ਸਪਲਾਇਰਾਂ ਤੇ ਵਿੱਤੀ ਮਦਦਗਾਰਾਂ ਦਾ ਪਤਾ ਲਗਾ ਕੇ ਪੂਰੇ ਨੈੱਟਵਰਕ ਨੂੰ ਜੜ੍ਹੋਂ ਖ਼ਤਮ ਕੀਤਾ ਜਾਵੇਗਾ। ਆਉਣ ਵਾਲੇ ਦਿਨਾਂ ਵਿੱਚ ਕਈ ਹੋਰ ਅਹਿਮ ਖ਼ੁਲਾਸੇ ਤੇ ਗ੍ਰਿਫ਼ਤਾਰੀਆਂ ਹੋਣ ਦੀ ਪੂਰੀ ਉਮੀਦ ਹੈ।

ਨਗਰ ਪੰਚਾਇਤ ਚੋਣਾਂ ਲਈ ਕਾਂਗਰਸ ਨੇ ਕੱਸੀ ਕਮਰ, ਵਰਕਰਾਂ ਦੀ ਭਰਵੀਂ ਮੀਟਿੰਗ

ਮਮਦੋਟ (ਹਰਪਾਲ ਸਿੰਘ ਸੋਢੀ)-ਆਗਾਮੀ ਨਗਰ ਪੰਚਾਇਤ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਦੇ ਸੀਨੀਅਰ ਆਗੂ ਆਸ਼ੂ ਬੰਗੜ ਸਿੰਘ ਦੀ ਅਗਵਾਈ ਹੇਠ ਵਰਕਰਾਂ ਦੀ ਅਹਿਮ ਮੀਟਿੰਗ ਹੋਈ।ਮੀਟਿੰਗ ਵਿੱਚ ਚੋਣ ਰਣਨੀਤੀ ਤੇ ਵਾਰਡ ਪੱਧਰ 'ਤੇ ਪਾਰਟੀ ਦੀ ਮਜ਼ਬੂਤੀ 'ਤੇ ਵਿਚਾਰ ਕੀਤਾ ਗਿਆ।ਵਰਕਰਾਂ ਨੂੰ ਸੰਬੋਧਨ ਕਰਦਿਆਂ ਆਸ਼ੂ ਬੰਗੜ ਨੇ ਕਿਹਾ ਕਿ ਮਮਦੋਟ ਕਸਬੇ ਦਾ ਵਿਕਾਸ ਪਿਛਲੇ 4 ਸਾਲਾਂ ਵਿੱਚ ਪੂਰੀ ਤਰ੍ਹਾਂ ਠੱਪ ਹੋ ਚੁੱਕਾ ਹੈ।ਗਲੀਆਂ-ਨਾਲੀਆਂ ਦੀ ਹਾਲਤ ਖਸਤਾ ਹੈ, ਸਟਰੀਟ ਲਾਈਟਾਂ ਬੰਦ ਪਈਆਂ ਹਨ ਤੇ ਪੀਣ ਵਾਲੇ ਪਾਣੀ ਦੀ ਵੱਡੀ ਕਿੱਲਤ ਹੈ।ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੇ ਕੁਸ਼ਾਸਨ ਤੋਂ ਦੁਖੀ ਲੋਕ ਹੁਣ ਕਾਂਗਰਸ ਵੱਲ ਉਮੀਦ ਭਰੀਆਂ ਨਜ਼ਰਾਂ ਨਾਲ ਵੇਖ ਰਹੇ ਹਨ।ਆਸ਼ੂ ਬੰਗੜ ਨੇ ਐਲਾਨ ਕੀਤਾ ਕਿ ਕਾਂਗਰਸ ਪਾਰਟੀ ਮਮਦੋਟ ਨਗਰ ਪੰਚਾਇਤ ਦੇ ਸਾਰੇ ਵਾਰਡਾਂ 'ਚ ਮਜ਼ਬੂਤ ਉਮੀਦਵਾਰ ਖੜ੍ਹੇ ਕਰੇਗੀ।ਉਨ੍ਹਾਂ ਵਰਕਰਾਂ ਨੂੰ ਹਦਾਇਤ ਕੀਤੀ ਕਿ ਬੂਥ ਪੱਧਰ ਦੀਆਂ ਕਮੇਟੀਆਂ ਤੁਰੰਤ ਬਣਾਈਆਂ ਜਾਣ ਅਤੇ ਉਨ੍ਹਾਂ ਵਾਅਦਾ ਕੀਤਾ ਕਿ ਨਗਰ ਪੰਚਾਇਤ 'ਤੇ ਕਾਂਗਰਸ ਦਾ ਕਬਜ਼ਾ ਹੁੰਦਿਆਂ ਹੀ ਮਮਦੋਟ ਦੇ ਵਿਕਾਸ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਸ਼ਹਿਰ ਨੂੰ ਮਾਡਲ ਟਾਊਨ ਬਣਾਇਆ ਜਾਵੇਗਾ।

ਪੰਜਾਬੀ 'ਵਰਸਿਟੀ ਵਿਖੇ 53ਵੀਂ ਆਲ ਇੰਡੀਆ ਦ੍ਰਾਵਿੜ ਭਾਸ਼ਾ ਵਿਗਿਆਨੀ ਕਾਨਫਰੰਸ ਆਰੰਭ

■ ਭਾਸ਼ਾਈ ਵਿਭਿੰਨਤਾ ਨੂੰ ਸੰਭਾਲਣਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ : ਡਾ. ਜਗਦੀਪ ਸਿੰਘ

■ ਕਾਨਫ਼ਰੰਸ 'ਚ ਵੱਖ-ਵੱਖ ਰਾਜਾਂ ਤੇ ਕੇਂਦਰੀ 'ਵਰਸਿਟੀਆਂ ਤੋਂ ਪੁੱਜੇ ਨਾਮਵਰ ਭਾਸ਼ਾ ਵਿਗਿਆਨੀ

ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬੀ ਯੂਨੀਵਰਸਿਟੀ ਵਿਖੇ ਵੀਰਵਾਰ ਤਿੰਨ ਰੋਜ਼ਾ 53ਵੀਂ ਆਲ ਇੰਡੀਆ ਦ੍ਰਾਵਿੜੀਅਨ ਭਾਸ਼ਾ ਵਿਗਿਆਨੀ ਕਾਨਫ਼ਰੰਸ ਆਰੰਭ ਹੋਈ।ਯੂਨੀਵਰਸਿਟੀ ਦੇ ਪੰਜਾਬੀ ਵਿਭਾਗ, ਭਾਸ਼ਾ ਵਿਗਿਆਨ ਤੇ ਪੰਜਾਬੀ ਕੋਸ਼ਕਾਰੀ ਵਿਭਾਗ, ਪਟਿਆਲਾ ਲਿੰਗੁਇਸਟਿਕਸ ਐਸੋਸੀਏਸ਼ਨ, ਦ੍ਰਾਵਿੜ ਲਿੰਗੁਇਸਟਿਕਸ ਐਸੋਸੀਏਸ਼ਨ ਤੇ ਇੰਟਰਨੈਸ਼ਨਲ ਸਕੂਲ ਆਫ਼ ਦ੍ਰਾਵਿੜ ਲਿੰਗੁਇਸਟਿਕਸ ਵੱਲੋਂ ਸੀ. ਆਈ. ਆਈ. ਐੱਲ. ਮੈਸੂਰ ਅਤੇ ਆਈ.ਸੀ.ਐੱਸ.ਐੱਸ.ਆਰ., ਨਵੀਂ ਦਿੱਲੀ ਦੇ ਸਹਿਯੋਗ ਨਾਲ਼ ਕਰਵਾਈ ਜਾ ਰਹੀ ਇਸ ਰਾਸ਼ਟਰੀ ਪੱਧਰ ਦੀ ਕਾਨਫ਼ਰੰਸ ਦੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤੀ ਗਈ।ਉਨ੍ਹਾਂ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਭਾਸ਼ਾ ਦੀ ਮਹੱਤਤਾ ਨੂੰ ਬਹੁਤ ਹੀ ਗੰਭੀਰਤਾ ਨਾਲ ਉਭਾਰਿਆ।ਉਨ੍ਹਾਂ ਕਿਹਾ ਕਿ ਭਾਸ਼ਾ ਸਿਰਫ਼ ਆਪਸੀ ਸੰਚਾਰ ਜਾਂ ਰਾਬਤਾ ਕਾਇਮ ਕਰਨ ਦਾ ਸਾਧਨ ਨਹੀਂ ਹੈ, ਬਲਕਿ ਇਹ ਕਿਸੇ ਵੀ ਸਮਾਜ ਦੀ ਸੰਸਕ੍ਰਿਤੀ, ਅਮੀਰ ਵਿਰਾਸਤ ਤੇ ਉਸ ਦੀ ਹੋਂਦ ਦੀ ਪਛਾਣ ਦਾ ਪ੍ਰਤੀਕ ਹੁੰਦੀ ਹੈ।ਉਨ੍ਹਾਂ ਕਿਹਾ ਕਿ ਜਦੋਂ ਕੋਈ ਭਾਸ਼ਾ ਅਲੋਪ ਹੁੰਦੀ ਹੈ, ਤਾਂ ਉਸ ਨਾਲ ਇੱਕ ਪੂਰਾ ਸੱਭਿਆਚਾਰ ਤੇ ਸਦੀਆਂ ਪੁਰਾਣਾ ਗਿਆਨ-ਵਿਗਿਆਨ ਵੀ ਖ਼ਤਮ ਹੋ ਜਾਂਦਾ ਹੈ।ਇਸ ਲਈ ਮੌਜੂਦਾ ਦੌਰ ਵਿੱਚ ਭਾਸ਼ਾਈ ਵਿਭਿੰਨਤਾ ਨੂੰ ਸੰਭਾਲਣਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਦਾ ਮੁੱਖ ਮਕਸਦ ਹੀ ਪੰਜਾਬੀ ਭਾਸ਼ਾ, ਕਲਾ ਤੇ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨਾ ਹੈ।ਯੂਨੀਵਰਸਿਟੀ ਵੱਲੋਂ ਭਾਸ਼ਾ ਵਿਗਿਆਨ ਤੇ ਖੇਤਰੀ ਬੋਲੀਆਂ ਦੇ ਵਿਕਾਸ ਅਤੇ ਖੋਜ ਲਈ ਲੰਮੇ ਸਮੇਂ ਤੋਂ ਨਿਰੰਤਰ ਕਾਰਜ ਕੀਤੇ ਜਾ ਰਹੇ ਹਨ।ਅਜਿਹੀਆਂ ਕਾਨਫ਼ਰੰਸਾਂ ਉੱਤਰ ਤੇ ਦੱਖਣ ਦੀਆਂ ਭਾਸ਼ਾਵਾਂ ਦੇ ਆਪਸੀ ਸਬੰਧਾਂ ਨੂੰ ਸਮਝਣ ਤੇ ਅਕਾਦਮਿਕ ਖੋਜ ਦੇ ਨਵੇਂ ਦਿਸਹੱਦੇ ਕਾਇਮ ਕਰਨ ਵਿੱਚ ਮੀਲ ਪੱਥਰ ਸਾਬਿਤ ਹੁੰਦੀਆਂ ਹਨ।ਤਾਮਿਲ ਯੂਨੀਵਰਸਿਟੀ ਦੇ ਸਾਬਕਾ ਵਾਈਸ-ਚਾਂਸਲਰ ਤੇ ਐੱਲ.ਐੱਸ.ਆਈ. ਪੂਨਾ ਦੇ ਪ੍ਰਧਾਨ ਪ੍ਰੋ. ਕੇ. ਕਰੁਣਾਕਰਨ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਉੱਚ ਸਿੱਖਿਆ ਨੂੰ ਸਿਰਫ਼ ਅਕਾਦਮਿਕ ਸਿਧਾਂਤਾਂ ਤੇ ਡਿਗਰੀਆਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਬਲਕਿ ਇਸ ਨੂੰ ਸਮਾਜ ਦੀਆਂ ਵਿਆਪਕ ਲੋੜਾਂ ਪੂਰੀਆਂ ਕਰਨ ਵਾਲਾ ਹੋਣਾ ਚਾਹੀਦਾ ਹੈ।ਭਾਸ਼ਾ ਨੂੰ ਇੱਕ ਸ਼ਕਤੀਸ਼ਾਲੀ ਸਾਧਨ ਦੱਸਦਿਆਂ ਉਨ੍ਹਾਂ ਕਿਹਾ ਕਿ ਗਿਆਨ ਦਾ ਲਾਭ ਤਾਂ ਹੀ ਹੈ, ਜੇਕਰ ਇਸ ਨੂੰ ਸਪੱਸ਼ਟ ਰੂਪ ਵਿੱਚ ਸਮਾਜਿਕ ਭਲਾਈ ਲਈ ਸੰਚਾਰਿਤ ਕੀਤਾ ਜਾਵੇ।ਉਨ੍ਹਾਂ ਭਾਰਤ ਭਰ ਦੇ ਖੋਜ ਸੰਸਥਾਨਾਂ ਨੂੰ ਤੁਲਨਾਤਮਕ ਅਧਿਐਨਾਂ ਰਾਹੀਂ ਆਪਸੀ ਸਬੰਧ ਮਜ਼ਬੂਤ ਕਰਨ ਤੇ ਯੂਨੀਵਰਸਿਟੀਆਂ ਨੂੰ ਸਮਾਜਿਕ ਵਿਕਾਸ ਦੇ ਮਾਧਿਅਮ ਵਜੋਂ ਕੰਮ ਕਰਨ ਲਈ ਉਤਸ਼ਾਹਤ ਕੀਤਾ।ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਤੋਂ ਆਏ ਭਾਸ਼ਾ ਵਿਗਿਆਨ ਦੇ ਉੱਘੇ ਮਾਹਰ ਪ੍ਰੋ. ਐੱਮ. ਜੇ. ਵਾਰਸੀ ਨੇ ਆਪਣੇ ਮੁੱਖ-ਸੁਰ ਭਾਸ਼ਣ ਦੌਰਾਨ ਭਾਰਤ ਦੀ ਭਾਸ਼ਾਈ ਵਿਰਾਸਤ ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਸੁਮੇਲ 'ਤੇ ਵਿਸ਼ੇਸ਼ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਜੇਕਰ ਏ.ਆਈ. ਤਕਨਾਲੋਜੀ ਨੂੰ ਭਾਸ਼ਾ ਵਿਗਿਆਨੀਆਂ ਦੀ ਸਹੀ ਅਗਵਾਈ ਮਿਲੇ, ਤਾਂ ਇਹ ਰਾਸ਼ਟਰੀ ਏਕਤਾ ਤੇ ਸਿੱਖਿਆ ਦੇ ਪਾਸਾਰ ਦਾ ਇੱਕ ਸ਼ਕਤੀਸ਼ਾਲੀ ਸਾਧਨ ਬਣ ਸਕਦੀ ਹੈ।ਉਨ੍ਹਾਂ ਨਵੀਂ ਸਿੱਖਿਆ ਨੀਤੀ 2020 ਦੇ ਬਹੁ-ਭਾਸ਼ਾਈ ਸੱਭਿਆਚਾਰ ਦੀ ਸ਼ਲਾਘਾ ਕੀਤੀ, ਪਰ ਨਾਲ ਹੀ ਚਿਤਾਵਨੀ ਦਿੱਤੀ ਕਿ ਮੌਜੂਦਾ ਏ.ਆਈ. ਮਾਡਲਾਂ ਵਿੱਚ ਘੱਟ ਗਿਣਤੀ ਤੇ ਮੂਲ ਭਾਸ਼ਾਵਾਂ ਦੀ ਬਿਹਤਰ ਨੁਮਾਇੰਦਗੀ ਹੋਣੀ ਅਜੇ ਬਾਕੀ ਹੈ। ਪਟਿਆਲਾ ਲਿੰਗੁਇਸਟਿਕਸ ਐਸੋਸੀਏਸ਼ਨ ਦੇ ਪ੍ਰਧਾਨ, ਡੀ.ਐੱਲ.ਏ. ਦੇ ਵਾਈਸ-ਪ੍ਰੈਜ਼ੀਡੈਂਟ ਤੇ ਸਾਬਕਾ ਡੀਨ ਭਾਸ਼ਾਵਾਂ ਡਾ. ਭੁਪਿੰਦਰ ਸਿੰਘ ਖਹਿਰਾ ਨੇ ਕਾਨਫ਼ਰੰਸ ਦੀ ਇਤਿਹਾਸਕ ਮਹੱਤਤਾ 'ਤੇ ਰੌਸ਼ਨੀ ਪਾਉਂਦਿਆਂ ਦ੍ਰਾਵਿੜ ਤੇ ਇੰਡੋ-ਆਰੀਅਨ ਭਾਸ਼ਾ ਪਰਿਵਾਰਾਂ ਦੇ ਆਪਸੀ ਸਬੰਧਾਂ, ਭਾਸ਼ਾਈ ਤਾਣੇ-ਬਾਣੇ ਤੇ ਇਸ ਤਿੰਨ-ਰੋਜ਼ਾ ਸਮਾਗਮ ਦੇ ਮੁੱਖ ਅਕਾਦਮਿਕ ਏਜੰਡੇ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ।ਪੰਜਾਬੀ ਵਿਭਾਗ ਦੇ ਮੁਖੀ ਤੇ ਕਾਨਫਰੰਸ ਦੇ ਪ੍ਰਬੰਧਕੀ ਸਕੱਤਰ ਡਾ. ਰਾਜਵੰਤ ਕੌਰ ਪੰਜਾਬੀ ਨੇ ਸਵਾਗਤੀ ਸ਼ਬਦਾਂ ਦੌਰਾਨ ਪੰਜਾਬੀ ਯੂਨੀਵਰਸਿਟੀ ਵੱਲੋਂ ਭਾਸ਼ਾ ਦੇ ਵਿਕਾਸ ਲਈ ਕੀਤੇ ਜਾ ਰਹੇ ਕਾਰਜਾਂ ਦੀ ਰੂਪ-ਰੇਖਾ ਸਾਂਝੀ ਕੀਤੀ।ਡੀ.ਐੱਲ.ਏ. ਦੇ ਡੀਨ ਤੇ ਆਈ.ਐੱਸ.ਡੀ.ਐੱਲ. ਦੇ ਡਾਇਰੈਕਟਰ, ਪ੍ਰੋ. ਜੀ. ਕੇ. ਪਨੀਕਰ ਨੇ ਸੰਸਥਾ ਦੇ ਮੋਢੀ ਵਿਦਵਾਨਾਂ ਦੀਆਂ ਇਤਿਹਾਸਕ ਪ੍ਰਾਪਤੀਆਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਪੰਜਾਬੀ ਯੂਨੀਵਰਸਿਟੀ ਵੱਲੋਂ ਭਾਸ਼ਾ ਦੇ ਖੇਤਰ ਵਿੱਚ ਪਾਏ ਜਾ ਰਹੇ ਯੋਗਦਾਨ ਨੂੰ ਇਤਿਹਾਸਕ ਕਰਾਰ ਦਿੱਤਾ। ਅੰਤ ਵਿੱਚ, ਪੰਜਾਬੀ ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਵੱਲੋਂ ਧੰਨਵਾਦੀ ਭਾਸ਼ਣ ਦਿੱਤਾ ਗਿਆ।ਇਸ ਸੈਸ਼ਨ ਦਾ ਸੰਚਾਲਨ ਭਾਸ਼ਾ ਵਿਗਿਆਨ ਤੇ ਪੰਜਾਬੀ ਕੋਸ਼ਕਾਰੀ ਵਿਭਾਗ ਦੇ ਮੁਖੀ ਡਾ. ਹਰਵਿੰਦਰ ਪਾਲ ਕੌਰ ਵੱਲੋਂ ਕੀਤਾ ਗਿਆ।ਇਸ ਕਾਨਫ਼ਰੰਸ ਵਿੱਚ ਹਿੱਸਾ ਲੈਣ ਲਈ ਭਾਰਤ ਦੇ ਵੱਖ-ਵੱਖ ਰਾਜਾਂ ਤੇ ਕੇਂਦਰੀ ਯੂਨੀਵਰਸਿਟੀਆਂ ਤੋਂ ਨਾਮਵਰ ਭਾਸ਼ਾ ਵਿਗਿਆਨੀ, ਉੱਘੇ ਵਿਦਵਾਨ ਤੇ ਨੌਜਵਾਨ ਖੋਜਾਰਥੀ ਪਟਿਆਲਾ ਵਿਖੇ ਪਹੁੰਚੇ ਹਨ।

ਭਾਜਪਾ ਰਾਜ ਦੇ 12 ਸਾਲ ਪੂਰੇ ਹੋਣ 'ਤੇ ਹੋਇਆ ਸਮਾਗਮ

ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)-ਭਾਰਤੀ ਜਨਤਾ ਪਾਰਟੀ ਦੇ 12 ਸਾਲ ਦੇ ਰਾਜ ਦੇ ਸਬੰਧ ਵਿੱਚ ਵਿੱਢੇ ਪ੍ਰੋਗਰਾਮ ਤਹਿਤ ਮੁਕਤਸਰ ਵਿਖੇ ਪੌਦਾ ਲਾਉਣ, ਸਫਾਈ ਮੁਹਿੰਮ ਤੇ ਵਰਕਰਾਂ ਨੂੰ ਸੰਬੋਧਨ ਆਏ ਭਾਰਤੀ ਜਨਤਾ ਪਾਰਟੀ ਦੇ ਕੌਮੀ ਅਗਜੈਕਟਿਵ ਮੈਂਬਰ ਤੇ ਸਾਬਕਾ ਮੰਤਰੀ ਰਾਣਾ ਗੁਰਮੀਤ ਸਿੰਘ ਸੋਢੀ ਨੇ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਪੂਰਨ ਬਹੁਮਤ ਨਾਲ ਜਿੱਤੇਗੇ।ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਇਹ ਚੋਣਾਂ ਪਾਰਟੀ ਆਪਣੇ ਦਮ ਤੇ ਲੜੇਗੀ।ਉਨ੍ਹਾਂ ਪਾਰਟੀ ਵਰਕਰਾਂ ਨੂੰ ਤਿਆਰ ਰਹਿਣ ਤੇ ਇੱਕ-ਇੱਕ ਵੋਟਰ ਤੱਕ ਸੰਪਰਕ ਕਰਨ ਲਈ ਉਤਸ਼ਾਹਤ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ ਜਾ ਰਹੀ ਹੈ।ਭਾਜਪਾ ਦੇ ਸੀਨੀਅਰ ਆਗੂ ਗੋਰਾ ਪਠੇਲਾ, ਜ਼ਿਲ੍ਹਾ ਪ੍ਰਧਾਨ ਸੁਖੀਜਾ ਤੇ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਦੇ ਸਾਬਕਾ ਮੈਂਬਰ ਭਾਈ ਰਾਹੁਲ ਸਿੰਘ ਸਿੱਧੂ, ਸਾਬਕਾ ਡੀਟੀਓ ਗੁਰਚਰਨ ਸਿੰਘ ਸੰਧੂ, ਐਡਵੋਕੇਟ ਅਨੁਰਾਗ ਸ਼ਰਮਾ, ਅੰਗਰੇਜ਼ ਸਿੰਘ ਉੜਾਂਗ ਹੋਰੀਂ ਵੀ ਮੌਜੂਦ ਸਨ।ਸ੍ਰੀ ਸੋਢੀ ਨੇ ਭਾਜਪਾ ਵੱਲੋਂ ਕੀਤੇ ਕੰਮਾਂ ਦੀ ਅਤੇ ਪੰਜਾਬ ਨੂੰ ਦਿੱਤੇ ਵੱਡੇ ਫੰਡਾਂ ਦੀ ਸੂਚੀ ਪੜ੍ਹਦਿਆਂ ਕਿਹਾ ਕਿ ਪੰਜਾਬ ਸਰਕਾਰ ਇਨ੍ਹਾਂ ਫੰਡਾਂ ਨੂੰ ਸਹੀ ਕੰਮ ਲਈ ਵਰਤਣ ਦੇ ਬਜਾਏ ਆਪਣੇ ਮਰਜ਼ੀ ਅਨੁਸਾਰ ਹੋਰ ਕੰਮਾਂ ਵਾਸਤੇ ਵਰਤ ਰਹੀ ਹੈ।

ਸ਼ਹਿਰ ਦੀਆਂ ਵਪਾਰਕ, ਧਾਰਮਿਕ, ਸਮਾਜਿਕ ਤੇ ਜਨਤਕ ਸੰਸਥਾਵਾਂ ਵੱਲੋਂ ਮਾਨਸਾ ਬੰਦ ਦਾ ਸਮਰਥਨ

ਮਾਨਸਾ (ਆਤਮਾ ਸਿੰਘ ਪਮਾਰ)

ਸਿਆਸੀ ਸ਼ਹਿ 'ਤੇ ਪੁਲਸ ਪ੍ਰਸ਼ਾਸਨ ਵੱਲੋਂ ਕੀਤੀ ਜਾ ਰਹੀ ਧੱਕੇਸ਼ਾਹੀ ਤੇ ਸ਼ਹਿਰ ਦੇ ਵਿਗੜ ਰਹੇ ਹਾਲਾਤ ਖ਼ਿਲਾਫ਼ 21 ਮੈਂਬਰੀ ਕਮੇਟੀ ਦੀ ਅਗਵਾਈ ਹੇਠ 20 ਜੂਨ ਨੂੰ ਦਿੱਤੇ ਗਏ ਮਾਨਸਾ ਬੰਦ ਦੇ ਸੱਦੇ ਨੂੰ ਸਫ਼ਲ ਬਣਾਉਣ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਨਗਰ ਕੌਂਸਲ ਵਾਰਡ ਨੰਬਰ 18 ਦੇ ਜੇਤੂ ਆਜ਼ਾਦ ਉਮੀਦਵਾਰ ਤੇ ਉਨ੍ਹਾਂ ਦੇ ਨਜ਼ਦੀਕੀ ਰਿਸ਼ਤੇਦਾਰ (ਜੀਜਾ) ਖ਼ਿਲਾਫ਼ ਸਿਆਸੀ ਸ਼ਹਿ 'ਤੇ ਦਰਜ ਨਜਾਇਜ਼ ਤੇ ਬੇਬੁਨਿਆਦ ਪਰਚੇ ਨੂੰ ਰੱਦ ਕਰਾਉਣ ਲਈ ਸ਼ਹਿਰ ਦੀਆਂ ਸਮੂਹ ਸੰਸਥਾਵਾਂ ਨੇ ਆਰ-ਪਾਰ ਦੀ ਲੜਾਈ ਦਾ ਬਿਗਲ ਵਜਾ ਦਿੱਤਾ ਹੈ।

ਵੱਖ-ਵੱਖ ਜਥੇਬੰਦੀਆਂ ਦੀ ਮੀਟਿੰਗ 'ਚ ਵਪਾਰਕ, ਧਾਰਮਿਕ, ਸਮਾਜਿਕ, ਰਾਜਨੀਤਕ, ਕਿਸਾਨ, ਮਜ਼ਦੂਰ ਤੇ ਜਨਤਕ ਜਮਹੂਰੀ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਲ ਸਨ, ਨੇ 20 ਜੂਨ ਦੇ ਮਾਨਸਾ ਬੰਦ ਨੂੰ ਇਤਿਹਾਸਕ ਅਤੇ ਮੁਕੰਮਲ ਬਣਾਉਣ ਲਈ ਏਰੀਆ ਵਾਈਜ਼ ਟੀਮਾਂ ਗਠਿਤ ਕਰਕੇ ਆਗੂਆਂ ਦੀਆਂ ਡਿਊਟੀਆਂ ਲਾ ਦਿੱਤੀਆਂ ਗਈਆਂ ਹਨ।ਬੰਦ ਦੌਰਾਨ ਗੁਰੂਦੁਆਰਾ ਚੌਕ 'ਚ ਵਿਸ਼ਾਲ ਇਕੱਤਰਤਾ ਵੀ ਹੋਵੇਗੀ, ਜਿੱਥੇ ਅਗਲੇਰੇ ਤਿੱਖੇ ਤੇ ਵੱਡੇ ਸੰਘਰਸ਼ ਦਾ ਐਲਾਨ ਵੀ ਕੀਤਾ ਜਾਵੇਗਾ।

ਆਗੂਆਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੁੱਝ ਸ਼ਰਾਰਤੀ ਅਨਸਰਾਂ ਵੱਲੋਂ ਭਾਈਚਾਰਕ ਸਾਂਝ ਨੂੰ ਤੋੜਨ ਲਈ ਗੁੰਮਰਾਹਕੁਨ ਪ੍ਰਚਾਰ ਕੀਤਾ ਜਾ ਰਿਹਾ ਹੈ, ਜੋ ਬਹੁਤ ਹੀ ਨਿੰਦਣਯੋਗ ਹੈ।ਆਗੂਆਂ ਨੇ ਸਪੱਸ਼ਟ ਕੀਤਾ ਕਿ ਇਸ ਰੋਸ ਪ੍ਰਦਰਸ਼ਨ ਦਾ ਨਗਰ ਕੌਂਸਲ ਦੀ ਪ੍ਰਧਾਨਗੀ ਨਾਲ ਕੋਈ ਲੈਣਾ ਦੇਣਾ ਨਹੀਂ ਤੇ ਨਾ ਹੀ ਇਹ ਕਿਸੇ ਵਿਅਕਤੀ ਵਿਸ਼ੇਸ਼ ਦੇ ਹੀ ਵਿਰੁੱਧ ਹੈ।ਇਹ ਤਾਂ ਸਿਰਫ਼ ਪੁਲਿਸ ਦੀ ਧੱਕੇਸ਼ਾਹੀ ਤੇ ਸਿਆਸੀ ਬਦਲਾਖੋਰੀ ਖ਼ਿਲਾਫ਼ ਅਤੇ ਇਨਸਾਫ਼ ਦੀ ਮੰਗ ਲਈ ਲੋਕਾਂ ਦੀ ਆਵਾਜ਼ ਹੈ।ਇਸ ਮੌਕੇ ਗਾਰਮੈਂਟਸ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਮਨੋਜ ਗੋਇਲ, ਦੀ ਇਲੈਕਟ੍ਰੋਨਿਕਸ ਟਰੇਡਰਜ਼ ਐਸੋਸੀਏਸ਼ਨ ਦੇ ਪ੍ਰਧਾਨ ਵਿਕਰਮ ਟੈਕਸਲਾ, ਰਿਟੇਲ ਕਰਿਆਨਾ ਐਸੋਸੀਏਸ਼ਨ ਦੇ ਸੂਬਾਈ ਆਗੂ ਸੁਰੇਸ਼ ਕੁਮਾਰ, ਹੋਲਸੇਲ ਕਲਾਥ ਐਸੋਸੀਏਸ਼ਨ ਤੋਂ ਬਿੰਦਰਪਾਲ ਅਤੇ ਜੀਵਨ ਬਾਂਸਲ, ਆੜ੍ਹਤੀਆ ਐਸੋਸੀਏਸ਼ਨ ਦੇ ਰਮੇਸ਼ ਟੋਨੀ, ਕੱਚਾ ਆੜ੍ਹਤੀਆ ਐਸੋਸੀਏਸ਼ਨ ਦੇ ਚੰਦਰ ਕਾਂਤ ਕੁੱਕੀ, ਪ੍ਰਾਪਰਟੀ ਡੀਲਰ ਐਸੋਸੀਏਸ਼ਨ ਦੇ ਬਲਜੀਤ ਕੁਮਾਰ ਸ਼ਰਮਾ, ਸਮਾਲ ਸਕੇਲ ਇੰਡਸਟਰੀ ਅਤੇ ਆਇਰਨ ਮਰਚੈਂਟਸ ਐਸੋਸ਼ੀਏਸ਼ਨ ਦੇ ਸਤੀਸ਼ ਕੁਮਾਰ ਗੋਇਲ, ਸਵਰਨਕਾਰ ਸੰਘ ਦੇ ਅਮਰਜੀਤ ਕਟੌਦੀਆ ਅਤੇ ਵਪਾਰ ਮੰਡਲ ਦੇ ਸੂਬਾਈ ਆਗੂ ਮੁਨੀਸ਼ ਕੁਮਾਰ ਬੱਬੀ ਸਮੇਤ ਵੱਡੀ ਗਿਣਤੀ 'ਚ ਵੱਖ-ਵੱਖ ਵਰਗਾਂ ਦੇ ਪ੍ਰਧਾਨ ਤੇ ਮੋਹਤਬਰ ਵੀ ਹਾਜ਼ਰ ਸਨ।

ਬੁੱਕ ਬੈਂਕ ਸੁਸਾਇਟੀ ਨੇ ਵਿਦਿਆਰਥੀਆਂ ਨੂੰ 8 ਹਜ਼ਾਰ ਰਜਿਸਟਰ ਵੰਡੇ

ਜਗਰਾਉਂ (ਸੰਜੀਵ ਅਰੋੜਾ)

ਬੁੱਕ ਬੈਂਕ ਸੁਸਾਇਟੀ ਵੱਲੋਂ ਜ਼ਰੂਰਤਮੰਦ ਵਿਦਿਆਰਥੀਆਂ ਨੂੰ 8 ਹਜ਼ਾਰ ਰਜਿਸਟਰ ਵੰਡਣ ਦਾ ਪ੍ਰੋਗਰਾਮ ਉਲੀਕਿਆ ਹੈ। ਸਮਾਗਮ ਵਿੱਚ ਸਾਬਕਾ ਵਿਧਾਇਕ ਐਸ. ਆਰ. ਕਲੇਰ ਨੇ ਕਿਹਾ ਕਿ ਬੁੱਕ ਬੈਂਕ ਸੁਸਾਇਟੀ ਦੇ ਪ੍ਰੋਜੈਕਟ ਚੇਅਰਮੈਨ ਸਵ: ਸੰਨੀ ਵਰਮਾ ਦੀ ਯਾਦ ਵਿੱਚ ਉਨ੍ਹਾਂ ਦੇ ਪਿਤਾ ਹਿੰਮਤ ਵਰਮਾ ਤੇ ਸਮੁੱਚੇ ਪਰਵਾਰ ਵੱਲੋਂ ਬੱਚਿਆਂ ਜ਼ਰੂਰਤਮੰਦ ਬੱਚਿਆਂ ਲਈ ਕੀਤੇ ਗਏ ਜਾ ਰਹੇ ਉਪਰਾਲੇ ਦੀ ਜਿੰਨੀ ਸ਼ਲਾਘਾ ਕੀਤੀ ਜਾਵੇ, ਘੱਟ ਹੈ। ਬੁਲਾਰਿਆਂ ਨੇ ਕਿਹਾ ਕਿ ਭਰ ਜਵਾਨੀ ਵਿੱਚ ਨੌਜਵਾਨ ਸਪੁੱਤਰ ਦੇ ਚਲੇ ਜਾਣ ਦਾ ਦੁੱਖ ਅਸਹਿ ਦੁਖ ਹੋਣ ਦੇ ਬਾਵਜੂਦ ਹਿੰਮਤ ਵਰਮਾ ਦਾ ਪਰਵਾਰ ਲਗਾਤਾਰ ਆਪਣੇ ਪੁੱਤਰ ਸਨੀ ਵਰਮਾ ਦੀ ਸੋਚ 'ਤੇ ਪਹਿਰਾ ਦਿੰਦਿਆਂ ਲਗਾਤਾਰ ਜ਼ਰੂਰਤਮੰਦ ਬੱਚਿਆਂ ਲਈ ਸਕੂਲੀ ਬੱਚਿਆਂ ਲਈ ਉਪਰਾਲੇ ਕਰ ਰਿਹਾ ਹੈ। ਹਿੰਮਤ ਵਰਮਾ ਨੇ ਕਿਹਾ ਕਿ ਸ਼ਨੀ ਵਰਮਾ ਦੀ ਸੋਚ ਸੀ ਕੇ ਕੋਈ ਵੀ ਬੱਚਾ ਪੜ੍ਹਾਈ ਤੋਂ ਵਾਂਝਾ ਨਾ ਰਹਿ ਸਕੇ ਅਤੇ ਜਿੰਨੀ ਵੀ ਮੱਦਦ ਹੋ ਸਕੇ ਬੱਚਿਆਂ ਦੀ ਕੀਤੀ ਜਾਵੇ। ਹਿੰਮਤ ਵਰਮਾ ਨੇ ਦੱਸਿਆ ਕਿ ਵੱਖ-ਵੱਖ ਸਕੂਲਾਂ ਦੇ 1200 ਦੇ ਕਰੀਬ ਜ਼ਰੂਰਤਮੰਦ ਬੱਚਿਆਂ ਨੂੰ ਰਜਿਸਟਰ ਦੇਣ ਲਈ ਕਾਪੀਆਂ ਦੇਣ ਦੀ ਬਜਾਏ 8 ਹਜਾਰ ਰਜਿਸਟਰ ਦਿੱਤੇ ਗਏ ਹਨ। ਕੌਂਸਲਰ ਸਤੀਸ਼ ਕੁਮਾਰ ਦੌਧਰੀਆ, ਟੋਨੀ ਵਰਮਾ, ਕ੍ਰਿਸ਼ਨ ਵਰਮਾ, ਸ਼ੰਟੀ ਚੋਪੜਾ ਤੇ ਸਾਜਨ ਮਲਹੋਤਰਾ ਦਾ ਬੁੱਕ ਬੈਂਕ ਸੁਸਾਇਟੀ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਕੈਪਟਨ ਨਰੇਸ਼ ਵਰਮਾ ਨੇ ਹਿੰਮਤ ਵਰਮਾ ਦੇ ਪਰਵਾਰ ਵੱਲੋਂ ਸੰਨੀ ਵਰਮਾ ਨਮਿੱਤ ਕੀਤੇ ਜਾ ਰਹੇ ਕਾਰਜਾਂ ਦੀ ਜਿੱਥੇ ਜਾਣਕਾਰੀ ਸਾਂਝੀ ਕੀਤੀ, ਉਥੇ ਉਨ੍ਹਾਂ ਸਮੂਹ ਜਥੇਬੰਦੀਆਂ ਤੇ ਸੰਸਥਾਵਾਂ ਦਾ ਬੁੱਕ ਬੈਂਕ ਸੁਸਾਇਟੀ ਨੂੰ ਸਹਿਯੋਗ ਦੇਣ ਲਈ ਧੰਨਵਾਦ ਕੀਤਾ।

17000 ਅਧਿਆਪਕ ਸਕੂਲਾਂ ਤੋਂ ਬਾਹਰ ਰਹਿਣਗੇ

ਐੱਸ ਆਈ ਆਰ ਸਰਵੇ ਨੇ ਸਿੱਖਿਆ ਕ੍ਰਾਂਤੀ ਦੀ ਫੂਕ ਕੱਢੀ : ਡੀ.ਟੀ.ਐੱਫ.

ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਦੀ ਸਿੱਖਿਆ ਹਾਲਤ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ।ਅਧਿਆਪਕਾਂ ਨੂੰ ਗੈਰ-ਵਿੱਦਿਅਕ ਕੰਮਾਂ ਵਿੱਚ ਉਲਝਾ ਕੇ ਸਕੂਲਾਂ ਤੋਂ ਬਾਹਰ ਕਰ ਦਿੱਤਾ ਗਿਆ ਹੈ।ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਜ਼ਿਲ੍ਹਾ ਇਕਾਈ ਮੋਗਾ ਦੇ ਪ੍ਰਧਾਨ ਸੁਖਪਾਲਜੀਤ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਦੇ 17000 ਤੋਂ ਵੱਧ ਅਧਿਆਪਕਾਂ ਨੂੰ ਬੀ ਐੱਲ ਓ ਡਿਊਟੀ ਵਿੱਚ ਲਾ ਕੇ ਐੱਸ ਆਈ ਆਰ ਸਰਵੇ ਕਰਨ ਲਈ ਸਕੂਲਾਂ ਤੋਂ ਬਾਹਰ ਕਰ ਦਿੱਤਾ ਹੈ, ਉਹ ਆਉਣ ਵਾਲੇ ਮਹੀਨਿਆਂ ਵਿੱਚ ਘਰ ਘਰ ਜਾ ਕੇ ਵੋਟਰਾਂ ਦੇ ਫਾਰਮ ਭਰਨਗੇ ਤੇ ਉਨ੍ਹਾਂ ਨੂੰ ਔਨਲਾਈਨ ਅਪਲੋਡ ਕਰਨਗੇ, ਜੋ ਕਿ ਇੱਕ ਲੰਬੀ ਪ੍ਰਕਿਰਿਆ ਹੈ ਤੇ ਕਈ ਮਹੀਨੇ ਤੱਕ ਚਲਦੀ ਰਹੇਗੀ।ਇਸੇ ਤਰ੍ਹਾਂ ਜਨ ਗਣਨਾ ਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਨਾਂ 'ਤੇ ਲਗਭਗ ਵੀਹ ਹਜ਼ਾਰ ਅਧਿਆਪਕਾਂ ਨੂੰ ਸਕੂਲਾਂ ਤੋਂ ਬਾਹਰ ਕਰ ਦਿੱਤਾ ਹੈ।ਹਜ਼ਾਰਾਂ ਅਧਿਆਪਕ ਮਈ ਮਹੀਨੇ ਜਨ ਗਣਨਾ ਦਾ ਪਹਿਲਾ ਫੇਜ਼ ਕਰ ਕੇ ਹਟੇ ਤੇ ਹੁਣ ਫਰਵਰੀ ਵਿੱਚ ਦੂਜਾ ਫੇਜ਼ ਕਰਨਗੇ। ਇਸੇ ਦੌਰਾਨ ਨਵੰਬਰ ਮਹੀਨੇ ਵਿਧਾਨ ਸਭਾ ਚੋਣਾਂ ਕਰਵਾਉਣ ਦੀ ਤਿਆਰੀ ਚੱਲ ਰਹੀ ਹੈ ਤਾਂ ਲਗਭਗ ਦੋ ਮਹੀਨੇ ਹਜ਼ਾਰਾਂ ਅਧਿਆਪਕ ਉਸ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਨਗੇ।ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ, ਮੀਤ ਪ੍ਰਧਾਨ ਸਵਰਨ ਦਾਸ, ਸੰਯੁਕਤ ਸਕੱਤਰ ਅਮਨਦੀਪ ਮਾਛੀਕੇ, ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਮੀਤ ਸਿੰਘ ਝੋਰੜਾ, ਵਿੱਤ ਸਕੱਤਰ ਗੁਰਸ਼ਰਨ ਸਿੰਘ ਨੇ ਕਿਹਾ ਕਿ ਪਹਿਲਾਂ ਹੀ ਪ੍ਰਿੰਸੀਪਲਾਂ, ਹੈੱਡਮਾਸਟਰਾਂ, ਲੈਕਚਰਾਰਾਂ, ਮਾਸਟਰਾਂ ਤੇ ਈ ਟੀ ਟੀ ਅਧਿਆਪਕਾਂ ਦੀਆਂ ਹਜ਼ਾਰਾਂ ਖਾਲੀ ਅਸਾਮੀਆਂ ਭਗਵੰਤ ਮਾਨ ਸਰਕਾਰ ਦੀ ਸਿੱਖਿਆ ਕ੍ਰਾਂਤੀ ਦਾ ਜਲੂਸ ਕੱਢ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਅਧਿਆਪਕਾਂ ਤੋਂ ਸੱਖਣੇ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਕੌਣ ਪੜ੍ਹਾਏਗਾ? ਆਗੂਆਂ ਨੇ ਦੱਸਿਆ ਕਿ ਕੁਝ ਜ਼ਿਲ੍ਹਿਆਂ ਵਿੱਚ ਅਧਿਆਪਕਾਂ ਨੂੰ ਐੱਫ ਆਈ ਆਰ ਤੇ ਤਨਖਾਹ ਰੋਕਣ ਦੀਆਂ ਧਮਕੀਆਂ ਦੇ ਕੇ ਜਬਰੀ ਇਨ੍ਹਾਂ ਡਿਊਟੀਆਂ ਨੂੰ ਕਰਵਾਇਆ ਜਾ ਰਿਹਾ ਹੈ, ਜਿਸ ਨੂੰ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਬਰਦਾਸ਼ਤ ਨਹੀਂ ਕਰੇਗਾ।ਆਗੂਆਂ ਨੇ ਦੱਸਿਆ ਕਿ ਇਨ੍ਹਾਂ ਗੈਰ-ਵਿੱਦਿਅਕ ਕੰਮਾਂ ਦੇ ਵਿਰੋਧ ਵਿੱਚ 18 ਤੇ 19 ਨੂੰ ਸਾਰੇ ਪੰਜਾਬ ਵਿੱਚ ਜ਼ਿਲ੍ਹਾ ਪੱਧਰ 'ਤੇ ਡਿਪਟੀ ਕਮਿਸ਼ਨਰਾਂ ਨੂੰ ਪੰਜਾਬ ਸਰਕਾਰ ਦੇ ਨਾਂ ਮੰਗ ਪੱਤਰ ਭੇਜੇ ਜਾਣਗੇ।

ਸੱਚ ਦੀ ਜਿੱਤ ਹੋਈ, ਆਪ ਸਰਕਾਰ ਦੀਆਂ ਸਾਜਿਸ਼ਾਂ ਨਾਕਾਮ : ਅਕਾਲੀ ਆਗੂ

ਬਾਘਾ ਪੁਰਾਣਾ ਜੂਨ (ਮਨੀ ਸਿੰਗਲਾ)-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਮਾਣਯੋਗ ਅਦਾਲਤ ਵੱਲੋਂ ਜ਼ਮਾਨਤ ਮਿਲਣ ਉਪਰੰਤ ਅਕਾਲੀ ਆਗੂਆਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਸਬੰਧੀ ਮੀਡੀਆ ਨਾਲ ਗੱਲਬਾਤ ਕਰਦਿਆਂ ਅਕਾਲੀ ਆਗੂ ਹਰਜਿੰਦਰ ਸਿੰਘ ਗਿੱਲ (ਕੈਨੇਡਾ) ਅਤੇ ਤਰਲੋਚਨ ਸਿੰਘ ਕਾਲੇਕੇ ਨੇ ਕਿਹਾ ਕਿ ਆਖਿਰਕਾਰ ਸੱਚ ਦੀ ਜਿੱਤ ਹੋਈ ਹੈ ਅਤੇ ਵਿਰੋਧੀਆਂ ਦੇ ਲਗਾਏ ਦੋਸ਼ਾਂ ਦੀ ਸੱਚਾਈ ਸਾਹਮਣੇ ਆ ਗਈ ਹੈ। ਸ ਤਰਲੋਚਨ ਸਿੰਘ ਕਾਲੇ ਕੇ ਨੇ ਕਿਹਾ ਕਿ ਮਾਣਯੋਗ ਅਦਾਲਤ ਨੇ ਆਪਣੇ ਫੈਸਲੇ ਨਾਲ 'ਦੁੱਧ ਦਾ ਦੁੱਧ 'ਤੇ ਪਾਣੀ ਦਾ ਪਾਣੀ' ਕਰ ਦਿੱਤਾ ਹੈ। ਉਨ੍ਹਾਂ ਦੇ ਅਨੁਸਾਰ ਇਹ ਫੈਸਲਾ ਨਾ ਸਿਰਫ਼ ਕਾਨੂੰਨੀ ਪੱਖੋਂ ਮਹੱਤਵਪੂਰਨ ਹੈ, ਸਗੋਂ ਇਹ ਸਿਆਸੀ ਤੌਰ 'ਤੇ ਵੀ ਵੱਡਾ ਸੰਦੇਸ਼ ਦਿੰਦਾ ਹੈ ਕਿ ਝੂਠ ਅਤੇ ਸਾਜਿਸ਼ਾਂ ਲੰਮੇ ਸਮੇਂ ਤੱਕ ਕਾਇਮ ਨਹੀਂ ਰਹਿ ਸਕਦੀਆਂ। ਹਰਜਿੰਦਰ ਸਿੰਘ ਗਿੱਲ (ਕੈਨੇਡਾ) ਨੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿਚ ਆਪਣੀ ਨਾਕਾਮੀ ਨੂੰ ਛੁਪਾਉਣ ਲਈ ਵਿਰੋਧੀ ਆਗੂਆਂ ਨੂੰ ਨਿਸ਼ਾਨਾ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਵੇਂ ਜਿਵੇਂ ਅਗਾਮੀ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਉਵੇਂ-ਉਵੇਂ ਬਿਕਰਮ ਸਿੰਘ ਮਜੀਠੀਆ ਦੀ ਵਧ ਰਹੀ ਲੋਕਪ੍ਰਿਯਤਾ ਕਾਰਨ ਆਪ ਸਰਕਾਰ ਬੁਖਲਾਹਟ ਵਿਚ ਆ ਗਈ ਹੈ।

ਕੌਂਸਲਰ ਵਜੋਂ ਸ਼ਾਨਦਾਰ ਜਿੱਤ ਦੀ ਖੁਸ਼ੀ 'ਚ ਗੁਰੂ ਘਰ ਵਿਖੇ ਸਮਾਗਮ

ਜਗਰਾਉਂ (ਨਛੱਤਰ ਸੰਧੂ)-ਵਾਰਡ ਨੰਬਰ 4 ਤੋਂ ਕੌਂਸਲਰ ਵਜੋਂ ਸ਼ਾਨਦਾਰ ਜਿੱਤ ਹਾਸਲ ਕਰਨ ਦੀ ਖੁਸ਼ੀ ਵਿੱਚ ਸ. ਦਵਿੰਦਰਜੀਤ ਸਿੰਘ ਸਿੱਧੂ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਧੰਨਵਾਦੀ ਸਮਾਗਮ ਕਰਵਾਇਆ ਗਿਆ।ਇਸ ਪਾਵਨ ਮੌਕੇ ਹਲਕਾ ਇੰਚਾਰਜ ਐੱਸ ਆਰ ਕਲੇਰ ਸਾਬਕਾ ਵਿਧਾਇਕ ਅਤੇ ਐੱਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਸਮੇਤ ਅਨੇਕਾਂ ਪ੍ਰਮੁੱਖ ਸ਼ਖ਼ਸੀਅਤਾਂ, ਪਰਿਵਾਰਕ ਮੈਂਬਰਾਂ ਅਤੇ ਸੰਗਤ ਨੇ ਹਾਜ਼ਰੀ ਭਰ ਕੇ ਨਵ-ਚੁਣੇ ਕੌਂਸਲਰ ਨੂੰ ਵਧਾਈ ਦਿੱਤੀ ਅਤੇ ਆਈ ਸੰਗਤ ਦਾ ਐੱਸ ਆਰ ਕਲੇਰ ਨੇ ਧੰਨਵਾਦ ਕੀਤਾ। ਸਮਾਗਮ ਦੌਰਾਨ ਗੁਰੂ ਘਰ ਦੀਆਂ ਅਸੀਸਾਂ ਪ੍ਰਾਪਤ ਕਰਦਿਆਂ ਇਲਾਕੇ ਦੀ ਤਰੱਕੀ, ਖੁਸ਼ਹਾਲੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਮੌਕੇ ਦੀਪਇੰਦਰ ਸਿੰਘ ਭੰਡਾਰੀ, ਹਰਦੇਵ ਸਿੰਘ ਬੌਬੀ, ਜਤਿੰਦਰ ਪਾਲ ਸਿੰਘ ਰਾਣਾ, ਸਤੀਸ਼ ਕੁਮਾਰ, ਕ੍ਰਿਸ਼ਨ ਕੁਮਾਰ, ਕਰਮਜੀਤ ਕੈਂਥ, ਕਮਰਪਾਲ ਸਿੰਘ ,ਰਾਮ ਸਿੰਘ, ਸੁਖਚੈਨ ਸਿੰਘ, ਸਤਿੰਦਰ ਤਤਲਾ, ਰਾਜੂ ਠਕਰਾਲ ,ਵਿੱਕੀ ਸਿੰਘ, ਕਲਿਆਣ, ਗੁਰਪ੍ਰੀਤ ਨੋਨੀ, ਸਾਜਨ ਮਲਹੋਤਰਾ, ਵਿੱਕੀ ਥਿੰਦ, ਧਰਮਿੰਦਰ ਸਿੰਘ, ਅਮਰਜੀਤ ਸਿੰਘ, ਇਕਬਾਲ ਸਿੰਘ, ਨੀਰਜ ਜੈਨ, ਵਿਜੇ ਕੁਮਾਰ, ਗੁਰਪ੍ਰੀਤ ਸਿੰਘ ਪ੍ਰਧਾਨ, ਡਾਕਟਰ ਭੂਸ਼ਣ ਕਰਨਲ, ਮੋਹਨ ਸਿੰਘ, ਗੁਰਨਾਮ ਸਿੰਘ, ਸੁਖਵਿੰਦਰ ਗਰੇਵਾਲ, ਰਾਜ ਭਾਰਤਵਾਜ, ਰਾਜੂ ਕਾਮਰੇਡ, ਮਾਸਟਰ ਜੋਸੀ ,ਭੁਪਿੰਦਰ ਮੋਰਲੀ, ਇੰਦਰਜੀਤ ਲਾਂਬਾ, ਚਰਨਜੀਤ ਚੀਨੂ, ਸੁਖਵਿੰਦਰ ਭਸੀਨ, ਰਾਜਨ ਰਾਣਾ, ਕਾਲਾ ਗਰੇਵਾਲ, ਅਪਾਰ ਸਿੰਘ ,ਸੋਹਣ ਸਿੰਘ ਤੋਂ ਇਲਾਵਾ ਸਮੂਹ ਵਾਰਡ ਨਿਵਾਸੀ ਹਾਜ਼ਰ ਸਨ

ਡੀ ਬੀ ਯੂ-ਆਈ ਆਈ ਸੀ ਨੇ ਨਵੀਨਤਾ, ਉਦਮਤਾ ਤੇ ਸਟਾਰਟਅੱਪ ਤੰਤਰ ਨੂੰ ਕੀਤਾ ਮਜ਼ਬੂਤ

ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ ਦੀ ਸੰਸਥਾਗਤ ਨਵੀਨਤਾ ਕੌਂਸਲ (ਡੀ ਬੀ ਯੂ-ਆਈ ਆਈ ਸੀ) ਨੇ ਪ੍ਰਭਾਵਸ਼ਾਲੀ ਪ੍ਰੋਗਰਾਮਾਂ, ਜਨ-ਸੰਪਰਕ ਗਤੀਵਿਧੀਆਂ ਅਤੇ ਖੋਜ-ਅਧਾਰਿਤ ਪਹਿਲਕਦਮੀਆਂ ਦੀ ਲੜੀ ਰਾਹੀਂ ਯੂਨੀਵਰਸਿਟੀ ਦੇ ਨਵੀਨਤਾ, ਉਦਯਮਤਾ ਅਤੇ ਸਟਾਰਟਅੱਪ ਤੰਤਰ ਨੂੰ ਲਗਾਤਾਰ ਮਜ਼ਬੂਤ ਕੀਤਾ ਹੈ।ਇਸ ਅਵਸਰ 'ਤੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਅਤੇ ਵਾਈਸ-ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਡੀ ਬੀ ਯੂ-ਆਈ ਆਈ ਸੀ ਫੈਕਲਟੀ ਕੌਂਸਲ ਦੇ ਕਨਵੀਨਰ ਡਾ. ਦਿਨੇਸ਼ ਕੁਮਾਰ ਨੂੰ ਆਈ ਆਈ ਸੀ ਗਤੀਵਿਧੀਆਂ, ਐਮ ਆਈ ਸੀ-ਨਿਰਦੇਸ਼ਿਤ ਕਾਰਜ ਕਲਾਪਾਂ, ਜਸ਼ਨ ਸਮਾਗਮਾਂ, ਸਵੈ-ਪ੍ਰੇਰਿਤ ਗਤੀਵਿਧੀਆਂ, ਖੋਜ ਅਤੇ ਵਿਕਾਸ ਕਾਰਜਾਂ ਅਤੇ ਨਵੀਨਤਾ-ਕੇਂਦਰਿਤ ਪਹਿਲਕਦਮੀਆਂ ਦੇ ਸਫਲ ਆਯੋਜਨ ਲਈ ਉਨ੍ਹਾਂ ਦੀ ਸ਼ਾਨਦਾਰ ਅਗਵਾਈ ਵਾਸਤੇ ਵਧਾਈ ਦਿੱਤੀ ਅਤੇ ਸ਼ਲਾਘਾ ਕੀਤੀ।

ਠੇਕੇਦਾਰ ਪ੍ਰਮੋਦ ਸਿੰਗਲਾ ਵੱਲੋਂ ਵਿਸ਼ੇਸ਼ ਯੋਗਾ ਕੈਂਪ

ਸਮਾਣਾ (ਇਕਬਾਲ ਸਿੰਘ ਬੱਲ)-ਅੰਤਰਰਾਸ਼ਟਰੀ ਯੋਗਾ ਦਿਵਸ ਦੇ ਮੱਦੇਨਜ਼ਰ ਸਥਾਨਕ ਸ਼ਕਤੀ ਵਾਟਿਕਾ ਕਲੋਨੀ ਵਿਖੇ ਪ੍ਰਸਿੱਧ ਠੇਕੇਦਾਰ ਪ੍ਰਮੋਦ ਸਿੰਗਲਾ ਵੱਲੋਂ ਇੱਕ ਵਿਸ਼ੇਸ਼ ਯੋਗਾ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਕਲੋਨੀ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਯੋਗ ਅਭਿਆਸ ਕੀਤਾ।ਇਸ ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਯੋਗ ਗੁਰੂ ਅਚਾਰੀਆ ਟੋਨੀ ਸ਼ੈਲੀ ਅਤੇ ਰਜਨੀ ਸ਼ੈਲੀ ਨੇ ਹਾਜ਼ਰੀਨ ਨੂੰ ਵੱਖ-ਵੱਖ ਯੋਗ ਆਸਣ ਕਰਵਾਏ। ਯੋਗ ਗੁਰੂਆਂ ਨੇ ਰੋਜ਼ਾਨਾ ਯੋਗਾ ਕਰਨ ਨਾਲ ਸਰੀਰ ਨੂੰ ਹੋਣ ਵਾਲੇ ਫਾਇਦਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਜੇਕਰ ਅਸੀਂ ਨਿਰੰਤਰ (ਰੋਜ਼ਾਨਾ) ਆਪਣੇ ਜੀਵਨ ਵਿੱਚ ਯੋਗ ਨੂੰ ਅਪਣਾਉਂਦੇ ਹਾਂ, ਤਾਂ ਸਰੀਰ ਵਿੱਚੋਂ ਕਈ ਭਿਆਨਕ ਬਿਮਾਰੀਆਂ ਜੜ੍ਹ ਤੋਂ ਖ਼ਤਮ ਹੋ ਜਾਂਦੀਆਂ ਹਨ ਅਤੇ ਮਨੁੱਖ ਇੱਕ ਨਿਰੋਗੀ ਤੇ ਖ਼ੁਸ਼ਹਾਲ ਜੀਵਨ ਜੀਅ ਸਕਦਾ ਹੈ।ਇਸ ਮੌਕੇ ਠੇਕੇਦਾਰ ਪ੍ਰਮੋਦ ਸਿੰਗਲਾ ਅਤੇ ਪਾਸੀ ਲਾਲ ਹਸੀਜਾ ਨੇ ਆਏ ਹੋਏ ਸਾਰੇ ਪਤਵੰਤੇ ਸੱਜਣਾਂ ਅਤੇ ਯੋਗ ਗੁਰੂਆਂ ਦਾ ਧੰਨਵਾਦ ਕੀਤਾ ਅਤੇ ਸਾਰਿਆਂ ਨੂੰ ਸਿਹਤਮੰਦ ਰਹਿਣ ਲਈ ਰੋਜ਼ਾਨਾ ਯੋਗ ਕਰਨ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਯੋਗਾ ਟਰੇਨਰ ਮੈਡਮ ਸੋਨੀਆ ਸੋਢੀ, ਨੰਦ ਕਿਸ਼ੋਰ, ਅਸ਼ੋਕ ਛਾਬੜਾ, ਪਰਸ਼ੋਤਮ ਕੌਸ਼ਿਕ, ਦੇਵਕੀ ਨੰਦਨ ਸਿੰਗਲਾ, ਇਕਬਾਲ ਸਿੰਘ ਬੱਲ, ਮਦਨ ਸਿੰਗਲਾ, ਤਰਸੇਮ ਗਰਗ, ਜਨਕ ਰਾਜ ਗਰਗ, ਤੇਜਿੰਦਰ ਹੀ-ਮੈਕਸ, ਵਿੱਕੀ ਸਿੰਗਲਾ, ਭਰਦੀਪ ਭੱਠੇ ਵਾਲਾ, ਹਨੀ ਗਰਗ ਅਤੇ ਰਿਕੀ ਸਿੰਗਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹੋਰ ਵੀ ਯੋਗਾ ਪ੍ਰੇਮੀ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

ਪੰਜਾਬ 'ਚ ਐਸ ਆਈ ਆਰ ਰਾਹੀਂ ਵੋਟਾਂ ਕੱਟਣ ਦੀ ਹੋ ਰਹੀ ਸਾਜ਼ਿਸ਼ : ਗੁਰਮੀਤ ਸਿੰਘ ਘੋੜੇ ਚੱਕ



ਫਿਰੋਜ਼ਪੁਰ (ਗੁਰਬਚਨ ਸਿੰਘ)-ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਕਮੇਟੀ ਮੈਂਬਰ ਪੰਜਾਬ ਗੁਰਮੀਤ ਸਿੰਘ ਘੋੜੇਚੱਕ ਨੇ ਕਿਹਾ ਕਿ 24 ਜੂਨ ਤੋਂ ਐਸ ਆਈ ਆਰ ਸਰਵੇ ਸ਼ੁਰੂ ਹੋ ਰਿਹਾ ਹੈ, ਜਿਸ ਵਿੱਚ ਪੰਜਾਬ ਵਿੱਚ ਵਸਦੇ ਲੋਕਾਂ ਦੀ ਪਛਾਣ ਸਬੰਧੀ ਵੇਰਵੇ ਹਾਸਲ ਕੀਤੇ ਜਾਣੇ ਹਨ। ਸਰਕਾਰ ਵੱਲੋਂ ਜੋ ਸ਼ਰਤਾਂ ਲਗਾਈਆਂ ਗਈਆਂ ਹਨ, ਉਹਨਾਂ ਸ਼ਰਤਾਂ ਤਹਿਤ ਆਪਣੇ ਸੁਨਹਿਰੀ ਭਵਿੱਖ ਦੀ ਤਲਾਸ਼ ਵਿੱਚ ਜੇ ਪੰਜਾਬੀ ਭਰਾ ਅਮਰੀਕਾ, ਕਨੇਡਾ ਜਾਂ ਹੋਰ ਦੇਸ਼ਾਂ ਵਿੱਚ ਰਹਿ ਰਹੇ ਹਨ ਅਤੇ ਜਿਨ੍ਹਾਂ ਨੇ ਉਥੋਂ ਦੀ ਸਿਟੀਜ਼ਨਸ਼ਿਪ ਹਾਸਲ ਕਰ ਲਈ ਹੈ, ਉਹਨਾਂ ਦੀਆਂ ਵੋਟਾਂ ਕੱਟਣ ਦੀ ਸਾਜਿਸ਼ ਹੋ ਰਹੀ ਹੈ। ਉਹਨਾਂ ਆਖਿਆ ਕਿ ਪੰਜਾਬ ਦੇ ਲੱਖਾਂ ਲੋਕ ਜਿਨ੍ਹਾਂ ਦੇ ਮਾਤਾ ਪਿਤਾ, ਘਰ ਬਾਰ ਅਤੇ ਜ਼ਮੀਨ ਜਾਇਦਾਦ ਅੱਜ ਵੀ ਪੰਜਾਬ ਵਿੱਚ ਹੀ ਮੌਜੂਦ ਹੈ ਉਹਨਾਂ ਨੂੰ ਆਪਣੇ ਵੋਟਾਂ ਦੇ ਅਧਿਕਾਰ ਤੋਂ ਵਾਂਝਾ ਕਰਨਾ ਸਰਾਸਰ ਧੱਕਾ ਹੈ ।ਆਂਕੜਿਆਂ ਅਨੁਸਾਰ ਤਕਰੀਬਨ 141 ਦੇਸ਼ ਅਜਿਹੇ ਹਨ ਜੋ ਆਪਣੇ ਦੇਸ਼ ਵਿੱਚੋਂ ਵਿਦੇਸ਼ਾਂ ਵਿੱਚ ਵਸ ਰਹੇ ਹਨ। ਉਹਨਾਂ ਨਾਗਰਿਕਾਂ ਨੂੰ ਆਪਣੇ ਦੇਸ਼ ਵਿੱਚ ਵੀ ਵੋਟ ਪਾਉਣ ਦਾ ਅਧਿਕਾਰ ਦੇ ਰਹੇ ਹਨ। ਇਸ ਤੋਂ ਇਲਾਵਾ ਜੇ ਕਿਸੇ ਵਿਦੇਸ਼ਾਂ ਵਿੱਚ ਨਾਗਰਿਕ ਬਣੇ ਭਾਰਤੀ ਨੇ ਸਾਡੇ ਦੇਸ਼ ਵਿੱਚੋਂ ਆਪਣੀ ਜ਼ਮੀਨ ਜਾਇਦਾਦ ਵੇਚਣੀ ਹੈ ਤਾਂ ਉਸ ਆਮਦਨ ਤੋਂ 22% ਟੈਕਸ ਦੇਣਾ ਪੈਂਦਾ ਹੈ। ਉਹਨਾਂ ਅੱਗੇ ਆਖਿਆ ਕਿ ਵਿਦੇਸ਼ਾਂ ਵਿੱਚ ਬੈਠੇ ਪੰਜਾਬੀ ਭਾਈਚਾਰੇ ਦਾ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਬਹੁਤ ਵੱਡਾ ਯੋਗਦਾਨ ਹੈ। ਸੋ ਹਿੰਦੁਸਤਾਨ ਸਰਕਾਰ ਨੂੰ ਚਾਹੀਦਾ ਹੈ, ਕਿ ਦੋਹਰੀ ਨਾਗਰਿਕਤਾ ਪ੍ਰਣਾਲੀ ਦੇਸ਼ ਵਿੱਚ ਲਾਗੂ ਕੀਤੀ ਜਾਵੇ ਤਾਂ ਜੋ ਪਰਿਵਾਰ ਵਿਦੇਸ਼ਾਂ ਵਿੱਚ ਰੁਜ਼ਗਾਰ ਲਈ ਗਏ ਹਨ ਉਹ ਪਰਵਾਰ ਆਪਣੀ ਮਾਤਭੂਮੀ ਦੀ ਮਿੱਟੀ ਨਾਲ ਜੁੜੇ ਰਹਿ ਸਕਣ। ਅਸੀਂ ਇਸ ਤਰ੍ਹਾਂ ਦੀਆਂ ਸ਼ਰਤਾਂ ਦੀ ਪਰਜ਼ੋਰ ਸਬਦਾਂ ਵਿੱਚ ਨਿੰਦਾ ਕਰਦੇ ਹਾਂ ਅਤੇ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਐਸ ਆਈ ਆਰ ਵਿੱਚੋਂ ਐਨ.ਆਰ.ਆਈਜ਼ ਸਬੰਧੀ ਸ਼ਰਤਾਂ ਖ਼ਤਮ ਕੀਤੀਆਂ ਜਾਣ ਤਾਂ ਜੋ ਵਿਦੇਸ਼ ਵਿੱਚ ਬੈਠੇ ਪੰਜਾਬੀਆਂ ਨੂੰ ਵੋਟ ਪਾਉਣ ਦਾ ਅਧਿਕਾਰ ਬਣਿਆ ਰਹੇ। ਐਨ ਆਰ ਆਈ ਦੀਆਂ ਵੋਟਾਂ ਕੱਟੀਆਂ ਜਾ ਰਹੀਆਂ ਹਨ ਅਤੇ ਗੈਰ ਪੰਜਾਬੀਆਂ ਦੀਆਂ ਵੋਟਾਂ ਬਣਾਈਆਂ ਜਾ ਰਹੀਆਂ ਹਨ।

ਸ਼ਾਹੀ ਇਮਾਮ ਉਸਮਾਨ ਰਹਿਮਾਨੀ ਵੱਲੋਂ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਨਦੀਮ ਅਨਵਰ ਖ਼ਾਨ ਨਾਲ ਮੁਲਾਕਾਤ



ਮਾਲੇਰਕੋਟਲਾ (ਅਸਗਰ ਪਰਿਹਾਰ)-ਪੰਜਾਬ ਦੇ ਮੌਜੂਦਾ ਹਾਲਾਤ ਤੇ ਘੱਟ ਗਿਣਤੀਆਂ ਦੇ ਮਸਲਿਆਂ ਨੂੰ ਲੈ ਕੇ ਅਹਿਮ ਮੁਲਾਕਾਤ ਹੋਈ।ਸ਼ਾਹੀ ਇਮਾਮ ਉਸਮਾਨ ਰਹਿਮਾਨੀ ਨੇ ਪੰਜਾਬ ਘੱਟ ਗਿਣਤੀ ਕਮਿਸ਼ਨ ਦੇ ਮੈਂਬਰ ਨਦੀਮ ਅਨਵਾਰ ਖ਼ਾਨ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਦੌਰਾਨ ਦੋਵਾਂ ਆਗੂਆਂ ਵਿਚਕਾਰ ਪੰਜਾਬ ਦੇ ਮੌਜੂਦਾ ਹਾਲਾਤ, ਆਮ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਖ਼ਾਸ ਕਰਕੇ ਘੱਟ ਗਿਣਤੀ ਭਾਈਚਾਰੇ ਤੇ ਮੁਸਲਿਮ ਕੌਮ ਨਾਲ ਸਬੰਧਤ ਅਹਿਮ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਹੋਈ।ਬੈਠਕ ਦੌਰਾਨ ਸਿੱਖਿਆ, ਰੁਜ਼ਗਾਰ, ਸਮਾਜਿਕ ਸੁਰੱਖਿਆ, ਭਾਈਚਾਰਕ ਸਾਂਝ ਤੇ ਘੱਟ ਗਿਣਤੀਆਂ ਦੇ ਹੱਕਾਂ ਦੀ ਰੱਖਿਆ ਨਾਲ ਜੁੜੇ ਮਾਮਲੇ ਵਿਸ਼ੇਸ਼ ਤੌਰ 'ਤੇ ਵਿਚਾਰੇ ਗਏ।ਦੋਵਾਂ ਆਗੂਆਂ ਨੇ ਜ਼ੋਰ ਦਿੱਤਾ ਕਿ ਸਮਾਜ ਦੇ ਹਰ ਵਰਗ ਨੂੰ ਇਨਸਾਫ਼ ਅਤੇ ਬਰਾਬਰੀ ਦੇ ਮੌਕੇ ਮਿਲਣੇ ਚਾਹੀਦੇ ਹਨ ਤੇ ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਹੋਣਾ ਲਾਜ਼ਮੀ ਹੈ।ਸ਼ਾਹੀ ਇਮਾਮ ਉਸਮਾਨ ਰਹਿਮਾਨੀ ਤੇ ਨਦੀਮ ਅਨਵਾਰ ਖ਼ਾਨ ਨੇ ਕਿਹਾ ਸਮਾਜ ਵਿੱਚ ਆਪਸੀ ਭਾਈਚਾਰਾ, ਅਮਨ ਅਤੇ ਏਕਤਾ ਨੂੰ ਮਜ਼ਬੂਤ ਕਰਨਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ।ਪੰਜਾਬ ਦੀ ਤਰੱਕੀ ਅਤੇ ਖ਼ੁਸ਼ਹਾਲੀ ਲਈ ਸਾਰੇ ਵਰਗਾਂ ਦੀ ਬਰਾਬਰ ਭਾਗੀਦਾਰੀ ਅਤੇ ਭਲਾਈ ਨੂੰ ਯਕੀਨੀ ਬਣਾਉਣਾ ਬਹੁਤ ਜ਼ਰੂਰੀ ਹੈ।

ਪਾਤੜਾਂ-ਬਾਦਸ਼ਾਹਪੁਰ ਸੜਕ 'ਤੇ ਥਾਣਾ ਸ਼ੁਤਰਾਣਾ ਅੱਗੇ ਧਰਨਾ

■ **ਸੜਕ ਹਾਦਸੇ 'ਚ ਜ਼ਖਮੀ ਦੇ ਮਾਮਲੇ 'ਚ ਕਾਰਵਾਈ ਨਾ ਹੋਣ ਤੋਂ ਭੜਕੇ ਲੋਕ**

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)
ਪਿੰਡ ਸ਼ੁਤਰਾਣਾ ਦੇ ਇੱਕ ਨੌਜਵਾਨ ਨਾਲ ਵਾਪਰੇ ਸੜਕ ਹਾਦਸੇ ਵਿੱਚ ਪੁਲਸ ਵੱਲੋਂ ਕਾਰਵਾਈ ਨਾ ਕੀਤੇ ਜਾਣ ਦੇ ਰੋਸ ਵਜੋਂ ਪਿੰਡ ਵਾਸੀਆਂ ਤੇ ਪਰਿਵਾਰਕ ਮੈਂਬਰਾਂ ਨੇ ਪਾਤੜਾਂ-ਬਾਦਸ਼ਾਹਪੁਰ ਸੜਕ ਉੱਤੇ ਥਾਣਾ ਸ਼ੁਤਰਾਣਾ ਸਾਹਮਣੇ ਰੋਹ ਭਰਪੂਰ ਧਰਨਾ ਦੇ ਕੇ ਆਵਾਜਾਈ ਠੱਪ ਕਰਦਿਆਂ ਕਾਰਵਾਈ ਦੀ ਮੰਗ ਕੀਤੀ।ਪੁਲਸ ਵੱਲੋਂ ਦੋ ਦਿਨ ਵਿੱਚ ਟਰੱਕ ਚਾਲਕ ਖ਼ਿਲਾਫ਼ ਕਾਰਵਾਈ ਦੇ ਦਿੱਤੇ ਗਏ ਭਰੋਸੇ ਮਗਰੋਂ ਧਰਨਾ ਚੁੱਕਿਆ ਗਿਆ।ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਸਾਬਕਾ ਬਲਾਕ ਸੰਮਤੀ ਮੈਂਬਰ ਬਲਵੀਰ ਸਿੰਘ, ਸਾਬਕਾ ਸਰਪੰਚ ਭਗਵੰਤ ਸਿੰਘ ਨੇ ਦੱਸਿਆ ਕਿ ਪਿੰਡ ਵਾਸੀ ਲਖਵਿੰਦਰ ਸਿੰਘ ਨੂੰ ਪਾਤੜਾਂ-ਖਨੌਰੀ ਮੁੱਖ ਸੜਕ 'ਤੇ ਟਰੱਕ ਚਾਲਕ ਫੇਟ ਮਾਰ ਕੇ ਟਰੱਕ ਭਜਾ ਕੇ ਲੈ ਗਿਆ।ਇਸ ਹਾਦਸੇ ਵਿੱਚ ਲਖਵਿੰਦਰ ਸਿੰਘ ਦੇ ਲੱਕ ਤੇ ਮੋਢੇ ਉੱਤੇ ਗੰਭੀਰ ਸੱਟਾਂ ਲੱਗੀਆਂ ਤੇ ਉਹ ਕਈ ਦਿਨ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਇਲਾਜ ਅਧੀਨ ਰਿਹਾ, ਪਰ ਪੁਲਸ ਵੱਲੋਂ ਕੋਈ ਕਾਰਵਾਈ ਨਾ ਕੀਤੇ ਜਾਣ ਦੇ ਰੋਸ ਵਜੋਂ ਪਰਿਵਾਰਕ ਮੈਂਬਰ ਤੇ ਪਿੰਡ ਵਾਸੀ ਧਰਨਾ ਦੇਣ ਲਈ ਮਜਬੂਰ ਹੋਏ ਹਨ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਦੋ ਦਿਨਾਂ ਵਿੱਚ ਟਰੱਕ ਨੂੰ ਕਬਜ਼ੇ ਵਿੱਚ ਲੈ ਕੇ ਚਾਲਕ ਖਿਲਾਫ ਠੋਸ ਕਾਰਵਾਈ ਨਾ ਕੀਤੀ ਤਾਂ ਉਹ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।ਇਸ ਮੌਕੇ ਪਰਿਵਾਰਕ ਮੈਂਬਰਾਂ ਵਿੱਚ ਜ਼ਖਮੀ ਨੌਜਵਾਨ ਦੀ ਮਾਂ ਬਚਨੀ ਦੇਵੀ, ਪਤਨੀ ਮਨਜੀਤ ਕੌਰ, ਭਰਾ ਰਮੇਸ਼ਵਰ, ਨਵੀਨ ਕੁਮਾਰ, ਪੱਪੂ ਰਾਮ, ਸੋਨੂੰ ਰਾਮ, ਬੂਟਾ ਰਾਮ ਤੇ ਭੀਮ ਸਿੰਘ ਆਦਿ ਹਾਜ਼ਰ ਸਨ।ਇਸ ਦੌਰਾਨ ਪੁਲਸ ਥਾਣਾ ਸ਼ੁਤਰਾਣਾ ਦੇ ਮੁਨਸ਼ੀ ਅਮਨਦੀਪ ਸਿੰਘ ਨੇ ਦੱਸਿਆ ਕਿ ਉਕਤ ਹਾਦਸਾ 11 ਜੂਨ ਨੂੰ ਵਾਪਰਿਆ ਸੀ ਤੇ ਜ਼ਖਮੀ ਵਿਅਕਤੀ ਦੇ ਬਿਆਨਾਂ ਦੇ ਆਧਾਰ ਉੱਤੇ ਟਰੱਕ ਚਾਲਕ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

ਇਸ ਮਾਮਲੇ ਦੀ ਪੜਤਾਲ ਕੀਤੀ ਜਾ ਰਹੀ ਹੈ ਤੇ ਦੋ ਦਿਨਾਂ ਵਿੱਚ ਟਰੱਕ ਚਾਲਕ ਨੂੰ ਕਾਬੂ ਕਰ ਲਿਆ ਜਾਵੇਗਾ।

ਐੱਨ ਆਰ ਆਈ ਦੇ ਘਰੋਂ ਨਗਦੀ ਤੇ ਗਹਿਣੇ ਚੋਰੀ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪਿੰਡ ਵਜੀਦਕੇ ਖੁਰਦ ਵਿਖੇ ਅਮਰੀਕਾ ਰਹਿੰਦੇ ਇੱਕ ਐੱਨ ਆਰ ਆਈ ਪਰਵਾਰ ਦੀ ਧਰਮਿੰਦਰ ਕੌਰ ਪੁੱਤਰੀ ਸਵ: ਸੇਵਾ ਸਿੰਘ ਵਜੀਦਕੇ ਖੁਰਦ ਦੇ ਘਰ ਨੂੰ ਚੋਰਾਂ ਵੱਲੋਂ ਨਿਸ਼ਾਨਾ ਬਣਾਉਂਦੇ ਹੋਏ ਨਕਦੀ ਤੇ ਗਹਿਣੇ ਚੋਰੀ ਕਰ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ।ਮਿਲੀ ਜਾਣਕਾਰੀ ਅਨੁਸਾਰ ਚੋਰ ਘਰ ਦੀ ਕੰਧ ਟੱਪ ਕੇ, ਖਿੜਕੀ ਦਾ ਸ਼ੀਸ਼ਾ ਭੰਨ ਕੇ ਕਮਰੇ ਅੰਦਰ ਦਾਖ਼ਲ ਹੋਏ, ਉੱਥੇ ਪਏ 40 ਹਜ਼ਾਰ ਰੁਪਏ ਤੇ ਚਾਂਦੀ ਦੀਆਂ ਪੰਜੇਬਾਂ ਚੋਰੀ ਕਰ ਲਈਆਂ ਅਤੇ ਨਾਲ ਹੀ ਘਰ ਵਿੱਚ ਪਈਆਂ ਪੇਟੀਆਂ ਤੇ ਅਲਮਾਰੀਆਂ ਦੀ ਫਰੋਲਾ-ਫਰੋਲੀ ਕਰਕੇ ਸਾਰਾ ਸਾਮਾਨ ਖਿਲਾਰ ਦਿੱਤਾ।ਘਰ 'ਚ ਧਰਮਿੰਦਰ ਕੌਰ ਦੀ ਛੋਟੀ ਭੈਣ ਜਗਜੀਵਨ ਕੌਰ ਦੂਜੇ ਕਮਰੇ ਵਿੱਚ ਸੌਂ ਰਹੀ ਸੀ।ਜਦੋਂ ਉਹ ਸਵੇਰੇ ਉੱਠੀ ਤਾਂ ਖਿੜਕੀ ਦਾ ਟੁੱਟਿਆ ਸ਼ੀਸ਼ਾ ਤੇ ਖਿਲਰਿਆ ਪਿਆ ਸਾਮਾਨ ਦੇਖ ਕੇ ਉਸ ਦੇ ਹੋਸ਼ ਉੱਡ ਗਏ।ਉਸ ਨੇ ਤੁਰੰਤ ਗੁਆਂਢੀਆਂ ਨੂੰ ਇਕੱਠਾ ਕਰਨ ਉਪਰੰਤ ਪੁਲਸ ਥਾਣਾ ਠੁੱਲੀਵਾਲ ਨੂੰ ਸੂਚਿਤ ਕੀਤਾ। ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲੈਂਦਿਆਂ ਜਗਜੀਵਨ ਕੌਰ ਦੇ ਬਿਆਨ ਦਰਜ ਕਰਨ ਉਪਰੰਤ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਠੰਢੇ ਮਿੱਠੇ ਜਲ ਦੀ ਛਬੀਲ ਲਾਈ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)-ਭਿਆਨਕ ਗਰਮੀ ਦੇ ਮੌਸਮ ਦੌਰਾਨ ਸੇਵਾ, ਭਗਤੀ ਤੇ ਲੋਕ ਭਲਾਈ ਦੀ ਭਾਵਨਾ ਨੂੰ ਸਮਰਪਿਤ ਹੋ ਕੇ ਸ੍ਰੀ ਧਾਨਕ ਸਮਾਜ ਕਮੇਟੀ ਵੱਲੋਂ ਨਵੀਂ ਦਾਣਾ ਮੰਡੀ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਾਈ ਗਈ।ਇਸ ਮੌਕੇ ਨਵੀਨ ਕੁਮਾਰ ਨਵੀ ਮੋਰਵਾਲ, ਰਾਜਕੁਮਾਰ ਖਾਮੰਗਵਾਲ, ਅਰੁਣ ਖੰਨਾ ਪਾਰਸ਼ਦ, ਵਿਸ਼ੂ ਬਾਸੰਦ, ਰੰਗੂਲਾ, ਵਿਕੀ ਕਿਰਾੜ ਤੇ ਆਕਾਸ਼ ਕਿਰਾੜ ਸਮੇਤ ਹੋਰ ਮੈਂਬਰਾਂ ਨੇ ਰਾਹਗੀਰਾਂ ਨੂੰ ਠੰਢਾ ਮਿੱਠਾ ਜਲ ਪਿਲਾਉਣ ਦੀ ਸੇਵਾ ਨਿਭਾਈ। ਸਮਾਗਮ ਦੌਰਾਨ ਰਿਫਲੈਕਸ ਜਿੰਮ ਵੱਲੋਂ ਸੋਨੀ ਕਿਰਾੜ, ਨਿਰਮਲ ਸਿੰਘ, ਲਵਲੀ, ਸੁਖਵਿੰਦਰ ਤੇ ਵਿਕਰਮ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਛਬੀਲ ਦੀ ਸ਼ੁਰੂਆਤ ਤੋਂ ਪਹਿਲਾਂ ਸ੍ਰੀ ਯੁਗਲ ਸਰਕਾਰ ਰਾਧਾ-ਕ੍ਰਿਸ਼ਨ ਜੀ ਨੂੰ ਭੋਗ ਅਰਪਿਤ ਕਰਕੇ ਵਿਧੀਵਤ ਪੂਜਾ-ਅਰਚਨਾ ਕੀਤੀ ਗਈ ਤੇ ਸਮੂਹ ਮਨੁੱਖਤਾ ਦੀ ਸੁੱਖ, ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ ਗਈ।

ਵਿਕਾਸ ਕਾਰਜਾਂ 'ਚ ਲਾਪ੍ਰਵਾਹੀ ਬਰਦਾਸ਼ਤ ਨਹੀ : ਅਰੋੜਾ

ਮੋਗਾ (ਇਕਬਾਲ ਸਿੰਘ ਖਹਿਰਾ)-ਆਮ ਆਦਮੀ ਪਾਰਟੀ ਦੀ ਮੋਗਾ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਬਲਾਕ ਮੋਗਾ ਦੇ ਬੀ.ਡੀ.ਪੀ.ਓ., ਪੰਚਾਇਤ ਸਕੱਤਰਾਂ ਅਤੇ ਵੱਖ-ਵੱਖ ਗ੍ਰਾਮ ਪੰਚਾਇਤਾਂ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ ਦਾ ਉਦੇਸ਼ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਨਾ ਅਤੇ ਉਨ੍ਹਾਂ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਵਾਉਣਾ ਸੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਪਿੰਡ ਵਾਸੀਆਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਅਧਿਕਾਰੀਆਂ ਅਤੇ ਪੰਚਾਇਤੀ ਨੁਮਾਇੰਦਿਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ ਅਤੇ ਸਾਰੇ ਪ੍ਰੋਜੈਕਟਾਂ ਨੂੰ ਗੁਣਵੱਤਾ ਦੇ ਨਾਲ ਸਮੇਂ ਸਿਰ ਮੁਕੰਮਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।

ਐਂਟੀ-ਮਲੇਰੀਆ ਕੈਂਪ ਲਗਾਇਆ

ਹਠੂਰ (ਲਵਲੀ ਮਾਛੀਕੇ)-ਜ਼ਿਲ੍ਹਾ ਲੁਧਿਆਨਾ ਦੇ ਸਿਵਲ ਸਰਜਨ ਡਾਕਟਰ ਰਮਨਦੀਪ ਕੌਰ ਆਹਲੂਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਸਰਕਾਰੀ ਹਸਪਤਾਲ ਹਠੂਰ ਦੇ ਐੱਸ ਐੱਮ ਓ ਡਾ: ਅਮਨ ਸ਼ਰਮਾ ਦੀ ਅਗਵਾਈ ਹੇਠ ਹਠੂਰ ਵਿਖੇ ਐਂਟੀ-ਮਲੇਰੀਆ ਕੈਂਪ ਲਗਾਇਆ ਗਿਆ।ਇਸ ਮੌਕੇ ਹੈਲਥ ਇਸਪੈਕਟਰ ਪ੍ਰਕਾਸ਼ ਸਿੰਘ ਬੀਹਲਾ ਨੇ ਕਿਹਾ ਕਿ ਬੁਖਾਰ ਮਾਦਾ ਐਨਾਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ।ਇਹ ਮੱਛਰ ਖੜ੍ਹੇ ਤੇ ਸਾਫ਼ ਪਾਣੀ ਵਿੱਚ ਪੈਦਾ ਹੁੰਦੇ ਹਨ, ਇਹ ਮੱਛਰ ਰਾਤ ਤੇ ਸਵੇਰ ਵੇਲੇ ਕੱਟਦੇ ਹਨ, ਮਲੇਰੀਆ ਬੁਖਾਰ ਦੇ ਲੱਛਣ ਠੰਢ ਤੇ ਕਾਂਬੇ ਨਾਲ ਬੁਖਾਰ ਸਿਰ ਦਰਦ ਹੋਣਾ, ਬੁਖਾਰ ਉਤਰਨ ਤੋਂ ਬਾਅਦ ਕਮਜ਼ੋਰੀ ਹੋਣਾ ਤੇ ਸਰੀਰ ਨੂੰ ਪਸੀਨਾ ਆਉਣਾ ਆਦਿ ਹਨ।ਇਸ ਮੌਕੇ ਹੈਲਥ ਇਸਪੈਕਟਰ ਸਵਰਨ ਸਿੰਘ ਡੱਲਾ, ਹੈਲਥ ਇਸਪੈਕਟਰ ਗੁਰਮੇਲ ਸਿੰਘ, ਹਰਮਿੰਦਰ ਸਿੰਘ, ਬੂਟਾ ਸਿੰਘ, ਅਮਨਦੀਪ ਸਿੰਘ, ਏ ਐੱਨ ਐੱਮ ਸਵਰਨਜੀਤ ਕੌਰ, ਸੀ ਐੱਚ ਓ ਜਸਪ੍ਰੀਤ ਕੌਰ, ਬਲਜਿੰਦਰ ਕੌਰ ਆਦਿ ਹਾਜ਼ਰ ਸਨ।

ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਸੀਂਗੋ 'ਚ ਭਰਵਾਂ ਹੁੰਗਾਰਾ

ਤਲਵੰਡੀ ਸਾਬੋ (ਜਗਦੀਪ ਗਿੱਲ)-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਪਿੰਡ ਸੀਂਗੋ ਵਿੱਚ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ।ਪਿੰਡ ਦੀਆਂ ਮਹਿਲਾਵਾਂ ਨੇ ਵੱਡੀ ਗਿਣਤੀ ਵਿੱਚ ਉਤਸ਼ਾਹ ਨਾਲ ਯੋਜਨਾ ਦੇ ਫਾਰਮ ਭਰੇ ਤੇ ਸਰਕਾਰ ਦੇ ਇਸ ਲੋਕ-ਭਲਾਈ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਮੌਜੂਦਾ ਸਰਪੰਚ ਰਣਦੀਪ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮਹਿਲਾਵਾਂ ਦੇ ਸਨਮਾਨ ਤੇ ਆਰਥਿਕ ਸਸ਼ਕਤੀਕਰਨ ਲਈ ਇਹ ਯੋਜਨਾ ਇੱਕ ਮਹੱਤਵਪੂਰਨ ਕਦਮ ਸਾਬਿਤ ਹੋਵੇਗੀ।ਉਨ੍ਹਾਂ ਦੱਸਿਆ ਕਿ ਉਹ ਆਪਣੇ ਨਿੱਜੀ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਪਿੰਡ ਵਾਸੀਆਂ ਨੂੰ ਯੋਜਨਾ ਬਾਰੇ ਜਾਗਰੂਕ ਕਰਨ ਤੇ ਫਾਰਮ ਭਰਨ ਵਿੱਚ ਸਹਿਯੋਗ ਦੇਣ ਲਈ ਲਗਾਤਾਰ ਯਤਨਸ਼ੀਲ ਹਨ।ਪਿੰਡ ਵਾਸੀਆਂ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨਾਲ ਡੱਟ ਕੇ ਖੜ੍ਹੇ ਹਨ ਤੇ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਹਰ ਚੰਗੇ ਉਪਰਾਲੇ ਦਾ ਸਮਰਥਨ ਕਰਦੇ ਰਹਿਣਗੇ।ਇਸ ਦੌਰਾਨ ਹਲਕਾ ਵਿਧਾਇਕਾ ਬੀਬਾ ਬਲਜਿੰਦਰ ਕੌਰ ਵੱਲੋਂ ਇਲਾਕੇ ਦੇ ਵਿਕਾਸ ਲਈ ਕੀਤੇ ਜਾ ਰਹੇ ਕੰਮਾਂ ਦੀ ਵੀ ਪ੍ਰਸ਼ੰਸਾ ਕੀਤੀ ਗਈ।ਪਿੰਡ ਵਾਸੀਆਂ ਨੇ ਵਿਸ਼ਵਾਸ ਜਤਾਉਂਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਬੀਬਾ ਬਲਜਿੰਦਰ ਕੌਰ ਨੂੰ ਆਪਣਾ ਪੂਰਾ ਸਹਿਯੋਗ ਦੇਣਗੇ।ਪਿੰਡ ਸ਼ੀਂਗੋ ਵਿੱਚ ਯੋਜਨਾ ਪ੍ਰਤੀ ਦੇਖਿਆ ਜਾ ਰਿਹਾ ਉਤਸ਼ਾਹ ਇਸ ਗੱਲ ਦਾ ਪ੍ਰਤੀਕ ਹੈ ਕਿ ਲੋਕ ਸਰਕਾਰ ਦੀਆਂ ਭਲਾਈ ਸਕੀਮਾਂ ਨੂੰ ਸਕਾਰਾਤਮਕ ਢੰਗ ਨਾਲ ਸਵੀਕਾਰ ਕਰ ਰਹੇ ਹਨ ਅਤੇ ਇਨ੍ਹਾਂ ਦਾ ਲਾਭ ਲੈਣ ਲਈ ਅੱਗੇ ਆ ਰਹੇ ਹਨ।ਇਸ ਮੌਕੇ ਰਣਦੀਪ ਸਿੰਘ ਸਿੱਧੂ ਸਰਪੰਚ, ਜਸਕਰਨ ਸਿੰਘ, ਕ੍ਰਿਸ਼ਨ ਲਾਲ, ਮੋਹਤਾ ਸਿੰਘ, ਅਜਾਇਬ ਸਿੰਘ, ਅਮਨਦੀਪ ਕੌਰ, ਬਿੰਦਰ ਕੌਰ, ਮਨਦੀਪ ਕੌਰ ਪੰਚਾਇਤ ਮੈਂਬਰ, ਗੁਰਜੰਟ ਸਿੰਘ, ਬਖਸ਼ੀ ਸਿੰਘ ਨੰਬਰਦਾਰ, ਹਰਪ੍ਰੀਤ ਸਿੰਘ ਸਰਾਂ, ਗੁਰਦਾਸ ਸਿੰਘ ਤੇ ਰਮਾਂ ਰਾਣੀ, ਕਰਮਜੀਤ ਕੌਰ, ਰਾਜਿੰਦਰ ਕੌਰ, ਸਰਲਾ ਦੇਵੀ (ਆਂਗਣਵਾੜੀ ਵਰਕਰ) ਤੋਂ ਇਲਾਵਾ ਪਿੰਡ ਦੀਆਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।

ਖੇਤ ਬਚਾਓ ਅਭਿਆਨ ਤਹਿਤ ਕਿਸਾਨ ਸਿਖਲਾਈ ਕੈਂਪਾਂ ਦਾ ਆਯੋਜਨ

ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਸ੍ਰੀ ਮੁਕਤਸਰ ਸਾਹਿਬ ਨਾਲ ਮਿਲ ਕੇ 'ਖੇਤ ਬਚਾਓ ਅਭਿਆਨ' ਤਹਿਤ ਪਿੰਡ ਸੀਰਵਾਲੀ ਅਤੇ ਫ਼ਤੂਹੀ ਖੇੜਾ ਵਿਖੇ ਕਿਸਾਨ ਸਿਖਲਾਈ ਕੈਂਪਾਂ ਦਾ ਆਯੋਜਨ ਕੀਤਾ ਗਿਆ, ਜਿਹਨਾਂ ਵਿੱਚ ਅਗਾਂਹ ਵਧੂ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਇਸ ਮੌਕੇ ਡਾ. ਗੁਰਵਿੰਦਰ ਸਿੰਘ ਸਹਾਇਕ ਪ੍ਰੋਫ਼ੈਸਰ (ਪਸਾਰ ਸਿੱਖਿਆ) ਨੇ ਰਾਸ਼ਟਰੀ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਇਸ ਦੇ ਮੁੱਖ ਉਦੇਸ਼ਾਂ 'ਤੇ ਚਾਨਣਾ ਪਾਇਆ।ਉਨ੍ਹਾਂ ਕਿਹਾ ਕਿ ਮਿੱਟੀ ਦੀ ਸਿਹਤ ਅਤੇ ਵਾਤਾਵਰਣ ਦੀ ਸੰਭਾਲ ਲਈ ਕਿਸਾਨਾਂ ਵਿੱਚ ਵਿਗਿਆਨਕ ਕਾਸ਼ਤ ਤਕਨੀਕਾਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਲੋੜ ਹੈ।ਇਸ ਦੌਰਾਨ ਡਾ. ਵਿਵੇਕ ਕੁਮਾਰ ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਸਾਉਣੀ ਦੀਆਂ ਫ਼ਸਲਾਂ ਵਿੱਚ ਖਾਦਾਂ ਦੀ ਸੁਚੱਜੀ ਵਰਤੋਂ, ਜੈਵਿਕ ਖਾਦਾਂ ਦੀ ਵਰਤੋਂ ਨਾਲ ਮਿੱਟੀ ਦੀ ਸਿਹਤ ਸੁਧਾਰ, ਫਸਲੀ ਰਹਿੰਦ-ਖੂੰਹਦ ਪ੍ਰਬੰਧਨ, ਖਾਦਾਂ ਦੀ ਘਾਟ ਸਮੇਂ ਬਦਲਵੇਂ ਵਿਕਲਪ, ਨਾਈਟ੍ਰੋਜਨ ਕੁਸ਼ਲ ਫਸਲੀ ਕਿਸਮਾਂ ਅਤੇ ਸੂਖਮ ਪੋਸ਼ਕ ਤੱਤਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਸ੍ਰੀ ਮੁਕਤਸਰ ਸਾਹਿਬ ਤੋਂ ਡਾ. ਹਰਮਨਜੀਤ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿੱਟੀ ਦੀ ਜਾਂਚ ਅਧਾਰਿਤ ਖਾਦਾਂ ਦੀ ਵਰਤੋਂ ਲੰਬੇ ਸਮੇਂ ਲਈ ਮਿੱਟੀ ਦੀ ਉਪਜਾਊ ਸ਼ਕਤੀ ਬਣਾਈ ਰੱਖਣ ਲਈ ਬਹੁਤ ਜ਼ਰੂਰੀ ਹੈ ਅਤੇ ਕਿਸਾਨਾਂ ਨੂੰ ਸਿਫਾਰਸ਼ੀ ਮਾਤਰਾ ਅਨੁਸਾਰ ਹੀ ਖਾਦਾਂ ਦੀ ਵਰਤੋਂ ਕਰਨੀ ਚਾਹੀਦੀ ਹੈ।

ਭਲਕੇ ਖੰਨਾ 'ਚ ਬਿਜਲੀ ਮੰਤਰੀ ਦੀ ਰਿਹਾਇਸ਼ ਅੱਗੇ ਭਾਰੀ ਇਕੱਠ ਕਰਨ ਦਾ ਫੈਸਲਾ

ਲੁਧਿਆਣਾ (ਸਤੀਸ਼ ਸਚਦੇਵਾ)-ਇੱਥੇ ਪਾਵਰਕਾਮ ਐਂਡ ਟ੍ਰਾਂਸਕੋ ਆਊਟਸੋਰਸਡ ਮੁਲਾਜ਼ਮ ਤਾਲਮੇਲ ਸੰਘਰਸ਼ ਕਮੇਟੀ ਪੰਜਾਬ ਵੱਲੋਂ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਕੋਠੀ ਅੱਗੇ ਪੱਕੇ ਰੁਜ਼ਗਾਰ ਦੀ ਗਾਰੰਟੀ ਤੇ ਤਨਖਾਹ ਵਾਧੇ ਲਈ ਪਰਵਾਰਾਂ-ਬੱਚਿਆਂ ਸਮੇਤ ਦਿਨ-ਰਾਤ ਦੇ ਲਗਾਤਾਰ ਧਰਨੇ ਦੇ ਤੀਸਰੇ ਦਿਨ ਵੀ ਇਲਾਕੇ ਦੀਆਂ ਅਨੇਕਾਂ ਮਜ਼ਦੂਰ, ਕਿਸਾਨ, ਮੁਲਾਜ਼ਮ, ਪੈਨਸ਼ਨਰ ਤੇ ਸੱਭਿਆਚਾਰਕ ਸੰਸਥਾਵਾਂ ਦੇ ਆਗੂਆਂ ਨੇ ਜਿੱਥੇ ਕੰਟਰੈਕਟ ਮੁਲਾਜ਼ਮਾਂ ਦੇ ਹੱਕੀ ਘੋਲ ਦਾ ਸਮਰਥਨ ਕੀਤਾ, ਉੱਥੇ ਬਿਜਲੀ ਮੰਤਰੀ, ਬੋਰਡ ਮੈਨੇਜਮੈਂਟ ਵੱਲੋਂ 24 ਮਈ ਨੂੰ ਕੀਤੀ ਮੀਟਿੰਗ 'ਚ ਸਭਨਾਂ ਆਊਟਸੋਰਸਡ-ਇਨਲਿਸਟਮੈਂਟ ਮੁਲਾਜ਼ਮਾਂ ਨੂੰ ਵਿਭਾਗਾਂ 'ਚ ਲੈ ਕੇ ਆਉਣ ਦਾ ਨੋਟੀਫਿਕੇਸ਼ਨ ਜਾਰੀ ਕਰਨ ਤੇ 15 ਜੂਨ ਤੱਕ ਲਾਗੂ ਕਰਨ ਦਾ ਲਿਖਤੀ ਸਮਝੌਤਾ ਕੀਤਾ ਸੀ, ਪ੍ਰੰਤੂ ਸਰਕਾਰ ਤੇ ਮੈਨੇਜਮੈਂਟ ਪੂਰੀ ਬੇਸ਼ਰਮੀ ਨਾਲ ਲਾਰੇ-ਲੱਪੇ ਦਾ ਕੇ ਡੰਗ ਟਪਾਈ ਕਰਨੀ ਦੇ ਰਾਹ ਪਈ ਹੋਈ ਹੈ।ਮਜ਼ਦੂਰ ਮੁਲਾਜ਼ਮ ਆਗੂਆਂ ਨੇ ਪਿਛਲੇ ਦਿਨੀਂ ਪੰਜਾਬ ਸਰਕਾਰ ਵੱਲੋਂ 24 ਮਈ ਦੇ ਸਮਝੌਤੇ ਨੂੰ ਲਾਗੂ ਕਰਨ ਦੀ ਬਜਾਏ ਸਭਨਾਂ ਸਰਕਾਰੀ ਵਿਭਾਗਾਂ ਨੂੰ ਕੰਟਰੈਕਟ ਮੁਲਾਜ਼ਮ ਭਰਤੀ ਕਰਨ 'ਤੇ ਰੋਕ ਲਾਉਣ ਤੇ ਕੰਟਰੈਕਟ ਮੁਲਾਜ਼ਮਾਂ ਨੂੰ ਵਿਭਾਗਾਂ 'ਚ ਲੈਣ ਲਈ ਜਾਰੀ ਵਾਰਤਾਲਾਵਾਂ ਤੇ ਨੋਟੀਫਿਕੇਸ਼ਨਾਂ ਨੂੰ ਵੀ ਵਾਪਸ ਲੈਣ ਦੇ ਮਜ਼ਦੂਰ-ਮੁਲਾਜ਼ਮ ਵਿਰੋਧੀ ਤੇ ਕਾਰਪੋਰੇਟ ਹਿੱਤੂ ਫੁਰਮਾਨਾਂ ਦਾ ਤਿੱਖਾ ਵਿਰੋਧ ਕਰਦੇ ਹੋਏ ਸੰਘਰਸ਼ਸ਼ੀਲ ਪਾਵਰਕਾਮ ਐਂਡ ਟ੍ਰਾਂਸਕੋ ਆਊਟ ਸੋਰਸਡ ਮੁਲਾਜ਼ਮਾਂ ਦੇ ਚੱਲ ਰਹੇ ਹੱਕੀ ਘੋਲ 'ਚ ਭਰਵੀਂ ਸ਼ਮੂਲੀਅਤ ਕਰਨ ਤੇ ਸਰਕਾਰ 'ਤੇ ਦਬਾਅ ਲਾਮਬੰਦ ਕਰਨ ਲਈ 20 ਜੂਨ ਨੂੰ ਬਿਜਲੀ ਮੰਤਰੀ ਦੀ ਕੋਠੀ ਖੰਨਾ ਅੱਗੇ ਭਾਰੀ ਇਕੱਠ ਕਰਨ ਦਾ ਫੈਸਲਾ ਕੀਤਾ।ਮੀਟਿੰਗ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ-ਉਗਰਾਹਾਂ ਦੇ ਜ਼ਿਲ੍ਹਾ ਸਕੱਤਰ ਸੁਦਾਗਰ ਸਿੰਘ ਘੁਡਾਣੀ, ਮਜ਼ਦੂਰ ਯੂਨੀਅਨ ਇਲਾਕਾ ਖੰਨਾ ਦੇ ਪ੍ਰਧਾਨ ਮਲਕੀਤ ਸਿੰਘ, ਮੇਵਾ ਸਿੰਘ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਲੁਧਿਆਣਾ ਦੇ ਪ੍ਰਧਾਨ ਹਰਜਿੰਦਰ ਸਿੰਘ, ਲੋਕ ਸੰਘਰਸ਼ ਕਮੇਟੀ ਖੰਨਾ ਦੇ ਸਕੱਤਰ ਜਗਦੇਵ ਸਿੰਘ, ਟੈਕਨੀਕਲ ਸਰਵਿਸਜ਼ ਯੂਨੀਅਨ (ਭੰਗਲ) ਬਲਵੀਰ ਸਿੰਘ ਦੋਰਾਹਾ ਤੇ ਜਸਵਿੰਦਰ ਸਿੰਘ ਸੂਬਾ ਸਕੱਤਰ, ਜ਼ੋਰਾ ਸਿੰਘ ਨਸਰਾਲੀ ਸੂਬਾ ਪ੍ਰਧਾਨ ਪੰਜਾਬ ਖੇਤ ਮਜ਼ਦੂਰ ਯੂਨੀਅਨ, ਹਰਚੰਦ ਸਿੰਘ ਜਲ ਸਪਲਾਈ ਤੇ ਸੈਨੀਟੈਸ਼ਨ ਮੁਲਾਜ਼ਮ ਯੂਨੀਅਨ, ਅਵਾਮੀ ਰੰਗ ਮੰਚ ਸਿਹੋੜਾ (ਪਲਸ ਮੰਚ) ਰਵਿੰਦਰ ਸਿੰਘ, ਪਾਵਰਕਾਮ ਪੈਨਸ਼ਨਰ ਐਸੋਸੀਏਸ਼ਨ ਖੰਨਾ ਸਰਕਲ, ਮੋਹਣ ਸਿੰਘ, ਹਰਜਿੰਦਰ ਸਿੰਘ, ਸਰਕਲ ਸਮਰਾਲਾ-ਰੋਪੜ ਦੇ ਭਰਪੂਰ ਸਿੰਘ ਆਦਿ ਨੇ ਸ਼ਮੂਲੀਅਤ ਕੀਤੀ।

4 ਜੁਲਾਈ ਦੇ ਰੋਸ ਮੁਜ਼ਾਹਰੇ ਵਿਚ ਵੱਡੀ ਗਿਣਤੀ 'ਚ ਪੁੱਜਿਆ ਜਾਵੇਗਾ : ਬਲੌਰ ਸਿੰਘ

ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਪਿੰਡ ਝੰਡੇ ਵਾਲਾ ਇਕਾਈ ਦੀ ਜਨਰਲ ਬਾਡੀ ਮੀਟਿੰਗ ਪਿੰਡ ਪ੍ਰਧਾਨ ਜਸਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਜਿਲਾ ਵਿੱਤ ਸਕੱਤਰ ਬਲੌਰ ਸਿੰਘ ਘੱਲ ਕਲਾਂ ਅਤੇ ਲਖਵੀਰ ਸਿੰਘ ਚੜਿੱਕ ਬਲਾਕ ਮੋਗਾ ਵਨ ਦੇ ਖਜਾਨਚੀ ਵਿਸ਼ੇਸ਼ ਰੂਪ ਵਿੱਚ ਸ਼ਾਮਿਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਦੱਸਿਆ ਕਿ ਅਮਰੀਕਾ ਵੱਲੋਂ ਦੇਸ਼ 'ਤੇ ਥੋਪੇ ਜਾ ਰਹੇ ਵਪਾਰ ਸਮਝੌਤੇ ਖਿਲਾਫ, ਇਰਾਨ 'ਤੇ ਅਮਰੀਕੀ ਸਾਮਰਾਜੀ ਹਮਲੇ ਦੇ ਖਿਲਾਫ ਅਤੇ ਇਸ ਹਮਲੇ ਕਾਰਨ ਲੋਕਾਂ 'ਚ ਮਹਿੰਗਾਈ ਦੇ ਰੂਪ ਵਿੱਚ ਪੈ ਰਹੇ ਵੱਡੇ ਭਾਰ ਦੇ ਖਿਲਾਫ ਜੋ ਦੋ ਕਿਸਾਨ ਜਥੇਬੰਦੀਆਂ ਵੱਲੋਂ ਚਾਰ ਜੁਲਾਈ ਨੂੰ ਚੰਡੀਗੜ੍ਹ ਵਿੱਚ ਵਿਸ਼ਾਲ ਰੋਸ ਮੁਜਾਹਰਾ ਕੀਤਾ ਜਾ ਰਿਹਾ ਹੈ ਇਸ ਦੀ ਤਿਆਰੀ ਲਈ ਮੰਗਲਵਾਰ ਨੂੰ ਪਿੰਡ ਝੰਡੇ ਵਾਲਾ ਵਿਖੇ ਮੀਟਿੰਗ ਕੀਤੀ ਗਈ। ਆਗੂਆਂ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਹਕੂਮਤ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਖਿਲਾਫ ਇਸ ਰੋਸ ਧਰਨੇ ਤੇ ਮੁਜਾਹਰੇ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਫੈਸਲਾ ਕੀਤਾ ਹੈ। ਮੀਟਿੰਗ ਵਿੱਚ ਉਪਰੋਕਤ ਤੋਂ ਬਿਨਾਂ ਅੰਗਰੇਜ਼ ਸਿੰਘ ਗਿੱਲ, ਗੁਰਦੇਵ ਸਿੰਘ, ਸ਼ਿੰਦਰਪਾਲ ਸਿੰਘ, ਮਹਿੰਦਰ ਸਿੰਘ, ਰਤਨ ਸਿੰਘ, ਅਜੈਬ ਸਿੰਘ, ਸੰਗਜੀਤ ਸਿੰਘ, ਨਛੱਤਰ ਸਿੰਘ ਗੁਰਸੇਵਕ ਸਿੰਘ ਇਕਬਾਲ ਸਿੰਘ, ਜਸਵਿੰਦਰ ਸਿੰਘ, ਗੁਰਮੇਲ ਕੌਰ, ਹਰਦੀਪ ਕੌਰ, ਮਨਦੀਪ ਕੌਰ, ਪਰਮਜੀਤ ਕੌਰ, ਗੁਰਚਰਨ ਕੌਰ, ਸਰਜੀਤ ਕੌਰ ਅਤੇ ਹੋਰ ਕਈ ਆਗੂ ਸ਼ਾਮਲ ਹੋਏ।

ਡੱਲਾ 'ਚ 418 ਪਰਵਾਰਾਂ ਨੂੰ ਰਸੋਈ ਕਿੱਟਾਂ ਵੰਡੀਆਂ

ਹਠੂਰ (ਲਵਲੀ ਮਾਛੀਕੇ)-ਪੰਜਾਬ ਦੀ ਆਪ ਸਰਕਾਰ ਵੱਲੋਂ ਪੰਜਾਬ ਦੇ ਲੋੜਵੰਦ ਪਰਵਾਰਾਂ ਲਈ ਰਸੋਈ ਕਿੱਟਾਂ ਵੰਡੀਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਆਮ ਆਦਮੀ ਪਾਰਟੀ ਯੂਥ ਵਿੰਗ ਦੇ ਜ਼ਿਲ੍ਹਾ ਸੈਕਟਰੀ ਸਰਪੰਚ ਗੋਪਾਲ ਸਿੰਘ ਪਾਲੀ ਡੱਲਾ ਦੀ ਅਗਵਾਈ ਹੇਠ ਪਿੰਡ ਡੱਲਾ ਦੇ 418 ਪਰਵਾਰਾਂ ਨੂੰ ਰਸੋਈ ਕਿੱਟਾਂ ਤੇ ਸਮਾਰਟ ਕਾਰਡ ਵੰਡੇ ਗਏ।

ਇਸ ਮੌਕੇ ਸਰਪੰਚ ਪਾਲੀ ਡੱਲਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਮੁੱਖ ਸੋਚ ਹੈ ਕਿ ਸੂਬੇ ਦਾ ਕੋਈ ਵਿਅਕਤੀ ਭੁੱਖਾ ਨਾ ਸੌਂਵੇਂ, ਜਿਸ ਕਰਕੇ ਪੰਜਾਬ ਸਰਕਾਰ ਵੱਲੋਂ ਰਸੋਈ ਵਿੱਚ ਵਰਤੋਂ ਵਿਚ ਆਉਣ ਵਾਲਾ ਰਾਸ਼ਨ ਦਿੱਤਾ ਜਾ ਰਿਹਾ ਹੈ।ਇਸ ਮੌਕੇ ਉਨ੍ਹਾ ਨਾਲ ਮਾਰਕੀਟ ਕਮੇਟੀ ਹਠੂਰ ਦੇ ਚੇਅਰਮੈਨ ਕਰਮਜੀਤ ਸਿੰਘ ਕੰਮੀ ਡੱਲਾ, ਪ੍ਰਧਾਨ ਨਿਰਮਲ ਸਿੰਘ, ਧੀਰਾ ਸਿੰਘ, ਇਕਬਾਲ ਸਿੰਘ ਖਾਲਸਾ, ਗੁਰਚਰਨ ਸਿੰਘ, ਤੇਲੂ ਸਿੰਘ, ਬਲਵੀਰ ਸਿੰਘ, ਸਮੂਹ ਗ੍ਰਾਮ ਪੰਚਾਇਤ ਡੱਲਾ ਆਦਿ ਹਾਜ਼ਰ ਸਨ।

ਨਸ਼ਾ ਤਸਕਰ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਬਣਾਈ ਇਮਾਰਤ 'ਤੇ ਚੱਲਿਆ ਬੁਲਡੋਜ਼ਰ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਲਗਾਤਾਰ ਜਾਰੀ ਹੈ।ਇਸੇ ਲੜੀ ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਇੱਕ ਨਸ਼ਾ ਤਸਕਰ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਬਣਾਈ ਗਈ ਇਮਾਰਤ ਨੂੰ ਢਾਹਿਆ ਗਿਆ।ਇਸ ਮੌਕੇ ਸਿਵਲ ਪ੍ਰਸ਼ਾਸਨ ਵੱਲੋਂ ਨਾਇਬ ਤਹਿਸੀਲਦਾਰ ਨੇ ਦੱਸਿਆ ਕਿ ਪੁਲਸ ਥਾਣਾ ਸਿਟੀ ਮਲੋਟ ਅਧੀਨ ਪੈਂਦੇ ਪਿੰਡ ਅਬੁਲ ਖਰਾਣਾ ਵਿੱਚ ਸ਼ਵਿੰਦਰ ਸਿੰਘ ਉਰਫ ਕਿੰਦੂ ਪੁੱਤਰ ਜਰਨੈਲ ਸਿੰਘ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਇੱਕ ਇਮਾਰਤ ਬਣਾਈ ਗਈ ਸੀ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸਮਰੱਥ ਅਥਾਰਟੀ ਤੋਂ ਇਮਾਰਤ ਢਾਹੁਣ ਲਈ ਹਦਾਇਤਾਂ ਪ੍ਰਾਪਤ ਕੀਤੀਆਂ ਗਈਆਂ ਸਨ ਤੇ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਲਈ ਪੁਲਸ ਵਿਭਾਗ ਤੋਂ ਸਹਿਯੋਗ ਲਿਆ ਗਿਆ।ਉਨ੍ਹਾਂ ਕਿਹਾ ਕਿ ਪੂਰੀ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਕਰਦਿਆਂ ਅੱਜ ਇਸ ਗੈਰ-ਕਾਨੂੰਨੀ ਇਮਾਰਤ ਨੂੰ ਢਾਹ ਦਿੱਤਾ ਗਿਆ।ਇਸ ਮੌਕੇ ਸ੍ਰੀ ਮਨਮੀਤ ਸਿੰਘ ਢਿੱਲੋਂ, ਐੱਸ ਪੀ (ਡੀ) ਨੇ ਦੱਸਿਆ ਕਿ ਸ਼ਵਿੰਦਰ ਸਿੰਘ ਉਰਫ ਕਿੰਦੂ ਪੁੱਤਰ ਜਰਨੈਲ ਸਿੰਘ ਖ਼ਿਲਾਫ਼ ਨਸ਼ਾ ਤਸਕਰੀ ਨਾਲ ਸਬੰਧਤ 05 ਮੁਕੱਦਮੇ ਦਰਜ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ਾ ਵੇਚਦਾ ਹੈ ਤਾਂ ਉਸ ਦੀ ਸੂਚਨਾ ਨਿੱਡਰ ਹੋ ਕੇ ਪੁਲਸ ਨੂੰ ਦਿੱਤੀ ਜਾਵੇ।ਸੂਚਨਾ ਦੇਣ ਵਾਲੇ ਵਿਅਕਤੀ ਦੀ ਪਛਾਣ ਗੁਪਤ ਰੱਖਦਿਆਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਇਸ ਮੌਕੇ ਸ੍ਰੀ ਰਸਪਾਲ ਸਿੰਘ ਡੀਐੱਸਪੀ ਡੀ, ਸ੍ਰੀ ਜਸਪਾਲ ਸਿੰਘ ਡੀ ਐੱਸ ਪੀ ਮਲੋਟ, ਸ੍ਰੀ ਪ੍ਰਦੀਪ ਸਿੰਘ ਡੀਐੱਸਪੀ ਐੱਨਡੀਪੀਐੱਸ, ਇੰਸਪੈਕਟਰ ਵਰੁਣ ਮੁੱਖ ਅਫ਼ਸਰ ਥਾਣਾ ਸਿਟੀ ਮਲੋਟ, ਬੀ.ਡੀ.ਪੀ.ਓ ਮਲੋਟ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਹਾਜ਼ਰ ਸਨ।

ਐਚ ਡੀ ਐਫ ਸੀ ਬੈਂਕ ਬਾਦਸ਼ਾਹਪੁਰ 'ਚ ਲੱਗੀ ਭਿਆਨਕ ਅੱਗ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਕਸਬਾ ਬਾਦਸ਼ਾਹਪੁਰ ਦੇ ਸਮਾਣਾ ਰੋਡ 'ਤੇ ਸਥਿਤ ਐਚਡੀਐਫਸੀ ਬੈਂਕ ਦੀ ਬਰਾਂਚ ਵਿਖੇ ਬੁੱਧਵਾਰ ਤੜਕਸਾਰ ਹੀ ਭਿਆਨਕ ਅੱਗ ਲੱਗ ਗਈ।ਘਟਨਾ ਦਾ ਪਤਾ ਸਵੇਰੇ ਕਰੀਬ ਚਾਰ ਵਜੇ ਉਸ ਸਮੇਂ ਵੱਡਾ ਜਦੋਂ ਬੈਂਕ ਦੇ ਕੰਟਰੋਲ ਰੂਮ ਤੋਂ ਬਰਾਂਚ ਮੈਨੇਜਰ ਸਮਰੀਤ ਕੌਰ ਨੂੰ ਫੋਨ ਆਇਆ, ਜਿਸ ਤੋਂ ਬਾਅਦ ਮੌਕੇ 'ਤੇ ਪਹੁੰਚੇ ਗਾਰਡ ਨੇ ਦੁਕਾਨਦਾਰਾਂ ਦੀ ਮਦਦ ਦੇ ਨਾਲ ਬੈਂਕ ਦਾ ਸ਼ਟਰ ਅਤੇ ਗੇਟ ਖੋਲਿਆ ਤੇ ਅੰਦਰੋਂ ਧੂੰਏ ਦੇ ਗੁਬਾਰ ਨਿਕਲ ਰਹੇ ਸਨ।ਬੈਂਕ ਮੈਨੇਜਰ ਸਮਰੀਤ ਕੌਰ ਘਟਨਾ ਸਥਾਨ 'ਤੇ ਪਹੁੰਚੇ। ਸਥਾਨਕ ਲੋਕਾਂ ਅਤੇ ਆਸ ਪਾਸ ਦੇ ਪਿੰਡਾਂ ਤੋਂ ਆਏ ਲੋਕਾਂ ਦੀ ਮਦਦ ਅਤੇ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਮੌਕੇ ਉੱਤੇ ਪਹੁੰਚੀਆਂ ਫਾਇਰ ਬ੍ਰਿਗੇਡ ਦੇ ਅਮਲੇ ਤੇ ਸ਼ਾਹ ਸਤਿਨਾਮ ਜੀ ਗ੍ਰੀਨਸ ਵੈਲਫੇਅਰ ਸੰਗਠਨ ਦੇ ਮੈਂਬਰਾਂ ਵੱਲੋਂ ਪੂਰੀ ਜੱਦੋਜਹਿਦ ਦੇ ਨਾਲ ਅੱਗ 'ਤੇ ਕਾਬੂ ਪਾਇਆ ਗਿਆ।ਕਰੀਬ ਢਾਈ ਘੰਟੇ ਦੇ ਕਰੀਬ ਲੱਗੀ ਰਹੀ ਇਸ ਭਿਆਨਕ ਅੱਗ ਦੇ ਨਾਲ ਬੈਂਕ ਅੰਦਰ ਲੱਖਾਂ ਦਾ ਨੁਕਸਾਨ ਹੋਇਆ ਦੱਸਿਆ ਜਾ ਰਿਹਾ ਹੈ।

ਗਰਮੀ ਦੀਆਂ ਛੁੱਟੀਆਂ ਦਾ 'ਹੋਮ ਵਰਕ' ਬਣਿਆ ਜੀਅ ਦਾ ਜੰਜਾਲ

■ **ਸਕੂਲਾਂ ਦੇ ਗੁੰਝਲਦਾਰ ਪ੍ਰੋਜੈਕਟ ਵਰਕ ਨੇ ਮਾਪਿਆਂ ਨੂੰ ਪਾਇਆ ਪੜ੍ਹਨੇ**



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਚਲੰਤ ਮਹੀਨੇ ਦੌਰਾਨ ਪੈ ਰਹੀ ਅੱਤ ਦੀ ਗਰਮੀ ਤੇ ਲੂ ਦੇ ਪ੍ਰਕੋਪ ਨੂੰ ਦੇਖਦਿਆਂ ਸਿੱਖਿਆ ਵਿਭਾਗ ਤੇ ਸਕੂਲ ਪ੍ਰਬੰਧਕਾਂ ਵੱਲੋਂ ਛੋਟੇ ਬੱਚਿਆਂ ਨੂੰ ਰਾਹਤ ਦੇਣ ਲਈ ਗਰਮੀ ਦੀਆਂ ਛੁੱਟੀਆਂ ਤਾਂ ਕਰ ਦਿੱਤੀਆਂ ਗਈਆਂ ਹਨ, ਪਰ ਪ੍ਰਾਈਵੇਟ ਤੇ ਨਾਮੀ ਸਕੂਲਾਂ ਵੱਲੋਂ ਪ੍ਰਾਇਮਰੀ ਤੋਂ ਮਿਡਲ ਦੇ ਮਾਸੂਮ ਵਿਦਿਆਰਥੀਆਂ ਨੂੰ ਦਿੱਤੇ ਗਏ ਗੁੰਝਲਦਾਰ 'ਪ੍ਰੋਜੈਕਟ ਵਰਕ' ਨੇ ਮਾਪਿਆਂ ਦਾ ਜੀਣਾ ਮੁਹਾਲ ਕਰ ਦਿੱਤਾ ਹੈ।ਛੁੱਟੀਆਂ ਦੇ ਦਿਨਾਂ ਵਿੱਚ ਜਿੱਥੇ ਬੱਚਿਆਂ ਨੂੰ ਮਾਨਸਿਕ ਤੌਰ 'ਤੇ ਤਾਜ਼ਾ-ਦਮ ਹੋਣਾ ਚਾਹੀਦਾ ਸੀ, ਉੱਥੇ ਸਕੂਲਾਂ ਵੱਲੋਂ ਥੋਪੇ ਗਏ ਇਸ ਭਾਰੀ-ਭਰਕਮ ਹੋਮ-ਵਰਕ ਨੇ ਪਰਵਾਰਾਂ ਦੀ ਸੁੱਖ-ਸ਼ਾਂਤੀ ਖੋਹ ਲਈ ਹੈ।ਮਾਸੂਮ ਬੱਚਿਆਂ ਲਈ ਤਿਆਰ ਕੀਤੇ ਜਾਣ ਵਾਲੇ ਇਹ ਹਾਈ-ਟੈਕ ਪ੍ਰੋਜੈਕਟ ਅਸਲ ਵਿੱਚ ਬੱਚਿਆਂ ਦੀ ਬਜਾਏ ਉਨ੍ਹਾਂ ਦੇ ਮਾਪਿਆਂ ਨੂੰ 'ਪੜ੍ਹਨੇ ਪਾ ਰਹੇ' ਹਨ, ਜਿਸ ਕਾਰਨ ਘਰ-ਘਰ ਵਿੱਚ ਮਾਨਸਿਕ ਤਣਾਅ ਤੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ।

ਇਲਾਕੇ ਦੇ ਵੱਖ-ਵੱਖ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦੇ ਮਾਪਿਆਂ ਨੇ ਆਪਣਾ ਨਾਮ ਨਾ ਛਾਪਣ ਦੀ ਸ਼ਰਤ 'ਤੇ ਦੱਸਿਆ ਕਿ ਸਕੂਲ ਪ੍ਰਬੰਧਕਾਂ ਵੱਲੋਂ ਅਜਿਹੇ ਅਵਿਗਿਆਨਕ ਪ੍ਰੋਜੈਕਟ ਦਿੱਤੇ ਗਏ ਹਨ, ਜਿਨ੍ਹਾਂ ਨੂੰ ਬਣਾਉਣ ਲਈ ਸਖ਼ਤ ਗੱਤੇ, ਥਰਮੋਕੋਲ, ਪਲਾਸਟਿਕ ਤੇ ਫੋਮ ਸ਼ੀਟਾਂ ਦੀ ਬਾਰੀਕ ਕਟਿੰਗ ਕਰਨੀ ਪੈਂਦੀ ਹੈ।ਪ੍ਰਾਇਮਰੀ ਤੋਂ ਮਿਡਲ ਜਮਾਤਾਂ ਦੇ ਨਿੱਕੇ-ਨਿੱਕੇ ਬੱਚਿਆਂ ਵੱਲੋਂ ਅਜਿਹੇ ਕੰਮਾਂ ਲਈ ਤੇਜ਼ਧਾਰ ਕਟਰ, ਕੈਂਚੀਆਂ ਜਾਂ ਗਲੂ-ਗੰਨ ਦੀ ਵਰਤੋਂ ਕਰਨਾ ਕਿਸੇ ਵੱਡੇ ਹਾਦਸੇ ਨੂੰ ਸੱਦਾ ਦੇਣ ਬਰਾਬਰ ਹੈ।ਮਾਪਿਆਂ ਨੂੰ ਹਰ ਵੇਲੇ ਡਰ ਰਹਿੰਦਾ ਹੈ ਕਿ ਕਿਤੇ ਬੱਚੇ ਆਪਣਾ ਹੱਥ ਨਾ ਕਟਵਾ ਬੈਠਣ।ਇਸ ਤੋਂ ਇਲਾਵਾ, ਇਨ੍ਹਾਂ ਪ੍ਰੋਜੈਕਟਾਂ ਦੀ ਸਮੱਗਰੀ ਖ੍ਰੀਦਣ ਲਈ ਬਾਜ਼ਾਰ ਵਿੱਚੋਂ ਮਹਿੰਗੇ ਭਾਅ ਦੇ ਰੰਗ-ਬਿਰੰਗੇ ਚਾਰਟ, ਸਜਾਵਟੀ ਸਾਮਾਨ, ਮਾਡਲਿੰਗ ਕਲੇਅ ਤੇ ਹੋਰ ਸਹਾਇਕ ਸਮੱਗਰੀ ਖ੍ਰੀਦਣੀ ਪੈਂਦੀ ਹੈ।ਪਹਿਲਾਂ ਹੀ ਮਹਿੰਗਾਈ ਦੀ ਮਾਰ ਝੱਲ ਰਹੇ ਮੱਧਵਰਗੀ ਤੇ ਗਰੀਬ ਪਰਵਾਰਾਂ 'ਤੇ ਇਹ ਪ੍ਰੋਜੈਕਟ ਵਰਕ ਇੱਕ ਵੱਡਾ ਤੇ ਬੇਲੋੜਾ ਵਿੱਤੀ ਬੋਝ ਸਾਬਿਤ ਹੋ ਰਿਹਾ ਹੈ।

ਇਸ ਸਮੁੱਚੇ ਮਾਮਲੇ ਦੀ ਸਭ ਤੋਂ ਵੱਡੀ ਤਰਾਸਦੀ ਅਤੇ ਹਾਸੋਹੀਣੀ ਗੱਲ ਇਹ ਹੈ ਕਿ ਇਹ ਪ੍ਰੋਜੈਕਟ ਵਰਕ ਛੋਟੇ ਬੱਚਿਆਂ ਦੇ ਮਾਨਸਿਕ ਤੇ ਬੌਧਿਕ ਪੱਧਰ ਤੋਂ ਬਹੁਤ ਉੱਪਰ ਦਾ ਹੁੰਦਾ ਹੈ।ਛੇ ਜਾਂ ਸੱਤ ਸਾਲ ਦਾ ਬੱਚਾ ਇਨ੍ਹਾਂ ਗੁੰਝਲਦਾਰ ਮਾਡਲਾਂ ਦੀ ਬਾਰੀਕੀ ਨੂੰ ਸਮਝਣ ਦੇ ਸਮਰੱਥ ਹੀ ਨਹੀਂ ਹੁੰਦਾ।ਨਤੀਜੇ ਵਜੋਂ, ਮਾਸੂਮ ਬੱਚੇ ਖੁਦ ਕੁਝ ਨਵਾਂ ਸਿੱਖਣ ਦੀ ਬਜਾਏ ਮੂਕ ਦਰਸ਼ਕ ਬਣ ਕੇ ਬੈਠ ਜਾਂਦੇ ਹਨ ਤੇ ਉਨ੍ਹਾਂ ਦੇ ਨੌਕਰੀਪੇਸ਼ਾ ਜਾਂ ਕਾਰੋਬਾਰੀ ਮਾਪਿਆਂ ਨੂੰ ਆਪਣਾ ਰੋਜ਼ਮਰ੍ਹਾ ਦਾ ਕੰਮ-ਕਾਰ ਛੱਡ ਕੇ ਰਾਤਾਂ ਨੂੰ ਜਾਗ-ਜਾਗ ਕੇ ਇਹ ਮਾਡਲ ਤਿਆਰ ਕਰਨੇ ਪੈਂਦੇ ਹਨ।ਇੰਨਾ ਹੀ ਨਹੀਂ, ਸ਼ਹਿਰਾਂ ਵਿੱਚ ਕਈ ਅਜਿਹੀਆਂ ਦੁਕਾਨਾਂ ਤੇ ਬਾਜ਼ਾਰੂ ਕਲਾਕਾਰ ਸਰਗਰਮ ਹੋ ਗਏ ਹਨ, ਜੋ ਮਾਪਿਆਂ ਦੀ ਇਸ ਮਜਬੂਰੀ ਦਾ ਫਾਇਦਾ ਚੁੱਕ ਕੇ ਮਹਿੰਗੇ ਮੁੱਲ 'ਤੇ ਰੈਡੀਮੇਡ ਪ੍ਰੋਜੈਕਟ ਵੇਚ ਰਹੇ ਹਨ।ਮਾਪੇ ਮਜਬੂਰਨ ਬਾਜ਼ਾਰੋਂ ਪ੍ਰੋਜੈਕਟ ਬਣਵਾ ਰਹੇ ਹਨ, ਜਿਸ ਨਾਲ ਸਕੂਲਾਂ ਦੇ ਇਸ 'ਰਚਨਾਤਮਕ ਸਿੱਖਿਆ' ਦੇ ਦਾਅਵੇ ਦੀ ਫੂਕ ਨਿਕਲ ਜਾਂਦੀ ਹੈ।ਇਸ ਗੰਭੀਰ ਸਮੱਸਿਆ ਬਾਰੇ ਜਦੋਂ ਕੁੱਝ ਪੀੜਤ ਮਾਪਿਆਂ ਨਾਲ ਤਾਲਮੇਲ ਕੀਤਾ ਗਿਆ, ਤਾਂ ਉਨ੍ਹਾਂ ਨੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਮੁੱਖ ਰੱਖਦਿਆਂ, ਨਾਮ ਨਾ ਛਾਪਣ ਦੀ ਸਖ਼ਤ ਸ਼ਰਤ 'ਤੇ ਦੱਸਿਆ ਕਿ ਛੋਟੇ ਬੱਚਿਆਂ ਨੂੰ ਦਿੱਤਾ ਗਿਆ ਅਜਿਹਾ ਹੋਮ-ਵਰਕ ਕਿਸੇ ਵੀ ਪੱਖੋਂ ਜਾਇਜ਼ ਨਹੀਂ ਹੈ।ਉਨ੍ਹਾਂ ਦੋਸ਼ ਲਾਇਆ ਕਿ ਉਹ ਸਕੂਲ ਮੈਨੇਜਮੈਂਟ ਦੇ ਡਰ ਤੇ ਦਬਾਅ ਕਾਰਨ ਖੁੱਲ੍ਹ ਕੇ ਇਸ ਬੇਇਨਸਾਫ਼ੀ ਦਾ ਵਿਰੋਧ ਨਹੀਂ ਕਰ ਸਕਦੇ।ਹਤਾਸ਼ ਹੋਏ ਮਾਪਿਆਂ ਨੇ ਮੁੱਖ ਮੰਤਰੀ ਪੰਜਾਬ ਤੇ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਨਿੱਜੀ ਸਕੂਲਾਂ ਦੀ ਇਸ ਮਨਮਾਨੀ ਨੂੰ ਨੱਥ ਪਾਈ ਜਾਵੇ ਤੇ ਛੁੱਟੀਆਂ ਦੇ ਕੰਮ ਨੂੰ ਸਿਰਫ਼ ਖੇਡ-ਖੇਡ ਵਿੱਚ ਸਿੱਖਣ ਵਾਲੀਆਂ ਸਰਲ ਗਤੀਵਿਧੀਆਂ ਤੱਕ ਹੀ ਸੀਮਤ ਰੱਖਣ ਦੇ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣ।

ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਦਾ ਸੰਪੂਰਨਤਾ ਸਮਾਗਮ



ਸਮਾਣਾ (ਗੁਰਪਿਆਰ ਸਿੰਘ ਬੱਲ)-ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ 420ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਥਾਨਕ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ, ਰਵਿਦਾਸ ਨਗਰ ਵਿਖੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ 8 ਮਈ ਤੋਂ ਆਰੰਭ ਕੀਤੀ ਗਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੀ ਲੜੀ ਦਾ ਸੰਪੂਰਨਤਾ ਸਮਾਗਮ ਸ਼ਰਧਾ ਤੇ ਸਤਿਕਾਰ ਨਾਲ ਕਰਾਇਆ ਗਿਆ।ਸਮਾਗਮ ਵਿੱਚ ਉਚੇਚੇ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਹਾਜ਼ਰੀ ਭਰੀ।ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਉਪਰੰਤ ਬੀਬੀਆਂ ਤੇ ਸਕੂਲੀ ਬੱਚਿਆਂ ਵੱਲੋਂ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਤ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਰਾਜ ਸਿੰਘ ਨੇ ਦੱਸਿਆ ਕਿ ਪਿਛਲੇ ਤਿੰਨ ਦਿਨਾਂ ਤੋਂ ਆਰੰਭ ਹੋਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਪੰਥ ਪ੍ਰਸਿੱਧ ਬਲਵੀਰ ਸਿੰਘ ਸਾਗਰ ਦੇ ਬੀਬੀਆਂ ਦੇ ਢਾਡੀ ਜੱਥੇ ਵੱਲੋਂ ਗੁਰੂ ਸਾਹਿਬ ਦੀਆਂ ਮਹਾਨ ਕੁਰਬਾਨੀਆਂ ਦਾ ਵਰਨਣ ਕੀਤਾ ਗਿਆ।ਉਨ੍ਹਾਂ ਸੰਗਤ ਨੂੰ ਸੱਚ, ਸੇਵਾ, ਸਿਮਰਨ ਤੇ ਸਹਿਣਸ਼ੀਲਤਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਬਲਵਿੰਦਰ ਸਿੰਘ ਜੀ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਉਪਰੰਤ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ, ਪ੍ਰਸ਼ਾਦ ਅਤੇ ਫਲ-ਫਰੂਟ ਵਰਤਾਏ ਗਏ।

ਵਾਰਡ ਨੰ. 3 'ਚ ਬੁਨਿਆਦੀ ਸਹੂਲਤਾ ਮੁਹੱਈਆ ਕਰਾਈਆਂ ਜਾਣਗੀਆਂ : ਸ਼ਿੰਦੂ ਭੱਟੀ



ਕੋਟ ਈਸੇ ਖਾਂ (ਅਰੋੜਾ)-ਹਲਕਾ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਵਾਰਡ ਨੰ. 3 ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾ ਮੁਹੱਈਆ ਕਰਾਈਆਂ ਜਾਣਗੀਆਂ ਤੇ ਵਾਰਡ ਵਾਸੀਆਂ ਨੂੰ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਾਰਡ ਨੰ. 3 ਤੋਂ ਨਵੇਂ ਬਣੇ ਕੌਂਸਲਰ ਦਰਸ਼ਨਾ ਰਾਣੀ ਅਤੇ ਉਨ੍ਹਾਂ ਦੇ ਪਤੀ ਸ਼ਿੰਦੂ ਭੱਟੀ ਨੇ ਪ੍ਰੈਸ ਕੋਲ ਕੀਤਾ।ਉਨ੍ਹਾਂ ਕਿਹਾ ਕਿ ਵਾਰਡ ਵਾਸੀਆਂ ਨੇ ਸਾਨੂੰ ਬਹੁਤ ਵਧੀਆ ਸਮਰਥਨ ਦੇ ਕੇ ਜਿਤਾਇਆ ਹੈ ਤੇ ਅਸੀਂ ਲੋਕਾਂ ਦੀ ਸੇਵਾ ਵਿੱਚ ਹਮੇਸ਼ਾ ਹਾਜ਼ਰ ਹਾਂ।ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਅੰਦਰ ਬਹੁਤ ਵਧੀਆ ਕੰਮ ਕੀਤਾ ਜਾ ਰਿਹਾ ਹੈ ਤੇ ਲੋਕ ਇਸ ਸਰਕਾਰ ਤੋ ਬਾਗੋਬਾਗ ਹਨ।ਉਨ੍ਹਾਂ ਕਿਹਾ ਕਿ ਉਹ ਵਾਰਡ ਵਿੱਚ ਵਿਕਾਸ ਕੰਮਾਂ ਨੂੰ ਤਰਜ਼ੀਹ ਦੇਣਗੇ।

ਅੰਮ੍ਰਿਤਸਰੀ ਕੁਲਚੇ ਨੂੰ ਜੀ ਆਈ ਟੈਗ ਦਿਵਾਉਣ ਲਈ ਮੀਟਿੰਗ ਅੱਜ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਫੂਡ ਪ੍ਰੋਸੈਸਿੰਗ ਵਿਭਾਗ ਦੇ ਵਿਸ਼ੇਸ਼ ਸਕੱਤਰ ਵੱਲੋਂ ਜਾਰੀ ਪੱਤਰ ਅਨੁਸਾਰ ਅੰਮ੍ਰਿਤਸਰੀ ਕੁਲਚਾ ਪੰਜਾਬ ਦੀ ਵਿਲੱਖਣ ਖਾਣ-ਪੀਣ ਵਿਰਾਸਤ ਦਾ ਅਹਿਮ ਹਿੱਸਾ ਹੈ। ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਇਸ ਦੀ ਨਕਲ ਬਣਾਏ ਜਾਣ ਕਾਰਨ ਇਸ ਦੀ ਅਸਲ ਪਛਾਣ ਅਤੇ ਇਸ ਨਾਲ ਜੁੜੇ ਕਾਰੀਗਰਾਂ ਦੇ ਹੱਕ ਪ੍ਰਭਾਵਿਤ ਹੋ ਰਹੇ ਹਨ। ਇਸ ਲਈ ਅੰਮ੍ਰਿਤਸਰੀ ਕੁਲਚੇ ਨੂੰ ਜੀ ਆਈ ਟੈਗ ਦਿਵਾਉਣ ਦੀ ਲੋੜ ਮਹਿਸੂਸ ਕੀਤੀ ਗਈ ਹੈ। ਜੀ ਆਈ ਟੈਗ ਭਾਰਤ ਦੇ ਜੀ.ਆਈ. ਐਕਟ, 1999 ਤਹਿਤ ਦਿੱਤਾ ਜਾਣ ਵਾਲਾ ਇੱਕ ਕਾਨੂੰਨੀ ਪ੍ਰਮਾਣੀਕਰਨ ਹੈ, ਜੋ ਕਿਸੇ ਖਾਸ ਖੇਤਰ ਤੋਂ ਉਤਪੰਨ ਹੋਣ ਵਾਲੇ ਅਤੇ ਵਿਲੱਖਣ ਗੁਣਾਂ ਵਾਲੇ ਉਤਪਾਦਾਂ ਦੀ ਪਛਾਣ ਨੂੰ ਸੁਰੱਖਿਅਤ ਕਰਦਾ ਹੈ। ਇਸ ਲਈ ਵਿਭਾਗ ਨੇ ਅੰਮ੍ਰਿਤਸਰੀ ਕੁਲਚੇ ਨੂੰ ਜੀ.ਆਈ. ਟੈਗ ਦਿਵਾਉਣ ਦੀ ਲੋੜ ਨੂੰ ਮਹੱਤਵਪੂਰਨ ਮੰਨਦਿਆਂ ਇਸ ਦਿਸ਼ਾ ਵਿੱਚ ਕਾਰਵਾਈ ਸ਼ੁਰੂ ਕੀਤੀ ਹੈ। ਇਸ ਉਦੇਸ਼ ਨੂੰ ਪੂਰਾ ਕਰਨ ਲਈ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਫੂਡ ਟੈਕਨਾਲੋਜੀ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਅਤੇ ਫੂਡ ਪ੍ਰੋਸੈਸਿੰਗ ਵਿਭਾਗ ਦੇ ਨੁਮਾਇੰਦਿਆਂ ਦੀ ਇਕ ਤਾਲਮੇਲ ਕਮੇਟੀ ਬਣਾਈ ਜਾਵੇਗੀ। ਕਮੇਟੀ ਦਾ ਮੁੱਖ ਉਦੇਸ਼ ਅੰਮ੍ਰਿਤਸਰ ਦੇ ਕੁਲਚਾ ਨਿਰਮਾਤਾਵਾਂ ਦੀ ਐਸੋਸੀਏਸ਼ਨ ਦਾ ਗਠਨ ਕਰਵਾਉਣਾ ਹੋਵੇਗਾ, ਤਾਂ ਜੋ ਜੀ.ਆਈ. ਟੈਗ ਲਈ ਅਰਜ਼ੀ ਦਾਖਲ ਕਰਨ ਲਈ ਇਕ ਯੋਗ ਸੰਸਥਾ ਤਿਆਰ ਕੀਤੀ ਜਾ ਸਕੇ। ਜ਼ਿਲ੍ਹਾ ਪ੍ਰਸ਼ਾਸਨ ਨੇ ਮੀਟਿੰਗ ਦੇ ਪ੍ਰਬੰਧਾਂ ਲਈ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨੂੰ ਨੋਡਲ ਅਫ਼ਸਰ ਨਿਯੁਕਤ ਕੀਤਾ ਹੈ। ਮੀਟਿੰਗ 19 ਜੂਨ ਨੂੰ ਦੁਪਹਿਰ 12 ਵਜੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਕਮੇਟੀ ਰੂਮ ਵਿੱਚ ਹੋਵੇਗੀ, ਜਿਸ ਵਿੱਚ ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਪ੍ਰਮੁੱਖ ਕੁਲਚਾ ਨਿਰਮਾਤਾ ਸ਼ਾਮਲ ਹੋਣਗੇ। ਜ਼ਿਲ੍ਹਾ ਪ੍ਰਸ਼ਾਸਨ ਨੇ ਅੰਮ੍ਰਿਤਸਰੀ ਕੁਲਚਾ ਬਣਾਉਣ ਵਾਲੇ ਪ੍ਰਮੁੱਖ ਨਿਰਮਾਤਾਵਾਂ ਨੂੰ ਇਸ ਮੀਟਿੰਗ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ ਹੈ।

ਉੱਤਰ ਰੇਲਵੇ

ਈ-ਟੈਂਡਰ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ, ਸੀਨੀਅਰ ਮੰਡਲ ਇੰਜੀਨੀਅਰ, ਉੱਤਰ ਰੇਲਵੇ, ਡੀਜ਼ਲ ਸ਼ੈਡ ਲੁਧਿਆਣਾ ਖੁਲੇ ਬਾਜ਼ਾਰ ਤੋਂ ਈ-ਟੈਂਡਰਾ ਪ੍ਰਣਾਲੀ ਦੇ ਦੁਵਾਰਾ ਤੋਂ ਬੋਲੀ ਮੰਗ ਕਰਦੇ ਹਨ।

ਕੰਮ ਦਾ ਨਾਮ : ਬ੍ਰਾਡ ਗੇਜ (BG) ਲੋਕੋਮੋਟਿਵਾਂ ਦੀ ਏਯਰ ਬ੍ਰੇਕ ਪ੍ਰਣਾਲੀ ਦੇ ਮੁੱਖ ਰਿਜਵਾਯਰ ਟੈਂਕਾਂ ਅਤੇ ਡੀਜ਼ਲ ਸ਼ੈਡ, ਲੁਧਿਆਣਾ ਵਿਚ ਸਥਾਪਿਤ ਏਯਰ ਕੰਮਪ੍ਰੇਸਰਾਂ ਦੇ ਏਯਰ ਰਿਜਵਾਯਬ ਦਾ ਦ੍ਰਿਸ਼ ਨਿਰੀਖਣ (Visual Inspection), ਅਲਟ੍ਰਾਸੋਨਿਕ ਪਰੀਖਣ (Ultrasonic Testing), ਹਾਈਡ੍ਰੋਲਿਕ ਪਰੀਖਣ (Hydraulic Testin) ਅਤੇ ਪ੍ਰਮਾਣਨ (Cericfication) ਕੰਮ, ਤਿੰਨ ਸਾਲ ਦੇ ਸਮੇਂ ਦੇ ਲਈ।
ਕੰਮ ਦੀ ਅਨੁਮਾਨਿਤ ਲਾਗਤ (ਅਨੁਮਾਨਿਤ) : ₹ 25,18,000/- (ਜੀਐਸਟੀ ਸਹਿਤ) (ਕੇਵਲ ਪੰਜੀਸ ਲੱਖ ਅਠਾਰਹ ਹਜ਼ਾਰ ਰੁਪਏ ਕੇਵਲ)
ਟੈਂਡਰ ਸੁਰੱਖਿਆ ਰਾਸ਼ੀ (ਬਿਆਨਾ ਰਾਸ਼ੀ ਜਮਾਂ) : ₹ 50,400/- (ਕੇਵਲ ਪੰਜਾਹ ਹਜ਼ਾਰ ਚਾਰ ਸੋ ਰੁਪਏ ਕੇਵਲ)
ਈ-ਟੈਂਡਰ ਸਮਾਪਨ ਮਿਤੀ ਅਤੇ ਸਮਾਂ : 22.06.2026
ਈ-ਟੈਂਡਰ ਸਮਾਪਨ ਮਿਤੀ ਅਤੇ ਸਮਾਂ : 06.07.2026 at 11:30 hrs.
IREPS ਵੈੱਬਸਾਈਟ ਉਤੇ ਈ-ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ : 06.07.2026 at 11:30 hrs.
ਟੈਂਡਰ ਦੀ ਵੈਧਤਾ : ਖੁਲਣ ਦੀ ਮਿਤੀ ਤੋਂ 45 ਦਿਨ
ਟੈਂਡਰ ਦਾ ਪ੍ਰਕਾਰ : ਖੁਲਾ ਪ੍ਰਸਤਾਵ
ਅਨੁਬੰਧ ਕਾਲ : ਅਨੁਬੰਧ ਪ੍ਰਦਾਨ ਕੀਤੇ ਜਾਣ ਦੀ ਮਿਤੀ ਤੋਂ 1095 ਦਿਨ
ਵੈੱਬਸਾਈਟ : www.ireps.gov.in

ਟੈਂਡਰ ਨੰ: ਡੀਐਸਐਲ/ਐਲਡੀਐਚ/ਟੀ10/2026 ਮਿਤੀ : 18.06.2026 2097/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਫ਼ਤਿਹ ਪ੍ਰੈੱਸ ਕਲੱਬ ਨੇ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਕੀਤਾ ਨਮਨ

ਜਲਾਲਾਬਾਦ (ਬਲਵਿੰਦਰ ਸਿੰਘ)-ਫ਼ਤਿਹ ਪ੍ਰੈੱਸ ਕਲੱਬ ਜਲਾਲਾਬਾਦ (ਰਜਿ.) ਵੱਲੋਂ ਪ੍ਰਧਾਨ ਬਲਵਿੰਦਰ ਸਿੰਘ ਦੀ ਰਹਿਨੁਮਾਈ ਹੇਠ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਬੜੀ ਸ਼ਰਧਾ ਤੇ ਸਤਿਕਾਰ ਨਾਲ ਉਨ੍ਹਾਂ ਦੇ ਸਰੂਪ ਅੱਗੇ ਫੁੱਲ ਭੇਟ ਕਰਕੇ ਨਮਨ ਕੀਤਾ ਗਿਆ।ਇਸ ਮੌਕੇ ਗੁਰੂ ਸਾਹਿਬ ਜੀ ਦੀ ਮਹਾਨ ਸ਼ਹਾਦਤ ਨੂੰ ਯਾਦ ਕਰਦਿਆਂ ਉਨ੍ਹਾਂ ਵੱਲੋਂ ਦਿੱਤੇ ਗਏ ਸੇਵਾ, ਸਿਮਰਨ ਤੇ ਸਰਬੱਤ ਦੇ ਭਲੇ ਦੇ ਸੰਦੇਸ਼ ਨੂੰ ਅਪਣਾਉਣ ਦਾ ਅਹਿਦ ਕੀਤਾ ਗਿਆ।ਇਸ ਮੌਕੇ ਸ਼ਹਿਰ ਦੇ ਪ੍ਰਸਿੱਧ ਡਾਕਟਰ ਡਾ. ਅਮਰਜੀਤ ਸਿੰਘ ਟੱਕਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਉਨ੍ਹਾਂ ਗੁਰੂ ਸਾਹਿਬ ਜੀ ਦੀ ਲਾਸਾਨੀ ਕੁਰਬਾਨੀ ਨੂੰ ਸਮੁੱਚੀ ਮਨੁੱਖਤਾ ਲਈ ਪ੍ਰੇਰਨਾਦਾਇਕ ਦੱਸਦਿਆਂ ਕਿਹਾ ਕਿ ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲ ਕੇ ਸਮਾਜ ਵਿੱਚ ਪਿਆਰ, ਭਾਈਚਾਰੇ ਤੇ ਸੇਵਾ ਦੀ ਭਾਵਨਾ ਨੂੰ ਪ੍ਰਫੁੱਲਤ ਕਰਨਾ ਚਾਹੀਦਾ ਹੈ।

ਇਸ ਮੌਕੇ ਫ਼ਤਿਹ ਪ੍ਰੈੱਸ ਕਲੱਬ ਜਲਾਲਾਬਾਦ (ਰਜਿ.) ਦੇ ਪ੍ਰਧਾਨ ਬਲਵਿੰਦਰ ਸਿੰਘ ਨੇ ਕਿਹਾ ਕਿ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਮਹਾਨ ਸ਼ਹਾਦਤ ਧੀਰਜ, ਸਹਿਣਸ਼ੀਲਤਾ ਤੇ ਸੱਚ ਦੇ ਮਾਰਗ 'ਤੇ ਅਡੋਲ ਰਹਿਣ ਦਾ ਸੰਦੇਸ਼ ਦਿੰਦੀ ਹੈ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਵੱਲੋਂ ਦਰਸਾਏ ਗਏ ਸੇਵਾ ਤੇ ਸਰਬੱਤ ਦੇ ਭਲੇ ਦੇ ਸਿਧਾਂਤ ਵੀ ਸਮੁੱਚੇ ਸਮਾਜ ਲਈ ਪ੍ਰੇਰਨਾ ਸਰੋਤ ਹਨ।ਉਨ੍ਹਾਂ ਸਮੂਹ ਸੰਗਤ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੀ ਜ਼ਿੰਦਗੀ ਵਿੱਚ ਅਪਣਾਉਣ ਤੇ ਆਪਸੀ ਭਾਈਚਾਰੇ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।ਇਸ ਦੌਰਾਨ ਫ਼ਤਿਹ ਪ੍ਰੈੱਸ ਕਲੱਬ ਜਲਾਲਾਬਾਦ (ਰਜਿ.) ਦੇ ਸਮੂਹ ਅਹੁਦੇਦਾਰ ਹਾਜ਼ਰ ਸਨ, ਜਿਨ੍ਹਾਂ ਵਿੱਚ ਉਪ ਪ੍ਰਧਾਨ ਗਗਨ ਵਾਟਸ, ਜਨਰਲ ਸਕੱਤਰ ਬਿੱਟੂ ਦਰੋਗਾ, ਮੁੱਖ ਸਲਾਹਕਾਰ ਚਿਮਨ ਸਿੰਘ ਚਿੰਮੂ, ਖਜ਼ਾਨਚੀ ਸੰਦੀਪ ਧਵਨ (ਸੋਨੂੰ ਮਹੰਤ), ਮੀਡੀਆ ਸਲਾਹਕਾਰ ਗੁਰਚਰਨ ਸਿੰਘ ਸੰਧੂ, ਸਕੱਤਰ ਦੀਪਕ ਮਿੱਡਾ ਤੇ ਜਗਦੀਪ ਬਹਿਲ ਸਮੇਤ ਹੋਰ ਮੈਂਬਰ ਵੀ ਮੌਜੂਦ ਰਹੇ।ਸਮੂਹ ਮੈਂਬਰਾਂ ਨੇ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਮਹਾਨ ਸ਼ਹਾਦਤ ਨੂੰ ਨਮਨ ਕਰਦਿਆਂ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੰਕਲਪ ਲਿਆ।

ਜਨਰਲ ਕੈਟੇਗਰੀਜ਼ ਕਮਿਸ਼ਨ ਪੰਜਾਬ ਨੂੰ ਤੁਰੰਤ ਚਾਲੂ ਕੀਤਾ ਜਾਵੇ : ਪੰਜਾਬ ਪ੍ਰਧਾਨ ਸੁਖਬੀਰ ਸਿੰਘ



ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)-ਜਨਰਲ ਕੈਟਾਗਰੀ ਵੈੱਲਫੇਅਰ ਫੈਡਰੇਸ਼ਨ ਪੰਜਾਬ ਦੇ ਪ੍ਰਧਾਨ ਸੁਖਬੀਰ ਸਿੰਘ ਨੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਸ਼ਬਦਾਂ ਵਿੱਚ ਮੰਗ ਕਰਦਿਆਂ ਕਿਹਾ ਕਿ ਜਨਰਲ ਕੈਟੇਗਰੀਜ਼ ਕਮਿਸ਼ਨ ਪੰਜਾਬ ਦਾ ਚੇਅਰਮੈਨ ਤੁਰੰਤ ਨਿਯੁਕਤ ਕੀਤਾ ਜਾਵੇ। ਇਸ ਸਬੰਧੀ ਬਕਾਇਦਾ ਪੰਜਾਬ ਸਰਕਾਰ ਵੱਲੋਂ ਦਸੰਬਰ 2021 ਵਿੱਚ ਕਮਿਸ਼ਨ ਬਣਾਇਆ ਜਾ ਚੁੱਕਿਆ ਹੈ। ਇਸ ਦਾ ਪਹਿਲਾ ਚੇਅਰਮੈਨ ਡਾਕਟਰ ਨਵਜੋਤ ਦਾਹੀਆ ਨੂੰ ਬਣਾਇਆ ਗਿਆ ਸੀ, ਪਰ ਕੁਝ ਦੇਰ ਬਾਅਦ 2022 'ਚ ਵਿਧਾਨ ਸਭਾ ਚੋਣਾਂ ਕਰਕੇ ਉਨ੍ਹਾਂ ਨੇ ਅਸਤੀਫਾ ਦੇ ਦਿੱਤਾ ਸੀ, ਹੁਣ ਇਹ ਫਾਈਲ ਆਮ ਆਦਮੀ ਸਰਕਾਰ ਨੇ ਨੱਪੀ ਹੋਈ ਹੈ। ਫੈਡਰੇਸ਼ਨ ਵਾਰ-ਵਾਰ ਮਿਲ ਕੇ ਤੇ ਅਖ਼ਬਾਰਾਂ ਰਾਹੀਂ ਇਸ ਦਾ ਚੇਅਰਮੈਨ ਲਗਾਉਣ ਦੀ ਮੰਗ ਕਰਦਾ ਆ ਰਿਹਾ ਹੈ, ਪਰ ਇਹ ਸਰਕਾਰ ਜਨਰਲ ਵਿਰੋਧੀ ਸਾਬਿਤ ਹੋ ਰਹੀ ਹੈ। ਜੇਕਰ ਜਲਦੀ ਹੀ ਜਨਰਲ ਕੈਟਾਗਰੀ ਕਮਿਸ਼ਨ ਪੰਜਾਬ ਦਾ ਚੇਅਰਮੈਨ ਨਿਯੁਕਤ ਨਾ ਕੀਤਾ ਗਿਆ ਤਾਂ ਫੈਡਰੇਸ਼ਨ ਵਿਧਾਨ ਸਭਾ ਚੋਣਾਂ 'ਚ ਆਮ ਆਦਮੀ ਪਾਰਟੀ ਦਾ ਸਖਤ ਵਿਰੋਧ ਕਰੇਗੀ। ਫੈਡਰੇਸ਼ਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਾਰੇ ਐੱਮ ਐੱਲ ਏ ਜਨਰਲ ਵਰਗ ਦੀਆਂ ਮੰਗਾਂ ਸਬੰਧੀ ਚੁੱਪ ਬੈਠੇ ਹਨ, ਪਰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਨੂੰ ਜਨਰਲ ਵਰਗ ਦੀਆਂ ਮੰਗਾਂ ਸਬੰਧੀ ਲੋਕ ਕਚਹਿਰੀ ਵਿੱਚ ਜਵਾਬ ਦੇਣਾ ਪਵੇਗਾ। ਫੈਡਰੇਸ਼ਨ ਨੇ ਕਿਹਾ ਕਿ ਜਨਰਲ ਵਰਗ ਦੀਆਂ ਮੰਗਾਂ ਸਬੰਧੀ ਜਲਦੀ ਜਨਤਕ ਸੰਘਰਸ਼ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਮੌਕੇ ਗੁਰਵਿੰਦਰ ਗੋਲਡੀ ਤੇ ਸੰਦੀਪ ਸ਼ਰਮਾ ਵੀ ਹਾਜ਼ਰ ਸਨ।

ਸ਼ਹੀਦੀ ਦਿਹਾੜੇ ਮੌਕੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ, ਛਾਂਦਾਰ ਪੌਦੇ ਵੀ ਵੰਡੇ

ਡੇਰਾਬੱਸੀ (ਵਿਨੈ ਕੁਮਾਰ ਜੈਨ)-ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਬਰਵਾਲਾ ਰੋਡ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਰਾਹਗੀਰਾਂ ਅਤੇ ਇਲਾਕਾ ਵਾਸੀਆਂ ਨੇ ਛਬੀਲ ਦਾ ਪ੍ਰਸ਼ਾਦ ਛਕਿਆ।ਸਮਾਗਮ ਦੌਰਾਨ ਜ਼ਿਲ੍ਹਾ ਕਾਂਗਰਸ ਦੇ ਵਾਈਸ ਪ੍ਰਧਾਨ ਬਲਿਹਾਰ ਸਿੰਘ ਬੱਲੀ ਵੱਲੋਂ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੰਦਿਆਂ ਲੋਕਾਂ ਨੂੰ ਛਾਂਦਾਰ ਪੌਦੇ ਵੀ ਵੰਡੇ ਗਏ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਮਨੁੱਖਤਾ ਦੀ ਸੇਵਾ, ਸਹਿਣਸ਼ੀਲਤਾ ਅਤੇ ਪਰਉਪਕਾਰ ਦਾ ਸੰਦੇਸ਼ ਦਿੰਦੀਆਂ ਹਨ, ਜਿਨ੍ਹਾਂ 'ਤੇ ਚੱਲ ਕੇ ਹੀ ਸਮਾਜ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ। ਇਸ ਮੌਕੇ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਨੇ ਵੀ ਛਬੀਲ ਵਿੱਚ ਸੇਵਾ ਨਿਭਾਉਂਦਿਆਂ ਰਾਹਗੀਰਾਂ ਨੂੰ ਠੰਢਾ ਮਿੱਠਾ ਜਲ ਛਕਾਇਆ। ਛਬੀਲ ਦੌਰਾਨ ਵਾਰਡ ਨੰਬਰ 6 ਦੇ ਕੌਂਸਲਰ ਮਨੀਸ਼ ਕੁਮਾਰ, ਕੌਂਸਲਰ ਬੰਟੀ ਰਾਣਾ, ਚਮਨ ਸੈਣੀ ਸਮੇਤ ਕਾਂਗਰਸੀ ਆਗੂਆਂ, ਵਰਕਰਾਂ ਅਤੇ ਇਲਾਕਾ ਵਾਸੀਆਂ ਨੇ ਸੇਵਾ ਕਾਰਜਾਂ ਵਿੱਚ ਭਾਗ ਲਿਆ ਅਤੇ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੰਕਲਪ ਲਿਆ।

Bandhan Bank

ਬੰਧਨ ਬੈਂਕ ਲਿਮਟਿਡ
ਸੀਆਈਐਨ: L67190WB2014PLC204622
ਪੰਜੀਕ੍ਰਿਤ ਦਫਤਰ:
ਡੀਐਨ 32, ਸੈਕਟਰ-V, ਸਾਲਟ ਲੇਕ ਸਿਟੀ, ਕੋਲਕਾਤਾ-700091

ਇਸ ਲਈ ਜਨਤਕ ਸੂਚਨਾ - ਸੋਨੇ ਦੇ ਜੇਵਰਾਂ ਅਤੇ ਸਿੱਕਿਆਂ ਦੇ ਤੌਰ ਤੇ ਗਿਰਵੀ ਰੱਖੀ ਸੰਪੱਤੀ ਦੀ ਨਿਲਾਮੀ

ਲ. ਸੰ.	ਰਾਜ	ਸ਼ਾਖਾ ਦਾ ਨਾਮ	ਸ਼ਾਖਾ ਦਾ ਪਤਾ
1	ਚੰਡੀਗੜ੍ਹ	ਚੰਡੀਗੜ੍ਹ	ਐਸਸੀਓ - 149-150, ਸੈਕਟਰ - 9 ਸੀ, ਮਧਯ ਮਾਰਗ, ਚੰਡੀਗੜ੍ਹ, ਪੰਜਾਬ, ਪਿਨ- 160009

ਇਹ ਜਨਤਕ ਸੂਚਨਾ ਦਿੱਤੀ ਜਾਂਦੀ ਹੈ ਕਿ ਸੋਨੇ ਦੇ ਜੇਵਰਾਂ (ਇਸ ਤੋਂ ਬਾਅਦ ਸੰਪਤੀਆਂ ਵਜੋਂ ਜਾਣੇ ਜਾਂਦੇ ਹਨ) ਦੀ ਨਿਲਾਮੀ ਮੌਜੂਦਾ ਹਲਾਤ ਪੈਦਾ ਹੋਣ ਦੇ ਅਧਾਰ ਤੇ ਕੀਤੀ ਜਾਣੀ ਹੈ। ਸੋਨੇ ਦੇ ਜੇਵਰਾਂ/ਸਿੱਕਿਆਂ ਨੂੰ ਹੇਠਾਂ ਦਿੱਤੇ ਉਧਾਰਕਰਤਾ/ਵਾਂ ਦੁਆਰਾ ਬੈਂਕ ਕੋਲ ਗਿਰਵੀ ਰੱਖਿਆ ਗਿਆ ਹੈ ਜੋ ਉਕਤ ਸੋਨੇ ਦੀਆਂ ਚੀਜ਼ਾਂ ਦੇ ਗਿਰਵੀਨਾਮੇ ਦੇ ਖਿਲਾਫ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਦੇ ਸਬੰਧ ਵਿੱਚ ਹਨ।

ਲ. ਸੰ.	ਰਾਜ	ਸ਼ਾਖਾ ਦਾ ਨਾਮ	ਗਾਹਕ ਦਾ ਨਾਮ	ਖਾਤਾ ਨੰਬਰ	ਮੂਲ ਵਜ਼ਨ
1	ਚੰਡੀਗੜ੍ਹ	ਚੰਡੀਗੜ੍ਹ	ਪਰੀਯਾ ਵੈਦ	90001545368641	82.50
2	ਚੰਡੀਗੜ੍ਹ	ਚੰਡੀਗੜ੍ਹ	ਪਰੀਯਾ ਵੈਦ	90001478876642	10.40

ਐਨ.ਬੀ: ਹੋਰ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਅਧਿਕਾਰਤ ਬੈਂਕ ਦੇ ਅਧਿਕਾਰੀਆਂ ਨਾਲ ਸੰਪਰਕ ਕਰੋ।
ਨਿਲਾਮੀ ਦੀ ਮਿਤੀ: ਪ੍ਰਕਾਸ਼ਨ ਦੀ ਮਿਤੀ ਤੋਂ 31ਵੇਂ ਦਿਨ।

Bandhan Bank

ਬੰਧਨ ਬੈਂਕ ਲਿਮਟਿਡ
ਸੀਆਈਐਨ: L67190WB2014PLC204622
ਪੰਜੀਕ੍ਰਿਤ ਦਫਤਰ:
ਡੀਐਨ 32, ਸੈਕਟਰ-V, ਸਾਲਟ ਲੇਕ ਸਿਟੀ, ਕੋਲਕਾਤਾ-700091

ਇਸ ਲਈ ਜਨਤਕ ਸੂਚਨਾ - ਸੋਨੇ ਦੇ ਜੇਵਰਾਂ ਅਤੇ ਸਿੱਕਿਆਂ ਦੇ ਤੌਰ ਤੇ ਗਿਰਵੀ ਰੱਖੀ ਸੰਪੱਤੀ ਦੀ ਨਿਲਾਮੀ

ਲ. ਸੰ.	ਰਾਜ	ਸ਼ਾਖਾ ਦਾ ਨਾਮ	ਸ਼ਾਖਾ ਦਾ ਪਤਾ
1	ਪੰਜਾਬ	ਬਠਿੰਡਾ	ਗ੍ਰਾਊਂਡ ਫਲੋਰ, ਗੁਰੂ ਕਾਸ਼ੀ ਮਾਰਗ, ਜੀਟੀ ਰੋਡ ਬਠਿੰਡਾ, ਪੀਐਸ- ਬਠਿੰਡਾ, ਜ਼ਿਲ੍ਹਾ ਬਠਿੰਡਾ, ਰਾਜ ਪੰਜਾਬ, ਪਿਨ 151001
2	ਪੰਜਾਬ	ਗੁਰਦਾਸਪੁਰ	ਗ੍ਰਾਊਂਡ ਫਲੋਰ, ਹਾਊਸ਼ ਨੰ- 646/7, ਤਿਬ੍ਰੀ ਰੋਡ, ਪੀਓ- ਗੁਰਦਾਸਪੁਰ, ਗੁਰਦਾਸਪੁਰ, ਪੰਜਾਬ, ਪਿਨ-143521
3	ਪੰਜਾਬ	ਪਠਾਨਕੋਟ	ਬੀ-24/210, ਸਚਦੇਵਾ ਬਿਲਡਿੰਗ, ਹੋਟਲ ਜਵੇਲ, ਢਾਂਗੂ ਰੋਡ, ਪਠਾਨਕੋਟ, ਪੰਜਾਬ, ਪਿਨ-145001
4	ਪੰਜਾਬ	ਪਟਿਆਲਾ	ਗ੍ਰਾਊਂਡ ਫਲੋਰ, ਐਸਸੀਓ 11, ਛੋਟੀ ਬਰਾ ਦਰੀ, ਪਟਿਆਲਾ, ਪੰਜਾਬ, ਪਿਨ-147001
5	ਪੰਜਾਬ	ਸੰਗਰੂਰ ਸ਼ਾਖਾ	ਬਾਂਸਲ ਸ਼ੀਟ ਭੰਡਾਰ, ਗਊਸ਼ਾਲਾ ਰੋਡ, ਜ਼ਿਲ੍ਹਾ- ਸੰਗਰੂਰ, ਰਾਜ-ਪੰਜਾਬ, ਪਿਨ-148001.

ਇਹ ਜਨਤਕ ਸੂਚਨਾ ਦਿੱਤੀ ਜਾਂਦੀ ਹੈ ਕਿ ਸੋਨੇ ਦੇ ਜੇਵਰਾਂ (ਇਸ ਤੋਂ ਬਾਅਦ ਸੰਪਤੀਆਂ ਵਜੋਂ ਜਾਣੇ ਜਾਂਦੇ ਹਨ) ਦੀ ਨਿਲਾਮੀ ਮੌਜੂਦਾ ਹਲਾਤ ਪੈਦਾ ਹੋਣ ਦੇ ਅਧਾਰ ਤੇ ਕੀਤੀ ਜਾਣੀ ਹੈ। ਸੋਨੇ ਦੇ ਜੇਵਰਾਂ/ਸਿੱਕਿਆਂ ਨੂੰ ਹੇਠਾਂ ਦਿੱਤੇ ਉਧਾਰਕਰਤਾ/ਵਾਂ ਦੁਆਰਾ ਬੈਂਕ ਕੋਲ ਗਿਰਵੀ ਰੱਖਿਆ ਗਿਆ ਹੈ ਜੋ ਉਕਤ ਸੋਨੇ ਦੀਆਂ ਚੀਜ਼ਾਂ ਦੇ ਗਿਰਵੀਨਾਮੇ ਦੇ ਖਿਲਾਫ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਦੇ ਸਬੰਧ ਵਿੱਚ ਹਨ।

ਲ. ਸੰ.	ਰਾਜ	ਸ਼ਾਖਾ ਦਾ ਨਾਮ	ਗਾਹਕ ਦਾ ਨਾਮ	ਖਾਤਾ ਨੰਬਰ	ਮੂਲ ਵਜ਼ਨ
1	ਪੰਜਾਬ	ਬਠਿੰਡਾ	ਅਮਰਜੀਤ ਕੌਰ	90001525956990	23.20
2	ਪੰਜਾਬ	ਬਠਿੰਡਾ	ਸੁਖਮਨ ਸਿੰਘ	90001538274631	20.20
3	ਪੰਜਾਬ	ਬਠਿੰਡਾ	ਕੰਚਨ ਬਾਲਾ	90001542633126	39.00
4	ਪੰਜਾਬ	ਗੁਰਦਾਸਪੁਰ	ਜਗਮੀਤ ਸਿੰਘ	90001539095074	146.00
5	ਪੰਜਾਬ	ਪਠਾਨਕੋਟ	ਸੁਨੀਤਾ ਦੇਵੀ	90001495843025	81.70
6	ਪੰਜਾਬ	ਪਟਿਆਲਾ	ਅਮਿਤ ਪ੍ਰਸਾਦ ਸਿੰਘ	90001537457794	41.20
7	ਪੰਜਾਬ	ਪਟਿਆਲਾ	ਕਰਮਪ੍ਰੀਤ ਸਿੰਘ	90001538491381	78.50
8	ਪੰਜਾਬ	ਪਟਿਆਲਾ	ਨੇਹਾ	90001467598800	364.40
9	ਪੰਜਾਬ	ਪਟਿਆਲਾ	ਲਖਵਿੰਦਰ ਸਿੰਘ	90001519210145	83.40
10	ਪੰਜਾਬ	ਪਟਿਆਲਾ	ਅਮਿਤ ਪ੍ਰਸਾਦ ਸਿੰਘ	90001554397891	116.90
11	ਪੰਜਾਬ	ਪਟਿਆਲਾ	ਮਨੀਸ਼ ਸ਼ਰਮਾ	90001431538298	221.10
12	ਪੰਜਾਬ	ਪਟਿਆਲਾ	ਮਨੀਸ਼ ਮਲਹੋਤ੍ਰਾ	90001401826926	57.80
13	ਪੰਜਾਬ	ਪਟਿਆਲਾ	ਮਨੀਸ਼ ਮਲਹੋਤ੍ਰਾ	90001477327055	66.10
14	ਪੰਜਾਬ	ਸੰਗਰੂਰ ਸ਼ਾਖਾ	ਗੁਰਦਰਸ਼ਨ ਸਿੰਘ	90001519257810	31.80
15	ਪੰਜਾਬ	ਸੰਗਰੂਰ ਸ਼ਾਖਾ	ਗੁਰਦਰਸ਼ਨ ਸਿੰਘ	90001397508331	73.50
16	ਪੰਜਾਬ	ਸੰਗਰੂਰ ਸ਼ਾਖਾ	ਸਤਪਾਲ ਸਿੰਘ	90001546034731	24.80
17	ਪੰਜਾਬ	ਸੰਗਰੂਰ ਸ਼ਾਖਾ	ਗੁਰਦਰਸ਼ਨ ਸਿੰਘ	90001413364117	75.34

ਐਨ.ਬੀ: ਹੋਰ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਅਧਿਕਾਰਤ ਬੈਂਕ ਦੇ ਅਧਿਕਾਰੀਆਂ ਨਾਲ ਸੰਪਰਕ ਕਰੋ।
ਨਿਲਾਮੀ ਦੀ ਮਿਤੀ: ਪ੍ਰਕਾਸ਼ਨ ਦੀ ਮਿਤੀ ਤੋਂ 31ਵੇਂ ਦਿਨ।

Change of Name

I, Sunita Kumari D/O Diwan Chand Malhotra, R/O H. No. 622/1, Street No. 1, Paris Town, Batala Road, Amritsar Have Changed My Name From Sunita Kumari To Sunita Malhotra.

I, Gurdip Singh S/o Harjinder Singh R/o Village Panjaur Distt. Hoshiarpur Punjab have changed my name from Gurdip Singh to Singh Gurdip. Concerned note.

I, Ajay Kumar S/o Balvir Ram R/o Village and PO Mananhana Distt. Hoshiarpur Punjab have changed my name from Ajay Kumar to Kumar Ajay. Concerned note.

I, Amarjit Kaur W/o Pal Singh R/o VPO Tarsikka, Tehsil Baba Bakala, Distt. Amritsar, Punjab have changed my name from Amarjit Kaur to Kaur is my surname and Amarjit is my given name.

I, Manmeet Singh S/o Sarwan Singh R/o Othian, Distt. Amritsar, Punjab-143102 have changed my name from Manmeet Singh to Singh is my surname and Manmeet is my given name.

I, Vansh S/o Pargat Singh R/o VPO Bhakna Kalan, Distt. Amritsar, Punjab-143107 have changed my name from Vansh to Vansh Randhawa.

I, Akashdeep Singh S/o Jasmail Singh R/o VPO Brar, Tehsil Ajnala District Amritsar have declare that Akashdeep is my Given name and Singh is my Surname.

I Pehal Bhalla D/o Amit Bhalla R/o H.No.F7-445 Kashmir Avenue Amritsar have changed my name to Pehal.

I, Kuldip Singh S/o Gurmej Singh R/o Village Kalas PO Bhuse District Tarn Taran have changed my name from Kuldip Singh to Kuldeep Singh.

I, Saroop Singh S/O Ajit Singh R/O V. Ratta Nauabad, Kapurthala Pb. 144620, declares that I have changed my name as Singh Saroop. Concerned please note.

I, Anita Rani D/o Mohan Singh Bisht W/o Ranjit Singh Alias Ranjit Singh Negi R/o H. No. 25-A, Parkash Enclave,Khurla Kingra, Jalandhar declare that I have changed my name from Anita Rani to Anita Negi.

I, Kashmir Singh s/o Malkiat Singh r/o Ward No.7, Moti Nagar, Dasuya, Hoshiarpur-144205, Punjab have changed my name to Singh Kashmir. All Please Note. (R)

I, Raghver Singh Alias Raghbir Singh s/o Avtar Singh r/o Paili, Nawanshahr, Punjab-144525 have changed my name as Raghbir Singh. All Please Note.

I, Gurdial Singh s/o Sohan Singh r/o VPO.Hamira, Distt. Kapurthala have changed Given name as Gurdial & Surname as Singh. All Please Note.

Change of Name

I, Jovan Singh s/o Lakhvir Singh r/o VPO.Hamira, Distt. Kapurthala have changed Given name as Jovan & Surname as Singh. All Please Note.

I, Shambhu s/o Satinder Yadav r/o Vill. Bulandpur, Po. Nurpur, Distt.Jalandhar have changed my name from Shambhu to Shambhu Yadav. All Please Note.

I, Lovepreet Chaunkria S/o Krishan Lal R/o VPO Rahimpur, Distt. Jalandhar. I declare that Lovepreet as my given name and Chaunkria as my surname. All Please Note.

I, Anshu alias Anshu Rani W/O Rajesh Gupta , R/o N B -311-B,New Lakshmi Pura, Jalandhar-I, Industrial Town, Jalandhar, Punjab-144004. have changed my name and shall hereafter be Known as Anshu Gupta.

I, Vaneet Garg S/O Jagga Mal Garg, R/o 113 Veer Colony Bathinda Punjab - 151001, have changed my name and shall hereafter be Known as Vaneet Kumar Garg.

I, Rajesh Kumar alias Rajesh Garg S/O Chhabil Das , R/o H.NO-311, New Lakshmi Pura, Jalandhar, Punjab-144004, have changed my name and shall hereafter be Known as Rajesh Gupta.

I Ashish S/o Balvir Kumar Sidhu R/o Nurmahal Road, Dhina, Jalandhar-144005, Punjab, have changed my name from Ashish to Given name Ashish and Surname as Sidhu.

I Anmol Kaur W/o Ripudaman Singh Dhami R/o H.No. 1008, Kapurthala Road, Jalandhar Kunj, Wariana , Jalandhar-144013, Punjab, India, have changed my name from Anmol Kaur to Anmol Kaur Dhami, in which given name Anmol Kaur and surname as Dhami. Please Note.

ਆਮ ਸੂਚਨਾ

ਮੈਂ, ਅਜੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਅਲੀ ਖੇਲ, ਡਾਕ: ਕਰਤਾਰਪੁਰ, ਜਲੰਧਰ, ਪੰਜਾਬ-144801 ਬਿਆਨ ਕਰਦਾ ਹਾਂ ਕਿ ਮੇਰੇ ਮਾਲ ਰਿਕਾਰਡ ਵਿੱਚ ਮੇਰਾ ਨਾਮ ਜੀਤ ਸਿੰਘ ਦਰਜ ਹੈ, ਜਦ ਕਿ ਮੈਨੂੰ ਅਜੀਤ ਸਿੰਘ ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ। ਜੀਤ ਸਿੰਘ ਅਤੇ ਅਜੀਤ ਸਿੰਘ ਦੋਵੇਂ ਨਾਮ ਮੇਰੇ ਅਤੇ ਇੱਕੋ ਹੀ ਵਿਅਕਤੀ ਦੇ ਹਨ। ਸੰਬੰਧਿਤ ਨੋਟ ਕਰਨ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 300 452-3134 ਲੋਡ 15BHP. ਨਾਮ ਮਹਿੰਦਰ ਸਿੰਘ ਪੁੱਤਰ ਨਿਹਾਲ ਸਿੰਘ ਪਿੰਡ ਨਵਾਂ ਪਿੰਡ ਅਕਾਲੀਵਾਲ ਤਹਿਸੀਲ, ਸ਼ਾਹਕੋਟ ਜਿਲਾ ਜਲੰਧਰ ਦੀ ਪੈਲੀ /ਕਨੈਕਸ਼ਨ ਖਰੀਦਣ ਉਪਰੰਤ ਕੁਲਵਿੰਦਰ ਕੌਰ ਪਤਨੀ ਅਮਰਜੀਤ ਸਿੰਘ ਨੇ ਆਪਣੇ ਨਾਮ ਕਰਵਾਉਣ ਲਈ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੈ ਤਾ 15 ਦਿਨਾਂ ਦੇ ਅੰਦਰ ਐਸ. ਡੀ. ਓ.(ਪੀ.ਐਸ.ਪੀ.ਸੀ.ਐਲ) ਸ਼ਾਹਕੋਟ ਵਿਖੇ ਸੰਪਰਕ ਕਰੇ।

ਨਾਂਅ ਦੀ ਬਦਲੀ

ਮੈਂ ਜਸਵਿੰਦਰ ਸਿੰਘ ਪੁੱਤਰ ਰਣ ਸਿੰਘ ਵਾਸੀ ਉਭਾਵਾਲ ਜ਼ਿਲ੍ਹਾ ਸੰਗਰੂਰ ਨੇ ਆਪਣਾ ਨਾਮ ਜਸਵਿੰਦਰ ਸਿੰਘ ਢੀਂਡਸਾ ਤੋਂ ਬਦਲ ਕੇ ਜਸਵਿੰਦਰ ਸਿੰਘ ਰੱਖ ਲਿਆ ਹੈ ਸਬੰਧਤ ਨੋਟ ਕਰਨ।

ਮੈਂ ਅਮ੍ਰਿਤਪਾਲ ਕੌਰ ਪਤਨੀ ਜਸਵਿੰਦਰ ਸਿੰਘ ਵਾਸੀ ਉਭਾਵਾਲ ਜ਼ਿਲ੍ਹਾ ਸੰਗਰੂਰ ਨੇ ਆਪਣਾ ਨਾਮ ਅਮ੍ਰਿਤਪਾਲ ਕੌਰ ਢੀਂਡਸਾ ਤੋਂ ਬਦਲ ਕੇ ਅਮ੍ਰਿਤਪਾਲ ਕੌਰ ਰੱਖ ਲਿਆ ਹੈ ਸਬੰਧਤ ਨੋਟ ਕਰਨ।

ਬੇਦਖਲੀ ਨੋਟਿਸ

ਮੈਂ, ਰਜਨੀਸ਼ ਕਾਲੀਆ ਪੁੱਤਰ ਰਾਜ ਕੁਮਾਰ ਕਾਲੀਆ, ਵਾਸੀ ਐਲ-1, ਮਾਲ ਰੋਡ, ਡੀ.ਸੀ. ਚੌਂਕ, ਕਪੂਰਥਲਾ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਨੁਰਾਜ ਕਾਲੀਆ, ਜੋ ਕਿ ਬੁਰੀ ਸੰਗਤ ਵਿੱਚ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ, ਜਿਸ ਕਰਕੇ ਮੈਂ ਆਪਣੇ ਲੜਕੇ ਅਨੁਰਾਜ ਕਾਲੀਆਂ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰੇ ਲੜਕੇ ਅਨੁਰਾਜ ਕਾਲੀਆ ਨਾਲ ਜੋ ਕੋਈ ਵੀ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਦਾ ਹੈ ਤਾਂ ਇਸ ਲਈ ਉਹ ਖੁਦ ਜ਼ਿੰਮੇਵਾਰ ਹੋਵਾਗਾ। ਮੈਂ ਜਾਂ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਪ੍ਰਿਤਪਾਲ ਸਿੰਘ ਪੁੱਤਰ ਮਹਿੰਦਰ ਸਿੰਘ, ਵਾਸੀ ਮੁਹੱਲਾ ਕਰਤਾਰ ਨਗਰ ਸ਼ਾਹਕੋਟ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144702 ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ (ਕੈਨੇਡਾ) ਅਤੇ ਉਸ ਦੀ ਪਤਨੀ ਸਿਮਰਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਮਾੜਾ ਵਿਵਹਾਰ ਕਰਦੇ ਹਨ। ਮੈਂ ਇਨ੍ਹਾਂ ਨੂੰ ਭਾਰਤ ਭਰ ਵਿਚ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣਾ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਮਮਤਾ ਪਤਨੀ ਲੇਟ ਅਸ਼ੋਕ ਕੁਮਾਰ ਵਾਸੀ ਮਕਾਨ ਨੰ: 38, ਗਲੀ ਨੰ: 31/4, ਸਾਹਿਬਜ਼ਾਦਾ ਫਤਿਹ ਸਿੰਘ ਨਗਰ, ਬਾਹਰਵਾਰ ਗੇਟ ਹਕੀਮਾਂ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਸੀਮਾ (ਤਲਾਕਸ਼ੁਦਾ) ਮੇਰੇ ਕਹਿਣੇ ਤੋਂ ਬਾਹਰ ਹੈ ਤੇ ਪਰਵਾਰ ਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਸੁਰਿੰਦਰ ਕੁਮਾਰ ਪੁੱਤਰ ਜਗਦੀਸ਼ ਚੰਦਰ ਅਤੇ ਰੀਟਾ ਸ਼ਰਮਾ ਪਤਨੀ ਸੁਰਿੰਦਰ ਕੁਮਾਰ ਵਾਸੀਆਨ ਮਕਾਨ ਨੰਬਰ ਐਫ 21/100, ਨਿਊ ਨਹਿਰੂ ਕਾਲੋਨੀ, ਮਜੀਠਾ ਰੋਡ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਜੇ ਸ਼ਰਮਾ ਅਤੇ ਇਸ ਦੀ ਪਤਨੀ ਮਾਹੀ ਉਰਫ ਫੀਜ਼ਾ ਅਤੇ ਪੋਤਰੀ ਸਾਨਵੀ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਨਿਰਮਲ ਪਤਨੀ ਸੁਰਿੰਦਰ ਪਾਲ ਵਾਸੀ ਮਕਾਨ ਨੰ. 285, ਗਲੀ ਨੰ. 12, ਗੁਲਾਬ ਦੇਵੀ ਰੋਡ, ਰਤਨ ਨਗਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰੋਹਿਤ ਕੰਡਾ ਅਤੇ ਉਸਦੀ ਪਤਨੀ ਨੇਹਾ ਗਰੋਵਰ ਅਤੇ ਉਹਨਾਂ ਦੇ ਦੋ ਬੱਚੇ ਅਨਨਿਆ ਅਤੇ ਮਾਸਟਰ ਕਰਿਸ਼ਿਵ ਕੰਡਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਸਾਰਿਆਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਸਾਰਿਆਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਿਤ ਨੋਟ ਕਰਨ।

ਅਸੀਂ ਹਰਭਜਨ ਸਿੰਘ ਪੁੱਤਰ ਜਗਤ ਸਿੰਘ ਵਾ ਮਨਦੀਪ ਕੌਰ ਪਤਨੀ ਹਰਭਜਨ ਸਿੰਘ ਵਾਸੀਆਨ ਵਾਰਡ ਨੰ: 05, ਗੁਰੂ ਨਾਨਕ ਨਗਰ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਕਰਨਜੀਤ ਸਿੰਘ ਅਤੇ ਸਾਡੀ ਨੂੰਹ ਨੇਹਾ ਪਤਨੀ ਕਰਨਜੀਤ ਸਿੰਘ ਅਤੇ ਸਾਡਾ ਪੋਤਰਾ ਦੀਪਕ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਿਤ ਨੋਟ ਕਰਨ

ਬੇਦਖਲੀ ਨੋਟਿਸ

ਮੈਂ, ਗੁਰਦੀਪ ਕੌਰ ਪਤਨੀ ਰੰਗਾ, ਵਾਸੀ ਪਿੰਡ ਤੇ ਡਾਕਖਾਨਾ ਚੋਮੋਂ, ਜ਼ਿਲ੍ਹਾ ਜਲੰਧਰ ਦੀ ਰਹਿਣ ਵਾਲੀ ਹਾਂ। ਮੇਰਾ ਪੁੱਤਰ ਅਜੀਤ ਸਿੰਘ ਅਤੇ ਉਸ ਦੀ ਪਤਨੀ ਰਮਨਦੀਪ ਕੌਰ ਤੇ ਉਨ੍ਹਾਂ ਦੀ ਬੇਟੀ ਕਿਮਰਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਪੁੱਤਰ ਅਜੀਤ ਸਿੰਘ ਅਤੇ ਉਸ ਦੀ ਪਤਨੀ ਰਮਨਦੀਪ ਕੌਰ ਤੇ ਉਨ੍ਹਾਂ ਦੀ ਬੇਟੀ ਕਿਮਰਨਜੀਤ ਕੌਰ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਦੇ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਬਲਜੀਤ ਸਿੰਘ ਪੁੱਤਰ ਗੁਰਮੇਜ ਸਿੰਘ, ਜਸਬੀਰ ਕੌਰ ਪਤਨੀ ਬਲਜੀਤ ਸਿੰਘ ਪਿੰਡ ਤੇ ਡਾਕਖਾਨਾ ਖਿਲਚੀਆਂ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ (ਪੰਜਾਬ) ਹਲਫੀਆ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਜੇਪਾਲ ਸਿੰਘ ਅਤੇ ਉਸ ਦੀ ਪਤਨੀ ਮੀਨਾ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਰਜ਼ੀ ਕਰਦੇ ਹਨ। ਇਸ ਲਈ ਅਸੀਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਪਿਆਰਾ ਲਾਲ ਪੁੱਤਰ ਸ੍ਰੀ ਹਿਤ ਲਾਲ ਵਾਸੀ ਪੱਤੀ ਮਲਕੋ ਦੀ, ਸੁਲਤਾਨਵਿੰਡ ਪਿੰਡ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦੀਪਕ ਅਤੇ ਇਸ ਦੀ ਪਤਨੀ ਕੋਮਲ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਅੰਜੂ ਬਾਲਾ ਪਤਨੀ ਜਤਿੰਦਰ ਵਾਸੀ ਮਕਾਨ ਨੰ: 262, ਮੱਛੀ ਮੁਹੱਲਾ, ਲਾਲ ਕੁੜਤੀ ਨੇੜੇ ਕੈਂਟੋਨਮੈਂਟ ਬੋਰਡ ਸਕੂਲ, ਜਲੰਧਰ ਕੈਂਟ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਸਾਹਿਲ ਅਤੇ ਉਸਦੀ ਪਤਨੀ ਮਨੀਸ਼ਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹੈ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਅਮਰਜੀਤ ਸਿੰਘ ਪੁੱਤਰ ਸ਼੍ਰੀ ਰਾਮ ਕ੍ਰਿਸ਼ਨ ਵਾਸੀ ਪਿੰਡ ਬੋਹਨ, ਤਹਿਸੀਲ ਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਧੀਰਜ ਸੈਣੀ ਅਤੇ ਮੇਰੀ ਨੂੰਹ ਪ੍ਰਿਆ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

PUBLIC NOTICE

I, Sanjeev Kumar S/o Krishan Lal R/o Gali No.1, Issa Nagar, Near Railway Line, V. Suranussi, PO. Sura, Distt. Jalandhar, Punjab declare that name of mine has been written as Sanjeev Kumar Verma Instead of Sanjeev Kumar in my son's 10th and 12th certificate issued by CBSE. That correct name of mine is Sanjeev Kumar which may be amended Accordingly.

I, Amarjit Kaur W/o Sukhdev Singh Resident of Village Dehrka, District Ludhiana, Pin Code:142034 Punjab, declare that some of my documents my name is mentioned Amarjit Kaur but in other documents my name is mentioned as Charanjit Kaur. Both are one and the same person that is me.

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ

ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : ਮੋਨਿਕਾ ਪਿਤਾ/ਪਤੀ ਦਾ ਨਾਮ : **ਪਿਸ਼ੋਰੀ ਲਾਲ**
ਪਤਾ: **WR 226 Sonia Mohalla Basti Sheikh Jalandhar, Tehsil - Jalandhar-2 / District - Jalandhar, Punjab**
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਵਿੱਚ ਆਪਣੀ ਪੁੱਤਰੀ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ: **ਵਰਨ ਮੇਘ**
ਪੱਕਾ ਪਤਾ: **WR 226 Sonia Mohalla Basti Sheikh Jalandhar, Jalandhar - 2, Jalandhar, Punjab**
ਉਮਰ/ਜਨਮ ਮਿਤੀ : **24-(22/07/2001)**
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ **15-06-2026** ਨੂੰ ਜਾਰੀ ਹੋਇਆ।
ਨੰਬਰ 42 /ਨੰਬਰ/ਰੀਡਰ ਮਤੀ 15.06.2026 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

PUBLIC NOTICE

I, Yashmina Khatoon W/o Sekh Abdul Rakaib R/o Amritsar, have approached Equitas Small Finance Bank Limited at Amritsar, for availing a loan to purchase and further mortgage of below mentioned immovable property vide sale deed regd dated 11.01.2012 as Doc. No. 10236 registered at sub-Registrar, Amritsar. Anybody having any claim or objection in purchase or creating mortgage over said property in favour of above Bank shall approach concerned authority or undersigned within seven days from this publication, failing which it shall be presumed that there is no objection or claim of any one over this property and the bank may proceed further in advancing loan by way of mortgaging the said property. Further, any objection or claim made thereafter shall have no legal effect on me or on the Bank.

DESCRIPTION OF THE PROPERTY Property House no 472/11 Old & Khana Shumari no.696-813/11-6, measuring length 30 feet breadth 21 feet, Total measuring 70 Square Yards situated at Amritsar Katra Bagh Singh Bazar Toda Bhai Shalo Gali Bhawrian, Tehsil & District Amritsar, Bounded as East: Swaran Kumar, West: Door of the house towards Gali & House of Raj Pal, North: Others, South: Ralia Ram.

Name & address of property purchaser
Yashmina Khatoon W/o Sekh Abdul Rakaib R/o Amritsar **Vikas Verma, Advocate 9815156302**

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਸੈਕਿੰਡ-ਕਮ-ਨਾਇਬ ਤਹਿਸੀਲਦਾਰ ਮੂਨਕ, ਜ਼ਿਲ੍ਹਾ ਸੰਗਰੂਰ
ਵਿਸ਼ਾ:- ਦਰੁੱਸਤੀ ਗਿਰਦਾਵਰੀ ਕੇਸ

1. ਹਰਦੇਵ ਕੌਰ ਪਤਨੀ ਅਜੈਬ ਸਿੰਘ ਵਾ ਜਗਦੇਵ ਕੌਰ ਪਤਨੀ ਗੁਰਜੰਟ ਸਿੰਘ ਵਾ ਹਰਵਿੰਦਰ ਕੌਰ ਪਤਨੀ ਮਲਕੀਤ ਸਿੰਘ ਬਾ ਹਿੱਸਾ ਬਰਾਬਰ ਵਾਸੀਆਨ ਹਮੀਰਗੜ੍ਹ ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ। ਸਾਇਲ

ਬਨਾਮ

(1) ਅਮਰਜੀਤ ਕੌਰ ਵਿਧਵਾ ਅਨੂਪ ਸਿੰਘ (2) ਕਾਹਲਾ ਸਿੰਘ ਉਰਫ ਸੁਖਾ ਸਿੰਘ ਪੁੱਤਰ ਜੱਸਾ ਸਿੰਘ (3) ਪਰਮਜੀਤ ਸਿੰਘ ਪੁੱਤਰ ਮਲੂਕ ਸਿੰਘ (4) ਸੁਖਬੀਰ ਕੌਰ ਪੁੱਤਰੀ ਅਨੂਪ ਸਿੰਘ (5) ਸ਼ੇਰ ਸਿੰਘ ਪੁੱਤਰ ਮਲੂਕ ਸਿੰਘ (6) ਸੁਰਜੀਤ ਕੌਰ ਵਿਧਵਾ ਜੱਸਾ ਸਿੰਘ (7) ਸਵਿੰਦਰ ਕੌਰ ਪੁੱਤਰੀ ਜੱਸਾ ਸਿੰਘ (8) ਗੁੱਡੀ ਪੁੱਤਰੀ ਜੱਸਾ ਸਿੰਘ (9) ਗੁਰਪ੍ਰੀਤ ਸਿੰਘ ਪੁੱਤਰ ਸੁਖਾ ਸਿੰਘ (10) ਜਤਿੰਦਰ ਸਿੰਘ ਪੁੱਤਰ ਸੁਖਾ ਸਿੰਘ (11) ਬੂਟਾ ਸਿੰਘ ਪੁੱਤਰ ਜੱਸਾ ਸਿੰਘ (12) ਸੁਖਵੰਤ ਕੌਰ ਪਤਨੀ ਗੁਰਚਰਨ ਸਿੰਘ (13) ਅਮਰ ਕੌਰ ਪੁੱਤਰੀ ਜੱਸਾ ਸਿੰਘ (14) ਬਲਵਿੰਦਰ ਸਿੰਘ ਪੁੱਤਰ ਅਮਰ ਕੌਰ (15) ਭੁਪਿੰਦਰ ਸਿੰਘ ਪੁੱਤਰ ਅਮਰ ਕੌਰ (16) ਕੁਲਵਿੰਦਰ ਕੌਰ ਪੁੱਤਰੀ ਅਮਰ ਕੌਰ (17) ਬਲਵਿੰਦਰ ਕੌਰ ਪੁੱਤਰੀ ਅਮਰ ਕੌਰ (18) ਭੁਪਿੰਦਰ ਕੌਰ ਪੁੱਤਰੀ ਅਮਰ ਕੌਰ (19) ਸੁਖਵਿੰਦਰ ਕੌਰ ਪਤਨੀ ਰਣਧੀਰ ਸਿੰਘ (20) ਸੁਖਪਾਲ ਕੌਰ ਪਤਨੀ ਰਣਵੀਰ ਸਿੰਘ (21) ਹਰਦੇਵ ਕੌਰ ਪਤਨੀ ਅਜੈਬ ਸਿੰਘ (22) ਜਰਨੈਲ ਸਿੰਘ ਪੁੱਤਰ ਟੇਕ ਸਿੰਘ (23) ਹਰਦੀਪ ਸਿੰਘ ਪੁੱਤਰ ਭੂਰਾ ਸਿੰਘ (24) ਰਾਮਮਤੇਜ ਸਿੰਘ ਪੁੱਤਰ ਗੁਲਜ਼ਾਰ ਸਿੰਘ (25) ਅਮਨਦੀਪ ਕੌਰ ਪਤਨੀ ਸ਼ੇਰ ਸਿੰਘ (26) ਰਮਨੀਕ ਕੌਰ ਪਤਨੀ ਪਰਮਜੀਤ ਸਿੰਘ (27) ਹਰਵਿੰਦਰ ਸਿੰਘ ਪੁੱਤਰ ਬਲਦੇਵ ਸਿੰਘ (28) ਜੀਵਨ ਸਿੰਘ ਪੁੱਤਰ ਸੁਰਜੀਤ ਸਿੰਘ (29) ਰਵਿੰਦਰ ਕੌਰ ਪਤਨੀ ਲਖਵਿੰਦਰ ਸਿੰਘ (30) ਲਖਵਿੰਦਰ ਕੌਰ ਪਤਨੀ ਅਮਰਜੀਤ ਸਿੰਘ (31) ਹਰਦੀਪ ਸਿੰਘ ਦੋਹਤਰਾ ਮੁਕੰਦ ਸਿੰਘ (32) ਕੁਲਦੀਪ ਬਾਂਸਲ ਪੁੱਤਰ ਫਕੀਰ ਚੰਦ ਵਾਸੀ ਮੂਨਕ (33) ਗੁਰਵਿੰਦਰ ਸਿੰਘ ਪੁੱਤਰ ਕਰਮਜੀਤ ਸਿੰਘ (34) ਕਪੂਰ ਸਿੰਘ ਪੁੱਤਰ ਮੇਹਰ ਸਿੰਘ (35) ਹਮੀਰ ਸਿੰਘ ਪੁੱਤਰ ਗੁਲਜ਼ਾਰ ਸਿੰਘ (36) ਗੁਰਤੇਜ ਸਿੰਘ ਪੁੱਤਰ ਨਛੱਤਰ ਸਿੰਘ ਵਾਸੀਆਨ ਹਮੀਰਗੜ੍ਹ ਤਹਿ: ਮੂਨਕ ਜ਼ਿਲ੍ਹਾ ਸੰਗਰੂਰ। (ਮਸੂਲਾਨ)

ਦਰਖਾਸਤ ਦਰਖਾਸਤੀ ਗਿਰਦਾਵਰੀ ਸਾਲ ਸਾਉਣੀ 2025 ਤੋਂ ਹਾਲ ਜ਼ਮਾਂਬੰਦੀ ਸਾਲ 2020-2021 ਖਸਰਾ ਨੰ. 41//1(7-19), 2/1(3-12), 9/2(4-13) 41//10(8-0) ਕਿਤੇ 4 ਤੇਦਾਦੀ 24 ਕਨਾਲ 4 ਮਰਲੇ ਵਾਕਾ ਰਕਬਾ ਹਮੀਰਗੜ੍ਹ, ਤਹਿ: ਮੂਨਕ ਜ਼ਿਲ੍ਹਾ ਸੰਗਰੂਰ।

ਉਕਤ ਮੁਕੱਦਮਾ ਵਿੱਚ ਸਾਇਲ ਵੱਲੋਂ ਪੇਸ਼ ਹੋਈ ਦਰਖਾਸਤ ਅਨੁਸਾਰ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ ਉੱਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 01.07.2026 ਨੂੰ ਸਵੇਰੇ 11:00 ਵਜੇ ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦਾਇਲਾ ਨੂੰ ਵਿਦਿਤ (ਸੂਚਿਤ) ਕੀਤਾ ਜਾਂਦਾ ਹੈ ਕਿ ਉਕਤ ਤਾਰੀਖ ਪੇਸ਼ੀ 'ਤੇ ਆਪ ਜਾਂ ਵਕੀਲ ਰਾਹੀਂ ਅਦਾਲਤ ਵਿੱਚ ਪੇਸ਼ ਹੋਣ, ਨਹੀਂ ਤਾਂ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਅਤੇ ਮੋਹਰ ਅਦਾਲਤ ਹੇਠ ਮਿਤੀ 03.06.2026 ਨੂੰ ਜਾਰੀ ਕੀਤਾ ਗਿਆ।
ਨੰਬਰ : 141/ਰੀਡਰ-2 ਮਿਤੀ : 17.06.2026
ਸਹੀ/-ਸਹਾਇਕ ਕੁਲੈਕਟਰ ਦਰਜਾ ਸੈਕਿੰਡ-ਕਮ-ਨਾਇਬ ਤਹਿਸੀਲਦਾਰ ਮੂਨਕ।

ਉੱਤਰ ਰੇਲਵੇ

ਟੈਂਡਰ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਇਲੈਕਟ੍ਰਿਕ ਲੋਕੋ ਸ਼ੈਡ, ਉੱਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰਾ ਨੰ: 2025-26-17A ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 10.07.2026 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ। ਇਨ੍ਹਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੀ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਟੈਂਡਰਕਰਤਾ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਆਰਾ ਜਿਸ ਤਰ੍ਹਾਂ ਨੇਟ ਬੈਕਿੰਗ, ਡੇਬਿਟ ਕਾਰਡ ਤੇ ਕ੍ਰੇਡਿਟ ਕਾਰਡ ਤੋਂ ਭੁਗਤਾਨ ਕਰ ਸਕਦੇ ਹਨ।

ਟੈਂਡਰ ਨੰਬਰ	ਕੰਮਾਂ ਦਾ ਵੇਰਵਾ	ਅਨੁਮਾਨਿਤ ਲਾਗਤ (Rs.)	ਟੈਂਡਰ ਦੀ ਕੀਮਤ (Rs.)	ਟੈਂਡਰ ਦੀ ਸਮਾਪਨ ਮਿਤੀ ਤੇ ਸਮਾਂ	ਬਿਆਨਾ ਰਾਸ਼ੀ (Rs.)	ਕੰਮ ਦਾ ਸਮਾਂ	ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ	ਵੇਬਸਾਈਟ
2025-26-17A	ਇਲੈਕਟ੍ਰਿਕ ਲੋਕੋ ਸ਼ੈਡ, ਲੁਧਿਆਣਾ ਵਿਚ ਤਿੰਨ-ਫੇਜ ਇਲੈਕਟ੍ਰਿਕ ਲੋਕੋਮੋਟਿਵ ਦੇ ਲਈ ਟ੍ਰੈਕਸ਼ਨ ਮੋਟਰ ਡਰਾਪ ਡਿਟੈਕਸ਼ਨ ਸਿਸਟਮ (TMDDS) ਦੀ ਵਿਵਸਥਾ।	2575000/-	0/-	10.07.2026 15.00 ਵਜੇ ਤਕ	51500/-	24 ਮਹੀਨੇ	10.07.2026 15:00 ਵਜੇ ਦੇ ਬਾਦ	www.ireps.gov.in

ਨੰ:- Tender Notice No. 230-Elect/TRS/LDH/WC/TMDDS/2025-26/17A ਮਿਤੀ : 17.06.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2084/26

ਰਿਲਾਇੰਸ ਐਸੇਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ

11ਵੀਂ ਮੰਜ਼ਲ, ਉੱਤਰੀ ਪਾਸਾ, ਆਰ-ਟੈਕ ਪਾਰਕ,
ਵੈਸਟਰਨ ਐਕਸਪ੍ਰੈਸ ਹਾਈਵੇ, ਗੋਰੇਗਾਓਂ (ਪੂਰਬੀ), ਮੁੰਬਈ-400063

ਜਿਵੇਂ ਕਿ ਨਿਮਨ ਹਸਤਾਖਰੀ ਨੇ ਰਿਲਾਇੰਸ ਐਸੇਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਓਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ਼ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ਼ ਸਕਿਉਰਿਟੀ ਇੰਟਰੈਸਟ ਐਕਟ 2002, ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਡਿਮਾਂਡ ਨੋਟਿਸ ਜਾਰੀ ਕਰਕੇ ਹੇਠ ਸਾਰਣੀ ਵਿੱਚ ਦਰਸਾਏ ਕ੍ਰਮਵਾਰ ਕਰਜ਼ਦਾਰਾਂ/(ਕਰਜ਼ਦਾਰਾਂ) ਨੂੰ ਸਾਰਣੀ ਵਿੱਚ ਦਰਸਾਈ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਕਿਹਾ ਗਿਆ ਸੀ। ਕਰਜ਼ਦਾਰ ਰਕਮ ਅਦਾ ਕਰਨ ਵਿੱਚ ਅਸਫ਼ਲ ਰਹੇ ਹਨ। ਕਰਜ਼ਦਾਰ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ ਸੈਕਸ਼ਨ (4) ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠ ਦਰਸਾਈਆਂ ਜਾਇਦਾਦਾਂ ਦਾ ਕਬਜ਼ਾ ਲੈ ਲਿਆ ਹੈ। ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦੇ ਧਿਆਨ ਵਿੱਚ ਲਿਆਂਦਾ ਜਾਂਦਾ ਹੈ ਕਿ ਉਨ੍ਹਾਂ ਕੋਲ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐਸਟਸ ਛੁਡਾਉਣ ਲਈ ਸਮਾਂ ਉਪਲਬਧ ਹੈ।
ਖਾਸ ਤੌਰ 'ਤੇ ਕਰਜ਼ਦਾਰ (ਕਰਜ਼ਦਾਰਾਂ) ਅਤੇ ਆਮ ਜਨਤਾ ਨੂੰ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ ਤੋਂ ਖ਼ਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਰਿਲਾਇੰਸ ਐੱਸਟਸ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ ਨੂੰ ਰਕਮ ਦੀ ਮੁਕੰਮਲ ਅਦਾਇਗੀ ਤੱਕ ਰਕਮ ਅਤੇ ਹੋਰ ਖਰਚੇ ਦੀ ਅਦਾਇਗੀ ਦਾ ਵਿਸ਼ਾ ਹੈ।

ਕਰਜ਼ਦਾਰ ਅਤੇ ਗਰੰਟਰਾਂ ਦਾ ਨਾਂਅ	ਜਾਇਦਾਦ ਦਾ ਵੇਰਵਾ	ਭੌਤਿਕ ਕਬਜ਼ੇ ਦੀ ਮਿਤੀ	ਡਿਮਾਂਡ ਡਰਾਫਟ ਦੀ ਮਿਤੀ	ਡਿਮਾਂਡ ਨੋਟਿਸ ਦੀ ਮਿਤੀ ਨੂੰ ਬਕਾਇਆ ਰਕਮ
1. ਮੁਹੰਮਦ ਨਫ਼ੀਸ ਪੁੱਤਰ ਮੁਹੰਮਦ ਨਸੀਰ 2. ਤਸਨੀਮ ਪਤਨੀ ਮੁਹੰਮਦ ਨਫ਼ੀਸ 3. ਜ਼ੁਬੈਰ ਪੁੱਤਰ ਮੁਹੰਮਦ ਨਫ਼ੀਸ 4. ਜਾਵੇਦ ਅਲੀ ਪੁੱਤਰ ਜ਼ਾਹਿਦ ਹਸਨ	ਜ਼ਮੀਨ (ਰਿਹਾਇਸ਼ੀ) ਪਲਾਟ ਰਕਬਾ 60 ਵਰਗ ਗਜ਼, ਖਸਰਾ ਨੰ. 2/17, 14, 8, 13 ਖੱਤਾ ਨੰ. 215/219 ਜਮ੍ਹਾਂਬੰਦੀ ਸਾਲ 2011-2012 ਪਿੰਡ ਜਮਾਲਪੁਰ ਅਵਾਣਾ ਵਿਖੇ ਸਥਿਤ, ਅਬਾਦੀ ਮਹਾਤਮਾ ਇਨਕਲੇਵ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਹੱਦਬਸਤ ਨੰ. 177 ਸ੍ਰੀ ਮੁਹੰਮਦ ਨਫ਼ੀਸ ਪੁੱਤਰ ਮੁਹੰਮਦ ਨਸੀਰ ਦੇ ਨਾਂਅ, ਵਾਸੀ ਮਕਾਨ 7554, ਗਲੀ ਨੰ. 1/2, ਵਾਰਡ ਨੰ. 8, ਗੁਰੂ ਗੋਬਿੰਦ ਨਗਰ, ਲੁਧਿਆਣਾ ਬੈਨਾਮਾ ਵਸੀਕਾ ਨੰ. 2021-22/106/1/14915 ਮਿਤੀ 31.12.2021 ਅਨੁਸਾਰ।	16.06.2026	26.12.2025	ਰੁਪਏ 5,23,269/- (ਪੰਜ ਲੱਖ ਤੇਈ ਹਜ਼ਾਰ ਦੋ ਸੌ ਉਨੱਤਰ ਰੁਪਏ ਕੇਵਲ)

ਮਿਤੀ : 17.06.2026 ਸਥਾਨ : ਜਲੰਧਰ ਅਧਿਕਾਰਤ ਅਫ਼ਸਰ

ਕਾਰਵਾਈ ਕਮੇਟੀ

ਪੰਜਾਬ ਕੋਆਪਰੇਟਿਵ ਸੋਸਾਇਟੀਆਂ ਐਕਟ 1961, ਰੂਲ 1963 (ਸਮੇਂ-ਸਮੇਂ ਸਿਰ ਸੋਧ ਹੋਈ) ਅਤੇ ਮਾਣਯੋਗ ਰਜਿਸਟਰਾਰ, ਕੋਆਪਰੇਟਿਵ ਸੋਸਾਇਟੀਆਂ ਪੰਜਾਬ ਚੰਡੀਗੜ੍ਹ ਵੱਲੋਂ ਜਾਰੀ ਹੁਕਮਾਂ ਅਨੁਸਾਰ ਬੈਂਕ ਦੇ ਬਾਈਲਾਜ਼ ਅਨੁਸਾਰ ਦੀ ਕਾਹਨੂੰਵਾਨ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ. ਕਾਹਨੂੰਵਾਨ ਦੀ ਪ੍ਰਬੰਧਕ ਕਮੇਟੀ ਦੇ ਨੌਂ (9) ਕਮੇਟੀ ਮੈਂਬਰਾਂ ਦੀ ਚੋਣ ਮਿਤੀ 10.07.2026 ਦਿਨ ਸ਼ੁੱਕਰਵਾਰ ਨੂੰ ਹੇਠ ਲਿਖੇ ਅਨੁਸਾਰ ਕਰਵਾਈ ਜਾਵੇਗੀ।

ਉਪ ਰਜਿਸਟਰਾਰ ਕੋਆਪਰੇਟਿਵ ਸੋਸਾਇਟੀਆਂ ਗੁਰਦਾਸਪੁਰ ਜੀ ਦੇ ਹੁਕਮ ਨੰਬਰ ਪਿੱਠ ਅੰਕਣ ਨੰ: ਡੀ. ਆਰ. ਜੀ/ਲੇਖਾਕਾਰ/881-883 ਮਿਤੀ 20.04.2026 ਰਾਹੀਂ ਜ਼ੋਨ ਪ੍ਰਵਾਨ ਹੋਣ ਉਪਰੰਤ ਚੋਣ ਪ੍ਰੋਗਰਾਮ ਭੇਜਣ ਲਈ ਲਿਖਿਆ ਗਿਆ ਸੀ।ਮਾਣਯੋਗ ਡਿਪਟੀ ਰਜਿਸਟਰਾਰ ਗੁਰਦਾਸਪੁਰ ਦੇ ਹੁਕਮ ਪਿੱਠ ਅੰਕਣ ਨੰ. ਡੀ.ਆਰ. ਜੀ. 679-8। ਮਿਤੀ 18.03.2026 ਰਾਹੀਂ ਚੋਣ ਮੈਨੇਜਰ ਦੀ ਮਨਜ਼ੂਰੀ ਪ੍ਰਾਪਤ ਹੋਈ ਹੈ।

ਪ੍ਰਬੰਧਕ ਕਮੇਟੀ ਦੀ ਚੋਣ ਲਈ ਚੋਣ ਪ੍ਰੋਗਰਾਮ

ਲੜੀ ਨੰਬਰ	ਵੇਰਵਾ	ਮਿਤੀ	ਸਮਾਂ	ਸਥਾਨ	ਕਿਸ ਅਧਿਕਾਰੀ ਪਾਸ ਹੈ
1	ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਮਿਤੀ ਅਤੇ ਸਮਾਂ	07.07.2026	09.00 ਵਜੇ ਤੋਂ 11.00 ਵਜੇ ਤੱਕ	ਪੀ.ਏ.ਡੀ.ਬੀ. ਕਾਹਨੂੰਵਾਨ	ਰਿਟਰਨਿੰਗ ਅਫਸਰ ਪਾਸ
2	ਨਾਮਜ਼ਦਗੀ ਉਮੀਦਵਾਰਾਂ ਦੀ ਸੂਚੀ ਨੋਟਿਸ ਬੋਰਡ 'ਤੇ ਲਗਾਉਣ ਦੀ ਮਿਤੀ ਅਤੇ ਸਮਾਂ	07.07.2026	11.00 ਤੋਂ 11.30 ਵਜੇ ਤੱਕ	ਉਹੀ	ਉਹੀ
3	ਨਾਮਜ਼ਦਗੀ ਉਮੀਦਵਾਰਾਂ ਜਾਂ ਪ੍ਰਸਤਾਵਿਕ ਵੱਲੋਂ ਨਾਮਜ਼ਦਗੀ ਪੱਤਰਾਂ 'ਤੇ ਇਤਰਾਜ਼ ਦੇਣ ਦੀ ਮਿਤੀ	07.07.2026	11.30 ਤੋਂ ਦੁਪਹਿਰ 1.00 ਵਜੇ ਤੱਕ	ਉਹੀ	ਉਹੀ
4	ਇਤਰਾਜ਼ਾਂ ਦੀ ਸੁਣਵਾਈ ਦੀ ਮਿਤੀ ਅਤੇ ਸਮਾਂ	07.07.2026	ਦੁਪਹਿਰ 1.00 ਤੋਂ 3.00 ਵਜੇ ਤੱਕ	ਉਹੀ	ਉਹੀ
5	ਨਾਮਜ਼ਦਗੀ ਪੱਤਰਾਂ ਦੀ ਪੜਤਾਲ ਦੀ ਮਿਤੀ ਅਤੇ ਸਮਾਂ	07.07.2026	3.00 ਤੋਂ 4.00 ਵਜੇ ਤੱਕ	ਉਹੀ	ਉਹੀ
6	ਨਾਮਜ਼ਦ ਉਮੀਦਵਾਰਾਂ ਦੀ ਜਾਇਜ਼ ਸੂਚੀ ਦੀ ਪ੍ਰਦਰਸ਼ਨੀ	7.07.2026	4.00 ਤੋਂ 4.30 ਵਜੇ ਤੱਕ	ਉਹੀ	ਉਹੀ
7	ਵਾਪਸੀ ਲੈਣ ਦੀ ਅੰਤਿਮ ਮਿਤੀ ਅਤੇ ਸਮਾਂ	7.07.2026	4.30 ਤੋਂ 5.00 ਵਜੇ ਤੱਕ	ਉਹੀ	ਉਹੀ
8	ਬਿਨਾਂ ਮੁਕਾਬਲਾ ਚੁਣੇ ਗਏ ਉਮੀਦਵਾਰਾਂ ਦੀ ਸੂਚੀ ਜਾਰੀ ਕਰਨ ਦੀ ਮਿਤੀ ਅਤੇ ਸਮਾਂ	7.07.2026	5.00 ਵਜੇ ਤੱਕ	ਉਹੀ	ਉਹੀ
9	ਚੋਣ ਨਿਸ਼ਾਨ ਅਲਾਟ ਕਰਨ ਦੀ ਮਿਤੀ ਅਤੇ ਸਮਾਂ	8.07.2026	ਸਵੇਰੇ 9.00 ਤੋਂ 9.30 ਵਜੇ ਤੱਕ	ਉਹੀ	ਉਹੀ
10	ਚੋਣ ਲੜਨ ਵਾਲੇ ਉਮੀਦਵਾਰਾਂ ਦੀ ਸੂਚੀ ਨੋਟਿਸ ਬੋਰਡ 'ਤੇ ਚਪਕਾਉਣ ਦੀ ਮਿਤੀ ਅਤੇ ਸਮਾਂ	8.07.2026	5.00 ਵਜੇ ਤੱਕ	ਉਹੀ	ਉਹੀ
11	ਬੈਲਟ ਪੇਪਰ ਦੀ ਛਪਾਈ ਲਈ ਰਿਜ਼ਰਵ ਕੀਤਾ ਗਿਆ ਦਿਨ	9.07.2026	-----	-----	-----
12	ਚੋਣ ਮੁਕਾਬਲਾ ਹੋਣ ਦੀ ਸਥਿਤੀ ਵਿੱਚ ਵੋਟਿੰਗ ਦੀ ਮਿਤੀ ਅਤੇ ਸਮਾਂ	10.07.2026	9.00 ਤੋਂ 1.00 ਵਜੇ ਤੱਕ	ਉਹੀ	ਉਹੀ
13	ਵੋਟਾਂ ਦੀ ਗਿਣਤੀ ਦੀ ਮਿਤੀ ਅਤੇ ਸਮਾਂ	10.07.2026	ਦੁਪਹਿਰ. 1.00 ਤੋਂ 3.00 ਵਜੇ ਤੱਕ	ਉਹੀ	
14	ਨਤੀਜਾ ਘੋਸ਼ਿਤ ਕਰਨ ਦੀ ਮਿਤੀ ਅਤੇ ਸਮਾਂ	10.07.2026	ਦੁਪਹਿਰ 3.00 ਵਜੇ ਉਪਰੰਤ	ਨਤੀਜੇ ਤੁਰੰਤ ਬਾਅਦ ਰਿਟਰਨਿੰਗ ਅਧਿਕਾਰੀ ਵੱਲੋਂ ਘੋਸ਼ਿਤ ਕੀਤੇ ਜਾਣਗੇ	

ਨੋਟ : ਚੋਣ ਬੂਥ ਬੈਲਟ ਪੇਪਰ ਰਾਹੀਂ ਹੋਵੇਗੀ। ਵੋਟ ਪਾਉਣ ਲਈ ਨਿਯਮਿਤ ਜਾਣਕਾਰੀ ਹੇਠ ਲਿਖੇ ਅਨੁਸਾਰ ਹੈ :

ਲੜੀ ਨੰ.	ਚੋਣ ਮਿਤੀ	ਜ਼ੋਨ ਨੰ:	ਜ਼ੋਨ ਦਾ ਨਾਂਅ	ਸਮਾਂ	ਵੋਟਿੰਗ ਦਾ ਸਥਾਨ
1.	10.07.2026	1	ਭੈਣੀ ਬਾਂਗਰ (ਜਨਰਲ ਸੀਟ ਲਈ)	ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ	ਦੀ ਬਾਗੜੀਆਂ ਬਹੁਮੰਤਵੀ ਸਹਿਕਾਰੀ ਸਭਾ ਲਿਮ.
2.	10.07.2026	2	ਤੁਗਲਵਾਲ (ਜਨਰਲ ਸੀਟ ਲਈ)	ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ	ਦੀ ਤੁਗਲਵਾਲ ਬਹੁਮੰਤਵੀ ਸਹਿਕਾਰੀ ਸਭਾ ਲਿਮ.
3.	10.07.2026	3	ਫੱਤੂ ਬਰਕਤ (ਰਾਖਵੀਂ ਇਸਤਰੀ ਲਈ)	ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ	ਦੀ ਫੱਤੂਬਰਕਤ ਬਹੁਮੰਤਵੀ ਸਹਿਕਾਰੀ ਸਭਾ ਲਿਮ.
4.	10.07.2026	4	ਮੁੱਲਾਂਵਾਲ (ਜਨਰਲ ਸੀਟ ਲਈ)	ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ	ਦੀ ਚੱਕਸਰੀਫ ਬਹੁਮੰਤਵੀ ਸਹਿਕਾਰੀ ਸਭਾ ਲਿਮ.
5.	10.07.2026	5	ਡੇਅਰੀਵਾਲ ਦਰੋਗਾ (ਰਾਖਵੀਂ ਇਸਤਰੀ ਲਈ)	ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ	ਦੀ ਗਿੱਲ ਮੰਞ ਬਹੁਮੰਤਵੀ ਸਹਿਕਾਰੀ ਸਭਾ ਲਿਮ.
6.	10.07.2026	6	ਰਾਜੂ ਬੇਲਾ (ਜਨਰਲ ਸੀਟ ਲਈ)	ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ	ਦੀ ਗੁਨੋਪੁਰ ਬਹੁਮੰਤਵੀ ਸਹਿਕਾਰੀ ਸਭਾ ਲਿਮ.
7.	10.07.2026	7	ਭੈਣੀ ਮੀਆਂ ਖਾਨ (ਜਨਰਲ ਸੀਟ ਲਈ)	ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ	ਦੀ ਭੈਣੀ ਮੀਆਂ ਖਾਨ ਬਹੁਮੰਤਵੀ ਸਹਿਕਾਰੀ ਸਭਾ ਲਿਮ.
8.	10.07.2026	8	ਫੇਰੋਚੇਚੀ (ਜਨਰਲ ਸੀਟ ਲਈ)	ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ	ਦੀ ਨੈਨੋਕੋਟ ਬਹੁਮੰਤਵੀ ਸਹਿਕਾਰੀ ਸਭਾ ਲਿਮ.
9.	10.07.2026	9	ਕਾਹਨੂੰਵਾਨ (ਅਨੁਸੂਚਿਤ ਜਾਤੀ ਦੇ) ਮੈਂਬਰਾਂ ਲਈ ਰਾਖਵਾਂ	ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ	ਦੀ ਕਾਲਾ ਬਾਲਾ ਬਹੁਮੰਤਵੀ ਸਹਿਕਾਰੀ ਸਭਾ ਲਿਮ.
10.	10.07.2026			1 ਵਜੇ ਤੋਂ 3 ਵਜੇ ਤੱਕ	ਵੋਟਾਂ ਦੀ ਗਿਣਤੀ ਪ੍ਰੀਜ਼ਾਇਡਿੰਗ ਅਫਸਰਾਂ ਵੱਲੋਂ ਜ਼ੋਨਵਾਰ ਵੋਟਾਂ ਪੈਣ ਤੋਂ ਤੁਰੰਤ ਬਾਅਦ ਕੀਤੀ ਜਾਵੇਗੀ ਅਤੇ ਪ੍ਰਜ਼ਾਇਡਿੰਗ ਅਫਸਰ ਚੋਣ ਦੇ ਰਿਜ਼ਲਟ ਤੁਰੰਤ ਰਿਟਰਨਿੰਗ ਅਫਸਰ ਨੂੰ ਸੌਂਪਣਗੇ ਅਤੇ ਰਿਟਰਨਿੰਗ ਅਫਸਰ ਵੱਲੋਂ ਚੋਣ ਨਤੀਜੇ ਦਾ ਐਲਾਨ ਕੀਤਾ ਜਾਵੇਗਾ।

ਚੋਣ ਸੰਬੰਧੀ ਹਦਾਇਤਾਂ :-

1) ਚੋਣ ਐਕਟ, ਰੂਲਜ਼ ਤੇ ਬਾਇਲਾਜ਼ ਅਤੇ ਮਹਿਕਮੇ ਵੱਲੋਂ ਸਮੇਂ ਸਮੇਂ ਜਾਰੀ ਹੋਈਆਂ ਹਦਾਇਤਾਂ ਅਨੁਸਾਰ ਕਰਵਾਈ ਜਾਵੇਗੀ।
2) ਜ਼ੋਨਾਂ ਦੀਆਂ ਵੋਟਰ ਸੂਚੀਆਂ ਬੈਂਕ ਦੇ ਦਫਤਰ ਤੋਂ 500/- ਰੁਪਏ ਪ੍ਰਤੀ ਜ਼ੋਨ ਦੀ ਕੀਮਤ 'ਤੇ ਮਿਲ ਸਕਦੀਆਂ ਹਨ।
3) ਅਨੁਸੂਚਿਤ ਜਾਤੀ ਦੇ ਮੈਂਬਰਾਂ ਨੂੰ ਨਾਮਜ਼ਦਗੀ ਪੱਤਰ ਦਾਖਲ ਕਰਨ ਸਮੇਂ ਜਾਤੀ ਸਰਟੀਫਿਕੇਟ ਦੀ ਕਾਪੀ ਲਗਾਉਣੀ ਲਾਜ਼ਮੀ ਹੋਵੇਗੀ।
4) ਬੈਂਕ ਦੇ ਸੋਧੇ ਹੋਏ ਬਾਈਲਾਜ਼ ਅਨੁਸਾਰ ਹਿੱਸੇਦਾਰੀ ਦੀ ਫੀਸ 500/-ਰੁਪਏ ਹੈ ਅਤੇ 500/- ਰੁਪਏ ਤੋਂ ਘੱਟ ਹਿੱਸੇਦਾਰੀ ਵਾਲੇ ਮੈਂਬਰ ਨੂੰ ਵੋਟ ਪਾਉਣ ਦਾ ਹੱਕ ਨਹੀਂ ਹੋਵੇਗਾ ਅਤੇ ਮਿਤੀ 06.04.2026 ਬਾਅਦ ਬਣੇ ਮੈਂਬਰ ਚੋਣ ਪ੍ਰਕਿਰਿਆ ਵਿੱਚ ਹਿੱਸਾ ਨਹੀਂ ਲੈ ਸਕਦੇ।
5) ਡਿਫਾਲਟਰ ਮੈਂਬਰ ਨੂੰ ਵੋਟ ਪਾਉਣ ਦਾ ਅਧਿਕਾਰ ਨਹੀਂ ਹੋਵੇਗਾ, ਪਰ ਡਿਫਾਲਟਰ ਮੈਂਬਰ ਜੇਕਰ ਮੌਕੇ 'ਤੇ ਰਕਮ ਭਰ ਕੇ ਅਸਲ ਰਸੀਦ ਪੇਸ਼ ਕਰਦਾ ਹੈ, ਉਹ ਵੋਟ ਪਾ ਸਕਦਾ ਹੈ।
6) ਕਿਸੇ ਵੀ ਵਿਅਕਤੀ ਨੂੰ ਵੋਟ ਪਾਉਣ ਵਾਲੇ ਸਥਾਨ 'ਤੇ ਅਸਲਾ/ਹਥਿਆਰ ਅਤੇ ਨਾਜਾਇਜ਼ ਪਦਾਰਥ ਲੈ ਕੇ ਆਉਣ ਦੀ ਆਗਿਆ ਨਹੀਂ ਹੋਵੇਗੀ।

ਸਹੀ/- ਮੈਨੇਜਰ
ਪੀ. ਏ. ਡੀ. ਬੀ. ਕਾਹਨੂੰਵਾਨ

ਸਹੀ/- ਚੋਣ ਮੈਨੇਜਰ
ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ, ਡੇਰਾ ਬਾਬਾ ਨਾਨਕ।

1076 ਡੋਰਸਟੈਪ ਡਿਲੀਵਰੀ ਸਿਸਟਮ ਨੇ ਨਾਗਰਿਕ ਸੇਵਾਵਾਂ 'ਚ ਲਿਆਂਦਾ ਵੱਡਾ ਬਦਲਾਅ

3.10 ਲੱਖ ਤੋਂ ਵੱਧ ਬਿਨੈਕਾਰਾਂ ਨੇ ਸਹੂਲਤ ਦਾ ਲਿਆ ਲਾਭ

ਚੰਡੀਗੜ੍ਹ (ਗੁਰਜੀਤ ਬਿੱਲਾ)- 'ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ' ਯੋਜਨਾ ਤਹਿਤ 1076 ਹੈਲਪਲਾਈਨ ਅਤੇ ਡੋਰਸਟੈਪ ਡਿਲੀਵਰੀ ਪ੍ਰਣਾਲੀ ਨਾਗਰਿਕਾਂ ਤੱਕ ਸਰਕਾਰੀ ਸੇਵਾਵਾਂ ਪਹੁੰਚਾਉਣ ਦੇ ਢੰਗ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆ ਰਹੀ ਹੈ। ਇਸ ਪਹਿਲ ਨੇ ਸੇਵਾਵਾਂ ਦੇਣ ਵਿੱਚ ਹੋਣ ਵਾਲੀ ਦੇਰੀ ਨੂੰ ਘਟਾਇਆ ਹੈ, ਵਿਚੋਲਿਆਂ ਉੱਤੇ ਨਿਰਭਰਤਾ ਘਟਾਈ ਹੈ ਅਤੇ ਸ਼ਾਸਨ ਨੂੰ ਹੋਰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਬਣਾਇਆ ਹੈ।ਤਕਨਾਲੋਜੀ-ਆਧਾਰਿਤ ਇਸ ਪ੍ਰਣਾਲੀ ਰਾਹੀਂ ਹੁਣ ਤੱਕ 3.10 ਲੱਖ ਤੋਂ ਵੱਧ ਸੇਵਾਵਾਂ ਨਾਗਰਿਕਾਂ ਤੱਕ ਪਹੁੰਚਾਈਆਂ ਜਾ ਚੁੱਕੀਆਂ ਹਨ। ਵੱਖ-ਵੱਖ ਵਿਭਾਗਾਂ ਵਿੱਚ ਲੰਬਿਤ ਮਾਮਲਿਆਂ ਦੀ ਦਰ ਘਟ ਕੇ ਕੇਵਲ 0.33 ਫੀਸਦੀ ਰਹਿ ਗਈ ਹੈ।ਹੁਣ ਨਾਗਰਿਕ 1076 ਹੈਲਪਲਾਈਨ 'ਤੇ ਕਾਲ ਕਰਕੇ ਜਾਂ ਵਟਸਐਪ, ਆਨਲਾਈਨ ਪੋਰਟਲ ਅਤੇ ਸੇਵਾ ਕੇਂਦਰਾਂ ਰਾਹੀਂ ਅਪਾਇੰਟਮੈਂਟ ਬੁੱਕ ਕਰਕੇ 437 ਸਰਕਾਰੀ ਸੇਵਾਵਾਂ ਦਾ ਲਾਭ ਲੈ ਸਕਦੇ ਹਨ। ਅਪਾਇੰਟਮੈਂਟ ਤੈਅ ਹੋਣ ਤੋਂ ਬਾਅਦ ਸਿਖਲਾਈ ਪ੍ਰਾਪਤ ਡੋਰਸਟੈਪ ਡਿਲੀਵਰੀ ਆਪਰੇਟਰ ਨਾਗਰਿਕਾਂ ਦੇ ਘਰ ਪਹੁੰਚਦੇ ਹਨ, ਲੋੜੀਂਦੇ ਦਸਤਾਵੇਜ਼ ਇਕੱਠੇ ਕਰਦੇ ਹਨ, ਅਰਜ਼ੀਆਂ ਭਰਨ ਵਿੱਚ ਸਹਾਇਤਾ ਕਰਦੇ ਹਨ ਅਤੇ ਆਨਲਾਈਨ ਅਰਜ਼ੀਆਂ ਜਮ੍ਹਾਂ ਕਰਵਾਉਂਦੇ ਹਨ, ਜਿਸ ਨਾਲ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਲਗਾਉਣ ਦੀ ਲੋੜ ਖ਼ਤਮ ਹੋ ਜਾਂਦੀ ਹੈ। ਨਾਗਰਿਕ ਹੁਣ ਸਰਟੀਫਿਕੇਟ ਅਤੇ ਮਨਜ਼ੂਰੀਆਂ ਐੱਸ ਐੱਮ ਐੱਸ, ਵਟਸਐਪ ਅਤੇ ਘਰ ਤੱਕ ਡਿਲੀਵਰੀ ਰਾਹੀਂ ਪ੍ਰਾਪਤ ਕਰ ਰਹੇ ਹਨ, ਜਿਸ ਨਾਲ ਸਰਕਾਰੀ ਸੇਵਾਵਾਂ ਹੋਰ ਸੌਖੀਆਂ ਅਤੇ ਪਹੁੰਚਯੋਗ ਬਣ ਗਈਆਂ ਹਨ।ਇਸ ਪਹਿਲ ਦੀ

ਮਦਦ ਨਾਲ ਤਸਦੀਕ (ਵੈਰੀਫਿਕੇਸ਼ਨ) ਪ੍ਰਕਿਰਿਆ ਵਿੱਚ ਵੀ ਮਹੱਤਵਪੂਰਨ ਬਦਲਾਅ ਆਇਆ ਹੈ। ਪਟਵਾਰੀਆਂ, ਨੰਬਰਦਾਰਾਂ, ਸਰਪੰਚਾਂ, ਨਗਰ ਕੌਂਸਲਰਾਂ ਅਤੇ ਵਿਭਾਗੀ ਅਧਿਕਾਰੀਆਂ ਵੱਲੋਂ ਆਨਲਾਈਨ ਤਸਦੀਕ ਦੀ ਵਿਵਸਥਾ ਨਾਲ ਕਾਗਜ਼ੀ ਕਾਰਵਾਈ ਵਿੱਚ ਕਮੀ ਆਈ ਹੈ, ਦਫ਼ਤਰਾਂ ਵਿੱਚ ਖ਼ੁਦ ਜਾਣ ਦੀ ਲੋੜ ਘਟੀ ਹੈ ਅਤੇ ਪਾਰਦਰਸ਼ਤਾ ਤੇ ਜਵਾਬਦੇਹੀ ਵਿੱਚ ਵਾਧਾ ਹੋਇਆ ਹੈ। ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨੀਕ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸ਼ਾਸਨ ਨੂੰ ਹੋਰ ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣ ਲਈ ਤਕਨਾਲੋਜੀ ਦੀ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ, ਤਕਨਾਲੋਜੀ ਸ਼ਾਸਨ ਦਾ ਬਦਲ ਨਹੀਂ, ਸਗੋਂ ਇਸ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦਾ ਸਾਧਨ ਹੈ।

ਰੌੜੀ ਵੱਲੋਂ ਵੱਖ-ਵੱਖ ਪੰਚਾਇਤਾਂ ਨਾਲ ਲੋਕ ਮਿਲਣੀ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਮੁੱਖ ਮੰਤਰੀ ਖੇਡ ਮੈਦਾਨ ਯੋਜਨਾ ਨੂੰ ਹਰ ਪਿੰਡ ਤੱਕ ਪਹੁੰਚਾਉਣ ਦੇ ਮੰਤਵ ਨਾਲ ਬੀ ਡੀ ਪੀ ਓ

ਦਫ਼ਤਰ ਗੜ੍ਹਸ਼ੰਕਰ ਵਿਖੇ ਹਲਕੇ ਦੀਆਂ ਵੱਖ-ਵੱਖ ਪੰਚਾਇਤਾਂ ਨਾਲ ਵਿਸ਼ੇਸ਼ ਲੋਕ ਮਿਲਣੀ ਕੀਤੀ। ਇਸ ਦੌਰਾਨ ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਪਿੰਡਾਂ ਵਿੱਚ ਖੇਡ ਢਾਂਚੇ ਨੂੰ ਮਜ਼ਬੂਤ ਕਰਕੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਦਾ ਟੀਚਾ ਹਰ ਪਿੰਡ ਵਿੱਚ ਆਧੁਨਿਕ ਸਹੂਲਤਾਂ ਵਾਲੇ ਖੇਡ ਮੈਦਾਨ ਤਿਆਰ ਕਰਨਾ ਹੈ ਤਾਂ ਜੋ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਰਾਸ਼ਟਰੀ-ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਦਾ ਨਾਂਅ ਰੌਸ਼ਨ ਕਰਨ ਦੇ ਮੌਕੇ ਮਿਲ ਸਕਣ। ਉਨ੍ਹਾਂ ਪੰਚਾਇਤ ਨੁਮਾਇੰਦਿਆਂ ਨਾਲ ਖੇਡ ਮੈਦਾਨਾਂ ਦੀ ਉਸਾਰੀ, ਰੱਖ-ਰਖਾਅ ਅਤੇ ਨੌਜਵਾਨਾਂ ਦੀ ਭਾਗੀਦਾਰੀ ਵਧਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਖੇਡਾਂ ਨੂੰ ਨਸ਼ਿਆਂ ਖ਼ਿਲਾਫ਼ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਦੱਸਿਆ। ਰੌੜੀ ਨੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਖੇਡ ਮੈਦਾਨਾਂ ਲਈ ਯੋਗ ਥਾਵਾਂ ਦੀ ਪਛਾਣ ਕਰਕੇ ਜਲਦ ਪ੍ਰਸਤਾਵ ਭੇਜਣ ਤਾਂ ਜੋ ਵਿਕਾਸ ਕਾਰਜਾਂ ਨੂੰ ਤੁਰੰਤ ਮਨਜ਼ੂਰੀ ਦਿੱਤੀ ਜਾ ਸਕੇ ਅਤੇ ਬਾਕੀ 31 ਖੇਡ ਗਰਾਊਂਡਾਂ ਦਾ ਨਿਰਮਾਣ ਜਲਦੀ ਤੋਂ ਜਲਦੀ ਕੀਤਾ ਜਾ ਸਕੇ। ਇਸ ਮੌਕੇ ਪੰਚਾਇਤ ਨੁਮਾਇੰਦਿਆਂ ਨੇ ਆਪਣੇ-ਆਪਣੇ ਪਿੰਡਾਂ ਨਾਲ ਸਬੰਧਿਤ ਮਸਲੇ ਅਤੇ ਸੁਝਾਅ ਵੀ ਡਿਪਟੀ ਸਪੀਕਰ ਸਾਹਮਣੇ ਰੱਖੇ। ਰੌੜੀ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਹਲਕੇ ਦੇ ਹਰ ਪਿੰਡ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਿਆ ਜਾਵੇਗਾ।

ਵਿਧਾਇਕ ਦੀ ਅਗਵਾਈ ਹੇਠ ਮੋਹਾਲੀ ਤੋਂ ਦੋ ਬੱਸਾਂ ਤੀਰਥ ਯਾਤਰਾ ਲਈ ਰਵਾਨਾ

ਮੋਹਾਲੀ (ਗੁਰਜੀਤ ਬਿੱਲਾ) ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵਿਧਾਨ ਸਭਾ ਹਲਕਾ ਮੋਹਾਲੀ ਤੋਂ 2 ਬੱਸਾਂ ਅੰਮ੍ਰਿਤਸਰ ਲਈ ਰਵਾਨਾ ਹੋਈਆਂ, ਸ਼ਰਧਾਲੂਆਂ ਨਾਲ ਭਰੀ ਇੱਕ ਬੱਸ-ਜੀ ਬਲਾਕ-ਐਰੋਸਿਟੀ ਮੋਹਾਲੀ ਤੋਂ ਨਸ਼ਾ ਮੁਕਤੀ ਮੋਰਚਾ-ਹਲਕਾ ਇੰਚਾਰਜ ਕਵਲਜੀਤ ਸਿੰਘ ਦੀ ਅਗਵਾਈ ਹੇਠ ਜਦਕਿ 61ਵੀਂ ਬੱਸ ਕੌਂਸਲਰ ਨਸੀਬ ਸਿੰਘ ਸੰਧੂ ਦੀ ਅਗਵਾਈ ਹੇਠ ਰਵਾਨਾ ਕੀਤੀ ਗਈ, ਇਹਨਾਂ ਬੱਸਾਂ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ ਅਤੇ ਸਟੇਟ ਅਵਾਰਡੀ ਫੂਲਰਾਜ ਸਿੰਘ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਪੱਤਰਕਾਰਾਂ ਨਾਲ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸਬੰਧੀ ਗੱਲਬਾਤ ਕਰਦੇ ਹੋਏ ਹਲਕਾ ਕੋਆਰਡੀਨੇਟਰ-ਫੂਲਰਾਜ ਸਿੰਘ ਹੋਰਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਇਹ ਦਿਲੀ ਇੱਛਾ ਸੀ ਕਿ ਪੰਜਾਬ ਭਰ ਦੇ ਸੀਨੀਅਰ ਸਿਟੀਜਨ ਨੂੰ ਸੰਗਤੀ ਰੂਪ ਦੇ ਵਿੱਚ ਤੀਰਥ ਯਾਤਰਾ ਕਰਵਾਈ ਜਾਵੇ ਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਮੋਹਾਲੀ ਹਲਕੇ ਸਮੇਤ ਪੰਜਾਬ ਭਰ ਦੇ ਵਿੱਚੋਂ ਵੱਡੀ ਗਿਣਤੀ ਵਿੱਚ ਬੱਸਾਂ ਰੋਜ਼ਾਨਾ ਹੀ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਵਾਹਗਾ ਬਾਰਡਰ ਅਤੇ ਜਲਿਆਂ ਵਾਲੇ ਬਾਗ ਦੇ ਦਰਸ਼ਨ ਕਰ ਦੇ ਲਈ ਜਾ ਰਹੀਆਂ ਇਸ ਮੌਕੇ ਤੇ ਹਲਕਾ ਕੋਆਰਡੀਨੇਟਰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਫੂਲਰਾਜ ਸਿੰਘ, ਕਵਲਜੀਤ ਸਿੰਘ ਹਲਕਾ ਇੰਚਾਰਜ ਨਸ਼ਾ ਮੁਕਤੀ ਮੋਰਚਾ, ਕੌਂਸਲਰ ਨਸੀਬ ਸਿੰਘ ਸੰਧੂ, ਰਣਧੀਰ ਸਿੰਘ, ਅਰਸ਼ਲੀਨ ਕੌਰ ਆਹਲੂਵਾਲੀਆ, ਕੁਲਦੀਪ ਸਿੰਘ, ਰਾਜਵਿੰਦਰ ਸਿੰਘ ਭਾਟੀਆ, ਲਖਵਿੰਦਰ ਸਿੰਘ, ਅਮਰੀਕ ਸਿੰਘ, ਦਵਿੰਦਰ ਨੇਗੀ ਵੀ ਹਾਜ਼ਰ ਸਨ।

ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਬਚਾਉਂਦੀ ਹੈ ਐੱਚ ਪੀ ਵੀ ਵੈਕਸੀਨ : ਡਾ. ਗਿਰੀਸ਼ ਡੋਗਰਾ

ਮੋਹਾਲੀ (ਗੁਰਜੀਤ ਬਿੱਲਾ)- ਜ਼ਿਲ੍ਹੇ ਵਿਚ ਐੱਚ ਪੀ ਵੀ ਟੀਕਾਕਰਨ ਲਈ ਜਾਗਰੂਕਤਾ ਦਾ ਕੰਮ ਪੂਰੀ ਤੇਜ਼ੀ ਨਾਲ ਚੱਲ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਘਰ–ਘਰ ਜਾ ਕੇ ਲੋਕਾਂ ਨੂੰ ਦੱਸ ਰਹੀਆਂ ਹਨ ਕਿ ਇਹ ਐਚ.ਪੀ.ਵੀ. ਵੈਕਸੀਨ ਪੂਰੀ ਤਰ੍ਹਾਂ ਸੁਰੱਖਿਅਤ ਹੈ ਅਤੇ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਜਿਹੀ ਨਾਮੁਰਾਦ ਬੀਮਾਰੀ ਤੋਂ ਧੀਆਂ ਨੂੰ ਬਚਾਉਣ ਵਿਚ ਸਹਾਈ ਸਾਬਤ ਹੁੰਦੀ ਹੈ। ਉਨ੍ਹਾਂ ਦਸਿਆ ਕਿ ਇਹ ਟੀਕਾ ਉਨ੍ਹਾਂ ਸਾਰੀਆਂ ਕੁੜੀਆਂ ਨੂੰ ਲਗਾਇਆ ਜਾ ਰਿਹਾ ਹੈ ਜਿਨ੍ਹਾਂ ਦਾ 14ਵਾਂ ਜਨਮ ਦਿਨ ਲੰਘ ਚੁੱਕਾ ਹੈ ਅਤੇ 15ਵਾਂ ਹਾਲੇ ਆਉਣਾ ਹੈ। ਇਹ ਟੀਕਾ ਜ਼ਿਲ੍ਹੇ ਦੀਆਂ ਵੱਖ ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਬਿਲਕੁਲ ਮੁਫ਼ਤ ਲੱਗ ਰਿਹਾ ਹੈ, ਜਿਹੜਾ ਪ੍ਰਾਈਵੇਟ ਹਸਪਤਾਲਾਂ ਵਿਚ ਕਾਫ਼ੀ ਮਹਿੰਗੇ ਮੁੱਲ ਤੇ ਲਗਦਾ ਹੈ।ਉਨ੍ਹਾਂ ਦਸਿਆ ਕਿ ਸਰਵਾਈਕਲ ਕੈਂਸਰ ਭਾਰਤ ਵਿੱਚ ਔਰਤਾਂ ਵਿੱਚ ਹੋਣ ਵਾਲਾ ਦੂਜਾ ਸਭ ਤੋਂ ਵੱਡਾ ਕੈਂਸਰ ਮੰਨਿਆ ਜਾਂਦਾ ਹੈ। ਇਸ ਦੀ ਰੋਕਥਾਮ ਲਈ ਐੱਚ ਪੀ ਵੀ ਵੈਕਸੀਨ ਬਹੁਤ ਹੀ ਕਾਰਗਰ ਅਤੇ ਸੁਰੱਖਿਅਤ ਹੈ। ਉਨ੍ਹਾਂ ਦੱਸਿਆ ਕਿ ਵਿਸ਼ਵ ਸਿਹਤ ਸੰਸਥਾ ਵੱਲੋਂ ਕੁਝ ਸਾਲ ਪਹਿਲਾਂ ਬਠਿੰਡਾ ਅਤੇ ਮਾਨਸਾ ਜ਼ਿਲ੍ਹਿਆਂ ਵਿੱਚ ਇਸ ਦਾ ਪਾਇਲਟ ਪ੍ਰੋਜੈਕਟ ਸਫ਼ਲਤਾਪੂਰਵਕ ਚਲਾਇਆ ਗਿਆ ਸੀ, ਜਿਸ ਤੋਂ ਬਾਅਦ ਹੁਣ ਇਸ ਨੂੰ ਪੂਰੇ ਪੰਜਾਬ ਵਿੱਚ ਲਾਗੂ ਕੀਤਾ ਜਾ ਰਿਹਾ ਹੈ। ਡਾ. ਡੋਗਰਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਬੱਚੀਆਂ ਦੀ ਸਿਹਤ ਸੁਰੱਖਿਆ ਲਈ ਇਸ ਮੁਫ਼ਤ ਟੀਕਾਕਰਨ ਮੁਹਿੰਮ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਪੰਜਾਬ ਰਾਜ ਵਪਾਰੀ ਕਮਿਸ਼ਨ ਵੱਲੋਂ ਵਪਾਰੀਆਂ ਨਾਲ ਮੀਟਿੰਗ

ਜਲੰਧਰ (ਇਕਬਾਲ ਸਿੰਘ ਉਭੀ)- ਪੰਜਾਬ ਰਾਜ ਵਪਾਰੀ ਕਮਿਸ਼ਨ ਨੇ ਜਲੰਧਰ ਪੱਛਮੀ ਦੇ ਭਾਰਗੋ ਕੈਂਪ ਮਾਰਕੀਟ ਦੇ ਨੁਮਾਇੰਦਿਆਂ ਨਾਲ ਇੱਕ ਉੱਚ-ਪੱਧਰੀ ਸਲਾਹਕਾਰ ਮੀਟਿੰਗ ਕੀਤੀ। ਇਸ ਮੀਟਿੰਗ ਦਾ ਮੁੱਖ ਉਦੇਸ਼ ਪ੍ਰਸ਼ਾਸਨ ਅਤੇ ਵਪਾਰੀ ਭਾਈਚਾਰੇ ਵਿਚਕਾਰ ਤਾਲਮੇਲ ਨੂੰ

ਮਜ਼ਬੂਤ ਕਰਦੇ ਹੋਏ ਵਪਾਰੀਆਂ ਦੇ ਮੁੱਦਿਆਂ ਨੂੰ ਹੱਲ ਕਰਨਾ ਸੀ।

ਮੀਟਿੰਗ ਦੌਰਾਨ ਪਬਲਿਕ ਸੁਰੱਖਿਆ, ਸਥਾਨਕ ਸੀਵਰੇਜ ਪ੍ਰਣਾਲੀ ਨੂੰ ਹੋਰ ਬਿਹਤਰ ਤੇ ਅਪਗ੍ਰੇਡ ਕਰਨ ਸੰਬੰਧੀ ਮੁੱਦੇ ਰੱਖੇ ਗਏ। ਜ਼ਿਲ੍ਹਾ ਵਪਾਰੀ ਕਮਿਸ਼ਨ ਦੇ ਚੇਅਰਮੈਨ ਇੰਦਰਵੰਸ਼ ਸਿੰਘ ਚੱਢਾ ਨੇ ਸ਼ਿਕਾਇਤ ਨਿਵਾਰਣ ਵਿੱਚ ਕਮਿਸ਼ਨ ਦੀਆਂ ਪ੍ਰਾਪਤੀਆਂ ਦਾ ਵੇਰਵਾ ਦਿੱਤਾ। ਉਨ੍ਹਾਂ ਆਪਣੀ ਵਚਨਬੱਧਤਾ ਦੁਹਰਾਉਂਦੇ ਹੋਏ ਕਿਹਾ, 'ਅਸੀਂ ਉਠਾਏ ਗਏ ਮੁੱਦਿਆਂ ਨੂੰ ਇੱਕ ਨਿਸ਼ਚਿਤ ਸਮੇਂ ਵਿੱਚ ਹੱਲ ਕਰਨ ਲਈ ਦ੍ਰਿੜ ਹਾਂ।

ਵਪਾਰੀ ਸਾਡੀ ਆਰਥਿਕਤਾ ਦੀ ਨੀਂਹ ਹਨ ਅਤੇ ਉਨ੍ਹਾਂ ਨੂੰ ਵਪਾਰ ਲਈ ਸਾਜ਼ਗਾਰ ਮਾਹੌਲ ਪ੍ਰਦਾਨ ਕਰਨਾ ਸਾਡੀ ਤਰਜੀਹ ਹੈ।' ਮੀਟਿੰਗ ਦੀ ਸਮਾਪਤੀ ਵਿਧਾਨ ਸਭਾ ਵਪਾਰੀ ਕਮਿਸ਼ਨ ਦੇ ਚੇਅਰਮੈਨ ਨਰਿੰਦਰ ਸਿੰਘ ਦੇ ਸੰਬੋਧਨ ਨਾਲ ਹੋਈ, ਜਿਨ੍ਹਾਂ ਨੇ ਸਾਰੇ ਹਾਜ਼ਰੀਨ ਵੱਲੋਂ ਦਿੱਤੇ ਗਏ ਉਸਾਰੂ ਸਹਿਯੋਗ ਦੀ ਸ਼ਲਾਘਾ ਕੀਤੀ ।

ਇਸ ਸੈਸ਼ਨ ਵਿੱਚ ਸੀਨੀਅਰ ਸਰਕਾਰੀ ਅਧਿਕਾਰੀਆਂ ਅਤੇ ਕਮਿਸ਼ਨ ਦੇ ਪ੍ਰਮੁੱਖ ਮੈਂਬਰਾਂ, ਜਿਨ੍ਹਾਂ ਵਿੱਚ ਵਿਨੋਦ ਕੁਮਾਰ, ਸੰਜੀਵ ਕੁਮਾਰ, ਭੁਪਿੰਦਰ, ਗੁਰਦੀਪ, ਜਗਤਾਰ ਸਿੰਘ, ਰਾਣਾ ਤੇ ਸ਼ੇਰਾ ਸ਼ਾਮਲ ਸਨ, ਨੇ ਭਾਗ ਲਿਆ।

ਵਧੀਕ ਡਿਪਟੀ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਸਹੁੰ ਚੁਕਾਈ

ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)- ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਇੱਕ ਅਹਿਮ ਪਹਿਲਕਦਮੀ ਕੀਤੀ ਗਈ ਹੈ। ਇਸ ਮੁਹਿੰਮ ਦੇ ਤਹਿਤ ਵਧੀਕ ਡਿਪਟੀ ਕਮਿਸ਼ਨਰ (ਏ.ਡੀ.ਸੀ.) ਸੰਜੀਵ ਸ਼ਰਮਾ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਨਸ਼ਿਆਂ ਵਿਰੁੱਧ ਡਟਣ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਸਹੁੰ ਚੁਕਾਈ ਗਈ।ਇਹ ਅਭਿਆਨ ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਯਤਨਾਂ ਸਦਕਾ ਚਲਾਇਆ ਜਾ ਰਿਹਾ ਹੈ। ਏ ਡੀ ਸੀ ਸੰਜੀਵ ਸ਼ਰਮਾ ਨੇ ਦੱਸਿਆ ਕਿ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਲਗਾਤਾਰ ਜਾਗਰੂਕਤਾ ਗਤੀਵਿਧੀਆਂ ਚਲਾਈਆਂ ਜਾ ਰਹੀਆਂ ਹਨ। ਇਸ ਵਾਰ 16 ਜੂਨ ਤੋਂ 26 ਜੂਨ ਤੱਕ ਇੱਕ ਵਿਸ਼ੇਸ਼ ਐਕਸ਼ਨ ਪ੍ਰੋਗਰਾਮ ਉਲੀਕਿਆ ਗਿਆ ਹੈ, ਜਿਸ ਵਿੱਚ ਔਨਲਾਈਨ ਮਾਸ ਪਲੈਜ ਕੰਪੇਨ, ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ, ਅਤੇ ਲੇਖ ਮੁਕਾਬਲੇ ਕਰਵਾਏ ਜਾਣਗੇ।ਇਸ ਮੁਹਿੰਮ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡਾਂ ਅਤੇ ਹੋਰ ਰਚਨਾਤਮਕ ਕੰਮਾਂ ਵੱਲ ਪ੍ਰੇਰਿਤ ਕਰਨਾ ਹੈ।

ਨੌਜਵਾਨ ਆਗੂ ਕਾਂਗਰਸ ਛੱਡ ਕੇ ਅਕਾਲੀ ਦਲ 'ਚ ਸ਼ਾਮਿਲ

ਆਦਮਪੁਰ (ਪਰਮਜੀਤ ਸਿੰਘ)- ਹਲਕਾ ਆਦਮਪੁਰ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ ਜਦੋਂ ਕਾਂਗਰਸ ਪਾਰਟੀ ਨੂੰ ਛੱਡ ਕੇ ਕਈ ਨੌਜਵਾਨ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਪ੍ਰਭਜੋਤ ਸਿੰਘ ਆਦਮਪੁਰ, ਦੀਪਕ ਨਾਨੀ, ਸਤਨਾਮ ਸਿੰਘ ਡਮੂੰਡਾ, ਮਨਦੀਪ ਸਿੰਘ ਕੋਟ, ਹਨੀ ਆਦਮਪੁਰ, ਹਰਜੋਤ ਕੋਟ, ਰੋਹਿਤ ਚੁੰਬਰ, ਤਰਿੰਦਰ ਸਿੰਘ ਅਤੇ ਤਨਵੀਰ ਸਿੰਘ ਪ੍ਰਮੁੱਖ ਤੌਰ 'ਤੇ ਸ਼ਾਮਲ ਹਨ।ਇਸ ਮੌਕੇ ਤਰੁਨਵੀਰ ਸਿੰਘ ਯੂਥ ਵਿੰਗ ਪ੍ਰਧਾਨ ਜੈਤੇਵਾਲੀ ਅਤੇ ਧਰਮਪਾਲ ਲੇਸੜੀਵਾਲ ਨੇ ਪਾਰਟੀ ਵਿੱਚ ਸ਼ਾਮਲ ਹੋਏ ਨੌਜਵਾਨ ਆਗੂਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ ਪੱਖੀ ਨੀਤੀਆਂ, ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਲਈ ਕੀਤੇ ਜਾ ਰਹੇ ਸੰਘਰਸ਼ ਅਤੇ ਪਾਰਟੀ ਦੀ ਮਜ਼ਬੂਤ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਨੌਜਵਾਨ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।

ਸ੍ਰੀ ਗੁਰੂ ਅਰਜਨ ਦੇਵ ਦੀ ਸ਼ਹਾਦਤ ਨੂੰ ਸਮਰਪਿਤ ਛਬੀਲ ਲਗਾਈ

ਮੁਹਾਲੀ (ਗੁਰਜੀਤ ਬਿੱਲਾ)- ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਰਹਿਨੁਮਾਈ ਹੇਠ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ। ਇਸ ਮੌਕੇ ਬਰਸਟ ਨੇ ਕਿਹਾ ਕਿ ਹਰ ਵਿਅਕਤੀ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਸਾਨੂੰ ਗੁਰੂ ਜੀ ਦੀ ਬਾਣੀ ਅਤੇ ਸ਼ਹਾਦਤ ਨੂੰ ਆਪਣੇ ਮਨਾਂ ਵਿੱਚ ਵਸਾ ਕੇ ਰੱਖਣਾ ਚਾਹੀਦਾ ਹੈ ਤਾਂ ਜੋ ਜੀਵਨ ਵਿੱਚ ਆਉਣ ਵਾਲੀ ਕਿਸੇ ਵੀ ਔਖੀ ਘੜੀ ਵਿੱਚ ਅਸੀਂ ਆਪਣੇ ਮਾਰਗ ਤੋਂ ਨਾ ਡੋਲੀਏ। ਚੇਅਰਮੈਨ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਜਾਬ ਮੰਡੀ ਬੋਰਡ ਵੱਲੋਂ ਵਿਸ਼ੇਸ਼ ਪੱਧਰ ਤੇ ਲੋਕ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਜੋ ਕਿ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਦੌਰਾਨ ਠੰਡੇ ਮਿੱਠੇ ਜਲ ਦੇ ਨਾਲ-ਨਾਲ ਸੰਗਤ ਵਿੱਚ ਗੁਰੂ ਜੀ ਦਾ ਪ੍ਰਸ਼ਾਦ ਵੀ ਵਰਤਾਇਆ ਗਿਆ। ਇਸ ਮੌਕੇ ਕੁਮਾਰ ਅਮਿਤ ਸਕੱਤਰ ਪੰਜਾਬ ਮੰਡੀ ਬੋਰਡ, ਜਤਿੰਦਰ ਸਿੰਘ ਭੰਗੂ ਇੰਜੀਨੀਅਰ-ਇਨ-ਚੀਫ਼, ਹਰਜੀਤ ਸਿੰਘ ਸੰਧੂ ਸੰਯੁਕਤ ਸਕੱਤਰ, ਗੁਰਿੰਦਰ ਸਿੰਘ ਚੀਮਾ ਮੁੱਖ ਇੰਜੀਨੀਅਰ, ਅਮਨਦੀਪ ਸਿੰਘ ਮੁੱਖ ਇੰਜੀਨੀਅਰ, ਸੁਰਮੁੱਖ ਸਿੰਘ ਅਮਲਾ ਅਫ਼ਸਰ ਸਮੇਤ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਤਨ-ਮਨ-ਧਨ ਨਾਲ ਸੇਵਾ ਨਿਭਾਈ ਗਈ।



ਗੈਰ ਕਾਨੂੰਨੀ ਢੰਗ ਨਾਲ ਬਣਾਈਆਂ ਸਲੈਬਾਂ ਨੂੰ ਤੋੜਨ ਦਾ ਹੁਕਮ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਨਗਰ ਕੌਂਸਲ ਨੂਰਮਹਿਲ ਦੇ ਕਾਰਜ ਸਾਧਕ ਅਫਸਰ ਵੱਲੋਂ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਗਿਆ ਹੈ ਕਿ ਜਿਹੜੇ ਦੁਕਾਨਦਾਰਾਂ, ਸ਼ਹਿਰ ਵਾਸੀਆਂ ਨੇ ਪਾਣੀ ਦੇ ਨਿਕਾਸੀ ਵਾਲੇ ਨਾਲਿਆਂ ਨੂੰ ਗੈਰ ਕਾਨੂੰਨੀ ਢੰਗ ਨਾਲ ਕਵਰ ਕੀਤਾ ਹੋਇਆ ਹੈ ਉਹ ਤਿੰਨ ਦਿਨਾਂ ਦੇ ਅੰਦਰ ਅੰਦਰ ਨਾਲੀਆਂ,ਨਾਲਿਆਂ ਉੱਪਰ ਗੈਰ ਕਾਨੂੰਨੀ ਢੰਗ ਨਾਲ ਬਣਾਈਆਂ ਗਈਆਂ ਸਲੈਬਾ ਨੂੰ ਆਪਣੇ ਪੱਧਰ ਤੇ ਤੋੜ ਦੇਣ ਜਿਸ ਨਾਲ ਪਾਣੀ ਦਾ ਨਿਕਾਸ ਰੁਕ ਜਾਂਦਾ ਹੈ ਤੇ ਪਾਣੀ ਓਵਰ ਫਲੋ ਹੋ ਕੇ ਸੜਕਾ ਉੱਪਰ ਆ ਜਾਂਦਾ ਹੈ ਜਿਸ ਨਾਲ ਪਬਲਿਕ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਕਵਰ ਕੀਤੇ ਨਾਲਿਆਂ ਨੂੰ ਤਿੰਨ ਦਿਨਾਂ ਦੇ ਅੰਦਰ ਨਾ ਹਟਾਇਆ ਗਿਆ ਤਾਂ ਨਗਰ ਕੌਂਸਲ ਵੱਲੋਂ ਜੇ ਬੀ ਸੀ ਦੀ ਸਹਾਇਤਾ ਨਾਲ ਸਲੈਬਾ ਨੂੰ ਹਟਾ ਦਿੱਤਾ ਜਾਵੇਗਾ । ਇਨ੍ਹਾਂ ਕਬਜ਼ਿਆਂ ਨੂੰ ਹਟਾਉਣ ਵਾਲਾ ਖ਼ਰਚਾ ਸੰਬੰਧਿਤ ਵਿਅਕਤੀ ਕੋਲੋਂ ਵਸੂਲ ਕੀਤਾ ਜਾਵੇਗਾ ਤੇ ਨਾਲ ਹੀ ਮਿਉਂਸਪਲ ਐਕਟ 1911 ਅਧੀਨ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ।

ਸਨਾਤਨੀ ਹਿੰਦੂ ਸੰਗਠਨਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨ ਲਈ ਸ਼ਿਵ ਸੈਨਾ ਪੂਰਾ ਸਹਿਯੋਗ ਦੇਵੇਗੀ : ਮਿੱਕੀ ਪੰਡਿਤ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਗਊ ਮਾਤਾ ਦਾ ਅਨਾਦਰ ਕਰਨ ਵਾਲਿਆਂ ਨੂੰ ਕਾਨੂੰਨੀ ਸ਼ਿਕੰਜੇ ਵਿੱਚ ਲਿਆਉਣ ਅਤੇ ਪੰਜਾਬ ਦੇ ਸਨਾਤਨੀ ਧਰਮ ਦੇ ਲੋਕਾਂ ਨੂੰ ਆਪਣੇ ਹੱਕਾਂ ਪ੍ਰਤੀ

ਜਾਗ੍ਰਿਤ ਕਰਨ ਲਈ ਕਈ ਹਿੰਦੂ ਸੰਗਠਨ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨਾਲ ਚਲਾਈ ਗਈ ਮੁਹਿੰਮ ਤਹਿਤ ਮਿਲਣੀ ਮੀਟਿੰਗਾਂ ਕਰ ਰਹੇ ਹਨ ਤਾਂ ਜੋ ਪੰਜਾਬ ਦੇ ਸਨਾਤਨੀਆਂ ਨੂੰ ਇੱਕ ਮੰਚ ਤੇ ਇਕੱਠਾ ਕੀਤਾ ਜਾ ਸਕੇ ਅਤੇ ਉਨ੍ਹਾਂ ਦੇ ਬਣਦੇ ਹੱਕਾਂ ਦੀ ਰਾਖੀ ਕੀਤੀ ਜਾ ਸਕੇ। ਇਸੇ ਮੁਹਿੰਮ ਤਹਿਤ ਹਿੰਦੂ ਤਖ਼ਤ ਭਾਰਤ ਦੀ ਮਹਿਲਾ ਮੋਰਚਾ ਪੰਜਾਬ ਪ੍ਰਧਾਨ ਪੂਨਮ ਸ਼ਰਮਾ, ਪਰਤਿਸ਼ ਕਾਲੀਆ, ਸਨਾਤਨ ਰੱਖਿਆ ਮੰਚ ਮੁਕੇਰੀਆਂ ਦੇ ਪ੍ਰਧਾਨ ਪੰਡਿਤ ਸੰਤੋਸ਼ ਸ਼ਰਮਾ, ਹਰੀ ਕ੍ਰਿਸ਼ਨ ਭਾਰਦਵਾਜ, ਵਿਵੇਕਾ ਨੰਦ ਝਾ, ਸੋਨੀਦਤ ਸ਼ਰਮਾ, ਵਿਜੇ ਮਿਸ਼ਰਾ, ਪੰਕਜ ਮਿਸ਼ਰਾ, ਸੰਤੋਖ ਮਿਸ਼ਰਾ, ਪ੍ਰਧਾਨ ਬ੍ਰਿਜਨੰਦਨ ਸ਼ਰਮਾ, ਤੇਜਸਵੀ ਸ਼ਰਮਾ, ਜੋਤਿਸ਼ ਅਚਾਰਿਆ ਅਤੇ ਹੋਰ ਸਨਾਤਨੀ ਹਿੰਦੂਆਂ ਦਾ ਇੱਕ ਵਫਦ ਸ਼ਿਵ ਸੈਨਾ ਪੰਜਾਬ ਦੇ ਦਫ਼ਤਰ ਟਾਂਡਾ ਵਿਖੇ ਪਹੁੰਚਿਆ ਜਿੱਥੇ ਸ਼ਿਵ ਸੈਨਾ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ ਅਤੇ ਦੋਆਬਾ ਪ੍ਰਧਾਨ ਸ਼ਿਵਮ ਵੈਦ ਨੇ ਉਨ੍ਹਾਂ ਨੂੰ ਆਇਆਂ ਕਹਿੰਦੇ ਹੋਏ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ। ਮਿੱਕੀ ਪੰਡਿਤ ਨੇ ਆਏ ਹੋਏ ਹਿੰਦੂ ਸੰਗਠਨਾਂ ਦੇ ਨੇਤਾਵਾਂ ਨੂੰ ਇਹ ਭਰੋਸਾ ਦਿੱਤਾ ਕਿ ਗਊ ਮਾਤਾ ਦੀ ਅਨਾਦਰੀ ਕਰਨ ਵਾਲਿਆਂ ਨੂੰ ਕਾਨੂੰਨੀ ਸ਼ਿਕੰਜੇ ਵਿੱਚ ਲਿਆਉਣ ਅਤੇ ਹਿੰਦੂਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਵਾਉਣ ਲਈ ਸ਼ਿਵ ਸੈਨਾ ਪੰਜਾਬ ਸਮੇਂ ਸਮੇਂ ਸਿਰ ਆਵਾਜ਼ ਬੁਲੰਦ ਕਰਦੀ ਰਹਿੰਦੀ ਹੈ।

ਸੀਚੇਵਾਲ ਵਾਟਰ ਸਪੋਰਟਸ ਸੈਂਟਰ ਦੀ ਖਿਡਾਰਨ ਨੇ ਜਿੱਤੇ ਚਾਂਦੀ ਤੇ ਕਾਂਸੇ ਦੇ ਤਮਗੇ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਸੰਤ ਸੀਚੇਵਾਲ ਵਾਟਰ ਸਪੋਰਟਸ ਸੈਂਟਰ ਦੀ ਖਿਡਾਰਨ ਮਨਪ੍ਰੀਤ ਕੌਰ ਨੇ ਕੌਮੀ ਕਿਸ਼ਤੀ ਮੁਕਾਬਲਿਆਂ ਵਿੱਚ ਚਾਂਦੀ ਤੇ ਕਾਂਸੇ ਤਮਗਿਆਂ ਨੂੰ ਜਿੱਤ ਕੇ ਪੰਜਾਬ ਦਾ ਸਿਰ ਉੱਚਾ ਕੀਤਾ ਹੈ। ਤਮਗੇ ਜਿੱਤਣ ਤੋਂ ਬਾਅਦ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿੱਚ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਜੇਤੂ ਖਿਡਾਰਨ ਦਾ ਸਨਮਾਨ ਕੀਤਾ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਪਿੰਡਾਂ ਦੇ ਬੱਚਿਆਂ ਵਿੱਚ ਬੇਅੰਤ ਪ੍ਰਤਿਭਾ ਮੌਜੂਦ ਹੈ। ਉਹਨਾਂ ਬੱਚਿਆਂ ਨੂੰ ਲੋੜ ਸਿਰਫ਼ ਸਹੀ ਮੰਚ ਅਤੇ ਸਹੂਲਤਾਂ ਪ੍ਰਦਾਨ ਕਰਨ ਦੀ ਹੈ। ਇਸ ਮੌਕੇ ਸੰਤ ਸੀਚੇਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸੂਬੇ ਦੇ ਖੇਡ ਵਿਭਾਗ ਦਾ ਵੀ ਧੰਨਵਾਦ ਕੀਤਾ ਜਿਹਨਾਂ ਨੇ ਇਹਨਾਂ ਬੱਚਿਆਂ ਨੂੰ ਕੌਮੀ ਮੁਕਾਬਲਿਆਂ ਵਿੱਚ ਉਤਾਰਿਆ ਹੈ। ਯਾਦ ਰਹੇ ਕਿ ਹਾਲ ਹੀ ਵਿੱਚ ਇੰਡੀਅਨ ਕਿਆਕਿੰਗ ਕਨੋਇੰਗ ਐਸੋਸੀਏਸ਼ਨ ਵੱਲੋਂ 12 ਤੋਂ 14 ਜੂਨ ਤੱਕ ਰਾਏਪੁਰ (ਛੱਤੀਸਗੜ੍ਹ) ਵਿਖੇ ਕਰਵਾਈ ਗਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 500 ਮੀਟਰ ਮੁਕਾਬਲੇ ਵਿੱਚ ਚਾਂਦੀ ਦਾ ਮੈਡਲ ਅਤੇ 200 ਮੀਟਰ ਦੇ ਫਸਵੇਂ ਮੁਕਾਬਲੇ ਵਿੱਚ ਕਾਂਸੀ ਦਾ ਮੈਡਲ ਹਾਸਲ ਕਰਨ ਵਿੱਚ ਕਾਮਜਾਬ ਰਹੀ। ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੀ ਟੀਮ ਵੱਲੋਂ ਕੁੱਲ 22 ਲੜਕੇ ਅਤੇ ਲੜਕੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 5 ਖਿਡਾਰੀ ਸੰਤ ਸੀਚੇਵਾਲ ਵਾਟਰ ਸਪੋਰਟਸ ਸੈਂਟਰ ਨਾਲ ਸਬੰਧਤ ਸਨ। ਇਨ੍ਹਾਂ ਖਿਡਾਰੀਆਂ ਦੀ ਚੋਣ ਲਈ ਟਰਾਇਲ ਰੂਪਨਗਰ (ਰੋਪੜ) ਵਿਖੇ ਕਰਵਾਏ ਗਏ ਸਨ। ਚੈਂਪੀਅਨਸ਼ਿਪ ਵਿੱਚ ਦੇਸ਼ ਭਰ ਦੀਆਂ 23 ਟੀਮਾਂ ਨੇ ਹਿੱਸਾ ਲਿਆ।

ਧੰਮੀ ਸ਼ਰਮਾ ਬ੍ਰਾਹਮਣ ਵੈੱਲਫੇਅਰ ਬੋਰਡ ਦੇ ਮੁੱਖ ਬੁਲਾਰੇ ਨਿਯੁਕਤ

ਡੇਰਾਬਸੀ (ਵਿਨੈ ਕੁਮਾਰ ਜੈਨ)- ਹਲਕਾ ਡੇਰਾਬੱਸੀ ਤੋਂ ਆਮ ਆਦਮੀ ਪਾਰਟੀ ਨੇਤਾ ਅਤੇ ਸਮਾਜਸੇਵੀ ਧੰਮੀ ਸ਼ਰਮਾ ਨੂੰ ਬ੍ਰਾਹਮਣ ਵੈਲਫੇਅਰ ਬੋਰਡ ਪੰਜਾਬ ਸਰਕਾਰ ਦਾ ਮੁੱਖ ਬੁਲਾਰਾ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਬ੍ਰਾਹਮਣ ਵੈਲਫੇਅਰ ਬੋਰਡ ਪੰਜਾਬ ਸਰਕਾਰ ਦੇ ਚੇਅਰਮੈਨ ਪੰਕਜ ਸ਼ਾਰਦਾ ਵੱਲੋਂ ਕੀਤੀ ਗਈ । ਧਾਮੀ ਸ਼ਰਮਾ ਨੇ ਇਸ ਨਿਯੁਕਤੀ ਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸੁਸ਼ੋਦੀਆ, ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ, ਬ੍ਰਾਹਮਣ ਵੈਲਫੇਅਰ ਬੋਰਡ ਪੰਜਾਬ ਦੇ ਚੇਅਰਮੈਨ ਪੰਕਜ ਸ਼ਾਰਦਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਜਿੰਮੇਵਾਰੀ ਨੂੰ ਮੈਂ ਤਹਿ ਦਿਲ ਤੋਂ ਨਿਭਾਵਾਂਗਾ। ਉਹਨਾਂ ਕਿਹਾ ਕਿ ਪੰਜਾਬ ਦਾ ਹਰ ਵਰਗ ਅੱਜ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਭਗਵੰਤ ਸਿੰਘ ਮਾਨ ਨੂੰ ਪੰਜਾਬ ਦਾ ਮੁੱਖ ਮੰਤਰੀ ਦੁਬਾਰਾ ਤੋਂ ਦੇਖਣਾ ਚਾਹੁੰਦਾ ਹੈ।

ਬੇਗਮਪੁਰਾ ਟਾਈਗਰ ਫੋਰਸ ਵੱਲੋਂ ਰਾਜਾ ਵੜਿੰਗ ਨੂੰ ਚਿਤਾਵਨੀ

ਐੱਸ ਸੀ ਕਮਿਸ਼ਨ ਦੇ ਸਾਹਮਣੇ ਪੇਸ਼ ਹੋਣਾ ਹੀ ਪਵੇਗਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਬੇਗਮਪੁਰਾ ਟਾਈਗਰ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫ਼ਤਿਹਗੜ੍ਹ ਦੀ ਪ੍ਰਧਾਨਗੀ ਹੇਠ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਇੱਕ ਹੰਗਾਮੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਦੋਆਬਾ ਪ੍ਰਧਾਨ ਨੇਕੂ ਅਜਨੋਹਾ, ਤੇ ਬੰਟੀ ਹਰਿਆਣਾ ਪ੍ਰਧਾਨ ਹਲਕਾ ਸ਼ਾਮ ਚੁਰਾਸੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।

ਮੀਟਿੰਗ ਵਿੱਚ ਬੋਲਦਿਆਂ ਆਗੂਆਂ ਨੇ ਕਿਹਾ ਕਿ ਪਿਛਲੇ ਦਿਨੀਂ ਕਾਂਗਰਸ ਦੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਦੇਸ਼ ਦੇ ਸਾਬਕਾ ਗ੍ਰਹਿ ਮੰਤਰੀ ਸਵਰਗਵਾਸੀ ਮਾਸਟਰ ਬੂਟਾ ਸਿੰਘ ਵਾਰੇ ਸਟੇਜ ਤੋਂ ਵਰਤੀ ਗਈ ਭੱਦੀ ਅਤੇ ਜਾਤੀਸੂਚਕ ਸ਼ਬਦਾਵਲੀ ਨੇ ਐੱਸ ਸੀ ਸਮਾਜ ਦੇ ਹਿਰਦਿਆਂ ਨੂੰ ਵਲੂੰਧਰ ਕੇ ਰੱਖ ਦਿੱਤਾ ਸੀ ।

ਉਨ੍ਹਾਂ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਨੇ ਰਾਜਾ ਵੜਿੰਗ ਵੱਲੋਂ ਮਾਸਟਰ ਬੂਟਾ ਸਿੰਘ ਦੇ ਰੰਗ-ਰੂਪ ਨੂੰ ਲੈ ਕੇ ਕੀਤੀ ਗਈ ਟਿੱਪਣੀ ਨੂੰ ਸਮੁੱਚੇ ਐਸ.ਸੀ. (ਅਨੁਸੂਚਿਤ ਜਾਤੀ) ਸਮਾਜ ਦੀ ਤੌਹੀਨ ਕਰਾਰ ਦਿੰਦਿਆਂ ਰਾਜਾ ਵੜਿੰਗ ਖ਼ਿਲਾਫ਼ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਪਨ ਬਸੀ ਕਲਾ, ਅਨਮੋਲ ਗੋਕਲ ਨਗਰ, ਅਮਨ,ਆਕਾਸ਼ ਸੁੰਦਰ ਨਗਰ, ਰਜੇਸ਼ ਸ੍ਰੀ ਗੁਰੂ ਰਵਿਦਾਸ ਨਗਰ, ਅੰਕੁਸ਼ ਨਿਊ ਫਤਿਹਗੜ੍ਹ, ਕੁਲਵੰਤ ਰਿਹਾਣਾ ਕਲਾਂ, ਗੁਰਮੀਤ ਸਿੰਘ ਨਲੋਈਆ, ਰਵੀ ਬੁੱਲੋਵਾਲ, ਲੱਕੀ, ਨਲੋਈਆ, ਗੁਰਮੁਖ ਨਲੋਈਆ ਚੌਂਕ, ਹੈਪੀ ਬਾਗਪੁਰ, ਰਾਮ ਮੂਰਤੀ ਸ਼ੇਰਪੁਰ, ਵੰਸ਼ ਮੁਸਤਾਪੁਰ ਕਪਾਹਟ, ਮੰਨੂੰ ਬਲਵੀਰ ਕਲੋਨੀ, ਬਿੱਲਾ ਬਾਗਪੁਰ, ਗੌਤਮ, ਦੀਪ, ਜੱਸੀ ਬਲਵੀਰ ਕਲੋਨੀ, ਮਨੀ, ਰਵੀ ਸੁੰਦਰ, ਨਿੱਕੂ ਸੁੰਦਰ ਨਗਰ, ਵਿਸ਼ਾਲ ਰਹੀਮਪੁਰ, ਰਾਜਵੀਰ ਚੌਟਾਲਾ, ਅਮਨਦੀਪ ਕੌਡਲਾ, ਰੋਹਿਤ ਬੱਧਣ ਨਾਰਾ, ਸੰਦੀਪ, ਗਗਨ ਨਾਰਾ, ਰਾਹੁਲ ਕਲੋਤਾ, ਰਮਨ, ਸੁਖਜਿੰਦਰ, ਰਵਿੰਦਰਾ, ਬਲਵੀਰ ਸਿੰਘ ਆਦਿ ਹਾਜ਼ਰ ਸਨ।



ਕਰਮਚਾਰੀ ਭਲਾਈ ਐਸੋਸੀਏਸ਼ਨਾਂ ਦੀਆਂ ਜਾਇਜ਼ ਮੰਗਾਂ ਜਲਦ ਪੂਰੀਆਂ ਕੀਤੀਆਂ ਜਾਣਗੀਆਂ : ਚੀਮਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹੋਮ ਗਾਰਡ ਵੈਲਫੇਅਰ ਐਸੋਸੀਏਸ਼ਨ (ਸੇਵਾਮੁਕਤ), ਪੰਜਾਬ ਪੁਲਿਸ ਕੋਰੋਨਾ ਵਾਰੀਅਰਜ਼ ਐਸੋਸੀਏਸ਼ਨ, ਪੰਜਾਬ ਜੰਗਲਾਤ ਵਿਭਾਗ ਵਰਕਰਜ਼ ਯੂਨੀਅਨ ਅਤੇ ਥਰਮਲ ਪਲਾਂਟ ਕਰਮਚਾਰੀ ਸੰਘ ਨਾਲ ਮੀਟਿੰਗਾਂ ਕੀਤੀਆਂ।



ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਖ-ਵੱਖ ਕਰਮਚਾਰੀ ਭਲਾਈ ਐਸੋਸੀਏਸ਼ਨਾਂ ਦੇ ਮੁੱਦਿਆਂ ਦੇ ਸਾਰਥਕ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਐਸੋਸੀਏਸ਼ਨਾਂ ਵੱਲੋਂ ਉਠਾਈਆਂ ਗਈਆਂ ਸਾਰੀਆਂ ਜਾਇਜ਼ ਮੰਗਾਂ ਨੂੰ ਜਲਦ ਪੂਰਾ ਕੀਤਾ ਜਾਵੇਗਾ।ਮੰਤਰੀ ਨੇ ਆਪਣੇ ਦਫ਼ਤਰ ਵਿੱਚ ਹੋਈ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੌਰਾਨ ਐਸੋਸੀਏਸ਼ਨਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਜਲਦ ਪੂਰੀਆਂ ਕੀਤੀਆਂ ਜਾਣਗੀਆਂ। ਮੀਟਿੰਗ ਵਿੱਚ ਗ੍ਰਹਿ ਸਕੱਤਰ ਨੀਲਿਮਾ ਸਮੇਤ ਹੋਰ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਮੌਜੂਦ ਸਨ।

ਮੀਟਿੰਗਾਂ ਦੌਰਾਨ ਮੰਤਰੀ ਚੀਮਾ ਨੇ ਪ੍ਰਤੀਨਿਧੀਆਂ ਨੂੰ ਭਰੋਸਾ ਦਿੱਤਾ ਕਿ ਹੋਮ ਗਾਰਡ ਵੈਲਫੇਅਰ ਐਸੋਸੀਏਸ਼ਨ (ਸੇਵਾਮੁਕਤ) ਨਾਲ ਸਬੰਧਤ ਮਾਮਲਾ ਜਲਦ ਤੋਂ ਜਲਦ ਅੰਤਿਮ ਪ੍ਰਵਾਨਗੀ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲ ਭੇਜਿਆ ਜਾਵੇਗਾ।

ਮੇਲਾ ਸਾਈਆਂ ਦਾ 21 ਤੇ 22 ਨੂੰ

ਆਦਮਪੁਰ, (ਪਰਮਜੀਤ ਸਿੰਘ)- ਬ੍ਰਹਮਲੀਨ ਸ੍ਰੀ 108 ਸੰਤ ਗੁਰਬਚਨ ਦਾਸ ਜੀ ਦੀ ਸਰਪ੍ਰਸਤੀ ਹੇਠ ਚੌਥਾ ਮੇਲਾ ਸਾਈਆਂ ਦਾ ਮਿਤੀ 21 ਅਤੇ 22 ਜੂਨ ਦਿਨ ਸੋਮਵਾਰ ਨੂੰ ਪਿੰਡ ਰਾਮ ਨਗਰ ਚੋਮੋਂ ਆਦਮਪੁਰ ਵਿਖੇ ਮਨਾਇਆ ਜਾਵੇਗਾ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਬੀਬੀ ਰੁਪਿੰਦਰ ਕੌਰ ਨੇ ਦੱਸਿਆ ਮਿਤੀ 21 ਜੂਨ ਦਿਨ ਐਤਵਾਰ ਸ਼ਾਮ ਨੂੰ ਮਹਿੰਦੀ ਦੀ ਰਸਮ ਅਦਾ ਕੀਤੀ ਜਾਵੇਗੀ। ਮਿਤੀ 22 ਜੂਨ ਦਿਨ ਸੋਮਵਾਰ ਸਵੇਰੇ 10.00 ਵਜੇ ਤੋਂ ਸੂਫੀਆਨਾ ਮਹਿਫਿਲ ਦਾ ਆਗਾਜ਼ ਕੀਤਾ ਜਾਵੇਗਾ ਜਿਸ ਦੌਰਾਨ ਸਰਬਜੀਤ ਕਵਾਲ, ਅਮਾਨ ਅਲੀ ਖਾਨ ਅਤੇ ਰਾਜ ਗੁਲਜ਼ਾਰ ਵੱਲੋਂ ਆਪਣੀ ਹਾਜ਼ਰੀ ਦਿੱਤੀ ਜਾਵੇਗੀ ਅਤੇ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਵੇਗਾ। ਪ੍ਰਬੰਧਕਾਂ ਵੱਲੋਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਸੰਗਤਾ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨ ਅਤੇ ਸਾਧੂ ਮਹਾਂਪੁਰਖਾਂ ਦੇ ਪ੍ਰਵਚਨ ਸਰਵਣ ਕਰਕੇ ਆਪਣਾ ਜੀਵਨ ਸਫਲਾ ਕਰਨ। ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤੇਗਾ।



ਪ੍ਰਕਾਸ਼ ਉਤਸਵ ਸਮਾਗਮ 'ਤੇ ਸ਼ੋਭਾ ਯਾਤਰਾ ਸੰਬੰਧੀ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼

ਜਲੰਧਰ (ਸੁਰਿੰਦਰ ਕੁਮਾਰ)- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ 29 ਜੂਨ ਨੂੰ ਸਤਿਗੁਰੂ ਕਬੀਰ ਦੇ ਪ੍ਰਕਾਸ਼ ਉਤਸਵ ਅਤੇ ਇਸ ਸਬੰਧੀ 27 ਜੂਨ ਨੂੰ ਵੱਡੇ ਪੱਧਰ ਪੱਧਰ 'ਤੇ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਪੁਖ਼ਤਾ ਇੰਤਜ਼ਾਮ ਸਮੇਂ ਸਿਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਇਸ ਸਬੰਧੀ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਮੇਅਰ ਵਿਨੀਤ ਧੀਰ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਕਮਿਸ਼ਨਰ ਨਗਰ ਨਿਗਮ ਸੰਦੀਪ ਰਿਸ਼ੀ, ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਸਮੇਤ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਨੂੰ ਵਿਸਥਾਰਪੂਰਵਕ ਹਦਾਇਤਾਂ ਦਿੱਤੀਆਂ। ਉਨ੍ਹਾਂ ਅਧਿਕਾਰੀਆਂ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਤਾਕੀਦ ਕੀਤੀ ਤਾਂ ਜੋ ਪ੍ਰਕਾਸ਼ ਉਤਸਵ ਸਮਾਗਮਾਂ ਨੂੰ ਪੂਰੀ ਸ਼ਰਧਾ ਤੇ ਧਾਰਮਿਕ ਰੀਤੀ-ਰਿਵਾਜ਼ਾਂ ਅਨੁਸਾਰ ਮਨਾਉਣ ਦੇ ਨਾਲ-ਨਾਲ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।



ਬੱਧਣ ਗੋਤ ਜਠੇਰਿਆਂ ਦਾ ਜੋੜ ਮੇਲਾ 21 ਨੂੰ

ਅਲਾਵਲਪੁਰ (ਮਦਨ ਬੰਗੜ)- ਬੱਧਣ ਜਠੇਰੇ ਵੈਲਫੇਅਰ ਸੁਸਾਇਟੀ (ਰਜਿ.) ਵੱਲੋਂ ਬੱਧਣ ਗੋਤ ਦੇ ਜਠੇਰਿਆਂ ਦਾ 52ਵਾਂ ਸਲਾਨਾ ਜੋੜ ਮੇਲਾ 21 ਜੂਨ ਦਿਨ ਐਤਵਾਰ ਨੂੰ ਪਿੰਡ ਬਹਾਉਦੀਨ ਪੁਰ (ਨਜ਼ਦੀਕ ਕਠਾਰ), ਸ਼ਾਮ ਚੁਰਾਸੀ ਰੋਡ, ਜ਼ਿਲ੍ਹਾ ਜਲੰਧਰ ਵਿਖੇ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ।ਸੁਸਾਇਟੀ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਸਵੇਰੇ 10:30 ਵਜੇ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਰਸਮ ਨਾਲ ਹੋਵੇਗੀ। ਇਸ ਉਪਰੰਤ ਸਵੇਰੇ 11:30 ਵਜੇ ਤੋਂ ਦੁਪਹਿਰ 1:00 ਵਜੇ ਤੱਕ ਸੰਤ-ਮਹਾਂਪੁਰਸ਼ਾਂ ਦੇ ਪ੍ਰਵਚਨ ਤੇ ਗੁਰਬਾਣੀ ਕੀਰਤਨ ਦਾ ਪ੍ਰਵਾਹ ਚੱਲੇਗਾ। ਸਮਾਗਮ ਦੌਰਾਨ ਠੰਢੇ ਜਲ ਦੀ ਛਬੀਲ ਅਤੇ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ।ਸੁਸਾਇਟੀ ਦੇ ਚੇਅਰਮੈਨ ਗੁਰਦੇਵ ਰਾਮ ਬੱਧਣ, ਪ੍ਰਧਾਨ ਬਲਦੇਵ ਸਿੰਘ ਬੱਧਣ, ਜਨਰਲ ਸਕੱਤਰ ਫੂਲ ਚੰਦ ਬੱਧਣ ਅਤੇ ਖਜ਼ਾਨਚੀ ਨਿਰਮਲ ਬੱਧਣ ਸਮੂਹ ਮੈਂਬਰਾਂ ਨੇ ਦੱਸਿਆ ਕਿ ਸਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਮੁਕੰਮਲ ਹਨ ।

ਦੋ ਦਿਨਾ ਜੋੜ ਮੇਲਾ ਭਲਕ

ਫਗਵਾੜਾ (ਜਸਵਿੰਦਰ ਢੱਡਾ)- ਦਰਬਾਰ ਪੀਰ ਬਾਬਾ ਬਾਵਾ ਖਾਨ ਦਾ ਸਲਾਨਾ ਜੋੜ ਮੇਲਾ 20 ਤੇ 21 ਜੂਨ ਨੂੰ ਪਿੰਡ ਰਾਣੀਪੁਰ ਦਰਬਾਰ ਬਾਬਾ ਬਾਵਾ ਖਾਨ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਤੋਂ ਇਲਾਵਾ ਐੱਨ ਆਰ ਆਈ ਦੇ ਵਡਮੁੱਲੇ ਸਹਿਯੋਗ ਨਾਲ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਮੇਲੇ ਦਾ ਪੋਸਟਰ ਪ੍ਰਬੰਧਕਾਂ ਵਲੋਂ ਰਲੀਜ਼ ਕੀਤਾ ਗਿਆ । ਮੇਲੇ ਦੀ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਤਰਲੋਚਨ ਸਿੰਘ ਉਰਫ ਪੰਮਾ ਪਹਿਲਵਾਨ ਨੇ ਦੱਸਿਆ ਕਿ 20 ਜੂਨ ਦਿਨ ਸ਼ਨੀਵਾਰ ਨੂੰ ਸ਼ਾਮ 4 ਵਜੇ ਝੰਡੇ ਅਤੇ ਚਰਾਗਾਂ ਦੀ ਰਸਮ ਅਦਾ ਕੀਤੀ ਜਾਵੇਗੀ। ਇਸੇ ਦਿਨ ਕਰਾਮਤ ਅਲੀ ਫਕੀਰ ਮਲੇਰਕੋਟਲਾ ਵਾਲੇ, ਉਕਾਰ ਵਾਲੀਆ, ਰਮੇਸ਼ ਰੰਗਲਾ, ਮੈਂਡੀ ਨਕਾਲ ਪਾਰਟੀ ਫਗਵਾੜਾ, ਨਕਾਲ ਲੁਧਿਆਣਾ ਆਦਿ ਆਪਣਾ ਪ੍ਰੋਗਰਾਮ ਪੇਸ਼ ਕਰਨਗੇ। 21 ਜੂਨ ਦਿਨ ਐਤਵਾਰ ਨੂੰ ਚਾਂਦਰ ਦੀ ਰਸਮ ਸਵੇਰੇ 8 ਵਜੇ ਹੋਵੇਗੀ। ਉਪਰੰਤ ਧਾਰਮਿਕ ਅਤੇ ਸੱਭਿਆਚਾਰਕ ਸਟੇਜ ਸਜਾਈ ਜਾਵੇਗੀ। ਜਿਸ ਵਿਚ ਪੰਜਾਬ ਦਾ ਨਾਂਮਵਰ ਸੂਫੀ ਗਾਇਕ ਦੀਪ ਢਿੱਲੋਂ-ਜੈਸਮੀਨ ਜੱਸੀ, ਮਾਨਵਗੀਤ ਗਿੱਲ, ਸਰਤਾਜ ਅਲੀ ਐਂਡ ਪਾਰਟੀ, ਆਸ਼ੂ ਚੋਪੜਾ ਸਟੇਜ ਸਕੱਤਰ ਆਪਣੀ ਭਰਵੀਂ ਹਾਜ਼ਰੀ ਲਗਵਾਉਣਗੇ।ਰਾਤ ਨੂੰ 8 ਵਜੇ ਧਾਰਮਿਕ ਡਰਾਮਾ ਧਰਮਵੀਰ ਪ੍ਰਦੇਸ਼ੀ ਐਂਡ ਪਾਰਟੀ ਵੱਲੋਂ ਪੇਸ਼ ਕੀਤਾ ਜਾਵੇਗਾ । ਪ੍ਰਧਾਨ ਨੇ ਦੱਸਿਆ ਕਿ ਅਸਥਾਨ ਵਿਖੇ ਅੱਠ ਦਿਨ ਲਗਾਤਾਰ ਲੰਗਰ ਜਾਰੀ ਰਹਿਣਗੇ । ਇਸ ਮੌਕੇ ਤੇ ਠੰਢੇ ਮਿੱਠੇ ਜਲ ਦੀ ਸੇਵਾ ਅਤੇ ਲੰਗਰ ਅਤੁਟ ਵਰਤਾਏ ਜਾਣਗੇ। ਇਸ ਮੌਕ ਤਰਲੋਚਨ ਸਿੰਘ ਪੰਮ ਪਹਿਲਵਾਨ, ਜੱਸਾ ਰਾਣੀਪੁਰ ਤੋਂ ਇਲਾਵਾ ਸਮੂਹ ਪ੍ਰਬੰਧਕ ਕਮੇਟੀ ਦੇ ਮੈਂਬਰ ਤੇ ਕਲੇਰਾ ਮੁਹੱਲੇ ਦੇ ਸਮੂਹ ਨੌਜਵਾਨ ਹਾਜ਼ਰ ਸਨ।

ਕੈਬਨਿਟ ਮੰਤਰੀ ਵੱਲੋਂ ਪਿੰਡਾਂ ਦੇ ਵਿਕਾਸ ਲਈ ਡੇਢ ਕਰੋੜ ਦੀ ਰਾਸ਼ੀ ਜਾਰੀ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਸਥਾਨਕ ਬੀ ਡੀ ਪੀ ਓ ਦਫ਼ਤਰ ਵਿਖੇ ਇੱਕ ਵਿਸ਼ੇਸ਼ ਮੀਟਿੰਗ

ਦੀ ਅਗਵਾਈ ਕਰਦਿਆਂ ਪੰਜਾਬ ਦੇ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੀ ਨੁਹਾਰ ਬਦਲਣ ਲਈ ਵੱਡੇ ਪੱਧਰ 'ਤੇ ਕਦਮ ਚੁੱਕੇ ਜਾ ਰਹੇ ਹਨ। ਮੀਟਿੰਗ ਦੌਰਾਨ ਬਲਾਕ-1 ਦੇ ਚੇਅਰਮੈਨ, ਉਪ ਚੇਅਰਮੈਨ ਅਤੇ ਸਮੂਹ ਸੰਮਤੀ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਬਲਾਕ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ। ਕੈਬਨਿਟ ਮੰਤਰੀ ਨੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਵਿਕਾਸ ਪ੍ਰੋਜੈਕਟਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਕੈਬਨਿਟ ਮੰਤਰੀ ਨੇ ਜਾਣਕਾਰੀ ਦਿੱਤੀ ਕਿ ਬਲਾਕ-1 ਦੇ ਵੱਖ-ਵੱਖ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਲਈ ਪੰਜਾਬ ਸਰਕਾਰ ਵੱਲੋਂ 1.50 ਕਰੋੜ ਰੁਪਏ ਦੀ ਰਾਸ਼ੀ ਪੰਚਾਇਤਾਂ ਨੂੰ ਜਾਰੀ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਫੰਡ ਪਿੰਡਾਂ ਵਿੱਚ ਸੜਕਾਂ, ਗਲੀਆਂ, ਨਾਲੀਆਂ, ਸਾਫ਼ ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵਰਤੇ ਜਾਣਗੇ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਨੂੰ ਪੂਰੀ ਤਰਜੀਹ ਦੇ ਰਹੀ ਹੈ। ਸਰਕਾਰ ਦਾ ਉਦੇਸ਼ ਪਿੰਡਾਂ ਨੂੰ ਵੀ ਹਰ ਪੱਖੋਂ ਮਜ਼ਬੂਤ ਅਤੇ ਵਿਕਸਤ ਬਣਾਉਣਾ ਹੈ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਸਮੂਹ ਪੰਚਾਇਤ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਦੀ ਗੁਣਵੱਤਾ ਨੂੰ ਯਕੀਨੀ ਬਣਾਉਣ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਆਉਣ ਵਾਲੇ ਸਮੇਂ ਵਿੱਚ ਵੀ ਪਿੰਡਾਂ ਦੇ ਵਿਕਾਸ ਲਈ ਇਸੇ ਤਰ੍ਹਾਂ ਯਤਨਸ਼ੀਲ ਰਹੇਗੀ ਅਤੇ ਹਰ ਖੇਤਰ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਇਆ ਜਾਵੇਗਾ।

ਪ੍ਰੀਖਿਆਵਾਂ ਲਈ ਪੰਜਾਬ ਸਰਕਾਰ ਵੱਲੋਂ ਮੁਫ਼ਤ ਕੋਚਿੰਗ ਦਾ ਐਲਾਨ

ਚੰਡੀਗੜ੍ਹ (ਗੁਰਜੀਤ ਬਿੱਲਾ)- ਅਨੁਸੂਚਿਤ ਜਾਤੀਆਂ (ਐਸ ਸੀ), ਹੋਰ ਪੱਛੜੀਆਂ ਸ਼੍ਰੇਣੀਆਂ (ਓ ਬੀ ਸੀ) ਅਤੇ ਘੱਟ ਗਿਣਤੀ ਭਾਈਚਾਰਿਆਂ ਨਾਲ ਸਬੰਧਤ ਨੌਜਵਾਨਾਂ ਲਈ ਕਰੀਅਰ ਦੇ ਮੌਕਿਆਂ ਦਾ ਵਿਸਥਾਰ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਨੇ ਪ੍ਰੋਬੇਸ਼ਨਰੀ ਅਫ਼ਸਰ (ਬੈਂਕ) ਅਤੇ ਅਸਿਸਟੈਂਟ ਐਡਮਿਨਿਸਟ੍ਰੇਟਿਵ ਅਫ਼ਸਰ (ਐਲ ਆਈ ਸੀ/ਜੀ ਆਈ ਸੀ) ਪ੍ਰੀਖਿਆ-2026 ਲਈ ਮੁਫ਼ਤ ਕੋਚਿੰਗ ਦੇਣ ਦਾ ਐਲਾਨ ਕੀਤਾ ਹੈ। ਇਸ ਪਹਿਲ ਨਾਲ ਯੋਗ ਉਮੀਦਵਾਰ ਮਹਿੰਗੀਆਂ ਕੋਚਿੰਗ ਫ਼ੀਸਾਂ ਦੇ ਬੋਝ ਤੋਂ ਬਿਨਾਂ ਪ੍ਰਮੁੱਖ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰ ਸਕਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮਾਮਲੇ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇਸ ਉਪਰਾਲੇ ਦਾ ਉਦੇਸ਼ ਹੋਣਹਾਰ ਨੌਜਵਾਨਾਂ ਨੂੰ ਗੁਣਵੱਤਾ ਭਰਪੂਰ ਕੋਚਿੰਗ, ਮਾਹਿਰ ਮਾਰਗਦਰਸ਼ਨ ਅਤੇ ਬਰਾਬਰ ਦੇ ਮੌਕੇ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਬੈਂਕਿੰਗ ਅਤੇ ਬੀਮਾ ਖੇਤਰ ਵਿੱਚ ਆਪਣਾ ਸਫ਼ਲ ਕਰੀਅਰ ਬਣਾ ਸਕਣ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਕੋਈ ਵੀ ਪ੍ਰਤਿਭਾਸ਼ਾਲੀ ਨੌਜਵਾਨ ਆਰਥਿਕ ਤੰਗੀ ਕਾਰਨ ਮੌਕਿਆਂ ਤੋਂ ਵਾਂਝਾ ਨਾ ਰਹੇ ਅਤੇ ਉਸ ਨੂੰ ਆਪਣੀ ਸਮਰੱਥਾ ਸਾਬਤ ਕਰਨ ਲਈ ਲੋੜੀਂਦਾ ਸਹਿਯੋਗ ਮਿਲੇ। ਉਨ੍ਹਾਂ ਦੱਸਿਆ ਕਿ ਇਹ ਕੋਚਿੰਗ ਅੰਬੇਦਕਰ ਇੰਸਟੀਚਿਊਟ ਆਫ਼ ਕਰੀਅਰਜ਼ ਐਂਡ ਕੋਰਸਿਜ਼, ਫੇਜ਼-3ਬੀ 2, ਐੱਸ ਏ ਐੱਸ ਨਗਰ (ਮੋਹਾਲੀ) ਵਿਖੇ ਕਰਵਾਈ ਜਾਵੇਗੀ। ਪੰਜਾਬ ਦੇ ਪੱਕੇ ਵਸਨੀਕ ਅਤੇ ਐਸ ਸੀ, ਓ ਬੀ ਸੀ ਅਤੇ ਘੱਟ ਗਿਣਤੀ ਭਾਈਚਾਰਿਆਂ ਨਾਲ ਸਬੰਧਤ ਗ੍ਰੈਜੂਏਟ ਉਮੀਦਵਾਰ ਇਸ ਪ੍ਰੋਗਰਾਮ ਲਈ ਅਰਜ਼ੀ ਦੇ ਸਕਦੇ ਹਨ। ਬਿਨੈਕਾਰ ਦੇ ਪਰਿਵਾਰ ਦੀ ਕੁੱਲ ਸਲਾਨਾ ਆਮਦਨ ਸਾਰੇ ਸਰੋਤਾਂ ਤੋਂ 3 ਲੱਖ ਰੁਪਏ ਤੋਂ ਵੱਧ ਨਹੀਂ ਹੋਣੀ ਚਾਹੀਦੀ।

ਭੰਗੜੇ ਦੀ ਵਰਕਸ਼ਾਪ ਲਗਾਈ

ਚੰਡੀਗੜ੍ਹ (ਸੁਰਜੀਤ ਸੁਮਨ)- ਸ਼ਹਿਰ ਵਾਸੀਆਂ ਨੂੰ ਪੰਜਾਬੀ ਸਭਿਆਚਾਰ ਨਾਲ਼ ਜੋੜੀ ਰੱਖਣ ਵਾਸਤੇ ਸੈਕਟਰ 38 ਏ ਅਤੇ ਬੀ ਦੀ ਰੈਜ਼ੀਡੈਂਟ ਵੈਲਫੇਅਰ ਆਰਗਨਾਈਜ਼ੇਸ਼ਨ ਵੱਲੋਂ ਭੰਗੜੇ ਦੀ ਇੱਕ ਵਿਸ਼ੇਸ਼ ਵਰਕਸ਼ਾਪ ਲਾਈ ਗਈ, ਜਿਹੜੀ ਜੂਨ ਮਹੀਨੇ ਦੀ 30 ਤਰੀਕ ਤੱਕ ਚੱਲੇਗੀ। ਸਮਰ ਕੈਂਪ ਦੇ ਹਿੱਸੇ ਵਜੋਂ ਕੀਤੇ ਜਾ ਰਹੇ ਇਸ ਪ੍ਰਾਜੈਕਟ ਦਾ ਮਕਸਦ ਸੈਕਟਰ ਵਾਸੀਆਂ ਨੂੰ ਪੰਜਾਬ ਦੀ ਵਿਰਾਸਤ ਨਾਲ ਜੋੜੀ ਰੱਖਣਾ ਹੈ। ਇਸ ਬਾਰੇ ਵਧੇਰੇ ਜਾਣਕਾਰੀ ਦੇਂਦਿਆਂ ਸੰਸਥਾ ਦੇ ਪ੍ਰਧਾਨ ਜੋਗਿੰਦਰ ਸਿੰਘ ਨੇ ਦੱਸਿਆ ਕਿ ਪੰਜਾਬੀ ਕਲਾ ਕੇਂਦਰ ਦੇ ਸਹਿਯੋਗ ਨਾਲ ਉੱਘੇ ਲੋਕ ਕਲਾਕਾਰ ਅਤੇ ਸੰਗੀਤ ਨਾਟਕ ਅਕਾਦਮੀ ਅਵਾਰਡ ਜੇਤੂ ਬਲਕਾਰ ਸਿੱਧੂ ਵੱਲੋਂ ਭੰਗੜੇ ਦੇ ਗੁਰ ਸਿਖਾਏ ਜਾ ਰਹੇ ਹਨ, ਜਿਸ ਨੂੰ ਸੈਕਟਰ 38 ਤੋਂ ਇਲਾਵਾ ਨੇੜੇ ਤੇੜੇ ਦੇ ਸੈਕਟਰਾਂ ਤੋਂ ਵੀ ਭਰਵਾਂ ਹੁੰਗਾਰਾ ਮਿਲਿਆ ਹੈ।ਸੰਸਥਾ ਦੇ ਜਨਰਲ ਸਕੱਤਰ ਅਸ਼ਵਨੀ ਕੁਮਾਰ, ਕਾਰਜਕਾਰਨੀ ਮੈਂਬਰ ਨੀਲਮ ਗੋਇਲ ਅਤੇ ਸਰਗਰਮ ਮੈਂਬਰ ਰਾਖੀ ਸੁਬਰਾਮਨੀਅਮ ਨੇ ਇਸ ਪ੍ਰਾਜੈਕਟ ਨੂੰ ਸਫ਼ਲ ਬਣਾਉਣ ਲਈ ਮਹੱਤਵਪੂਰਨ ਰੋਲ ਅਦਾ ਕੀਤਾ ਹੈ, ਜਿਸ ਵਿੱਚ ਹਰ ਉਮਰ ਵਰਗ ਦੇ 100 ਤੋਂ ਵੱਧ ਆਦਮੀ, ਔਰਤਾਂ ਅਤੇ ਬੱਚੇ ਹਿੱਸਾ ਲੈ ਰਹੇ ਹਨ। ਸੰਸਥਾ ਦੇ ਪ੍ਰਧਾਨ ਜੋਗਿੰਦਰ ਸਿੰਘ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ ਤਾਂ ਜੋ ਸ਼ਹਿਰ ਵਾਸੀਆਂ ਨੂੰ ਪੰਜਾਬੀ ਸਭਿਆਚਾਰ ਨਾਲ ਜੋੜੀ ਰੱਖਿਆ ਜਾ ਸਕੇ।



ਵਿੱਤ ਮੰਤਰੀ ਵੱਲੋਂ ਜ਼ਹਿਰੀਲੀ ਸ਼ਰਾਬ ਦੇ ਦੁਖਾਂਤਾਂ ਨੂੰ ਰੋਕਣ ਲਈ ਕੇਂਦਰੀ ਕਾਨੂੰਨ ਬਣਾਉਣ ਦੀ ਮੰਗ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਦੇ ਵਿੱਤ ਅਤੇ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕੇਂਦਰ ਸਰਕਾਰ ਨੂੰ ਮਿਥਾਈਲ ਅਲਕੋਹਲ (ਮੈਥਾਨੌਲ) ਨੂੰ ਨਿਯਮਤ ਤੇ ਨਿਗਰਾਨੀ ਕਰਨ ਲਈ ਤੁਰੰਤ ਅਤੇ ਫੈਸਲਾਕੁੰਨ ਕਦਮ ਚੁੱਕਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਕੀਮਤੀ ਮਨੁੱਖੀ ਜਾਨਾਂ ਬਚਾਉਣ ਅਤੇ ਭਵਿੱਖ ਵਿੱਚ ਜ਼ਹਿਰੀਲੀ ਸ਼ਰਾਬ ਦੇ ਦੁਖਾਂਤ ਨੂੰ ਰੋਕਣ ਲਈ ਇੱਕ ਵਿਸ਼ੇਸ਼ ਕੇਂਦਰੀ ਕਾਨੂੰਨ ਬਣਾਉਣ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਵਿੱਤ ਮੰਤਰੀ ਨੇ ਇੱਥੇ ਇਹ ਵਿਚਾਰ ਆਬਕਾਰੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਡੀ.ਕੇ. ਤਿਵਾੜੀ ਅਤੇ ਆਬਕਾਰੀ ਤੇ ਕਰ ਕਮਿਸ਼ਨਰ ਜਿਤੇਂਦਰ ਜੋਰਵਾਲ ਨਾਲ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪ੍ਰਗਟ ਕੀਤੇ।ਮੈਥਾਨੌਲ ਦੀ ਢੋਆ ਢੁਆਈ ਅਤੇ ਪ੍ਰਬੰਧਕੀ ਮੁਸ਼ਕਲਾਂ ਬਾਰੇ ਵਿਸਥਾਰ ਵਿੱਚ ਦੱਸਦਿਆਂ, ਆਬਕਾਰੀ ਮੰਤਰੀ ਚੀਮਾ ਨੇ ਕਿਹਾ ਕਿ ਭਾਰਤ ਵਿੱਚ ਵਰਤੀ ਜਾਣ ਵਾਲੀ ਲਗਭਗ 90 ਪ੍ਰਤੀਸ਼ਤ ਮੈਥਾਨੌਲ ਵਿਦੇਸ਼ਾਂ ਤੋਂ ਦਰਾਮਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਬੰਦਰਗਾਹਾਂ ਤੇ ਕਸਟਮ ਪੁਆਇੰਟਾਂ ਰਾਹੀਂ ਦੇਸ਼ ਵਿੱਚ ਦਾਖਲ ਹੋਣ ਤੋਂ ਬਾਅਦ, ਇਹ ਖ਼ਤਰਨਾਕ ਰਸਾਇਣ ਆਪਣੇ ਨਿਰਧਾਰਤ ਉਦਯੋਗਿਕ ਖਪਤਕਾਰਾਂ ਤੱਕ ਪਹੁੰਚਣ ਤੋਂ ਪਹਿਲਾਂ ਕਈ ਰਾਜਾਂ ਦੀਆਂ ਸਰਹੱਦਾਂ ਨੂੰ ਪਾਰ ਕਰਦਾ ਹੈ। ਆਬਕਾਰੀ ਮੰਤਰੀ ਨੇ ਅੱਗੇ ਕਿਹਾ, 'ਕਿਉਂਕਿ ਮੈਥਾਨੌਲ ਆਪਣੀ ਯਾਤਰਾ ਦੌਰਾਨ ਕਈ ਅੰਤਰ-ਰਾਜ ਸਰਹੱਦਾਂ ਨੂੰ ਪਾਰ ਕਰਦਾ ਹੈ, ਇਸ ਲਈ ਇਸ ਦੀ ਆਵਾਜਾਈ ਸਿੱਧੇ ਤੌਰ 'ਤੇ ਭਾਰਤ ਦੇ ਸੰਵਿਧਾਨ ਦੀ ਸੱਤਵੀਂ ਅਨੁਸੂਚੀ ਦੀ ਸੂਚੀ-1 ਦੀ ਐਂਟਰੀ 41 ਦੇ ਅਧੀਨ ਆਉਂਦੀ ਹੈ, ਜੋ ਵਿਦੇਸ਼ਾਂ ਨਾਲ ਵਪਾਰ ਅਤੇ ਅੰਤਰ-ਰਾਜ ਵਪਾਰ ਨੂੰ ਨਿਯੰਤ੍ਰਿਤ ਕਰਦੀ ਹੈ। ਨਤੀਜੇ ਵਜੋਂ, ਕੋਈ ਵੀ ਇੱਕ ਰਾਜ ਸਰਕਾਰ, ਇਕੱਲੇ ਤੌਰ 'ਤੇ ਕੰਮ ਕਰਦਿਆਂ, ਇਸ ਦੇਸ਼ ਵਿਆਪੀ ਸਪਲਾਈ ਚੇਨ ਨੂੰ ਸੁਤੰਤਰ ਤੌਰ 'ਤੇ ਟਰੈਕ ਜਾਂ ਨਿਯੰਤ੍ਰਿਤ ਕਰਨ ਦਾ ਕਾਨੂੰਨੀ ਅਧਿਕਾਰ ਖੇਤਰ ਜਾਂ ਤਕਨੀਕੀ ਬੁਨਿਆਦੀ ਢਾਂਚਾ ਨਹੀਂ ਰੱਖਦੀ। ਇਹ ਪ੍ਰਭਾਵਸ਼ਾਲੀ ਨਿਗਰਾਨੀ ਲਈ ਇੱਕ ਕੇਂਦਰੀ ਕਾਨੂੰਨੀ ਢਾਂਚੇ ਨੂੰ ਸੰਵਿਧਾਨਕ ਤੌਰ 'ਤੇ ਜ਼ਰੂਰੀ ਬਣਾਉਂਦਾ ਹੈ।' ਉਨ੍ਹਾਂ ਕਿਹਾ ਕਿ ਮੈਥਾਨੌਲ ਪ੍ਰਮੁੱਖ ਈ-ਕਾਮਰਸ ਪਲੇਟਫਾਰਮਾਂ 'ਤੇ ਆਸਾਨੀ ਨਾਲ ਉਪਲਬਧ ਹੈ। ਵਰਤਮਾਨ ਵਿੱਚ, ਇਸ ਨੂੰ ਇੱਕ ਆਮ ਰਸਾਇਣਕ ਵਸਤੂ ਵਜੋਂ ਦੇਖਿਆ ਜਾਂਦਾ ਹੈ, ਜਿਸ ਕਾਰਨ ਇਸਦੀ ਆਨਲਾਈਨ ਲਿਸਟਿੰਗ ਅਤੇ ਵਿਕਰੀ ਪੂਰੀ ਤਰ੍ਹਾਂ ਅਨਿਯਮਤ ਰਹਿੰਦੀ ਹੈ। ਇਹ ਕਿਸੇ ਵੀ ਵਿਅਕਤੀ ਨੂੰ ਬਿਨਾਂ ਪਛਾਣ ਦੀ ਪੁਸ਼ਟੀ, ਦਸਤਾਵੇਜ਼ਾਂ ਜਾਂ ਕਿਸੇ ਐਲਾਨੇ ਉਦੇਸ਼ ਦੇ ਇਸ ਜ਼ਹਿਰੀਲੇ ਪਦਾਰਥ ਨੂੰ ਖਰੀਦਣ ਦੀ ਇਜਾਜ਼ਤ ਦਿੰਦਾ ਹੈ।

ਐੱਸ ਆਈ ਆਰ ਸੰਬੰਧੀ ਸੁਪਰਵਾਈਜ਼ਰਾਂ ਤੇ ਬੀ ਐੱਲ ਓਜ਼ ਦੀ ਟ੍ਰੇਨਿੰਗ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- 25 ਜੂਨ ਤੋਂ ਪੰਜਾਬ ਵਿੱਚ ਸ਼ੁਰੂ ਹੋ ਰਹੀ ਸਪੈਸ਼ਲ ਗਹਿਰੀ ਸੁਧਾਈ (ਐਸ.ਆਈ.ਆਰ.) ਸਬੰਧੀ ਵਿਧਾਨ ਸਭਾ ਹਲਕਾ 049-ਅਨੰਦਪੁਰ ਸਾਹਿਬ ਦੇ ਸਮੂਹ 233 ਬੀ ਐੱਲ ਓਜ਼, 24 ਸੁਪਰਵਾਈਜ਼ਰਾਂ ਅਤੇ ਵੱਖ-ਵੱਖ ਪਾਰਟੀਆਂ ਦੇ ਬੀ ਐੱਲ ਏ-1 ਦੀ ਟ੍ਰੇਨਿੰਗ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਕਾਨਫਰੰਸ ਹਾਲ ਵਿੱਚ ਕਰਵਾਈ ਗਈ। ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਹੋਏ ਚੋਣਕਾਰ ਰਜਿਸਟ੍ਰੇਸ਼ਨ ਅਫਸਰ, ਸੁਖਪਾਲ ਸਿੰਘ, ਪੀ ਸੀ ਐਸ ਕਮ ਐਸ ਡੀ ਐਮ, ਸ੍ਰੀ ਅਨੰਦਪੁਰ ਸਾਹਿਬ ਵੱਲੋਂ ਦੱਸਿਆ ਗਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਮੁਤਾਬਕ ਸਪੈਸ਼ਲ ਗਹਿਰੀ ਸੁਧਾਈ (ਐਸ.ਆਈ.ਆਰ.) ਦਾ ਪਹਿਲਾ ਰਾਊਂਡ 25 ਜੂਨ ਤੋਂ ਸ਼ੁਰੂ ਹੋਣ ਜਾ ਰਿਹਾ ਹੈ ਕਿ ਵਿੱਚ ਬੀ.ਐਲ.ਓਜ਼ ਘਰ-ਘਰ ਜਾ ਕੇ ਵੋਟਰਾਂ ਦੇ ਵੇਰਵੇ ਇਕੱਤਰ ਕਰਨਗੇ ਅਤੇ ਗਣਨਾ ਫਾਰਮ ਭਰਵਾ ਕੇ ਆਨਲਾਈਨ ਕਰਨਗੇ। ਇਹ ਪ੍ਰਕਿਰਿਆ 24 ਜੁਲਾਈ 2026 ਨੂੰ ਖਤਮ ਹੋਵੇਗੀ ਜਿਸ ਉਪਰੰਤ 3 ਅਗਸਤ 2026 ਨੂੰ ਡਰਾਫਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਹੋਵੇਗੀ। ਪਹਿਲੇ ਰਾਊਂਡ ਵਿੱਚ ਸਿਰਫ ਗਣਨਾ ਫਾਰਮ ਭਰੇ ਜਾਣਗੇ ਕੋਈ ਵੀ ਪਰੂਫ ਨਹੀ ਲਿਆ ਜਾਵੇਗਾ। ਇਸ ਸੰਬੰਧੀ ਉਨਾਂ ਵੋਟਰਾਂ ਦੇ ਸ਼ੰਕੇ ਦੂਰ ਕਰਦਿਆਂ ਸੂਚਿਤ ਕੀਤਾ ਕਿ ਜੇਕਰ ਵੋਟਰ ਵੱਲੋਂ ਗਣਨਾ ਫਾਰਮ ਕਿਸੇ ਵੀ ਕਾਰਨ ਕਰਕੇ ਭਰਿਆ ਨਹੀ ਗਿਆ ਹੈ ਤਾਂ ਉਸ ਨੂੰ ਨੋਟਿਸ ਜਾਰੀ ਕਰਕੇ ਆਪਣੇ ਪਰੂਫ ਜਮਾਂ ਕਰਨ ਦਾ ਮੌਕੇ ਦਿੱਤਾ ਜਾਵੇਗਾ। ਇਸ ਦੌਰਾਨ ਕਿਸੇ ਵੀ ਯੋਗ ਵੋਟਰ ਦੀ ਵੋਟ ਕੱਟੀ ਨਹੀਂ ਜਾਵੇਗੀ। ਇਸ ਟ੍ਰੇਨਿੰਗ ਵਿੱਚ ਬੀ ਐੱਲ ਓਜ਼ ਤੇ ਸੁਪਰਵਾਈਜ਼ਰਾਂ ਤੋਂ ਇਲਾਵਾ ਸੰਦੀਪ ਕੁਮਾਰ ਤਹਿਸੀਲਦਾਰ, ਸ੍ਰੀ ਅਨੰਦਪੁਰ ਸਾਹਿਬ, ਮਾਸਟਰ ਟ੍ਰੇਨਰ ਰਜਿੰਦਰ ਕੁਮਾਰ, ਅਜੇ ਕੁਮਾਰ ਬੈਂਸ, ਪ੍ਰੇਮ ਕੁਮਾਰ ਧੀਮਾਨ , ਸੰਤੋਸ਼ ਕੁਮਾਰ, ਸੰਦੀਪ ਬਸੀ, ਮੁਕੇਸ਼ ਕੁਮਾਰ ਅਤੇ ਜਤਿੰਦਰ ਸਿੰਘ ਆਦਿ ਹਾਜ਼ਰ ਸਨ।

ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਨਜ਼ਰਬੰਦ ਕਰਨ ਦੀ ਜੀ ਟੀ ਯੂ ਵੱਲੋਂ ਨਿਖੇਧੀ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਸੀ ਪੀ ਐੱਫ ਯੂਨੀਅਨ ਪੰਜਾਬ ਵੱਲੋਂ ਆਪਣੀ ਹੱਕੀ ਮੰਗ ਸੂਬੇ ਦੇ ਲਗਭਗ 2 ਲੱਖ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਨਾ ਕਰਨ ਦੇ ਰੱਵਈਏ ਵਾਲੀ ਸਰਕਾਰ ਨੂੰ ਮਨਵਾਉਣ ਲਈ ਮੁੱਖ-ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਹੁਸ਼ਿਆਰਪੁਰ ਦੇ ਹਲਕਾ ਟਾਂਡਾ -ਉੜਮੁੜ ਦੇ ਪਿੰਡ ਭਟਲਾ ਫੇਰੀ 'ਤੇ ਕਾਲੀਆਂ ਝੰਡੀਆਂ ਨਾਲ ਰੋਸ ਪ੍ਰਦਰਸਨ ਕਰਨ ਦਾ ਐਲਾਨ ਕੀਤਾ ਸੀ, ਜਿਸ ਤੋਂ ਖਫ਼ਾ ਹੋ ਕੇ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ,ਜ਼ਿਲ੍ਹਾ ਕਨਵੀਨਰ ਸੰਜੀਵ ਧੂਤ, ਆਗੂ ਰਜਤ ਮਹਾਜਨ ਤੇ ਪ੍ਰਿੰਸ ਪਲਿਆਲ ਗੜ੍ਹਦੀਵਾਲ ਨੂੰ ਵੱਖ-ਵੱਖ ਥਾਣਿਆਂ ਵਿੱਚ ਨਜ਼ਰਬੰਦ ਕੀਤਾ ਜਿਸ ਦੀ ਗੌਰਮਿੰਟ ਟੀਚਰਜ਼ ਯੂਨੀਅਨ ਦੇ ਆਗੂਆਂ ਨੇ ਕੜੇ ਸ਼ਬਦਾਂ ਵਿੱਚ ਨਿੰਦਾ ਕੀਤੀ।ਆਗੂਆਂ ਕਿਹਾ ਕਿ ਸਰਕਾਰ ਪੁਰਾਣੀ ਪੈਨਸ਼ਨ ਦਾ 18 ਨਵੰਬਰ 2022 ਦਾ ਆਪਣਾ ਅਧੂਰਾ ਨੋਟੀਫਿਕੇਸ਼ਨ ਤੁਰੰਤ ਪੂਰਾ ਕਰੇ।

ਇਸ ਮੌਕੇ ਤੇ ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ, ਸੱਤ ਪ੍ਰਕਾਸ਼, ਵਰਿੰਦਰ ਵਿੱਕੀ, ਸਤੀਸ਼ ਕੁਮਾਰ, ਲੈਕਚਰਾਰ ਅਮਰ ਸਿੰਘ, ਵਿਕਾਸ ਸ਼ਰਮਾ, ਸੁਨੀਲ ਸ਼ਰਮਾ, ਨਰੇਸ਼ ਮਿੱਡਾ, ਜਸਵਿੰਦਰ ਬੁੱਲ੍ਹੋਵਾਲ, ਉਮੇਸ਼ ਕੁਮਾਰ, ਜਸਵੀਰ ਬੋਦਲ, ਵਿਪਨ ਕੁਮਾਰ, ਮਨਮੋਹਨ ਤਲਵਾੜਾ, ਦਵਿੰਦਰ ਹੁਸ਼ਿਆਰਪੁਰ, ਪਰਮਜੀਤ ਕਾਤਿਬ, ਨਰਿੰਦਰ ਅਜਨੋਹਾ, ਸੁਭਾਸ਼ ਠਾਕੁਰ, ਰਾਜੇਸ਼ ਕੁਮਾਰ, ਰਮਾਕਾਂਤ, ਸੁਰਿੰਦਰ ਸਿੰਘ,ਸੁਖਜਿੰਦਰ ਸਿੰਘ, ਗੁਰਪਾਲ ਸਿੰਘ, ਰਾਜਿੰਦਰ ਟੱਪਾ, ਬੂਟਾ ਸਿੰਘ ਆਦਿ ਹਾਜ਼ਰ ਸਨ।

ਸਪੀਕਰ ਨੇ ਐੱਮ ਐੱਲ ਏ ਹੋਸਟਲ ਦੇ ਵਿਰਾਸਤੀ ਫਰਨੀਚਰ ਸੰਬੰਧੀ ਕਸਟਡੀ ਰਿਪੋਰਟ ਮੰਗੀ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅਮਰੀਕਾ ਵਿੱਚ ਐਮ ਐਲ ਏ. ਹੋਸਟਲ ਦੇ ਵਿਰਾਸਤੀ ਫਰਨੀਚਰ ਦੀ ਨਿਲਾਮੀ ਸਬੰਧੀ ਚੰਡੀਗੜ੍ਹ ਪ੍ਰਸ਼ਾਸਨ ਤੋਂ ਕਸਟਡੀ ਰਿਪੋਰਟ ਮੰਗੀ। ਇਸ ਸਬੰਧੀ, ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਪ੍ਰਸ਼ਾਸਨ ਦੇ ਸਬੰਧਤ ਅਧਿਕਾਰੀਆਂ ਨਾਲ ਉੱਚ ਪੱਧਰੀ ਮੀਟਿੰਗ ਕੀਤੀ ਗਈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਸ ਫਰਨੀਚਰ ਦੀ ਕਸਟਡੀ ਕਿਸ ਕੋਲ ਸੀ ਕਿਉਂਕਿ ਵਿਰਾਸਤੀ ਫਰਨੀਚਰ ਪੰਜਾਬ, ਹਰਿਆਣਾ ਦੀਆਂ ਸਰਕਾਰਾਂ ਅਤੇ ਯੂ ਟੀ, ਚੰਡੀਗੜ੍ਹ ਦੇ ਵੱਖ-ਵੱਖ ਅਥਾਰਟੀਆਂ ਦੀ ਕਸਟਡੀ ਅਧੀਨ ਆਉਂਦਾ ਹੈ ਅਤੇ ਯੂ ਟੀ ਪ੍ਰਸ਼ਾਸਨ ਵੱਲੋਂ ਅਜਿਹੇ ਫਰਨੀਚਰ ਦੀ ਸੂਚੀ ਦਾ ਰਿਕਾਰਡ ਰੱਖਿਆ ਜਾ ਰਿਹਾ ਹੈ।ਇਸ ਮਾਮਲੇ ਦਾ ਗੰਭੀਰ ਨੋਟਿਸ ਲੈਂਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਇਸ ਅਪਰਾਧ ਨੂੰ ਅੰਜਾਮ ਦੇਣ ਵਾਲਿਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ।

ਜਪਾਨ ਤੋਂ ਸੋਨੇ ਦਾ ਤਗਮਾ ਜਿੱਤ ਕੇ ਪਰਤੇ ਖਿਡਾਰੀ ਦਾ ਸਨਮਾਨ

ਫਿਲੌਰ (ਨਿਰਮਲ)- ਜਪਾਨ ਵਿੱਚ ਹੋਈ ਅੰਡਰ-18 ਏਸ਼ੀਅਨ ਹਾਕੀ ਟਰਾਫੀ ਵਿੱਚ ਭਾਰਤੀ ਟੀਮ ਵੱਲੋਂ ਸੋਨੇ ਤਗਮਾ ਜਿੱਤਣ ਵਾਲੇ ਪਿੰਡ ਤੇਹਿੰਗ ਦੇ ਖਿਡਾਰੀ ਅਰਸ਼ਦੀਪ ਸਿੰਘ ਦਾ ਪਿੰਡ ਪਰਤਣ 'ਤੇ ਗ੍ਰਾਮ ਪੰਚਾਇਤ, ਏਕਨੂਰ ਹਾਕੀ ਅਕੈਡਮੀ ਅਤੇ ਪਿੰਡ ਵਾਸੀਆਂ ਵੱਲੋਂ ਭਰਵਾਂ ਸਵਾਗਤ ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਖਿਡਾਰੀ ਨੇ ਰਾਊਂਡ ਗਲਾਸ ਹਾਕੀ ਅਕੈਡਮੀ, ਚੰਡੀਗੜ੍ਹ ਦੀ ਨੁਮਾਇੰਦਗੀ ਕਰਦਿਆਂ ਭਾਰਤੀ ਟੀਮ ਵਿੱਚ ਸਥਾਨ ਹਾਸਲ ਕੀਤਾ ਅਤੇ ਆਪਣੇ ਪਿੰਡ ਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ।ਸਨਮਾਨ ਸਮਾਗਮ ਦੌਰਾਨ ਖਿਡਾਰੀ ਨੂੰ ਨਗਦ ਰਾਸ਼ੀ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਯੂ.ਕੇ. ਵਸਦੇ ਸਰਦਾਰ ਨਿਰਮਲ ਸਿੰਘ ਅਤੇ ਉਨ੍ਹਾਂ ਦੇ ਕਲੱਬ ਵੱਲੋਂ ਖਿਡਾਰੀ ਨੂੰ ਮੋਟਰਸਾਈਕਲ ਵੀ ਭੇਟ ਕੀਤਾ ਗਿਆ। ਸਮਾਗਮ ਵਿੱਚ ਸਰਪੰਚ ਨਿਰਮਲ ਸਿੰਘ, ਤੇਜਾ ਸਿੰਘ ਜੌਹਲ, ਲਸ਼ਕਰੀ ਰਾਮ, ਗੁਰਜੀਤ ਸਿੰਘ, ਮਨੀ ਧਾਲੀਵਾਲ, ਦਵਿੰਦਰ ਸਿੰਘ ਜੱਸਲ, ਹੰਸ ਰਾਜ, ਸੁਖਵੰਤ ਸਿੰਘ, ਅਤੇ ਸਲਿੰਦਰ ਸਿੰਘ ਨੂਰੇਵਾਲ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਿਰਕਤ ਕੀਤੀ।

ਮੁੱਖ ਮਹਿਮਾਨ ਵਜੋਂ ਪਰਮਜੀਤ ਕੌਰ ਜੱਸਲ ਨੇ ਵੀ ਖਿਡਾਰੀ ਨੂੰ ਸਨਮਾਨਤ ਕੀਤਾ ਅਤੇ ਉਸ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ।ਇਸ ਮੌਕੇ ਅਕੈਡਮੀ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਖਿਡਾਰੀਆਂ ਨੂੰ ਮੁਫ਼ਤ ਖੇਡ ਸਮੱਗਰੀ, ਵਰਦੀਆਂ, ਡਾਕਟਰੀ ਸਹਾਇਤਾ ਅਤੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਆਵਾਜਾਈ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ।

ਭਾਈਚਾਰਕ ਸਾਂਝ ਨੂੰ ਵਧਾਉਂਦੇ ਹਨ ਸੱਭਿਆਚਾਰਕ ਮੇਲੇ : ਰਸ਼ਪਾਲ ਚਰੜ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੀਤਾ ਮੰਦਿਰ ਬਾਬਾ ਕਾਲੇ ਸ਼ਾਹ ਜੀ ਦੇ ਦਰਬਾਰ ਵਿਖੇ ਮੁੱਖ ਸੇਵਾਦਾਰ ਬੀਬੀ ਮਨਜੀਤ ਕੌਰ ਦੀ ਅਗਵਾਈ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਜੋੜ ਮੇਲਾ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਸੰਪੰਨ ਹੋ ਨਿਬੜਿਆ। ਇਸ ਜੋੜ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਲੋਕ ਸੇਵਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਰਸ਼ਪਾਲ ਸਿੰਘ ਚਰੜ ਅਤੇ ਮਾਂ ਮਾਤੇਸ਼ਵਰੀ ਚਿੰਤਪੁਰਨੀ ਮੰਦਿਰ ਢੋਲਵਾਹਾ ਜਨੌੜੀ ਦੇ ਸੰਸਥਾਪਕ ਠਾਕੁਰ ਰਵੀ ਗਾਂਧੀ ਵਿਸ਼ੇਸ਼ ਮਹਿਮਾਨ ਤੌਰ ਤੇ ਪਹੁੰਚੇ।ਇਸ ਜੋੜ ਮੇਲੇ ਦੇ ਅਰੰਭ ਤੋਂ ਪਹਿਲਾ ਮੇਲਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਬਾਬਾ ਦੇ ਦਰਬਾਰ ਚ ਵਿਸ਼ੇਸ਼ ਤੌਰ ਤੇ ਪਹੁੰਚੇ ਚਾਚਾ ਪੱਪੂ ਇਟਲੀ ਵਾਲੇ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਅਤੇ ਮੁੱਖ ਸੇਵਾਦਾਰ ਬੀਬੀ ਮਨਜੀਤ ਕੌਰ ਤੋਂ ਝੰਡਾ ਚੜ੍ਹਾਉਣ ਦੀ ਰਸਮ ਅਦਾ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨਾਲ ਜਸਕਰਨ ਕਾਜਲ ਪ੍ਰਧਾਨ ਗੁਰੂ ਰਵਿਦਾਸ ਸਭਾ ਦਾਰਾਪੁਰ ਅਤੇ ਜਤਿਨ ਮਿੰਟੂ ਹਾਜ਼ਰ ਸਨ। ਮੇਲੇ ਦੌਰਾਨ ਪੰਜਾਬ ਦੇ ਮਸ਼ਹੂਰ ਗਾਇਕਾਂ ਸੰਗਮ ਸਿਸਟਰ ਨੇ ਆਪਣੀਆਂ ਕਵਾਲੀਆਂ ਰਾਹੀਂ ਬਾਬਾ ਜੀ ਦਾ ਗੁਣਗਾਨ ਕਰਕੇ ਸ਼ਰਧਾਲੂਆਂ ਨੂੰ ਝੂਮਨ ਲਈ ਮਜਬੂਰ ਕਰ ਦਿੱਤਾ। ਸੂਫ਼ੀ ਗਾਇਕਾਂ ਨੇ ਆਪਣੀਆਂ ਕਵਾਲੀਆਂ ਰਾਹੀਂ ਬਾਬਾ ਜੀ ਦਾ ਗੁਣਗਾਨ ਕਰਕੇ ਸੰਗਤ ਨੂੰ ਬਾਬਾ ਜੀ ਦੇ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਨਕਲ ਪਾਰਟੀਆਂ ਨੇ ਆਪਣੀਆਂ ਨਕਲਾਂ ਰਾਹੀਂ ਲੋਕਾਂ ਨੂੰ ਲੋਟਪਟ ਕਿ ਰੱਖ ਦਿੱਤਾ।ਇਸ ਮੌਕੇ ਹਾਜਰ ਇਕੱਠ ਨੂੰ ਸੰਬੋਧਨ ਕਰਦੇ ਹੋਏ

ਪ੍ਰਧਾਨ ਰਸ਼ਪਾਲ ਸਿੰਘ ਚਰੜ ਨੇ ਕਿਹਾ ਕਿ ਨਫ਼ਰਤ ਭੁਲਾ ਕੇ ਆਪਸੀ ਭਾਈਚਾਰਕ ਸਾਂਝ ਨੂੰ ਵਧਾਉਂਦੇ ਹਨ ਅਜਿਹੇ ਸੱਭਿਆਚਾਰਕ ਮੇਲੇ।ਇਸ ਮੌਕੇ ਤੇ ਅੰਸ਼ਵੀਰ ਸਿੰਘ, ਸੌਰਵ ਕਾਜਲ, ਅੰਕਿਤ ਵੀਰ ਸਿੰਘ, ਅੰਕਿਤ ਕਾਜਲ, ਮਨੀ, ਮਾਹੀ, ਸਾਗਰ, ਕਲਸੀ, ਜਤਿਨ, ਮਿੰਟੂ, ਸੰਨੀ ਕਾਜਲ, ਹੈਪੀ, ਮੋਹਿਤ, ਸੰਗਮ ਨਿਖਿਲ ਤੇ ਹੋਰ ਪ੍ਰਬੰਧਕ ਕਮੇਟੀ ਮੈਂਬਰਾਂ ਤੋਂ ਇਲਾਵਾ ਹਜ਼ਾਰਾਂ ਸ਼ਰਧਾਲੂਆਂ ਨੇ ਬਾਬਾ ਜੀ ਦੇ ਦਰਬਾਰ 'ਚ ਆਪਣੀ ਹਾਜ਼ਰੀ ਲਗਵਾ ਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

ਐੱਚ ਐੱਮ ਵੀ ਦੀਆਂ ਵਿਦਿਆਰਥਣਾਂ ਦਾ 'ਵਰਸਿਟੀ ਪ੍ਰੀਖਿਆਵਾਂ 'ਚ ਸ਼ਾਨਦਾਰ ਪ੍ਰਦਰਸ਼ਨ

ਜਲੰਧਰ (ਸ਼ੈਲੀ ਐਲਬਰਟ)- ਹੰਸ ਰਾਜ ਮਿਹਲਾ ਮਹਾਵਿਦਿਆਲਾ ਜਲੰਧਰ ਦੇ ਰਾਜਨੀਤੀ ਸ਼ਾਸਤਰ ਵਿਭਾਗ ਦੀਆਂ ਵਿਦਿਆਰਥਣਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਮਹਾਵਿਦਿਆਲਾ ਦਾ ਨਾਂਅ ਰੌਸ਼ਨ ਕੀਤਾ ਹੈ। ਬੀ.ਏ. ਪੋਲਟੀਕਲ ਸਾਇੰਸ (ਆਨਰਜ਼) ਸਮੈਸਟਰ-ਪੰਜ ਵਿੱਚ ਜਾਹਨਵੀ, ਪਲਕ, ਯੋਗਤਾ, ਮੇਘਨਾ ਨੱਡਾ, ਯਸ਼ਵੀ ਸ਼ੋਰੇ, ਵਿਸ਼ਵ ਕੀਰਤੀ, ਭੂਮਿਕਾ ਪਾਂਡੇ, ਜਸਮੀਤ ਕੌਰ, ਲਵਪ੍ਰੀਤ ਕੌਰ,ਸ਼ਿਵਾਕਸ਼ੀ, ਕਿਰਨਦੀਪ ਕੌਰ ਅਤੇ ਬਿਸਮਾ ਬਾਨੋ ਨੇ 8.00 ਐਸ ਜੀ ਪੀ ਏ ਪ੍ਰਾਪਤ ਕਰਕੇ ਸ਼ਾਨਦਾਰ ਸਫਲਤਾ ਹਾਸਲ ਕੀਤੀ।

ਇਸ ਮੌਕੇ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਵਿਦਿਆਰਥਣਾਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਵਿਦਿਆਰਥਣਾਂ ਦੇ ਨਾਲ-ਨਾਲ ਵਿਭਾਗ ਦੇ ਅਧਿਆਪਕਾਂ ਦੀ ਮਿਹਨਤ ਦੀ ਵੀ ਭਰਪੂਰ ਪ੍ਰਸ਼ੰਸਾ ਕੀਤੀ। ਇਸ ਮੌਕੇ ਵਿਭਾਗ ਮੁਖੀ ਅਲਕਾ ਸ਼ਰਮਾ ਅਤੇ ਸਹਾਇਕ ਪ੍ਰੋਫੈਸਰ ਡਾ. ਜੀਵਨ ਦੇਵੀ ਨੇ ਵੀ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਸਫਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਸੰਤ ਬਾਬਾ ਨਰਾਇਣ ਦਾਸ ਨੂੰ ਸਮਰਪਤ ਸਮਾਗਮ 28 ਨੂੰ

ਅੱਡਾ ਸਰਾਂ (ਜਸਵੀਰ ਕਾਜਲ)- ਪਿੰਡ ਕੰਧਾਲਾ ਜੱਟਾਂ ਵਿਚ ਸਥਿਤ ਕੁਟੀਆ ਬਾਬਾ ਨਰਾਇਣ ਦਾਸ ਜੀ ਦੇ ਇਤਿਹਾਸਕ ਸਥਾਨ 'ਤੇ ਸੰਤ ਬਾਬਾ ਨਰਾਇਣ ਦਾਸ ਨੂੰ ਸਮਰਪਿਤ ਸਮਾਗਮ ਕਰਵਾਉਣ ਬਾਰੇ ਮੀਟਿੰਗ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ 28 ਜੂਨ ਦਿਨ ਐਤਵਾਰ ਨੂੰ ਮਨਾਇਆ ਜਾਵੇਗਾ ।ਡੇਰਾ ਸੰਚਾਲਕ ਬਾਬਾ ਹਰਭਜਨ ਦਾਸ ਦੀ ਅਗਵਾਈ ਅਤੇ ਦੇਖ-ਰੇਖ ਹੇਠ ਹੋਣ ਜਾ ਰਹੇ ਇਸ ਬਰਸੀ ਸਮਾਗਮ ਵਿਚ ਪ੍ਰਬੰਧਕਾਂ ਨੇ ਦੱਸਿਆ ਕਿ ਆਰੰਭਤਾ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਵੇਗੀ। ਭੋਗ ਉਪਰੰਤ ਢਾਡੀ, ਕਥਾਵਾਚਕ ਅਤੇ ਹੋਰ ਕੀਰਤਨੀ ਜਥੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ।ਇਸ ਮੌਕੇ ਬਾਬਾ ਨਰਾਇਣ ਦਾਸ ਵੈੱਲਫੇਅਰ ਕਮੇਟੀ ਪ੍ਰਧਾਨ ਅਮਰਜੀਤ ਸਿੰਘ, ਸਾਬਕਾ ਸਰਪੰਚ ਜੋਗਿੰਦਰ ਸਿੰਘ ਹੀਰ, ਚਮਨਪ੍ਰੀਤ ਸਿੰਘ ਵਾਈਸ ਪ੍ਰਧਾਨ, ਜਸਬੀਰ ਸਿੰਘ ਖਜ਼ਾਨਚੀ, ਸੂਬੇਦਾਰ ਸੁਖਵਿੰਦਰ ਸਿੰਘ, ਜਸਵੀਰ ਸਿੰਘ ਲੱਕੀ ਸੈਕਟਰੀ, ਗੁਰਮੇਲ ਸਿੰਘ ਸਲਾਹਕਾਰ, ਜਸਵਿੰਦਰ ਸਿੰਘ ਲਾਡੀ ਕਾਰਜਕਾਰੀ ਮੈਂਬਰ, ਸੁੱਚਾ ਸਿੰਘ, ਗੁਰਦੇਵ ਸਿੰਘ ਸਲਾਹਕਾਰ, ਧਰਮ ਸਿੰਘ, ਦਵਿੰਦਰ ਹੈਪੀ, ਗੋਗੀ ਬਿਕਰਮਜੀਤ ਸਿੰਘ ਬਿੱਕੀ, ਲਵਪ੍ਰੀਤ ਸਿੰਘ ਬੌਬੀ, ਗਗਨ ਤੇ ਹੋਰ ਮੈਂਬਰ ਹਾਜ਼ਰ ਸਨ।

ਕਰਮਚਾਰੀਆਂ ਨੂੰ ਨਿਰਧਾਰਤ ਸਮੇਂ ਅੰਦਰ ਸਕੀਮਾਂ ਦਾ ਲਾਭ ਮੁਹੱਈਆ ਕਰਵਾਉਣ ਦੀ ਹਦਾਇਤ

ਨਵਾਂਸ਼ਹਿਰ (ਮਨੋਜ ਲਾਡੀ)- ਸਰਕਾਰੀ ਦਫ਼ਤਰਾਂ ਵਿੱਚ ਲੋਕਾਂ ਨੂੰ ਮਿਲਣ ਵਾਲੀਆਂ ਸੇਵਾਵਾਂ ਦੀ ਗੁਣਵੱਤਾ ਅਤੇ ਸਮੇਂ ਸਿਰ ਡਿਲੀਵਰੀ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਹਾਇਕ ਕਮਿਸ਼ਨਰ ਜਨਰਲ ਰਮਨਜੀਤ ਨੇ ਸੇਵਾ ਕੇਂਦਰ, ਫਰਦ ਕੇਂਦਰ ਅਤੇ ਸਬ ਰਜਿਸਟਰਾਰ ਦਫਤਰ ਦੀ ਅਚਨਚੇਤ ਚੈਕਿੰਗ ਕੀਤੀ। ਚੈਕਿੰਗ ਦੌਰਾਨ ਸਹਾਇਕ ਕਮਿਸ਼ਨਰ ਜਨਰਲ ਨੇ ਹਾਜ਼ਰੀ ਰਜਿਸਟਰ, ਸੇਵਾ ਡਿਲੀਵਰੀ ਸਮਾਂ-ਸੀਮਾ, ਸਟਾਫ ਦੀ ਮੌਜੂਦਗੀ ਅਤੇ ਦਫਤਰੀ ਰਿਕਾਰਡ ਦੀ ਬਰੀਕੀ ਨਾਲ ਜਾਂਚ ਕੀਤੀ। ਉਨ੍ਹਾਂ ਕੰਪਿਊਟਰਾਂ, ਬਾਇਓਮੈਟ੍ਰਿਕ ਸਿਸਟਮ ਅਤੇ ਸ਼ਿਕਾਇਤ ਪੇਟੀ ਦੀ ਕਾਰਜਸ਼ੀਲਤਾ ਵੀ ਪਰਖੀ। ਸੇਵਾ ਕੇਂਦਰ ਵਿਖੇ ਵੱਖ-ਵੱਖ ਸਰਟੀਫਿਕੇਟਾਂ ਅਤੇ ਸਕੀਮਾਂ ਲਈ ਅਰਜ਼ੀਆਂ ਦੀ ਪ੍ਰਕਿਰਿਆ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਸਹਾਇਕ ਕਮਿਸ਼ਨਰ ਜਨਰਲ ਨੇ ਕੰਮ ਕਰਵਾਉਣ ਲਈ ਆਏ ਆਮ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਤੋਂ ਸੇਵਾ ਪ੍ਰਾਪਤੀ ਦਾ ਤਜਰਬਾ ਜਾਣਿਆ। ਲੋਕਾਂ ਨੇ ਸਹਾਇਕ ਕਮਿਸ਼ਨਰ ਨੂੰ ਦੱਸਿਆ ਕਿ ਉਨ੍ਹਾਂ ਨੂੰ ਆਪਣੇ ਕੰਮ ਕਰਵਾਉਣ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਨਹੀਂ ਆਈ ਹੈ।

ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਦਲਾਲ ਦੇ ਚੱਕਰ ਵਿੱਚ ਨਾ ਆਉਣ ਅਤੇ ਸੇਵਾਵਾਂ ਲਈ ਨਿਰਧਾਰਤ ਫੀਸ ਹੀ ਜਮ੍ਹਾਂ ਕਰਵਾਉਣ।

ਸਾਲਾਨਾ ਖ਼ੂਨਦਾਨ ਕੈਂਪ ਦਾ ਉਦਘਾਟਨ

ਅੱਡਾ ਸਰਾਂ (ਜਸਵੀਰ ਕਾਜਲ)- ਗੁਰੂ ਨਾਨਕ ਬਿਰਧ ਆਸ਼ਰਮ ਅਤੇ ਲਾਇਨ ਕਿੰਗ ਯੂਥ ਕਲੱਬ ਵੱਲੋਂ ਬਾਬਾ ਸੁਖਨਾ ਭਗਤ ਦੇ ਪਵਿੱਤਰ ਸਥਾਨ ਪਿੰਡ ਦੇਹਰੀਵਾਲ ਵਿਖੇ ਇਕ ਰੋਜ਼ਾ ਦੂਸਰਾ ਸਲਾਨਾ ਖ਼ੂਨਦਾਨ ਕੈਂਪ ਲਾਇਆ ਗਿਆ। ਪ੍ਰਵਾਸੀ ਪੰਜਾਬੀ ਦਾਨੀ ਜਵਾਹਰ ਸਿੰਘ ਪੱਡਾ ਦੇ ਵਿਸ਼ੇਸ਼ ਸਹਿਯੋਗ ਨਾਲ ਪ੍ਰਧਾਨ ਜਸਕਰਨ ਸਿੰਘ, ਅਮਰਜੀਤ ਸਿੰਘ, ਸੁਖਚੈਨ ਸਿੰਘ ਖਜਾਨਚੀ ਅਤੇ ਗੁਰਨਾਮ ਸਿੰਘ ਦੇਖ-ਰੇਖ 'ਚ ਲਾਏ ਗਏ ਇਸ ਕੈਂਪ ਦਾ ਉਦਘਾਟਨ ਡੀ ਐੱਸ ਪੀ. ਟਾਂਡਾ ਦਵਿੰਦਰ ਸਿੰਘ ਬਾਜਵਾ ਨੇ ਕੀਤਾ । ਇਸ ਮੌਕੇ ਬਾਜਵਾ ਨੇ ਖ਼ੁਦ ਖ਼ੂਨਦਾਨ ਕਰਦੇ ਖ਼ੂਨਦਾਨ ਦੀ ਮਹਾਨਤਾ ਬਾਰੇ ਦੱਸਿਆ ਅਤੇ ਕਿਹਾ ਕਿ ਹਰ ਤੰਦਰੁਸਤ ਵਿਅਕਤੀ ਨੂੰ ਖ਼ੂਨਦਾਨ ਜ਼ਰੂਰ ਕਰਨਾ ਚਾਹੀਦਾ ਹੈ । ਖ਼ੂਨਦਾਨ ਨਾਲ ਕਿਸੇ ਜ਼ਰੂਰਤਮੰਦ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ । ਕੈਂਪ ਦੌਰਾਨ ਆਕਸਫੋਰਡ ਹਸਪਤਾਲ ਬਲੱਡ ਸੈਂਟਰ ਜਲੰਧਰ ਦੀ ਟੀਮ ਨੇ ਸੇਵਾਵਾਂ ਦਿੱਤੀਆਂ।ਕੈਂਪ ਦੌਰਾਨ 40 ਦੇ ਕਰੀਬ ਖ਼ੂਨਦਾਨ ਕੀਤਾ ਗਿਆ।ਪ੍ਰਬੰਧਕਾਂ ਨੇ ਡੀ ਐੱਸ ਪੀ ਟਾਂਡਾ ਬਾਜਵਾ ਐੱਸ ਐੱਚ ਓ. ਗੁਰਿੰਦਰਜੀਤ ਸਿੰਘ ਨਾਗਰਾ, ਜਵਾਹਰ ਸਿੰਘ ਪੱਡਾ ਅਤੇ ਖ਼ੂਨਦਾਨੀਆਂ ਦਾ ਸਨਮਾਨ ਕੀਤਾ । ਇਸ ਮੌਕੇ ਨੰਬਰਦਾਰ ਮਨਪ੍ਰੀਤ ਸਿੰਘ, ਮਾਸਟਰ ਜਗਦੀਸ਼ ਸਿੰਘ, ਸਾਬਕਾ ਜ਼ਿਲਾ ਪ੍ਰੀਸ਼ਦ ਮੈਂਬਰ ਸੁਖਵਿੰਦਰ ਸਿੰਘ ਮੂਨਕ, ਗੁਰਨਾਮ ਸਿੰਘ, ਓਂਕਾਰ ਸਿੰਘ, ਹਰਵਿੰਦਰ ਸਿੰਘ ਬਸੀ ਜਲਾਲ, ਕੁਲਦੀਪ ਸਿੰਘ ਦੇਹਰੀਵਾਲ, ਮੱਲੀ ਦੇਹਰੀਵਾਲ, ਕੁਲਵਿੰਦਰ ਸਿੰਘ, ਦਲਜਿੰਦਰ ਸਿੰਘ ਅਤੇ ਕਲੱਬ ਦੀ ਸਮੂਹ ਟੀਮ ਮੌਜੂਦ ਸੀ।

ਗਊ ਸੈੱਸ ਦਾ ਇੱਕ-ਇੱਕ ਰੁਪਿਆ ਸੁਰੱਖਿਅਤ : ਸੁਨੀਲ ਕੌਸ਼ਲ

ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ) ਕੁਝ ਸਿਆਸੀ ਆਗੂਆਂ ਵੱਲੋਂ ਆਪਣੀ ਰਾਜਨੀਤੀ ਚਮਕਾਉਣ ਦੇ ਮਕਸਦ ਨਾਲ ਗਊ ਸੈੱਸ ਦੇ ਫੰਡਾਂ ਨੂੰ ਲੈ ਕੇ ਦਿੱਤੇ ਗਏ ਬੇਤੁਕੇ ਬਿਆਨਾਂ ਦਾ ਸਖ਼ਤ ਨੋਟਿਸ ਲੈਂਦਿਆਂ, ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਨਗਰ ਕੌਂਸਲ ਤੇ ਪ੍ਰਧਾਨ ਸੁਨੀਲ ਕੌਸ਼ਲ ਲਾਡੀ ਰਾਣਾ ਨੇ ਵਿਰੋਧੀਆਂ ਨੂੰ ਕਰਾਰਾ ਜਵਾਬ ਦਿੱਤਾ ਗਿਆ ਹੈ। ਸ਼ਹਿਰ ਦੇ ਇਨਸਾਫ਼ ਪਸੰਦ ਲੋਕਾਂ ਅਤੇ ਸਥਾਨਕ ਸ਼ਹਿਰ ਵਾਸੀਆਂ ਨੂੰ ਪੂਰੀ ਜ਼ਿੰਮੇਵਾਰੀ ਨਾਲ ਭਰੋਸਾ ਦਿਵਾਇਆ ਗਿਆ ਹੈ ਕਿ ਗਊ ਸੈੱਸ ਦਾ ਇੱਕ-ਇੱਕ ਰੁਪਿਆ ਪੂਰੀ ਤਰ੍ਹਾਂ ਸੁਰੱਖਿਅਤ ਹੈ।ਨਗਰ ਕੌਂਸਲ ਦੇ ਸਪੱਸ਼ਟ ਨਿਯਮ ਹਨ ਕਿ ਗਊ ਸੈੱਸ ਦੇ ਫੰਡ ਕਿਸੇ ਹੋਰ ਕੰਮ ਨਹੀਂ ਵਰਤਿਆ ਗਿਆ ਇਹ ਵਿਰੋਧੀਆਂ ਵੱਲੋਂ ਫੰਡਾਂ ਦੀ ਦੁਰਵਰਤੋਂ ਦੇ ਲਾਏ ਜਾ ਰਹੇ ਦੋਸ਼ ਪੂਰੀ ਤਰ੍ਹਾਂ ਬੇਬੁਨਿਆਦ ਅਤੇ ਸਿਆਸਤ ਤੋਂ ਪ੍ਰੇਰਿਤ ਹਨ।ਵਿਰੋਧੀ ਲੀਡਰਾਂ ਵੱਲੋਂ ਜਿਸ ਬਕਾਏ ਦੀ ਗੱਲ ਕਹਿ ਕੇ ਅਫ਼ਵਾਹਾਂ ਫੈਲਾਈਆਂ ਜਾ ਰਹੀਆਂ ਹਨ, ਉਸ ਬਾਰੇ ਸਾਫ਼ ਕਿਹਾ ਗਿਆ ਹੈ ਕਿ ਅਸੀਂ ਇਸ ਦਾ ਪੂਰਾ ਰਿਕਾਰਡ ਅਤੇ ਆਡਿਟ ਜਨਤਾ ਦੇ ਸਾਹਮਣੇ ਰੱਖਣ ਲਈ ਤਿਆਰ ਹਾਂ। ਜੇਕਰ ਕਿਸੇ ਤਕਨੀਕੀ ਕਾਰਨ ਜਾਂ ਕਾਗਜ਼ੀ ਕਾਰਵਾਈ ਕਰਕੇ ਗਊਸ਼ਾਲਾ ਨੂੰ ਫੰਡ ਜਾਰੀ ਹੋਣ ਵਿੱਚ ਕੋਈ ਦੇਰੀ ਹੋਈ ਵੀ ਹੈ, ਤਾਂ ਅਗਲੇ ਕੁਝ ਦਿਨਾਂ ਦੇ ਅੰਦਰ ਖੁਦ ਸਬੰਧਿਤ ਅਧਿਕਾਰੀਆਂ ਅਤੇ ਗਊਸ਼ਾਲਾ ਪ੍ਰਬੰਧਕਾਂ ਨਾਲ ਮੀਟਿੰਗ ਕਰਕੇ ਬਣਦੀ ਰਾਸ਼ੀ ਜਾਰੀ ਕਰਵਾ ਦਿੱਤੀ ਜਾਵੇਗੀ।

ਪ੍ਰੋ-ਚਾਂਸਲਰ ਵੱਲੋਂ ਮਲਟੀ ਸਪੋਰਟਸ ਕਮਿਊਨਿਟੀ ਕੰਪਲੈਕਸ ਦਾ ਦੌਰਾ

ਗੁਰਾਇਆ (ਬਿੰਦਰ ਸੁਮਨ)- ਸੀ ਟੀ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਵਾਈ ਐੱਫ ਸੀ ਮਲਟੀ ਸਪੋਰਟਸ ਕਮਿਊਨਿਟੀ ਕੰਪਲੈਕਸ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਦਾ ਯੂਥ ਫੁੱਟਬਾਲ ਕਲੱਬ (ਵਾਈ ਐੱਫ ਸੀ) ਦੇ ਪ੍ਰਬੰਧਕਾਂ ਅਤੇ ਸਟਾਫ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਆਪਣੇ ਦੌਰੇ ਦੌਰਾਨ ਡਾ. ਮਨਬੀਰ ਸਿੰਘ ਨੇ ਖੇਡ ਕੰਪਲੈਕਸ ਦਾ ਨਿਰੀਖਣ ਕੀਤਾ ਅਤੇ ਵਾਈ ਐੱਫ ਸੀ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਖੇਡ, ਸਿੱਖਿਆ ਅਤੇ ਸਮਾਜਿਕ ਵਿਕਾਸ ਨਾਲ ਸਬੰਧਤ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਉਨ੍ਹਾਂ ਨੇ ਮਹਿਲਾ ਸਸ਼ਕਤੀਕਰਨ, ਲਿੰਗ ਸਮਾਨਤਾ, ਗੁਣਵੱਤਾ ਭਰਪੂਰ ਸਿੱਖਿਆ ਅਤੇ ਖੇਡਾਂ ਰਾਹੀਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਕਲੱਬ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸਰਾਹਨਾ ਕੀਤੀ।ਡਾ. ਸਿੰਘ ਨੇ ਵਾਈ ਐੱਫ ਸੀ ਵੱਲੋਂ ਚਲਾਏ ਜਾ ਰਹੇ ਮੁਫ਼ਤ ਫਿਜ਼ਿਓਥੈਰੇਪੀ ਸੈਂਟਰ, ਕੰਪਿਊਟਰ ਸਿੱਖਿਆ ਕੇਂਦਰ, ਪੋਸ਼ਣ ਅਤੇ ਡਾਇਟ ਸਹਾਇਤਾ ਪ੍ਰੋਗਰਾਮਾਂ ਸਮੇਤ ਹੋਰ ਸਮਾਜ ਭਲਾਈ ਸੇਵਾਵਾਂ ਦੀ ਵੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀਆਂ ਸਥਾਨਕ ਭਾਈਚਾਰੇ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ।

ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜੁਝਾਰ ਸਿੰਘ ਸੇਠੀ ਦੀ ਮਾਤਾ ਦਾ ਅੰਤਮ ਸੰਸਕਾਰ

ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)- ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਰਦਾਰ ਜੁਝਾਰ ਸਿੰਘ ਸੇਠੀ ਦੀ ਸਤਿਕਾਰਯੋਗ ਮਾਤਾ, ਜੋ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਚੱਲ ਰਹੇ ਸਨ, ਅਕਾਲ ਚਲਾਣਾ ਕਰ ਗਏ। ਪਿੰਡ ਭਰਥਲਾ ਵਿਖੇ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਰਾਜਨੀਤਿਕ, ਧਾਰਮਿਕ, ਸਮਾਜਿਕ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਪਹੁੰਚ ਕੇ ਦੁੱਖ ਦਾ ਪ੍ਰਗਟਾਵਾ ਕੀਤਾ। ਸੰਸਕਾਰ ਸਮੇਂ ਮਾਹੌਲ ਗਮਗੀਨ ਰਿਹਾ ਅਤੇ ਹਾਜ਼ਰ ਲੋਕਾਂ ਨੇ ਨਮ ਅੱਖਾਂ ਨਾਲ ਵਿਛੜੀ ਰੂਹ ਨੂੰ ਅੰਤਿਮ ਵਿਦਾਇਗੀ ਦਿੱਤੀ। ਮ੍ਰਿਤਕ ਦੇਹ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਜੁਝਾਰ ਸਿੰਘ ਸੇਠੀ ਨੇ ਦਿਖਾਈ।ਇਸ ਮੌਕੇ ਸੀਨੀਅਰ ਅਕਾਲੀ ਆਗੂ ਅਸ਼ੋਕ ਕੁਮਾਰ ਨਾਨੋਵਾਲ, ਜੋਗਿੰਦਰ ਸਿੰਘ ਅਟਵਾਲ, ਤਰਲੋਚਨ ਸਿੰਘ ਰੱਕੜ, ਸਾਬਕਾ ਚੈਅਰਮੈਨ ਬਿਮਲ ਕੁਮਾਰ, ਰਾਣਾ ਰਣਦੀਪ ਸਿੰਘ, ਦਲਜੀਤ ਸਿੰਘ ਮਾਣੇਵਾਲ, ਨੰਬਰਦਾਰ ਭਗਤ ਸਿੰਘ, ਸੋਹਣ ਸਿੰਘ, ਚਰਨਜੀਤ ਸਿੰਘ ਕਿਸ਼ਨਪੁਰ, ਮੇਜਰ ਸਿੰਘ ਗਹੂੰਣ, ਗੁਰਵਿੰਦਰ ਸਿੰਘ ਮੱਲੀ, ਤੀਰਥ ਸਿੰਘ ਭਾਟੀਆ, ਬਗੀਚਾ ਸਿੰਘ ਰੱਕੜ, ਅਜਮੇਰ ਸਿੰਘ ਰੱਕੜਾਂ ਬੇਟ, ਜਗਜੀਤ ਸਿੰਘ ਗਿੱਲ, ਸੁਖਦੇਵ ਸਿੰਘ ਬਿੱਟੂ, ਕੇਵਲ ਸਿੰਘ ਸਹੋਤਾ, ਗੁਰਬਖਸ਼ ਸਿੰਘ ਸਹੋਤਾ, ਮਾਸਟਰ ਰਣਵੀਰ ਸਿੰਘ, ਗਗਨ ਰਾਣਾ, ਸੁਖਦੇਵ ਸਿੰਘ ਭਰਥਲਾ ਸ਼ਾਮਿਲ ਸਨ।

ਮੱਕੀ ਦੀ ਕਾਸ਼ਤ ਬਾਰੇ ਸਿਖਲਾਈ ਪ੍ਰੋਗਰਾਮ ਕਰਵਾਇਆ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਬੀਤੇ ਦਿਨੀਂ ਖੇਤੀ ਭਵਨ, ਹੁਸ਼ਿਆਰਪੁਰ ਵਿਖੇ ਜ਼ਿਲ੍ਹੇ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਅਧਿਕਾਰੀਆਂ ਤੇ ਫੀਲਡ ਸਟਾਫ ਲਈ ਸਾਉਣੀ ਮੱਕੀ ਦੀ ਕਾਸ਼ਤ ਸੰਬੰਧੀ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਝੋਨੇ ਦੇ ਬਦਲ ਵਜੋਂ ਮੱਕੀ ਦੀ ਕਾਸ਼ਤ ਨੂੰ ਪ੍ਰਫੁੱਲਤ ਕਰਨ ਲਈ ਖੇਤੀਬਾੜੀ ਅਧਿਕਾਰੀਆਂ ਦੇ ਤਕਨੀਕੀ ਗਿਆਨ ਵਿੱਚ ਵਾਧਾ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ), ਡਾ. ਮਨਿੰਦਰ ਸਿੰਘ ਬੈਂਸ ਨੇ ਸਾਰੇ ਅਧਿਕਾਰੀਆਂ ਤੇ ਫੀਲਡ ਸਟਾਫ ਦਾ ਸਵਾਗਤ ਕੀਤਾ ਅਤੇ ਜ਼ਿਲ੍ਹੇ ਵਿੱਚ ਮੱਕੀ ਦੀ ਕਾਸ਼ਤ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਮੱਕੀ ਦੀ ਫਸਲ ਲਈ ਘੱਟ ਪਾਣੀ ਲੋੜੀਂਦਾ ਹੈ ਅਤੇ ਇੰਜ ਫਸਲ ਧਰਤੀ ਹੇਠਲੇ ਪਾਣੀ ਦੀ ਸੰਭਾਲ ਦੇ ਨਾਲ-ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਵਿੱਚ ਵੀ ਸਹਾਇਕ ਸਿੱਧ ਹੋ ਸਕਦੀ ਹੈ।

ਉਨ੍ਹਾਂ ਕੇਵੀਕੇ ਹੁਸ਼ਿਆਰਪੁਰ ਵੱਲੋਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦਾ ਸਹਿਯੋਗ ਨਾਲ ਚਲਾਏ ਜਾ ਰਹੇ ਖੇਤ ਬਚਾਓ ਅਭਿਆਨ ਦੇ ਮੰਤਵ ਅਤੇ ਮੁਹਿੰਮ ਅਧੀਨ ਵੱਖ-ਵੱਖ ਸਿਖਲਾਈ ਪ੍ਰੋਗਰਾਮਾਂ ਤੇ ਜਾਗਰੂਕਤਾ ਕੈਂਪਾਂ ਬਾਰੇ ਵੀ ਜਾਣਕਾਰੀ ਦਿੱਤੀ।

ਮੁੱਖ ਖੇਤੀਬਾੜੀ ਅਫ਼ਸਰ, ਹੁਸ਼ਿਆਰਪੁਰ, ਡਾ. ਦੁਪਿੰਦਰ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਝੋਨੇ ਤੋਂ ਮੱਕੀ ਫਸਲੀ ਵਿਭਿੰਨਤਾ ਯੋਜਨਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਅੰਤ ਵਿੱਚ ਜ਼ਿਲ੍ਹਾ ਸਿਖਲਾਈ ਅਫ਼ਸਰ, ਹੁਸ਼ਿਆਰਪੁਰ, ਡਾ. ਦੀਪਕ ਪੁਰੀ ਨੇ ਧੰਨਵਾਦੀ ਸ਼ਬਦ ਕਹੇ ਅਤੇ ਕੇਵੀਕੇ ਦੇ ਮਾਹਿਰਾਂ ਵੱਲੋਂ ਸਾਂਝੀ ਕੀਤੀ ਗਈ ਮਹੱਤਵਪੂਰਨ ਜਾਣਕਾਰੀ ਦੀ ਸ਼ਲਾਘਾ ਕੀਤੀ।

ਮੁਫ਼ਤ ਰਿਹਾਇਸ਼ੀ 'ਐਲਡਰਲੀ ਕੇਅਰ ਟੇਕਰ' ਕੋਰਸ ਲਈ ਰਜਿਸਟ੍ਰੇਸ਼ਨ ਸ਼ੁਰੂ

ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)- ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਯਾ ਪੀ. ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੇ ਅਨੁਸੂਚਿਤ ਜਾਤੀ (ਐੱਸ ਸੀ) ਵਰਗ ਨਾਲ ਸਬੰਧਤ ਨੌਜਵਾਨਾਂ ਲਈ 360 ਘੰਟਿਆਂ ਦੇ ਰਿਹਾਇਸ਼ੀ 'ਐਲਡਰਲੀ ਕੇਅਰ ਟੇਕਰ' ਸਿਖਲਾਈ ਕੋਰਸ ਲਈ ਰਜਿਸਟ੍ਰੇਸ਼ਨ ਸ਼ੁਰੂ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਕੋਰਸ ਪੰਜਾਬ ਹੁਨਰ ਵਿਕਾਸ ਮਿਸ਼ਨ, ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਅਤੇ ਅਪੋਲੋ ਮੈਡਸਕਿਲਜ਼ ਲਿਮੀਟਡ ਦੇ ਸਾਂਝੇ ਉਪਰਾਲੇ ਤਹਿਤ ਕਰਵਾਇਆ ਜਾ ਰਿਹਾ ਹੈ।

ਇਸ ਕੋਰਸ ਦੌਰਾਨ ਸਿਖਿਆਰਥੀਆਂ ਨੂੰ ਜੈਰੀਐਟ੍ਰਿਕ ਕੇਅਰ, ਬੁਨਿਆਦੀ ਨਰਸਿੰਗ, ਫਸਟ ਏਡ, ਪੋਸ਼ਣ, ਮੋਬਿਲਟੀ ਸਹਾਇਤਾ ਅਤੇ ਸੰਚਾਰ ਕੌਸ਼ਲਾਂ ਬਾਰੇ ਵਿਸਥਾਰਪੂਰਵਕ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਕੋਰਸ ਪੂਰੀ ਤਰ੍ਹਾਂ ਰਿਹਾਇਸ਼ੀ ਹੈ ਅਤੇ ਸਿਖਿਆਰਥੀਆਂ ਨੂੰ ਮੁਫ਼ਤ ਰਹਿਣ-ਸਹਿਣ, ਭੋਜਨ ਅਤੇ ਟ੍ਰੇਨਿੰਗ ਕਿੱਟਾਂ ਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕੋਰਸ ਲਈ ਕੇਵਲ ਅਨੁਸੂਚਿਤ ਜਾਤੀ ਵਰਗ ਨਾਲ ਸਬੰਧਤ ਉਹ ਉਮੀਦਵਾਰ ਯੋਗ ਹਨ, ਜਿਨ੍ਹਾਂ ਨੇ ਘੱਟੋ-ਘੱਟ ਦਸਵੀਂ ਜਾਂ 10+2 ਪਾਸ ਕੀਤੀ ਹੋਵੇ। ਸਿਖ਼ਲਾਈ ਭਾਈ ਮਤੀ ਦਾਸ ਕਾਲਜ ਆਫ ਨਰਸਿੰਗ, ਗੁਰਾਇਆ (ਜ਼ਿਲ੍ਹਾ ਜਲੰਧਰ) ਵਿਖੇ ਕਰਵਾਈ ਜਾਵੇਗੀ।

ਸਰਬਜੀਤ ਬੁੱਗਾ ਤੇ ਮਨਪ੍ਰੀਤ ਬੁੱਗਾ 'ਪਾਵਰ' ਨਾਲ ਚਰਚਾ 'ਚ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਮੁੰਡੇ ਕਹਿੰਦੇ ਲੱਡੂ ਵੰਡਣੇ ਨੇ ਡਿਊਟ ਗੀਤ ਰਾਹੀ ਦਰਸ਼ਕਾਂ ਦੇ ਦਿਲਾਂ 'ਤੇ ਰਾਜ ਕਰਨ ਵਾਲੀ ਡਿਊਟ ਸਟਾਰ ਜੋੜੀ ਸਰਬਜੀਤ ਬੁੱਗਾ ਤੇ ਮਨਪ੍ਰੀਤ ਬੁੱਗਾ ਦਾ ਨਵਾਂ ਡਿਊਟ ਸਿੰਗਲ ਟਰੈਕ ਪਾਵਰ ਨਾਲ ਫਿਰ ਚਰਚਾ 'ਚ ਹੈ ਜਿਸ ਨੂੰ ਯੂ ਟਿਊਬ ਚੈਨਲ ਤੇ ਰਿਲੀਜ਼ ਕੀਤਾ ਗਿਆ ਹੈ। ਸਰਬਜੀਤ ਬੁੱਗਾ ਨੇ ਦੱਸਿਆ ਕਿ ਇਸ ਡਿਊਟ ਸਿੰਗਲ ਟਰੈਕ ਦਾ ਮਿਊਜ਼ਿਕ ਮੋਹਿਤ ਬਾਠ ਵੱਲੋਂ ਤਿਆਰ ਕੀਤਾ ਗਿਆ ਹੈ ਜਿਸ ਨੂੰ ਲਿਖਿਆ ਹੈ ਕੁਲਵੰਤ ਸ਼ੀਤੇ ਕਲਾਂ ਨੇ ਤੇ ਵੀਡੀਓ ਦੀਪ ਆਰਡੀ ਵੱਲੋਂ ਪੰਜਾਬ ਦੀਆ ਵੱਖ-ਵੱਖ ਲੋਕੇਸ਼ਨਾ ਤੇ ਸ਼ੂਟ ਕੀਤਾ ਗਿਆ ਹੈ।

ਬੀ ਐੱਲ ਓਜ਼ ਨੂੰ ਐੱਸ ਆਈ ਆਰ ਸੰਬੰਧੀ ਟਰੇਨਿੰਗ ਦਿੱਤੀ

ਦਸੂਹਾ (ਕਰਨੈਲ ਮਾਂਗਟ)- ਭਾਰਤ ਦੇ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਮੁਹਿੰਮ ਤਹਿਤ ਐੱਸ ਡੀ ਐੱਮ ਕੰਵਲਜੀਤ ਸਿੰਘ ਦੀ ਅਗਵਾਈ ਹੇਠ ਬੂਥ ਲੈਵਲ ਅਫ਼ਸਰਾਂ (ਬੀ ਐੱਲ ਓਜ਼) ਅਤੇ ਸੁਰਪਵਾਇਜ਼ਰ ਦੀ ਟਰੇਨਿੰਗ ਸਕੂਲ ਆਫ ਐਮੀਨੈਂਸ ਦਸੂਹਾ ਵਿਖੇ ਕਰਵਾਈ ਗਈ। ਇਸ ਮੌਕੇ ਐੱਸ ਡੀ ਐਮ.ਕੰਵਲਜੀਤ ਸਿੰਘ ਨੇ ਬੀ ਐੱਲ ਓਜ਼ ਨੂੰ ਵੋਟਰ ਸੂਚੀਆਂ ਦੀ ਐੱਸ ਆਈ ਆਰ ਦੌਰਾਨ ਘਰ-ਘਰ ਜਾ ਕੇ ਵੋਟਰਾਂ ਦੀ ਜਾਣਕਾਰੀ ਦੀ ਤਸਦੀਕ ਕਰਨ, ਨਵੇਂ ਯੋਗ ਵੋਟਰਾਂ ਦੀ ਰਜਿਸਟਰੇਸ਼ਨ, ਮ੍ਰਿਤਕ ਅਤੇ ਸਥਾਈ ਤੌਰ 'ਤੇ ਤਬਦੀਲ ਹੋ ਚੁੱਕੇ ਵੋਟਰਾਂ ਦੇ ਵੇਰਵਿਆਂ ਨੂੰ ਅਪਡੇਟ ਕਰਨ ਸੰਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਸਮਾਂ-ਸੀਮਾ ਅੰਦਰ ਸਾਰਾ ਕੰਮ ਪੂਰੀ ਤਨਦੇਹੀ, ਪਾਰਦਰਸ਼ਤਾ ਅਤੇ ਸ਼ੁੱਧਤਾ ਨਾਲ ਮੁਕੰਮਲ ਕੀਤਾ ਜਾਵੇ। ਇਸ ਮੌਕੇ ਮਾਸਟਰ ਟਰੇਨਰ ਅਮਰਜੀਤ ਸਿੰਘ, ਯਸ਼ਪਾਲ, ਇਲੈਕਸ਼ਨ ਇੰਚਾਰਜ ਪ੍ਰਦੀਪ ਰਾਜੂ, ਸਿਕੰਦਰ ਸਿੰਘ, ਬਲਜੀਤ ਸਿੰਘ ਅਤੇ ਹੋਰ ਮਾਸਟਰ ਟਰੇਨਰ, ਸੁਪਰਵਾਈਜ਼ਰ ਅਤੇ ਹੋਰ ਚੋਣ ਅਧਿਕਾਰੀ ਵੀ ਹਾਜ਼ਰ ਸਨ।

ਬਾਬਾ ਸਿਧ ਚਾਨੋ ਦਾ ਸਾਲਾਨਾ ਭੰਡਾਰਾ ਕਰਵਾਇਆ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਪਿੰਡ ਕੁਠਾਰ ਬੀਤ (ਹਿਮਾਚਲ ਪ੍ਰਦੇਸ਼) ਵਿਖੇ ਬਾਬਾ ਸਿੱਧ ਚਾਨੋ ਜੀ ਦਾ ਸਾਲਾਨਾ ਭੰਡਾਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਉਤਸ਼ਾਹ ਪੂਰਵਕਢੰਗ ਨਾਲ ਕਰਵਾਇਆ ਗਿਆ। ਸਮਾਗਮ ਵਿੱਚ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਨੇ ਬਾਬਾ ਸਿੱਧ ਚਾਨੋ ਦੀ ਮਹਿਮਾ ਦਾ ਗੁਣਗਾਨ ਕੀਤਾ। ਸਮਾਗਮ ਵਿੱਚ ਹਿਮਾਚਲ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਉਹਨਾਂ ਕਿਹਾ ਕਿ ਮੇਲੇ ਸਾਡੀ ਪੁਰਾਤਨ ਸੰਸਕ੍ਰਿਤੀ ਦਾ ਪ੍ਰਤੀਕ ਹਨ, ਜੋ ਸਾਨੂੰ ਭਾਈਚਾਰਕ ਸਾਂਝ ਕਾਇਮ ਰੱਖਣ ਅਤੇ ਰਲ-ਮਿਲ ਕੇ ਰਹਿਣ ਦੀ ਪ੍ਰੇਰਨਾ ਦਿੰਦੇ ਹਨ। ਇਸ ਮੌਕੇ ਸਤਿਕਾਰਯੋਗ ਮੁਕੇਸ਼ ਅਗਨੀਹੋਤਰੀ ਵੱਲੋਂ ਮੁੱਖ ਸੇਵਾਦਾਰ ਰਕੇਸ਼ ਕੁਮਾਰ, ਹੰਸ ਰਾਜ ਮਾਹਿਲਪੁਰ ਕਨੇਡਾ ਨਿਵਾਸੀ, ਪ੍ਰਧਾਨ ਅਤੇ ਸਮਾਗਮ ਦੀਆਂ ਹੋਰ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਗੁਰੂ ਕਾ ਲੰਗਰ ਅਟੁੱਟ ਚੱਲਿਆ।

ਕੇਂਦਰ ਸਰਕਾਰ ਦੇ ਕਿਸਾਨ ਮਾਰੂ ਫੈਸਲੇ ਦਾ ਤਿੱਖਾ ਵਿਰੋਧ ਕਰਾਂਗੇ : ਜਸਵਿੰਦਰ ਕਾਇਨੌਰ

ਮੋਰਿੰਡਾ (ਨਿਹਾਲ ਸਿੰਘ ਕਲਸੀ) ਕੇਂਦਰ ਸਰਕਾਰ ਵੱਲੋਂ ਜਾਰੀ ਕੀਤਾ ਨਾਦਰਸ਼ਾਹੀ ਫੁਰਮਾਨ ਕਿ ਕਿਸਾਨ ਰੋਜ਼ਾਨਾ ਸਿਰਫ 200 ਲੀਟਰ ਡੀਜ਼ਲ ਹੀ ਖਰੀਦ ਕਰ ਸਕਦੇ ਹਨ, ਇਸ ਨਾਲ ਮੁੜ ਕੇਂਦਰ ਦਾ ਕਿਸਾਨ ਵਿਰੋਧੀ ਚਿਹਰਾ ਦੁਨੀਆ ਸਾਹਮਣੇ ਆ ਗਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੀਨੀਅਰ ਆਗੂ ਜਸਵਿੰਦਰ ਸਿੰਘ ਕਾਇਨੌਰ ਨੇ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਮੋਦੀ ਸਰਕਾਰ ਜੋ ਦੂਹਰੇ ਮਖੌਟੇ ਹੇਠਾਂ ਪਹਿਲਾਂ ਹੀ ਕਿਸਾਨ ਵਿਰੋਧੀ ਰਹੀ ਹੈ, ਦਾ ਅਸਲੀ ਚਿਹਰਾ ਸਭ ਦੇ ਸਾਹਮਣੇ ਆਉਣਾ ਸ਼ੁਰੂ ਹੋ ਗਿਆ ਹੈ। ਕੇਂਦਰ ਸਰਕਾਰ ਦੀਆਂ ਮਾੜੀਆਂ ਨੀਤਆਂ ਕਾਰਨ ਕਿਸਾਨ ਪਹਿਲਾਂ ਹੀ ਕਰਜ਼ੇ ਦੇ ਭਾਰ ਹੇਠਾਂ ਦੱਬਿਆ ਹੋਇਆ ਹੈ, ਉੱਤੋਂ ਬੀਤੇ ਦਿਨੀਂ ਕੇਂਦਰ ਸਰਕਾਰ ਨੇ ਇਹ ਹੁਕਮ ਜਾਰੀ ਕਰ ਦਿੱਤੇ ਹਨ ਕਿ ਕਿਸਾਨ ਹੁਣ ਰੋਜ਼ਾਨਾ ਕੇਵਲ 200 ਲੀਟਰ ਡੀਜ਼ਲ ਹੀ ਖਰੀਦ ਸਕਣਗੇ। ਆਗੂਆਂ ਨੇ ਅੱਗੇ ਕਿਹਾ ਕਿ ਸਮੁੱਚੇ ਪੰਜਾਬ ਅੰਦਰ ਇਸ ਮੌਕੇ ਝੋਨੇ ਦਾ ਸੀਜਨ ਚੱਲ ਰਿਹਾ ਹੈ, ਕਿਸਾਨਾਂ ਨੇ ਖੇਤਾਂ ਵਿੱਚ ਕੱਦੂ ਕਰਨਾ ਵੀ ਆਰੰਭ ਕਰ ਦਿੱਤਾ ਹੈ। ਟਿਊਬਵੈੱਲਾਂ 'ਤੇ ਲਾਈਟ ਜਾਣ ਉਪਰੰਤ ਕਿਸਾਨਾਂ ਨੂੰ ਜਨਰੇਟਰ ਚਲਾਉਣਾ ਪੈਂਦਾ ਹੈ। ਇਸ ਤੋਂ ਇਲਾਵਾ ਕੰਬਾਇਨਾਂ ਨਾਲ ਮੱਕੀ ਦੀ ਕਟਾਈ ਸ਼ੁਰੂ ਹੋ ਚੁੱਕੀ ਹੈ। ਕੇਂਦਰ ਦੇ ਇਸ ਫੈਸਲੇ ਨਾਲ ਮੱਕੀ ਦੀ ਕਟਾਈ ਲੇਟ ਹੋਵੇਗੀ ਜਿਸ ਨਾਲ ਜੀਰੀ ਦੀ ਬਿਜਾਈ ਵੀ ਲੇਟ ਹੋਵੇਗੀ। ਕਿਸਾਨ ਆਪਣੇ ਕੰਮ ਧੰਦੇ ਛੱਡ ਕੇ ਰੋਜ਼ਾਨਾ ਪੈਟਰੋਲ ਪੰਪਾਂ 'ਤੇ ਲਾਈਨਾਂ ਵਿੱਚ ਖੜ੍ਹਨ ਲਈ ਮਜਬੂਰ ਹੋਵੇਗਾ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਉਹ ਆਪਣੇ ਇਸ ਫੈਸਲੇ ਨੂੰ ਤੁਰੰਤ ਵਾਪਸ ਲਵੇ। ਉਨ੍ਹਾਂ ਕੇਂਦਰ ਸਰਕਾਰ ਨੂੰ ਚਿਤਾਵਨੀ ਵੀ ਦਿੱਤੀ ਕਿ ਜੇਕਰ ਕੇਂਦਰ ਸਰਕਾਰ ਨੇ ਆਪਣਾ ਨਾਦਰਸ਼ਾਹੀ ਫੈਸਲਾ ਤੁਰੰਤ ਵਾਪਸ ਨਾ ਲਿਆ ਤਾਂ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਇਸ ਫੈਸਲੇ ਦਾ ਤਿੱਖਾ ਵਿਰੋਧ ਕਰੇਗੀ। ਕਿਸਾਨ ਇਸ ਤਰ੍ਹਾਂ ਦੇ ਨਾਦਰਸ਼ਾਹੀ ਫੁਰਮਾਨ ਚੁੱਪ ਚਾਪ ਨਹੀਂ ਮੰਨਣਗੇ, ਬਲਕਿ ਹਰ ਤਰੀਕੇ ਨਾਲ ਵਿਰੋਧ ਕਰਨਗੇ।

ਮਾਨਸਿਕ ਰੋਗਾਂ ਦਾ ਮੁਫ਼ਤ ਜਾਂਚ ਕੈਂਪ 21 ਨੂੰ



ਬੰਗਾ (ਅਵਤਾਰ ਕਲੇਰ)- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮਾਨਸਿਕ ਰੋਗਾਂ ਦਾ ਮੁਫਤ ਜਾਂਚ ਕੈਂਪ 21 ਜੂਨ ਦਿਨ ਐਤਵਾਰ ਨੂੰ ਮਾਨਸਿਕ ਰੋਗਾਂ ਦੇ ਵਿਭਾਗ ਵਿਚ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਮੀਡੀਆ ਨੂੰ ਦਿੱਤੀ। ਉਹਨਾਂ ਕਿਹਾ ਕਿ ਲੋਕਾਂ ਨੂੰ ਮਾਨਸਿਕ ਸਿਹਤ ਸੰਬੰਧੀ ਬਿਹਤਰ ਮੈਡੀਕਲ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਹਸਪਤਾਲ ਵਿਖੇ ਮਾਨਸਿਕ ਰੋਗਾਂ ਦਾ ਮੁਫ਼ਤ ਜਾਂਚ ਕੈਂਪ ਮਿਤੀ 21 ਜੂਨ ਦਿਨ ਐਤਵਾਰ ਨੂੰ ਸਵੇਰੇ 9 ਵਜੇ ਤੋਂ ਦੁਪਿਹਰ 3 ਵਜੇ ਤੱਕ ਲੱਗ ਰਿਹਾ ਹੈ। ਹਸਪਤਾਲ ਢਾਹਾਂ ਕਲੇਰਾਂ ਦੇ ਮਾਨਸਿਕ ਰੋਗਾਂ ਦੇ ਮਾਹਿਰ ਡਾ. ਨਿਤਿਨ ਬਲਦੀਪ ਸਿੰਘ ਮਰੀਜ਼ਾਂ ਦੀ ਮੁਫਤ ਜਾਂਚ ਕਰਨਗੇ। ਕੈਂਪ ਦੌਰਾਨ ਮੁਫ਼ਤ ਰਜਿਸਟਰੇਸ਼ਨ, ਮੁਫ਼ਤ ਜਾਂਚ, ਮੁਫ਼ਤ ਸ਼ੂਗਰ ਜਾਂਚ ਅਤੇ ਨਿਊਰੋਪੈਥੀ ਟੈਸਟ ਮੁਫ਼ਤ ਹੋਵੇਗਾ। ਕੈਂਪ ਵਿਚ ਰਜਿਸਟਰਡ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ ਮਾਨਸਿਕ ਸਿਹਤ ਬਾਰੇ ਜਾਣਕਾਰੀ ਦਿੰਦਿਆਂ ਡਾ. ਨਿਤਿਨ ਬਲਦੀਪ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਸਿਰ ਦਰਦ ਅਤੇ ਮਾਈਗਰੇਨ, ਸੀਜ਼ੋਫਰੇਨੀਆ, ਚਿੜਚਿੜਾਪਣ, ਗੁੱਸੇਖੋਰੀ, ਯਾਦਦਾਸ਼ਤ ਦੀ ਕਮਜ਼ੋਰੀ, ਨੀਂਦ ਨਾ ਆਉਣ ਦੀ ਸਮੱਸਿਆ, ਮਿਰਗੀ ਦੇ ਦੌਰੇ, ਬੱਚਿਆਂ ਦਾ ਪੜ੍ਹਾਈ ਵਿੱਚ ਕਮਜ਼ੋਰ ਹੋਣਾ, ਸਰੀਰਕ ਸੰਬੰਧਾਂ ਨਾਲ ਜੁੜੀਆਂ ਸਮੱਸਿਆਵਾਂ, ਸ਼ਰਾਬ ਅਤੇ ਹੋਰ ਨਸ਼ੀਲੇ ਪਦਾਰਥਾਂ ਦੀ ਵਰਤੋਂ ਨਾਲ ਪੈਦਾ ਹੋਣ ਵਾਲੀਆਂ ਦਿੱਕਤਾਂ ਸਮੇਤ ਵੱਖ-ਵੱਖ ਮਾਨਸਿਕ ਰੋਗਾਂ ਤੋਂ ਪੀੜਤ ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕੀਤਾ ਜਾਵੇਗਾ। ਜਾਣਕਾਰੀ ਦੇਣ ਮੌਕੇ ਹੁਨਰਦੀਪ ਸਿੰਘ ਬਰਾੜ ਡਾਇਰੈਕਟਰ ਐਚ ਆਰ, ਡਾ. ਜਸਦੀਪ ਸਿੰਘ ਸੈਣੀ ਮੈਡੀਕਲ ਸੁਪਰਡੈਂਟ, ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ, ਦਵਿੰਦਰ ਕੌਰ ਨਰਸਿੰਗ ਸੁਪਰਡੈਂਟ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਸ਼ਹੀਦੀ ਦਿਹਾੜੇ ਨੂੰ ਸਮਰਪਤ ਟਰੱਕ ਯੂਨੀਅਨ ਨੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਟਰੱਕ ਯੂਨੀਅਨ ਮੋਰਿੰਡਾ ਵੱਲੋਂ ਸਮੂਹ ਡਰਾਈਵਰਾਂ ਅਤੇ ਮੈਂਬਰਾਂ ਦੇ ਸਹਿਯੋਗ ਨਾਲ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਟਰੱਕ ਯੂਨੀਅਨ ਦੇ ਪ੍ਰਧਾਨ ਸੁਖਵਿੰਦਰ ਸਿੰਘ ਮੁੰਡੀਆਂ ਨੇ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਇਹ ਸੇਵਾ ਨਿਭਾਈ ਗਈ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਮਨੁੱਖਤਾ ਨੂੰ ਦਿੱਤੇ ਸੇਵਾ, ਸਿਮਰਨ ਅਤੇ ਸਰਬੱਤ ਦੇ ਭਲੇ ਦੇ ਸੰਦੇਸ਼ ਤੋਂ ਪ੍ਰੇਰਨਾ ਲੈ ਕੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।ਛਬੀਲ ਦੀ ਸ਼ੁਰੂਆਤ ਤੋਂ ਪਹਿਲਾਂ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕੀਤੀ ਗਈ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਗਈ। ਇਸ ਮੌਕੇ ਦਰਸ਼ਨ ਸਿੰਘ ਸੰਧੂ, ਹਰਦੀਪ ਸਿੰਘ, ਹਰਪ੍ਰੀਤ ਸਿੰਘ, ਕੇਸਰ ਸਿੰਘ, ਹਰਬੰਸ ਸਿੰਘ, ਪਰਵਿੰਦਰ ਸਿੰਘ, ਜਸਬੀਰ ਸਿੰਘ ਕਾਂਝਲਾ, ਜਸਵੀਰ ਸਿੰਘ ਰੌਣੀ, ਸੁਖਵਿੰਦਰ ਸਿੰਘ, ਜਸਵਿੰਦਰ ਸਿੰਘ ਚੌਧਰੀ, ਕੁਲਵਿੰਦਰ ਸਿੰਘ, ਲਖਵਿੰਦਰ ਸਿੰਘ ਲੱਕੀ, ਹਰਵਿੰਦਰ ਸਿੰਘ, ਹਰਬੰਸ ਸਿੰਘ ਕਾਂਝਲਾ, ਪਵਿੱਤਰ ਸਿੰਘ ਮੁੰਡੀਆਂ, ਗੁਰਚਰਨ ਸਿੰਘ ਕਾਲਾ ਟੈਂਟ ਵਾਲਾ ਸਮੇਤ ਹੋਰ ਸੇਵਾਦਾਰ ਹਾਜ਼ਰ ਰਹੇ। ਉਨ੍ਹਾਂ ਪੂਰੇ ਉਤਸ਼ਾਹ ਨਾਲ ਸੇਵਾ ਨਿਭਾਈ।

ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨ ਲਈ ਕੀਤੇ ਜਾ ਰਹੇ ਵਿਸ਼ੇਸ਼ ਯਤਨ : ਵਿਧਾਇਕ ਕਾਕਾ ਬਰਾੜ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਨਜ਼ਦੀਕੀ ਪਿੰਡ ਰੋੜਾਂਵਾਲਾ ਵਿਖੇ ਸਮੂਹ ਨਗਰ ਨਿਵਾਸੀ ਅਤੇ ਗ੍ਰਾਮ ਪੰਚਾਇਤ ਵੱਲੋਂ ਬਾਬਾ ਥੇਹ ਪੀਰ ਦੀ ਯਾਦ ਵਿੱਚ 26ਵਾਂ ਕਬੱਡੀ ਓਪਨ ਟੂਰਨਾਮੈਂਟ ਕਰਵਾਇਆ ਗਿਆ।ਟੂਰਨਾਮੈਂਟ ਦੌਰਾਨ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਮੁੱਖ ਮਹਿਮਾਨ ਵਜੋਂ ਪਹੁੰਚੇ।ਇਸ ਦੌਰਾਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਟੂਰਨਾਮੈਂਟ ਦੀ ਸ਼ੁਰੂਆਤ ਦੌਰਾਨ ਖਿਡਾਰੀਆਂ ਨਾਲ ਜਾਣ ਪਹਿਚਾਣ ਕਰਕੇ ਕੀਤੀ।ਇਸ ਮੌਕੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਖੇਡਾਂ ਸਾਡੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਬਹੁਤ ਜ਼ਰੂਰੀ ਹਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਵੀ ਸਹਾਈ ਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਵੀ ਨੌਜਵਾਨਾਂ ਨੂੰ ਗਰਾਊਂਡਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਰ ਪਿੰਡ ਵਿੱਚ ਮੁੱਖ ਮੰਤਰੀ ਖੇਡ ਮੈਦਾਨ ਬਣਾਇਆ ਜਾ ਰਿਹਾ ਹੈ।ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਪਿੰਡ ਰੋੜਾਂਵਾਲਾ ਦੀ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਨੂੰ ਇਸ ਸਫ਼ਲ ਟੂਰਨਾਮੈਂਟ ਲਈ ਵਧਾਈ ਦਿੱਤੀ।ਇਸ ਮੌਕੇ ਖੇਡ ਕਮੇਟੀ ਦੇ ਮੈਂਬਰਾਂ ਨੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਵਿਸ਼ੇਸ਼ ਸਨਮਾਨ ਕੀਤਾ। ਟੂਰਨਾਮੈਂਟ ਦੌਰਾਨ ਵਿਧਾਇਕ ਕਾਕਾ ਬਰਾੜ ਵੱਲੋਂ 11 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਅਤੇ 51000 ਰੁਪਏ ਦੀਆਂ ਗਰਾਊਂਡ ਵਿੱਚ ਲਾਈਟਾਂ ਲਗਾਉਣ ਦਾ ਭਰੋਸਾ ਦੁਆਇਆ।ਇਸ ਮੌਕੇ ਪਿੰਡ ਦੇ ਸਰਪੰਚ ਗੁਰਦੀਪ ਸਿੰਘ ਚੁੱਗਾ ਨੇ ਜਿੱਥੇ ਵਿਧਾਇਕ ਕਾਕਾ ਬਰਾੜ ਦਾ ਸਹਿਯੋਗ ਲਈ ਧੰਨਵਾਦ ਕੀਤਾ।

ਭਾਵਾਧਸ ਵੱਲੋਂ ਐੱਸ ਐੱਸ ਪੀ ਤੇ ਡੀ ਐੱਸ ਪੀ ਨਾਲ ਮੁਲਾਕਾਤ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਭਾਰਤੀਯ ਵਾਲਮੀਕਿ ਧਰਮ ਸਮਾਜ (ਭਾਵਾਧਸ) ਭਾਰਤ ਦੇ ਆਲ ਇੰਡੀਆ ਜਨਰਲ ਸਕੱਤਰ ਵੀਰ ਸ਼੍ਰੇਸ਼ਠ ਸ੍ਰੀ ਓਮ ਪ੍ਰਕਾਸ਼ ਬੋਹਤ ਦੀ ਅਗਵਾਈ ਹੇਠ ਭਾਵਾਧਸ ਜ਼ਿਲ੍ਹਾ ਸੰਗਠਨ ਫਰੀਦਕੋਟ ਦੀ ਸਮੁੱਚੀ ਟੀਮ ਵੱਲੋਂ ਫਰੀਦਕੋਟ ਦੇ ਨਵ-ਨਿਯੁਕਤ ਸੀਨੀਅਰ ਪੁਲਸ ਕਪਤਾਨ (ਐਸ.ਐਸ.ਪੀ.) ਗੁਰਬੰਸ ਸਿੰਘ ਬੈਂਸ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਮੌਕੇ ਜਥੇਬੰਦੀ ਵੱਲੋਂ ਐਸ.ਐਸ.ਪੀ. ਬੈਂਸ ਦਾ ਫਰੀਦਕੋਟ ਵਿਖੇ ਕਾਰਜਭਾਰ ਸੰਭਾਲਣ 'ਤੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਹਾਰਦਿਕ ਵਧਾਈਆਂ ਦਿੱਤੀਆਂ ਗਈਆਂ।ਇਸ ਦੌਰਾਨ ਵੀਰ ਸ਼੍ਰੇਸ਼ਠ ਓਮ ਪ੍ਰਕਾਸ਼ ਬੋਹਤ ਨੇ ਐਸ.ਐਸ.ਪੀ. ਨੂੰ ਭਾਵਾਧਸ ਵੱਲੋਂ ਦੇਸ਼ ਅਤੇ ਸਮਾਜ ਦੀ ਭਲਾਈ ਲਈ ਕੀਤੀਆਂ ਜਾ ਰਹੀਆਂ ਸਮਾਜਿਕ, ਧਾਰਮਿਕ ਅਤੇ ਲੋਕ-ਹਿੱਤਕਾਰੀ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸੰਸਥਾ ਹਮੇਸ਼ਾ ਭਾਈਚਾਰਕ ਏਕਤਾ ਅਤੇ ਨੌਜਵਾਨਾਂ ਦੀ ਉਸਾਰੂ ਸੋਚ ਲਈ ਵਚਨਬੱਧ ਰਹੀ ਹੈ ਅਤੇ ਭਵਿੱਖ ਵਿੱਚ ਵੀ ਜ਼ਿਲ੍ਹਾ ਤੇ ਪੁਲਸ ਪ੍ਰਸ਼ਾਸਨ ਨਾਲ ਮਿਲ ਕੇ ਲੋਕ-ਹਿੱਤ ਦੇ ਕਾਰਜਾਂ ਵਿੱਚ ਯੋਗਦਾਨ ਪਾਉਂਦੀ ਰਹੇਗੀ।ਜ਼ਿਲ੍ਹਾ ਪ੍ਰਧਾਨ ਵੀਰ ਕਿਸ਼ੋਰ ਨਾਗਵੰਸ਼ ਨੇ ਉਮੀਦ ਪ੍ਰਗਟਾਈ ਕਿ ਸ੍ਰੀ ਗੁਰਬੰਸ ਸਿੰਘ ਬੈਂਸ ਦੀ ਅਗਵਾਈ ਹੇਠ ਜ਼ਿਲ੍ਹੇ ਦੀ ਕਾਨੂੰਨ-ਵਿਵਸਥਾ ਹੋਰ ਮਜ਼ਬੂਤ ਹੋਵੇਗੀ ਅਤੇ ਲੋਕਾਂ ਦਾ ਪੁਲਸ ਪ੍ਰਤੀ ਵਿਸ਼ਵਾਸ ਵਧੇਗਾ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਜੀਤੇਂਦਰ ਕੁਮਾਰ ਹੰਸ ਨੇ ਨੌਜਵਾਨ ਵਰਗ ਨੂੰ ਅਪੀਲ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਇਹ ਹੈ ਕਿ ਸਾਡੇ ਨੌਜਵਾਨ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਸਿੱਖਿਆ, ਸਿਹਤ ਅਤੇ ਰਾਸ਼ਟਰ ਸੇਵਾ ਵੱਲ ਧਿਆਨ ਕੇਂਦਰਿਤ ਕਰਨ, ਤਾਂ ਜੋ ਉਹ ਆਪਣੇ ਪਰਵਾਰ ਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ।ਵਾਈਸ ਜ਼ਿਲ੍ਹਾ ਪ੍ਰਧਾਨ ਵੀਰ ਸਤਪਾਲ ਪੌਲ, ਜ਼ਿਲ੍ਹਾ ਪ੍ਰੈਸ ਸਕੱਤਰ ਵੀਰ ਰਵੀ ਕੁਮਾਰ ਅਤੇ ਸਿਟੀ ਪ੍ਰਧਾਨ ਵੀਰ ਹਰੀਦਾਸ ਨੇ ਦੱਸਿਆ ਕਿ ਇਸ ਉਪਰੰਤ ਭਾਵਾਧਸ ਦੀ ਟੀਮ ਵੱਲੋਂ ਡੀ.ਐਸ.ਪੀ. ਫਰੀਦਕੋਟ ਜਗਤਾਰ ਸਿੰਘ ਨਾਲ ਵੀ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਦੌਰਾਨ ਸਮਾਜਿਕ ਭਲਾਈ, ਨਸ਼ਾ ਮੁਕਤੀ ਮੁਹਿੰਮ ਅਤੇ ਲੋਕ-ਹਿੱਤ ਨਾਲ ਜੁੜੇ ਅਹਿਮ ਵਿਸ਼ਿਆਂ 'ਤੇ ਸਾਰਥਕ ਵਿਚਾਰ-ਵਟਾਂਦਰਾ ਹੋਇਆ।ਇਸ ਮੁਲਾਕਾਤ ਦੌਰਾਨ ਵੀਰ ਸ਼੍ਰੇਸ਼ਠ ਓਮ ਪ੍ਰਕਾਸ਼ ਬੋਹਤ (ਆਲ ਇੰਡੀਆ ਜਨਰਲ ਸਕੱਤਰ), ਵੀਰ ਕਿਸ਼ੋਰ ਨਾਗਵੰਸ਼ (ਜ਼ਿਲ੍ਹਾ ਪ੍ਰਧਾਨ), ਜੀਤੇਂਦਰ ਕੁਮਾਰ ਹੰਸ (ਜ਼ਿਲ੍ਹਾ ਜਨਰਲ ਸਕੱਤਰ), ਵੀਰ ਸਤਪਾਲ ਪੌਲ (ਵਾਈਸ ਜ਼ਿਲ੍ਹਾ ਪ੍ਰਧਾਨ), ਵੀਰ ਹਰੀ ਦਾਸ (ਸਿਟੀ ਪ੍ਰਧਾਨ), ਵੀਰ ਰਵੀ ਕੁਮਾਰ (ਜ਼ਿਲ੍ਹਾ ਪ੍ਰੈਸ ਸਕੱਤਰ) ਅਤੇ ਵੀਰ ਮਿੰਟੂ ਗਾਂਧੀ (ਸੀਨੀਅਰ ਸਲਾਹਕਾਰ) ਸਮੇਤ ਭਾਵਾਧਸ ਫਰੀਦਕੋਟ ਦੀ ਸਮੁੱਚੀ ਟੀਮ ਹਾਜ਼ਰ ਸੀ।

ਅਬੋਹਰ 'ਚ 5 ਨੂੰ ਮਨਾਈ ਜਾਵੇਗੀ ਸੰਤ ਕਬੀਰ ਜਯੰਤੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸੰਤ ਸ਼੍ਰੋਮਣੀ ਕਬੀਰ ਜੀ ਦੀ 628ਵੀਂ ਜਯੰਤੀ ਸ਼ਰਧਾ ਅਤੇ ਉਤਸ਼ਾਹ ਨਾਲ 5 ਜੁਲਾਈ ਨੂੰ ਅਬੋਹਰ ਵਿਖੇ ਮਨਾਈ ਜਾਵੇਗੀ। ਇਸੇ ਲੜੀ ਤਹਿਤ ਮੁਕਤਸਰ ਪਹੁੰਚੇ ਪ੍ਰਬੰਧਕਾਂ ਵੱਲੋਂ ਨਵੀਂ ਦਾਣਾ ਮੰਡੀ ਵਿਖੇ ਮੀਟਿੰਗ ਕਰਨ ਮਗਰੋਂ ਲੋਕਾਂ ਨੂੰ 5 ਜੁਲਾਈ ਨੂੰ ਸਵੇਰੇ 10 ਵਜੇ ਪੰਜਾਬ ਪੈਲੇਸ, ਹਨੂੰਮਾਨਗੜ੍ਹ ਰੋਡ, ਅਬੋਹਰ ਵਿਖੇ ਪਹੁੰਚਣ ਦਾ ਸੱਦਾ ਦਿੱਤਾ ਹੈ। ਆਯੋਜਕਾਂ ਨੇ ਦੱਸਿਆ ਕਿ ਸਮਾਗਮ ਦੌਰਾਨ ਸੰਤ ਕਬੀਰ ਜੀ ਦੇ ਜੀਵਨ, ਉਪਦੇਸ਼ਾਂ ਅਤੇ ਸਮਾਜ ਸੁਧਾਰ ਲਈ ਦਿੱਤੇ ਯੋਗਦਾਨ ਬਾਰੇ ਵਿਚਾਰ ਸਾਂਝੇ ਕੀਤੇ ਜਾਣਗੇ।ਸਮਾਗਮ ਦੇ ਮੁੱਖ ਮਹਿਮਾਨ ਵਜੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸ਼ਿਰਕਤ ਕਰਨਗੇ।ਇਸ ਮੌਕੇ ਸੋਨੂ ਕਾਮਲੀ, ਰਾਜ ਕੁਮਾਰ ਖਨਗਵਾਲ, ਨਵੀਨ ਕੁਮਾਰ ਨਵੀ ਮੋਰਵਾਲ ਜ਼ਿਲ੍ਹਾ ਜਨਰਲ ਸੈਕਟਰੀ ਐਸ ਸੀ ਯੂਵਾ ਮੋਰਚਾ ਭਾਜਪਾ ਸ੍ਰੀ ਮੁਕਤਸਰ ਸਾਹਿਬ, ਮਾਸਟਰ ਰਾਜ ਕੁਮਾਰ ਸਿਵਾਨ, ਅਜੇ ਕੁਮਾਰ ਪਚੇਰਵਾਲ, ਮੋਹਨ ਲਾਲ ਫਰੰਡ, ਅਸ਼ੋਕ ਕੁਮਾਰ ਇਟਕਾਨ, ਸੁਦੇਸ਼ ਕੁਮਾਰ ਭਸੌੜ, ਵਿਸ਼ੂ ਭਸੌੜ, ਰਾਜਪਾਲ ਇੰਦੌਰਾ, ਬਾਬੂ ਰਾਮ ਆਰੀਆ, ਸੀਤਾ ਰਾਮ ਖਟਕ, ਵਿਜੇ ਕੁਮਾਰ ਇੰਦੌਰਾ, ਆਕਾਸ਼ ਕਿਰਾੜ, ਸੁਰੇਸ਼ ਕੁਮਾਰ ਗੋਲਨਾ, ਸ਼ੰਮੀ ਕੁਮਾਰ ਪਚੇਰਵਾਲ ਆਦਿ ਮੌਜੂਦ ਸਨ।

ਵਿਦਿਆਰਥਣ ਦੁਆਰਾ ਸੁਸਾਈਡ ਕਰਨ ਦੀ ਘਟਨਾ ਦੁਖਦਾਈ : ਪੂਸਾ ਪੰਜਾਬ

ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)-ਪ੍ਰਾਈਵੇਟ ਅਨਏਡਿਡ ਸਕੂਲਜ਼ ਐਸੋਸੀਏਸ਼ਨ (ਪੂਸਾ ਪੰਜਾਬ) ਦੁਆਰਾ ਇੱਕ ਸੂਬਾ ਪੱਧਰੀ ਮੀਟਿੰਗ ਕਰਕੇ ਉਪਰੋਕਤ ਅੰਮ੍ਰਿਤਸਰ 'ਚ ਵਿਦਿਆਰਥਣ ਦੁਆਰਾ ਸੁਸਾਈਡ ਕਰਨ ਦੀ ਦੁਖਦਾਈ ਘਟਨਾ 'ਤੇ ਗਹਿਰਾ ਦੁੱਖ ਪ੍ਰਗਟ ਕੀਤਾ ਅਤੇ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ।ਪੂਸਾ ਪੰਜਾਬ ਦੇ ਜੋਆਇੰਟ ਸੈਕਟਰੀ ਸੱਤਪਾਲ ਅਰੋੜਾ, ਕਾਰਜਕਾਰੀ ਪੰਜਾਬ ਪ੍ਰਧਾਨ ਰਾਜੀਵ ਮਿੱਢਾ, ਜ਼ਿਲ੍ਹਾ ਪ੍ਰਧਾਨ ਰਵੀ ਮੱਕੜ ਨੇ ਦੱਸਿਆ ਕਿ ਮੀਟਿੰਗ ਦੌਰਾਨ ਕਿਹਾ ਗਿਆ ਕਿ ਜੇਕਰ ਕਿਸੇ ਵੀ ਪੱਧਰ 'ਤੇ ਕਿਸੇ ਵਿਦਿਆਰਥੀ ਜਾਂ ਪਰਵਾਰ ਨਾਲ ਅਣਉਚਿਤ ਵਿਵਹਾਰ ਹੋਇਆ ਹੈ ਤਾਂ ਉਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਵਿਰੁੱਧ ਕਾਰਵਾਈ ਹੋਣੀ ਚਾਹੀਦੀ ਹੈ।ਪੂਸਾ ਪੰਜਾਬ ਦੇ ਸੂਬਾ ਪ੍ਰਧਾਨ ਵਿਨੋਦ ਖੁਰਾਣਾ ਅਤੇ ਸੂਬਾ ਸਕੱਤਰ ਮੋਹਿੰਦਰ ਸਿੰਘ ਭੋਲਾ ਨੇ ਫੀਸਾਂ ਵਿੱਚ ਵਾਧੇ ਬਾਰੇ ਕਿਹਾ ਕਿ ਪ੍ਰਾਈਵੇਟ ਅਨਏਡਿਡ ਸਕੂਲ ਇਹ ਵਾਧਾ ਪੰਜਾਬ ਸਰਕਾਰ ਵੱਲੋਂ ਬਣਾਏ ਪੰਜਾਬ ਪ੍ਰਾਈਵੇਟ ਸਕੂਲ ਫੀਸ ਐਕਟ 2016 ਤੇ ਉਸ ਵਿੱਚ ਕੀਤੀਆਂ ਸੋਧਾਂ ਅਨੁਸਾਰ ਨਿਰਧਾਰਤ ਹੱਦਾਂ ਵਿੱਚ ਹੀ ਕਰਦੇ ਹਨ।ਸਕੂਲਾਂ ਨੂੰ ਸਟਾਫ ਦੇ ਸਾਲਾਨਾ ਇੰਕਰੀਮੈਂਟ, ਮਹਿੰਗਾਈ, ਬਿਜਲੀ, ਟੈਕਨੋਲੋਜੀ, ਰੱਖ-ਰਖਾਵ ਤੇ ਸੁਰੱਖਿਆ ਮਾਪਦੰਡਾਂ ਦੇ ਵਧਦੇ ਖਰਚੇ ਝੱਲਣੇ ਪੈਂਦੇ ਹਨ।ਸਰਕਾਰੀ ਫੀਸਾਂ ਜਿਵੇਂ ਕਿ ਫਾਇਰ ਸੇਫਟੀ, ਬਿਲਡਿੰਗ ਸੇਫਟੀ, ਸੈਨੀਟੇਸ਼ਨ ਸਰਟੀਫਿਕੇਟਾਂ ਦੀਆਂ ਫੀਸਾਂ ਵਿੱਚ ਕਈ ਗੁਣਾ ਵਾਧਾ ਤੇ ਹੋਰ ਮਨਜ਼ੂਰੀਆਂ ਦੇ ਖਰਚੇ ਲਗਾਤਾਰ ਵਧੇ ਹਨ।ਜਦੋਂ ਤਨਖਾਹਾਂ, ਇੰਕਰੀਮੈਂਟ ਅਤੇ ਹੋਰ ਲਾਜ਼ਮੀ ਖਰਚੇ ਵਧਦੇ ਹਨ ਤਾਂ ਉਨ੍ਹਾਂ ਦੀ ਪੂਰਤੀ ਲਈ ਕੁਝ ਹੱਦ ਤੱਕ ਫੀਸਾਂ ਦਾ ਵਾਧਾ ਅਟੱਲ ਬਣ ਜਾਂਦਾ ਹੈ।ਸਰਕਾਰ ਨੂੰ ਚਾਹੀਦਾ ਹੈ ਕਿ ਮਾਪਿਆਂ ਦਾ ਵਿੱਤੀ ਬੋਝ ਘਟਾਉਣ ਲਈ ਸਕੂਲਾਂ ਨੂੰ ਬਣਦੀਆਂ ਰਿਆਇਤਾਂ ਦੇਵੇ।

ਭਾਜਪਾ ਦਿਹਾਤੀ ਨੂੰ ਮਜ਼ਬੂਤੀ, ਵੱਡੀ ਗਿਣਤੀ 'ਚ ਲੋਕ ਪਾਰਟੀ ਨਾਲ ਜੁੜੇ

ਜਗਰਾਉਂ (ਅਮਿਤ ਖੰਨਾ)-ਭਾਰਤੀ ਜਨਤਾ ਪਾਰਟੀ ਦੇ ਨਵ-ਨਿਯੁਕਤ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਜਗਰਾਉਂ ਦਾ ਦੌਰਾ ਕਰਦਿਆਂ ਪਾਰਟੀ ਵਰਕਰਾਂ ਅਤੇ ਅਹੁਦੇਦਾਰਾਂ ਨਾਲ ਮੀਟਿੰਗ ਕੀਤੀ।ਜ਼ਿਲ੍ਹਾ ਭਾਜਪਾ ਜਗਰਾਉਂ ਵੱਲੋਂ ਕਰਵਾਈ ਗਈ ਇਸ ਮੀਟਿੰਗ ਦੌਰਾਨ ਸੰਗਠਨ ਨੂੰ ਹੋਰ ਮਜ਼ਬੂਤ ਕਰਨ, ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਤਿਆਰੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਸ਼ਹਿਰ ਦੇ ਇੱਕ ਨਿੱਜੀ ਹੋਟਲ ਵਿੱਚ ਹੋਈ ਮੀਟਿੰਗ ਦੌਰਾਨ ਕੇਵਲ ਸਿੰਘ ਢਿੱਲੋਂ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਜਪਾ ਪੰਜਾਬ ਵਿੱਚ ਸੰਗਠਨਕ ਤੌਰ 'ਤੇ ਮਜ਼ਬੂਤੀ ਨਾਲ ਅੱਗੇ ਵਧ ਰਹੀ ਹੈ ਅਤੇ ਪਾਰਟੀ ਦੇ ਵਰਕਰ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਅਤੇ ਪਿਛਲੇ ਸਾਲਾਂ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਘਰ-ਘਰ ਜਾਣ। ਉਨ੍ਹਾਂ ਪੰਜਾਬ ਵਿੱਚ ਨਸ਼ਿਆਂ, ਕਾਨੂੰਨ-ਵਿਵਸਥਾ ਅਤੇ ਵਿਕਾਸ ਨਾਲ ਜੁੜੇ ਮੁੱਦਿਆਂ ਦਾ ਜ਼ਿਕਰ ਕਰਦਿਆਂ ਮੌਜੂਦਾ ਸਰਕਾਰ ਦੀ ਆਲੋਚਨਾ ਕੀਤੀ। ਉਨ੍ਹਾਂ ਦਾ ਕਹਿਣਾ ਸੀ ਕਿ ਭਾਜਪਾ ਪੰਜਾਬ ਵਿੱਚ ਵਿਕਾਸ ਤੇ ਖੁਸ਼ਹਾਲੀ ਦਾ ਵਿਜ਼ਨ ਲੈ ਕੇ ਅੱਗੇ ਵਧ ਰਹੀ ਹੈ ਅਤੇ ਲੋਕਾਂ ਦਾ ਸਹਿਯੋਗ ਪਾਰਟੀ ਲਈ ਮਹੱਤਵਪੂਰਨ ਹੈ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਭਾਜਪਾ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸੂਬੇ ਦੀਆਂ ਸਾਰੀਆਂ 117 ਸੀਟਾਂ 'ਤੇ ਆਪਣੇ ਬਲਬੂਤੇ ਚੋਣ ਲੜਨ ਦੀ ਤਿਆਰੀ ਕਰ ਰਹੀ ਹੈ। ਇਸ ਮੌਕੇ ਟੋਨੀ ਵਰਮਾ ਮੰਡਲ ਪ੍ਰਧਾਨ ਭਾਜਪਾ ਸ਼ਹਿਰੀ, ਅਨਿਲ ਕੁਮਾਰ ਸ਼ੰਟੀ ਜਨਰਲ ਸਕੱਤਰ ਭਾਜਪਾ ਮੰਡਲ ਸ਼ਹਿਰੀ ਦੀ ਰਹਿਨੁਮਾਈ ਹੇਠ ਕਈ ਨਵੇਂ ਵਿਅਕਤੀ ਭਾਜਪਾ ਵਿੱਚ ਸ਼ਾਮਲ ਹੋਏ। ਜ਼ਿਲ੍ਹਾ ਪ੍ਰਧਾਨ ਡਾ. ਰਜਿੰਦਰ ਸ਼ਰਮਾ ਨੇ ਕੇਵਲ ਸਿੰਘ ਢਿੱਲੋਂ ਦਾ ਜਗਰਾਉਂ ਵਿੱਚ ਪਹਿਲੀ ਵਾਰ ਪਹੁੰਚਣ 'ਤੇ ਸਵਾਗਤ ਕੀਤਾ। ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਰਣਜੀਤ ਸਿੰਘ ਜੀਤਾ, ਸੋਨੂੰ ਭੱਟ, ਸੁਧੀਰ ਲੂੰਬਾ, ਮਨੀ ਤਿਵਾੜੀ, ਕੈਲਾਸ਼ ਸ਼ਰਮਾ, ਸਨੀ ਪ੍ਰਜਾਪਤੀ ਸਮੇਤ ਹੋਰ ਵਿਅਕਤੀਆਂ ਨੇ ਭਾਜਪਾ ਦਾ ਪੱਲਾ ਫੜਿਆ।

ਮੂਲ ਚੰਦ ਸ਼ਰਮਾ ਦਾ ਧਾਰਮਿਕ ਗੀਤ 'ਸਰਤਾਜ ਸ਼ਹੀਦਾਂ ਦਾ' ਲੋਕ ਅਰਪਣ

ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)-ਬੀਤੇ ਦਿਨੀਂ ਪੰਜਾਬੀ ਸਾਹਿਤ ਸਭਾ ਧੂਰੀ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਵੱਲੋਂ ਕਲਮਬੱਧ ਕੀਤਾ ਨਵਾਂ ਧਾਰਮਿਕ ਗੀਤ ਸਰਤਾਜ ਸ਼ਹੀਦਾਂ ਦਾ ਲੋਕ ਅਰਪਣ ਕੀਤਾ ਗਿਆ। ਇਹ ਗੀਤ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਹੈ।ਇਸ ਬਾਰੇ ਹੋਰ ਜਾਣਕਾਰੀ ਸਾਂਝੀ ਕਰਦਿਆਂ ਨਿਰਮਾਤਾ ਨਿਰਦੇਸ਼ਕ ਭਗਵੰਤ ਸਿੰਘ ਕੰਗ ਅਤੇ ਪਰਮਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਯੂ-ਟਿਊਬ ਚੈਨਲ ਹਰਟ ਰੌਕ ਦੀ ਪੇਸ਼ਕਸ਼ ਇਸ ਗੀਤ ਵਿੱਚ ਆਪਣੀ ਦਿਲਕਸ਼ ਆਵਾਜ਼ ਦਾ ਜਾਦੂ ਬਿਖੇਰਿਆ ਹੈ ਉੱਭਰਦੀ ਗਾਇਕਾ ਟਿਸ਼ੂ ਅਰੋੜਾ ਨੇ, ਸੰਗੀਤ ਨਾਲ ਸ਼ਿੰਗਾਰਿਆ ਹੈ ਬੀ. ਦੇਵ ਅਤੇ ਫਿਲਮਾਂਕਣ ਦੀ ਜ਼ਿੰਮੇਵਾਰੀ ਜਸਜੋਤ ਗਿੱਲ ਨੇ ਨਿਭਾਈ ਹੈ। ਇਸ ਮੌਕੇ ਸਮੁੱਚੀ ਟੀਮ ਨੂੰ ਵਧਾਈ ਦੇਣ ਵਾਲ਼ਿਆਂ ਵਿੱਚ ਪੰਜਾਬੀ ਸਾਹਿਤ ਸਭਾ ਧੂਰੀ, ਸਾਹਿਤ ਸਿਰਜਣਾ ਮੰਚ ਭਵਾਨੀਗੜ੍ਹ, ਪੰਜਾਬੀ ਸਾਹਿਤ ਸਭਾ ਮਾਲੇਰਕੋਟਲਾ, ਸਾਹਿਤ ਸੰਗਮ ਮਾਲੇਰਕੋਟਲਾ, ਸਾਹਿਤ ਸਦਨ ਸੰਗਰੂਰ ਅਤੇ ਸਾਹਿਤ ਸਭਾ ਸੁਨਾਮ ਦੇ ਅਹੁਦੇਦਾਰਾਂ ਤੇ ਮੈਂਬਰਾਂ ਤੋਂ ਇਲਾਵਾ ਜੰਗ ਸਿੰਘ ਫ਼ੱਟੜ, ਰਮੇਸ਼ਵਰ ਸਿੰਘ, ਗੁਰੀ ਚੰਦੜ, ਸੁਖਜੀਤ ਸਿੰਘ ਰਮਲਾ, ਰਾਜੂ ਨਾਹਰ, ਰਾਮ ਸ਼ਰਮਾ ਲੁਬਾਣਾ, ਦਿਲਪ੍ਰੀਤ ਕੌਰ ਪ੍ਰੀਤ, ਬੱਬਲਜੀਤ ਕੌਰ ਬਬਲੀ, ਨਵਜੋਤ ਜੋਸ਼ੀ , ਰਾਹੁਲ ਸ਼ਰਮਾ ਅਤੇ ਕੁਲਵੰਤ ਸਿੰਘ ਬੁੰਗਾ ਵੀ ਸ਼ਾਮਲ ਸਨ ।

ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ 'ਚ ਵਾਧਾ ਨਾ ਤਾਂ ਮਾਪਿਆਂ ਦੇ ਹਿੱਤ 'ਚ, ਨਾ ਸਿੱਖਿਆ ਸੰਸਥਾਵਾਂ ਦੇ : ਭੁਪਿੰਦਰ ਸਿੰਘ

ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬ ਸਰਕਾਰ ਵੱਲੋਂ ਅਨਏਡਿਡ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਵਿੱਚ ਸਾਲਾਨਾ ਵਾਧੇ ਦੀ ਦਰ ਨੂੰ 8 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰਨ ਸਬੰਧੀ ਚੱਲ ਰਹੀਆਂ ਚਰਚਾਵਾਂ ਉੱਤੇ ਪ੍ਰਤੀਕਿਰਿਆ ਦਿੰਦਿਆਂ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਨੇ ਕਿਹਾ ਕਿ ਅਜਿਹਾ ਫ਼ੈਸਲਾ ਨਾ ਤਾਂ ਮਾਪਿਆਂ ਦੇ ਹਿੱਤ ਵਿੱਚ ਹੋਵੇਗਾ ਅਤੇ ਨਾ ਹੀ ਸਿੱਖਿਆ ਸੰਸਥਾਵਾਂ ਦੇ।ਉਹਨਾਂ ਕਿਹਾ ਕਿ ਜੇਕਰ ਸਰਕਾਰ ਅਸਲ ਵਿੱਚ ਮਾਪਿਆਂ ਉੱਤੇ ਪੈ ਰਹੇ ਆਰਥਿਕ ਬੋਝ ਨੂੰ ਘਟਾਉਣਾ ਚਾਹੁੰਦੀ ਹੈ ਤਾਂ ਸਭ ਤੋਂ ਪਹਿਲਾਂ ਪ੍ਰਾਈਵੇਟ ਸਿੱਖਿਆ ਸੰਸਥਾਵਾਂ ਨੂੰ ਸਿੱਧੇ ਅਤੇ ਅਸਿੱਧੇ ਤੌਰ 'ਤੇ ਲੱਗ ਰਹੇ ਟੈਕਸਾਂ ਤੋਂ ਮੁਕਤ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਦੱਸਿਆ ਕਿ ਹਾਲ ਹੀ ਵਿੱਚ ਲੁਧਿਆਣਾ ਵਿਖੇ ਪੰਜਾਬ ਭਰ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਕੋਰ ਕਮੇਟੀ ਮੈਂਬਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਸਰਕਾਰ ਨੂੰ ਇਸ ਸਬੰਧੀ ਮਜ਼ਬੂਤ ਪ੍ਰਤੀਨਿਧਤਾ ਦੇਣ ਦਾ ਫ਼ੈਸਲਾ ਕੀਤਾ ਗਿਆ। ਭੁਪਿੰਦਰ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਹਰ ਸਾਲ 5 ਤੋਂ 6 ਫੀਸਦੀ ਤੱਕ ਮਹਿੰਗਾਈ ਦਰ ਦਾ ਪ੍ਰਭਾਵ ਰਹਿੰਦਾ ਹੈ। ਅਜਿਹੇ ਵਿੱਚ ਜੇਕਰ ਫੀਸ ਵਾਧੇ ਨੂੰ 5 ਫੀਸਦੀ ਤੱਕ ਸੀਮਿਤ ਕਰ ਦਿੱਤਾ ਜਾਂਦਾ ਹੈ ਤਾਂ ਅਸਲ ਵਿੱਚ ਸਕੂਲਾਂ ਲਈ ਕੋਈ ਵਾਧੂ ਆਰਥਿਕ ਸਰੋਤ ਨਹੀਂ ਬਚੇਗਾ। ਇਸ ਦਾ ਸਿੱਧਾ ਅਸਰ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਦੀਆਂ ਤਨਖਾਹਾਂ ਉੱਤੇ ਪਵੇਗਾ ਅਤੇ ਉਹਨਾਂ ਨੂੰ ਸਨਮਾਨਯੋਗ ਤਨਖਾਹ ਵਾਧਾ ਦੇਣਾ ਵੀ ਮੁਸ਼ਕਿਲ ਹੋ ਜਾਵੇਗਾ।ਉਹਨਾਂ ਕਿਹਾ ਕਿ ਸਕੂਲਾਂ ਲਈ ਲਾਜ਼ਮੀ ਫਾਇਰ ਸੇਫਟੀ ਅਤੇ ਬਿਲਡਿੰਗ ਸੇਫਟੀ ਸਰਟੀਫਿਕੇਟਾਂ ਦੀਆਂ ਫੀਸਾਂ ਵਿੱਚ ਵੀ 100 ਤੋਂ 200 ਫੀਸਦੀ ਤੱਕ ਵਾਧਾ ਹੋ ਚੁੱਕਾ ਹੈ।ਉਹਨਾਂ ਸਵਾਲ ਉਠਾਇਆ ਕਿ ਜਦੋਂ ਸਰਕਾਰ ਆਪਣੇ ਅਧੀਨ ਚੱਲ ਰਹੀਆਂ ਸੰਸਥਾਵਾਂ ਵਿੱਚ ਫੀਸਾਂ ਵਧਾਉਂਦੀ ਹੈ ਤਾਂ ਉਸ ਲਈ ਕੋਈ ਸੀਮਾ ਨਿਰਧਾਰਤ ਨਹੀਂ ਹੁੰਦੀ, ਪਰ ਪ੍ਰਾਈਵੇਟ ਸਿੱਖਿਆ ਸੰਸਥਾਵਾਂ ਉੱਤੇ ਪਾਬੰਦੀਆਂ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਫੈਪ ਆਗੂ ਨੇ ਕਿਹਾ ਕਿ ਫੈਡਰੇਸ਼ਨ ਵੱਲੋਂ ਸਰਕਾਰ ਅੱਗੇ ਆਪਣਾ ਪੱਖ ਤੱਥਾਂ ਸਮੇਤ ਰੱਖਿਆ ਜਾਵੇਗਾ। ਜੇਕਰ ਸਰਕਾਰ ਨੇ ਸਾਰੇ ਪੱਖਾਂ ਨੂੰ ਸੁਣੇ ਬਿਨਾਂ ਇੱਕਤਰਫਾ ਫ਼ੈਸਲਾ ਲਿਆ ਤਾਂ ਸਿੱਖਿਆ ਸੰਸਥਾਵਾਂ ਦੇ ਹਿੱਤਾਂ ਦੀ ਰੱਖਿਆ ਲਈ ਅਦਾਲਤ ਦਾ ਦਰਵਾਜ਼ਾ ਖੜਕਾਉਣਾ ਪੈ ਸਕਦਾ ਹੈ।

ਚੰਦੂਮਾਜਰਾ ਸਮਰਥਕਾਂ ਵੱਲੋਂ ਸਨੌਰ ਹਲਕੇ ਦੀ ਚੋਣ ਲਈ ਰਣਨੀਤੀ ਮੀਟਿੰਗ

ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਨਗਰ ਕੌਂਸਲ ਸਨੌਰ ਦੇ ਸਾਬਕਾ ਮੀਤ ਪ੍ਰਧਾਨ ਪ੍ਰੀਤਮ ਸਿੰਘ ਸਨੌਰ ਦੀ ਅਗਵਾਈ ਹੇਠ ਉਨ੍ਹਾਂ ਦੇ ਗ੍ਰਹਿ ਵਿਖੇ ਹੋਈ ਵਿਸ਼ੇਸ਼ ਬੈਠਕ ਵਿੱਚ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਬੈਠਕ ਦੌਰਾਨ ਇਲਾਕੇ ਦੇ ਰਾਜਨੀਤਿਕ ਹਾਲਾਤ, ਵਿਕਾਸੀ ਮਸਲੇ ਅਤੇ ਲੋਕਾਂ ਨਾਲ ਜੁੜੀਆਂ ਮੁੱਢਲੀਆਂ ਸਮੱਸਿਆਵਾਂ ਦੇ ਨਾਲ-ਨਾਲ ਭਵਿੱਖੀ ਰਣਨੀਤੀ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਬੈਠਕ 'ਚ ਵਿਸ਼ੇਸ਼ ਤੌਰ 'ਤੇ ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਅਤੇ ਜਥੇਦਾਰ ਜਰਨੈਲ ਸਿੰਘ ਕਰਤਾਰਪੁਰਾ ਨੇ ਹਾਜ਼ਰੀ ਭਰੀ।ਦੋਵਾਂ ਮਹਿਮਾਨਾਂ ਦਾ ਪ੍ਰੀਤਮ ਸਿੰਘ ਸਨੌਰ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਸਵਾਗਤ ਕੀਤਾ ਗਿਆ।ਬੈਠਕ ਵਿੱਚ ਇਲਾਕੇ ਦੀ ਵਿਕਾਸੀ ਯੋਜਨਾਵਾਂ, ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ, ਕਿਸਾਨਾਂ ਦੇ ਮਸਲੇ, ਨੌਜਵਾਨਾਂ ਦੀ ਬੇਰੁਜ਼ਗਾਰੀ ਅਤੇ ਸਿੱਖਿਆ ਸੰਬੰਧੀ ਚੁਣੌਤੀਆਂ 'ਤੇ ਚਰਚਾ ਹੋਈ।ਹਾਜ਼ਰ ਵਕਤਾਵਾਂ ਨੇ ਕਿਹਾ ਕਿ ਸਨੌਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਵਿਕਾਸ ਲਈ ਸਾਂਝੀਆਂ ਕੋਸ਼ਿਸ਼ਾਂ ਦੀ ਲੋੜ ਹੈ ਅਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਣਾ ਚਾਹੀਦਾ ਹੈ।ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਲੋਕਾਂ ਨਾਲ ਜੁੜ ਕੇ ਹੀ ਅਸਲ ਵਿਕਾਸ ਸੰਭਵ ਹੈ ਅਤੇ ਜ਼ਮੀਨੀ ਪੱਧਰ 'ਤੇ ਲੋਕ-ਸੰਪਰਕ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ।ਇਸ ਮੌਕੇ ਜਥੇਦਾਰ ਜਰਨੈਲ ਸਿੰਘ ਕਰਤਾਰਪੁਰਾ ਨੇ ਵੀ ਲੋਕ-ਭਲਾਈ ਕਾਰਜਾਂ ਨੂੰ ਵਧਾਉਣ ਅਤੇ ਸਮਾਜਿਕ ਏਕਤਾ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ।ਬੈਠਕ ਦੇ ਅੰਤ ਵਿੱਚ ਭਵਿੱਖੀ ਰਣਨੀਤੀ 'ਤੇ ਵੀ ਚਰਚਾ ਕੀਤੀ ਗਈ ।

ਆਂਗਣਵਾੜੀ ਕੇਂਦਰਾਂ 'ਚ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨ ਤਹਿਤ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਮਹਿਲਾਵਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨ ਤਹਿਤ ਮਾਨਸਾ ਦੇ ਸਮੂਹ ਆਂਗਣਵਾੜੀ ਕੇਂਦਰਾਂ 'ਚ ਯੋਗ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਗਈ ਹੈ।ਇਸ ਯੋਜਨਾ ਰਾਹੀ ਯੋਗ ਮਹਿਲਾਵਾਂ ਨੂੰ ਮਾਸਿਕ ਵਿੱਤੀ ਸਹਾਇਤਾ ਪ੍ਰਦਾਨ ਕਰਕੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਦਾ ਉਦੇਸ਼ ਰੱਖਿਆ ਗਿਆ ਹੈ।ਇਸ ਸੰਬੰਧੀ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਖੁਸ਼ਵੀਰ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਯੋਜਨਾ ਅਧੀਨ ਅਨੁਸੂਚਿਤ ਜਾਤੀ ਵਰਗ ਦੀਆਂ ਮਹਿਲਾਵਾਂ ਨੂੰ 1,500 ਪ੍ਰਤੀ ਮਹੀਨਾ, ਜਦਕਿ ਹੋਰ ਸਾਰੀਆਂ ਯੋਗ ਮਹਿਲਾਵਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਸਹਾਇਤਾ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ 'ਚ ਡਾਇਰੈਕਟ ਬੈਨੀਫਿਟ ਟਰਾਂਸਫ਼ਰ (ਡੀ.ਬੀ.ਟੀ.) ਰਾਹੀ ਭੇਜੀ ਜਾਵੇਗੀ। ਉਨ੍ਹਾਂ ਦੱਸਿਆ ਕਿ ਯੋਜਨਾ ਦਾ ਲਾਭ ਪ੍ਰਾਪਤ ਕਰਨ ਲਈ ਬਿਨੈਕਾਰ ਮਹਿਲਾ ਦਾ ਪੰਜਾਬ ਦਾ ਸਥਾਈ ਨਿਵਾਸੀ ਅਤੇ ਉਮਰ 18 ਸਾਲ ਤੋਂ ਵੱਧ ਹੋਣੀ ਲਾਜ਼ਮੀ ਹੈ। ਰਜਿਸਟ੍ਰੇਸ਼ਨ ਲਈ ਵੋਟਰ ਸੂਚੀ, ਵੋਟਰ ਕਾਰਡ, ਬੈਂਕ ਪਾਸਬੁੱਕ, ਮੋਬਾਇਲ ਨੰਬਰ ਅਤੇ ਹੋਰ ਲੋੜੀਂਦੇ ਦਸਤਾਵੇਜ਼ ਜ਼ਰੂਰੀ ਹਨ। ਅਨੁਸੂਚਿਤ ਜਾਤੀ ਵਰਗ ਦੀਆਂ ਮਹਿਲਾਵਾਂ ਨੂੰ ਆਪਣਾ ਜਾਤੀ ਸਰਟੀਫ਼ਿਕੇਟ ਵੀ ਰਜਿਸਟ੍ਰੇਸ਼ਨ ਸਮੇਂ ਲੈ ਕੇ ਆਉਣਾ ਹੋਵੇਗਾ।ਉਨ੍ਹਾਂ ਦੱਸਿਆ ਕਿ ਵਿਭਾਗੀ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸਬੰਧੀ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਤਾਂ ਕਿ ਯੋਗ ਲਾਭਪਾਤਰੀਆ ਦੀ ਰਜਿਸਟ੍ਰੇਸ਼ਨ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਸਮੂਹ ਯੋਗ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨਜ਼ਦੀਕੀ ਆਂਗਣਵਾੜੀ ਕੇਂਦਰ ਵਿਖੇ ਆਪਣੀ ਰਜ਼ਿਸਟ੍ਰੇਸ਼ਨ ਕਰਵਾ ਕੇ ਪੰਜਾਬ ਸਰਕਾਰ ਦੀ ਇਸ ਲੋਕ ਭਲਾਈ ਯੋਜਨਾ ਦਾ ਲਾਹਾ ਲੈਣ।

ਚੇਅਰਮੈਨ ਗੜ੍ਹੀ ਭੂਰੀ ਵਾਲਿਆਂ ਦੇ ਅਵਤਾਰ ਦਿਵਸ ਮੌਕੇ ਨਤਮਸਤਕ ਹੋਏ

ਜਗਰਾਉਂ (ਨਛੱਤਰ ਸੰਧੂ)-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਸ੍ਰੀ ਸਤਿਗੁਰੂ ਭੂਰੀ ਵਾਲੇ ਗੁਰਗੱਦੀ ਪਰੰਪਰਾ ਗਰੀਬਦਾਸੀ ਸੰਪਰਦਾ ਦਾ ਸਾਂਝੀਵਾਲਤਾ ਦਾ ਸੁਨੇਹਾ ਘਰ-ਘਰ ਪਹੁੰਚਾਉਣ ਦਾ ਸੱਦਾ ਦਿੱਤਾ। ਉਨ੍ਹਾਂ ਜਾਤੀ, ਧਰਮ ਤੇ ਫਿਰਕਾਪ੍ਰਸਤੀ ਦਾ ਪਾੜਾ ਖਤਮ ਕਰਨ 'ਤੇ ਵੀ ਜ਼ੋਰ ਦਿੱਤਾ।ਚੇਅਰਮੈਨ ਗੜ੍ਹੀ, ਧਾਰਮਿਕ ਤੇ ਸਮਾਜ ਸੇਵੀ ਸ਼ਖਸੀਅਤ ਵੇਦਾਂਤਾ ਆਚਾਰੀਆ ਸਵਾਮੀ ਚੇਤਨਾ ਨੰਦ ਜੀ ਮਹਾਰਾਜ ਭੂਰੀ ਵਾਲੇ (ਮੌਜੂਦਾ ਗੱਦੀਨਸ਼ੀਨ) ਦੀ ਸਰਪ੍ਰਸਤੀ ਹੇਠ ਰਕਬਾ ਧਾਮ, ਮੁੱਲਾਂਪੁਰ (ਲੁਧਿਆਣਾ) ਵਿਖੇ ਸ੍ਰੀ ਸ੍ਰੀ 1008 ਬ੍ਰਹਮਲੀਨ ਸਤਿਗੁਰੂ ਲਾਲ ਦਾਸ ਜੀ ਮਹਾਰਾਜ ਭੂਰੀ ਵਾਲਿਆਂ ਦੇ ਅਵਤਾਰ ਦਿਵਸ ਮੌਕੇ ਨਤਮਸਤਕ ਹੋਏ। ਉਨ੍ਹਾਂ ਪੰਗਤ ਵਿੱਚ ਬੈਠ ਕੇ ਆਈਆਂ ਹੋਈਆਂ ਸੰਗਤਾਂ ਦੇ ਨਾਲ ਲੰਗਰ ਵੀ ਛਕਿਆ।ਚੇਅਰਮੈਨ ਗੜ੍ਹੀ ਦਾ ਸਮਾਗਮ ਵਿੱਚ ਪਹੁੰਚਣ 'ਤੇ ਵੇਦਾਂਤਾ ਆਚਾਰੀਆ ਸਵਾਮੀ ਚੇਤਨਾ ਨੰਦ ਜੀ ਮਹਾਰਾਜ ਭੂਰੀ ਵਾਲਿਆਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਗੜ੍ਹੀ ਨੇ ਕਿਹਾ ਕਿ ਰਕਬਾ ਧਾਮ, ਭੂਰੀ ਵਾਲੇ ਗੁਰਗੱਦੀ ਪ੍ਰੰਪਰਾ ਦਾ ਇਹ ਮਹਾਨ ਆਸ਼ਰਮ ਮਹਾਰਾਜ ਲਾਲ ਜੀ ਦਾਸ ਰਕਬੇ ਵਾਲਿਆਂ ਦਾ ਜਨਮ ਅਸਥਾਨ ਵੀ ਹੈ। ਗੜ੍ਹੀ ਨੇ ਦੱਸਿਆ ਕਿ ਗਊਆਂ ਵਾਲੇ ਮਹਾਰਾਜ ਬ੍ਰਹਮਾ ਨੰਦ ਜੀ ਨੇ ਜਿੱਥੇ ਲੋੜਵੰਦਾਂ ਲਈ ਵਿੱਦਿਆ ਦਾ ਲੰਗਰ, ਗਊ-ਗਰੀਬ ਦੀ ਰੱਖਿਆ ਲਈ ਅੱਗੇ ਆਏ, ਮਰੀਜ਼ਾਂ ਲਈ ਹਸਪਤਾਲ ਖੋਲ੍ਹਣ ਦੀ ਪਰੰਪਰਾ ਸ਼ੁਰੂ ਕੀਤੀ, ਉੱਥੇ ਇਸ ਪਰੰਪਰਾ ਨੂੰ ਹੁਣ ਮਹਾਰਾਜ ਚੇਤਨਾ ਨੰਦ ਜੀ ਭੂਰੀ ਵਾਲੇ ਅੱਗੇ ਵਧਾ ਰਹੇ ਹਨ ਜਿਨ੍ਹਾਂ ਦੀ ਸਰਪ੍ਰਸਤੀ ਹੇਠ 5 ਡਿਗਰੀ ਕਾਲਜ, 5 ਪ੍ਰਾਇਮਰੀ ਸਕੂਲ ਅਤੇ ਲੜਕੀਆਂ ਲਈ ਮੁਫਤ ਸਿੱਖਿਆ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ, ਉੱਤਰ ਭਾਰਤ ਦੇ ਸਭ ਤੋਂ ਵੱਡੇ ਹਸਪਤਾਲ ਪੀ.ਜੀ.ਆਈ. ਉੱਥੇ ਸਾਲ 2016 ਤੋਂ ਲਗਾਤਾਰ ਲੰਗਰ ਭੇਜਿਆ ਜਾ ਰਿਹਾ ਹੈ ਅਤੇ ਲੋੜਵੰਦ ਮਰੀਜਾਂ ਲਈ ਪੀ.ਜੀ.ਆਈ ਤੱਕ ਮੁਫਤ ਬੱਸ ਸੇਵਾ ਚਲਾਈ ਜਾ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਾਨੂੰ ਫਿਰਕਾਪ੍ਰਸਤੀ, ਭੇਦਭਾਵ ਤੋਂ ਉੱਪਰ ਉੱਠ ਕੇ ਲੋਕ ਭਲਾਈ ਕਾਰਜਾਂ ਲਈ ਅੱਗੇ ਆਉਣਾ ਚਾਹੀਦਾ ਹੈ ਕਿਉਂਕਿ ਸਮਾਜ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ।ਇਸ ਮੌਕੇ ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ, ਪਨਗਰੇਨ ਦੇ ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ, ਨਗਰ ਨਿਗਮ ਲੁਧਿਆਣਾ ਦੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਤੋਂ ਇਲਾਵਾ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਾਜ਼ਰੀ ਲਗਵਾਈ।

ਕੈਂਟ ਬੋਰਡ ਸਟੇਡੀਅਮ ਵਿਖੇ 21 ਨੂੰ ਮਨਾਇਆ ਜਾਵੇਗਾ ਯੋਗ ਦਿਵਸ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 21 ਜੂਨ ਨੂੰ ਸਵੇਰੇ 6 ਤੋਂ 7 ਵਜੇ ਤੱਕ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਫ਼ਿਰੋਜ਼ਪੁਰ ਛਾਉਣੀ ਵਿਖੇ ਸਥਿਤ ਕੈਂਟ ਬੋਰਡ ਸਟੇਡੀਅਮ ਵਿਖੇ ਮਨਾਇਆ ਜਾਵੇਗਾ ਜਿਸ ਦਾ ਥੀਮ 'ਸਿਹਤਮੰਦ ਉਮਰ ਲਈ ਯੋਗ' ਹੋਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਸਾਂਝੀ ਕੀਤੀ। ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਅਮਨਦੀਪ ਕੌਰ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ, ਯੋਗ ਸੰਸਥਾਵਾਂ ਦੇ ਮੁਖੀਆਂ ਅਤੇ ਐੱਨ ਜੀ ਓਜ਼ ਦੇ ਨੁਮਾਇੰਦਿਆਂ ਨਾਲ ਵਰਚੂਅਲ ਮੀਟਿੰਗ ਕਰਕੇ ਅੰਤਰਰਾਸ਼ਟਰੀ ਯੋਗ ਦਿਵਸ ਦੀਆਂ ਤਿਆਰੀਆਂ ਲਈ ਕੀਤੇ ਜਾਣ ਵਾਲੇ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਅਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਯੋਗ ਦੇ ਸਰੀਰਕ ਅਤੇ ਮਾਨਸਿਕ ਲਾਭਾਂ ਬਾਰੇ ਜਾਣੂ ਕਰਵਾਇਆ ਜਾ ਸਕੇ। ਇਸ ਮੀਟਿੰਗ ਵਿਚ ਐੱਸ ਡੀ ਐੱਮ ਫ਼ਿਰੋਜ਼ਪੁਰ ਅਭਿਸ਼ੇਕ ਸ਼ਰਮਾ, ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ ਡਾ. ਰੁਪਿੰਦਰਦੀਪ ਕੌਰ ਗਿੱਲ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਗੁਰਦੀਪ ਸਿੰਘ, ਅੰਤਰਰਾਸ਼ਟਰੀ ਯੋਗ ਦਿਵਸ ਦੇ ਨੋਡਲ ਅਫ਼ਸਰ ਡਾ. ਰਾਕੇਸ਼ ਗਰੋਵਰ, ਡਾ. ਸੁਮਿਤ ਮੋਗਾ, ਜ਼ਿਲ੍ਹੇ ਦੀਆਂ ਯੋਗ ਸੰਸਥਾਵਾਂ ਦੇ ਮੁਖੀਆਂ ਤੋਂ ਇਲਾਵਾ ਸਮੂਹ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਐੱਸ ਬੀ ਆਈ ਸਮਾਰਟ ਐਗਰੀ ਗਾਹਕ ਮੀਟ ਹੋਈ



ਜਗਰਾਉਂ (ਅਮਿਤ ਖੰਨਾ)-ਜਗਰਾਉਂ ਦੇ ਹੋਟਲ ਫਾਈਵ ਰੀਵਰ ਵਿਖੇ ਐੱਸ ਬੀ ਆਈ ਸਮਾਰਟ ਐਗਰੀ ਗਾਹਕ ਮੀਟ ਹੋਈ।ਡੀ ਜੀ ਐੱਮ ਬੀ ਐੱਸ ਮਿਸ਼ਰਾ ਦੀ ਅਗਵਾਈ ਹੇਠ ਕਰਵਾਈ ਕਿਸਾਨ ਮੀਟ ਮੌਕੇ ਕਿਸਾਨਾਂ ਨੂੰ ਬੈਂਕ ਦੀਆਂ ਸਕੀਮਾਂ ਦੀ ਜਾਣਕਾਰੀ ਦਿੰਦੇ ਹੋਏ ਰੀਜਨਲ ਮੈਨੇਜਰ ਸ਼ਸ਼ੀ ਭਾਨ ਸਿੰਘ ਨੇ ਦੱਸਿਆ ਐੱਸ ਬੀ ਆਈ ਵੱਲੋਂ ਕਿਸਾਨਾਂ ਦੀ ਬਿਹਤਰੀ ਤੇ ਕਿਸਾਨਾਂ ਦੀ ਆਮਦਨ ਵਧਾਉਣ 'ਚ ਸਹਿਯੋਗ ਦੇਣ ਲਈ ਅਨੇਕਾਂ ਸਕੀਮਾਂ ਚਲਾਈਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਵਾਢੀ ਤੋਂ ਬਾਅਦ ਪ੍ਰਬੰਧਨ ਬੁਨਿਆਦੀ ਢਾਂਚਾ ਗੁਦਾਮ, ਕੋਲਡ ਸਟੋਰੇਜ ਤੇ ਪ੍ਰੋਸੈਸਿੰਗ ਸਹੂਲਤਾਂ ਬਣਾਉਣ ਲਈ ਬੈਂਕ ਵਿੱਤ ਪ੍ਰਦਾਨ ਕਰਦਾ ਹੈ।ਉਨ੍ਹਾਂ ਦੱਸਿਆ ਐੱਸ ਬੀ ਆਈ ਖੇਤੀਬਾੜੀ ਤੇ ਖ਼ੁਰਾਕ ਉੱਦਮ ਕਰਜ਼ਾ ਖੇਤੀਬਾੜੀ ਆਧਾਰਤ ਕਾਰੋਬਾਰਾਂ, ਫੂਡ ਪ੍ਰੋਸੈਸਰਾਂ, ਨਿਰਯਾਤਕ ਸਬੰਧਤ ਉੱਦਮਾਂ ਦਾ ਸਮਰਥਨ ਕਰਦਾ ਹੈ। ਉਨ੍ਹਾਂ ਕਿਹਾ ਕਿਸਾਨ ਸਮਰਿਧੀ ਕਰਜ਼ਾ ਕਿਸਾਨਾਂ ਨੂੰ ਬਿਜਾਈ ਤੋਂ ਪਹਿਲਾਂ ਤੋਂ ਲੈ ਕੇ ਵਾਢੀ ਤੋਂ ਬਾਅਦ ਦੀਆਂ ਜ਼ਰੂਰਤਾਂ ਤੱਕ ਪੂਰੀਆਂ ਖੇਤੀਬਾੜੀ ਸਰਗਰਮੀਆਂ ਲਈ ਬੈਂਕ ਖੇਤੀਬਾੜੀ ਨਕਦ ਕਰੈਡਿਟ ਸਹਾਇਤਾ ਪ੍ਰਦਾਨ ਕਰਦਾ ਹੈ।ਉਨ੍ਹਾਂ ਕਿਹਾ ਇਹ ਯੋਜਨਾਵਾਂ ਵਿਅਕਤੀਆਂ, ਕਿਸਾਨਾਂ, ਸਹਿਕਾਰੀ, ਉੱਦਮੀਆਂ ਤੇ ਖੇਤੀਬਾੜੀ ਉੱਦਮਾਂ ਨੂੰ ਪੂਰਾ ਕਰਦੀਆਂ ਹਨ ਜਿਨ੍ਹਾਂ ਦੀ ਕਰਜ਼ੇ ਦੀ ਸੀਮਾ 50 ਤੋਂ 100 ਕਰੋੜ ਤੱਕ ਹੈ।ਉਨ੍ਹਾਂ ਕਿਹਾ ਐੱਸ ਬੀ ਆਈ ਦਾ ਉਦੇਸ਼ ਖੇਤੀਬਾੜੀ ਮੁੱਲ ਲੜੀ ਨੂੰ ਮਜ਼ਬੂਤ, ਖੇਤੀ ਉਤਪਾਦਕਤਾ 'ਚ ਸੁਧਾਰ ਕਰਨਾ ਤੇ ਖੇਤੀਬਾੜੀ-ਕਾਰੋਬਾਰ ਦੇ ਵਾਧੇ ਨੂੰ ਉਤਸ਼ਾਹਿਤ ਕਰਨਾ ਹੈ।ਇਸ ਮੌਕੇ ਏ ਆਰ ਐੱਮ ਅਨੀਤਾ ਕੁਮਾਰੀ, ਜਗਰਾਉਂ ਬ੍ਰਾਂਚ ਦੇ ਚੀਫ਼ ਮੈਨੇਜਰ ਨਾਲੇਸ਼ ਕੁਮਾਰ, ਬਲਬੀਰ ਚੰਦ ਕਲੇਰ ਤੇ ਸਤਿੰਦਰ ਪ੍ਰਸਾਦ ਸਮੇਤ ਹੋਰ ਬੈਂਕ ਅਧਿਕਾਰੀਆਂ ਨੇ ਬੱਚਤ, ਚਾਲੂ ਖਾਤੇ, ਖੇਤੀ ਬੀਮਾ, ਨਿਵੇਸ਼ ਸਕੀਮਾਂ ਅਤੇ ਹੈੱਲਥ ਬੀਮਾ ਬਾਰੇ ਜਾਣਕਾਰੀ ਦਿੱਤੀ।ਡਿਪਟੀ ਮੈਨੇਜਰ ਨਰਿੰਦਰ ਕੋਚਰ ਨੇ ਸਮੂਹ ਕਿਸਾਨਾਂ ਤੇ ਬੈਂਕ ਅਧਿਕਾਰੀਆਂ ਦਾ ਮੀਟ 'ਚ ਸ਼ਾਮਲ ਹੋਣ 'ਤੇ ਧੰਨਵਾਦ ਕੀਤਾ।

ਸ਼ੁਤਰਾਣਾ 'ਚ ਅਕਾਲੀ ਦਲ ਨੂੰ ਝਟਕਾ, ਠੇਕੇਦਾਰ ਸਾਥੀਆਂ ਸਮੇਤ ਆਪ 'ਚ ਸ਼ਾਮਲ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਪਛੜੀਆਂ ਸ਼੍ਰੇਣੀਆਂ ਵਿੰਗ ਦੇ ਹਲਕਾ ਪ੍ਰਧਾਨ ਅਮਰੀਕ ਸਿੰਘ ਠੇਕੇਦਾਰ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਵਿਸ਼ੇਸ਼ ਤੌਰ 'ਤੇ ਸਨਮਾਨ ਕਰਦਿਆਂ ਪਾਰਟੀ ਵਿੱਚ ਆਉਣ ਵਾਲਿਆਂ ਨੂੰ ਹਰ ਸੰਭਵ ਮਾਨ ਸਨਮਾਨ ਦਾ ਭਰੋਸਾ ਦਿੱਤਾ ਹੈ।ਆਪ ਵਿੱਚ ਸ਼ਾਮਲ ਹੋਏ ਠੇਕੇਦਾਰ ਅਮਰੀਕ ਸਿੰਘ, ਨਾਹਰ ਸਿੰਘ ਨਿਰਭੈ ਸਿੰਘ ਰਘਬੀਰ ਸਿੰਘ ਅਤੇ ਜਸਬੀਰ ਸਿੰਘ ਦਾ ਸਨਮਾਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੇ ਵਿੱਚ ਕੀਤੇ ਸਰਬਪੱਖੀ ਵਿਕਾਸ ਤੋਂ ਲੋਕ ਪ੍ਰਭਾਵਿਤ ਹੋ ਰਹੇ ਹਨ। ਇਸ ਦੇ ਚਲਦਿਆਂ ਚੰਗੀ ਸੋਚ ਵਾਲੇ ਲੋਕ ਰਵਾਇਤੀ ਪਾਰਟੀਆਂ ਦਾ ਖਹਿੜਾ ਛੱਡ ਕੇ ਆਪ ਵਿੱਚ ਸ਼ਾਮਲ ਹੋ ਰਹੇ ਹਨ। ਰਿਵਾਇਤੀ ਪਾਰਟੀਆਂ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਉੱਤੇ ਤਿੱਖਾ ਹਮਲਾ ਕਰਦਿਆਂ ਉਹਨਾਂ ਕਿਹਾ ਕਿ ਇਹਨਾਂ ਦੋਨਾਂ ਪਾਰਟੀਆਂ ਨੇ ਵਾਰੀ ਵਾਰੀ ਸੂਬੇ ਉੱਤੇ ਰਾਜ ਕਰਕੇ ਲੋਕ ਮਾਰੂ ਨੀਤੀਆਂ ਉੱਤੇ ਚੱਲਦਿਆਂ ਸੂਬੇ ਨੂੰ ਤਬਾਹੀ ਦੇ ਕੰਢੇ ਲਿਆ ਕੇ ਖੜ੍ਹਾ ਕਰ ਦਿੱਤਾ। ਉਹਨਾਂ ਦਾਅਵਾ ਕੀਤਾ ਕਿ ਪਾਰਟੀ ਨੂੰ ਲਗਾਤਾਰ ਮਿਲ ਰਹੀ ਮਜ਼ਬੂਤੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਬੇਹੱਦ ਸਹਾਈ ਹੋਵੇਗੀ ਅਤੇ ਪਿਛਲੀ ਵਾਰ ਦੀ ਤਰ੍ਹਾਂ ਨਵਾਂ ਇਤਿਹਾਸ ਰਚੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਆਗੂ ਤਜਿੰਦਰ ਸਿੰਘ ਤੇਜੀ ਬੁਰੜ, ਮੇਜਰ ਸਿੰਘ ਮਤੌਲੀ, ਗੁਰਮੀਤ ਸਿੰਘ ਅਰੋੜਾ, ਕਮਲਪ੍ਰੀਤ ਵਧਵਾ ਅਤੇ ਜਗਦੇਵ ਸਿੰਘ ਸੰਧੂ ਆਦਿ ਹਾਜ਼ਰ ਸਨ।

ਭਾਈ ਗੁਰਦਾਸ ਗਰੁੱਪ ਦੇ 14 ਵਿਦਿਆਰਥੀ ਮਿਡਾਸ ਪ੍ਰਾਈਵੇਟ ਲਿਮਟਿਡ ਲਈ ਚੁਣੇ



ਭਵਾਨੀਗੜ੍ਹ (ਰਾਜ ਖੁਰਮੀ)-ਮਾਲਵਾ ਖੇਤਰ ਦੀ ਪ੍ਰਸਿੱਧ ਸਿੱਖਿਆ ਸੰਸਥਾ ਭਾਈ ਗੁਰਦਾਸ ਗਰੁੱਪ ਆਫ ਇੰਸਟੀਚਿਊਸ਼ਨਜ਼ ਨੇ ਪਲੇਸਮੈਂਟ ਦੇ ਖੇਤਰ ਵਿੱਚ ਇੱਕ ਹੋਰ ਮਹੱਤਵਪੂਰਨ ਉਪਲਬਧੀ ਹਾਸਲ ਕੀਤੀ ਹੈ। ਸੰਸਥਾ ਦੇ ਪਲੇਸਮੈਂਟ ਵਿਭਾਗ ਵੱਲੋਂ ਕਰਵਾਈ ਗਈ ਪਲੇਸਮੈਂਟ ਡਰਾਈਵ ਦੌਰਾਨ ਨੋਇਡਾ ਸਥਿਤ ਨਾਮਵਰ ਕੰਪਨੀ ਮਿਡਾਸ ਪ੍ਰਾਈਵੇਟ ਲਿਮਟਿਡ ਨੇ ਬੀ.ਟੈਕ (ਸੀ.ਐਸ.ਈ. ਅਤੇ ਆਈ.ਟੀ.) ਦੇ ਆਖਰੀ ਸਾਲ ਦੇ ਵਿਦਿਆਰਥੀਆਂ ਦੀ ਭਰਤੀ ਲਈ ਚੋਣ ਪ੍ਰਕਿਰਿਆ ਆਯੋਜਿਤ ਕੀਤੀ, ਜਿਸ ਵਿੱਚ 14 ਵਿਦਿਆਰਥੀ ਨੌਕਰੀ ਲਈ ਚੁਣੇ ਗਏ।ਚੁਣੇ ਗਏ ਵਿਦਿਆਰਥੀਆਂ ਵਿੱਚੋਂ ਇੱਕ ਬੀ.ਟੈਕ (ਆਈ.ਟੀ.) ਅਤੇ 13 ਬੀ.ਟੈਕ (ਸੀ.ਐਸ.ਈ.) ਵਿਭਾਗ ਨਾਲ ਸਬੰਧਤ ਹਨ।ਕੰਪਨੀ ਵੱਲੋਂ ਇਨ੍ਹਾਂ ਵਿਦਿਆਰਥੀਆਂ ਨੂੰ 5 ਲੱਖ ਰੁਪਏ ਸਾਲਾਨਾ ਪੈਕੇਜ 'ਤੇ ਨਿਯੁਕਤ ਕੀਤਾ ਗਿਆ ਹੈ।ਚੋਣ ਪ੍ਰਕਿਰਿਆ ਤਹਿਤ ਲਿਖਤੀ ਪ੍ਰੀਖਿਆ, ਗਰੁੱਪ ਡਿਸਕਸ਼ਨ ਅਤੇ ਨਿੱਜੀ ਇੰਟਰਵਿਊ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਯੋਗਤਾ ਸਾਬਤ ਕੀਤੀ।ਕੰਪਨੀ ਦੇ ਅਧਿਕਾਰੀਆਂ ਨੇ ਭਾਈ ਗੁਰਦਾਸ ਗਰੁੱਪ ਨੂੰ ਵਧਾਈ ਦਿੰਦਿਆਂ ਕਿਹਾ ਕਿ ਇੰਨੇ ਵੱਡੀ ਗਿਣਤੀ ਵਿੱਚ ਯੋਗ ਉਮੀਦਵਾਰਾਂ ਵਿੱਚੋਂ ਚੋਣ ਕਰਨਾ ਕਾਫੀ ਚੁਣੌਤੀਪੂਰਨ ਰਿਹਾ ਕਿਉਂਕਿ ਜ਼ਿਆਦਾਤਰ ਵਿਦਿਆਰਥੀਆਂ ਨੇ ਹਰ ਪੜਾਅ 'ਤੇ ਬਿਹਤਰੀਨ ਪ੍ਰਦਰਸ਼ਨ ਕੀਤਾ।ਇਸ ਮੌਕੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਜਵੰਧਾ ਨੇ ਕਿਹਾ ਕਿ ਮਿਡਾਸ ਪ੍ਰਾਈਵੇਟ ਲਿਮਟਿਡ ਵਰਗੀ ਨਾਮਵਰ ਕੰਪਨੀ ਵਿੱਚ 14 ਵਿਦਿਆਰਥੀਆਂ ਦੀ ਚੋਣ ਸੰਸਥਾ ਦੀ ਸਿੱਖਿਆ ਦੀ ਗੁਣਵੱਤਾ ਅਤੇ ਪਲੇਸਮੈਂਟ ਪ੍ਰਤੀ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਪਲੇਸਮੈਂਟ ਸੈੱਲ ਅਤੇ ਸਮੂਹ ਆਯੋਜਕ ਟੀਮ ਨੂੰ ਇਸ ਸਫਲਤਾ ਲਈ ਵਧਾਈ ਦਿੱਤੀ।

ਪੰਜਾਬੀ ਯੂਨੀਵਰਸਿਟੀ 'ਚ ਆਰੰਭ ਹੋਈ ਅਤਿ-ਆਧੁਨਿਕ ਸੈੱਲ ਕਲਚਰ ਫੈਸਿਲਿਟੀ ਲੈਬ

ਪਟਿਆਲਾ (ਰਾਜਿੰਦਰ ਥਿੰਦ)-ਪੰਜਾਬੀ ਯੂਨੀਵਰਸਿਟੀ ਵਿਖੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਅਤਿ-ਆਧੁਨਿਕ ਸੈੱਲ ਕਲਚਰ ਫੈਸਿਲਿਟੀ ਲੈਬਾਰਟਰੀ ਦਾ ਉਦਘਾਟਨ ਕੀਤਾ ਗਿਆ।ਯੂਨੀਵਰਸਿਟੀ ਦੇ ਐਂਟਰਪ੍ਰਨਿਓਰਸ਼ਿਪ ਇਨੋਵੇਸ਼ਨ ਐਂਡ ਕਰੀਅਰ ਹੱਬ (ਈ.ਆਈ.ਸੀ. ਐੱਚ.) ਦੇ ਅਧੀਨ ਸਥਾਪਿਤ ਇਹ ਸਹੂਲਤ ਕੇਂਦਰ ਤੇ ਪੰਜਾਬ ਸਰਕਾਰ ਦੇ ਸਾਂਝੇ ਸਹਿਯੋਗ ਨਾਲ਼ ਚੱਲ ਰਹੀ ਸਕੀਮ ਰਾਸ਼ਟਰੀ ਉੱਚਤਰ ਸਿੱਖਿਆ ਅਭਿਆਨ (ਰੂਸਾ) ਦੇ ਵਿੱਤੀ ਸਹਿਯੋਗ ਰਾਹੀਂ ਤਿਆਰ ਕੀਤੀ ਗਈ ਹੈ।ਡਾ. ਜਗਦੀਪ ਸਿੰਘ ਨੇ ਉਮੀਦ ਪ੍ਰਗਟਾਈ ਕਿ ਵਿਗਿਆਨਕ ਖੋਜਾਂ ਨੂੰ ਅੱਗੇ ਵਧਾਉਣ ਤੇ ਇਸ ਖੇਤਰ ਦੀਆਂ ਪਹਿਲਕਦਮੀਆਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ਼ ਯੂਨੀਵਰਸਿਟੀ ਦੇ ਸੌਫ਼ਿਸਟੀਕੇਟਿਡ ਇੰਸਟਰੂਮੈਂਟੇਸ਼ਨ ਸੈਂਟਰ (ਐੱਸ.ਆਈ.ਸੀ) ਵਿਖੇ ਸਥਾਪਤ ਇਹ ਵਿਸ਼ੇਸ਼ ਖੋਜ ਬੁਨਿਆਦੀ ਢਾਂਚਾ ਲਾਈਫ਼ ਸਾਇੰਸਿਜ਼, ਫਾਰਮਾਸਿਊਟੀਕਲ, ਖੇਤੀਬਾੜੀ ਅਤੇ ਸਿਹਤ ਵਿਗਿਆਨ ਨਾਲ਼ ਸਬੰਧਤ ਖੇਤਰਾਂ ਵਿੱਚ ਉੱਚ ਪੱਧਰੀ ਖੋਜ ਕਾਰਜਾਂ ਲਈ ਸਹਾਈ ਸਿੱਧ ਹੋਵੇਗਾ।

2 ਹੋਣਹਾਰ ਵਿਦਿਆਰਥਣਾਂ ਨੇ ਸੂਬੇ ਤੇ ਦੇਸ਼ ਪੱਧਰ 'ਤੇ ਚਮਕਾਇਆ ਨਾਂਅ

■ ਡਿਪਟੀ ਕਮਿਸ਼ਨਰ ਵੱਲੋਂ ਹੋਣਹਾਰ ਵਿਦਿਆਰਥਣਾਂ ਦਾ ਸਨਮਾਨ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ (ਆਈਏਐੱਸ) ਵੱਲੋਂ ਜ਼ਿਲ੍ਹੇ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਜਸ਼ਨਦੀਪ ਕੌਰ ਅਤੇ ਅਨਮੋਲਪ੍ਰੀਤ ਕੌਰ ਦੀਆਂ ਸਿੱਖਿਆ ਦੇ ਖੇਤਰ ਵਿਚ ਵਿਸ਼ੇਸ਼ ਪ੍ਰਾਪਤੀਆਂ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਇਨ੍ਹਾਂ ਵਿਦਿਆਰਥਣਾਂ ਦੀ ਹੌਸਲਾ ਅਫ਼ਜ਼ਾਈ ਵਾਸਤੇ ਇਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਮੁਨੀਲਾ ਅਰੋੜਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਡਾ. ਸਤਿੰਦਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਅਤੇ ਖ਼ੂਬ ਤਰੱਕੀ ਕਰਨ ਦੀ ਪ੍ਰੇਰਨਾ ਦਿੰਦਿਆਂ ਸਖਤ ਮਿਹਨਤ ਕਰਨ ਦੀ ਗੱਲ ਕਹੀ। ਉਨ੍ਹਾਂ ਨੇ ਜ਼ਿੰਦਗੀ ਵਿਚ ਸਕਾਰਾਤਮਕ ਸੋਚ ਅਪਣਾਉਣ ਅਤੇ ਵੱਡੇ ਸੁਪਨੇ ਦੇਖਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਠੱਠਾ ਕਿਸ਼ਨ ਸਿੰਘ ਦੀ ਵਿਦਿਆਰਥਣ ਜਸ਼ਨਦੀਪ ਕੌਰ ਨੇ ਜੇ ਈ ਈ ਮੇਨਜ਼ ਅਤੇ ਜੇ ਈ ਈ ਐਡਵਾਂਸਡ ਪ੍ਰੀਖਿਆਵਾਂ ਸਫਲਤਾਪੂਰਵਕ ਪਾਸ ਕਰਕੇ ਭਾਰਤੀ ਤਕਨਾਲੋਜੀ ਸੰਸਥਾਨ (ਆਈ ਆਈ ਟੀ) ਦਿੱਲੀ ਵਿਚ ਦਾਖਲਾ ਪ੍ਰਾਪਤ ਕੀਤਾ ਹੈ। ਇਸ ਪ੍ਰਾਪਤੀ ਨਾਲ ਸਕੂਲ, ਪਰਵਾਰ ਅਤੇ ਪੂਰੇ ਜ਼ਿਲ੍ਹੇ ਦਾ ਮਾਣ ਵਧਿਆ ਹੈ। ਇਸੇ ਤਰ੍ਹਾਂ ਸ਼ਹੀਦ ਗੁਰਦਾਸ ਰਾਮ ਮੈਮੋਰੀਅਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਜ਼ੀਰਾ ਦੀ ਵਿਦਿਆਰਥਣ ਅਨਮੋਲਪ੍ਰੀਤ ਕੌਰ, ਜੋ ਇਸ ਸਮੇਂ ਬਾਰ੍ਹਵੀਂ ਜਮਾਤ (ਸਾਇੰਸ ਸਟਰੀਮ) ਦੀ ਵਿਦਿਆਰਥਣ ਹੈ, ਨੇ ਆਪਣੀ ਵਿਲੱਖਣ ਅਕਾਦਮਿਕ ਯੋਗਤਾ ਨਾਲ ਲਗਾਤਾਰ ਨਵੀਆਂ ਕਾਮਯਾਬੀਆਂ ਪ੍ਰਾਪਤ ਕੀਤੀਆਂ ਹਨ, ਇਸ ਨੇ ਅੱਠਵੀਂ ਜਮਾਤ ਦੀ ਮੈਰਿਟ ਸੂਚੀ, ਦਸਵੀਂ ਜਮਾਤ ਦੀ ਮੈਰਿਟ ਸੂਚੀ ਵਿਚ ਸਥਾਨ ਪ੍ਰਾਪਤ ਕੀਤਾ ਸੀ। ਇਸ ਤੋਂ ਇਲਾਵਾ, ਉਸ ਨੇ ਨੈਸ਼ਨਲ ਮੀਨਜ਼ ਕਮ ਮੈਰਿਟ ਸਕਾਲਰਸ਼ਿਪ (ਐੱਨਐੱਮਐੱਮਐੱਸ) ਪ੍ਰੀਖਿਆ ਵਿਚ ਪੰਜਾਬ ਭਰ ਵਿਚ ਦੂਜਾ ਅਤੇ ਜ਼ਿਲ੍ਹੇ ਵਿਚ ਪਹਿਲਾ ਸਥਾਨ ਹਾਸਲ ਕੀਤਾ। ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਅਨਮੋਲਪ੍ਰੀਤ ਦੀਆਂ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਨੂੰ ਦੇਖਦੇ ਹੋਏ ਭਾਰਤ ਸਰਕਾਰ ਵੱਲੋਂ ਉਸ ਦੀ ਚੋਣ ਜਾਪਾਨ ਦੇ ਸਾਕੂਰਾ ਹਾਈ ਸਕੂਲ ਪ੍ਰੋਗਰਾਮ ਲਈ ਕੀਤੀ ਗਈ। ਇਸ ਤਹਿਤ ਉਹ 24 ਮਈ ਤੋਂ 31 ਮਈ ਤੱਕ ਜਾਪਾਨ ਵਿੱਚ ਆਯੋਜਿਤ ਗਿਆਨ ਵਟਾਂਦਰਾ (ਨਾਲੇਜ ਐਕਸਚੇਂਜ) ਪ੍ਰੋਗਰਾਮ ਵਿਚ ਸ਼ਾਮਲ ਹੋ ਕੇ ਵਾਪਸ ਪਰਤੀ ਹੈ, ਇਸ ਵਿਲੱਖਣ ਪ੍ਰਾਪਤੀ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

ਪੰਚਾਇਤੀ ਦੁਕਾਨਦਾਰਾਂ ਦੀ ਸੁਰੱਖਿਆ ਲਈ ਸਰਕਾਰ ਬਣਾਵੇ ਪਾਰਦਰਸ਼ੀ ਨੀਤੀ : ਅਰਸ਼ ਸੱਚਰ

ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਫਰੀਦਕੋਟ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਪੰਚਾਇਤੀ ਦੁਕਾਨਾਂ ਵਿੱਚ ਕਾਰੋਬਾਰ ਕਰ ਰਹੇ ਕਈ ਛੋਟੇ ਦੁਕਾਨਦਾਰਾਂ ਨੂੰ ਬਕਾਇਆ ਕਿਰਾਏ ਅਤੇ ਬੇਦਖ਼ਲੀ ਸਬੰਧੀ ਕਾਨੂੰਨੀ ਨੋਟਿਸ ਜਾਰੀ ਹੋਣ ਦੇ ਮਾਮਲੇ ਨੂੰ ਗੰਭੀਰ ਜਨਹਿਤ ਦਾ ਮੁੱਦਾ ਕਰਾਰ ਦਿੰਦਿਆਂ ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਪੰਜਾਬ ਸਰਕਾਰ ਤੋਂ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦੀ ਮੰਗ ਕੀਤੀ ਹੈ।ਅਰਸ਼ ਸੱਚਰ ਨੇ ਕਿਹਾ ਕਿ ਪੰਚਾਇਤਾਂ ਦੀ ਆਮਦਨ ਅਤੇ ਸਰਕਾਰੀ ਸੰਪਤੀ ਦੀ ਰੱਖਿਆ ਬਹੁਤ ਜ਼ਰੂਰੀ ਹੈ ਅਤੇ ਕਾਨੂੰਨ ਦੀ ਪਾਲਣਾ ਹਰ ਕਿਸੇ ਲਈ ਲਾਜ਼ਮੀ ਹੈ।ਪਰੰਤੂ ਇਸ ਦੇ ਨਾਲ ਹੀ ਇਹ ਵੀ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਸਾਲਾਂ ਤੋਂ ਛੋਟਾ ਕਾਰੋਬਾਰ ਕਰਕੇ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਕਰਨ ਵਾਲੇ ਦੁਕਾਨਦਾਰਾਂ ਨਾਲ ਨਿਆਂ ਹੋਵੇ ਅਤੇ ਉਨ੍ਹਾਂ ਨੂੰ ਆਪਣਾ ਪੱਖ ਰੱਖਣ ਦਾ ਪੂਰਾ ਮੌਕਾ ਮਿਲੇ।ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਦੌਰਾਨ ਕਈ ਦੁਕਾਨਦਾਰ ਉਨ੍ਹਾਂ ਕੋਲ ਪਹੁੰਚੇ ਹਨ ਜਿਨ੍ਹਾਂ ਨੇ ਦੱਸਿਆ ਕਿ ਉਹ ਆਰਥਿਕ ਤੰਗੀ, ਕਾਰੋਬਾਰ ਵਿੱਚ ਮੰਦੀ ਅਤੇ ਹੋਰ ਮੁਸ਼ਕਲਾਂ ਕਾਰਨ ਇੱਕੋ ਵਾਰ ਵੱਡੀ ਬਕਾਇਆ ਰਕਮ ਜਮ੍ਹਾਂ ਕਰਵਾਉਣ ਵਿੱਚ ਅਸਮਰੱਥ ਹਨ।ਅਜਿਹੇ ਪਰਵਾਰਾਂ ਦੀ ਰੋਜ਼ੀ-ਰੋਟੀ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਨੂੰ ਮਨੁੱਖੀ ਪੱਖ ਅਪਣਾਉਣਾ ਚਾਹੀਦਾ ਹੈ।ਅਰਸ਼ ਸੱਚਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਚਾਇਤੀ ਦੁਕਾਨਾਂ ਸਬੰਧੀ ਇੱਕ ਪਾਰਦਰਸ਼ੀ ਅਤੇ ਇਕਸਾਰ ਨੀਤੀ ਬਣਾਈ ਜਾਵੇ, ਜਿਸ ਵਿੱਚ ਕਿਰਾਏ ਦਾ ਸਪੱਸ਼ਟ ਹਿਸਾਬ, ਨਿੱਜੀ ਸੁਣਵਾਈ ਦਾ ਅਧਿਕਾਰ, ਕਿਸ਼ਤਾਂ ਵਿੱਚ ਅਦਾਇਗੀ ਦੀ ਸਹੂਲਤ ਅਤੇ ਓ ਟੀ ਐਸ ਵਰਗੀ ਯੋਜਨਾ ਸ਼ਾਮਲ ਹੋਵੇ। ਉਨ੍ਹਾਂ ਕਿਹਾ ਕਿ ਇਸ ਨਾਲ ਇੱਕ ਪਾਸੇ ਪੰਚਾਇਤਾਂ ਦੀ ਬਕਾਇਆ ਰਕਮ ਦੀ ਵਸੂਲੀ ਹੋ ਸਕੇਗੀ ਅਤੇ ਦੂਜੇ ਪਾਸੇ ਛੋਟੇ ਦੁਕਾਨਦਾਰਾਂ ਦੀ ਰੋਜ਼ੀ-ਰੋਟੀ ਵੀ ਸੁਰੱਖਿਅਤ ਰਹੇਗੀ। ਅਰਸ਼ ਸੱਚਰ ਨੇ ਦੱਸਿਆ ਕਿ ਉਹ ਇਸ ਮਾਮਲੇ ਸਬੰਧੀ ਪੰਜਾਬ ਸਰਕਾਰ, ਪਿੰਡ ਵਿਕਾਸ ਅਤੇ ਪੰਚਾਇਤ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਵਿਸਥਾਰਪੂਰਵਕ ਜਨਹਿਤ ਅਰਜ਼ੀ ਵੀ ਭੇਜ ਰਹੇ ਹਨ, ਤਾਂ ਜੋ ਪ੍ਰਭਾਵਿਤ ਦੁਕਾਨਦਾਰਾਂ ਨੂੰ ਯੋਗ ਰਾਹਤ ਅਤੇ ਨਿਆਂ ਮਿਲ ਸਕੇ।

ਗਵਰਨਮੈਂਟ ਡੀ-ਐਡਿਕਸ਼ਨ ਐਂਡ ਰੀਹੈਬਲੀਟੇਸ਼ਨ ਸੋਸਾਇਟੀ ਆਊਟਸੋਰਸ ਕਰਮਚਾਰੀ ਯੂਨੀਅਨ ਦੀ ਮੀਟਿੰਗ

ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)-ਗਵਰਨਮੈਂਟ ਡੀ-ਐਡੀਕਸ਼ਨ ਐਂਡ ਰੀਹੈਬਲੀਟੇਸ਼ਨ ਸੋਸਾਇਟੀ ਆਊਟਸੋਰਸ ਕਰਮਚਾਰੀ ਯੂਨੀਅਨ ਪੰਜਾਬ ਵੱਲੋਂ ਸੂਬਾ ਪ੍ਰਧਾਨ ਸੁਰਿੰਦਰ ਸਿੰਘ ਲੱਡਾ ਤੇ ਸੂਬਾ ਸੀਨੀਅਰ ਮੀਤ ਪ੍ਰਧਾਨ ਯਾਦਵਿੰਦਰ ਸਿੰਘ ਦੀ ਅਗਵਾਈ ਹੇਠ ਡਿਪਟੀ ਡਾਇਰੈਕਟਰ (ਮੈਂਟਲ ਹੈਲਥ) ਨਾਲ ਪਟਿਆਲਾ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਆਊਟਸੋਰਸ ਕਰਮਚਾਰੀਆਂ ਅਤੇ ਕੌਂਸਲਰਾਂ ਨਾਲ ਸਬੰਧਤ ਵੱਖ-ਵੱਖ ਮੰਗਾਂ ਅਤੇ ਮੁੱਦਿਆਂ ਉੱਤੇ ਚਰਚਾ ਕੀਤੀ ਗਈ। ਯੂਨੀਅਨ ਆਗੂਆਂ ਨੇ ਡਿਪਟੀ ਡਾਇਰੈਕਟਰ ਸਾਹਿਬ ਦੇ ਧਿਆਨ ਵਿੱਚ ਲਿਆਂਦਾ ਕਿ ਡੀ-ਐਡੀਕਸ਼ਨ, ਰੀਹੈਬਲੀਟੇਸ਼ਨ ਅਤੇ ਓਟ ਸੈਂਟਰਾਂ ਵਿੱਚ ਸੇਵਾਵਾਂ ਨਿਭਾ ਰਹੇ ਕੌਂਸਲਰ ਨਸ਼ਾ ਮੁਕਤੀ ਮੁਹਿੰਮ ਦਾ ਅਹਿਮ ਹਿੱਸਾ ਹਨ ਅਤੇ ਉਹ ਨਸ਼ਾ ਪ੍ਰਭਾਵਿਤ ਵਿਅਕਤੀਆਂ ਦੀ ਸਮਾਜਿਕ ਅਤੇ ਮਾਨਸਿਕ ਪੁਨਰਵਸੇਬੇ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਇਸ ਲਈ ਕੌਂਸਲਰਾਂ ਨੂੰ ਵੀ ਕੈਟਾਗਰੀ-ਸੀ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਨੂੰ ਵੀ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਲਾਭਾਂ ਦਾ ਹੱਕ ਮਿਲ ਸਕੇ। ਮੀਟਿੰਗ ਦੌਰਾਨ ਯੂਨੀਅਨ ਵੱਲੋਂ ਸਾਲ 2018 ਦੀਆਂ ਹਦਾਇਤਾਂ ਅਨੁਸਾਰ ਆਊਟਸੋਰਸ ਕਰਮਚਾਰੀਆਂ ਨੂੰ ਬਣਦਾ 6 ਫੀਸਦੀ ਸਾਲਾਨਾ ਇੰਕਰੀਮੈਂਟ ਜਾਰੀ ਕਰਨ ਦੀ ਮੰਗ ਵੀ ਉਠਾਈ ਗਈ। ਇਸ ਦੇ ਨਾਲ ਹੀ ਪਿਛਲੇ ਸਮੇਂ ਤੋਂ ਬੰਦ ਕੀਤੇ ਗਏ ਬੋਨਸ ਨੂੰ ਮੁੜ ਬਹਾਲ ਕਰਨ ਦੀ ਮੰਗ ਵੀ ਰੱਖੀ ਗਈ। ਯੂਨੀਅਨ ਆਗੂਆਂ ਨੇ ਕਿਹਾ ਕਿ ਕਰਮਚਾਰੀ ਪਿਛਲੇ ਕਈ ਸਾਲਾਂ ਤੋਂ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ, ਇਸ ਲਈ ਉਨ੍ਹਾਂ ਦੇ ਜਾਇਜ਼ ਹੱਕਾਂ ਨੂੰ ਹੋਰ ਲੰਬੇ ਸਮੇਂ ਤੱਕ ਅਣਡਿੱਠਾ ਨਹੀਂ ਕੀਤਾ ਜਾਣਾ ਚਾਹੀਦਾ। ਸੂਬਾ ਪ੍ਰਧਾਨ ਸੁਰਿੰਦਰ ਸਿੰਘ ਲਾਡਾ ਨੇ ਕਿਹਾ ਕਿ ਆਊਟਸੋਰਸ ਕਰਮਚਾਰੀਆਂ ਅਤੇ ਕੌਂਸਲਰਾਂ ਦੀਆਂ ਮੰਗਾਂ ਪੂਰੀ ਤਰ੍ਹਾਂ ਜਾਇਜ਼ ਹਨ ਅਤੇ ਯੂਨੀਅਨ ਇਨ੍ਹਾਂ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਕੌਂਸਲਰਾਂ ਨੂੰ ਕੈਟਾਗਰੀ-ਸੀ ਵਿੱਚ ਸ਼ਾਮਲ ਕਰਨਾ ਸਮੇਂ ਦੀ ਮੁੱਖ ਲੋੜ ਹੈ ਤਾਂ ਜੋ ਉਨ੍ਹਾਂ ਨੂੰ ਨੌਕਰੀ ਦੀ ਸੁਰੱਖਿਆ ਅਤੇ ਬਣਦੇ ਹੱਕ ਮਿਲ ਸਕਣ। ਮੀਟਿੰਗ ਦੌਰਾਨ ਡਿਪਟੀ ਡਾਇਰੈਕਟਰ ਨੇ ਯੂਨੀਅਨ ਦੇ ਨੁਮਾਇੰਦਿਆਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਉਨ੍ਹਾਂ ਨੂੰ ਸਬੰਧਤ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ ਦਾ ਭਰੋਸਾ ਦਿੱਤਾ। ਇਸ ਮੌਕੇ ਸੂਬਾ ਪ੍ਰਧਾਨ ਸੁਰਿੰਦਰ ਸਿੰਘ ਲਾਡਾ, ਸੂਬਾ ਮੀਤ ਪ੍ਰਧਾਨ ਯਾਦਵਿੰਦਰ ਸਿੰਘ, ਜਨਰਲ ਸਕੱਤਰ ਮਨਦੀਪ ਬਿੱਲਾ, ਮਨਜਿੰਦਰ ਸਿੰਘ, ਮੁੱਖ ਸਲਾਹਕਾਰ ਗੁਰਪ੍ਰੀਤ ਸਿੰਘ, ਟਿੰਕੂ ਕੁਮਾਰ, ਲਵਲੀ ਸਿੰਘ, ਲਵਪ੍ਰੀਤ ਸਿੰਘ ਅਤੇ ਪਵਨ ਸਿੰਘ ਹਾਜ਼ਰ ਸਨ।

ਬੀ ਐੱਸ ਐੱਨ ਐੱਲ ਵੱਲੋਂ ਰੁਜ਼ਗਾਰ ਦੇ ਨਵੇਂ ਮੌਕੇ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਭਾਰਤ ਸੰਚਾਰ ਨਿਗਮ ਲਿਮਟਿਡ ਫਿਰੋਜ਼ਪੁਰ ਵੱਲੋਂ ਸਥਾਨਕ ਦੁਕਾਨਦਾਰਾਂ, ਮੋਬਾਈਲ ਰਿਟੇਲਰਾਂ, ਸੀ ਐੱਸ ਸੀ ਆਪਰੇਟਰਾਂ ਅਤੇ ਨੌਜਵਾਨ ਉੱਦਮੀਆਂ ਨੂੰ ਆਪਣੇ ਰਿਟੇਲ ਨੈੱਟਵਰਕ ਨਾਲ 'ਡਾਇਰੈਕਟ ਸੇਲਿੰਗ ਏਜੰਟ' ਵਜੋਂ ਜੋੜਨ ਲਈ ਇਕ ਵਿਸ਼ੇਸ਼ ਨਾਮਾਂਕਨ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਪੰਜਾਬ ਵਿਚ ਸਵੈ-ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨਾ ਅਤੇ ਬੀ ਐੱਸ ਐੱਨ ਐੱਲ ਦੇ ਨੈੱਟਵਰਕ ਦਾ ਹੇਠਲੇ ਪੱਧਰ ਤੱਕ ਵਿਸਥਾਰ ਕਰਨਾ ਹੈ। ਬੀ ਐੱਸ ਐੱਨ ਐੱਲ ਦੇ ਏ ਜੀ ਐੱਮ (ਐੱਮ ਆਈ ਐੱਸ/ਲੀਗਲ) ਗੁਰਪ੍ਰੀਤ ਸਿੰਘ ਪਲਾਹਾ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਕੰਪਨੀ ਦੇ ਸਵਦੇਸ਼ੀ 4 ਜੀ ਨੈੱਟਵਰਕ ਦੇ ਤੇਜ਼ੀ ਨਾਲ ਹੋ ਰਹੇ ਵਿਸਥਾਰ ਦਰਮਿਆਨ ਇਹ ਮੁਹਿੰਮ ਲੋਕਾਂ ਲਈ ਕਮਾਈ ਦਾ ਇਕ ਵਧੀਆ ਜ਼ਰੀਆ ਬਣੇਗੀ। ਨਵੇਂ ਜੁੜਨ ਵਾਲੇ ਡੀ ਐੱਸ ਏ ਬੀ ਐੱਸ ਐੱਨ ਐੱਲ ਦੇ ਸਿਮ ਕਾਰਡ ਵੇਚ ਕੇ, ਮੋਬਾਇਲ ਨੰਬਰ ਪੋਰਟੇਬਿਲਿਟੀ ਦੀ ਸਹੂਲਤ ਪ੍ਰਦਾਨ ਕਰਕੇ ਅਤੇ ਪ੍ਰੀਪੇਡ ਰੀਚਾਰਜ ਰਾਹੀਂ ਆਕਰਸ਼ਕ ਕਮਿਸ਼ਨ ਕਮਾ ਸਕਦੇ ਹਨ।

ਕੈਨੇਡਾ ਦੌਰੇ 'ਤੇ ਅਕਾਲੀ ਦਲ ਦਾ ਵਫ਼ਦ

ਬਾਘਾ ਪੁਰਾਣਾ (ਮਨੀ ਸਿੰਗਲਾ)-ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ, ਪੰਥਕ ਸੋਚ ਅਤੇ ਪੰਜਾਬ ਨਾਲ ਜੁੜੇ ਅਹਿਮ ਮਸਲਿਆਂ ਨੂੰ ਵਿਦੇਸ਼ਾਂ ਵਿਚ ਵੱਸਦੇ ਪੰਜਾਬੀਆਂ ਤੱਕ ਪਹੁੰਚਾਉਣ ਲਈ ਪਾਰਟੀ ਦਾ ਇੱਕ ਅਹਿਮ ਵਫ਼ਦ ਇਨ੍ਹਾਂ ਦਿਨੀਂ ਕੈਨੇਡਾ ਦੇ ਦੌਰੇ 'ਤੇ ਹੈ।ਇਹ ਵਫ਼ਦ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਰਹਿਨੁਮਾਈ ਹੇਠ ਕੰਮ ਕਰ ਰਿਹਾ ਹੈ ਅਤੇ ਵੱਖ-ਵੱਖ ਸ਼ਹਿਰਾਂ ਵਿਚ ਐਨ.ਆਰ.ਆਈ. ਪੰਜਾਬੀਆਂ ਨਾਲ ਸੰਪਰਕ ਕਰ ਰਿਹਾ ਹੈ।ਵਫ਼ਦ ਵਿਚ ਸੀਨੀਅਰ ਅਕਾਲੀ ਆਗੂ ਬਰਜਿੰਦਰ ਸਿੰਘ ਮੱਖਣ ਬਰਾੜ, ਪਰਮਬੰਸ ਸਿੰਘ ਰੋਮਾਣਾ, ਕੰਵਰਜੀਤ ਸਿੰਘ ਬਰਕੰਦੀ, ਗੁਰਪ੍ਰੀਤ ਸਿੰਘ ਰਾਜੂ ਖੰਨਾ, ਪਰਮਜੀਤ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਝੱਬਰ, ਸਤਵਿੰਦਰ ਪਾਲ ਸਿੰਘ ਢੱਟ, ਹਰਜਾਪ ਸਿੰਘ ਸੰਘਾ, ਸੁਖਜੀਤ ਸਿੰਘ ਮਾਹਲਾ, ਜਸਪ੍ਰੀਤ ਸਿੰਘ ਮਾਹਲਾ ਅਤੇ ਐਡਵੋਕੇਟ ਰਾਜ ਕਮਲ ਸਿੰਘ ਸ਼ਾਮਲ ਹਨ। ਵਫ਼ਦ ਵੱਲੋਂ ਕੈਨੇਡਾ ਦੇ ਵੱਖ-ਵੱਖ ਸ਼ਹਿਰਾਂ ਵਿਚ ਮੀਟਿੰਗਾਂ, ਇਜਲਾਸਾਂ ਅਤੇ ਰਾਬਤਾ ਮੁਹਿੰਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਨ੍ਹਾਂ ਮੀਟਿੰਗਾਂ ਵਿਚ ਵੱਡੀ ਗਿਣਤੀ ਵਿਚ ਐਨ.ਆਰ.ਆਈ. ਪੰਜਾਬੀ ਹਿੱਸਾ ਲੈ ਰਹੇ ਹਨ ਅਤੇ ਖੁੱਲ੍ਹ ਕੇ ਪਾਰਟੀ ਦੇ ਹੱਕ ਵਿਚ ਸਮਰਥਨ ਪ੍ਰਗਟ ਕਰ ਰਹੇ ਹਨ।ਵਫ਼ਦ ਦੇ ਆਗੂਆਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਦੌਰੇ ਦਾ ਮੁੱਖ ਮਕਸਦ ਪੰਥ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਵਿਦੇਸ਼ਾਂ ਵਿਚ ਵੱਸਦੇ ਪੰਜਾਬੀਆਂ ਦਾ ਸਹਿਯੋਗ ਅਤੇ ਹਿਮਾਇਤ ਪ੍ਰਾਪਤ ਕਰਨਾ ਹੈ।

11 ਆਧੁਨਿਕ ਪਿਸਤੌਲਾਂ ਸਣੇ ਅੱਠ ਕਾਬੂ

ਅੰਮ੍ਰਿਤਸਰ/ਛੇਹਰਟਾ/ਖਾਸਾ (ਜਸਬੀਰ ਸਿੰਘ ਪੱਟੀ/ਕੰਵਲਜੀਤ ਸਿੰਘ/(ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)- ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਅੱਠ ਮੁਲਜ਼ਮਾਂ ਨੂੰ 11 ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਹਥਿਆਰ ਤਸਕਰੀ ਦੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਗੁਲਾਬਜੀਤ ਸਿੰਘ ਉਰਫ਼ ਪ੍ਰਿੰਸ (21) ਤੇ ਹਰਪ੍ਰੀਤ ਸਿੰਘ ਉਰਫ਼ ਪ੍ਰੀਤ (23) ਦੋਵੇਂ ਵਾਸੀ ਪਿੰਡ ਅਟਾਰੀ, ਅੰਮ੍ਰਿਤਸਰ; ਗੁਰਪ੍ਰੀਤ ਸਿੰਘ ਉਰਫ਼ ਗੋਪੀ (24) ਵਾਸੀ ਪਿੰਡ ਹਰਦੋਵਾਲ, ਕਲਾਨੌਰ, ਗੁਰਦਾਸਪੁਰ; ਕੁਲਜੀਤ ਸਿੰਘ (39) ਤੇ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ (40) ਵਾਸੀ ਪਿੰਡ ਰਣੀਆਂ, ਅੰਮ੍ਰਿਤਸਰ; ਅਮਨ ਰਾਣਾ ਉਰਫ਼ ਚੀਨੀ (20) ਵਾਸੀ ਛੇਹਰਟਾ, ਅੰਮ੍ਰਿਤਸਰ; ਸ਼ਰਨਜੀਤ ਸਿੰਘ ਉਰਫ਼ ਸੰਨੀ (29) ਵਾਸੀ ਪਿੰਡ ਕਿਰਲਗੜ੍ਹ, ਅੰਮ੍ਰਿਤਸਰ ਅਤੇ ਤਰਨ ਤਾਰਨ ਦੇ ਪਿੰਡ ਮਾਲੀਆ ਦੇ ਰਹਿਣ ਵਾਲੇ ਅਜੈ ਸਿੰਘ (23) ਵਜੋਂ ਹੋਈ ਹੈ। ਬਰਾਮਦ ਹਥਿਆਰਾਂ ਵਿੱਚ ਚਾਰ .30 ਬੋਰ (ਚੀਨ ਦੇ ਬਣੇ), ਚਾਰ .30 ਬੋਰ ਪੀ ਐਕਸ 5 ਸਟੌਰਮ, ਇੱਕ .30 ਬੋਰ ਜ਼ਿਗਾਨਾ, ਇੱਕ 9 ਐਮ ਐਮ ਗਲੌਕ (ਆਸਟਰੀਆ ਦਾ ਬਣਿਆ) ਤੇ ਇੱਕ 9 ਐਮ ਐਮ (ਆਸਟਰੀਆ ਦਾ ਬਣਿਆ) ਅਤੇ ਅੱਠ ਜ਼ਿੰਦਾ ਕਾਰਤੂਸ ਸ਼ਾਮਲ ਹਨ। ਇਸ ਤੋਂ ਇਲਾਵਾ ਪੁਲਸ ਟੀਮਾਂ ਨੇ ਮੁਲਜ਼ਮਾਂ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਢਲੀ ਜਾਂਚ ਅਨੁਸਾਰ ਉਕਤ ਮੁਲਜ਼ਮ ਕਥਿਤ ਤੌਰ 'ਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਵਿੱਚ ਸ਼ਾਮਲ

ਵਿਦੇਸ਼ੀ ਕਾਰਕੁਨਾਂ ਦੇ ਸੰਪਰਕ ਵਿਚ ਸਨ। ਉਨ੍ਹਾਂ ਦੱਸਿਆ ਕਿ ਬਰਾਮਦ ਕੀਤੇ ਗਏ ਇਹ ਹਥਿਆਰ ਅੱਗੇ ਅਪਰਾਧਕ ਤੱਤਾਂ ਵਿਚ ਸਪਲਾਈ ਕੀਤੇ ਜਾਣੇ ਸਨ, ਜਿਨ੍ਹਾਂ ਦੀ ਵਰਤੋਂ ਜ਼ਬਰੀ ਵਸੂਲੀ, ਹਿੰਸਕ ਅਪਰਾਧਾਂ ਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਵਿਚ ਹੋਣੀ ਸੀ। ਕਾਰਵਾਈ ਸਬੰਧੀ ਵੇਰਵੇ ਸਾਂਝੇ ਕਰਦਿਆਂ ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪ੍ਰਾਪਤ ਹੋਈ ਗੁਪਤ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਗੁਲਾਬਜੀਤ ਉਰਫ਼ ਪ੍ਰਿੰਸ ਤੇ ਹਰਪ੍ਰੀਤ ਉਰਫ਼ ਪ੍ਰੀਤ ਨੂੰ ਦੋ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਅਗਲੇਰੀ ਜਾਂਚ ਦੌਰਾਨ ਪੁਲਸ ਟੀਮਾਂ ਨੇ ਇੱਕ ਹੋਰ ਮੁਲਜ਼ਮ ਗੁਰਪ੍ਰੀਤ ਉਰਫ਼ ਗੋਪੀ ਨੂੰ ਚਾਰ ਪਿਸਤੌਲਾਂ ਸਣੇ ਗ੍ਰਿਫ਼ਤਾਰ ਕਰ ਲਿਆ ਅਤੇ ਉਸ ਵੱਲੋਂ ਕੀਤੇ ਖੁਲਾਸਿਆਂ ਦੇ ਆਧਾਰ ਤੇ ਪੁਲਸ ਟੀਮਾਂ ਨੇ ਅੱਗੇ ਉਸ ਦੇ ਦੋ ਸਾਥੀਆਂ ਕੁਲਜੀਤ ਸਿੰਘ ਤੇ ਸ਼ਮਸ਼ੇਰ ਉਰਫ਼ ਸ਼ੇਰਾ ਨੂੰ ਦੋ ਪਿਸਤੌਲਾਂ ਸਣੇ ਗ੍ਰਿਫ਼ਤਾਰ ਕਰ ਲਿਆ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਦੋਸ਼ੀ ਗੁਰਪ੍ਰੀਤ ਉਰਫ਼ ਗੋਪੀ ਨੇ ਖੁਲਾਸਾ ਕੀਤਾ ਕਿ ਉਹ ਸੋਸ਼ਲ ਮੀਡੀਆ ਐਪਲੀਕੇਸ਼ਨਾਂ ਰਾਹੀਂ ਵਿਦੇਸ਼ੀ ਗੈਂਗਸਟਰ ਦੇ ਸੰਪਰਕ ਵਿਚ ਸੀ, ਜੋ ਉਨ੍ਹਾਂ ਲਈ ਅਟਾਰੀ ਸੈਕਟਰ ਵਿਚ ਵੱਖ-ਵੱਖ ਥਾਵਾਂ 'ਤੇ ਡਰੋਨ ਰਾਹੀਂ ਭੇਜੀ ਜਾਂਦੀ ਹਥਿਆਰਾਂ ਦੀ ਖੇਪ ਦਾ ਪ੍ਰਬੰਧ ਕਰ ਰਿਹਾ ਸੀ। ਉਨ੍ਹਾਂ ਦੱਸਿਆ ਕਿ ਅਗਲੇਰੀ ਜਾਂਚ ਦੌਰਾਨ ਪੁਲਸ ਟੀਮਾਂ ਨੇ ਦੋ ਹੋਰ ਮੁਲਜ਼ਮਾਂ ਅਮਨ ਰਾਣਾ ਉਰਫ਼ ਚੀਨੀ ਤੇ ਸ਼ਰਨਜੀਤ ਉਰਫ਼ ਸੰਨੀ ਨੂੰ ਦੋ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ ਅਤੇ ਉਕਤ ਮੁਲਜ਼ਮਾਂ ਵੱਲੋਂ ਕੀਤੇ ਖੁਲਾਸਿਆਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਇਕ ਪਿਸਤੌਲ ਸਮੇਤ ਮੁਲਜ਼ਮ ਅਜੈ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਜਾਂਚ ਅਨੁਸਾਰ ਮੁਲਜ਼ਮ ਹਰਪ੍ਰੀਤ ਉਰਫ਼ ਪ੍ਰੀਤ, ਗੁਰਪ੍ਰੀਤ ਉਰਫ਼ ਗੋਪੀ, ਸ਼ਰਨਜੀਤ ਉਰਫ਼ ਸੰਨੀ ਅਤੇ ਅਜੈ ਸਿੰਘ ਪਹਿਲਾਂ ਕਤਲ, ਕਤਲ ਦੀ ਕੋਸ਼ਿਸ਼, ਅਸਲਾ ਐਕਟ, ਐਨ ਡੀ ਪੀ ਐਸ ਐਕਟ ਤੇ ਚੋਰੀ ਦੇ ਮਾਮਲਿਆਂ ਵਿਚ ਵੀ ਸ਼ਾਮਲ ਰਹੇ ਹਨ। ਉਨ੍ਹਾਂ ਅੱਗੇ ਕਿਹਾ ਇਸ ਸਬੰਧੀ ਹੋਰ ਜਾਂਚ ਜਾਰੀ ਹੈ। ਇਸ ਸਬੰਧ ਵਿਚ ਤਿੰਨ ਵੱਖ-ਵੱਖ ਮਾਮਲੇ ਥਾਣਾ ਸਦਰ ਤੇ ਥਾਣਾ ਛੇਹਰਟਾ ਵਿਚ ਦਰਜ ਕੀਤੇ ਗਏ ਹਨ।

ਵਿਦਿਆਰਥੀ ਹਿੱਤਾਂ ਲਈ ਅਧਿਆਪਕਾਂ ਤੋਂ ਗੈਰ-ਵਿੱਦਿਅਕ ਕੰਮ ਲੈਣੇ ਬੰਦ ਕਰੇ ਸਰਕਾਰ: ਜੀ ਟੀ ਯੂ

ਧਾਰੀਵਾਲ (ਮਨਦੀਪ ਵਿੱਕੀ)-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਪ੍ਰੈਸ ਸਕੱਤਰ ਕਰਨੈਲ ਸਿੰਘ ਫਿਲੌਰ ਅਤੇ ਸਹਾਇਕ ਪ੍ਰੈਸ ਸਕੱਤਰ ਦਿਲਦਾਰ ਭੰਡਾਲ ਅਤੇ ਸੀਨੀਅਰ ਮੀਤ ਪ੍ਰਧਾਨ ਕੁਲਦੀਪ ਪੁਰੋਵਾਲ ਨੇ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆਂ ਪੰਜਾਬ ਸਰਕਾਰ ਵੱਲੋਂ ਸਿੱਖਿਆ ਵਿਭਾਗ ਦੇ ਹਜ਼ਾਰਾਂ ਅਧਿਆਪਕਾਂ ਨੂੰ ਗੈਰ-ਵਿੱਦਿਅਕ ਕੰਮਾਂ ਵਿੱਚ ਝੋਕੇ ਜਾਣ ਦੀ ਸਖਤ ਨਿਖੇਧੀ ਕੀਤੀ ਹੈ। ਉਨ੍ਹਾਂ ਆਖਿਆ ਸਿੱਖਿਆ ਕ੍ਰਾਂਤੀ ਦੇ ਵੱਡੇ-ਵੱਡੇ ਦਾਅਵੇ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਸਕੂਲਾਂ ਨੂੰ ਅਧਿਆਪਕ-ਵਿਹੂਣੇ ਕਰਕੇ ਗਰੀਬ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਹੈ। ਅਧਿਆਪਕ ਆਗੂਆਂ ਨੇ ਦੱਸਿਆ ਪੰਜਾਬ ਦੇ 117 ਵਿਧਾਨ ਸਭਾ ਹਲਕਿਆਂ ਦੇ 24,451 ਪੋਲਿੰਗ ਬੂਥਾਂ 'ਤੇ ਲਗਪਗ 24,451 ਬੀ.ਐਲ.ਓ. ਅਤੇ 2500 ਦੇ ਕਰੀਬ ਸੁਪਰਵਾਈਜ਼ਰ ਨਿਯੁਕਤ ਕੀਤੇ ਗਏ ਹਨ। ਭਾਰਤੀ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜਨ (ਐਸ ਆਈ ਆਰ), ਵੋਟਰ ਫਾਰਮਾਂ ਦੀ ਵੈਰੀਫਿਕੇਸ਼ਨ ਲਈ ਲਗਪਗ 26000 ਅਧਿਆਪਕਾਂ ਨੂੰ 25 ਜੂਨ ਤੋਂ 25 ਜੁਲਾਈ ਤੱਕ ਪੂਰੇ ਇੱਕ ਮਹੀਨੇ ਲਈ ਸਕੂਲਾਂ ਤੋਂ ਫਾਰਗ ਕਰਕੇ ਚੋਣ ਕਮਿਸ਼ਨ ਦੇ ਅਧੀਨ ਕਰ ਦਿੱਤਾ ਹੈ। ਜੀ ਟੀ ਯੂ ਦੇ ਸੂਬਾ ਆਗੂਆਂ ਕਿਹਾ ਕਿ ਜੁਲਾਈ ਦਾ ਮਹੀਨਾ ਅਕਾਦਮਿਕ ਪੱਖੋਂ ਬਹੁਤ ਮਹੱਤਵਪੂਰਨ ਹੁੰਦਾ ਹੈ। ਪਰ ਜਦੋਂ ਇਸ ਮਹੀਨੇ ਇਹ 26 ਹਜ਼ਾਰ ਦੇ ਕਰੀਬ ਅਧਿਆਪਕ ਸਕੂਲਾਂ ਵਿੱਚ ਮੌਜੂਦ ਨਹੀਂ ਰਹਿਣਗੇ ਤਾਂ ਲੱਖਾਂ ਗਰੀਬ ਬੱਚਿਆਂ ਦੀ ਪੜ੍ਹਾਈ ਦਾ ਕੀ ਬਣੇਗਾ? ਉਨ੍ਹਾਂ ਦੱਸਿਆ ਕਿ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀ ਪੰਜਾਬ ਅੰਦਰ ਹਰੇਕ ਚੋਣਾਂ, ਜਨਗਣਨਾ, ਡਰੱਗ ਸਰਵੇ, ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਆਦਿ ਗੈਰ-ਵਿੱਦਿਅਕ ਕੰਮਾਂ ਵਿੱਚ ਜਬਰੀ ਡਿਊਟੀ ਲਗਾਈ ਜਾਂਦੀ ਹੈ। ਪਰ ਵਿਦਿਆਰਥੀਆਂ ਹਿੱਤਾਂ ਨੂੰ ਬਿਲਕੁੱਲ ਨਜ਼ਰਅੰਦਾਜ਼ ਕੀਤਾ ਜਾਂਦਾ ਹੈ। ਪੰਜਾਬ ਦੇ ਜਿਹੜੇ ਸਕੂਲਾਂ ਵਿੱਚੋਂ ਸਕੂਲ ਮੁਖੀ ਜਾਂ ਸਿੰਗਲ ਟੀਚਰ ਇਨ੍ਹਾਂ ਡਿਊਟੀਆਂ 'ਤੇ ਚਲੇ ਜਾਂਦੇ ਹਨ ਤਾਂ ਪਿੱਛੋਂ ਉਹ ਸਕੂਲ 'ਰੱਬ ਆਸਰੇ' ਹੀ ਚੱਲਦੇ ਹਨ। ਅਜਿਹੇ ਸਕੂਲਾਂ ਜ਼ਿੰਮੇਵਾਰ ਕੌਣ ਹੈ? ਸਰਕਾਰਾਂ ਦੀਆਂ ਸਿੱਖਿਆ ਵਿਰੋਧੀ ਅਜਿਹੀਆਂ ਨੀਤੀਆਂ ਤੋਂ ਬੱਚਿਆਂ ਦੇ ਮਾਪੇ ਅਤੇ ਅਧਿਆਪਕ ਪ੍ਰੇਸ਼ਾਨ ਹਨ।

ਸੀਟੂ ਵੱਲੋਂ 21 ਨੂੰ ਅੰਮ੍ਰਿਤਸਰ 'ਚ ਵਿਸ਼ਾਲ ਕਨਵੈਨਸ਼ਨ

ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)- ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ (ਸੀਟੂ) ਵੱਲੋਂ ਸਾਰੇ ਪੰਜਾਬ ਵਿਚ ਵੱਧ ਰਹੀ ਮਹਿਗਾਈ, ਚਾਰ ਲੇਬਰ ਕੋਡ ਲਾਗੂ ਕਰਨ ਵਿਰੁੱਧ, ਮਜ਼ਦੂਰਾਂ ਦੀ ਅੱਠ ਘੰਟੇ ਡਿਊਟੀ ਦੀ ਥਾਂ 12 ਘੰਟੇ ਕਰਨ ਵਿਰੁੱਧ, ਠੇਕੇਦਾਰੀ ਪ੍ਰਥਾ ਨੂੰ ਖ਼ਤਮ ਕਰਨ ਅਤੇ ਸਕੀਮ ਵਰਕਰਾਂ ਨੂੰ ਰੈਗੂਲਰ ਕਰਨ ਤੇ ਪੂਰਾ ਗ੍ਰੇਡ ਲੈਣ ਲਈ ਚਾਰ ਜ਼ਿਲ੍ਹਿਆਂ ਤੋਂ ਅੰਮ੍ਰਿਤਸਰ, ਗੁਰਦਾਸਪੁਰ, ਤਰਨ ਤਾਰਨ ਤੇ ਪਠਾਨਕੋਟ ਦੇ ਸੀਟੂ ਵਰਕਰਾਂ ਵੱਲੋਂ ਅੰਮ੍ਰਿਤਸਰ ਵਿਚ 21 ਜੂਨ ਨੂੰ ਕਨਵੈਂਸ਼ਨ ਰਾਇਲ ਪੈਲੇਸ ਪੁਤਲੀ ਘਰ ਅੰਮ੍ਰਿਤਸਰ ਕੀਤੀ ਜਾ ਰਹੀ ਹੈ। ਇਸ ਬਾਰੇ ਕਾਮਰੇਡ ਸੁੱਚਾ ਸਿੰਘ ਅਜਨਾਲਾ ਸੂਬਾਈ ਮੀਤ ਪ੍ਰਧਾਨ ਸੀਟੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਤੇ ਕੇਂਦਰ ਸਰਕਾਰ ਵੱਲੋਂ ਲਗਾਤਾਰ ਮਜ਼ਦੂਰਾਂ ਵਿਰੁੱਧ ਪਾਸ ਕੀਤੇ ਜਾ ਰਹੇ ਕਾਨੂੰਨਾਂ ਨੂੰ ਵਾਪਸ ਕਰਵਾਉਣ ਲਈ ਸੰਘਰਸ਼ ਤੇਜ਼ ਕੀਤਾ ਜਾਏਗਾ। ਉਨ੍ਹਾਂ ਕਿਹਾ ਕਿ ਇਸ ਕਨਵੈਂਸ਼ਨ ਵਿਚ ਸੂਬਾਈ ਪ੍ਰਧਾਨ ਚੰਦਰਸ਼ੇਖਰ, ਜਨਰਲ ਸਕੱਤਰ ਮਹਾ ਸਿੰਘ ਰੋੜੀ ਤੇ ਸੀਟੂ ਦੇ ਕੌਮੀ ਸਕੱਤਰ ਕਾਮਰੇਡ ਊਸ਼ਾ ਰਾਣੀ ਸੰਬੋਧਨ ਕਰਨਗੇ। ਇਸ ਕਨਵੈਂਸ਼ਨ ਵਿਚ ਕਾਮਰੇਡ ਚਰਨਜੀਤ ਮਜੀਠਾ, ਸੁਖਦੇਵ ਸਿੰਘ ਗੋਹਲਵੜ ਤਰਨ ਤਾਰਨ, ਮਾਇਆਧਾਰੀ ਗੁਰਦਾਸਪੁਰ ਤੇ ਵਿਨੋਦ ਕੁਮਾਰ ਪਠਾਨਕੋਟ ਆਪੋ ਆਪਣੇ ਜ਼ਿਲ੍ਹਿਆਂ ਤੋਂ ਕਾਫ਼ਲੇ ਬਣਾ ਕੇ ਵਰਕਰਾਂ ਨੂੰ ਕਨਵੈਂਸ਼ਨ ਵਿਚ ਸ਼ਾਮਲ ਕਰਨਗੇ। ਇਸ ਮੌਕੇ ਕਾਮਰੇਡ ਕਿਰਪਾ ਰਾਮ, ਨਰਿੰਦਰ ਸਿੰਘ, ਵਿਜੇ ਕੁਮਾਰ, ਰਾਜਾ ਰਾਮ, ਤਰਸੇਮ ਟਪਿਆਲਾ, ਗੁਰਮਿੰਦਰ ਆਂਗਣਵਾੜੀ, ਰਘੁਬੀਰ ਕੌਰ ਨਾਗ,ਆਸ਼ਾ ਵਰਕਰ, ਸੁਮਨ, ਸਰੋਜ ਬਾਲਾ, ਪੂਜਾ ਰਾਣੀ ਆਦਿ ਸ਼ਾਮਲ ਹੋਣਗੇ।

ਕਥਾਕਾਰ ਦੀਪ ਦੇਵਿੰਦਰ ਸਿੰਘ ਨੂੰ ਗਹਿਰਾ ਸਦਮਾ, ਭਰਾ ਦਾ ਦੇਹਾਂਤ

ਅੰਮ੍ਰਿਤਸਰ/ਬਿਆਸ/ਬਾਬਾ ਬਕਾਲਾ ਸਾਹਿਬ (ਜਸਬੀਰ ਸਿੰਘ ਪੱਟੀ/ਕੰਵਲਜੀਤ ਸਿੰਘ/ਪਰਮਜੀਤ ਸਿੰਘ ਰੱਖੜਾ/ਨਿਰਮਲ ਸੰਘਾ)-ਪੰਜਾਬੀ ਕਹਾਣੀਕਾਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਿਆ ਜਦੋਂ ਉਹਨਾ ਦੇ ਵੱਡੇ ਭਰਾ ਜਥੇਦਾਰ ਦਲਬੀਰ ਸਿੰਘ ਕੋਟਲੀ ਢੋਲੇ ਸ਼ਾਹ ਅਕਾਲ ਚਲਾਣਾ ਕਰ ਗਏ। ਉਹ ਛਿਆਹਠ ਵਰ੍ਹਿਆਂ ਦੇ ਸਨ ਅਤੇ ਉਹਨਾਂ ਦੀ ਸਿਹਤ ਪਿਛਲੇ ਦਿਨਾਂ ਤੋਂ ਢਿੱਲੀ ਮੱਠੀ ਸੀ। ਬੀਤੀ ਰਾਤ ਉਹਨਾਂ ਆਪਣੇ ਗ੍ਰਹਿ ਵਿਖੇ ਅੰਤਿਮ ਸੁਆਸ ਲਏ। ਦਲਬੀਰ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਪੁਰਬ ਅਤੇ ਹੋਰ ਦਿਨ ਦਿਹਾਰਾਂ ਮੌਕੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਨਾਲ ਸਹਿਯੋਗ ਕਰਨ ਵਾਲੀ ਨੌਜਵਾਨ ਸੇਵਕ ਸਭਾ ਦਾ ਸਰਗਰਮ ਮੈਂਬਰ ਸੀ।ਉਹਨਾਂ ਦਾ ਅੰਤਿਮ ਸੰਸਕਾਰ ਅੰਮ੍ਰਿਤਸਰ ਜ਼ਿਲ੍ਹੇ ਦੇ ਉਹਨਾਂ ਦੇ ਜੱਦੀ ਪਿੰਡ ਕੋਟਲੀ ਢੋਲੇ ਸ਼ਾਹ ਵਿਖੇ ਕੀਤਾ ਗਿਆ।ਉਹਨਾਂ ਨਮਿਤ ਅੰਤਿਮ ਅਰਦਾਸ 26 ਜੂਨ ਨੂੰ ਉਹਨਾਂ ਦੇ ਪਿੰਡ ਵਿਖੇ ਹੋਵੇਗੀ।

ਸ਼ਹੀਦੀ ਦਿਹਾੜੇ ਨੂੰ ਸਮਰਪਤ ਠੰਢੇ ਮਿੱਠੇ ਜਲ ਦੀ ਛਬੀਲ ਤੇ ਲੰਗਰ ਲਗਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਬਜ਼ਾਰ ਜੌੜੀਆਂ ਸਥਿਤ ਭਗਵਾਨ ਬਾਬਾ ਸ੍ਰੀ ਚੰਦ ਆਸ਼ਰਮ ਦੇ ਮਹੰਤ ਬਾਬਾ ਚੇਤਨ ਦਾਸ ਤੇ ਮਹੰਤ ਬਾਬਾ ਮੰਗਲ ਦਾਸ ਵੱਲੋਂ ਸ੍ਰੀ ਗੁਰੂ ਅਰਜੁਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਮਹੰਤ ਬਾਬਾ ਮੰਗਲ ਦਾਸ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਭਗਵਾਨ ਬਾਬਾ ਸ੍ਰੀ ਚੰਦ ਆਸ਼ਰਮ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ, ਉਪਰੰਤ ਮਹੰਤ ਬਾਬਾ ਚੇਤਨ ਦਾਸ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ । ਇਸ ਮੌਕੇ ਭਗਵਾਨ ਬਾਬਾ ਸ੍ਰੀ ਚੰਦ ਆਸ਼ਰਮ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਇਲਾਕੇ ਦੀਆਂ ਸੰਗਤਾਂ ਲਈ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਮਿੱਸੇ ਪਰਸ਼ਾਦਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਪਰਦੀਪ ਸਿੰਘ, ਹਰਜੀਤ ਸਿੰਘ, ਸੰਦੀਪ ਸਿੰਘ, ਹਰਦੀਪ ਸਿੰਘ ਬੱਲਾ, ਬੰਟੀ, ਬਾਬਾ ਪਰਭਪ੍ਰੀਤ ਸਿੰਘ, ਬਾਬਾ ਗੁਰਸ਼ਬਦ ਸਿੰਘ, ਹਰਜੋਤ ਸਿੰਘ ਤੋਂ ਇਲਾਵਾ ਹੋਰ ਵੀ ਸੰਗਤਾਂ ਹਾਜ਼ਰ ਸਨ ।

ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਛਬੀਲ ਤੇ ਲੰਗਰ ਲਗਾਇਆ

ਪਠਾਨਕੋਟ (ਦਵਿੰਦਰ ਸਿੰਘ)- ਸਮੂਹ ਜੱਟ ਪਰਵਾਰ ਬੁੰਗਲ ਅਤੇ ਸਮੂਹ ਪਿੰਡ ਵਾਸੀ ਬੁੰਗਲ ਵੱਲੋਂ ਗੁਰੂ ਸਾਹਿਬ ਦੇ ਸ਼ਹੀਦੀ ਦਿਹਾੜੇ ਨੂੰ ਸਮਪਿਤ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਲੰਗਰ ਦੀ ਸੇਵਾ ਕੀਤੀ ਗਈ। ਪਠਾਨਕੋਟ ਤੋਂ ਚੰਬਾ ਮਾਰਗ ਇਹ ਛਬੀਲ ਅਤੇ ਲੰਗਰ ਲਗਾਇਆ ਜੋ ਕਿ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਅਟੁੱਟ ਚਲਦਾ ਰਿਹਾ। ਛਬੀਲ ਦੀ ਸੇਵਾ ਵਿਚਬੁਧਿਆ ਸਿੰਘ, ਚੰਨਣ ਸਿੰਘ, ਬਲਬੀਰ ਸਿੰਘ, ਜਰਨੈਲ ਸਿੰਘ, ਭੁਪਿੰਦਰ ਸਿੰਘ, ਨਵਜੋਤ ਸਿੰਘ, ਹਰਸ਼ਦੀਪ ਸਿੰਘ,

ਗਗਨ ਸਿੰਘ, ਪਵਨ ਸ਼ਰਮਾ, ਤੇਜਪਾਲ ਸਿੰਘ, ਸੁਖਵਿੰਦਰ ਸਿੰਘ, ਸੁਰਜੀਤ ਕੌਰ, ਨੀਲਮ ਕੌਰ, ਗੁਰਜੀਤ ਕੌਰ, ਨਿਰਮਲਾ ਦੇਵੀ, ਵੀਨਾ, ਵ੍ਰਿਤ ਕੌਰ, ਫ਼ਤਹਿ ਸਿੰਘ, ਹਰਜੀਤ ਕੌਰ, ਸੁਮਨ ਕੌਰ, ਇੰਦੂ, ਜਸਬੀਰ ਕੌਰ, ਸਾਬਕਾ ਸਰਪੰਚ ਲਾਲ ਸਿੰਘ, ਸਾਬਕਾ ਮੈਂਬਰ ਸੁਭਾਸ਼, ਨੰਬਰਦਾਰ ਪ੍ਰੇਮ ਕਤਨੋਰੀਆ, ਰਮਨਦੀਪ ਸਿੰਘ, ਟੇਲਰ ਮਾਸਟਰ ਪਰਸ਼ੋਤਮ ਆਦਿ ਨੇ ਵਧ ਚੜ੍ਹ ਕੇ ਸੇਵਾ ਕੀਤੀ ।

ਅਜੀਤ ਨਗਰ ਵਿਖੇ ਛਬੀਲ ਲਗਾਈ

ਬਿਆਸ (ਪਰਮਜੀਤ ਸਿੰਘ ਰੱਖੜਾ)-ਕਸਬਾ ਬਿਆਸ ਦੇ ਨਜ਼ਦੀਕ ਪੈਂਦੀ ਕਲੋਨੀ ਅਜੀਤ ਨਗਰ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਸ਼ਹੀਦੀ ਗੁਰਪੁਰਬ ਨੂੰ ਸਮਰਪਤ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਕੜ੍ਹੀ-ਚਾਵਲ ਦਾ ਲੰਗਰ



ਅਟੁੱਟ ਵਰਤਾਇਆ ਗਿਆ। ਸੇਵਾਦਾਰ ਬੀਬੀ ਸਵਿੰਦਰ ਕੌਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅੱਜ ਤੋਂ 40 ਦਿਨ ਪਹਿਲਾਂ ਤੋਂ ਹੀ ਬੀਬੀਆਂ ਦੇ ਜਥੇ ਵੱਲੋਂ ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਦੀ ਸ਼ੁਰੂਆਤ ਕਰ ਦਿੱਤੀ ਗਈ ਸੀ, ਜਿਸ ਵਿੱਚ ਸੁਖਮਨੀ ਸਾਹਿਬ ਦੇ 40 ਪਾਠ ਕੀਤੇ ਗਏ ਅਤੇ ਗੁਰਦੁਆਰਾ ਬਾਬਾ ਭਾਈ ਭਾਨਾ ਦੇ ਗ੍ਰੰਥੀ ਭਾਈ ਸਵਿੰਦਰ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਬੇਨਤੀ ਕੀਤੀ। ਇਸ ਮੌਕੇ ਬਾਬਾ ਅਵਤਾਰ ਸਿੰਘ, ਭੁਪਿੰਦਰ ਸਿੰਘ ਬਿੱਟੂ, ਤਰਸੇਮ ਸਿੰਘ, ਇੰਜ. ਕੁਲਦੀਪ ਸਿੰਘ ਰੱਖੜਾ, ਇੰਦਰਜੀਤ ਸਿੰਘ ਸ਼ਾਹ, ਇੰਜ. ਸੁਖਵਿੰਦਰ ਸਿੰਘ ਨਿਮਾਣਾ, ਡੀ ਐਸ ਪੀ ਕਸ਼ਮੀਰ ਸਿੰਘ ਕਾਹਲੋਂ, ਕਰਨਲ ਦਹੀਆ, ਸੁਖਦੇਵ ਸਿੰਘ, ਮਨਪ੍ਰੀਤ ਸਿੰਘ, ਜ਼ੋਰਾਵਰ ਸਿੰਘ ਰੱਖੜਾ, ਸੌਰਵਪ੍ਰੀਤ ਸਿੰਘ, ਅਮਨ ਸਿੰਘ, ਨਿਸ਼ਾਨ ਸਿੰਘ, ਕੰਵਲਜੀਤ ਸਿੰਘ, ਬੀਬੀਆਂ ਦਾ ਜਥਾ ਤੇ ਪਤਵੰਤੇ ਹਾਜ਼ਰ ਸਨ।

ਆਨੰਦ ਕਾਲਜ ਆਫ ਨਰਸਿੰਗ ਜੇਠੂਵਾਲ ਵਿਖੇ ਛਬੀਲ ਤੇ ਕੜਾਹ ਪ੍ਰਸ਼ਾਦ ਦਾ ਲੰਗਰ ਲਗਾਇਆ

ਮਜੀਠਾ (ਸੋਇਮ ਆਨੰਦ)-ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਆਨੰਦ ਕਾਲਜ ਆਫ ਨਰਸਿੰਗ, ਜੇਠੂਵਾਲ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਸਜਾਈ ਗਈ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਵੱਲੋਂ ਸੇਵਾ ਭਾਵਨਾ ਨਾਲ ਰਾਹਗੀਰਾਂ ਅਤੇ ਸੰਗਤਾਂ ਨੂੰ ਠੰਢਾ ਮਿੱਠਾ ਜਲ ਵਰਤਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੀ ਮਹਾਨ ਸ਼ਹਾਦਤ ਬਾਰੇ ਜਾਣਕਾਰੀ ਦਿੱਤੀ ਗਈ। ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਨਾ ਲੈਂਦਿਆਂ ਵਿਦਿਆਰਥੀਆਂ ਨੇ ਸੇਵਾ, ਨਿਮਰਤਾ ਅਤੇ ਪਰਉਪਕਾਰ ਦੇ ਮਾਰਗ 'ਤੇ ਚੱਲਣ ਦਾ ਸੰਕਲਪ ਲਿਆ।ਕਾਲਜ ਦੇ ਚੇਅਰਮੈਨ ਡਾ. ਐਮ. ਐਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਆ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਵਾਇਸ ਪ੍ਰਿੰਸੀਪਲ ਰਮਨਦੀਪ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਅਤੇ ਮਨੁੱਖਤਾ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰੋਫੈਸਰ ਮਨਵਿੰਦਰ ਕੌਰ, ਸਾਕਸ਼ੀ ਸ਼ਰਮਾ, ਪੂਨਮ, ਹਰਲੀਨ ਕੌਰ, ਪ੍ਰਿਯੰਕਾ, ਸੀਮਾ ਸ਼ਰਮਾ, ਪੁਨਰ, ਪਰਮੀਤ, ਕੋਮਲ ਢਿੱਲੋਂ, ਨਵਜੋਤ ਕੌਰ, ਸਿਮਰਨ ਢਿੱਲੋਂ, ਸੁਖਸਰਨ, ਰਿੱਪਨਦੀਪ ਕੌਰ, ਅੰਜਲੀ, ਪੱਲਵੀ, ਸਮਰੀਨ, ਰਿਤੂ, ਮਨਪ੍ਰੀਤ, ਜਸਲੀਨ, ਭਵਿਆ, ਆਇਮਨ, ਸਿਮਰਨਜੀਤ, ਵੰਸ਼ਿਕਾ, ਬੰਸ਼ੀਕਾ, ਕੰਚਨ, ਬਲਜਿੰਦਰ, ਪ੍ਰਭਨੂਰ ਅਤੇ ਰਮਨਦੀਪ ਚੌਹਾਨ ਸਮੇਤ ਹੋਰ ਵਿਦਿਆਰਥੀ ਹਾਜ਼ਰ ਸਨ।

ਫਾਦਰਜ਼ ਡੇ ਮੌਕੇ ਐਸ ਬੀ ਆਈ ਲਾਈਫ ਇੰਸ਼ੋਰੈਂਸ ਦਾ ਪਾਪਾ ਹੈ ਨਾ ਮੁਹਿੰਮ ਤਹਿਤ ਡਿਜੀਟਲ ਫਿਲਮ ਜਾਰੀ

ਚੰਡੀਗੜ੍ਹ : ਫਾਦਰਜ਼ ਡੇ ਮੌਕੇ ਐਸ ਬੀ ਆਈ ਲਾਈਫ ਇੰਸ਼ੋਰੈਂਸ ਨੇ ਆਪਣੀ ਲੋਕਪ੍ਰਿਯ ਪਾਪਾ ਹੈ ਨਾ ਮੁਹਿੰਮ ਤਹਿਤ ਇੱਕ ਨਵੀਂ ਡਿਜੀਟਲ ਫਿਲਮ ਜਾਰੀ ਕੀਤੀ ਹੈ। ਇਹ ਮੁਹਿੰਮ ਉਹਨਾਂ ਪਿਤਾਵਾਂ ਨੂੰ ਸਮਰਪਿਤ ਹੈ ਜੋ ਆਪਣੇ ਬੱਚਿਆਂ ਨੂੰ ਸੁਰੱਖਿਆ ਦੇ ਨਾਲ-ਨਾਲ ਜੀਵਨ ਦੇ ਤਜਰਬੇ ਹਾਸਲ ਕਰਨ ਅਤੇ ਚੁਣੌਤੀਆਂ ਦਾ ਸਾਹਮਣਾ ਕਰਨ ਦਾ ਹੌਸਲਾ ਵੀ ਦਿੰਦੇ ਹਨ।ਫਿਲਮ ਅੱਜ ਦੇ ਸਮੇਂ ਵਿੱਚ ਪਿਤਾ ਦੀ ਬਦਲ ਰਹੀ ਭੂਮਿਕਾ ਨੂੰ ਦਰਸਾਉਂਦੀ ਹੈ। ਇਸ ਵਿੱਚ ਦਿਖਾਇਆ ਗਿਆ ਹੈ ਕਿ ਬੱਚਿਆਂ ਨੂੰ ਹਰ ਮੁਸ਼ਕਲ ਤੋਂ ਬਚਾਉਣਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਨੂੰ ਤਜਰਬਿਆਂ ਰਾਹੀਂ ਸਿੱਖਣ ਅਤੇ ਆਪਣੇ ਪੈਰਾਂ 'ਤੇ ਖੜ੍ਹਾ ਹੋਣ ਦਾ ਮੌਕਾ ਦੇਣਾ ਵੀ ਜ਼ਰੂਰੀ ਹੈ।ਖੂਬਸੂਰਤ ਪਹਾੜੀ ਇਲਾਕੇ ਵਿੱਚ ਫਿਲਮਾਈ ਗਈ ਇਸ ਕਹਾਣੀ ਵਿੱਚ ਇੱਕ ਪਰਿਵਾਰ ਛੁੱਟੀਆਂ ਮਨਾਉਣ ਜਾਂਦਾ ਹੈ। ਰਸਤੇ ਵਿੱਚ ਬੱਸ ਖਰਾਬ ਹੋ ਜਾਣ ਕਾਰਨ ਇੱਕ ਛੋਟੇ ਬੱਚੇ ਨੂੰ ਆਪਣੇ ਮੋਬਾਈਲ ਤੋਂ ਦੂਰ ਹੋ ਕੇ ਬਾਹਰੀ ਦੁਨੀਆ ਨਾਲ ਜੁੜਨ ਦਾ ਮੌਕਾ ਮਿਲਦਾ ਹੈ। ਸਥਾਨਕ ਬੱਚਿਆਂ ਨਾਲ ਖੇਡਦੇ ਅਤੇ ਨਵੀਆਂ ਚੀਜ਼ਾਂ ਸਿੱਖਦੇ ਹੋਏ ਉਹ ਕਈ ਤਜਰਬੇ ਹਾਸਲ ਕਰਦਾ ਹੈ। ਇਸ ਦੌਰਾਨ ਪਿਤਾ ਨੂੰ ਅਹਿਸਾਸ ਹੁੰਦਾ ਹੈ ਕਿ ਬੱਚੇ ਨੂੰ ਭਵਿੱਖ ਲਈ ਤਿਆਰ ਕਰਨ ਦਾ ਮਤਲਬ ਉਸ ਨੂੰ ਹਰ ਚੁਣੌਤੀ ਤੋਂ ਬਚਾਉਣਾ ਨਹੀਂ, ਸਗੋਂ ਉਸ ਨੂੰ ਖੁਦ ਚੁਣੌਤੀਆਂ ਦਾ ਸਾਹਮਣਾ ਕਰਨਾ ਸਿਖਾਉਣਾ ਹੈ।

ਭਗਵੰਤ ਮਾਨ ਸਰਕਾਰ ਨਸ਼ੇ ਨੂੰ ਜੜ੍ਹੋਂ ਖਤਮ ਕਰਕੇ ਹੀ ਦਮ ਲਵੇਗੀ : ਸ਼ਮਸ਼ੇਰ ਸਿੰਘ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਤਹਿਤ ਅੱਜ ਐਸ.ਐਸ.ਐਮ ਕਾਲਜ ਦੀਨਾਨਗਰ ਵਿਖੇ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਵਿਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ, ਐਸ.ਡੀ.ਐਮ ਦੀਨਾਨਗਰ ਗਗਨਦੀਪ ਸਿੰਘ, ਯੁੱਧ ਨਸ਼ਿਆਂ ਵਿਰੁੱਧ ਦੇ ਜ਼ਿਲ੍ਹਾ ਕੋਆਡੀਨੇਟਰ ਡਾ. ਅਨਮੋਲਜੋਤ ਸਿੰਘ, ਹਲਕਾ ਕੋਆਡੀਨੇਟਰ ਕਾਰਤਿਕ ਦੋਆਬਾ, ਨਾਇਬ ਤਹਿਸੀਲਦਾਰ ਸੁਖਵਿੰਦਰ ਸਿੰਘ, ਪ੍ਰਿੰਸੀਪਲ ਡਾ. ਆਰ.ਕੇ. ਤੁਲੀ, ਬੀ ਡੀ ਪੀ ਓ ਨਿਰਮਲ ਸਿੰਘ ਅਤੇ ਬੀ ਡੀ ਪੀ ਓ ਵੀਨਾ ਉਚੇਚੇ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਵਿੱਢੇ ਗਏ ਯੁੱਧ ਨਸ਼ਿਆਂ ਵਿਰੁੱਧ ਤਹਿਤ ਹੁਣ ਤੱਕ ਹਜ਼ਾਰਾਂ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਦੀਆਂ ਸਲਾਖਾਂ ਮਗਰ ਡੱਕਿਆ ਗਿਆ ਹੈ ਅਤੇ ਨਸ਼ਾ ਤਸਕਰਾਂ ਵਲੋਂ ਨਸ਼ੇ ਵਲੋਂ ਕਾਲੀ ਕਮਾਈ ਨਾਲ ਬਣਾਏ ਗਏ ਘਰ ਢਾਹੇ ਜਾ ਰਹੇ ਹਨ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਇਸ ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆਏ ਹਨ। ਲੋਕਾਂ ਦੇ ਸਹਿਯੋਗ ਨਾਲ ਨਸ਼ੇ ਦੇ ਚੁੰਗਲ ਵਿਚ ਫਸੇ ਨੌਜਵਾਨਾਂ ਨੂੰ ਤੰਦਰੁਸਤ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਉਹਨਾਂ ਕਿਹਾ ਕਿ ਪਿੰਡ ਪਿੰਡ ਖੇਡ ਮੈਦਾਨ ਬਣਾਏ ਗਏ ਹਨ ਤਾਂ ਜੋ ਪੰਜਾਬ ਦੀ ਜਵਾਨੀ ਨਸ਼ਿਆਂ ਦਾ ਤਿਆਗ ਕਰਕੇ ਖੇਡਾਂ ਵੱਲ ਨੂੰ ਹੋ ਸਕੇ। ਉਹਨਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਦੀ ਸਮੁੱਚੀ ਟੀਮ ਦੇ ਨਾਲ ਨਾਲ ਵਿਲੇਜ ਡਿਫੈਂਸ ਕਮੇਟੀਆਂ ਵੀ ਇਸ ਕੰਮ ਵਿਚ ਡਟੀਆਂ ਹੋਈਆਂ ਹਨ ਤਾਂ ਜੋ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਇਆ ਜਾ ਸਕੇ। ਇਸ ਮੌਕੇ ਹਲਕਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਰਾਜੀਵ ਸੈਣੀ, ਬਲਾਕ ਸੰਮਤੀ ਮੈਂਬਰ ਕਾਜਲ ਪੱਖੋਵਾਲ ਵੀ ਮੌਜੂਦ ਸਨ।

ਰੋਟਰੀ ਕਲੱਬ ਵੱਲੋਂ ਸਾਲ 2025- 2026 ਦੀ ਆਖਰੀ ਬੈਠਕ ਦਾ ਆਯੋਜਨ

ਅੰਮ੍ਰਿਤਸਰ (ਅਰੋੜਾ)- ਰੋਟਰੀ ਇੰਟਰਨੈਸ਼ਨ ਵੱਲੋਂ ਨਿਰਧਾਰਤ ਨਿਯਮਾਂ ਦੇ ਅਨੁਸਾਰ ਹਰੇਕ ਰੋਟਰੀ ਕਲੱਬ ਦਾ ਕਾਰਜਕਾਲ ਪੂਰਾ ਹੋਣ ਤੋਂ ਬਾਅਦ ਉਨ੍ਹਾ ਦੇ ਕਾਰਜਕਾਲ ਦੌਰਾਨ ਦੇਸ਼ ਅਤੇ ਸਮਾਜ ਭਲਾਈ ਕੰਮਾ ਵਿੱਚ ਆਪਣਾ ਸ਼ਲਾਘਾਯੋਗ ਯੋਗਦਾਨ ਦੇਣ ਵਾਲਿਆਂ ਨੂੰ ਸਨਮਾਨਤ ਕੀਤੇ ਜਾਣ ਦੀ ਪ੍ਰਥਾ ਚੱਲਦੀ ਆ ਰਹੀ ਹੈ। ਇਸ ਪ੍ਰਥਾ ਦੇ ਚੱਲਦੇ ਰੋਟਰੀ ਕਲੱਬ ਅੰਮ੍ਰਿਤਸਰ ਮੇਨ ਦੇ ਪ੍ਰਧਾਨ ਪੰਡਿਤ ਮਹਿੰਦਰ ਪਾਲ ਸ਼ਰਮਾ, ਸਕੱਤਰ ਇੰਜੀਨੀਅਰ ਮਨਜੀਤ ਸਿੰਘ ਦਾ ਕਾਰਜਕਾਲ ਪੂਰਾ ਹੋਣ ਦੇ ਆਖਰੀ ਮਹੀਨੇ ਦੇ ਮੌਕੇ ਇੱਕ ਸਮਾਗਮ ਦਾ ਆਯੋਜਨ ਰਾਮ ਬਾਗ ਸਥਿਤ ਅੰਮ੍ਰਿਤਸਰ ਕਲੱਬ ਵਿਖੇ ਕੀਤਾ ਗਿਆ। ਸਮਾਗਮ ਵਿੱਚ ਰੋਟਰੀ 3070 ਦੇ ਸਾਬਕਾ ਗਵਰਨਰ ਸੀ.ਏ.ਦਵਿੰਦਰ ਪਸਿੰਘ, ਰੋਟਰੀ ਦੇ ਭੀਸ਼ਮ ਪਿਤਾਮਾ ਐਡਵੋਕੇਟ ਸੁਦਰਸ਼ਨ ਕਪੂਰ ਮੁੱਖ ਮਹਿਮਾਨ ਅਤੇ ਰੋਟਰੀ ਦੇ ਜ਼ੋਨਲ ਚੇਅਰਮੈਨ ਆਉਣ ਵਾਲੇ ਜ਼ਿਲ੍ਹਾ ਸਕੱਤਰ ਵਿਜੇ ਭਸੀਨ ਖਾਸ ਤੌਰ 'ਤੇ ਸ਼ਾਮਲ ਹੋਏ। ਹਾਸਰਸ ਫਿਲਮੀ ਕਲਾਕਾਰ ਸੁਰਿੰਦਰ ਫਰਿਸ਼ਤਾ ਉਰਫ਼ ਘੁੱਲੇ ਸ਼ਾਹ ਨੇ ਸਾਰੇ ਰੋਟਰੀ ਮੈਂਬਰਾਂ ਅਤੇ ਉਨਾਂ ਦੇ ਪਰਵਾਰਾਂ ਦਾ ਖੂਬ ਮਨੋਰੰਜਨ ਕੀਤਾ। ਸਮਾਗਮ ਦਾ ਸ਼ੁੱਭ ਆਰੰਭ ਰਾਸ਼ਟਰੀ ਗੀਤ ਗਾ ਕੇ ਅਤੇ ਫਾਰ ਵੇ ਟੈਸਟ ਦੇ ਨਾਲ ਕੀਤਾ ਗਿਆ। ਇਸ ਤੋਂ ਬਾਅਦ ਰੋਟਰੀ ਮੇਨ ਦੇ ਸਾਬਕਾ ਜ਼ਿਲ੍ਹਾ ਪ੍ਰਧਾਨਾਂ ਜਿਸ ਵਿੱਚ ਸਮਾਜ ਸੇਵਕ ਦੀਪਕ ਖੰਨਾ, ਸੀ.ਏ ਵਿਕਾਸ ਕੁਮਾਰ, ਰਾਜੇਸ਼ ਮੇਹਰਾ, ਵਿਜੇ ਨਈਅਰ, ਗੀਟਾ ਸ਼ਰਮਾ ਨੇ ਆਪਣੇ ਰੋਟਰੀ ਸਬੰਧੀ ਵਿਚਾਰ ਰੱਖੇ। ਇਸ ਮੌਕੇ ਡੋਲੀ, ਸੰਜੀਵ ਸੂਦ, ਡਾ.ਪੀ.ਐਸ. ਮਲਹੋਤਰਾ, ਡਾ. ਤੇਜਪਾਲ ਸਿੰਘ, ਗੁਰਿੰਦਰ ਪਾਲ ਕੌਰ, ਦਲਜੀਤ ਸਿੰਘ ਅਰੋੜਾ, ਇੰਜੀਨੀਅਰ ਅਸ਼ੋਕ ਕੁਮਾਰ, ਦਲਬੀਰ ਸਿੰਘ, ਐਨ.ਕੇ ਸੰਧੀ, ਡਾ. ਇੰਦੂ ਗੁਪਤਾ, ਰਮਨੀਤ ਓਸਾਹਨ, ਡਾ. ਪ੍ਰਤਾਪ, ਇਕਬਾਲ ਸਿੰਘ ਸ਼ੇਰੀ, ਰਾਜੀਵ ਗਾਂਧੀ, ਨਿਰਮਲ ਸਿੰਘ ਆਨੰਦ, ਬਿਮਲ ਮੇਹਰਾ, ਡਾ. ਗੁਰਚਰਨ ਕੌਰ, ਕਿਰਨ ਗੁਪਤਾ, ਕੇਵਲ ਕ੍ਰਿਸ਼ਨ ਨੂੰ ਪ੍ਰਧਾਨ ਮਹਿੰਦਰਪਾਲ ਸਕੱਤਰ ਇੰਜੀਨੀਅਰ ਮਨਜੀਤ ਸਿੰਘ ਵੱਲੋਂ ਸਨਮਾਨਤ ਕੀਤਾ ਗਿਆ।

ਕਮਿਸ਼ਨਰ ਪੁਲਸ ਵੱਲੋਂ ਬੱਸ ਸਟੈਂਡ ਪੁਲਸ ਚੌਕੀ ਦਾ ਉਦਘਾਟਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼ਹਿਰ ਵਿੱਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਆਮ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਕਮਿਸ਼ਨਰ ਪੁਲਸ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਵੱਲੋਂ ਬੱਸ ਸਟੈਂਡ ਵਿਖੇ ਨਵੀਂ ਪੁਲਸ ਚੌਕੀ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਕਮਿਸ਼ਨਰ ਪੁਲਸ ਨੇ ਕਿਹਾ ਕਿ ਬੱਸ ਸਟੈਂਡ ਸ਼ਹਿਰ ਦਾ ਇੱਕ ਮਹੱਤਵਪੂਰਨ ਅਤੇ ਰੁਝੇਵੇਂ ਵਾਲਾ ਸਥਾਨ ਹੈ, ਜਿੱਥੇ ਹਰ ਰੋਜ਼ ਹਜ਼ਾਰਾਂ ਯਾਤਰੀਆਂ ਦੀ ਆਵਾਜਾਈ ਹੁੰਦੀ ਹੈ। ਨਵੀਂ ਪੁਲਸ ਚੌਕੀ ਦੇ ਕਾਰਜਸ਼ੀਲ ਹੋਣ ਨਾਲ ਯਾਤਰੀਆਂ ਦੀ ਸੁਰੱਖਿਆ, ਟ੍ਰੈਫਿਕ ਪ੍ਰਬੰਧਨ ਅਤੇ ਅਪਰਾਧ ਰੋਕਥਾਮ ਵਿੱਚ ਹੋਰ ਸੁਧਾਰ ਆਵੇਗਾ। ਉਨ੍ਹਾਂ ਕਿਹਾ ਕਿ ਇਹ ਚੌਕੀ ਪੁਲਸ ਦੀ ਤੁਰੰਤ ਪ੍ਰਤੀਕਿਰਿਆ ਸਮਰੱਥਾ ਨੂੰ ਵਧਾਏਗੀ ਅਤੇ ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਲੋਕਾਂ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰਨ ਵਿੱਚ ਮਦਦਗਾਰ ਸਾਬਤ ਹੋਵੇਗੀ। ਕਮਿਸ਼ਨਰ ਪੁਲਸ ਨੇ ਦੱਸਿਆ ਕਿ ਬੱਸ ਸਟੈਂਡ ਇਲਾਕੇ ਵਿੱਚ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਪੁਲਿਸ ਮੁਲਾਜ਼ਮਾਂ ਦੀ ਨਿਯਮਿਤ ਤਾਇਨਾਤੀ, ਸੀਸੀਟੀਵੀ ਨਿਗਰਾਨੀ, ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਚੈਕਿੰਗ ਅਤੇ ਹੋਰ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ। ਉਨ੍ਹਾਂ ਆਮ ਲੋਕਾਂ ਅਤੇ ਯਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਲਾਵਾਰਿਸ ਵਸਤੂ ਸਬੰਧੀ ਤੁਰੰਤ ਪੁਲਿਸ ਨੂੰ ਸੂਚਿਤ ਕਰਨ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਵਿੱਚ ਪੁਲਿਸ ਦਾ ਸਹਿਯੋਗ ਕਰਨ।

ਇਸ ਮੌਕੇ ਪੁਲਸ ਦੇ ਸੀਨੀਅਰ ਅਧਿਕਾਰੀ, ਆਲਮ ਵਿਜੇ ਸਿੰਘ ਡੀ ਸੀ ਪੀ ਕਾਨੂੰਨ ਵਿਵਸਥਾ, ਅੰਮ੍ਰਿਤਸਰ, ਹਰਪਾਲ ਸਿੰਘ ਏ ਡੀ ਸੀ ਪੀ ਸਿਟੀ 3, ਅੰਮ੍ਰਿਤਸਰ, ਰਵਿੰਦਰ ਸਿੰਘ ਏ ਸੀ ਪੀ ਈਸਟ ਅਤੇ ਜੋਨ 3 ਦੇ ਐਸ ਐਚ ਓਜ਼ ਅਤੇ ਸਥਾਨਕ ਪਤਵੰਤੇ ਵਿਅਕਤੀ ਵੀ ਮੌਜੂਦ ਸਨ।

ਥਰਮਲ ਪਲਾਂਟਾਂ ਦੇ ਠੇਕਾ ਮੁਲਾਜ਼ਮਾਂ ਨੂੰ ਅਕਾਲੀ ਦਲ ਨੇ ਦਿੱਤਾ ਸਮਰਥਨ



ਚੋਹਲਾ ਸਾਹਿਬ (ਰਮਨ ਚੱਡਾ)-ਪੰਜਾਬ ਦੇ ਵੱਖ-ਵੱਖ ਬਿਜਲੀ ਥਰਮਲ ਪਲਾਂਟਾਂ ਵਿੱਚ ਕੰਮ ਕਰ ਰਹੇ ਠੇਕਾ ਮੁਲਾਜ਼ਮਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਖ਼ਿਲਾਫ਼ ਧਰਨੇ ਪ੍ਰਦਰਸ਼ਨ ਕੀਤੇ ਜਾ ਰਹੇ ਹਨ। 15 ਜੂਨ ਤੋਂ ਬਾਅਦ ਮੁਲਾਜ਼ਮਾਂ ਵੱਲੋਂ ਪੱਕੇ ਤੌਰ 'ਤੇ ਕੰਮ ਬੰਦ ਕਰਨ ਦਾ ਐਲਾਨ ਕਰਨ ਉਪਰੰਤ ਥਰਮਲ ਪਲਾਂਟਾਂ ਦੇ ਕੰਮਕਾਜ 'ਤੇ ਵੀ ਅਸਰ ਪੈਣ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਹਨ।ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਕਸਬਾ ਸ੍ਰੀ ਗੋਇੰਦਵਾਲ ਸਾਹਿਬ ਵਿੱਚ ਚੱਲ ਰਹੇ ਬਿਜਲੀ ਥਰਮਲ ਪਲਾਂਟ ਦੇ ਪਿਛਲੇ ਕਰੀਬ 9 ਦਿਨਾਂ ਤੋਂ ਚੱਲ ਰਹੇ ਠੇਕਾ ਮੁਲਾਜ਼ਮਾਂ ਦੇ ਧਰਨੇ ਨੂੰ ਸਮਰਥਨ ਦਿੰਦਿਆਂ ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਅਤੇ ਯੂਥ ਕੋਆਰਡੀਨੇਟਰ ਤੇ ਆਗੂ ਅਵਤਾਰ ਸਿੰਘ ਬਿੱਲਾ ਸ਼ੇਰੋਂ ਨੇ ਪੰਜਾਬ ਸਰਕਾਰ ਅਤੇ ਪਾਵਰਕਾਮ ਪ੍ਰਬੰਧਨ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਪਾਵਰਕਾਮ ਅਤੇ ਟਰਾਂਸਕੋ ਵਿਭਾਗ ਵਿੱਚ ਲੰਬੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਮਰਜ ਕਰਨ ਬਾਰੇ ਚਰਚਾਵਾਂ ਹੋਣ ਦੇ ਬਾਵਜੂਦ ਅਜੇ ਤੱਕ ਕੋਈ ਠੋਸ ਫ਼ੈਸਲਾ ਨਹੀਂ ਲਿਆ ਗਿਆ, ਜਿਸ ਕਾਰਨ ਮੁਲਾਜ਼ਮਾਂ ਵਿੱਚ ਨਿਰਾਸ਼ਾ ਹੈ। ਸ਼ੇਰੋਂ ਨੇ ਕਿਹਾ ਕਿ ਇਸ ਸਮੇਂ ਪੰਜਾਬ ਵਿੱਚ ਝੋਨੇ ਦੀ ਲਵਾਈ ਦਾ ਸੀਜ਼ਨ ਚੱਲ ਰਿਹਾ ਹੈ ਅਤੇ ਗਰਮੀ ਦੇ ਮੌਸਮ ਕਾਰਨ ਬਿਜਲੀ ਦੀ ਨਿਰੰਤਰ ਸਪਲਾਈ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਹ ਮੁਲਾਜ਼ਮ ਹੀ ਹਨ ਜੋ ਦਿਨ-ਰਾਤ ਮਿਹਨਤ ਕਰਕੇ ਲੋਕਾਂ ਤੱਕ ਬਿਜਲੀ ਪਹੁੰਚਾਉਂਦੇ ਹਨ ਅਤੇ ਸੂਬੇ ਦੇ ਉਦਯੋਗਿਕ ਢਾਂਚੇ ਨੂੰ ਚਲਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਨਹੀਂ ਮਿਲਦੇ ਤਾਂ ਇਹ ਪੰਜਾਬ ਸਰਕਾਰ ਦੀ ਨਾਕਾਮੀ ਮੰਨੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੋਇੰਦਵਾਲ ਸਾਹਿਬ ਥਰਮਲ ਪਲਾਂਟ ਨੂੰ ਆਪਣੇ ਅਧੀਨ ਲੈਣ ਦੇ ਬਾਵਜੂਦ ਜੇਕਰ ਠੇਕੇਦਾਰੀ ਪ੍ਰਣਾਲੀ ਹੀ ਜਾਰੀ ਰਹਿਣੀ ਹੈ ਅਤੇ ਇਸ ਦਾ ਲਾਭ ਸਿਰਫ਼ ਨਿੱਜੀ ਕੰਪਨੀਆਂ ਤੇ ਠੇਕੇਦਾਰਾਂ ਨੂੰ ਹੀ ਮਿਲਣਾ ਹੈ ਤਾਂ ਸਰਕਾਰੀ ਮਾਲਕੀ ਦਾ ਕੋਈ ਵਿਸ਼ੇਸ਼ ਫ਼ਾਇਦਾ ਨਹੀਂ ਰਹਿੰਦਾ।ਅਕਾਲੀ ਆਗੂ ਨੇ ਸਰਕਾਰ ਤੋਂ ਮੰਗ ਕੀਤੀ ਕਿ ਠੇਕਾ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ ਜਾਵੇ ਅਤੇ ਜਲਦ ਹੱਲ ਕੱਢਿਆ ਜਾਵੇ ਤਾਂ ਜੋ ਭਵਿੱਖ ਵਿੱਚ ਪੰਜਾਬ ਨੂੰ ਕਿਸੇ ਸੰਭਾਵਿਤ ਬਿਜਲੀ ਸੰਕਟ ਦਾ ਸਾਹਮਣਾ ਨਾ ਕਰਨਾ ਪਵੇ।

ਪੰਜਾਬ ਦੇ ਤਿੰਨ ਮੈਂਬਰ ਪਾਰਲੀਮੈਂਟ ਖੜਗੇ ਨੂੰ ਮਿਲੇ, ਦੂਜੇ ਕਾਰਜਕਾਲ ਲਈ ਦਿੱਤੀ ਵਧਾਈ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਪੰਜਾਬ ਦੇ ਤਿੰਨ ਕਾਂਗਰਸੀ ਮੈਂਬਰ ਪਾਰਲੀਮੈਂਟ ਨੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਨਾਲ ਮੁਲਾਕਾਤ ਕੀਤੀ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ (ਅੰਮ੍ਰਿਤਸਰ), ਡਾ. ਧਰਮਵੀਰ ਗਾਂਧੀ (ਪਟਿਆਲਾ), ਅਤੇ ਡਾ. ਅਮਰ ਸਿੰਘ (ਸ੍ਰੀ ਫਤਿਹਗੜ੍ਹ ਸਾਹਿਬ) ਨੇ ਮੰਗਲਵਾਰ ਨੂੰ ਖੜਗੇ ਨੂੰ ਦੂਜੇ ਕਾਰਜਕਾਲ ਲਈ ਰਾਜ ਸਭਾ ਲਈ ਚੁਣੇ ਜਾਣ 'ਤੇ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਵਿਸ਼ਵਾਸ ਪ੍ਰਗਟ ਕੀਤਾ ਕਿ ਉਨ੍ਹਾਂ ਦੀ ਅਗਵਾਈ ਹੇਠ ਪਾਰਟੀ ਹੋਰ ਵੀ ਮਜ਼ਬੂਤ ਹੋਵੇਗੀ।ਮੀਟਿੰਗ ਦੌਰਾਨ ਸੰਸਦ ਮੈਂਬਰਾਂ ਨੇ ਟਿੱਪਣੀ ਕੀਤੀ ਕਿ ਮਲਿਕਾਰਜੁਨ ਖੜਗੇ ਦਾ ਲੰਮਾ ਰਾਜਨੀਤਿਕ ਕੈਰੀਅਰ, ਵਿਆਪਕ ਪ੍ਰਸ਼ਾਸਨਿਕ ਤਜਰਬਾ ਅਤੇ ਦੇਸ਼ ਦੇ ਸੰਵਿਧਾਨਕ ਮੁੱਲਾਂ ਪ੍ਰਤੀ ਅਟੁੱਟ ਵਚਨਬੱਧਤਾ ਕਾਂਗਰਸ ਪਾਰਟੀ ਦੀਆਂ ਸਭ ਤੋਂ ਵੱਡੀਆਂ ਤਾਕਤਾਂ ਵਿੱਚੋਂ ਇੱਕ ਹੈ। ਸਮਾਜਿਕ ਨਿਆਂ, ਲੋਕਤੰਤਰ ਦੀ ਮਜ਼ਬੂਤੀ ਅਤੇ ਆਮ ਲੋਕਾਂ ਦੇ ਅਧਿਕਾਰਾਂ ਦੀ ਰੱਖਿਆ ਪ੍ਰਤੀ ਉਨ੍ਹਾਂ ਦੇ ਨਿਰੰਤਰ ਯਤਨ ਦੇਸ਼ ਭਰ ਦੇ ਨੇਤਾਵਾਂ ਅਤੇ ਪਾਰਟੀ ਵਰਕਰਾਂ ਲਈ ਪ੍ਰੇਰਨਾ ਸਰੋਤ ਵਜੋਂ ਕੰਮ ਕਰਦੇ ਹਨ।ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਖੜਗੇ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਲਗਾਤਾਰ ਅਤੇ ਜ਼ੋਰਦਾਰ ਢੰਗ ਨਾਲ ਜਨਤਕ ਹਿੱਤਾਂ ਦੇ ਮੁੱਦੇ ਉਠਾ ਰਹੀ ਹੈ ਅਤੇ ਦੇਸ਼ ਦੀਆਂ ਲੋਕਤੰਤਰੀ ਸੰਸਥਾਵਾਂ ਅਤੇ ਸੰਵਿਧਾਨ ਦੀ ਭਾਵਨਾ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਖੜਗੇ ਦੀ ਅਗਵਾਈ ਹੇਠ ਪਾਰਟੀ ਲੋਕਾਂ ਦੀਆਂ ਉਮੀਦਾਂ ਅਤੇ ਇੱਛਾਵਾਂ ਦੀ ਆਵਾਜ਼ ਬਣ ਕੇ ਹੋਰ ਵੀ ਪ੍ਰਭਾਵਸ਼ਾਲੀ ਭੂਮਿਕਾ ਨਿਭਾਏਗੀ।ਇਸ ਦੌਰਾਨ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਅਤੇ ਡਾ. ਅਮਰ ਸਿੰਘ ਨੇ ਵੀ ਮਲਿਕਾਰਜੁਨ ਖੜਗੇ ਨੂੰ ਰਾਜ ਸਭਾ ਲਈ ਦੁਬਾਰਾ ਚੁਣੇ ਜਾਣ 'ਤੇ ਵਧਾਈ ਦਿੱਤੀ।

ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵੱਲੋਂ ਮਜੀਠ ਮੰਡੀ ਵਿਖੇ ਵਪਾਰ ਮਿਲਣੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ/ਜਗਦੀਸ਼ ਕਮਲੇਸ਼)- ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵੱਲੋਂ ਮਜੀਠ ਮੰਡੀ ਅੰਮ੍ਰਿਤਸਰ ਵਿਖੇ ਇੱਕ ਵਪਾਰ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਪ੍ਰਬੰਧ ਸਟੇਟ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ (ਜ਼ਿਲ੍ਹਾ ਅੰਮ੍ਰਿਤਸਰ) ਅਭਿਸ਼ੇਕ ਬਾਂਸਲ ਨੇ ਕੀਤਾ। ਇਸ ਮੌਕੇ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਸੈਂਟਰਲ ਦੇ ਵਿਧਾਇਕ ਡਾ. ਅਜੈ ਗੁਪਤਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਤੋਂ ਇਲਾਵਾ ਕੌਂਸਲਰ ਵਿੱਕੀ ਦੱਤਾ, ਹਲਕਾ ਸੈਂਟਰਲ ਟਰੇਡ ਵਿੰਗ ਦੇ ਇੰਚਾਰਜ ਸੰਜੀਵ ਲਾਲੀ ਅਤੇ ਦਾਲ ਮੰਡੀ ਐਸੋਸੀਏਸ਼ਨ ਦੇ ਪ੍ਰਧਾਨ ਜਗਸਿਮਰਨ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਮੀਟਿੰਗ ਦੌਰਾਨ ਮਜੀਠ ਮੰਡੀ ਦੇ ਵਪਾਰੀਆਂ ਅਤੇ ਇੰਡੋ ਫਾਰੇਨ ਚੈਂਬਰ ਆਫ ਕਾਮਰਸ ਦੇ ਨੁਮਾਇੰਦਿਆਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਵਪਾਰੀਆਂ ਨੇ ਆਪਣੇ ਕਾਰੋਬਾਰ ਨਾਲ ਸਬੰਧਤ ਮੁੱਦਿਆਂ ਅਤੇ ਸੁਝਾਵਾਂ ਨੂੰ ਸਾਂਝਾ ਕੀਤਾ, ਜਿਨ੍ਹਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਉਨ੍ਹਾਂ ਦੇ ਹੱਲ ਲਈ ਹਰ ਸੰਭਵ ਯਤਨ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਵਿਧਾਇਕ ਡਾ. ਅਜੈ ਗੁਪਤਾ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਜਾਇਜ਼ ਮਸਲਿਆਂ ਦਾ ਹੱਲ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ ਅਤੇ ਵਪਾਰਕ ਗਤੀਵਿਧੀਆਂ ਨੂੰ ਹੋਰ ਉਤਸ਼ਾਹਤ ਕਰਨ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਉਦਯੋਗ ਪੱਖੀ ਮਾਹੌਲ ਸਿਰਜਣ ਲਈ ਪੂਰੀ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ। ਵਾਈਸ ਚੇਅਰਮੈਨ ਅਭਿਸ਼ੇਕ ਬਾਂਸਲ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਅਤੇ ਕਾਰੋਬਾਰ ਨੂੰ ਪ੍ਰਫੁੱਲਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸਰਕਾਰ ਤੱਕ ਪਹੁੰਚਾ ਕੇ ਉਨ੍ਹਾਂ ਦੇ ਹੱਲ ਲਈ ਲਗਾਤਾਰ ਯਤਨ ਕੀਤੇ ਜਾਣਗੇ। ਇਸ ਮੌਕੇ ਇੰਡੋ ਫਾਰੇਨ ਚੈਂਬਰ ਆਫ ਕਾਮਰਸ ਦੇ ਪ੍ਰਧਾਨ ਬੀ.ਕੇ. ਬਜਾਜ, ਸਕੱਤਰ ਤ੍ਰਿਲੋਕ ਸਿੰਘ, ਰਾਜੇਸ਼ ਛਾਬੜਾ, ਵਰੁਣ ਨੇਵਤੀਆ, ਬੌਬੀ ਬੇਦੀ, ਕੀਰਤੀ ਅਰੋੜਾ, ਰਾਜ ਅਰੋੜਾ, ਹੈਪੀ ਅਰੋੜਾ, ਮੁਕੇਸ਼ ਸਿੰਧਵਾਨੀ, ਨਰਿੰਦਰ ਗੁਪਤਾ ਅਤੇ ਕਿਸ਼ੋਰ ਖੁਰਾਣਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਨਸ਼ਾ ਮੁਕਤੀ ਮੋਰਚਾ ਤਹਿਤ ਧਾਰੀਵਾਲ ਵਿਖੇ ਮੀਟਿੰਗ



ਧਾਰੀਵਾਲ (ਮਨਦੀਪ ਵਿੱਕੀ)- ਨਸ਼ਾ ਮੁਕਤੀ ਮੋਰਚਾ ਦੀ ਮੀਟਿੰਗ ਕਸਬਾ ਧਾਰੀਵਾਲ ਵਿਖੇ ਕੀਤੀ ਗਈ, ਜਿਸ ਵਿੱਚ ਕਾਦੀਆਂ ਹਲਕੇ ਦੇ ਇੰਚਾਰਜ ਜਗਰੂਪ ਸਿੰਘ ਸੇਖਵਾਂ, ਡਾ. ਅਰਸ਼ਦੀਪ ਸਿੰਘ ਜ਼ਿਲ੍ਹਾ ਇੰਚਾਰਜ ਨਸ਼ਾ ਮੁਕਤੀ ਮੋਰਚਾ ਗੁਰਦਾਸਪੁਰ, ਹਲਕਾ ਕੋਆਰਡੀਨੇਟਰ ਦਾਸ ਅੰਮ੍ਰਿਤਪਾਲ ਸਿੰਘ ਜ਼ੈਲਦਾਰ, ਚੇਅਰਮੈਨ ਅਸ਼ਵਨੀ ਦੁੱਗਲ, ਸਮੂਹ ਅਹੁਦੇਦਾਰ, ਸਰਪੰਚ ਅਤੇ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਮੁਕੰਮਲ ਤੌਰ 'ਤੇ ਖਤਮ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਸ਼ੁਰੂ ਕੀਤਾ ਗਿਆ ਹੈ। ਜਿਸ ਤਹਿਤ ਪੰਜਾਬ ਸਰਕਾਰ ਨੂੰ ਵੱਡੀ ਸਫਲਤਾ ਹਾਸਲ ਹੋਈ ਹੈ। ਉਹਨਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਤੋਂ ਇਲਾਵਾ ਨਸ਼ੇ ਦੇ ਜਾਲ ਵਿੱਚ ਫਸੇ ਵਿਅਕਤੀਆਂ ਦਾ ਨਸ਼ਾ ਛੁਡਣ ਲਈ ਇਲਾਜ ਕਰਵਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਸ ਮੁਹਿੰਮ ਤਹਿਤ ਪੰਜਾਬ ਦੇ ਵੱਖ-ਵੱਖ ਪੁਲਿਸ ਥਾਣਿਆਂ ਵਿੱਚ ਵੱਡੀ ਮਾਤਰਾ ਵਿੱਚ ਵੱਖ ਵੱਖ ਤਰ੍ਹਾਂ ਦੇ ਨਸ਼ੇ ਫੜੇ ਗਏ ਹਨ। ਇਹ ਸਾਰਾ ਕੁਝ ਲੋਕਾਂ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ ਕਿਉਂਕਿ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਵੱਖ ਵੱਖ ਪਿੰਡਾਂ ਵਿੱਚ ਖੇਡ ਮੈਦਾਨ ਤਿਆਰ ਕਰਕੇ ਦਿੱਤੇ ਗਏ ਹਨ ਤਾਂ ਜੋ ਨੌਜਵਾਨ ਨਸ਼ਿਆਂ ਨੂੰ ਛੱਡ ਕੇ ਖੇਡਾਂ ਵੱਲ ਪ੍ਰੇਰਿਤ ਹੋਣ ।

ਇਸ ਮੌਕੇ ਡਾਕਟਰ ਅਰਸ਼ਦੀਪ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਲਈ ਚਲਾਏ ਗਏ ਨਸ਼ਾ ਮੁਕਤੀ ਈ ਰਿਕਸ਼ਾ ਦਾ ਮੁੱਖ ਮੰਤਵ ਪਿੰਡਾਂ ਵਿੱਚ ਸ਼ਰਾਰਤੀ ਅਨਸਰਾਂ ਤੇ ਨਸ਼ਾ ਤਸਕਰਾਂ ਨੂੰ ਠੱਲ੍ਹ ਪਾਉਣਾ ਹੈ। ਪਿੰਡਾਂ ਦੇ ਲੋਕ ਬੇਫਿਕਰ ਹੋ ਕੇ ਇਹ ਰਿਕਸ਼ਾ ਵਿੱਚ ਲੱਗੇ ਸ਼ਿਕਾਇਤ ਬਾਕਸ ਵਿੱਚ ਆਪਣੀ ਸ਼ਿਕਾਇਤ ਪਾਉਣ ਤਾਂ ਜੋ ਸ਼ਰਾਰਤੀ ਅਨਸਰਾਂ ਵਿਰੁੱਧ ਕਾਰਵਾਈ ਹੋ ਸਕੇ। ਉਹਨਾਂ ਕਿਹਾ ਕਿ ਨਸ਼ਾ ਮੁਕਤੀ ਦੀ ਸਮੁੱਚੀ ਟੀਮ ਇਸ ਮੁਹਿੰਮ ਦੇ ਨਾਲ ਜੁੜੀ ਹੋਈ ਹੈ।

ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੋਸਾਇਟੀ ਵੱਲੋਂ ਦਸ ਰੋਜ਼ਾ ਜੀਵਨ ਜੁਗਤਿ ਸਮਰ ਕੈਂਪ ਸੰਪੰਨ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸਿੱਖੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਵਚਨਬੱਧ ਸੰਸਥਾ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ, ਪੰਥ ਪ੍ਰਸਿੱਧ ਪ੍ਰਚਾਰਕ ਭਾਈ ਪਲਵਿੰਦਰ ਸਿੰਘ ਅਜ਼ੀਜ਼ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ਼ਹੀਦ ਭਾਈ ਭੂਪ ਸਿੰਘ ਜੀ ਪਿੰਡ ਬਾਹਮਣੀਵਾਲਾ ਵਿਖੇ 10 ਰੋਜ਼ਾ ਜੀਵਨ ਜੁਗਤਿ ਸਮਰ ਕੈਂਪ ਲਗਾਇਆ ਗਿਆ। ਸ਼ਹੀਦਾਂ ਦੇ ਸਿਰਤਾਜ ਗੁਰੂ ਅਰਜਨ ਸਾਹਿਬ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਮਨਾਉਂਦਿਆਂ ਬੱਚਿਆਂ ਦੇ ਦਸਤਾਰ ਦੁਮਾਲਾ, ਪੇਂਟਿੰਗ ਅਤੇ ਲਿਖਤੀ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਵਿੱਚੋਂ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਆਉਣ ਤੇ ਅੰਮ੍ਰਿਤ ਵੇਲੇ ਗੁਰਬਾਣੀ ਦਾ ਜਾਪ ਕਰਨ ਵਾਲੇ ਬੱਚਿਆਂ ਨੂੰ ਸ਼ੀਲਡਾਂ, ਧਾਰਮਿਕ ਸਾਹਿਤ ਅਤੇ ਪੱਤਰਕਾਰ ਕੁਲਦੀਪ ਸਿੰਘ ਕੇਪੀ ਗਿੱਲ ਅਤੇ ਵੀਰ ਸੁਖਬੀਰ ਸਿੰਘ ਪੱਟੀ ਵੱਲੋਂ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਹਰ ਰੋਜ਼ ਕੈਂਪ ਵਿੱਚ ਆਉਣ ਵਾਲੇ ਬੱਚਿਆਂ ਨੂੰ ਸ਼ੀਲਡਾਂ, ਧਾਰਮਿਕ ਸਾਹਿਤ ਅਤੇ ਨਗਦ ਰਾਸ਼ੀ ਨਾਲ ਹੌਸਲਾ ਅਫਜ਼ਾਈ ਕੀਤੀ ਗਈ। ਬਾਕੀ ਸਾਰਿਆਂ ਬੱਚਿਆਂ ਨੂੰ ਮੈਡਲ ਦੇ ਕੇ ਨਿਵਾਜਿਆ ਗਿਆ। ਸੁਸਾਇਟੀ ਵੱਲੋਂ ਇਸ ਮੁਕਾਬਲੇ ਵਿੱਚ ਉਚੇਚੇ ਤੌਰ 'ਤੇ ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਦਸਤਾਰ ਕੋਚ ਆਕਾਸ਼ਦੀਪ ਸਿੰਘ, ਵਜ਼ੀਰ ਸਿੰਘ ਆਸਲ, ਗਗਨਦੀਪ ਸਿੰਘ ਭਿੱਖੀਵਿੰਡ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਸ਼ਮੂਲੀਅਤ ਕੀਤੀ। 8 ਜੂਨ ਤੋਂ ਸ਼ੁਰੂ ਹੋਏ ਇਸ ਕੈਂਪ ਵਿੱਚ ਵੱਖ-ਵੱਖ ਬੁਲਾਰਿਆਂ ਭਾਈ ਨਿਰਮਲ ਸਿੰਘ ਸੁਰ ਸਿੰਘ, ਭਾਈ ਸੁਖਵਿੰਦਰ ਸਿੰਘ ਖਾਲੜਾ, ਭਾਈ ਗੁਰਪ੍ਰੀਤ ਸਿੰਘ ਜੋਤੀ ਸ਼ਾਹ, ਭਾਈ ਅਵਤਾਰ ਸਿੰਘ ਹੈਡ ਗ੍ਰੰਥੀ, ਭਾਈ ਸੁਖਬੀਰ ਸਿੰਘ ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ, ਪ੍ਰੋਫੈਸਰ ਗੁਰਸੇਵਕ ਸਿੰਘ ਬੋਪਾਰਾਏ, ਭਾਈ ਨਿਸ਼ਾਨ ਸਿੰਘ ਮਰਗਿੰਦਪੁਰਾ, ਭਾਈ ਜਗਜੀਤ ਸਿੰਘ ਜੱਲੋਕੇ, ਭਾਈ ਜੱਸਾ ਸਿੰਘ ਮਨਿਹਾਲਾ, ਭਾਈ ਸੁਖਚੈਨ ਸਿੰਘ ਬੈਠੇ ਭੈਣੀ, ਮੈਡਮ ਗੁਰਬੀਰ ਕੌਰ ਅਤੇ ਮੈਡਮ ਰਜਿੰਦਰ ਕੌਰ ਨੇ ਗੁਰੂ ਅਰਜਨ ਸਾਹਿਬ ਜੀ ਦੇ ਸਮੁੱਚੇ ਜੀਵਨ ਬਾਬਤ ਇਤਿਹਾਸ ਸਾਂਝਾ ਕੀਤਾ। ਇਸ ਦੇ ਨਾਲ ਹੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ, ਬੀਬੀ ਪਰਮਜੀਤ ਕੌਰ, ਡਾਕਟਰ ਨਿਸ਼ਾਨ ਸਿੰਘ ਮਾਨੋਚਾਹਲ, ਭਾਈ ਸੁਰਜੀਤ ਸਿੰਘ ਭੁੱਚਰ, ਸਰਪੰਚ ਰਣਜੀਤ ਸਿੰਘ, ਭਾਈ ਸਲਵਿੰਦਰ ਸਿੰਘ ਫੌਜੀ, ਭਾਈ ਸੁਖਬੀਰ ਸਿੰਘ, ਭਾਈ ਸਤਨਾਮ ਸਿੰਘ, ਭਾਈ ਹਰਪ੍ਰੀਤ ਸਿੰਘ ਅਤੇ ਭਾਈ ਗੁਰਵਿੰਦਰ ਸਿੰਘ ਵੱਲੋਂ ਬੱਚਿਆਂ ਦੇ ਖਾਣ ਪੀਣ ਲਈ ਲੋੜੀਂਦੀਆਂ ਵਸਤੂਆਂ ਦੀਆਂ ਹਰ ਰੋਜ਼ ਸੇਵਾਵਾਂ ਕੀਤੀਆਂ ਜਾਂਦੀਆਂ ਰਹੀਆਂ । ਸਿੱਖ ਜਗਤ ਦੇ ਨਾਮਵਰ ਪ੍ਰਚਾਰਕ ਭਾਈ ਪਲਵਿੰਦਰ ਸਿੰਘ ਅਜ਼ੀਜ਼ ਅਮਰੀਕਾ ਵਾਲਿਆਂ ਵੱਲੋਂ ਪ੍ਰੈਸ ਨਾਲ ਗੱਲਬਾਤ ਦੌਰਾਨ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਪਹਿਲਾਂ ਵਾਂਗ ਹੀ ਹਰੇਕ ਪ੍ਰਕਾਰ ਦਾ ਸਹਿਯੋਗ ਕਰਨ ਦਾ ਭਰੋਸਾ ਦਵਾਇਆ। ਇਸ ਕੈਂਪ ਨੂੰ ਸਫਲ ਬਣਾਉਣ ਵਿੱਚ ਸਰਬ ਕਲਿਆਣ ਸਤਨਾਮ ਟਰਸਟ ਤੇ ਅਧਿਆਪਕ ਮੈਡਮ ਗੁਰਬੀਰ ਕੌਰ ,ਉਹਨਾਂ ਦੇ ਸਹਾਇਕ ਮੈਡਮ ਰਜਿੰਦਰ ਕੌਰ, ਭਾਈ ਤਰਸੇਮ ਸਿੰਘ, ਭਾਈ ਕੁਲਦੀਪ ਸਿੰਘ ਕੇਪੀ ਵੱਲੋਂ ਹਰੇਕ ਪ੍ਰਕਾਰ ਦੀਆਂ ਸੇਵਾਵਾਂ ਨਿਭਾਉਣ ਵਿੱਚ ਆਪਣਾ ਯੋਗਦਾਨ ਪਾਇਆ ਗਿਆ ਜਿਨ੍ਹਾਂ ਦਾ ਸੋਸਾਇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਖਜਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ ਦਸਤਾਰ ਕੋਚ ਹਰਪ੍ਰੀਤ ਸਿੰਘ ਪੱਟੀ, ਹਰਜੀਤ ਸਿੰਘ ਲਹਿਰੀ, ਹਰਮਨਦੀਪ ਸਿੰਘ ਸੁਖਮਨਦੀਪ ਸਿੰਘ ਹੁਸਨਦੀਪ ਸਿੰਘ ਭਿੱਖੀਵਿੰਡ ਤੇ ਰਣਬੀਰ ਸਿੰਘ ਵੀਰਮ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਸਹਿਯੋਗੀ ਸੱਜਣਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਦਾ ਧੰਨਵਾਦ ਕੀਤਾ । ਪ੍ਰੋਗਰਾਮ ਵਿੱਚ ਜਰਮਨ ਤੋਂ ਉਚੇਚੇ ਤੌਰ 'ਤੇ ਭਾਈ ਗੁਰਜੰਟ ਸਿੰਘ ਬ੍ਰਹਮਪੁਰਾ ਅਤੇ ਭਾਈ ਗੁਰਜਿੰਦਰ ਸਿੰਘ ਚੰਬਾ ਨੇ ਹਾਜ਼ਰੀ ਲਵਾਈ। ਮੁਕਾਬਲਿਆਂ ਵਿੱਚ ਪਹੁੰਚੀਆਂ ਹੋਈਆਂ ਤਮਾਮ ਸ਼ਖ਼ਸੀਅਤਾਂ ਦਾ ਸਿਰਪਾਓ ਅਤੇ ਸ਼ੀਲਡਾਂ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਕਵੀਸ਼ਰੀ ਜਥੇ ਵੱਲੋਂ ਜੋਸ਼ ਭਰਪੂਰ ਕਵਿਤਾਵਾਂ ਕਵੀਸ਼ਰੀ ਦੇ ਰੂਪ ਵਿੱਚ ਪੇਸ਼ ਕੀਤੀਆਂ ਗਈਆਂ।ਅਖੀਰ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲਗਾਈ ਗਏ ਗੁਰੂ ਕੇ ਲੰਗਰ ਅਤੇ ਠੰਢੇ ਮਿੱਠੇ ਜਲ ਦਾ ਸੰਗਤਾਂ ਨੇ ਭਰਪੂਰਨ ਆਨੰਦ ਮਾਣਿਆ।

ਗੇਂਦਰ ਬਰਾਦਰੀ ਦੇ ਜਠੇਰਿਆਂ ਦਾ ਮੇਲਾ ਸ਼ਰਧਾ ਨਾਲ ਮਨਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਨਜ਼ਦੀਕ ਪੈਂਦੇ ਕਿਲਾ ਲਾਲ ਸਿੰਘ ਤੋਂ ਕਲਾਨੌਰ ਨੂੰ ਜਾਂਦਿਆਂ ਨਵਾਂ ਪਿੰਡ ਮਿਲਖੀਵਾਲ ਵਿਖੇ ਬਣੀ ਲੱਖ ਦਾਤਾ ਦੀ ਜਗ੍ਹਾ 'ਤੇ ਹਾੜ੍ਹ ਦੇ ਜੇਠੇ ਵੀਰਵਾਰ ਗੇਂਦਰ ਜਾਤ ਦੇ ਬ੍ਰਾਹਮਣ ਪਰਵਾਰਾਂ ਵਲੋਂ ਆਪਣੇ ਵੱਡ ਵਡੇਰਿਆਂ ਜਠੇਰਿਆਂ ਦਾ ਸਲਾਨਾ ਮੇਲਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ । ਇਸ ਮੌਕੇ ਲੱਖ ਦਾਤਾ ਜਗ੍ਹਾ ਦੇ ਮੁੱਖ ਸੇਵਾਦਾਰ ਪਵਨ ਕੁਮਾਰ ਸ਼ਰਮਾ (ਪੰਮਾ) ਨੇ ਸਮੂਹ ਗੇਂਦਰ ਪਰਵਾਰਾਂ ਨੂੰ ਨਾਲ ਲੈ ਕੇ ਬਾਬਾ ਲੱਖ ਦਾਤਾ ਦੀ ਜਗ੍ਹਾ ਤੇ ਚਾਦਰ ਚੜ੍ਹਾਈ ਤੇ ਨਾਗਾਂ ਦੀ ਜਗ੍ਹਾ ਕੱਚੀ ਲੱਸੀ ਚੜ੍ਹਾਉਣ ਤੋਂ ਬਾਅਦ ਜੋਤ ਜਗਾ ਕੇ ਪੂਜਾ ਅਰਚਨਾ ਕੀਤੀ ਅਤੇ ਲੰਗਰ ਭੰਡਾਰਾ ਲਗਾਇਆ ਗਿਆ ।ਇਸ ਮੌਕੇ ਗੇਂਦਰ ਪਰਵਾਰਾਂ ਨੇ ਆਪਣੇ ਬੱਚਿਆਂ ਸਮੇਤ ਬਾਬਾ ਲੱਖ ਦਾਤਾ ਦੀ ਜਗ੍ਹਾ 'ਤੇ ਬੜੀ ਸ਼ਰਧਾ ਤੇ ਪ੍ਰੇਮ ਨਾਲ ਪੂਜਾ ਅਰਚਨਾ ਕੀਤੀ ਤੇ ਪੀਰ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ ।

ਇਸ ਮੌਕੇ ਅਸ਼ੋਕ ਕੁਮਾਰ ਸ਼ਰਮਾ ਨਵਾਂ ਪਿੰਡ, ਪਵਨ ਕੁਮਾਰ ਸ਼ਰਮਾ, ਮਾਸਟਰ ਪ੍ਰਵੀਨ ਕੁਮਾਰ ਸ਼ਰਮਾ ਬਟਾਲਾ, ਜੱਗਪਾਲ ਸਿੰਘ, ਸੁਖਦੇਵ ਸਿੰਘ ਸੁੱਖਾ ਨਵਾਂ ਪਿੰਡ, ਗੁਰਮੀਤ ਰਾਏ ਗੁਰਦਾਸਪੁਰ, ਕੇਵਲ ਕਿਸ਼ੋਰ ਜਗਾਦਰੀ, ਪਵਿੱਤਰ ਮੋਹਨ ਸ਼ਰਮਾ ਜਗਾਦਰੀ, ਵਿਨੇ ਵਿਸ਼ਾਲ ਸ਼ਰਮਾ, ਚੇਤਨ ਸ਼ਰਮਾ ਬਟਾਲਾ, ਸਰਬਜੀਤ ਸਿੰਘ, ਰਾਜਨ ਕੁਮਾਰ, ਰਮੇਸ਼ ਸ਼ਰਮਾ ਡੇਰਾ, ਸੁਸ਼ੀਲ ਕੁਮਾਰ, ਸੁਨੀਲ ਕੁਮਾਰ ਛੇਹਰਟਾ, ਸੁਰਜੀਤ ਕੁਮਾਰ ਕਾਲਾ ਅਫ਼ਗਾਨਾ, ਰਾਜ ਕੁਮਾਰ ਅੰਮ੍ਰਿਤਸਰ, ਜੋਗਿੰਦਰ ਪਾਲ ਅੰਮ੍ਰਿਤਸਰ, ਕੁਲਦੀਪ ਸ਼ਰਮਾ ਧੋਲਪੁਰ, ਮਨੀ ਕੁਮਾਰ, ਸੰਨੀ ਕੁਮਾਰ, ਰਮੇਸ਼ ਕੁਮਾਰ, ਰਾਜਨ ਕੁਮਾਰ ਰਾਜਾ ਸਾਸੀ, ਦੀਪਕ ਕੁਮਾਰ ਰਾਜਾ ਸਾਸੀ, ਸੁਸ਼ੀਲ ਰਾਣੀ, ਸੰਤੋਸ਼ ਕੁਮਾਰੀ, ਕਾਜਲ ਕੁਮਾਰੀ, ਅਮਨਜੋਤ ਸ਼ਰਮਾ ਧਿਆਨਪੁਰ, ਦੀਪਕ ਸ਼ਰਮਾ ਫਤਿਹਗੜ੍ਹ ਚੂੜੀਆਂ, ਵਿਸ਼ਵਾ ਮਿੱਤਰ ਸ਼ੇਖੂਪੁਰ, ਸੰਦੀਪ ਸ਼ਰਮਾ ਚੰਡੀਗੜ੍ਹ, ਮਹਿੰਦਰਪਾਲ ਜੰਡਿਆਲਾ, ਤੇਜਿੰਦਰ ਪਾਲ ,ਹਰਜਿੰਦਰ ਪਾਲ ਸ਼ਰਮਾ, ਰਾਜਨ ਸ਼ਰਮਾ, ਯੋਤਿਨ ਸ਼ਰਮਾ ਤਰਨ ਤਾਰਨ, ਰਵੀ ਭੂਸ਼ਨ ਬੱਬੂ ਧਾਰੀਵਾਲ, ਸੁਰਿੰਦਰ ਕੁਮਾਰ ਸ਼ਰਮਾ ਕਿਲ੍ਹਾ ਲਾਲ ਸਿੰਘ, ਸਾਂਝ ਜੋਸ਼ੀ, ਸਤੀਸ਼ ਕੁਮਾਰ ਸ਼ਰਮਾ ਡੇਰਾ ਤੋਂ ਇਲਾਵਾ ਗੇਂਦਰ ਜਾਤ ਦੇ ਬ੍ਰਾਹਮਣ ਪਰਵਾਰ ਵੱਡੀ ਗਿਣਤੀ ਵਿਚ ਹਾਜ਼ਰ ਸਨ ।

ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਆਨਲਾਈਨ ਰਜਿਸਟ੍ਰੇਸ਼ਨ ਅਪਲਾਈ ਕਰਨ ਦੀ ਆਖਰੀ ਮਿਤੀ 31 ਜੁਲਾਈ

ਧਾਰੀਵਾਲ (ਮਨਦੀਪ ਵਿੱਕੀ) -ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ (ਪੀ.ਐਮ.ਆਰ.ਬੀ.ਪੀ) ਲਈ ਆਨਲਾਈਨ ਰਜਿਸਟ੍ਰੇਸ਼ਨ ਅਪਲਾਈ ਕਰਨ ਦੀ ਆਖਰੀ ਮਿਤੀ 31 ਜੁਲਾਈ 2026 ਤੈਅ ਕੀਤੀ ਗਈ ਹੈ। ਇਹ ਪੁਰਸਕਾਰ ਹਰ ਸਾਲ 5 ਤੋਂ 18 ਸਾਲ ਤੱਕ ਦੇ ਉਹਨਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ, ਜਿਨ੍ਹਾਂ ਦੇ ਬਹਾਦਰੀ, ਆਸਧਾਰਨ ਪ੍ਰਤਿਭਾ ਅਤੇ ਸ਼ਲਾਘਾਯੋਗ ਪ੍ਰਾਪਤੀਆਂ ਰਾਹੀਂ ਸਮਾਜ ਵਿੱਚ ਪ੍ਰੇਰਨਾ ਦਾ ਇੱਕ ਉਦਾਹਰਨ ਪੇਸ਼ ਕੀਤੀ ਹੋਵੇ। ਇਹ ਪੁਰਸਕਾਰ ਖੇਡਾਂ, ਸਮਾਜ ਸੇਵਾ ਵਿਗਿਆਨ ਅਤੇ ਤਕਨੀਕੀ, ਵਾਤਾਵਰਨ, ਕਲਾ ਅਤੇ ਸੱਭਿਆਚਾਰ ਤੇ ਨਵੀਨਤਾ ਵਰਗੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਦਿੱਤਾ ਜਾਣਾ ਹੈ। ਇਸ ਵਿੱਚ ਭਾਰਤ ਦਾ ਕੋਈ ਵੀ ਯੋਗ ਬੱਚਾ ਅਰਜ਼ੀ ਦੇ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਅਧਿਕਾਰਿਤ ਪੋਰਟਲ (https://awards.gov.in) 'ਤੇ ਆਨਲਾਈਨ ਰਜਿਸਟ੍ਰੇਸ਼ਨ ਕਰਨ ਲਈ ਆਮ ਜਨਤਾ ਕੋਲ ਮੰਗ ਕੀਤੀ ਜਾਂਦੀ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਗੁਰਦਾਸਪੁਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰਬਰ 218 ਬਲਾਕ -ਏ ਗੁਰਦਾਸਪੁਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

ਬਟਾਲਾ ਵਿਖੇ ਸਪੈਸ਼ਲ ਇੰਟੈਂਸਿਵ ਰਵੀਜ਼ਨ ਲਈ ਵਿਧਾਨ ਸਭਾ ਪੱਧਰ 'ਤੇ ਟ੍ਰੇਨਿੰਗ ਪ੍ਰੋਗਰਾਮ

ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉੱਪਲ ਦੇ ਦਿਸ਼ਾ- ਨਿਰਦੇਸ਼ਾਂ ਹੇਠ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਹਲਕਿਆਂ ਵਿੱਚ ਸਪੈਸ਼ਲ ਇੰਟੈਂਸਿਵ ਰਵੀਜ਼ਨ ਦੀ ਟ੍ਰੇਨਿੰਗ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ। ਜਿਸ ਦੇ ਚਲਦਿਆਂ ਸ਼ਿਵ ਕੁਮਾਰ ਬਟਾਲਵੀ ਆਡੋਟੋਰੀਅਮ ਬਟਾਲਾ ਵਿਖੇ ਸਪੈਸ਼ਲ ਇੰਟੈਂਸਿਵ ਰਵੀਜਨ (ਐਸ.ਆਈ.ਆਰ) ਲਈ ਟ੍ਰੇਨਿੰਗ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਤਹਿਸੀਲਦਾਰ ਬਟਾਲਾ ਅਰਜਨ ਸਿੰਘ ਗਰੇਵਾਲ, ਜ਼ਿਲ੍ਹਾ ਸਿੱਖਿਆ ਅਫਸਰ ਰਾਜੇਸ਼ ਸ਼ਰਮਾ, ਗੁਰਮੀਤ ਸਿੰਘ ਭੋਮਾ, ਜਸਬੀਰ ਸਿੰਘ ਅਤੇ ਜਗਦੀਪ ਸਿੰਘ ਅਸੈਬਲੀ ਲੈਵਲ ਮਾਸਟਰ ਟ੍ਰੇਨਰ, ਪ੍ਰਭਨੂਰ ਸਿੰਘ ਐਸ ਡੀ ਓ, ਗਗਨਜੀਤ ਸਿੰਘ, ਬੀ.ਐਲ,ਓ ਅਤੇ ਬਲਾਕ ਲੈਵਲ ਏਜੰਟ ਹਾਜ਼ਰ ਸਨ।ਇਸ ਮੌਕੇ ਤਹਿਸੀਲਦਾਰ ਅਰਜਨ ਸਿੰਘ ਗਰੇਵਾਲ ਨੇ ਦੱਸਿਆ ਕਿ ਐਸ.ਆਈ.ਆਰ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਆਦਿੱਤਿਆ ਉੱਪਲ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਤਿਆਰ ਹੈ ਅਤੇ ਇਸ ਕਾਰਜ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਪੱਧਰੀ ਮਾਸਟਰ ਟ੍ਰੇਨਰਾਂ ਵੱਲੋਂ ਐਸ.ਆਈ.ਆਰ. ਦੇ ਵੱਖ-ਵੱਖ ਪਹਿਲੂਆਂ ਬਾਰੇ ਟ੍ਰੇਨਿੰਗ ਪ੍ਰੋਗਰਾਮ ਕਰਵਾਇਆ ਗਿਆ ਹੈ।ਇਸ ਮੌਕੇ ਜਸਬੀਰ ਸਿੰਘ ਅਤੇ ਜਗਦੀਪ ਸਿੰਘ ਅਸੈਬਲੀ ਲੈਵਲ ਮਾਸਟਰ ਟ੍ਰੇਨਰ ਵੱਲੋਂ ਬੂਥ ਲੈਵਲ ਅਫਸਰ ਅਤੇ ਬਲਾਕ ਲੈਵਲ ਏਜੰਟਾਂ ਨੂੰ ਐਸ.ਆਈ.ਆਰ. ਸਬੰਧੀ ਬਾਰੀਕੀ ਨਾਲ ਜਾਣਕਾਰੀ ਦਿੱਤੀ ਗਈ।ਉਨ੍ਹਾਂ ਨੇ ਦੱਸਿਆ ਕਿ 25 ਜੂਨ ਤੋਂ 24 ਜੁਲਾਈ ਤੱਕ ਬੂਥ ਲੈਵਲ ਅਫ਼ਸਰਾਂ ਵੱਲੋਂ ਘਰ-ਘਰ ਜਾ ਕੇ ਗਿਣਤੀ ਅਤੇ ਅਨੁਮੀਰੇਸ਼ਨ ਫਾਰਮਾਂ ਦੀ ਵੰਡ ਅਤੇ ਇਕੱਤਰ ਕਰਨ ਦਾ ਕੰਮ ਕੀਤਾ ਜਾਵੇਗਾ। 3, ਅਗਸਤ ਨੂੰ ਡਰਾਫਟ ਵੋਟਰ ਸੂਚੀ ਪ੍ਰਕਾਸ਼ਿਤ ਕੀਤੀ ਜਾਵੇਗੀ। 3 ਅਗਸਤ ਤੋਂ 2 ਸਤੰਬਰ ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ, ਜਿਨ੍ਹਾਂ ਦਾ ਨਿਪਟਾਰਾ 28 ਸਤੰਬਰ ਤੱਕ ਕੀਤਾ ਜਾਵੇਗਾ ਅਤੇ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 1 ਅਕਤੂਬਰ ਨੂੰ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ ਦੌਰਾਨ ਬੀ.ਐਲ.ਓ. ਹਰ ਘਰ ਤੱਕ ਪਹੁੰਚ ਕਰਨਗੇ।

ਦੋ ਚੋਰ ਗ੍ਰਿਫਤਾਰ, ਸਮਾਨ ਬਰਾਮਦ

ਅਲਾਵਲਪੁਰ (ਮਦਨ ਬੰਗੜ)- ਅਲਾਵਲਪੁਰ ਦੇ ਮੁਹੱਲਾ ਪਾਂਧਿਆ ਵਿੱਚ ਹੋਈ ਚੋਰੀ ਦੇ ਮਾਮਲੇ ਵਿੱਚ ਪੁਲਿਸ ਨੂੰ ਪੀੜਤਾ ਵਲੋਂ ਦਿੱਤੀ ਸ਼ਿਕਾਇਤ ਦੇ ਅਧਾਰ ਤੇ ਮਾਮਲੇ ਵਿੱਚ ਨਾਮਜ਼ਦ ਦੋਸ਼ੀ ਹਰਸ਼ ਮਹਿਰਾ ਉਰਫ ਡੇਲਾ ਪੁੱਤਰ ਰਾਜੇਸ਼ ਕੁਮਾਰ ਅਲਾਵਲਪੁਰ, ਹਨੀ ਉਰਫ਼ ਰੈਤਾ ਨੂੰ ਗ੍ਰਿਫ਼ਤਾਰ ਕਰਕੇ ਉਸ ਤੋਂ ਚੋਰੀ ਕੀਤਾ ਸਮਾਨ ਬਰਾਮਦ ਕੀਤਾ ਹੈ।

ਜਾਣਕਾਰੀ ਅਨੁਸਾਰ 8 ਜੂਨ ਨੂੰ ਅਸ਼ਵਨੀ ਕੁਮਾਰ ਅਤੇ ਉਸ ਦੇ ਭਰਾ ਰੇਵਤੀ ਕੁਮਾਰ ਦੇ ਘਰਾਂ ਦੇ ਤਾਲੇ ਤੋੜ ਕੇ ਗੈਸ ਸਿਲੰਡਰ, ਸੋਨੇ ਦੀਆਂ ਮੁੰਦਰੀਆਂ, ਤੋਸ਼ੀਬਾ ਕੰਪਨੀ ਦੀ ਐੱਲ ਸੀ ਡੀ, ਲੂਮੀਨਸ ਇਨਵਰਟਰ ਦੀ ਬੈਟਰੀ ਸਮੇਤ ਹੋਰ ਸਮਾਨ ਚੋਰੀ ਕੀਤਾ ਗਿਆ ਸੀ। ਇਸ ਤੋਂ ਇਲਾਵਾ 13 ਜੂਨ ਨੂੰ ਗੁਆਂਢੀ ਸੁਖਦੇਵ ਕੁਮਾਰ ਦੇ ਘਰ ਵੀ ਤਾਲੇ ਤੋੜਨ ਦੀ ਕੋਸ਼ਿਸ਼ ਕੀਤੀ ਗਈ ਸੀ। ਜਾਂਚ ਦੌਰਾਨ ਹਰਸ਼ ਮਹਿਰਾ ਉਰਫ ਡੇਲਾ ਪੁੱਤਰ ਰਾਜੇਸ਼ ਕੁਮਾਰ ਅਲਾਵਲਪੁਰ ਅਤੇ ਹਨੀ ਉਰਫ਼ ਰੈਤਾ ਨੇ ਪੁੱਛਗਿੱਛ ਵਿੱਚ ਖੁਲਾਸਾ ਕੀਤਾ, ਜਿਸ ਤੋਂ ਬਾਅਦ ਉਹਨਾਂ ਦੀ ਨਿਸ਼ਾਨਦੇਹੀ 'ਤੇ ਬਿਆਸ ਪਿੰਡ ਰੋਡ ਨੇੜੇ ਸ਼ਮਸ਼ਾਨਘਾਟ ਤੋਂ ਡੱਡੂ ਕਲੋਨੀ ਨੂੰ ਜਾਂਦੀ ਸੜਕ ਕਿਨਾਰੇ ਝਾੜੀਆਂ ਵਿੱਚ ਲੁਕਾ ਕੇ ਰੱਖੀਆਂ ਦੋ ਬੋਰੀਆਂ ਵਿੱਚੋਂ ਤੋਸ਼ੀਬਾ ਐੱਲ ਸੀ ਡੀ ਤੇ ਲੂਮੀਨਸ ਇਨਵਰਟਰ ਦੀ ਬੈਟਰੀ ਬਰਾਮਦ ਕੀਤੀ ਗਈ। ਪੁਲਿਸ ਨੇ ਬਰਾਮਦ ਸਮਾਨ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਦੋਸ਼ੀ ਦੀ ਨਿਸ਼ਾਨਦੇਹੀ 'ਤੇ ਹੋਰ ਖੋਹੇ ਗਏ ਮੋਬਾਈਲ ਫੋਨ ਅਤੇ ਹੋਰ ਚੋਰੀ ਦਾ ਸਮਾਨ ਬਰਾਮਦ ਕਰਨਾ ਬਾਕੀ ਹੈ। ਨਾਲ ਹੀ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਦੋਸ਼ੀਆਂ ਨੇ ਇਲਾਕੇ ਵਿੱਚ ਹੋਰ ਕਿੰਨੀਆਂ ਚੋਰੀਆਂ ਅਤੇ ਲੁੱਟਾਂ -ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਹੈ।

ਐੱਨ ਸੀ ਸੀ ਕੈਡਿਟਾਂ ਨੂੰ ਯੂ ਕੇ ਤੇ ਪੇਰੂ 'ਚ ਭਾਰਤ ਦੀ ਨੁਮਾਇੰਦਗੀ ਲਈ ਚੁਣਿਆ

ਜਲੰਧਰ (ਸੈਲੀ ਐਲਬਰਟ)- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਦੋ ਕੈਡਿਟਾਂ ਨੇ ਭਾਰਤ ਸਰਕਾਰ ਦੇ ਰੱਖਿਆ ਮੰਤਰਾਲੇ ਅਧੀਨ ਨੈਸ਼ਨਲ ਕੈਡੇਟ ਕੋਰ (ਐੱਨ ਸੀ ਸੀ) ਦੇ ਵੱਕਾਰੀ 'ਯੂਥ ਐਕਸਚੇਂਜ ਪ੍ਰੋਗਰਾਮ (ਵਾਈ ਏ ਈ ਪੀ) 2026' ਲਈ ਚੁਣੇ ਜਾ ਕੇ ਯੂਨੀਵਰਸਿਟੀ ਅਤੇ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ। ਚੁਣੇ ਗਏ ਕੈਡਿਟਾਂ-ਸਕਸ਼ਮ ਸ਼ਰਮਾ (ਬੀ ਟੈਕ ਸੀ ਐਸ ਈ ਵਿਦਿਆਰਥੀ) ਅਤੇ ਅਮੋਦ ਕੁਮਾਰ ਸਿੰਘ (ਬੀ ਟੈਕ ਸੀ ਐਸ ਈ ਵਿਦਿਆਰਥੀ)- ਅਧਿਕਾਰਤ ਐੱਨ ਸੀ ਸੀ ਯੁਵਾ ਪ੍ਰਤੀਨਿਧ ਮੰਡਲਾਂ ਦੇ ਹਿੱਸੇ ਵਜੋਂ ਯੂਨਾਈਟਿਡ ਕਿੰਗਡਮ ਤੇ ਪੇਰੂ ਵਿੱਚ ਭਾਰਤ ਦੀ ਨੁਮਾਇੰਦਗੀ ਕਰਨਗੇ। 'ਯੂਥ ਐਕਸਚੇਂਜ ਪ੍ਰੋਗਰਾਮ' ਐਨ ਸੀ ਸੀ ਦੇ ਸਭ ਤੋਂ ਵੱਕਾਰੀ ਅੰਤਰਰਾਸ਼ਟਰੀ ਪਹਿਲਕਦਮੀਆਂ ਵਿੱਚੋਂ ਇੱਕ ਹੈ, ਜੋ ਸ਼ਾਨਦਾਰ ਕੈਡਿਟਾਂ ਨੂੰ ਭਾਰਤ ਦੇ ਯੁਵਾ ਰਾਜਦੂਤ ਵਜੋਂ ਸੇਵਾ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਸੱਭਿਆਚਾਰਕ ਆਦਾਨ-ਪ੍ਰਦਾਨ, ਲੀਡਰਸ਼ਿਪ ਗਤੀਵਿਧੀਆਂ, ਵਿਦਿਅਕ ਟੂਰ ਅਤੇ ਅੰਤਰਰਾਸ਼ਟਰੀ ਸਹਿਯੋਗ ਰਾਹੀਂ, ਇਹ ਪ੍ਰੋਗਰਾਮ ਭਾਗ ਲੈਣ ਵਾਲੇ ਦੇਸ਼ਾਂ ਵਿਚਕਾਰ ਆਪਸੀ ਸਮਝ ਅਤੇ ਦੋਸਤੀ ਨੂੰ ਮਜ਼ਬੂਤ ??ਕਰਦਾ ਹੈ, ਨਾਲ ਹੀ ਕੈਡਿਟਾਂ ਨੂੰ ਕੀਮਤੀ ਗਲੋਬਲ ਐਕਸਪੋਜ਼ਰ ਵੀ ਪ੍ਰਦਾਨ ਕਰਦਾ ਹੈ।ਯੂਥ ਐਕਸਚੇਂਜ ਪ੍ਰੋਗਰਾਮ ਲਈ ਚੋਣ ਨੈਸ਼ਨਲ ਕੈਡੇਟ ਕੋਰ ਦੇ ਅੰਦਰ ਸਭ ਤੋਂ ਸਖ਼ਤ ਅਤੇ ਪ੍ਰਤੀਯੋਗੀ ਮੌਕਿਆਂ ਵਿੱਚੋਂ ਇੱਕ ਹੈ। ਕੈਡਿਟਾਂ ਨੂੰ ਵਧਾਈ ਦਿੰਦੇ ਹੋਏ ਐੱਲ ਪੀ ਯੂ ਦੀ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਨੇ ਕਿਹਾ, 'ਜਦੋਂ ਨੌਜਵਾਨ ਆਪਣੇ ਆਰਾਮ ਖੇਤਰ ਤੋਂ ਬਾਹਰ ਨਿਕਲਦੇ ਹਨ ਅਤੇ ਲਗਾਤਾਰ ਅੱਗੇ ਵਧਣ ਦਾ ਸੰਕਲਪ ਲੈਂਦੇ ਹਨ, ਤਾਂ ਉਹ ਨਾ ਸਿਰਫ਼ ਇੱਕ ਸੰਸਥਾ ਸਗੋਂ ਪੂਰੇ ਦੇਸ਼ ਦੀ ਸ਼ਾਨਦਾਰ ਪ੍ਰਤੀਨਿਧਤਾ ਕਰਨ ਦੇ ਯੋਗ ਹੁੰਦੇ ਹਨ।'

ਐਡਵੋਕੇਟ ਰਜਿੰਦਰ ਮੰਡ ਦੇ ਸਦੀਵੀ ਵਿਛੋੜੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਅਤੇ ਨਵਾਂ ਜ਼ਮਾਨਾ ਦੇ ਟਰੱਸਟੀ ਐਡਵੋਕੇਟ ਰਜਿੰਦਰ ਮੰਡ ਸਪੁੱਤਰ ਕਾਮਰੇਡ ਗੁਰਮੀਤ ਸਿੰਘ ਸ਼ੁਗਲੀ ਕੁੱਝ ਦਿਨ ਬਿਮਾਰ ਰਹਿਣ ਤੋਂ ਬਾਅਦ ਲੁਧਿਆਣਾ ਦੇ ਇੱਕ ਨਿੱਜੀ ਹਸਪਤਾਲ ਵਿੱਚ ਸਦੀਵੀ ਵਿਛੋੜਾ ਦੇ ਗਏ ਹਨ। ਐਡਵੋਕੇਟ ਰਜਿੰਦਰ ਮੰਡ ਦੀ ਦੁਖਦਾਈ ਮੌਤ 'ਤੇ ਸਮੁੱਚੇ ਪਰਵਾਰ ਅਤੇ ਸਮੂਹ ਸਨੇਹੀਆਂ ਨਾਲ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਯੂਨੀਅਨ ਸੰਬੰਧਤ ਏਟਕ ਦੇ ਸੂਬਾਈ ਚੇਅਰਮੈਨ ਗੁਰਦੀਪ ਸਿੰਘ ਮੋਤੀ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ, ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਅਤੇ ਮੁੱਖ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ, ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਦੀਦਾਰ ਸਿੰਘ ਮੰਡ, ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ ਨੇ ਕਿਹਾ ਕਿ ਲਗਭਗ ਇੱਕ ਸਾਲ ਪਹਿਲਾਂ ਐਡਵੋਕੇਟ ਰਜਿੰਦਰ ਮੰਡ ਦੇ ਸਤਿਕਾਰਯੋਗ ਪਿਤਾ ਅਤੇ ਨਵਾਂ ਜ਼ਮਾਨਾ ਦੇ ਟਰੱਸਟੀ ਕਾਮਰੇਡ ਗੁਰਮੀਤ ਸਿੰਘ ਸ਼ੁਗਲੀ ਸਦੀਵੀ ਵਿਛੋੜਾ ਦੇ ਗਏ ਸਨ।ਪਰਵਾਰ ਅਤੇ ਸਮੂਹ ਸੰਗੀ ਸਾਥੀਆਂ ਨੇ ਉਹਨਾਂ ਦਾ ਪਹਿਲਾ ਬਰਸੀ ਸਮਾਗਮ ਇਸ ਮਹੀਨੇ ਦੀ ਪੰਜ ਤਰੀਕ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਆਗੂਆਂ ਨੇ ਅੱਗੇ ਕਿਹਾ ਕਿ ਐਡਵੋਕੇਟ ਰਜਿੰਦਰ ਮੰਡ ਆਪਣੇ ਵਿਦਿਆਰਥੀ ਜੀਵਨ ਤੋਂ ਹੀ ਲੋਕ ਪੱਖੀ ਲਹਿਰਾਂ ਨਾਲ ਜੁੜ ਗਏ ਸਨ ਅਤੇ ਉਹਨਾਂ ਨੇ ਕਈ ਸਾਲ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਪੰਜਾਬ ਦੇ ਸੂਬਾਈ ਜਨਰਲ ਸਕੱਤਰ ਵਜੋਂ ਅਤੇ ਬਾਅਦ ਵਿੱਚ ਕਾਫੀ ਸਮਾਂ ਪਹਿਲਾਂ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਜਲੰਧਰ ਦੇ ਸਕੱਤਰ ਵਜੋਂ ਸ਼ਾਨਦਾਰ ਸੇਵਾਵਾਂ ਨਿਭਾਈਆਂ। ਉਹਨਾਂ ਵੱਲੋਂ ਪਾਰਟੀ ਪ੍ਰਤੀ ਕੀਤੇ ਕਾਰਜਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਆਗੂਆਂ ਨੇ ਅੱਗੇ ਕਿਹਾ ਕਿ ਐਡਵੋਕੇਟ ਰਜਿੰਦਰ ਮੰਡ ਦਾ ਵਿਛੋੜਾ ਇਕੱਲੇ ਪਰਿਵਾਰ ਲਈ ਨਹੀਂ ਸਗੋਂ ਸਮੁੱਚੇ ਸਮਾਜ ਲਈ ਨਾ ਪੂਰਿਆ ਜਾਣ ਵਾਲਾ ਘਾਟਾ ਹੈ।

ਹੈਰੋਇਨ ਸਮੇਤ ਇੱਕ ਕਾਬੂ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਸੀਨੀਅਰ ਕਪਤਾਨ ਪੁਲਿਸ ਕਪਤਾਨ ਮਨਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡੀ ਐਸ ਪੀ ਗੁਰਜੀਤ ਸਿੰਘ ਦੀ ਰਹਿਨੁਮਾਈ ਹੇਠ ਪੁਲਿਸ ਥਾਣਾ ਸਿਟੀ ਮੋਰਿੰਡਾ ਦੀ ਪੁਲਿਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਵੱਡੀ ਕਾਮਯਾਬੀ ਹਾਸਲ ਹੋਈ ਹੈ। ਪੁਲਿਸ ਸੂਤਰਾਂ ਅਨੁਸਾਰ 13 ਜੂਨ ਨੂੰ ਮੋਰਿੰਡਾ ਪੁਲਿਸ ਵੱਲੋਂ ਸਿਟੀ ਥਾਣਾ ਮੋਰਿੰਡਾ ਦੇ ਮੁੱਖੀ ਇੰਸਪੈਕਟਰ ਗਗਨਦੀਪ ਸਿੰਘ ਦੀ ਅਗਵਾਈ ਹੇਠ ਇਲਾਕੇ ਵਿੱਚ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ। ਤਲਾਸ਼ੀ ਲੈਣ 'ਤੇ ਉਸ ਕੋਲੋਂ 50 ਗਰਾਮ ਹੈਰੋਇਨ ਬਰਾਮਦ ਕੀਤੀ ਗਈ।ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਦੀ ਪਹਿਚਾਣ ਮਨਪ੍ਰੀਤ ਸਿੰਘ ਪੁੱਤਰ ਹਰਦੇਵ ਸਿੰਘ ਵਾਸੀ ਚੀਮਾ ਖੁਰਦ ਥਾਣਾ ਵਲਟੋਹਾ ਜੋ ਕਿ ਇਸ ਸਮੇਂ ਜ਼ਿਲਾ ਮੋਹਾਲੀ ਦੇ ਇਕ ਪਿੰਡ ਵਿਚ ਰਹਿੰਦਾ ਦਸਿਆ ਜਾਂਦਾ ਹੈ। ਮੋਰਿੰਡਾ ਪੁਲਿਸ ਨੇ ਇਸ ਸਬੰਧੀ ਦੋਸ਼ੀ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਹਰਜੋਤ ਲੋਹਟੀਆ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ

ਫਿਲੌਰ, (ਨਿਰਮਲ)- ਆਮ ਆਦਮੀ ਪਾਰਟੀ ਦੀ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੇ ਸ਼ਿਰਕਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੁਸ਼ਕਲਾਂ ਨੂੰ ਧਿਆਨ ਨਾਲ ਸੁਣਿਆ। ਇਸ ਮੌਕੇ ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ ਅਤੇ ਹਰ ਨਾਗਰਿਕ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਮੀਟਿੰਗ ਦੌਰਾਨ ਉਠਾਏ ਗਏ ਮੁੱਦੇ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰ ਕੇ ਜਲਦ ਤੋਂ ਜਲਦ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਵਲੰਟੀਅਰਾ ਅਤੇ ਹਲਕਾ ਵਾਸੀਆਂ ਨੇ ਮੈਡਮ ਹਰਜੋਤ ਕੌਰ ਲੋਹਟੀਆ ਨੇ ਆਪਣੀਆਂ ਸਮੱਸਿਆਵਾਂ ਸੁਣਨ ਲਈ ਹਰਜੋਤ ਕੌਰ ਲੋਹਟੀਆ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਤੇ ਬਲਾਕ ਪ੍ਰਧਾਨ ਹਰਦੀਪ ਸਿੰਘ ਗੋਹਾਵਰ, ਪਰਮਜੀਤ ਕੌਰ ਸਰਪੰਚ ਚਚਰਾੜੀ,ਪ੍ਰਧਾਨ ਹਰਮੇਸ਼ ਲਾਲ ਚੌਹਾਨ, ਚੇਅਰਮੈਨ ਰੋਸ਼ਨ ਲਾਲ ਰੋਸ਼ੀ, ਵਰਿੰਦਰ ਸੈਣੀ, ਐਮ ਸੀ ਰਾਹੁਲ ਪੁੰਜ, ਮਨੋਤਾਂ, ਤਰਲੋਕ ਸਿੰਘ ਵਿਰਕ, ਗਗਨਦੀਪ, ਗੌਰਵ ਬਾਵਾ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ ਤੇ ਸਮੂਹ ਗ੍ਰਾਮ ਪੰਚਾਇਤ ਤੇ ਵੱਡੀ ਗਿਣਤੀ ਵਿੱਚ ਬੀਬੀਆਂ ਹਾਜਰ ਸਨ।

ਪ੍ਰਵਾਸੀ ਮਹਿਲਾ ਨੇ ਗੁਰਦੁਆਰਾ ਸਾਹਿਬ ਵਿਖੇ ਗੁਟਕਾ ਸਾਹਿਬ ਦੇ ਅੰਗ ਪਾੜ ਕੇ ਕੀਤੀ ਬੇਅਦਬੀ, ਮਾਮਲਾ ਦਰਜ

ਕਿਸ਼ਨਗੜ੍ਹ (ਸੁਖਜੀਤ ਕੁਮਾਰ)- ਨਜ਼ਦੀਕੀ ਪਿੰਡ ਸੰਘਵਾਲ ਵਿਖੇ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਮੰਦਿਰ ਵਿਖੇ ਇੱਕ ਪ੍ਰਵਾਸੀ ਮਹਿਲਾ ਵੱਲੋਂ ਸ਼ਾਮ ਨੂੰ ਗੁਰਦੁਆਰਾ ਸਾਹਿਬ ਵਿਖੇ ਦਾਖਲ ਹੋ ਕੇ ਗੁਟਕਾ ਸਾਹਿਬ ਦੇ ਅੰਗ ਪਾੜ ਕੇ ਬੇਅਦਬੀ ਕਰਨ ਦਾ ਮਾਮਲਾ ਸਾਹਮਣੇ ਆਇਆ।ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਅਸ਼ੋਕ ਕੁਮਾਰ ਨੇ ਦੱਸਿਆ ਕਿ ਸ਼ਾਮ 7 ਵਜੇ ਦੇ ਕਰੀਬ ਗੁਰੂ ਰਵਿਦਾਸ ਧਰਮਸ਼ਾਲਾ ਮੰਦਿਰ 'ਚ ਰਹਿਰਾਸ ਪਾਠ ਕਰਨ ਤੋਂ ਬਾਅਦ ਪਾਠੀ ਸਿੰਘ ਕਮਲਜੀਤ ਸਿੰਘ ਉੱਪਰਲੀ ਬਿਲਡਿੰਗ ਤੋਂ ਥੱਲੇ ਬਾਥਰੂਮ ਕਰਨ ਲਈ ਥੱਲੇ ਆ ਗਿਆ ਤੇ ਦੋ ਬੱਚੇ ਗੁਟਕਾ ਸਾਹਿਬ ਤੋਂ ਪਾਠ ਸਿੱਖਣ ਲਈ ਪਾਠ ਕਰ ਰਹੇ ਸਨ। ਏਨੇ ਨੂੰ ਇੱਕ ਅਣਪਛਾਤੀ ਮਹਿਲਾ ਉੱਪਰਲੇ ਹਾਲ ਵਿੱਚ ਆਈ ਤੇ ਅਚਾਨਕ ਬੱਚੇ ਡਰ ਗਏ ਤੇ ਬੱਚੇ ਡਰ ਦੇ ਮਾਰੇ ਇੱਕ ਸਾਈਡ ਤੇ ਹੋ ਗਏ ਤੇ ਉਕਤ ਮਹਿਲਾ ਵੱਲੋਂ ਇੱਕ ਗੁਟਕਾ ਸਾਹਿਬ ਦੇ ਦੋ ਅੰਗਾਂ ਨੂੰ ਪਾੜ ਕੇ ਨੁਕਸਾਨ ਪਹੁੰਚਾਇਆ ਗਿਆ।ਏਨੇ ਨੂੰ ਪਾਠੀ ਸਿੰਘ ਵੀ ਆ ਗਿਆ ਤੇ ਉਸ ਅਣਪਛਾਤੀ ਔਰਤ ਨੂੰ ਫੜ ਲਿਆ ਤੇ ਮੁਹੱਲਾ ਨਿਵਾਸੀਆਂ ਤੇ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਮੈਂਬਰਾਂ ਨੂੰ ਮੌਕੇ ਤੇ ਬੁਲਾ ਕੇ ਪੁਲਿਸ ਚੌਕੀ ਕਿਸ਼ਨਗੜ੍ਹ ਦੇ ਹਵਾਲੇ ਕਰ ਦਿੱਤਾ ਗਿਆ।ਇਸ ਸਬੰਧੀ ਥਾਣਾ ਕਰਤਾਰਪੁਰ ਦੇ ਐਸਐਚਓ ਰਮਨਦੀਪ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਬੇਅਦਬੀ ਕਰਨ ਵਾਲੀ ਮਹਿਲਾ ਰਾਧਿਕਾ ਨਿਵਾਸੀ ਬਿਹਾਰ ਨੂੰ ਗ੍ਰਿਫਤਾਰ ਕਰਕੇ ਉਸ ਤੇ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਜਾਂਚ ਕੀਤੀ ਜਾ ਰਹੀ ਹੈ।

ਆਈ ਟੀ ਆਈ ਗਰਾਊਂਡ ਨੂੰ ਠੀਕ ਕਰਵਾਉਣ ਲਈ ਡੀ ਸੀ ਨੂੰ ਦਿੱਤਾ ਮੰਗ ਪੱਤਰ

ਬੰਗਾ (ਅਵਤਾਰ ਕਲੇਰ)- ਪੰਜਾਬ ਸਟੂਡੈਂਟਸ ਯੂਨੀਅਨ ਦੀ ਅਗਵਾਈ ਹੇਠ ਸ਼ਹਿਰ ਦੀ ਆਈ ਟੀ ਆਈ ਦੀ ਗਰਾਊਂਡ ਵਿੱਚ ਅਭਿਆਸ ਕਰਨ ਲਈ ਆਉਂਦੇ ਵਿਦਿਆਰਥੀ-ਨੌਜਵਾਨ ਗਰਾਊਂਡ ਦੀਆਂ ਸਮੱਸਿਆਵਾਂ ਦੇ ਹੱਲ ਲਈ ਤੀਸਰੀ ਵਾਰ ਡਿਪਟੀ ਕਮਿਸ਼ਨਰ ਨੂੰ ਮਿਲੇ।ਜ਼ਿਕਰਯੋਗ ਹੈ ਕਿ ਗਰਾਊਂਡ 'ਚ ਵੱਖ-ਵੱਖ ਭਰਤੀਆਂ ਵਿੱਚ ਨੌਕਰੀ ਲੈਣ ਲਈ, ਸਰੀਰਕ ਕਸਰਤ ਕਰਨ ਲਈ, ਜਿਸ ਵਿੱਚ ਸ਼ਹਿਰ ਵਾਸੀਆਂ ਤੋਂ ਇਲਾਵਾ ਬੱਚੇ ਅਤੇ ਬਜ਼ੁਰਗ ਰੋਜ਼ਾਨਾ ਹੀ ਆਉਂਦੇ ਹਨ। ਗਰਾਊਂਡ ਦੇ ਟਰੈਕ ਦੀ ਹਾਲਤ ਐਨੀ ਮਾੜੀ ਹੈ ਕਿ ਦੌੜ ਲਗਾਉਂਦੇ ਸਮੇਂ ਅਣ-ਸੁਖਾਵੀਂ ਘਟਨਾ ਵਾਪਰ ਸਕਦੀ ਹੈ। ਦੂਸਰਾ ਲੜਕੀਆਂ-ਲੜਕਿਆਂ ਵਾਸਤੇ ਕੋਈ ਵਾਸ਼ਰੂਮ ਨਹੀਂ ਹੈ ਤੇ ਨਾ ਹੀ ਲੜਕੀਆਂ ਵਾਸਤੇ ਕੋਈ ਡਰੈਸਿੰਗ ਰੂਮ ਹੈ ਤੇ ਗਰਾਊਂਡ ਵਿੱਚ ਉੱਗਿਆ ਘਾਹ ਜਿਸ ਵਿੱਚ ਜ਼ਹਿਰੀਲੇ ਜਾਨਵਰ ਹੋ ਸਕਦੇ ਹਨ। ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਧਰਮਕੋਟ, ਆਈ ਟੀ ਆਈ ਦੇ ਪ੍ਰਧਾਨ ਕਰਨ ਸ਼ਰਮਾ ਤੇ ਨੌਜਵਾਨ ਆਗੂ ਮਨਦੀਪ ਸਿੰਘ ਨੇ ਕਿਹਾ ਕਿ ਪਹਿਲਾਂ ਵੀ ਇੱਥੇ ਖੇਡ ਕੋਚ ਆਏ ਸਨ। ਜਿਨ੍ਹਾਂ ਨੂੰ ਸੱਪ ਨੇ ਡੱਸਿਆ ਸੀ,ਉਸ ਵੇਲ਼ੇ ਵੀ ਹਸਪਤਾਲ ਪ੍ਰੈਕਟਿਸ ਕਰ ਰਹੇ ਨੌਜਵਾਨ ਹੀ ਲੈ ਕੇ ਗਏ ਸੀ,ਪਰ ਅਜੇ ਤੱਕ ਵੀ ਇਨ੍ਹਾਂ ਸਮੱਸਿਆਵਾਂ ਪ੍ਰਤੀ ਗੰਭੀਰ ਨਹੀਂ। ਉਨ੍ਹਾਂ ਕਿਹਾ ਕਿ ਅੱਜ ਜਦੋਂ ਇਨ੍ਹਾਂ ਮੁੱਖ ਮੰਗਾਂ ਨੂੰ ਲੈ ਕੇ ਡੀ ਸੀ ਕੋਲ ਗਏ ਤਾਂ ਅੱਧੀ ਹੀ ਗੱਲ ਸੁਣਕੇ ਕਹਿ ਦਿੱਤਾ ਕਿ ਸਾਡੇ ਕੋਲ ਕੋਈ ਫੰਡ ਨਹੀਂ। ਇਹ ਕੰਮ ਸਰਕਾਰ ਦਾ ਹੈ। ਆਗੂਆਂ ਨੇ ਜਦੋਂ ਕਿਹਾ ਕਿ ਜਨਤਾ ਦੀ ਸਮੱਸਿਆ ਮੰਗ ਪੱਤਰ ਰਾਹੀਂ ਸਰਕਾਰ ਤੱਕ ਤੁਸੀਂ ਹੀ ਪਹੁੰਚਾਉਣੀ ਹੈ ਤਾਂ ਫਿਰ ਉਹਨਾਂ ਨੇ ਮੰਗ ਪੱਤਰ ਫੜ੍ਹ ਕੇ ਰੱਖ ਲਏ,ਪਰ ਕੋਈ ਵਿਸ਼ਵਾਸ਼ ਨਹੀਂ ਦੁਆਇਆ। ਆਗੂਆਂ ਨੇ ਕਿਹਾ ਕਿ 24 ਜੂਨ ਨੂੰ ਇਲਾਕੇ ਦੇ ਮੈਂਬਰ ਪਾਰਲੀਮੈਂਟ ਮਾਲਵਿੰਦਰ ਸਿੰਘ ਕੰਗ ਆ ਰਹੇ ਹਨ,ਉਹ ਇਨ੍ਹਾਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਅੱਗੇ ਰੱਖਣਗੇ,ਜੇਕਰ ਸਮੱਸਿਆ ਫਿਰ ਵੀ ਨੀ ਹੱਲ ਹੋਈ ਤਾਂ ਜਲਦ ਹੀ ਅਗਲੇ ਸੰਗਰਸ਼ ਦੀ ਰਣਨੀਤੀ ਬਣਾਈ ਜਾਵੇਗੀ । ਇਸ ਮੌਕੇ ਚੇਤਨ, ਕਰਨ ਕੁਮਾਰ, ਹਰਮਨ ਸਿੰਘ, ਮੁਨਸ਼ੀ, ਅਮਨ, ਗੁਲਸ਼ਨ ਕੁਮਾਰ, ਰਮਨ ਕੁਮਾਰ, ਵਿਸ਼ਾਲ ਆਦਿ ਮੌਜੂਦ ਸਨ।

ਲੁਟੇਰਿਆਂ ਨੇ ਔਰਤ ਦੀਆਂ ਵਾਲੀਆਂ ਝਪਟੀਆਂ

ਅਲਾਵਲਪੁਰ, (ਮਦਨ ਬੰਗੜ) ਪੁਲਿਸ ਥਾਣਾ ਆਦਮਪੁਰ ਅਧੀਨ ਆਉਂਦੀ ਪੁਲਿਸ ਚੌਕੀ ਅਲਾਵਲਪੁਰ ਦੇ ਖੇਤਰ ਵਿੱਚ ਲੁਟੇਰਿਆਂ ਦਾ ਖੌਫ ਲਗਾਤਾਰ ਵਧਦਾ ਜਾ ਰਿਹਾ ਹੈ। ਤਿੰਨ ਦਿਨਾਂ ਵਿੱਚ ਤੀਜੀ ਲੁੱਟ ਦੀ ਵਾਰਦਾਤ ਸਾਹਮਣੇ ਆਉਣ ਨਾਲ ਇਲਾਕੇ ਦੇ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮਹੱਲਾ ਰਮਦਾਸਪੁਰ ਦੀ ਰਹਿਣ ਵਾਲੀ ਊਸ਼ਾ ਰਾਣੀ ਪਤਨੀ ਤਿਲਕ ਰਾਜ ਦੁਪਹਿਰ ਕਰੀਬ ਆਪਣੇ ਘਰ ਤੋਂ ਥੋੜ੍ਹੀ ਦੂਰੀ 'ਤੇ ਸਥਿਤ ਇੱਕ ਘਰ ਵੱਲ ਜਾ ਰਹੀ ਸੀ। ਇਸ ਦੌਰਾਨ ਆਦਮਪੁਰ ਵੱਲੋਂ ਐਕਟਿਵਾ 'ਤੇ ਆਏ ਦੋ ਨਕਾਬਪੋਸ਼ ਲੁਟੇਰਿਆਂ ਨੇ ਉਸ ਨੂੰ ਨਿਸ਼ਾਨਾ ਬਣਾਇਆ। ਇੱਕ ਲੁਟੇਰਾ ਐਕਟਿਵਾ ਸਟਾਰਟ ਰੱਖ ਕੇ ਬੈਠਾ ਰਿਹਾ, ਜਦਕਿ ਦੂਜੇ ਨੇ ਊਸ਼ਾ ਰਾਣੀ ਦੀਆਂ ਸੋਨੇ ਦੀਆਂ ਬਾਲੀਆਂ ਝਪਟ ਲਈਆਂ। ਵਿਰੋਧ ਕਰਨ 'ਤੇ ਲੁਟੇਰੇ ਨੇ ਉਸ ਨੂੰ ਧੱਕਾ ਦੇ ਦਿੱਤਾ, ਜਿਸ ਕਾਰਨ ਉਹ ਡਿੱਗ ਪਈ। ਵਾਰਦਾਤ ਦੌਰਾਨ ਬਾਲੀਆਂ ਜ਼ੋਰ ਨਾਲ ਖਿੱਚਣ ਕਾਰਨ ਊਸ਼ਾ ਰਾਣੀ ਦੇ ਦੋਵੇਂ ਕੰਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ, ਜਦਕਿ ਡਿੱਗਣ ਕਾਰਨ ਉਸ ਦੇ ਪੈਰ ਵਿੱਚ ਵੀ ਮੋਚ ਆ ਗਈ। ਪਰਵਾਰਕ ਮੈਂਬਰਾਂ ਵੱਲੋਂ ਉਸ ਨੂੰ ਤੁਰੰਤ ਇਲਾਜ ਲਈ ਆਦਮਪੁਰ ਦੇ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦਾ ਇਲਾਜ ਕਰਵਾਇਆ ਗਿਆ। ਇਸ ਤੋਂ ਪਹਿਲਾਂ ਕਿ ਉਹ ਰੌਲਾ ਪਾਉਂਦੀ, ਦੋਵੇਂ ਲੁਟੇਰੇ ਐਕਟਿਵਾ 'ਤੇ ਸਵਾਰ ਹੋ ਕੇ ਆਦਮਪੁਰ ਵੱਲ ਫਰਾਰ ਹੋ ਗਏ। ਪੀੜਤਾ ਮੁਤਾਬਕ ਇੱਕ ਲੁਟੇਰਾ ਸਿਰ ਤੋਂ ਮੋਨਾ ਸੀ, ਜਦਕਿ ਦੂਜੇ ਨੇ ਪਟਕਾ ਬੰਨ੍ਹਿਆ ਹੋਇਆ ਸੀ। ਦੱਸਿਆ ਜਾ ਰਿਹਾ ਹੈ ਕਿ ਲੁਟੇਰੇ ਕਰੀਬ 75 ਹਜ਼ਾਰ ਰੁਪਏ ਕੀਮਤ ਦੀਆਂ ਸੋਨੇ ਦੀਆਂ ਬਾਲੀਆਂ ਲੁੱਟ ਕੇ ਲੈ ਗਏ।

ਗੌਰਤਲਬ ਹੈ ਕਿ ਅਲਾਵਲਪੁਰ ਵਿੱਚ ਪਿਛਲੇ ਤਿੰਨ ਦਿਨਾਂ ਤੋਂ ਲਗਾਤਾਰ ਲੁੱਟ-ਖੋਹ ਦੀਆਂ ਵਾਰਦਾਤਾਂ ਹੋ ਰਹੀਆਂ ਹਨ। ਇਨ੍ਹਾਂ ਘਟਨਾਵਾਂ ਕਾਰਨ ਲੋਕਾਂ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਹੈ।

ਅਮਰ ਸ਼ਹੀਦ ਭਾਈ ਬੀਰ ਸਿੰਘ ਬਾਹੋਵਾਲ ਦੀ ਬਰਸੀ ਮਨਾਈ

ਮਾਹਿਲਪੁਰ (ਸ.ਫਰੀ)- 1816 'ਚ ਚਾਰ ਸਾਥੀਆਂ ਸਮੇਤ ਦੇਸ਼ ਦੀ ਆਜਾਦੀ ਖਾਤਰ ਫਾਂਸੀ ਤੇ ਚੜੇ ਸ਼ਹੀਦ ਭਾਈ ਬੀਰ ਸਿੰਘ ਜੀ ਬਾਹੋਵਾਲ ਦੀ ਬਰਸੀ ਮੌਕੇ ਉਨ੍ਹਾਂ ਦੇ ਵਾਰਿਸਾਂ, ਰਿਸ਼ਤੇਦਾਰਾਂ, ਪਿੰਡ ਤੇ ਇਲਾਕਾ ਨਿਵਾਸੀਆਂ ਵੱਲੋਂ ਉਨ੍ਹਾਂ ਦੀ ਯਾਦਗਾਰ ਤੇ ਜੱਦੀ ਪਿੰਡ ਬਾਹੋਵਾਲ ਵਿਖੇ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਸਮਾਗਮ ਦਾ ਆਯੋਜਨ ਕੀਤਾ ਗਿਆ।ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵਲੋਂ ਲਾਈ ਜ਼ਿੰਮੇਵਾਰੀ ਨੂੰ ਨਿਭਾਉਂਦਿਆਂ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ, ਮਲਕੀਤ ਸਿੰਘ ਬਾਹੋਵਾਲ, ਰੰਗਕਰਮੀ ਜਗਤਾਰ ਬਾਹੋਵਾਲ ਵੱਲੋਂ ਸ਼ਹੀਦ ਭਾਈ ਬੀਰ ਸਿੰਘ ਦੇ ਦੇਸ਼ ਦੀ ਆਜ਼ਾਦੀ 'ਚ ਪਾਏ ਵਡਮੁੱਲੇ ਯੋਗਦਾਨ ਤੇ ਸ਼ਹਾਦਤ ਤੇ ਚਾਨਣਾ ਪਾਉਂਦਿਆਂ ਉਨ੍ਹਾਂ ਨੂੰ ਕੋਟਿ ਕੋਟਿ ਵਾਰ ਪ੍ਰਣਾਮ ਕੀਤਾ ਗਿਆ।ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੇ ਦੇਸ਼ ਦੀ ਏਕਤਾ, ਅਖੰਡਤਾ, ਲੋਕਤੰਤਰ ਤੇ ਸੰਵਿਧਾਨ ਦੀ ਰੱਖਿਆ ਖਾਤਰ ਸ਼ਹੀਦ ਭਾਈ ਬੀਰ ਸਿੰਘ ਜੀ ਜਿਹੇ ਸਿਰਲੱਥ ਯੋਧਿਆਂ ਵਲੋਂ ਪਾਈਆਂ ਪੈੜ੍ਹਾਂ ਤੇ ਚੱਲਣ ਲਈ ਗੁਜ਼ਾਰਿਸ਼ ਕੀਤੀ ਤੇ ਕਿਹਾ ਅੱਜ ਫੇਰ ਦੇਸ਼ ਨੂੰ ਭਾਈ ਬੀਰ ਸਿੰਘ ਜੀ ਬਾਹੋਵਾਲ ਤੇ ਉਨ੍ਹਾਂ ਦੇ ਸਾਥੀ ਸਿਰਲੱਥ ਸ਼ਹੀਦਾਂ ਯੋਧਿਆਂ ਦੀ ਲੋੜ ਹੈ।

ਪੰਜਾਬੀ ਸਾਹਿਤ ਸਭਾ ਵੱਲੋਂ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ 'ਦੋ ਪੁਸਤਕਾਂ ਦੋ ਸੰਵਾਦ' ਸਮਾਗਮ

ਹੁਸ਼ਿਆਰਪੁਰ (ਓ ਪੀ ਰਾਣਾ)- ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਵੱਲੋਂ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਿਖੇ ਕਰਵਾਇਆ 'ਦੋ ਪੁਸਤਕਾਂ ਦੋ ਸੰਵਾਦ' ਸਮਾਗਮ ਸਫ਼ਲਤਾ ਨਾਲ ਸੰਪੰਨ ਹੋਇਆ। ਸਮਾਗਮ ਦੀ ਪ੍ਰਧਾਨਗੀ ਸਾਹਿਤ ਸਭਾ ਦੇ ਮੀਤ ਪ੍ਰਧਾਨ ਸੁਰਿੰਦਰ ਕੰਗਵੀ ਨੇ ਕੀਤੀ। ਆਏ ਹੋਏ ਮਹਿਮਾਨਾਂ ਅਤੇ ਅਦੀਬਾਂ ਨੂੰ ਜੀ ਆਇਆਂ ਸ਼ਬਦ ਡਾ. ਜਸਵੰਤ ਰਾਏ ਖੋਜ ਅਫ਼ਸਰ ਭਾਸ਼ਾ ਵਿਭਾਗ ਨੇ ਸਮਾਗਮ ਦੀ ਰੂਪ ਰੇਖਾ ਸਾਂਝੀ ਕਰਦਿਆਂ ਆਖੇ। ਉਨ੍ਹਾਂ ਭਾਸ਼ਾ ਵਿਭਾਗ ਦੀਆਂ ਗਤੀਵਿਧੀਆਂ ਅਤੇ ਲਗਾਤਾਰ ਪੰਜਾਬੀ ਭਾਸ਼ਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਮਾਰੇ ਜਾਂਦੇ ਹੰਭਲਿਆਂ ਸੰਬੰਧੀ ਤੁਆਰਫ਼ ਕਰਵਾਇਆ। ਪ੍ਰਧਾਨਗੀ ਮੰਡਲ ਨੇ ਬਚਿੱਤਰ ਸਿੰਘ ਹੁਸ਼ਿਆਰਪੁਰੀ ਦੀ ਪਲੇਠੀ ਪੁਸਤਕ 'ਸਾਹਿਤਕ ਗੁੱਲਦਸਤਾ' ਅਤੇ ਰਾਜ ਕੁਮਾਰ ਘਾਸੀਪੁਰੀਆ ਦਾ ਕਾਵਿ ਸੰਗ੍ਰਹਿ 'ਸਵਰਗ ਜਿਹਾ ਮੇਰਾ ਪਿੰਡ' ਦਾ ਲੋਕ ਅਰਪਣ ਕੀਤਾ। ਇਸ ਉਪਰੰਤ ਸਾਹਿਤਕ ਗੁੱਲਦਸਤਾ ਤੇ ਆਪਣਾ ਪਰਚਾ ਪੇਸ਼ ਕਰਦਿਆਂ ਭਾਸ਼ਾ ਵਿਭਾਗ ਦੇ ਸਾਬਕਾ ਡਾਇਰੈਕਟਰ ਚੇਤਨ ਸਿੰਘ ਨੇ ਕਿਹਾ ਕਿ ਬਚਿੱਤਰ ਸਿੰਘ ਨੇ ਇਸ ਪੁਸਤਕ ਵਿਚ ਆਪਣੇ ਪਿਤਾ ਦੀਆਂ ਬਹੁਤ ਆਹਲਾ ਵਾਰਤਕ ਟੁਕੜੀਆਂ ਦੇ ਨਾਲ ਨਾਲ ਆਪਣੀ ਸ਼ਾਇਰੀ ਦੇ ਰੰਗ ਵੀ ਭਰੇ ਹਨ। ਦੂਜੀ ਪੁਸਤਕ 'ਸਵਰਗ ਜਿਹਾ ਮੇਰਾ ਪਿੰਡ' ਤੇ ਡਾ. ਸ਼ਮਸ਼ੇਰ ਮੋਹੀ ਨੇ ਆਪਣਾ ਆਲੋਚਨਾਤਮਕ ਪਰਚਾ ਪੇਸ਼ ਕਰਦਿਆਂ ਕਿਹਾ ਕਿ ਕਵੀ ਨੇ ਇਸ ਪੁਸਤਕ ਵਿਚ ਆਪਣੇ ਪਿੰਡ ਦੀਆਂ ਮਨ ਮਸਤਕ ਵਿਚ ਵਸਦੀਆਂ ਯਾਦਾਂ ਨੂੰ ਕਾਵਿਕ ਰੰਗ ਦਿੱਤਾ ਹੈ। ਸਟੇਜ ਦੀ ਕਾਰਵਾਈ ਡਾ. ਜਸਵੰਤ ਰਾਏ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਰਾਹੁਲ, ਲਾਲ ਸਿੰਘ, ਪੁਸ਼ਪਾ ਰਾਣੀ ਅਤੇ ਸਾਹਿਤ ਪ੍ਰੇਮੀ ਹਾਜ਼ਰ ਸਨ।

ਪੰਥਕ ਏਕਤਾ ਨਾਲ ਮੁੱਢ ਬੱਝਣਾ ਸ਼ੁਰੂ ਹੋ ਗਿਆ : ਵਡਾਲਾ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਯੂਨਾਈਟਡ ਅਕਾਲੀ ਦਲ, ਇੰਟਰਨੈਸ਼ਨਲ ਪੰਥਕ ਅਕਾਲੀ ਦਲ ਅਤੇ ਬੇਗਮਪੁਰਾ ਖ਼ਾਲਸਾ ਰਾਜ ਪਾਰਟੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਨਾਲ ਚੱਲਣ ਦਾ ਫੈਸਲਾ ਕੀਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਨੇ ਕਹੇ। ਉਨ੍ਹਾਂ ਕਿਹਾ ਕਿ ਸਾਰੇ ਹੀ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨਾਲ ਬਿਨਾ ਸ਼ਰਤ ਚੱਲਣ ਦਾ ਐਲਾਨ ਕੀਤਾ । ਤਿੰਨੋਂ ਹੀ ਜਥੇਬੰਦੀਆਂ ਨਾਲ ਗੰਭੀਰ ਵਿਚਾਰਾਂ ਕਰਨ ਤੋਂ ਬਾਦ ਇਹ ਸਾਰੇ ਆਗੂ ਇਸ ਗੱਲ ਲਈ ਸਹਿਮਤ ਨਜ਼ਰ ਆਏ ਕਿ ਜੇ ਪੰਥ ਅਤੇ ਪੰਜਾਬ ਦੇ ਚਿਰਾਂ ਤੋਂ ਲਟਕਦੇ ਮਸਲੇ ਹੱਲ ਕਰਵਾਉਣੇ ਹਨ ਤਾਂ ਸਾਰਿਆਂ ਨੂੰ ਇਕ ਸਾਂਝੇ ਏਜੰਡੇ ਤਹਿਤ ਇਕ ਝੰਡੇ ਹੇਠ ਇਕੱਠੇ ਹੋਣਾ ਪਵੇਗਾ। ਸਾਰੇ ਹੀ ਆਗੂਆਂ ਨੇ ਮੀਟਿੰਗ ਵਿੱਚ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਬਾਰੇ ਆਪੋ ਆਪਣੇ ਵਿਚਾਰ ਰੱਖੇ।



ਜੈ ਭੀਮ ਕਾਰਵਾਂ ਚੈਰੀਟੇਬਲ ਸੋਸਾਇਟੀ ਨੇ ਕਰਵਾਇਆ ਸਮਾਗਮ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ) ਪਿਛਲੇ ਲਗਭਗ 15 ਸਾਲਾਂ ਤੋਂ ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਹਰ ਮਹੀਨੇ ਕੀਤੇ ਜਾਂਦੇ ਧਾਰਮਿਕ ਸਮਾਗਮਾਂ ਦੀ ਲੜੀ ਨੂੰ ਜਾਰੀ ਰੱਖਦੇ ਹੋਏ ਜੂਨ ਮਹੀਨੇ ਦਾ ਸਮਾਗਮ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਦੇ ਸਹਿਯੋਗ ਨਾਲ ਸਤਿਗੁਰੂ ਕਬੀਰ ਮਹਾਰਾਜ ਦੇ ਆ ਰਹੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਕੀਤਾ ਗਿਆ। ਇਸ ਮੌਕੇ ਸਾਰਿਆਂ ਨੇ ਸਭ ਤੋਂ ਪਹਿਲਾਂ ਸਤਿਗੁਰੂ ਕਬੀਰ ਦੀ ਤਸਵੀਰ ਅੱਗੇ ਫੁੱਲ ਮਲਾਵਾਂ ਅਰਪਤ ਕਰਕੇ ਉਹਨਾਂ ਨੂੰ ਪ੍ਰਣਾਮ ਕੀਤਾ ਅਤੇ ਸਮੂਹਿਕ ਤੌਰ ਤੇ ਮੈਡੀਟੇਸ਼ਨ ਕਰਕੇ ਮਹਾਂਪੁਰਸ਼ਾਂ ਵੱਲੋਂ ਦਰਸਾਏ ਮਾਰਗ ਤੇ ਚੱਲਣ ਦਾ ਪ੍ਰਣ ਕੀਤਾ। ਇਸ ਮੌਕੇ ਨਿਰਵਾਣੁ ਕੁਟੀਆ ਮਾਹਿਲਪੁਰ ਦੇ ਸੰਚਾਲਕ ਨਿਰਮਲ ਸਿੰਘ ਮੁੱਗੋਵਾਲ, ਪਰਮਜੀਤ ਕੌਰ ਮੁੱਗੋਵਾਲ, ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੋਸਾਇਟੀ ਰਜਿ. ਮਾਹਿਲਪੁਰ, ਡਾਕਟਰ ਪਰਮਿੰਦਰ ਸਿੰਘ, ਮਾਸਟਰ ਜੈ ਰਾਮ ਬਾੜੀਆਂ, ਰਾਮ ਨਾਥ ਲੰਬਰਦਾਰ, ਸੁਵਾਮੀ ਰਜਿੰਦਰ ਰਾਣਾ, ਹੰਸ ਰਾਜ ਕਨੇਡਾ, ਕੁਲਦੀਪ ਸਿੰਘ, ਅਮਰਜੀਤ ਕੌਰ, ਸੁਮੀਤਾ, ਗਗਨਦੀਪ ਕੌਰ ਸੋਨੂ, ਗੁਰਪਾਲ ਕੌਰ, ਸੀਮਾ ਰਾਣੀ, ਹਰਜੀਤ ਕੌਰ, ਰੀਨਾ, ਰਿੰਪੀ, ਬਾਣੀ, ਤ੍ਰੀਸ਼ਾ,ਪਰੀ ਆਦਿ ਹਾਜ਼ਰ ਸਨ। ਇਸ ਮੌਕੇ ਨਿਰਵਾਣੁ ਕੁਟੀਆ ਮਾਹਿਲਪੁਰ ਵੱਲੋਂ ਪਿਛਲੇ ਦਿਨੀ ਬੁੱਧ ਧੰਮ ਦੀ ਦੀਕਸ਼ਾ ਪ੍ਰਾਪਤ ਕਰਨ ਵਾਲੀ ਗਗਨਦੀਪ ਕੌਰ ਸੋਨੂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਲੰਬੜਦਾਰ ਰਾਮ ਨਾਥ ਅਤੇ ਕੁਲਦੀਪ ਸਿੰਘ ਦਾ ਵੀ ਕੁਟੀਆ ਆਉਣ ਤੇ ਸਨਮਾਨ ਕੀਤਾ ਗਿਆ। ਇਸ ਤੋਂ ਬਾਅਦ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ.ਮਾਹਿਲਪੁਰ ਦੇ ਮੈਂਬਰਾਂ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਸਾਰਿਆਂ ਨੇ ਰਲ ਮਿਲ ਕੇ ਬਾਬਾ ਸਾਹਿਬ ਦੇ ਇਸ ਮਿਸ਼ਨ ਨੂੰ ਅੱਗੇ ਲਿਜਾਉਣ ਦਾ ਸੰਕਲਪ ਕੀਤਾ। ਸਮਾਗਮ ਦੇ ਅਖੀਰ ਵਿੱਚ ਸਾਰਿਆਂ ਨੇ ਚਾਹ ਪਾਣੀ ਛਕਿਆ।

ਵਜਰਾ ਕੋਰ ਨੇ ਅੰਤਰਰਾਸ਼ਟਰੀ ਯੋਗ ਦਿਵਸ 2026 ਤੋਂ ਪਹਿਲਾਂ ਯੋਗ ਸੈਸ਼ਨ ਕਰਵਾਇਆ

ਜਲੰਧਰ ਛਾਉਣੀ (ਰਵਿੰਦਰ ਸਭਰਵਾਲ)- ਅੰਤਰਰਾਸ਼ਟਰੀ ਯੋਗ ਦਿਵਸ 2026 ਦੇ ਮੱਦੇਨਜ਼ਰ ਵਜਰਾ ਕੋਰ ਵੱਲੋਂ ਆਪਣੇ ਜ਼ਿੰਮੇਵਾਰੀ ਖੇਤਰ ਵਿੱਚ ਵੱਖ-ਵੱਖ ਯੋਗ ਅਤੇ ਸਿਹਤ ਸੰਬੰਧੀ ਗਤੀਵਿਧੀਆਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਦਾ ਉਦੇਸ਼ ਸਰੀਰਕ ਤੰਦਰੁਸਤੀ, ਮਾਨਸਿਕ ਮਜ਼ਬੂਤੀ ਅਤੇ ਸਮੁੱਚੀ ਭਲਾਈ ਨੂੰ ਉਤਸ਼ਾਹਿਤ ਕਰਨਾ ਹੈ। ਸੈਨਿਕ ਸਟੇਸ਼ਨਾਂ, ਯੂਨਿਟ ਪਰਿਸਰਾਂ ਅਤੇ ਕਮਿਊਨਿਟੀ ਸਥਾਨਾਂ 'ਤੇ ਯੋਗ ਸੈਸ਼ਨਾਂ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚ ਸੈਨਿਕਾਂ, ਪਰਿਵਾਰਕ ਮੈਂਬਰਾਂ, ਬੱਚਿਆਂ, ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਯੋਗ ਦੀ ਸਮਾਵੇਸ਼ੀ ਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ ਹਰ ਉਮਰ ਵਰਗ ਨੂੰ ਇਸ ਪਹਿਲ ਨਾਲ ਜੋੜਿਆ ਗਿਆ।ਯੋਗ ਨੂੰ ਸਰੀਰਕ ਤਾਕਤ, ਮਾਨਸਿਕ ਏਕਾਗ੍ਰਤਾ ਅਤੇ ਭਾਵਨਾਤਮਕ ਸੰਤੁਲਨ ਦਾ ਪ੍ਰਭਾਵਸ਼ਾਲੀ ਸਾਧਨ ਮੰਨਦੇ ਹੋਏ ਸੈਨਿਕਾਂ ਨੇ ਇਸ ਨੂੰ ਆਪਣੀ ਰੋਜ਼ਾਨਾ ਫਿਟਨੈੱਸ ਅਤੇ ਸਿਹਤਮੰਦ ਜੀਵਨ ਸ਼ੈਲੀ ਦਾ ਹਿੱਸਾ ਬਣਾਇਆ ਹੈ। ਵੱਖ-ਵੱਖ ਜਾਗਰੂਕਤਾ ਪ੍ਰੋਗਰਾਮਾਂ ਅਤੇ ਮਾਰਗਦਰਸ਼ਿਤ ਸੈਸ਼ਨਾਂ ਰਾਹੀਂ ਤੰਦਰੁਸਤ ਜੀਵਨ ਜੀਊਣ ਦਾ ਸੰਦੇਸ਼ ਵੀ ਦਿੱਤਾ ਗਿਆ।ਇਸ ਸਾਲ ਦੀਆਂ ਗਤੀਵਿਧੀਆਂ ਦੀ ਇੱਕ ਵਿਸ਼ੇਸ਼ਤਾ ਇਹ ਰਹੀ ਕਿ ਪੰਜਾਬ ਦੇ ਕਈ ਸੈਨਿਕ ਅਤੇ ਇਤਿਹਾਸਕ ਮਹੱਤਵ ਵਾਲੇ ਸਥਾਨਾਂ 'ਤੇ ਵੀ ਯੋਗ ਸੈਸ਼ਨ ਆਯੋਜਿਤ ਕੀਤੇ ਗਏ। ਵਜਰਾ ਕੋਰ ਯੋਗ ਨੂੰ ਕੇਵਲ ਇੱਕ ਅਭਿਆਸ ਨਹੀਂ, ਸਗੋਂ ਜੀਵਨ ਜਿਉਣ ਦੀ ਇੱਕ ਪੂਰਨ ਵਿਧੀ ਵਜੋਂ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ। ਇਹ ਯਤਨ ਸਰੀਰਕ ਸਿਹਤ, ਮਾਨਸਿਕ ਦ੍ਰਿੜਤਾ, ਸਮਾਜਿਕ ਸਦਭਾਵਨਾ ਅਤੇ ਸਮੁੱਚੀ ਖੁਸ਼ਹਾਲੀ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਰਾਹਗੀਰਾਂ ਲਈ ਵਾਟਰ ਕੂਲਰ ਲਗਾਇਆ

ਕਿਸ਼ਨਗੜ੍ਹ (ਸੁਖਜੀਤ ਕੁਮਾਰ) ਪਿੰਡ ਸਾਧਾਂਵਾਲੀ ਕਰਾੜੀ ਦੀ ਐੱਨ ਆਰ ਆਈ ਔਰਤ ਸੀਤਾ ਰਾਣੀ, ਪ੍ਰੀਤਮ ਸਿੰਘ ਅਤੇ ਉਹਨਾਂ ਦੇ ਪਰਿਵਾਰ ਵੱਲੋਂ ਗਰਮੀਆਂ ਵਿੱਚ ਰਾਹਗੀਰਾਂ ਵਾਸਤੇ ਠੰਡਾ ਪਾਣੀ ਪੀਣ ਵਾਸਤੇ 60 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਵਾਟਰ ਕੂਲਰ, ਵੱਡੀ ਪਾਣੀ ਵਾਲੀ ਟੈਂਕੀ ਅਤੇ ਆਰ ਓ ਪਿੰਡ ਸੰਘਵਾਲ ਦੀ ਪਾਣੀ ਵਾਲੀ ਟੈਂਕੀ ਤੇ ਲਗਾਇਆ ਗਿਆ। ਇਸ ਮੌਕੇ ਸੀਤਾ ਰਾਣੀ ਨੇ ਆਖਿਆ ਕਿ ਪਿੰਡ ਵਾਸੀਆਂ ਅਤੇ ਇਲਾਕੇ ਦੀ ਸਹੂਲਤ ਲਈ ਜੇਕਰ ਹੋਰ ਵੀ ਕਿਸੇ ਮਾਲੀ ਮਦਦ ਦੀ ਲੋੜ ਹੋਵੇਗੀ ਤਾਂ ਉਹ ਹਰ ਵੇਲੇ ਤਿਆਰ ਹੈ। ਇਸ ਮੌਕੇ ਸਰਬੱਤ ਦੇ ਭਲੇ ਲਈ ਅਰਦਾਸ ਉਪਰੰਤ ਸੀਤਾ ਰਾਣੀ ਵੱਲੋਂ ਰੀਬਨ ਕੱਟ ਕੇ ਵਾਟਰ ਕੂਲਰ ਚਾਲੂ ਕੀਤਾ ਗਿਆ। ਇਸ ਮੌਕੇ ਸਾਬਕਾ ਸਰਪੰਚ ਭਾਗ ਰਾਮ ਸੰਘਵਾਲ, ਜਸਪ੍ਰੀਤ ਸਿੰਘ ਚਾਹਲ, ਐੱਨ ਆਰ ਆਈ ਰੇਸ਼ਮ ਸਿੰਘ ਚਾਹਲ, ਸੇਵਾ ਮੁਕਤ ਇੰਸਪੈਕਟਰ ਮੰਗਾ ਰਾਮ, ਗੁਰਪ੍ਰੀਤ ਸਿੰਘ ਗੋਪੀ, ਗੁਰਮੀਤ ਰਾਮ ਉੱਤਮ ਸਿੰਘ, ਪੰਚ ਹਰਜਿੰਦਰ ਸਿੰਘ, ਅਮਨ ਕੁਮਾਰ ਚੌਹਾਨ, ਪੰਚ ਕਰਨੈਲ ਚੰਦ (ਕਰਾੜੀ), ਸੌਰਵ ਕੁਮਾਰ, ਭਾਈ ਕੁਲਵੀਰ ਸਿੰਘ, ਭਾਈ ਗੁਰਮੇਲ ਸਿੰਘ, ਜਗਤਾਰ ਸਿੰਘ ਜੱਗਾ ਆਦਿ ਹਾਜ਼ਰ ਸਨ।

ਹਜ਼ਰਤ ਬਾਬਾ ਸ਼ਾਹ ਕਮਾਲ ਦਾ ਸਾਲਾਨਾ ਜੋੜ ਮੇਲਾ ਮਨਾਇਆ

ਆਦਮਪੁਰ (ਪਰਮਜੀਤ ਸਿੰਘ)- ਨੇੜਲੇ ਪਿੰਡ ਹਰੀਪੁਰ ਵਿਖੇ ਸਥਿਤ ਦਰਬਾਰ ਹਜ਼ਰਤ ਬਾਬਾ ਸ਼ਾਹ ਕਮਾਲ ਜੀ ਦਾ ਸਾਲਾਨਾ ਜੋੜ ਮੇਲਾ ਨਗਰ ਅਤੇ ਇਲਾਕਾ ਵਾਸੀਆਂ, ਗੱਦੀ ਨਸ਼ੀਨ ਸਯੱਦ ਫਕੀਰ ਬੀਬੀ ਸ਼ਰੀਫਾਂ ਦੇ ਅਸ਼ੀਰਵਾਦ ਸਦਕਾ ਬੜੇ ਉਤਸਾਹ ਅਤੇ ਸ਼ਰਧਾ ਨਾਲ ਹਜ਼ਰਤ ਬਾਬਾ ਸ਼ਾਹ ਕਮਾਲ, ਸਾਂਈ ਜੁਮਲੇ ਸ਼ਾਹ ਵੈਲਫੇਅਰ ਸੁਸਾਇਟੀ ਵੱਲੋਂ ਕਰਵਾਇਆ ਗਿਆ। ਮੇਲੇ ਦੇ ਪਹਿਲੇ ਦਿਨ ਚਿਰਾਗ ਰੋਸ਼ਨ ਕਰਕੇ ਮੇਲੇ ਦੀ ਸ਼ੁਰੂਆਤ ਹੋਈ। ਇਸ ਮੌਕੇ ਕਰਾਮਤ ਅਲੀ ਕਵਾਲ, ਮੁਹੰਮਦ ਸਲੀਮ ਕਵਾਲ, ਸੋਕਿਤ ਅੱਲੀ ਕਵਾਲ, ਅਵਿਦ ਅਲੀ ਮਤੋਈ, ਵਨੀਤ ਖਾਨ, ਸੋਕੀਲ ਸਾਬਰੀ, ਸਲਾਮਤ ਅੱਲੀ ਮਤੋਈ, ਕੁਲਦੀਪ ਕਾਦਰ ਕਵਾਲ ਸਮੇਤ ਹੋਰਨਾਂ ਦੇ ਦਰਬਾਰ ਵਿਚ ਹਾਜ਼ਰੀ ਲਗਵਾਈ। ਮੇਲੇ ਦੇ ਦੂਜੇ ਦਿਨ ਝੰਡੇ ਤੇ ਚਾਦਰ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਸੰਤ ਹਰਜਿੰਦਰ ਸਿੰਘ ਚਾਹ ਵਾਲੇ ਜੋਹਲਾ, ਸੰਤ ਅਮਰਜੀਤ ਸਿੰਘ ਹਰਖੋਵਾਲ, ਸੰਤ ਮਹਾਵੀਰ ਸਿੰਘ, ਸੰਤ ਜਸਵੰਤ ਸਿੰਘ ਖੇੜਾ, ਸੰਤ ਹਰਮੀਤ ਸਿੰਘ ਬਾਹੋਵਾਲ, ਸੰਤ ਰਣਜੀਤ ਸਿੰਘ, ਮਹੰਤ ਕਿਰਨਾ ਰਾਮਾਮੰਡੀ, ਸੰਤ ਭੁਪਿੰਦਰ ਸਿੰਘ ਅਣਖੀ, ਸੰਤ ਹਰਜਿੰਦਰ ਸਿੰਘ ਅਣਖੀ, ਬਾਬਾ ਪ੍ਰਿਥੀਪਾਲ ਸ਼ਾਮਚੋਰਾਸੀ, ਸੰਤ ਸਰਬਜੀਤ ਸਿੰਘ, ਸੰਤ ਜੋਗੀ ਸਿੰਘ ਰਾਮੂ ਥਿਆੜਾ, ਸੰਤ ਪ੍ਰਦੀਪ ਦਾਸ ਕਪੂਰ ਪਿੰਡ, ਸੰਤ ਅਸ਼ੋਕ ਜਲੰਧਰ, ਗਿਆਨੀ ਸਿੰਘ ਜੋਗਿੰਦਰ ਸਿੰਘ ਵਡਾਲਾ, ਸੰਤ ਮੋਹਿੰਦਰ ਸਿੰਘ ਸਾਹਰੀ, ਬਾਬਾ ਜੋਨੀ ਸਾਹਰੀ, ਬਾਬਾ ਨਾਨਕ ਗਿਰ, ਭਗਵਾਨ ਸਿੰਘ ਜੌਹਲ, ਪ੍ਰੋ ਹਰਬੰਸ ਸਿੰਘ ਬੋਲੀਨਾ ਤੇ ਹੋਰ ਮਹਾਪੁਰਸ਼ , ਆਪ ਹਲਕਾ ਇਨਚਾਰਜ ਪਵਨ ਕੁਮਾਰ ਟੀਨੂੰ, ਬਸਪਾ ਹਲਕਾ ਇਲਾਕਾ ਇੰਚਾਰਜ ਐਡਵੋਕੇਟ ਬਲਵਿੰਦਰ ਕੁਮਾਰ ਕੋਹਜ਼ਾ ਹਾਜ਼ਰ ਸਨ। ਇਸ ਤੋਂ ਬਾਅਦ ਸਾਰਿਆਂ ਨੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਤੇ ਗਾਇਕ ਰਣਜੀਤ ਰਾਣਾ, ਬੂਟਾ ਮੁਹੰਮਦ, ਅਲੈਕਸ ਕੋਟੀ, ਕੁਲਵਿੰਦਰ ਕਿੰਦਾ, ਦਲਵਿੰਦਰ ਦਿਆਲਪੁਰੀ, ਕੁਮਾਰ ਰਾਜਨ ਸਮੇਤ ਹੋਰ ਕਈਆਂ ਨੇ ਸੂਫੀਆਨਾ ਕਲਾਮਾਂ ਰਾਹੀਂ ਦਰਬਾਰ ਵਿਚ ਹਾਜ਼ਰੀ ਲਗਵਾਈ।

ਇਸ ਮੌਕੇ ਈਸ਼ਾ, ਖੁਸ਼ੀ ਮੁਹੰਮਦ, ਜਸਵੀਰ, ਗੁਰਨਾਮ, ਸੁਰਿੰਦਰ ਚੱਠਾ, ਸ਼ਿਵਮ ਬਲੂਜਾ, ਬਲਜਿੰਦਰ ਬਾਂਸਲ ਕਨੇਡਾ, ਸੋਨੂੰ, ਬਲਜੀਤ ਸਿੰਘ, ਅਵਤਾਰ ਸਿੰਘ, ਬਿੱਕਰ, ਜਿੰਦਰ ਬਾਬਾ, ਜਸਵਿੰਦਰ ਸਿੰਘ, ਪਿੰਦਰ ਥਿਆੜਾ, ਅਮਰਜੀਤ ਸਿੰਘ, ਅਸ਼ਵੰਤ ਸਿੰਘ, ਨਿਰਮਲ ਪਾਲ ਸਰਪੰਚ ਹਰੀਪੁਰ ਸਮੇਤ ਸਾਰੇ ਪੰਚ, ਬਲਜਿੰਦਰ ਸਿੰਘ, ਅਵਤਾਰ ਸਿੰਘ ਦਿਉਲ, ਹੈਪੀ, ਨਰਿੰਦਰ, ਵਿਸ਼ਨੂ, ਨੀਟਾ, ਹਤਿੰਦਰ ਮਹਿਤਾ, ਅੰਤਪ੍ਰੀਤ ਸਿੰਘ, ਬਲਰਾਜ ਭੱਟੀ, ਲਵਪ੍ਰੀਤ ਸਿੰਘ, ਸਿਪਾ, ਰਾਜ ਕੁਮਾਰ ਪਾਲ ਤੇ ਹੋਰਨਾਂ ਨੇ ਸਹਿਯੋਗ ਦਿੱਤਾ।



ਕੰਧਾਲਾ ਜੱਟਾਂ ਵਿਖੇ ਸ਼ਰਧਾ ਨਾਲ ਮਨਾਇਆ ਸ਼ਹੀਦੀ ਦਿਹਾੜਾ

ਅੱਡਾ ਸਰਾਂ, (ਜਸਵੀਰ ਕਾਜਲ)- ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ, ਚੜ੍ਹਦੀ ਪੱਤੀ, ਪਿੰਡ ਕੰਧਾਲਾ ਜੱਟਾਂ ਵਿਖੇ ਪੰਜਵੇਂ ਪਾਤਸ਼ਾਹ, ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਦਾ ਪਾਵਨ ਸ਼ਹੀਦੀ ਦਿਹਾੜਾ ਨਗਰ ਨਿਵਾਸੀਆਂ, ਇਲਾਕੇ ਦੀਆਂ ਸੰਗਤਾਂ ਅਤੇ ਐੱਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ, ਸਤਿਕਾਰ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ 16 ਜੂਨ ਤੋਂ ਆਰੰਭ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਸਜੇ ਧਾਰਮਿਕ ਦੀਵਾਨਾਂ ਵਿੱਚ ਕੀਰਤਨੀ ਜਥਾ ਕਾਕਾ ਮਨਰਾਜ ਸਿੰਘ ਧਾਲੀਵਾਲ, ਕਾਕਾ ਸਾਹਿਜਪਾਲ ਸਿੰਘ ਧਾਲੀਵਾਲ ਅਤੇ ਕਾਕਾ ਜਪਜੋਤ ਸਿੰਘ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਉਨ੍ਹਾਂ ਸੰਗਤਾਂ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਤੋਂ ਸਿੱਖਿਆ ਲੈ ਕੇ ਗੁਰਮਤਿ ਜੀਵਨ ਅਪਣਾਉਣ ਦੀ ਪ੍ਰੇਰਣਾ ਦਿੱਤੀ।ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਅਵਤਾਰ ਸਿੰਘ ਨੇ ਸੰਗਤਾਂ ਨਾਲ ਗੁਰੂ ਸਾਹਿਬ ਦੇ ਜੀਵਨ, ਬਾਣੀ ਅਤੇ ਮਹਾਨ ਸ਼ਹਾਦਤ ਸੰਬੰਧੀ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਮਨੁੱਖਤਾ, ਸੱਚ ਅਤੇ ਧਰਮ ਦੀ ਰੱਖਿਆ ਲਈ ਅਦੁੱਤੀ ਕੁਰਬਾਨੀ ਦਿੱਤੀ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ, ਗੁਰਬਾਣੀ ਕੀਰਤਨ ਸਰਵਣ ਕੀਤਾ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਦੀ ਸਮਾਪਤੀ ਅਰਦਾਸ ਉਪਰੰਤ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਹੋਈ।ਇਸ ਮੌਕੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ, ਜਦਕਿ ਸੰਗਤਾਂ ਅਤੇ ਰਾਹਗੀਰਾਂ ਲਈ ਠੰਢੇ-ਮਿੱਠੇ ਜਲ ਦੀ ਛਬੀਲ ਵੀ ਨਿਰੰਤਰ ਚੱਲਦੀ ਰਹੀ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇਕਬਾਲ ਸਿੰਘ ਬਾਲੀ ਅਤੇ ਸਮੂਹ ਸੇਵਾਦਾਰਾਂ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਸੰਗਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹੈੱਡ ਗ੍ਰੰਥੀ ਬਾਬਾ ਅਵਤਾਰ ਸਿੰਘ, ਸਕੱਤਰ ਮਨਜੀਤ ਸਿੰਘ, ਉਪ ਪ੍ਰਧਾਨ ਮਨਜੀਤ ਸਿੰਘ ਧਾਲੀਵਾਲ, ਇੰਦਰਜੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਧਾਲੀਵਾਲ, ਸਤਵਿੰਦਰ ਸਿੰਘ ਧਾਲੀਵਾਲ, ਸੁੱਚਾ ਸਿੰਘ ਲੰਬੜਦਾਰ, ਮਾਸਟਰ ਜਗਜੀਤ ਸਿੰਘ, ਅਮਰਜੀਤ ਸਿੰਘ ਠੰਡੂ, ਹਰਵਿੰਦਰਪਾਲ ਸਿੰਘ, ਕੁਲਵਿੰਦਰ ਸਿੰਘ, ਦੀਦਾਰ ਸਿੰਘ, ਅਮਰੀਕ ਸਿੰਘ ਬੱਬੀ, ਜਸਪਾਲ ਸਿੰਘ, ਕਸ਼ਮੀਰ ਸਿੰਘ, ਰਸ਼ਪਾਲ ਸਿੰਘ ਪਾਲਾ, ਸਰਵਣ ਸਿੰਘ, ਮਹਿੰਦਰ ਸਿੰਘ ਬਿੱਲਾ, ਕੁਲਵੰਤ ਸਿੰਘ, ਪਰਮਜੀਤ ਸਿੰਘ, ਗੁਰਤੇਜ ਸਿੰਘ, ਅਮਰੀਕ ਸਿੰਘ ਬੱਬੂ, ਅਮ੍ਰਿਤ ਸਿੰਘ, ਸੂਬੇਦਾਰ ਗੁਰਮੇਲ ਸਿੰਘ, ਦੀਪਾ ਦੁਕਾਨਦਾਰ, ਸਿਮਰਪ੍ਰੀਤ ਸਿੰਘ, ਮਨਰਾਜ ਸਿੰਘ, ਜੁਝਾਰ ਸਿੰਘ, ਪ੍ਰਭਸਿਮਰਤ ਸਿੰਘ, ਮਹਿਰੂਪ ਕੌਰ, ਹਰਨੂਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਪੰਚਾਇਤੀ ਜ਼ਮੀਨ 'ਤੇ ਖਜੂਰਾਂ ਦੇ ਦਰੱਖਤ ਲਗਾ ਕੇ ਕਬਜ਼ੇ ਦੀ ਨਾਕਾਮ ਕੋਸ਼ਿਸ਼

● ਬੀ ਡੀ ਪੀ ਓ ਦੇ ਹੁਕਮਾਂ 'ਤੇ ਕੰਮ ਰੁਕਵਾਇਆ

ਅਲਾਵਲਪੁਰ (ਮਦਨ ਬੰਗੜ): ਨਜ਼ਦੀਕੀ ਪਿੰਡ ਬਿਆਸ ਵਿੱਚ ਉਸ ਸਮੇਂ ਤਣਾਅਪੂਰਨ ਸਥਿਤੀ ਬਣ ਗਈ ਜਦੋਂ ਜਲੰਧਰ-ਪਠਾਨਕੋਟ ਰਾਸ਼ਟਰੀ ਮਾਰਗ ਨਾਲ ਲੱਗਦੀ ਕਰੋੜਾਂ ਰੁਪਏ ਕੀਮਤ ਦੀ ਪੰਚਾਇਤੀ ਜ਼ਮੀਨ 'ਤੇ ਖਜੂਰਾਂ ਦੇ ਦਰੱਖਤ ਲਗਾਉਣ ਲਈ ਜੇ ਸੀ ਬੀ ਮਸ਼ੀਨ ਨਾਲ ਜ਼ਮੀਨ ਪੱਧਰੀ ਕੀਤੀ ਜਾ ਰਹੀ ਸੀ। ਮੌਕੇ 'ਤੇ ਪਹੁੰਚੇ ਪੰਚਾਂ ਤੇ ਪਿੰਡ ਵਾਸੀਆਂ ਨੇ ਇਸ ਦਾ ਸਖ਼ਤ ਵਿਰੋਧ ਕਰਦਿਆਂ ਕੰਮ ਰੁਕਵਾ ਦਿੱਤਾ। ਮੌਕੇ 'ਤੇ ਮੌਜੂਦ ਪੰਚ ਜਸਵਿੰਦਰ ਸਿੰਘ ਰਾਜਾ, ਦਵਿੰਦਰ ਸਿੰਘ ਸੋਨੂ, ਨਰਿੰਦਰ ਕੁਮਾਰ, ਜੋਰਾ ਸਿੰਘ ਅਤੇ ਹੋਰ ਪਿੰਡ ਵਾਸੀਆਂ ਨੇ ਜੇ ਸੀ ਬੀ ਚਾਲਕ ਨੂੰ ਕੰਮ ਬੰਦ ਕਰਨ ਲਈ ਕਿਹਾ। ਜੇ ਸੀ ਬੀ ਚਾਲਕ ਨੇ ਦੱਸਿਆ ਕਿ ਉਕਤ ਜ਼ਮੀਨ ਪੰਚਾਇਤ ਤੋਂ ਠੇਕੇ 'ਤੇ ਲਈ ਗਈ ਹੈ ਅਤੇ ਠੇਕੇਦਾਰ ਵੱਲੋਂ ਖਜੂਰਾਂ ਦੇ ਦਰੱਖਤ ਲਗਾਏ ਜਾ ਰਹੇ ਹਨ। ਇਸ ਦੌਰਾਨ ਖਜੂਰਾਂ ਦੇ ਦਰੱਖਤਾਂ ਨਾਲ ਭਰੇ ਦੋ-ਤਿੰਨ ਟਰੱਕ ਵੀ ਮੌਕੇ 'ਤੇ ਪਹੁੰਚ ਚੁੱਕੇ ਸਨ, ਪਰ ਵਿਰੋਧ ਕਾਰਨ ਕੰਮ ਰੋਕਣਾ ਪਿਆ। ਮਾਮਲੇ ਦੀ ਸੂਚਨਾ ਮਿਲਣ 'ਤੇ ਅਲਾਵਲਪੁਰ ਪੁਲਿਸ ਚੌਕੀ ਦੀ ਪੁਲਿਸ ਮੌਕੇ ਤੇ ਪਹੁੰਚੀ ਅਤੇ ਜੇ ਸੀ ਬੀ ਚਾਲਕ ਨੂੰ ਪੁੱਛਗਿੱਛ ਲਈ ਆਪਣੇ ਨਾਲ ਲੈ ਗਈ। ਇਸ ਦੌਰਾਨ ਪਿੰਡ ਬੰਬੀਆਂਵਾਲ ਦੇ ਸਾਬਕਾ ਸਰਪੰਚ ਨੇ ਦਾਅਵਾ ਕੀਤਾ ਕਿ ਜ਼ਮੀਨ ਤਿੰਨ ਸਾਲ ਲਈ ਠੇਕੇ 'ਤੇ ਲਈ ਗਈ ਹੈ ਅਤੇ ਇਸ ਸਬੰਧੀ 1 ਦਸੰਬਰ 2025 ਨੂੰ 1,68,750 ਰੁਪਏ ਦਾ ਚੈੱਕ ਸਰਪੰਚ ਦੇ ਨਾਂ ਦਿੱਤਾ ਗਿਆ ਸੀ।ਪਿੰਡ ਵਾਸੀਆਂ ਅਤੇ ਪੰਚਾਂ ਵੱਲੋਂ ਬੀ ਡੀ ਪੀ ਓ ਆਦਮਪੁਰ ਗੁਰਪ੍ਰੀਤ ਸਿੰਘ ਭੁੱਲਰ ਨੂੰ ਸੂਚਿਤ ਕਰਨ 'ਤੇ ਉਨ੍ਹਾਂ ਦੇ ਹੁਕਮਾਂ ਅਨੁਸਾਰ ਪੰਚਾਇਤ ਸਕੱਤਰ ਹਰਪ੍ਰੀਤ ਸਿੰਘ ਅਤੇ ਪਟਵਾਰੀ ਸ਼ਮਸ਼ੇਰ ਸਿੰਘ ਮੌਕੇ 'ਤੇ ਪਹੁੰਚੇ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਚਾਇਤੀ ਜ਼ਮੀਨ ਠੇਕੇ 'ਤੇ ਸਿਰਫ਼ ਵਾਹੀ (ਖੇਤੀ) ਲਈ ਦਿੱਤੀ ਜਾਂਦੀ ਹੈ, ਦਰੱਖਤ ਲਗਾਉਣ ਲਈ ਨਹੀਂ। ਇਸ ਤੋਂ ਬਾਅਦ ਅਧਿਕਾਰੀਆਂ ਨੇ ਜ਼ਮੀਨ 'ਤੇ ਚੱਲ ਰਿਹਾ ਕੰਮ ਤੁਰੰਤ ਰੁਕਵਾ ਦਿੱਤਾ। ਪੰਚਾਇਤ ਮੈਂਬਰ ਸਰਬਜੀਤ ਕੌਰ, ਰਾਜ ਰਾਣੀ ਅਤੇ ਰਾਜਵਿੰਦਰ ਨੇ ਦੋਸ਼ ਲਗਾਇਆ ਕਿ ਉਨ੍ਹਾਂ ਨੂੰ ਪੰਚਾਇਤੀ ਜ਼ਮੀਨ ਦੀ ਬੋਲੀ ਬਾਰੇ ਕੋਈ ਜਾਣਕਾਰੀ ਨਹੀਂ ਸੀ ਅਤੇ ਨਾ ਹੀ ਉਨ੍ਹਾਂ ਨੇ ਇਸ ਸਬੰਧੀ ਕਿਸੇ ਮਤੇ 'ਤੇ ਦਸਤਖ਼ਤ ਕੀਤੇ ਹਨ। ਉਨ੍ਹਾਂ ਤਿੰਨ ਸਾਲਾਂ ਲਈ ਕੀਤੀ ਗਈ ਬੋਲੀ ਦੀ ਪ੍ਰਕਿਰਿਆ 'ਤੇ ਵੀ ਸਵਾਲ ਖੜ੍ਹੇ ਕੀਤੇ। ਦੂਜੇ ਪਾਸੇ ਸਰਪੰਚ ਊਸ਼ਾ ਰਾਣੀ ਅਤੇ ਪੰਚ ਬਲਰਾਜ ਮਡਾਰ ਨੇ ਕਿਹਾ ਕਿ ਉਕਤ ਪੰਚਾਇਤੀ ਜ਼ਮੀਨ ਹਰਦੀਪ ਲਾਲ ਪੁੱਤਰ ਬਖ਼ਸ਼ੀ ਰਾਮ ਨੂੰ ਸਿਰਫ਼ ਵਾਹੀ ਕਰਨ ਲਈ ਤਿੰਨ ਸਾਲ ਦੇ ਠੇਕੇ 'ਤੇ ਦਿੱਤੀ ਗਈ ਸੀ, ਦਰੱਖਤ ਲਗਾਉਣ ਦੀ ਕੋਈ ਇਜਾਜ਼ਤ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਪੰਚਾਇਤੀ ਜ਼ਮੀਨ ਤੋਂ ਨਾਜਾਇਜ਼ ਕਬਜ਼ਾ ਛੁਡਵਾਇਆ ਜਾ ਚੁੱਕਾ ਹੈ। ਸਰਪੰਚ ਊਸ਼ਾ ਰਾਣੀ ਨੇ ਆਪਣੇ ਉੱਤੇ ਲਗਾਏ ਗਏ ਸਾਰੇ ਦੋਸ਼ਾਂ ਨੂੰ ਸਰਾਸਰ ਝੂਠਾ ਅਤੇ ਬੇਬੁਨਿਆਦ ਕਰਾਰ ਦਿੰਦਿਆਂ ਕਿਹਾ ਕਿ ਪੰਚਾਇਤ ਵੱਲੋਂ ਕਿਸੇ ਵੀ ਤਰ੍ਹਾਂ ਦੀ ਬੇਨਿਯਮੀ ਨਹੀਂ ਕੀਤੀ ਗਈ।ਖ਼ਬਰ ਲਿਖੇ ਜਾਣ ਤੱਕ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਪੰਚਾਇਤੀ ਜ਼ਮੀਨ ਨੂੰ ਪੱਧਰਾ ਕਰਨ ਦਾ ਕੰਮ ਰੁਕਵਾ ਦਿੱਤਾ ਗਿਆ ਸੀ। ਉੱਧਰ, ਸਾਰਾ ਮਾਮਲਾ ਸਥਾਨਕ ਪੁਲਸ ਚੌਕੀ ਅਲਾਵਲਪੁਰ ਦੇ ਧਿਆਨ ਹੇਠ ਹੈ ਅਤੇ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਕੰਟਰੈਕਟ ਮਲਟੀਪਰਪਜ ਹੈਲਥ ਵਰਕਰ (ਫੀਮੇਲ) ਯੂਨੀਅਨ ਵੱਲੋਂ ਕਨਵੈਨਸ਼ਨ

ਜਲੰਧਰ (ਲਖਵਿੰਦਰ ਸਿੰਘ ਆਧੀ)- ਕੰਟਰੈਕਟ ਮਲਟੀਪਰਪਜ ਹੈਲਥ ਵਰਕਰ (ਫੀਮੇਲ) ਯੂਨੀਅਨ ਪੰਜਾਬ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਇੱਕ ਸੂਬਾ ਪੱਧਰੀ ਕਨਵੈਨਸ਼ਨ ਕੀਤੀ ਗਈ ਜਿਸ ਵਿੱਚ ਹੈਲਥ ਵਰਕਰਾਂ ਨੂੰ ਰੈਗੂਲਰ ਕਰਨ ਸਬੰਧੀ ਅਤੇ ਹੋਰ ਵਿਭਾਗੀ ਸਮੱਸਿਆਵਾਂ ਬਾਰੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਜੋ ਹੈਲਥ ਵਰਕਰਾਂ ਪਿੱਛਲੇ ਸਮੇਂ ਦੌਰਾਨ ਸਿਹਤ ਮਹਿਕਮੇ ਵਿੱਚ 17-18 ਸਾਲ ਠੇਕੇ ਤੇ ਸੇਵਾ ਨਿਭਾ ਕੇ ਸੇਵਾ ਮੁਕਤ ਹੋਈਆਂ ਉਹਨਾਂ ਨੂੰ ਯੂਨੀਅਨ ਵੱਲੋਂ ਸਨਮਾਨਤ ਕੀਤਾ ਗਿਆ ਅਤੇ ਉਹਨਾਂ ਵੱਲੋਂ ਜੱਥੇਬੰਦੀ ਵਿੱਚ ਪਾਏ ਯੋਗਦਾਨ ਦਾ ਧੰਨਵਾਦ ਵੀ ਕੀਤਾ ਗਿਆ। ਸੂਬਾ ਪ੍ਰਧਾਨ ਸਰਬਜੀਤ ਕੌਰ ਜਲੰਧਰ ਵੱਲੋਂ ਸੰਬੋਧਨ ਕਰਦਿਆਂ ਕਿਹਾ ਕਿ ਚੋਣਾਂ ਨੂੰ ਮੱਦੇਨਜ਼ਰ ਰੱਖਦਿਆਂ ਹੋਇਆਂ ਹੈਲਥ ਵਰਕਰਾਂ ਦੀਆਂ ਮੰਗਾਂ ਨੂੰ ਪੂਰਾ ਕਰਾਉਣਾ ਅਤੇ ਕੰਟਰੈਕਟ ਮਲਟੀਪਰਪਜ ਹੈਲਥ ਵਰਕਰਾਂ ਨੂੰ ਰੈਗੂਲਰ ਕਰਾਉਣਾ ਕਿਉਂਕਿ ਸਾਰੀਆਂ ਹੈਲਥ ਵਰਕਰਾਂ ਪਿੱਛਲੇ ਲੰਬੇ ਸਮੇਂ ਤੋਂ ਸਿਹਤ ਵਿਭਾਗ ਵਿੱਚ ਠੇਕੇ ਤੇ ਨੌਕਰੀ ਕਰ ਰਹੀਆਂ ਹਨ। ਕਈ ਸਰਕਾਰਾਂ ਆਈਆਂ ਪਰ ਕਿਸੇ ਨੇ ਵੀ ਇਹਨਾਂ ਨੂੰ ਪੱਕੇ ਕਰਨ ਦਾ ਕੋਈ ਯਤਨ ਨਹੀਂ। ਹੁਣ ਮਾਣਯੋਗ ਸੁਪਰੀਮ ਕੋਰਟ ਵੱਲੋਂ ਠੇਕੇ ਤੇ 10 ਸਾਲ ਦੀ ਸੇਵਾ ਪੂਰੀ ਹੋਣ ਉਪਰੰਤ ਠੇਕਾ ਮੁਲਾਜ਼ਮਾਂ ਨੂੰ ਪੱਕੇ ਕਰਨ ਦੇ ਫ਼ੈਸਲੇ ਵੀ ਆ ਚੁੱਕੇ ਹਨ ਅਤੇ ਹਰਿਆਣਾ ਵਿੱਚ ਵੀ ਐੱਨ ਆਰ ਐੱਚ ਐੱਮ ਵਿੱਚ ਨੌਕਰੀ ਕਰ ਰਹੀਆਂ ਕੰਟਰੈਕਟ ਮਲਟੀਪਰਪਜ ਹੈਲਥ ਵਰਕਰਾਂ ਨੂੰ ਰੈਗੂਲਰ ਕਰ ਦਿੱਤਾ ਗਿਆ ਹੈ ਪਰ ਪੰਜਾਬ ਵਿੱਚ ਅਜੇ ਤੱਕ ਪੱਕੇ ਕਰਨ ਦਾ ਕੋਈ ਵੀ ਹੱਲ ਨਹੀਂ ਕੱਢਿਆ ਗਿਆ। ਇਸ ਕਰਕੇ ਆਉਣ ਵਾਲੇ ਸਮੇਂ ਦੌਰਾਨ ਸਾਰੇ ਮਸਲਿਆਂ ਨੂੰ ਹੱਲ ਕਰਵਾਉਣ ਲਈ ਸਰਕਾਰ ਵਿਰੁੱਧ ਧਰਨੇ ਪਰਦਰਸ਼ਨ ਕਰਾਂਗੇ। ਇਸ ਮੌਕੇ ਅਮਰੀਕ ਸਿੰਘ, ਬਲਜਿੰਦਰਪਾਲ ਕੌਰ ਮੋਹਾਲੀ, ਕੁਲਜੀਤ ਕੌਰ ਅਮ੍ਰਿਤਸਰ, ਚੰਚਲ ਬਾਲਾ ਪਠਾਨਕੋਟ, ਸਤਿੰਦਰ ਕੌਰ ਗੁਰਦਾਸਪੁਰ, ਗੁਰਵਿੰਦਰ ਕੌਰ ਹੁਸ਼ਿਆਰਪੁਰ, ਸੁਖਵੀਰ ਕੌਰ,ਪ੍ਰਭਦੀਪ ਕੋਲ ਤਰਨਤਾਰਨ ,ਭਿੰਦਰ ਕੌਰ ਸੰਗਰੂਰ, ਮੰਜੂ ਚੁੰਹਾਨ ਪਟਿਆਲਾ, ਜਰਨੈਲ ਕੌਰ ਫਤਿਹਗੜ੍ਹ ਸਾਹਿਬ, ਰਾਜਿੰਦਰ ਕੌਰ ਫਰੀਦਕੋਟ, ਵੀਰਪਾਲ ਕੌਰ ਬੰਠਿਡਾ, ਰਾਜਵਿੰਦਰ ਕੌਰ ਮਾਨਸਾ, ਅਮ੍ਰਿਤ ਕੌਰ, ਜਸਵਿੰਦਰ ਕੌਰ ਲੁਧਿਆਣਾ, ਪਰਮਜੀਤ ਕੌਰ ਮੋਗਾ, ਬਲਜਿੰਦਰ ਕੌਰ ਬਰਨਾਲਾ, ਸਤਵੀਰ ਕੌਰ ਫਾਜਿਲਕਾ, ਸਰੋਜ ਫਿਰੋਜ਼ਪੁਰ ਆਦਿ ਹਾਜ਼ਰ ਸਨ।

ਲੋਕ ਭਲਾਈ ਮੰਚ ਦੇ ਦਫ਼ਤਰ ਦਾ ਉਦਘਾਟਨ ਭਲਕੇ

ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)- ਬਲਾਚੌਰ ਹਲਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਬਣਾਏ ਗਏ ਬਲਾਚੌਰ ਲੋਕ ਭਲਾਈ ਮੰਚ ਦੇ ਦਫ਼ਤਰ ਦਾ ਰਸਮੀ ਉਦਘਾਟਨ 20 ਜੂਨ ਨੂੰ ਸਵੇਰੇ 10 ਵਜੇ ਗੜ੍ਹਸ਼ੰਕਰ ਰੋਡ ਤੇ ਸਿਆਨਾ ਵਿਖੇ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਚ ਦੇ ਆਗੂ ਅਸ਼ੋਕ ਕੁਮਾਰ ਨਾਨੋਵਾਲ, ਜਗਿੰਦਰ ਸਿੰਘ ਅਟਵਾਲ, ਹਰਕੰਵਲ ਸਿੰਘ ਕੌਲਗੜ੍ਹ ਅਤੇ ਕੁਲਜੀਤ ਸਿੰਘ ਲਾਡੀ ਫਿਰਨੀ ਮਜਾਰਾ ਨੇ ਦੱਸਿਆ ਕਿ ਮੰਚ ਦਾ ਗਠਨ ਇਲਾਕੇ ਦੀਆਂ ਲੋਕ ਭਲਾਈ ਨਾਲ ਜੁੜੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਮੰਚ ਕਿਸੇ ਵੀ ਰਾਜਨੀਤਿਕ ਪਾਰਟੀ ਨਾਲ ਸੰਬੰਧਿਤ ਨਹੀਂ ਹੈ, ਸਗੋਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਬਲਾਚੌਰ ਹਲਕੇ ਦੇ ਸਰਵਪੱਖੀ ਵਿਕਾਸ ਲਈ ਕੰਮ ਕਰੇਗਾ। ਮੰਚ ਦਾ ਉਦੇਸ਼ ਇਲਾਕੇ ਵਿੱਚ ਸੜਕਾਂ, ਸਿਹਤ, ਸਿੱਖਿਆ, ਖੇਡਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਜੁੜੀਆਂ ਸਮੱਸਿਆਵਾਂ ਨੂੰ ਉਜਾਗਰ ਕਰਨਾ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਅਤੇ ਸਰਕਾਰੀ ਅਧਿਕਾਰੀਆਂ ਤੱਕ ਲੋਕਾਂ ਦੀ ਆਵਾਜ਼ ਪਹੁੰਚਾਉਣਾ ਹੈ। ਆਗੂਆਂ ਨੇ ਦੱਸਿਆ ਕਿ ਮੰਚ ਵਿਸ਼ੇਸ਼ ਤੌਰ 'ਤੇ ਨੌਜਵਾਨਾਂ, ਖਿਡਾਰੀਆਂ ਅਤੇ ਵਿਦਿਆਰਥੀਆਂ ਨੂੰ ਆ ਰਹੀਆਂ ਮੁਸ਼ਕਿਲਾਂ ਦੇ ਹੱਲ ਲਈ ਯਤਨਸ਼ੀਲ ਰਹੇਗਾ। ਇਸ ਤੋਂ ਇਲਾਵਾ ਸਮਾਜਿਕ ਭਲਾਈ, ਵਾਤਾਵਰਨ ਸੰਭਾਲ ਅਤੇ ਹੋਰ ਲੋਕ ਹਿੱਤ ਦੇ ਕਾਰਜਾਂ ਵਿੱਚ ਵੀ ਮੰਚ ਸਰਗਰਮ ਭੂਮਿਕਾ ਨਿਭਾਏਗਾ।ਉਨ੍ਹਾਂ ਦੱਸਿਆ ਕਿ 20 ਜੂਨ ਨੂੰ ਹੋਣ ਵਾਲੇ ਉਦਘਾਟਨੀ ਸਮਾਗਮ ਮੌਕੇ ਸੰਗਤਾਂ ਅਤੇ ਇਲਾਕਾ ਨਿਵਾਸੀਆਂ ਦੀ ਸੇਵਾ ਲਈ ਠੰਢੇ-ਮਿੱਠੇ ਜਲ ਦੀ ਛਬੀਲ ਵੀ ਲਗਾਈ ਜਾਵੇਗੀ।

ਘੱਗਰ ਦੇ ਬੰਨ੍ਹ ਨੂੰ ਮਜ਼ਬੂਤ ਕਰਨ ਲਈ ਲੋਕਾਂ ਵੱਲੋਂ ਹੰਭਲਾ

■ ਦਰਜਨਾਂ ਪਿੰਡ ਹੜ੍ਹ ਤੋਂ ਬਚਾਉਣ ਲਈ ਘੱਗਰ ਦੇ ਬੰਨ੍ਹ ਮਜ਼ਬੂਤ ਕੀਤੇ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਆਮ ਕਹਾਵਤ ਹੈ ਕਿ ਦਰਿਆਵਾਂ ਨੂੰ ਕਦੇ ਨੱਕੇ ਨਹੀਂ ਲੱਗਦੇ, ਪਰ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਕਿਸਾਨਾਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਜੇ ਹੌਸਲੇ ਬੁਲੰਦ ਹੋਣ ਤਾਂ ਦਰਿਆਵਾਂ ਦੇ ਬੰਨ੍ਹ ਵੀ ਮੋੜੇ ਜਾ ਸਕਦੇ ਹਨ।ਘੱਗਰ ਦਰਿਆ 'ਚ ਹਰ ਸਾਲ ਆਉਣ ਵਾਲੇ ਭਿਆਨਕ ਹੜ੍ਹਾਂ ਨਾਲ ਇਲਾਕੇ ਦੇ ਦਰਜਨ ਦੇ ਕਰੀਬ ਪਿੰਡਾਂ ਨੂੰ ਹਰ ਸਾਲ ਘੱਗਰ ਦਰਿਆ ਦੇ ਹੜ੍ਹ ਕਾਰਨ ਭਾਰੀ ਨੁਕਸਾਨ ਝੱਲਣਾ ਪੈਂਦਾ ਹੈ।ਸਾਲ 2023 ਵਿੱਚ ਆਏ ਭਿਆਨਕ ਹੜ੍ਹ ਤੋਂ ਸਬਕ ਲੈਂਦਿਆਂ, ਪ੍ਰਸ਼ਾਸਨ ਦੇ ਭਰੋਸੇ ਬੈਠਣ ਦੀ ਬਜਾਏ ਇਸ ਵਾਰ ਸਥਾਨਕ ਲੋਕਾਂ ਨੇ ਖੁਦ ਅੱਗੇ ਆ ਕੇ ਮੋਰਚਾ ਸੰਭਾਲਿਆ ਹੈ, ਜਿਸ ਦੇ ਚੱਲਦਿਆਂ ਲੱਖਾਂ ਰੁਪਏ ਦਾ ਖਰਚ ਕਰਕੇ 16 ਕਿਲੋਮੀਟਰ ਘੱਗਰ ਦਰਿਆ ਦਾ ਬੰਨ੍ਹ ਨੂੰ ਦਿਨ-ਰਾਤ ਇੱਕ ਕਰਕੇ ਮਹਿਜ਼ ਇੱਕ ਮਹੀਨੇ ਦੇ ਰਿਕਾਰਡ ਸਮੇਂ ਵਿੱਚ ਇਸ ਕੰਮ ਨੂੰ ਨੇਪਰੇ ਚਾੜ੍ਹਦਿਆਂ ਲੋਕ ਸ਼ਕਤੀ ਤੇ ਧਾਰਮਿਕ ਸਮਾਜਿਕ ਸੰਸਥਾਵਾਂ ਦੇ ਆਪਸੀ ਤਾਲਮੇਲ ਦੀ ਬੇਹਤਰ ਮਿਸਾਲ ਪੈਦਾ ਕਰਦੇ ਹੋਏ ਅਗਾਮੀ ਮਾਨਸੂਨ ਦੇ ਸੀਜਨ ਦੌਰਾਨ ਦਰਜਨਾਂ ਪਿੰਡਾਂ ਨੂੰ ਤਬਾਹੀ ਤੋਂ ਬਚਾਉਣ ਲਈ ਸੁਰੱਖਿਆ ਕਵਚ ਤਿਆਰ ਕੀਤਾ ਗਿਆ ਹੈ।

ਪਟਿਆਲਾ ਜ਼ਿਲ੍ਹੇ ਦੀ ਸਬ ਡਵੀਜ਼ਨ 'ਚੋਂ ਲੰਘਦਾ ਘੱਗਰ ਦਰਿਆ ਪਿਛਲੇ ਸਾਲ ਘੱਗਰ ਦਰਿਆ ਵਿੱਚ ਆਏ ਵੱਡੇ ਪੱਧਰ ਉੱਤੇ ਹੜ੍ਹਾਂ ਦੇ ਪਾਣੀ ਦੇ ਚੱਲਦਿਆਂ ਕਰੀਬ ਇਕ ਮਹੀਨਾ ਖਤਰੇ ਦੇ ਨਿਸ਼ਾਨ ਤੋਂ ਉੱਪਰ ਚੱਲਿਆ, ਜਿਸ ਦੌਰਾਨ ਖਨੌਰੀ ਹੈਡਵਰਕਸ ਤੋਂ ਬਾਦਸ਼ਾਹਪੁਰ ਤੱਕ ਦੇ ਇਲਾਕੇ 'ਚ ਬਹੁਤ ਸਾਰੀਆਂ ਨਾਜ਼ੁਕ ਥਾਂਵਾਂ 'ਤੇ ਪਾੜ ਪੈਣ ਦਾ ਖਤਰਾ ਬਣਿਆ ਰਿਹਾ, ਪਰ ਲੋਕਾਂ ਵੱਲੋਂ ਸਿਰ ਤੋੜ ਕੀਤੀਆਂ ਕੋਸ਼ਿਸ਼ਾਂ ਕਰਕੇ ਕਰੀਬ 13 ਦਿਨ ਖਤਰੇ ਦੇ ਨਿਸ਼ਾਨ ਤੋਂ ਉੱਪਰ ਚੱਲਣ ਦੇ ਬਾਵਜੂਦ ਲੋਕਾਂ ਨੇ ਘੱਗਰ ਨੂੰ ਟੁੱਟਣ ਤੋਂ ਬਚਾਅ ਲਿਆ, ਜਿਸ ਤੋਂ ਉਤਸ਼ਾਹਤ ਹੋ ਕੇ ਇਸ ਵਾਰ ਇਲਾਕੇ ਦੇ ਪਿੰਡਾਂ ਗੁਲਾਹੜ, ਜੋਗੇਵਾਲਾ, ਨਾਈਵਾਲਾ, ਸ਼ੁਕਰਾਨਾ, ਕਰਤਾਰਪੁਰਾ, ਰਸੌਲੀ, ਚਿੱਚੜਵਾਲਾ ਤੇ ਅਰਨੇਟੂ ਦੇ ਨਾਲ-ਨਾਲ ਸੰਗਰੂਰ ਜ਼ਿਲ੍ਹੇ ਦੇ ਪਿੰਡ ਹੋਤੀਪੁਰ ਅਤੇ ਨਵਾਂ ਗਾਂਉ ਦੇ ਕਿਸਾਨਾਂ ਵੱਲੋਂ ਅਗਾਊਂ ਪ੍ਰਬੰਧ ਕਰਦਿਆਂ ਖਨੌਰੀ ਹੈਡਵਰਕਸ ਤੋਂ ਅਰਨੇਟੂ ਤੱਕ ਕਰੀਬ 16 ਕਿਲੋਮੀਟਰ ਘੱਗਰ ਦੇ ਬੰਨ੍ਹ ਨੂੰ ਆਪਣੇ ਪੱਧਰ ਉੱਤੇ ਮਜਬੂਤ ਕੀਤਾ ਗਿਆ।

ਕਾਰ ਸੇਵਾ ਵਾਲੇ ਸੰਤ ਬਾਬਾ ਅਮਰੀਕ ਸਿੰਘ ਅਤੇ ਸੰਤ ਬਾਬਾ ਭੂਰੀ ਵਾਲਿਆਂ ਨੂੰ ਇਲਾਕੇ ਦੀਆਂ ਸੰਗਤਾਂ ਵੱਲੋਂ ਇਕੱਠੇ ਹੋ ਕੇ ਬੇਨਤੀ ਕਰਨ 'ਤੇ ਇਨ੍ਹਾਂ ਧਾਰਮਿਕ ਸ਼ਖ਼ਸੀਅਤਾਂ ਦੇ ਨਾਲ-ਨਾਲ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਲੋਕਾਂ ਨੂੰ ਵੱਡਾ ਸਹਿਯੋਗ ਦਿੱਤਾ।ਲੋਕਾਂ ਵੱਲੋਂ ਆਪਣੇ ਪੱਧਰ 'ਤੇ ਕੀਤੇ ਗਏ ਇਸ ਕਾਰਜ ਦੌਰਾਨ ਦੋ ਪੋਕਲਾਨ ਮਸ਼ੀਨਾਂ, ਜੇਸੀਬੀ ਮਸ਼ੀਨਾਂ ਤੇ ਦਰਜਨ ਤੋਂ ਵੱਧ ਟਰੈਕਟਰਾਂ ਦੇ ਨਾਲ ਸੈਂਕੜੇ ਲੋਕ ਇੱਕ ਮਹੀਨੇ ਤੱਕ ਬੰਨ੍ਹਾਂ ਨੂੰ ਮਜਬੂਤ ਕਰਨ ਵਿੱਚ ਲੱਗੇ।ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਮਿੱਟੀ ਦੀ ਢੋਆ-ਢੁਆਈ 'ਚ ਲੱਗੇ ਟਰੈਕਟਰਾਂ ਲਈ 5,000 ਲੀਟਰ ਡੀਜ਼ਲ ਮੁਹੱਈਆ ਕਰਾ ਕੇ ਵੱਡੀ ਮਦਦ ਕੀਤੀ ਗਈ।ਇਸ ਤੋਂ ਇਲਾਵਾ ਕਾਰਸੇਵਾ ਵਾਲੇ ਮਹਾਂਪੁਰਖ ਸੰਤ ਬਾਬਾ ਅਮਰੀਕ ਸਿੰਘ ਪਟਿਆਲੇ ਵਾਲੇ ਅਤੇ ਸੰਤ ਭੂਰੀ ਵਾਲਿਆਂ ਵੱਲੋਂ ਇੱਕ-ਇੱਕ ਪੋਕਲੇਨ ਮਸ਼ੀਨ ਮੁਫ਼ਤ ਸੇਵਾ ਵਜੋਂ ਦਿੱਤੀ ਗਈ, ਜਿਸ ਨਾਲ ਮਿੱਟੀ ਪਾਉਣ ਦਾ ਕੰਮ ਤੇਜ਼ੀ ਨਾਲ ਮੁਕੰਮਲ ਹੋਇਆ।

ਸਮਾਜ ਸੇਵੀ ਕਿਸਾਨ ਆਗੂ ਫ਼ਤਿਹ ਸਿੰਘ ਜੋਗੇਵਾਲਾ ਨੇ ਦੱਸਿਆ ਕਿ ਪਿਛਲੇ ਸਾਲ 2000 ਲੀਟਰ ਡੀਜ਼ਲ ਤੇਲ ਤੋਂ ਇਲਾਵਾ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਇਸ ਵਾਰ 5000 ਲੀਟਰ ਡੀਜ਼ਲ, ਯੂਐਸਏ ਤੋਂ ਡਾਕਟਰ ਸਵੈਮਾਨ ਸਿੰਘ ਦੀ ਟੀਮ ਵੱਲੋਂ 400 ਲੀਟਰ ਡੀਜ਼ਲ, ਸਾਬਕਾ ਸਰਪੰਚ ਹਰਭਜਨ ਸਿੰਘ ਨਵਾਂਗਾਉ ਵੱਲੋਂ 400 ਲੀਟਰ, ਸਰਪੰਚ ਲਵਜੀਤ ਸਿੰਘ ਬੱਬੀ ਹੋਤੀਪੁਰ ਵੱਲੋਂ 400 ਲੀਟਰ, ਸਰਪੰਚ ਕਿੱਕਰ ਸਿੰਘ ਨੂਰਪੁਰਾ ਵੱਲੋਂ 200 ਲੀਟਰ ਅਤੇ ਸਾਬਕਾ ਸਰਪੰਚ ਕਾਰਜ ਸਿੰਘ ਬਕਰਾਹਾ ਵੱਲੋਂ 200 ਲੀਟਰ ਡੀਜ਼ਲ ਤੇਲ ਨਾਲ ਬੰਨ੍ਹਿਆ ਨੂੰ ਮਜਬੂਤ ਕਰਨ ਦਾ ਕੰਮ ਨੇਪਰੇ ਚਾੜ੍ਹਿਆ ਹੈ।

ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੀ ਨਵੀਂ ਟੀਮ ਦੀ ਚੋਣ

ਕੋਟਕਪੂਰਾ (ਰਛਪਾਲ ਭੁੱਲਰ)-ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੀ ਨਵੀਂ ਟੀਮ ਦੀ ਚੋਣ ਬੀਤੇ ਦਿਨ ਕਲੱਬ ਦੀ ਜਨਰਲ ਮੀਟਿੰਗ ਜੋ ਸਥਾਨਕ ਸਾਗਰ ਹੋਟਲ ਵਿਖੇ ਪ੍ਰਧਾਨ ਲਾਇਨ ਕੁਲਵੰਤ ਸਿੰਘ ਸਰਾਂ ਦੀ ਪ੍ਰਧਾਨਗੀ ਵਿੱਚ ਹੋਈ ਵਿੱਚ ਕੀਤੀ ਗਈ।ਮੀਟਿੰਗ ਵਿੱਚ ਪਿਛਲੇ ਕੀਤੇ ਹੋਏ ਪ੍ਰੋਜੈਕਟਾਂ ਉੱਪਰ ਕੀਤੇ ਹੋਏ ਕੰਮਾਂ ਦੀ ਸਮੀਖਿਆ ਕੀਤੀ ਗਈ।ਕਲੱਬ ਸਕੱਤਰ ਲਾਇਨ ਵਿਕਰਾਂਤ ਧੀਂਗੜਾ ਵੱਲੋਂ ਆਉਣ ਵਾਲੇ ਸਾਲ ਦੌਰਾਨ ਲਗਾਏ ਜਾਣ ਵਾਲੇ ਪ੍ਰੋਜੈਕਟਾਂ ਦੀ ਜਾਣਕਰੀ ਸਾਂਝੀ ਕੀਤੀ ਗਈ।ਇਸ ਮੀਟਿੰਗ ਵਿੱਚ ਲਾਇਨ ਰਾਜਿੰਦਰ ਸਿੰਘ ਸਰਾਂ ਵੱਲੋਂ ਚੇਅਰਮੈਨ ਚੋਣ ਕਮੇਟੀ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਦਿਆਂ ਸਾਲ 2026-27 ਨਵੀਂ ਟੀਮ ਦਾ ਐਲਾਨ ਕੀਤਾ ਗਿਆ।ਇਸ ਟੀਮ ਵਿੱਚ ਲਾਇਨ ਕੁਲਵੰਤ ਸਿੰਘ ਸਰਾਂ ਪ੍ਰਧਾਨ, ਲਾਇਨ ਵਿਕਰਾਂਤ ਧੀਂਗੜਾ ਸਕੱਤਰ, ਲਾਇਨ ਜਗਸੀਰ ਸਿੰਘ ਸਰਪੰਚ ਖਜ਼ਾਨਚੀ, ਪੀ ਆਰ ਓ ਲਾਇਨ ਚਰਨਜੀਤ ਸਿਡਾਨਾ ਫਸਟ ਵਾਈਸ ਪ੍ਰੈਜ਼ੀਡੈਂਟ ਲਾਇਨ ਸੰਦੀਪ ਕੰਡਾ, ਟੇਲ ਟਵਿਸਟਰ ਲਾਇਨ ਬੌਬੀ ਅਹੂਜਾ, ਟੇਮਰ ਲਾਇਨ ਨਵਾਬ ਸਿੰਘ ਨੂੰ ਬਣਾਇਆ ਗਿਆ।ਅੱਜ ਦੀ ਮੀਟਿੰਗ ਵਿੱਚ ਪਰਿਵਾਰਕ ਮੈਂਬਰ, ਬੱਚੇ ਤੇ ਐੱਮ ਜੇ ਐੱਫ ਲਾਇਨ ਗੁਰਦੀਪ ਸਿੰਘ, ਲਾਇਨ ਗੁਰਦੀਪ ਸਿੰਘ, ਲਾਇਨ ਰਛਪਾਲ ਸਿੰਘ ਭੁੱਲਰ, ਲਾਇਨ ਸ਼ਸ਼ੀ ਚੋਪੜਾ ਆਦਿ ਹਾਜ਼ਰ ਸਨ।

ਕਿਸਾਨ ਖੇਤੀ ਮਿੱਟੀ ਦੀ ਟੈਸਟਿੰਗ ਜ਼ਰੂਰ ਕਰਵਾਉਣ : ਪੂਨੀਆਂ

ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)-ਪ੍ਰੈੱਸ ਕਲੱਬ ਹਲਕਾ ਸਨੌਰ, ਦੇਵੀਗੜ੍ਹ ਤੇ ਬਲਬੇੜਾ ਦੀ ਟੀਮ ਵੱਲੋਂ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਪਿੰਡ ਅਲੀਪੁਰ-ਥੇ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਦੀ ਪ੍ਰਧਾਨਗੀ ਵਿਧਾਨ ਸਭਾ ਹਲਕਾ ਸਨੌਰ ਤੋਂ ਬੀਜੇਪੀ ਦੇ ਹਲਕਾ ਇੰਚਾਰਜ ਸਤਪਾਲ ਸਿੰਘ ਪੂਨੀਆ ਨੇ ਕੀਤੀ। ਪੂਨੀਆ ਨੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਕੈਂਪ ਦੀ ਸਲਾਹੁਣਾ ਕਰਦੇ ਕਿਸਾਨਾਂ ਨੂੰ ਆਪਣੇ ਖੇਤਾਂ ਦੀ ਮਿੱਟੀ ਦੀ ਟੈਸਟਿੰਗ ਕਰਵਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਆਪਣੀ ਜ਼ਮੀਨ ਦੀ ਖੇਤੀਬਾੜੀ ਵਿਭਾਗ ਤੋਂ ਟੈਸਟਿੰਗ ਕਰਵਾਉਣ ਦੀ ਅਪੀਲ ਕੀਤੀ। ਇਸ ਮੌਕੇ ਖੇਤੀਬਾੜੀ ਅਫਸਰ ਵਿਮਲ ਪ੍ਰੀਤ ਸਿੰਘ, ਜਸਪ੍ਰੀਤ ਸਿੰਘ ਰੰਧਾਵਾ ਨੇ ਕਿਸਾਨਾਂ ਨੂੰ ਬਾਉਣਾ ਰੋਗ ਵਾਇਰਸ, ਚਿੱਟੇ ਤੇਲੇ ਤੋਂ ਬਚਣ ਲਈ ਕਿਸਾਨ ਉਸ਼ੀਨ ਜਾਂ ਚੈਸ ਦੀ ਸਪਰੇ ਪਨੀਰੀ 'ਤੇ ਜ਼ਰੂਰ ਕਰਨ ਦੀ ਅਪੀਲ ਕੀਤੀ ਗਈ। ਕੈਂਪ ਦੁਰਾਨ ਬੀਜੇਪੀ ਆਗੂ ਇੰਚਾਰਜ ਹਲਕਾ ਸਨੌਰ ਜਸਪਾਲ ਸਿੰਘ ਪੂਨੀਆ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਵਸ ਮਨਾਇਆ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਜੀ ਵਿਖੇ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਸਤਿਕਾਰ ਸਾਹਿਤ ਮਨਾਇਆ ਗਿਆ।ਸਵੇਰੇ ਅੰਮ੍ਰਿਤ ਵੇਲੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਬੀਬੀਆ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਗਿਆ। ਉਪਰੰਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਭੋਗ ਉਪਰੰਤ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਸਵਿੰਦਰ ਸਿੰਘ ਨੇ ਗੁਰਬਾਣੀ ਕੀਰਤਨ ਤੇ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਈ ਅੰਮ੍ਰਿਤਪਾਲ ਸਿੰਘ (ਹਜ਼ੂਰੀ ਰਾਗੀ ਤਖਤ ਸ਼੍ਰੀ ਦਮਦਮਾ ਸਾਹਿਬ) ਵੱਲੋਂ ਮਨੋਹਰ ਗੁਰਬਾਣੀ ਕੀਰਤਨ ਰਾਹੀ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ।ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਬੀਬੀਆਂ ਵੱਲੋਂ ਕੀਤੀ ਗਈ।ਗੁਰਦੁਆਰਾ ਸਾਹਿਬ ਵੱਲੋਂ ਸੁਸਾਇਟੀ ਦੀਆਂ ਬੀਬੀਆਂ ਦਾ ਸਨਮਾਨ ਕੀਤਾ ਗਿਆ ਅਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਰਾਜਿੰਦਰ ਸਿੰਘ ਪੁਰਬਾ ਵਲੋਂ ਆਈਆ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਸਮਾਗਮ ਅਤੇ ਅੱਗੇ ਆਉਣ ਵਾਲੇ ਸਮਾਗਮਾਂ ਬਾਰੇ ਜਾਣਕਾਰੀ ਸੰਗਤਾਂ ਨਾਲ ਸਾਂਝੀ ਕੀਤੀ ਗਈ।ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਤੇ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਾਈ ਗਈ।

ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਤ ਛਬੀਲ

ਜਗਰਾਉਂ (ਅਮਿਤ ਖੰਨਾ)-ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਕੱਚਾ ਮਲਕ ਰੋਡ ਗੁਰਦਵਾਰਾ ਗੁਰੂ ਰਵਿਦਾਸ ਦੇ ਬਾਹਰ ਛਬੀਲ ਲਾਈ ਗਈ। ਇਸ ਨੇਕ ਕਾਰਜ ਰਾਹੀਂ ਸੰਗਤ ਦੀ ਸੇਵਾ ਕਰਦਿਆਂ ਵਾਰਡ ਨੰਬਰ 4 ਤੋਂ ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ ਨੇ ਪੂਰੀ ਸ਼ਰਧਾ ਨਾਲ ਲੋਕਾਂ ਨੂੰ ਠੰਡਾ ਮਿੱਠਾ ਜਲ ਵਰਤਾਇਆ।ਇਸ ਮੌਕੇ ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ, ਬਿਕਰਮਜੀਤ ਥਿੰਦ, ਵਰਿੰਦਰ ਸਿੰਘ, ਭੁਪਿੰਦਰ ਸਿੰਘ, ਜਗਵਿੰਦਰ ਸਿੰਘ, ਸੰਦੀਪ ਸਿੰਘ, ਮਨਦੀਪ ਸਿੰਘ, ਕਮਲਦੀਪ ਸਿੰਘ, ਕਮਲ ਛਿੱਬਰ, ਗੁਰਮਿੰਦਰ ਸਿੰਘ, ਦਿਲਮੋਹਨ ਸਿੰਘ, ਆਰ.ਕੇ.ਗੋਇਲ, ਭੰਡਾਰੀ ਏ.ਸੀ ਵਾਲਿਆਂ ਸਮੇਤ ਸਮੂਹ ਦੁਕਾਨਦਾਰਾਂ ਨੇ ਵੀ ਸ਼ਰਧਾ ਭਾਵਨਾ ਨਾਲ ਸੰਗਤ ਦੀ ਸੇਵਾ ਕੀਤੀ।ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੀ ਛਬੀਲ ਦੌਰਾਨ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਤ ਸ਼ਬਦ ਕੀਰਤਨ ਰਾਹੀਂ ਵੀ ਸੰਗਤਾਂ ਨਿਹਾਲ ਹੋਈਆਂ।

ਮੁੱਖ ਚੋਣ ਅਫਸਰ ਵੱਲੋਂ ਬੀ ਐਲ ਓਜ਼ ਨਾਲ ਅਹਿਮ ਮੀਟਿੰਗ

ਕੋਟ ਈਸੇ ਖਾਂ (ਅਰੋੜਾ)-ਮੁੱਖ ਚੋਣ ਅਫ਼ਸਰ ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਸਮੇਤ ਡਿਪਟੀ ਸੀਈਓ ਮੈਡਮ ਨਵਨੀਤ ਕੌਰ ਵੱਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਪੁੱਜੇ ਬੀ.ਐਲ.ਓ ਯੂਨੀਅਨ ਦੇ ਆਗੂਆਂ ਨਾਲ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) ਸਮੇਤ ਹੋਰ ਜ਼ਮੀਨੀ ਪੱਧਰ ਦੀਆਂ ਅਸਲ ਹਕੀਕਤਾਂ ਤੇ ਸੰਬੰਧੀ ਚਾਰ ਘੰਟੇ ਵਿਸਥਾਰ 'ਚ ਮੁਲਾਕਾਤ ਕਰਕੇ ਚੋਣ ਕਮਿਸ਼ਨ ਵੱਲੋਂ ਆਯੋਜਤ ਪ੍ਰੋਗਰਾਮ ਦੀ ਅਹਿਮ ਜਾਣਕਾਰੀ ਸਾਂਝੀ ਕਰਦੇ ਹੋਏ ਬੀ ਐਲ ਓ ਨਾਲ ਵਿਚਾਰਾਂ ਦਾ ਅਦਾਨ-ਪ੍ਰਦਾਨ ਕੀਤਾ ਗਿਆ।ਸਟੇਟ ਆਗੂ ਕੁਲਦੀਪ ਸਿੰਘ ਬੱਡੂਵਾਲ ਨੇ ਦੱਸਿਆ ਕਿ ਪੰਜਾਬ ਦੇ ਲਗਭਗ 24500 ਬੀਐਲਓਜ਼ ਵੱਲੋਂ ਪੂਰੀ ਮਿਹਨਤ ਨਾਲ 85% ਪ੍ਰੀ-ਮੈਪਿੰਗ ਦਾ ਕੰਮ ਮੁਕੰਮਲ ਕਰਨ ਤੇ ਸੀਈਓ ਮੈਡਮ ਵੱਲੋਂ ਹੌਂਸਲਾ ਅਫ਼ਜ਼ਾਈ ਕਰਦੇ ਹੋਏ ਧੰਨਵਾਦ ਕੀਤਾ ਗਿਆ।ਇਸ ਸਮੇਂ ਯੂਨੀਅਨ ਵੱਲੋਂ ਸਪੈਸ਼ਲ ਮਾਣਭੱਤਾ, ਪਿਤਰੀ ਵਿਭਾਗ ਤੋਂ ਸੰਪੂਰਨ ਫਾਰਗੀ, ਐਸ.ਆਈ.ਆਰ ਕਾਰਜ ਨੂੰ ਅਸਾਨ ਤੇ ਦਬਾਅ ਮੁਕਤ ਬਣਾਉਣ, ਬੀਐਲਓ ਨੂੰ ਮੋਬਾਇਲ ਤੇ ਹੋਰ ਲੋੜੀਂਦੇ ਉਪਕਰਨ ਦੇਣ, ਇਵਜੀ ਛੁੱਟੀ ਪੂਰੀ ਤਰਾਂ ਲਾਗੂ ਕਰਨ, ਛੁੱਟੀਆਂ ਦਾ ਮੋਬਾਇਲ ਭੱਤਾ, ਛੁੱਟੀਆਂ ਦੌਰਾਨ ਕੀਤੇ ਕੰਮ ਪ੍ਰਤੀ ਕਮਾਈ ਛੁੱਟੀ, ਟਰਾਂਸਫਰ 'ਤੇ ਰੋਕ ਹਟਾਉਣ ਆਦਿ ਹੋਰ ਮੰਗਾਂ ਸੰਬੰਧਤ ਅਫਸਰ ਨਾਲ ਸਾਂਝੀਆਂ ਕੀਤੀਆਂ ਗਈਆਂ।ਹਾਜ਼ਰ ਬੀਐਲਓਜ਼ ਵੱਲੋਂ ਆਪਣੇ ਜ਼ਿਲ੍ਹੇ ਦੇ ਸਮੂਹ ਸਾਥੀਆਂ ਨਾਲ ਮੀਟਿੰਗ ਦੀ ਜਾਣਕਾਰੀ ਸਾਂਝੀ ਕਰਕੇ ਜ਼ਮੀਨੀ ਪੱਧਰ 'ਤੇ 25 ਜੂਨ ਤੋਂ ਸ਼ੁਰੂ ਕੰਮ ਸੰਬੰਧੀ ਫੀਡਬੈਕ ਪ੍ਰਾਪਤ ਕਰਕੇ ਸਟੇਟ ਕਮੇਟੀ ਰਾਹੀਂ ਮੁੱਖ ਦਫਤਰ ਨੂੰ ਸੁਝਾਅ ਪ੍ਰਦਾਨ ਕਰਨਗੇ ਤਾਂ ਜੁ ਬਹੁਤ ਹੀ ਜ਼ਿੰਮੇਵਾਰੀ ਵਾਲੇ ਇਸ ਕਾਰਜ ਨੂੰ ਆਪਸੀ ਤਾਲਮੇਲ ਤੇ ਸਹਿਯੋਗ ਨਾਲ ਅਸਾਨ ਤੇ ਪ੍ਰੈਸ਼ਰ ਮੁਕਤ ਮਾਹੌਲ 'ਚ ਮੁਕੰਮਲ ਕੀਤਾ ਜਾ ਸਕੇ।ਆਉਣ ਵਾਲੇ ਦਿਨਾਂ ਦੌਰਾਨ ਯੂਨੀਅਨ ਵੱਲੋਂ ਚੱਲ ਰਹੇ ਕਾਰਜ ਸਮੇਂ ਮੁੱਖ ਦਫਤਰ ਚੰਡੀਗੜ੍ਹ ਨਾਲ ਤਾਲਮੇਲ ਸਮੇਤ ਲਗਾਤਾਰ ਮੀਟਿੰਗ ਦਾ ਸਿਲਸਲਾ ਜਾਰੀ ਰਹੇਗਾ। ਬੀਐਲਓ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਦਾ ਲਿਖਤੀ ਪੱਤਰ ਪ੍ਰਦਾਨ ਕਰਦੇ ਹੋਏ ਮੈਡਮ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ।

ਫੱਤਣਵਾਲਾ ਪਰਵਾਰ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ, ਪੂਜਾ)-ਵਧ ਰਹੀ ਗਰਮੀ ਨੂੰ ਦੇਖਦਿਆਂ ਫੱਤਣਵਾਲਾ ਪਰਵਾਰ ਵੱਲੋਂ ਸਥਾਨਕ ਕੋਟਕਪੂਰਾ ਰੋਡ ਸਥਿਤ ਫੱਤਣਵਾਲਾ ਨਿਵਾਸ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਇਸ ਦੌਰਾਨ ਆਉਣ-ਜਾਣ ਵਾਲੇ ਰਾਹਗੀਰਾਂ ਤੇ ਸ਼ਰਧਾਲੂਆਂ ਨੂੰ ਠੰਢਾ ਮਿੱਠਾ ਜਲ ਛਕਾਇਆ ਗਿਆ।ਇਸ ਮੌਕੇ ਸੇਵਾ ਨਿਭਾਉਂਦਿਆਂ ਜਗਜੀਤ ਸਿੰਘ ਬਰਾੜ (ਹਨੀ ਫੱਤਣਵਾਲਾ), ਸਾਬਕਾ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਤੇ ਮਨਜੀਤ ਸਿੰਘ, ਸਾਬਕਾ ਚੇਅਰਮੈਨ ਸ਼ੂਗਰ ਮਿੱਲ ਫ਼ਰੀਦਕੋਟ ਨੇ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਲੋਕਾਂ ਨੂੰ ਠੰਢਾ ਜਲ ਪਿਲਾਉਣਾ ਇੱਕ ਵੱਡਾ ਪੁੰਨ ਦਾ ਕੰਮ ਹੈ।ਉਨ੍ਹਾਂ ਕਿਹਾ ਕਿ ਸਿੱਖ ਗੁਰੂਆਂ ਨੇ ਸਾਨੂੰ ਕਿਰਤ ਕਰਨ ਤੇ ਵੰਡ ਕੇ ਛਕਣ ਦੀ ਸਿੱਖਿਆ ਦਿੱਤੀ ਹੈ, ਜਿਸ 'ਤੇ ਅਮਲ ਕਰਨਾ ਹਰ ਸਿੱਖ ਦਾ ਫਰਜ਼ ਹੈ।ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਵਰਗ ਨੂੰ ਅਜਿਹੇ ਸੇਵਾ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤੇ ਹੋਰਨਾਂ ਨੂੰ ਵੀ ਇਸ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।ਇਸ ਮੌਕੇ ਮਨਰਾਜ ਸਿੰਘ ਬਰਾੜ ਫੱਤਣਵਾਲਾ, ਗੁਰਵਿੰਦਰ ਸਿੰਘ, ਨਵਨੀਤ ਕੁਮਾਰ, ਸ਼ਮਿੰਦਰ ਸਿੰਘ, ਅਰਜੁਨ ਸਿੰਘ ਸਮੇਤ ਹੋਰ ਸੇਵਾਦਾਰਾਂ ਨੇ ਵੀ ਛਬੀਲ ਦੀ ਸੇਵਾ ਨਿਭਾਈ ਤੇ ਰਾਹਗੀਰਾਂ ਨੂੰ ਠੰਢਾ ਮਿੱਠਾ ਜਲ ਵਰਤਾਇਆ।

ਕ੍ਰਿਸ਼ਨਾ ਜਵੈਲਰ ਦੀ ਸੋਸ਼ਲ ਮੀਡੀਆ 'ਤੇ ਚੜ੍ਹਾਈ

ਬਠਿੰਡਾ (ਰਾਜੀਵ ਗੋਇਲ)-ਜ਼ਿਲ੍ਹਾ ਬਠਿੰਡਾ ਦੇ ਕਸਬਾ ਭਗਤਾ ਨਾਲ ਸੰਬੰਧਤ ਕ੍ਰਿਸ਼ਨਾ ਜਵੈਲਰ, ਜੋ ਕਿ ਸਿਰਫ ਆਪਣੇ ਇਲਾਕੇ ਵਿੱਚ ਹੀ ਨਹੀਂ ਸਗੋਂ ਕੈਨੇਡਾ ਦੀ ਧਰਤੀ 'ਤੇ ਵੀ ਆਪਣੇ ਪੈਰ ਪੱਕੇ ਕਰ ਚੁੱਕਾ ਹੈ, ਦੀ ਇਨ੍ਹੀਂ ਦਿਨੀਂ ਸੋਸ਼ਲ ਮੀਡੀਆ 'ਤੇ ਪੂਰੀ ਚੜ੍ਹਾਈ ਨਜ਼ਰ ਆ ਰਹੀ ਹੈ। ਬਰਨਾਲੇ ਵਾਲੇ ਸ਼ਰਾਫਾਂ ਦੇ ਨਾਮ ਨਾਲ ਮਸ਼ਹੂਰ ਕ੍ਰਿਸ਼ਨਾ ਜਵੈਲਰ ਨੂੰ ਲੋਕ ਸੋਸ਼ਲ ਮੀਡੀਆ ਜ਼ਰੀਏ ਫੋਲੋ ਕਰਦੇ ਹੋਏ ਉਨ੍ਹਾਂ ਦੇ ਸੁਖਦੇਵ ਮਾਰਕੀਟ ਸਥਿਤ ਸ਼ੋ-ਰੂਮ 'ਤੇ ਪਹੁੰਚਦੇ ਨਜ਼ਰ ਆ ਰਹੇ ਹਨ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਇਸ ਸ਼ੋ-ਰੂਮ ਦਾ ਮਾਲਕ ਸੁਮਿਤ ਸਾਗਰ ਇੱਕ ਗਾਇਕ ਵੀ ਹੈ, ਜਿਸ ਕਾਰਨ ਵੀ ਅੱਜਕੱਲ੍ਹ ਦੇ ਨੌਜਵਾਨ ਇਸ ਗਾਇਕ ਦੀ ਮੁਲਾਕਾਤ ਦੇ ਨਾਲ-ਨਾਲ ਨਵੇਂ ਗਾਹਕਾਂ ਦੇ ਰੂਪ ਵਿੱਚ ਉਨ੍ਹਾਂ ਕੋਲ ਪਹੁੰਚ ਕਰ ਰਹੇ ਹਨ। 9 ਕੈਰੇਟ ਸੋਨਾ ਲੈ ਕੇ ਆਉਣ ਵਾਲੇ ਇਹ ਸੂਬੇ ਦੇ ਪਹਿਲੇ ਸਵਰਨਕਾਰ ਹਨ ਤੇ ਭਵਿੱਖ ਵਿੱਚ ਇਸ ਕੈਰੇਟ ਦੀ ਮੰਗ ਵਧਣ ਦੀ ਸੰਭਾਵਨਾ ਵੀ ਜ਼ਿਆਦਾ ਹੈ, ਜਿਸ ਕਾਰਨ ਇਲਾਕੇ ਦੇ ਲੋਕ 9 ਕੈਰੇਟ ਨੂੰ ਦੇਖਣ ਤੇ ਪਰਖਣ ਲਈ ਇਨ੍ਹਾਂ ਦੇ ਸ਼ੋ-ਰੂਮ ਪਹੁੰਚ ਰਹੇ ਹਨ।

ਆਦਰਸ਼ ਸਕੂਲ ਐਸੋਸੀਏਸ਼ਨ ਦੀ ਸਿੱਖਿਆ ਸਕੱਤਰ ਨਾਲ ਮੀਟਿੰਗ, ਮੰਗਾਂ ਦੇ ਜਲਦ ਹੱਲ ਦਾ ਮਿਲਿਆ ਭਰੋਸਾ

ਮਾਨਸਾ (ਆਤਮਾ ਸਿੰਘ ਪਮਾਰ)

ਆਦਰਸ਼ ਸਕੂਲ ਐਸੋਸੀਏਸ਼ਨ ਪੰਜਾਬ ਦੇ ਪ੍ਰਤੀਨਿਧ ਮੰਡਲ ਦੀ ਇੱਕ ਮੀਟਿੰਗ ਪੰਜਾਬ ਦੇ ਸਿੱਖਿਆ ਸਕੱਤਰ ਮੈਡਮ ਸੋਨਾਲੀ ਗਿਰੀ ਨਾਲ ਮਿਨੀ ਸਕੱਤਰੇਤ, ਚੰਡੀਗੜ੍ਹ ਵਿਖੇ ਹੋਈ। ਮੀਟਿੰਗ ਦੌਰਾਨ ਐਸੋਸੀਏਸ਼ਨ ਵੱਲੋਂ ਆਦਰਸ਼ ਸਕੂਲਾਂ 'ਚ ਸੇਵਾ ਨਿਭਾਅ ਰਹੇ ਅਧਿਆਪਕਾਂ, ਗ਼ੈਰ-ਅਧਿਆਪਕ ਕ੍ਰਮਚਾਰੀਆਂ ਤੇ ਦਰਜਾ ਚਾਰ ਮੁਲਾਜ਼ਮਾਂ ਨਾਲ ਸੰਬੰਧਤ ਵੱਖ-ਵੱਖ ਮੁੱਦਿਆਂ ਤੇ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਵਿਸਥਾਰ ਨਾਲ ਉਠਾਇਆ ਗਿਆ।

ਆਗੂਆਂ ਨੇ ਦੱਸਿਆ ਕਿ ਆਦਰਸ਼ ਸਕੂਲਾਂ ਦੇ ਕ੍ਰਮਚਾਰੀ ਪਿਛਲੇ ਕਈ ਸਾਲਾਂ ਤੋਂ ਨਿਗੂਣੀਆਂ ਤਨਖ਼ਾਹਾਂ, ਸੇਵਾ ਸੁਰੱਖਿਆ ਦੀ ਘਾਟ, ਤਰੱਕੀ ਦੇ ਮੌਕਿਆਂ ਦੀ ਕਮੀ ਅਤੇ ਹੋਰ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਹਨ।ਉਨ੍ਹਾਂ ਸਕੂਲਾਂ 'ਚ ਕੰਮ ਕਰ ਰਹੇ ਅਧਿਆਪਕਾਂ ਅਤੇ ਕਰਮਚਾਰੀਆਂ ਲਈ ਢੁੱਕਵੀਆਂ ਤਨਖ਼ਾਹਾਂ, ਸਪੱਸ਼ਟ ਸੇਵਾ ਨੀਤੀ, ਤਬਾਦਲਾ ਨੀਤੀ, ਬਰਖ਼ਾਸਤ ਕ੍ਰਮਚਾਰੀਆਂ ਦੀ ਬਹਾਲੀ ਅਤੇ ਹੋਰ ਲੰਬਿਤ ਮਸਲਿਆਂ ਦੇ ਤੁਰੰਤ ਹੱਲ ਦੀ ਮੰਗ ਕੀਤੀ।ਪ੍ਰਤੀਨਿਧ ਮੰਡਲ ਨੇ ਸਿੱਖਿਆ ਸਕੱਤਰ ਦੇ ਧਿਆਨ 'ਚ ਇਹ ਵੀ ਲਿਆਂਦਾ ਕਿ ਆਦਰਸ਼ ਸਕੂਲਾਂ ਦੇ ਹਜ਼ਾਰਾਂ ਕਰਮਚਾਰੀ ਆਪਣੀਆਂ ਜਾਇਜ਼ ਮੰਗਾਂ ਦੇ ਹੱਲ ਦੀ ਉਡੀਕ ਕਰ ਰਹੇ ਹਨ ਤੇ ਜੇਕਰ ਸਮੇਂ ਸਿਰ ਕੋਈ ਠੋਸ ਫੈਸਲਾ ਨਾ ਲਿਆ ਗਿਆ ਤਾਂ ਕ੍ਰਮਚਾਰੀਆਂ 'ਚ ਨਿਰਾਸ਼ਤਾ ਅਤੇ ਰੋਹ ਹੋਰ ਵੀ ਵਧ ਸਕਦਾ ਹੈ।ਇਸ ਲਈ ਸਰਕਾਰ ਇਸ ਮਾਮਲੇ ਨੂੰ ਤਰਜੀਹੀ ਆਧਾਰ 'ਤੇ ਵਿਚਾਰਨ ਦਾ ਯਤਨ ਕਰੇ।ਮੈਡਮ ਸੋਨਾਲੀ ਗਿਰੀ ਨੇ ਪ੍ਰਤੀਨਿਧ ਮੰਡਲ ਦੀਆਂ ਮੰਗਾਂ ਨੂੰ ਧਿਆਨਪੂਰਵਕ ਸੁਣਿਆ ਤੇ ਭਰੋਸਾ ਦਿਵਾਇਆ ਕਿ ਆਦਰਸ਼ ਸਕੂਲਾਂ ਦੇ ਕਰਮਚਾਰੀਆਂ ਨਾਲ ਸੰਬੰਧਤ ਸਾਰੇ ਜਾਇਜ਼ ਮਸਲਿਆਂ ਦਾ ਗੰਭੀਰਤਾ ਨਾਲ ਅਧਿਐਨ ਕਰਕੇ ਉਨ੍ਹਾਂ ਦੇ ਹੱਲ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਵਿਭਾਗ ਕਰਮਚਾਰੀਆਂ ਦੀਆਂ ਸਮੱਸਿਆਵਾਂ ਪ੍ਰਤੀ ਸੰਵੇਦਨਸ਼ੀਲ ਹੈ ਤੇ ਉਚਿਤ ਹੱਲ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਮੀਟਿੰਗ 'ਚ ਐਸੋਸੀਏਸ਼ਨ ਦੇ ਕਨਵੀਨਰ ਨਛੱਤਰ ਸਿੰਘ, ਗੁਰਪ੍ਰੀਤ ਸਿੰਘ, ਸਲੀਮ ਮੁਹੰਮਦ, ਅਮਰਜੋਤ ਜੋਸ਼ੀ, ਰਸਪਾਲ ਸਿੰਘ, ਮੱਖਣ ਸਿੰਘ ਬੀਰ ਤੇ ਸੰਦੀਪ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਦਾ ਸ਼ਹੀਦੀ ਗੁਰਪੁਰਬ ਮਨਾਇਆ

■ ਸੰਗਤਾਂ ਲਈ ਲਾਈ ਠੰਢੇ ਮਿੱਠੇ ਜਲ ਦੀ ਛਬੀਲ

ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸੰਗਤਾਂ ਵੱਲੋਂ ਗੁਰੂ ਘਰ ਨਤਮਸਤਕ ਹੋ ਕੇ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਅਰਦਾਸ ਕੀਤੀ ਤੇ ਹਜ਼ੂਰੀ ਰਾਗੀ ਜਥੇ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜ ਕੇ ਨਿਹਾਲ ਕੀਤਾ ਗਿਆ।ਸ਼ਹੀਦੀ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਕਰਾਏ ਸਮਾਗਮ ਵਿੱਚ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸਿੱਖ ਇਤਿਹਾਸ ਅੰਦਰ ਸ੍ਰੀ ਗੁਰੂ ਅਰਜਨ ਦੇਵ ਜੀ ਪਹਿਲੇ ਕ੍ਰਾਂਤੀਕਾਰੀ ਸ਼ਹੀਦ ਸਨ, ਜਿਨਾਂ ਨੇ ਮਨੁੱਖੀ ਬਰਾਬਰੀ, ਮਨੁੱਖੀ ਅਧਿਕਾਰਾਂ ਅਤੇ ਸਾਂਝੀਵਾਲਤਾ ਲਈ ਅਦੁੱਤੀ ਕੁਰਬਾਨੀ ਦਿੱਤੀ। ਪ੍ਰੋ. ਬਡੂੰਗਰ ਨੇ ਗੁਰੂ ਸਾਹਿਬ ਨੇ ਜਬਰ ਦਾ ਮੁਕਾਬਲਾ ਸਬਰ ਨਾਲ ਕੀਤਾ ਤੇ ਬਹੁਤ ਹੀ ਸਹਿਜ, ਸੰਜਮ ਤੇ ਦ੍ਰਿੜਤਾ ਨਾਲ ਜ਼ਬਰ ਜ਼ੁਲਮ ਖਿਲਾਫ਼ ਆਵਾਜ਼ ਬੁਲੰਦ ਕਰਦਿਆਂ ਉਸ ਸਮੇਂ ਦੀ ਰਾਜ ਸ਼ਕਤੀ ਹਾਰ ਦਿੱਤੀ।ਉਨ੍ਹਾਂ ਕਿਹਾ ਗੁਰੂ ਸਾਹਿਬ ਨੇ ਆਪਣੇ ਜੀਵਨ 'ਚ ਅਨੇਕਾਂ ਹੀ ਮਹਾਨ ਕਾਰਜ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ ਦਾ ਮਹਾਨ ਕਾਰਜ ਕਰਕੇ ਸਮੁੱਚੀ ਮਾਨਵਤਾ ਨੂੰ ਅਜਿਹਾ ਧਰਮ ਗ੍ਰੰਥ ਦਿੱਤਾ, ਜੋ ਮਨੁੱਖ ਨੂੰ ਸਚਿਆਰ ਬਣਨ ਦੀ ਜੀਵਨ ਜਾਂਚ ਪ੍ਰਦਾਨ ਕਰਦਾ ਹੈ।

ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਗੁਰੂ ਸਾਹਿਬ ਦੀ ਸ਼ਹੀਦੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਨੇ ਆਪਣੀ ਲਾਸਾਨੀ ਸ਼ਹੀਦੀ ਨੇ ਮੁਗ਼ਲ ਸਾਮਰਾਜ ਦੀਆਂ ਜੜ੍ਹਾਂ ਪੁੱਟਣ ਦਾ ਕੰਮ ਕੀਤਾ ਤੇ ਮਨੁੱਖਤਾ ਨੂੰ ਜਬਰ ਅਤੇ ਜ਼ੁਲਮ ਅੱਗੇ ਲੜਣ ਦੀ ਜੀਵਨ ਜਾਂਚ ਪ੍ਰਦਾਨ ਕੀਤੀ।ਸ਼ਹੀਦੀ ਪੁਰਬ ਮੌਕੇ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਪੁੱਜੀਆਂ ਸ਼ਖ਼ਸੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ।ਇਸ ਦੌਰਾਨ ਸੰਗਤਾਂ ਲਈ ਗੁਰਦੁਆਰਾ ਕੰਪਲੈਕਸ ਅੰਦਰ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਾਈ ਅਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਖੁਦ ਛਬੀਲ ਸੰਗਤਾਂ ਨੂੰ ਵਰਤਾਉਣ ਦੀ ਸੇਵਾ ਨਿਭਾਈ।

ਆਖਰੀ ਸਾਹ ਤੱਕ ਨਹੀਂ ਛੱਡਾਂਗਾ ਕਾਂਗਰਸ : ਜਲਾਲਪੁਰ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਹਲਕਾ ਘਨੌਰ ਤੋਂ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਨੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਦੀਆਂ ਚੱਲ ਰਹੀਆਂ ਚਰਚਾਵਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ।ਜਲਾਲਪੁਰ ਨੇ ਇਨ੍ਹਾਂ ਅਫ਼ਵਾਹਾਂ ਨੂੰ ਪੂਰੀ ਤਰ੍ਹਾਂ ਝੂਠਾ, ਮਨਘੜਤ ਤੇ ਬੇਬੁਨਿਆਦ ਕਰਾਰ ਦਿੰਦਿਆਂ ਸਪੱਸ਼ਟ ਕੀਤਾ ਹੈ ਕਿ ਉਹ ਆਪਣੇ ਆਖਰੀ ਸਾਹ ਤੱਕ ਕਾਂਗਰਸ ਪਾਰਟੀ ਦੇ ਵਫ਼ਾਦਾਰ ਸਿਪਾਹੀ ਬਣੇ ਰਹਿਣਗੇ।ਉਨ੍ਹਾਂ ਕਿਹਾ ਕਿ ਉਹ ਕਿਸੇ ਵੀ ਸੂਰਤ ਵਿੱਚ ਕਿਸੇ ਹੋਰ ਸਿਆਸੀ ਪਾਰਟੀ ਵਿੱਚ ਜਾਣ ਬਾਰੇ ਸੋਚ ਵੀ ਨਹੀਂ ਸਕਦੇ।

ਸਾਬਕਾ ਵਿਧਾਇਕ ਨੇ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਮੌਜੂਦਾ ਸ਼ਾਸਨ ਦੌਰਾਨ ਸਭ ਤੋਂ ਵੱਧ ਧੱਕੇਸ਼ਾਹੀ ਤੇ ਸਿਆਸੀ ਬਦਲਾਖੋਰੀ ਦਾ ਸ਼ਿਕਾਰ ਉਨ੍ਹਾਂ ਦਾ ਪਰਵਾਰ ਹੋਇਆ ਹੈ।ਉਨ੍ਹਾਂ ਇਲਜ਼ਾਮ ਲਾਇਆ ਕਿ 'ਆਪ' ਵੱਲੋਂ ਉਨ੍ਹਾਂ ਦੇ ਪਰਵਾਰ ਨੂੰ ਪ੍ਰੇਸ਼ਾਨ ਕਰਨ ਲਈ ਝੂਠੇ ਪਰਚੇ ਤੇ ਮੁਕੱਦਮੇ ਤੱਕ ਦਰਜ ਕੀਤੇ ਗਏ।ਅਜਿਹੇ ਹਾਲਾਤ 'ਚ ਜਿਸ ਪਾਰਟੀ ਨੇ ਉਨ੍ਹਾਂ ਦੇ ਪਰਵਾਰ ਨਾਲ ਏਨਾ ਧੱਕਾ ਕੀਤਾ ਹੋਵੇ, ਉਸ ਵਿੱਚ ਸ਼ਾਮਲ ਹੋਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ।ਜਲਾਲਪੁਰ ਨੇ ਮੀਡੀਆ ਅਤੇ ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਗੁੰਮਰਾਹਕੁੰਨ ਖ਼ਬਰਾਂ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਸਭ ਉਨ੍ਹਾਂ ਦੇ ਸਿਆਸੀ ਵਿਰੋਧੀਆਂ ਦੀ ਇੱਕ ਸੋਚੀ-ਸਮਝੀ ਚਾਲ ਹੈ।ਉਨ੍ਹਾਂ ਦੀ ਸਿਆਸੀ ਸਾਖ ਨੂੰ ਨੁਕਸਾਨ ਪੁਚਾਉਣ ਤੇ ਕਾਂਗਰਸੀ ਵਰਕਰਾਂ 'ਚ ਭੰਬਲਭੂਸਾ ਪੈਦਾ ਕਰਨ ਲਈ ਇਹ ਝੂਠਾ ਪ੍ਰਚਾਰ ਕੀਤਾ ਜਾ ਰਿਹਾ ਹੈ।

ਡੀ ਬੀ ਯੂ ਨੇ ਆਯੁਰਵੇਦ ਤੇ ਸਿਹਤ ਜਾਗਰੂਕਤਾ ਸੈਸ਼ਨ ਰਾਹੀਂ ਸਿਹਤ ਸੰਭਾਲ ਨੂੰ ਕੀਤਾ ਉਤਸ਼ਾਹਤ

ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਰੋਕਥਾਮੀ ਸਿਹਤ ਸੰਭਾਲ ਤੇ ਸਮੁੱਚੀ ਤੰਦਰੁਸਤੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਬਣਾਉਂਦਿਆਂ ਦੇਸ਼ ਭਗਤ ਯੂਨੀਵਰਸਿਟੀ ਦੇ ਆਯੁਰਵੇਦ ਫੈਕਲਟੀ ਵੱਲੋਂ 'ਸਿਹਤਮੰਦ ਬੁਢਾਪੇ ਵਿੱਚ ਖੁਰਾਕ ਦੀ ਭੂਮਿਕਾ : ਆਯੁਰਵੇਦ ਤੇ ਤੰਦਰੁਸਤੀ ਦੇ ਪਰਿਪੇਖ' ਵਿਸ਼ੇ 'ਤੇ ਮਾਹਿਰ ਲੈਕਚਰ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦਾ ਉਦੇਸ਼ ਆਯੁਰਵੇਦ ਦੇ ਸਦੀਵੀ ਸਿਧਾਂਤਾਂ ਰਾਹੀਂ ਸਿਹਤਮੰਦ ਬੁਢਾਪੇ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਆਯੁਰਵੇਦ ਫੈਕਲਟੀ ਦੇ ਪੀ.ਜੀ. ਕਾਇਚਿਕਿਤਸਾ ਵਿਭਾਗ ਦੀ ਐਸੋਸੀਏਟ ਪ੍ਰੋਫੈਸਰ ਡਾ ਦਰਸ਼ਨਾ ਦੇ ਸਵਾਗਤੀ ਸੰਬੋਧਨ ਨਾਲ ਹੋਈ।

ਉਨ੍ਹਾਂ ਨੇ ਮੁੱਖ ਵਕਤਾ ਤੇ ਹਾਜ਼ਰ ਭਾਗੀਦਾਰਾਂ ਦਾ ਨਿੱਘਾ ਸਵਾਗਤ ਕੀਤਾ।ਸਨਮਾਨ ਤੇ ਧੰਨਵਾਦ ਦੇ ਪ੍ਰਤੀਕ ਵਜੋਂ ਮੁੱਖ ਵਕਤਾ ਨੂੰ ਇਕ ਪੌਦਾ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ, ਜੋ ਵਾਤਾਵਰਨ ਸੰਭਾਲ ਤੇ ਸਿਹਤ ਖੇਤਰ ਵਿੱਚ ਕੀਤੇ ਮਹੱਤਵਪੂਰਨ ਯੋਗਦਾਨਾਂ ਪ੍ਰਤੀ ਯੂਨੀਵਰਸਿਟੀ ਦੀ ਸਨਮਾਨ ਭਾਵਨਾ ਨੂੰ ਦਰਸਾਉਂਦਾ ਹੈ। ਮੁੱਖ ਲੈਕਚਰ ਡਾ ਵਿਭਾ ਬਾਵਾ ਵੱਲੋਂ ਪੇਸ਼ ਕੀਤਾ ਗਿਆ।ਉਨ੍ਹਾਂ ਸਿਹਤਮੰਦ ਬੁਢਾਪੇ ਨੂੰ ਉਤਸ਼ਾਹਤ ਕਰਨ ਲਈ ਪ੍ਰਮਾਣ-ਆਧਾਰਿਤ ਆਯੁਰਵੇਦਿਕ ਸਿਧਾਂਤਾਂ ਤੇ ਵਿਹਾਰਕ ਖੁਰਾਕੀ ਰਣਨੀਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਵਿਅਕਤੀਗਤ ਲੋੜਾਂ ਅਨੁਸਾਰ ਖੁਰਾਕ (ਆਹਾਰ), ਪਾਚਨ-ਸ਼ਕਤੀ (ਅਗਨੀ) ਨੂੰ ਮਜ਼ਬੂਤ ਰੱਖਣ, ਰੁੱਤਾਂ ਤੇ ਉਮਰ ਅਨੁਸਾਰ ਪੋਸ਼ਣ ਅਪਣਾਉਣ ਤੇ ਲੰਬੀ ਉਮਰ ਅਤੇ ਚੰਗੀ ਸਿਹਤ ਲਈ ਸਧਾਰਨ ਜੀਵਨ-ਸ਼ੈਲੀ ਬਦਲਾਵਾਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਡਾ. ਬਾਵਾ ਨੇ ਕਿਹਾ ਕਿ ਸੰਤੁਲਤ ਪੋਸ਼ਣ, ਸਚੇਤ ਖਾਣ-ਪੀਣ ਦੀਆਂ ਆਦਤਾਂ ਤੇ ਅਨੁਸ਼ਾਸਤ ਰੋਜ਼ਾਨਾ ਜੀਵਨਸ਼ੈਲੀ ਬੁਢਾਪੇ ਦੌਰਾਨ ਸਰੀਰਕ, ਮਾਨਸਿਕ ਤੇ ਭਾਵਨਾਤਮਕ ਸਿਹਤ ਨੂੰ ਕਾਇਮ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਆਧੁਨਿਕ ਸਿਹਤ ਚੁਣੌਤੀਆਂ ਦੇ ਹੱਲ ਲਈ ਆਯੁਰਵੇਦ ਦੀ ਰੋਕਥਾਮੀ ਤੇ ਸਮੁੱਚੀ ਪਹੁੰਚ ਦੀ ਪ੍ਰਸੰਗਿਕਤਾ ਉੱਤੇ ਵੀ ਚਾਨਣਾ ਪਾਇਆ।

ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਮੁਫ਼ਤ ਆਰਥੋਪੈਡਿਕ ਮੈਡੀਕਲ ਕੈਂਪ, 140 ਮਰੀਜ਼ਾਂ ਨੇ ਲਿਆ ਲਾਭ

ਭਵਾਨੀਗੜ੍ਹ (ਰਾਜ ਖੁਰਮੀ)

ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭਵਾਨੀਗੜ੍ਹ ਵਿਖੇ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਰਹਿਬਰ ਚੈਰੀਟੇਬਲ ਹਸਪਤਾਲ ਵੱਲੋਂ ਚੇਅਰਮੈਨ ਐਮ.ਐਸ. ਖਾਨ ਤੇ ਵਾਈਸ ਚੇਅਰਪਰਸਨ ਡਾ. ਖਲੀਫਾ ਖਾਨ ਦੀ ਅਗਵਾਈ ਹੇਠ ਹੱਡੀਆਂ ਤੇ ਜੋੜਾਂ ਦੇ ਰੋਗਾਂ ਸਬੰਧੀ ਵਿਸ਼ੇਸ਼ ਮੁਫ਼ਤ ਮੈਡੀਕਲ ਕੈਂਪ ਲਾਇਆ ਗਿਆ।ਕੈਂਪ ਨੂੰ ਇਲਾਕੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਤੇ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੇ ਇਸ ਦਾ ਲਾਭ ਉਠਾਇਆ।ਕੈਂਪ ਦੌਰਾਨ ਤਜਰਬੇਕਾਰ ਡਾਕਟਰਾਂ ਤੇ ਸਿਹਤ ਮਾਹਿਰਾਂ ਦੀ ਟੀਮ ਨੇ ਜੋੜਾਂ ਦੇ ਦਰਦ, ਪਿੱਠ ਦਰਦ, ਸਰਵਾਈਕਲ ਸਮੱਸਿਆਵਾਂ, ਗਠੀਆ, ਨਸਾਂ ਨਾਲ ਸਬੰਧਤ ਬਿਮਾਰੀਆਂ ਤੇ ਹੋਰ ਆਮ ਸਿਹਤ ਸਮੱਸਿਆਵਾਂ ਤੋਂ ਪੀੜਤ ਮਰੀਜ਼ਾਂ ਦੀ ਜਾਂਚ ਕਰਕੇ ਮੁਫ਼ਤ ਸਲਾਹ ਤੇ ਇਲਾਜ ਸਬੰਧੀ ਮਾਰਗਦਰਸ਼ਨ ਦਿੱਤਾ।ਮੈਡੀਕਲ ਟੀਮ ਵਿੱਚ ਡਾ. ਅਮਨਦੀਪ ਸਿੰਘ (ਆਰਥੋਪੀਡਿਕ ਸਪੈਸ਼ਲਿਸਟ), ਡਾ. ਖਲੀਫਾ ਖਾਨ, ਡਾ. ਸ਼ਾਹ ਅਦਨਾਨ (ਸਹਾਇਕ ਪ੍ਰੋਫੈਸਰ, ਆਰ.ਏ. ਅਤੇ ਯੂ.ਐਮ.ਸੀ.ਐਚ.) ਅਤੇ ਡਾ. ਐਮ.ਐਸ. ਖਾਨ ਸ਼ਾਮਲ ਸਨ। ਡਾਕਟਰਾਂ ਨੇ ਮਰੀਜ਼ਾਂ ਦੀ ਵਿਸਥਾਰਪੂਰਵਕ ਜਾਂਚ ਕਰਦਿਆਂ ਸਿਹਤ ਸੰਭਾਲ ਸਬੰਧੀ ਅਹਿਮ ਜਾਣਕਾਰੀ ਵੀ ਸਾਂਝੀ ਕੀਤੀ।ਕੈਂਪ ਵਿੱਚ ਕੁੱਲ 140 ਮਰੀਜ਼ਾਂ ਨੇ ਆਪਣੀ ਜਾਂਚ ਕਰਾਈ, ਜੋ ਲੋਕਾਂ ਵਿੱਚ ਸਿਹਤ ਪ੍ਰਤੀ ਵਧ ਰਹੀ ਜਾਗਰੂਕਤਾ ਦਾ ਪ੍ਰਤੀਕ ਹੈ।ਮਰੀਜ਼ਾਂ ਨੇ ਮਾਹਿਰ ਡਾਕਟਰਾਂ ਤੋਂ ਮੁਫ਼ਤ ਸਲਾਹ ਤੇ ਇਲਾਜ ਸਬੰਧੀ ਸਿਫ਼ਾਰਸ਼ਾਂ ਮਿਲਣ 'ਤੇ ਸੰਤੁਸ਼ਟੀ ਪ੍ਰਗਟ ਕੀਤੀ।ਵਿਸ਼ੇਸ਼ ਮਹਿਮਾਨ ਵਜੋਂ ਵਰਦਾਨ ਹਸਪਤਾਲ ਪਟਿਆਲਾ ਦੇ ਡਾ. ਵਿਵਨੀਤ ਸਿੰਘ ਵਰਦਾਨ ਵੀ ਹਾਜ਼ਰ ਰਹੇ। ਉਨ੍ਹਾਂ ਨੇ ਅਜਿਹੀਆਂ ਲੋਕ ਭਲਾਈ ਪਹਿਲਕਦਮੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮੇਂ-ਸਮੇਂ 'ਤੇ ਲੱਗਣ ਵਾਲੇ ਮੈਡੀਕਲ ਕੈਂਪ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਕੈਂਪ ਨੂੰ ਸਫਲ ਬਣਾਉਣ ਲਈ ਸਾਰੇ ਡਾਕਟਰਾਂ, ਵਲੰਟੀਅਰਾਂ, ਸੇਵਾਦਾਰਾਂ ਅਤੇ ਸੰਗਤ ਦਾ ਧੰਨਵਾਦ ਕੀਤਾ।ਇਸ ਦੇ ਨਾਲ ਮੈਨੇਜਰ ਜਗਜੀਤ ਸਿੰਘ ਰਹਿਲ, ਮਨਦੀਪ ਸਿੰਘ (ਹੈਪੀ), ਜੇ.ਟੀ. ਕੰਪਿਊਟਰਜ਼ ਭਵਾਨੀਗੜ੍ਹ, ਪ੍ਰਗਟ ਸਿੰਘ ਪੀ.ਆਰ.ਓ. ਰਹਿਬਰ ਹਸਪਤਾਲ ਤੇ ਹਸਪਤਾਲ ਦੇ ਨਰਸਿੰਗ ਤੇ ਸਹਾਇਕ ਸਟਾਫ਼ ਦੇ ਯੋਗਦਾਨ ਦੀ ਵੀ ਵਿਸ਼ੇਸ਼ ਸ਼ਲਾਘਾ ਕੀਤੀ ਗਈ।

ਭਰਾਵਾਂ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ

ਦੋਰਾਹਾ (ਹਰਮਿੰਦਰ ਸੇਠ)-ਹਲਕਾ ਪਾਇਲ ਦੇ ਪਿੰਡ ਰਾਮਪੁਰ ਵਿਖੇ ਉਸ ਸਮੇਂ ਗਮਗੀਨ ਮਾਹੌਲ ਪੈਦਾ ਹੋ ਗਿਆ, ਜਦੋਂ ਦੋ ਸਕੇ ਭਰਾ ਹਰਜੀਤ ਸਿੰਘ ਤੇ ਜਗਦੇਵ ਸਿੰਘ ਦੀ ਇੱਕੋ ਸਮੇਂ ਹੋਈ ਦਰਦਨਾਕ ਮੌਤ ਦੀ ਖ਼ਬਰ ਸਾਹਮਣੇ ਆਈ।ਇਸ ਦੁਖਦਾਈ ਘਟਨਾ ਨਾਲ ਨਾ ਸਿਰਫ਼ ਪਰਵਾਰ, ਸਗੋਂ ਸਮੁੱਚੇ ਪਿੰਡ ਤੇ ਆਸ-ਪਾਸ ਦੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ।ਦੋਵੇਂ ਭਰਾਵਾਂ ਨੂੰ ਅੰਤਿਮ ਵਿਦਾਈ ਦੇਣ ਲਈ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਰਿਸ਼ਤੇਦਾਰ, ਦੋਸਤ, ਸਮਾਜਿਕ, ਧਾਰਮਿਕ ਤੇ ਰਾਜਨੀਤਕ ਸ਼ਖ਼ਸੀਅਤਾਂ ਪਹੁੰਚੀਆਂ।ਮਾਹੌਲ ਉਸ ਵੇਲੇ ਹੋਰ ਵੀ ਭਾਵੁਕ ਹੋ ਗਿਆ, ਜਦੋਂ ਦੋਵੇਂ ਭਰਾਵਾਂ ਦੀਆਂ ਚਿਖਾਵਾਂ ਨੂੰ ਇੱਕੋ ਸਮੇਂ ਅਗਨੀ ਭੇਟ ਕੀਤਾ ਗਿਆ।ਹਰ ਅੱਖ ਨਮ ਸੀ ਤੇ ਹਰ ਕੋਈ ਇਸ ਅਣਹੋਣੀ ਘਟਨਾ ਤੋਂ ਸਦਮੇ ਵਿੱਚ ਨਜ਼ਰ ਆ ਰਿਹਾ ਸੀ।ਸ਼ੋਕਮਈ ਮਾਹੌਲ ਵਿੱਚ ਹਾਜ਼ਰ ਲੋਕਾਂ ਨੇ ਵਿੱਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਤੇ ਪਿੰਡ ਵਾਸੀਆਂ ਵੱਲੋਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਗਈ ਕਿ ਵਿੱਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਤੇ ਪਰਿਵਾਰਕ ਮੈਂਬਰਾਂ ਤੇ ਸਕੇ-ਸੰਬੰਧੀਆਂ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਪ੍ਰਦਾਨ ਕਰੇ।ਇਸ ਦੁਖਦਾਈ ਘਟਨਾ ਨੇ ਪੂਰੇ ਇਲਾਕੇ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਤੇ ਹਰ ਕੋਈ ਪਰਿਵਾਰ ਦੇ ਦੁੱਖ ਵਿੱਚ ਸ਼ਰੀਕ ਹੋ ਰਿਹਾ ਹੈ।

ਪੁਲਸ ਨੇ 150 ਗੁੰਮ ਹੋਏ ਮੋਬਾਈਲ ਟਰੇਸ ਕਰਕੇ ਮਾਲਕਾਂ ਨੂੰ ਸੌਂਪੇ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ, ਪੂਜਾ)-ਐੱਸ.ਐੱਸ.ਪੀ. ਅਭਿਮੰਨਿਊ ਰਾਣਾ ਦੀ ਅਗਵਾਈ ਹੇਠ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਸ ਨੇ ਸੀਈਆਈਆਰ ਪੋਰਟਲ ਦੀ ਮਦਦ ਨਾਲ ਪਬਲਿਕ ਦੇ ਕਰੀਬ 150 ਗੁੰਮ ਹੋਏ ਮੋਬਾਈਲ ਫੋਨ ਟਰੇਸ ਕਰਕੇ ਉਨ੍ਹਾਂ ਦੇ ਅਸਲ ਮਾਲਕਾਂ ਨੂੰ ਵਾਪਸ ਸੌਂਪ ਦਿੱਤੇ।ਐੱਸ.ਐੱਸ.ਪੀ. ਨੇ ਦੱਸਿਆ ਕਿ ਟੈਕਨੀਕਲ ਸੈੱਲ ਵੱਲੋਂ ਪ੍ਰਾਪਤ ਸ਼ਿਕਾਇਤਾਂ 'ਤੇ ਕਾਰਵਾਈ ਕਰਦਿਆਂ ਗੁੰਮ ਹੋਏ ਮੋਬਾਈਲਾਂ ਨੂੰ ਟਰੇਸਿੰਗ 'ਤੇ ਲਗਾਇਆ ਗਿਆ ਸੀ, ਜਿਨ੍ਹਾਂ ਵਿੱਚੋਂ 150 ਮੋਬਾਈਲ ਚੱਲਦੇ ਹੋਏ ਮਿਲੇ।ਇਹ ਫੋਨ ਟਰੇਸ ਕਰਨ ਉਪਰੰਤ ਮਾਲਕਾਂ ਨੂੰ ਵਾਪਸ ਸੌਂਪੇ ਗਏ।ਉਨ੍ਹਾਂ ਦੱਸਿਆ ਕਿ 1 ਜਨਵਰੀ 2022 ਤੋਂ ਹੁਣ ਤੱਕ ਜ਼ਿਲ੍ਹਾ ਪੁਲਸ ਵੱਲੋਂ 1690 ਮੋਬਾਈਲ ਫੋਨ ਟਰੇਸ ਕਰਕੇ ਮਾਲਕਾਂ ਨੂੰ ਵਾਪਸ ਕੀਤੇ ਜਾ ਚੁੱਕੇ ਹਨ, ਜਿਨ੍ਹਾਂ ਦੀ ਕੁੱਲ ਕੀਮਤ ਕਰੀਬ 2.89 ਕਰੋੜ ਰੁਪਏ ਬਣਦੀ ਹੈ। ਐੱਸ.ਐੱਸ.ਪੀ. ਨੇ ਲੋਕਾਂ ਨੂੰ ਅਪੀਲ ਕੀਤੀ ਕਿ ਮੋਬਾਈਲ ਗੁੰਮ ਹੋਣ ਦੀ ਸੂਰਤ ਵਿੱਚ ਤੁਰੰਤ ਪੁਲਸ ਸਾਂਝ ਕੇਂਦਰ ਜਾਂ ਨੇੜਲੇ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ ਜਾਵੇ ਤਾਂ ਜੋ ਮੋਬਾਈਲ ਨੂੰ ਟਰੇਸ ਕੀਤਾ ਜਾ ਸਕੇ।

ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਤਿੰਨ ਰੋਜ਼ਾ ਸਮਾਗਮ ਸੰਪੰਨ

ਬੁਢਲਾਡਾ (ਅਸ਼ੋਕ ਲਾਕੜਾ)-ਸ੍ਰੀ ਗੁਰੂ ਅਰਜਨ ਦੇਵ ਜੀ ਦਾ ਮਹਾਨ ਸ਼ਹੀਦੀ ਗੁਰਪੁਰਬ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਬੁਢਲਾਡਾ ਵਿਖੇ ਸਮੂਹ ਸਾਧ ਸੰਗਤ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸ਼ਹੀਦੀ ਦਿਹਾੜੇ ਨੂੰ ਸਮਰਪਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਸਵੇਰੇ 9 ਵਜੇ ਪਾਉਣ ਉਪਰੰਤ 9 ਤੋਂ 12:30 ਵਜੇ ਤੱਕ ਕੀਰਤਨ ਦਰਬਾਰ ਕਰਵਾਇਆ ਗਿਆ, ਜਿਸ ਵਿੱਚ ਬਾਹਰ ਤੋਂ ਆਏ ਰਾਗੀ ਜਥੇ ਸੰਤ ਬਾਬਾ ਜਗਜੀਤ ਸਿੰਘ ਨਾਨਕਸਰ ਠਾਠ ਗੁਰਨੇ ਕਲਾਂ ਵਾਲੇ, ਗੁਰਨਾਮ ਸਿੰਘ ਰਾਮਾ ਮੰਡੀ ਵਾਲੇ ਤੇ ਹਜ਼ੂਰੀ ਰਾਗੀ ਜਥਾ ਭਾਈ ਸੁਖਵਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਤੇ ਭਾਈ ਯੁਵਰਾਜ ਸਿੰਘ ਦੇ ਰਾਗੀ ਜਥੇ ਨੇ ਮਨੋਹਰ ਗੁਰਬਾਣੀ ਕੀਰਤਨ ਰਾਹੀਂ ਗੁਰੂ ਜਸ ਸਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗੁਰੂ ਜੀ ਦੀ ਸ਼ਹੀਦੀ ਨੂੰ ਕੋਟਿ ਕੋਟਿ ਪ੍ਰਣਾਮ ਕੀਤਾ।ਇਸ ਦੌਰਾਨ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਦੋਧੀ ਯੂਨੀਅਨ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਗੁਰੂ ਘਰ ਵੱਲੋਂ ਲਗਾਈ ਗਈ। ਗੁਰੂ ਦਾ ਮਹਾਨ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਦੇ ਪ੍ਰਧਾਨ ਗੁਰਨਾਮ ਸਿੰਘ ਕੋਹਲੀ, ਦਵਿੰਦਰਪਾਲ ਸਿੰਘ ਨਾਗਪਾਲ, ਪ੍ਰਿਤਪਾਲ ਸਿੰਘ ਕੋਹਲੀ, ਗੁਰਚਰਨ ਸਿੰਘ ਮਲਹੋਤਰਾ, ਮਿਸਤਰੀ ਮਿੱਠੂ ਸਿੰਘ, ਪਰਮਜੀਤ ਅਨੇਜਾ, ਬਲਵਿੰਦਰ ਸਿੰਘ ਮੰਡੇਰ, ਹਰਭਜਨ ਸਿੰਘ ਕੱਪੜੇ ਵਾਲੇ, ਕੌਂਸਲਰ ਸਤਨਾਮ ਸਿੰਘ ਖਨਾਲੀਆ, ਭਰਪੂਰ ਸਿੰਘ ਮੈਨੇਜਰ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਅਮਿਟੀ ਸੈਲਫ਼ ਸੁਸਾਇਟੀ ਨੇ ਸਰਕਾਰੀ ਕਾਲਜ ਦੇ ਸਹਿਯੋਗ ਲਗਾਈ ਛਬੀਲ

ਮਨੁੱਖਤਾ ਦੀ ਸੇਵਾ ਸਭ ਤੋਂ ਉੱਤਮ ਸੇਵਾ, ਭਵਿੱਖ ਵਿੱਚ ਵੀ ਜਾਰੀ ਰਹਿਣਗੇ ਲੋਕ ਭਲਾਈ ਦੇ ਕਾਰਜ : ਡਾ. ਥਿੰਦ/ਬਲਜੀਤ ਕੌਰ

ਮਾਲੇਰਕੋਟਲਾ (ਅਸਗਰ ਪਰਿਹਾਰ)-ਅਮਿਟੀ ਸੈਲਫ਼ ਵੈੱਲਫੇਅਰ ਸੁਸਾਇਟੀ ਮਾਲੇਰਕੋਟਲਾ ਵੱਲੋਂ ਸਥਾਨਕ ਸਰਕਾਰੀ ਕਾਲਜ ਦੇ ਸਹਿਯੋਗ ਨਾਲ ਕਾਲਜ ਦੇ ਮੁੱਖ ਗੇਟ ਦੇ ਬਾਹਰ ਠੰਢੇ ਮਿੱਠੇ ਪਾਣੀ ਦੀ ਛਬੀਲ ਲਗਾਈ ਗਈ।ਇਸ ਦੌਰਾਨ ਭਿਆਨਕ ਗਰਮੀ ਦੇ ਮੱਦੇਨਜ਼ਰ ਰਾਹਗੀਰਾਂ, ਵਿਦਿਆਰਥੀਆਂ ਤੇ ਆਮ ਲੋਕਾਂ ਨੂੰ ਠੰਢਾ ਜਲ ਪਿਲਾ ਕੇ ਰਾਹਤ ਪ੍ਰਦਾਨ ਕੀਤੀ ਗਈ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਡਾ. ਮੁਹੰਮਦ ਸ਼ਫੀਕ ਥਿੰਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਉੱਤਮ ਸੇਵਾ ਹੈ।ਉਨ੍ਹਾਂ ਕਿਹਾ ਕਿ ਤਪਦੀ ਗਰਮੀ ਵਿੱਚ ਪਿਆਸੇ ਨੂੰ ਪਾਣੀ ਪਿਲਾਉਣਾ ਹਰ ਧਰਮ ਵਿੱਚ ਇੱਕ ਮਹਾਨ ਪੁੰਨ ਦਾ ਕਾਰਜ ਮੰਨਿਆ ਗਿਆ ਹੈ ਤੇ ਅਜਿਹੇ ਸਾਂਝੇ ਉਪਰਾਲੇ ਸਮਾਜ ਵਿੱਚ ਆਪਸੀ ਭਾਈਚਾਰੇ, ਪਿਆਰ ਤੇ ਸਦਭਾਵਨਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।ਛਬੀਲ ਦੌਰਾਨ ਸਰਕਾਰੀ ਕਾਲਜ ਮਾਲੇਰਕੋਟਲਾ ਦੀ ਪ੍ਰਿੰਸੀਪਲ ਸ੍ਰੀਮਤੀ ਬਲਜੀਤ ਕੌਰ ਤੇ ਪ੍ਰੋ. ਅਰਵਿੰਦ ਕੌਰ ਮੰਡ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਪ੍ਰਿੰਸੀਪਲ ਬਲਜੀਤ ਕੌਰ ਨੇ ਸੁਸਾਇਟੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਦੇ ਭਲੇ ਲਈ ਹਰ ਨਾਗਰਿਕ ਨੂੰ ਅੱਗੇ ਆ ਕੇ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ।ਅੰਤ ਵਿੱਚ ਡਾ. ਮੁਹੰਮਦ ਸ਼ਫੀਕ ਥਿੰਦ ਨੇ ਸੇਵਾ ਵਿੱਚ ਮਾਲੀ ਤੇ ਸਰੀਰਕ ਸਹਿਯੋਗ ਦੇਣ ਵਾਲੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇੰਨੇ ਵੱਡੇ ਕਾਰਜ ਸਭ ਦੇ ਸਾਂਝੇ ਹੌਸਲੇ ਤੇ ਸਹਿਯੋਗ ਨਾਲ ਹੀ ਨੇਪਰੇ ਚੜ੍ਹਦੇ ਹਨ।ਉਨ੍ਹਾਂ ਪ੍ਰਸ਼ਾਸਨ ਤੇ ਸਹਿਯੋਗੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਸੁਸਾਇਟੀ ਭਵਿੱਖ ਵਿੱਚ ਵੀ ਸਮਾਜ ਭਲਾਈ ਦੇ ਕਾਰਜਾਂ ਵਿੱਚ ਹਮੇਸ਼ਾ ਮੋਹਰੀ ਰਹੇਗੀ।

ਖਾਲਸਾ ਨੇ ਹਲਵਾਰਾ ਹਵਾਈ ਅੱਡੇ ਦੇ ਡਾਇਰੈਕਟਰ ਨਾਲ ਕੀਤੀ ਮੀਟਿੰਗ

ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਸਾਬਕਾ ਸੰਸਦੀ ਸਕੱਤਰ ਬਿਕਰਮਜੀਤ ਸਿੰਘ ਖਾਲਸਾ ਨੇ ਹਲਵਾਰਾ ਹਵਾਈ ਅੱਡੇ ਦੇ ਡਾਇਰੈਕਟਰ ਜੰਗੀਰ ਸਿੰਘ ਨਾਲ ਮਿਲਣੀ ਕਰਕੇ ਹਲਵਾਰਾ ਹਵਾਈ ਅੱਡੇ ਤੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਤੇ ਤਖ਼ਤ ਸ੍ਰੀ ਹਰਮਿੰਦਰ ਜੀ ਪਟਨਾ ਸਾਹਿਬ ਲਈ ਉਡਾਣਾਂ ਸ਼ੁਰੂ ਕਰਨ ਸਬੰਧੀ ਮੀਟਿੰਗ ਕੀਤੀ ਗਈ।ਇਸ ਮੌਕੇ ਬਿਕਰਮਜੀਤ ਸਿੰਘ ਖਾਲਸਾ ਨੇ ਕਿਹਾ ਕਿ ਪੰਜਾਬ ਦੇ ਸਿੱਖ ਸ਼ਰਧਾਲੂਆਂ ਦੇ ਦਰਸ਼ਨਾਂ ਦੀ ਉਤਸੁਕਤਾ ਭਰੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਹਲਵਾਰਾ ਰਾਸ਼ਟਰੀ ਹਵਾਈ ਅੱਡੇ ਤੋਂ ਨਾਂਦੇੜ ਸਾਹਿਬ ਤੇ ਪਟਨਾ ਸਾਹਿਬ ਲਈ ਉਡਾਣਾਂ ਸ਼ੁਰੂ ਕਰਨੀਆਂ ਇੱਕ ਬਹੁਤ ਸ਼ਲਾਘਾਯੋਗ ਪਹਿਲਕਦਮੀ ਹੋਵੇਗੀ।ਇਸ 'ਤੇ ਏਅਰਪੋਰਟ ਦੇ ਡਾਇਰੈਕਟਰ ਜੰਗੀਰ ਸਿੰਘ ਨੇ ਕਿਹਾ ਕਿ ਉਹ ਇਸ ਸਬੰਧੀ ਉੱਚ ਅਧਿਕਾਰੀਆਂ ਨਾਲ ਗੱਲ ਕਰਨਗੇ ਤੇ ਜਲਦੀ ਹੀ ਉਡਾਣਾਂ ਸ਼ੁਰੂ ਕਰਵਾਉਣ ਲਈ ਬਣਦੀ ਕਾਰਵਾਈ ਆਰੰਭ ਕਰਨਗੇ।ਖਾਲਸਾ ਨੇ ਕਿਹਾ ਕਿ ਕੋਈ ਵੀ ਸ਼ਰਧਾਲੂ ਪਵਿੱਤਰ ਗੁਰਧਾਮਾਂ ਦੇ ਦਰਸ਼ਨਾਂ ਤੋਂ ਵਾਂਝਾ ਨਾ ਰਹਿ ਜਾਵੇ, ਦੋਵੇਂ ਤਖ਼ਤ ਸਾਹਿਬਾਨਾਂ ਲਈ ਵੀ ਉਡਾਣਾਂ ਸ਼ੁਰੂ ਕਰਨ ਦੇ ਨਾਲ ਸਿੱਖ ਸੰਗਤਾਂ ਲਈ ਇੱਕ ਵੱਡੀ ਸੌਗਾਤ ਹੋਵੇਗੀ।

ਜਨਤਾ ਸੁਰਕਸ਼ਾ ਫਾਊਂਡੇਸ਼ਨ ਨੇ ਔਰਤਾਂ ਦੀ ਭਾਗੀਦਾਰੀ ਵਧਾਉਣ ਲਈ ਕੀਤੀਆਂ ਨਿਯੁਕਤੀਆਂ

ਜਸਵੰਤ ਕੌਰ ਲੁਧਿਆਣਾ ਦੇ ਜਨਰਲ ਸਕੱਤਰ ਤੇ ਵਾਜੰਤੀ ਰਾਣੀ ਮਾਲੇਰਕੋਟਲਾ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ

ਮਾਲੇਰਕੋਟਲਾ (ਅਸਗਰ ਪਰਿਹਾਰ)-ਜਨਤਾ ਸੁਰਕਸ਼ਾ ਫਾਊਂਡੇਸ਼ਨ ਮਾਲੇਰਕੋਟਲਾ ਵੱਲੋਂ ਸੰਗਠਨ ਦੀ ਮਜ਼ਬੂਤੀ ਤੇ ਇਸ ਦੇ ਦਾਇਰੇ ਨੂੰ ਹੋਰ ਵਧਾਉਣ ਦੇ ਮਕਸਦ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।ਇਹ ਮੀਟਿੰਗ ਫਾਊਂਡੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਵਿਜੇ ਕੁਮਾਰ ਮਾਲੇਰਕੋਟਲਾ ਦੀ ਯੋਗ ਅਗਵਾਈ ਹੇਠ ਹੋਈ, ਜਿਸ ਵਿੱਚ ਸੰਗਠਨ ਦੇ ਕਈ ਸੀਨੀਅਰ ਆਗੂਆਂ ਤੇ ਮੈਂਬਰਾਂ ਨੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਫਾਊਂਡੇਸ਼ਨ ਦੀਆਂ ਸਮਾਜ ਭਲਾਈ ਗਤੀਵਿਧੀਆਂ 'ਤੇ ਵਿਸ਼ੇਸ਼ ਚਰਚਾ ਕੀਤੀ ਗਈ ਅਤੇ ਸੰਗਠਨ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣ ਲਈ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ। ਇਸ ਮੌਕੇ ਜਸਵੰਤ ਕੌਰ ਨੂੰ ਜ਼ਿਲ੍ਹਾ ਲੁਧਿਆਣਾ ਤੋਂ ਜਨਰਲ ਸਕੱਤਰ (ਮਹਿਲਾ ਵਰਗ) ਤੇ ਵਾਜੰਤੀ ਰਾਣੀ ਨੂੰ ਜ਼ਿਲ੍ਹਾ ਪ੍ਰਧਾਨ ਮਾਲੇਰਕੋਟਲਾ (ਮਹਿਲਾ ਵਰਗ) ਨਿਯੁਕਤ ਕਰਦਿਆਂ ਉਨ੍ਹਾਂ ਨੂੰ ਸੰਗਠਨ ਦੇ ਅਧਿਕਾਰਤ ਪਹਿਚਾਣ ਪੱਤਰ ਸੌਂਪੇ ਗਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਵਿਜੇ ਕੁਮਾਰ ਨੇ ਕਿਹਾ ਕਿ ਜਨਤਾ ਸੁਰਕਸ਼ਾ ਫਾਊਂਡੇਸ਼ਨ ਹਮੇਸ਼ਾ ਲੋਕਾਂ ਦੀ ਸੁਰੱਖਿਆ ਤੇ ਭਲਾਈ ਲਈ ਵਚਨਬੱਧ ਹੈ।ਉਨ੍ਹਾਂ ਉਮੀਦ ਜਤਾਈ ਕਿ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਨਾਲ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ।ਇਸ ਖ਼ਾਸ ਮੌਕੇ ਖ਼ੁਸ਼ਬੂ (ਜ਼ਿਲ੍ਹਾ ਸੂਚਨਾ ਮੰਤਰੀ ਮਾਲੇਰਕੋਟਲਾ), ਰਾਮ ਚੰਦਰ, ਸੁਖਵਿੰਦਰ ਸਿੰਘ, ਜਸਵੰਤ ਕੌਰ (ਜ਼ਿਲ੍ਹਾ ਜਨਰਲ ਸਕੱਤਰ ਲੁਧਿਆਣਾ), ਵਾਜੰਤੀ ਰਾਣੀ (ਜ਼ਿਲ੍ਹਾ ਪ੍ਰਧਾਨ ਮਾਲੇਰਕੋਟਲਾ), ਮੀਨਾ ਕੌਸ਼ਿਕ (ਜਨਰਲ ਸਕੱਤਰ ਮਾਲੇਰਕੋਟਲਾ) ਤੇ ਜੋਤੀ ਸ਼ਰਮਾ (ਦਫਤਰ ਇੰਚਾਰਜ) ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਮੀਟਿੰਗ ਦੇ ਅਖੀਰ ਵਿੱਚ ਸਾਰੇ ਹਾਜ਼ਰ ਮੈਂਬਰਾਂ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਤੇ ਸੰਗਠਨ ਦੀ ਚੜ੍ਹਦੀ ਕਲਾ ਲਈ ਤਨਦੇਹੀ ਨਾਲ ਕੰਮ ਕਰਨ ਦਾ ਪ੍ਰਣ ਲਿਆ।

ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ’ਤੇ ਝਬਾਲ ਵਿਸ਼ੇਸ਼ ਸਪਲੀਮੈਂਟ

ਸੰਦੇਸ਼

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਜਗਬੀਰ ਸਿੰਘ ਬੱਬੂ (ਮੀਤ ਪ੍ਰਧਾਨ) ਭਾਰਤੀ ਕਿਸਾਨ ਯੂਨੀ. ਏਕਤਾ ਸੰਘਰਸ਼ | ਤੇਜਿੰਦਰ ਸਿੰਘ ਰਾਜੂ ਛੀਨਾ ਚੇਅਰਮੈਨ ਪੰਜਾਬ | ਡਾ. ਜੋਗਰਾਜ ਸਿੰਘ ਝਬਾਲ | ਮਨਜੀਤ ਸਿੰਘ ਐਡ ਡੀ ਓ ਮੰਡੀ ਬੋਰਡ | ਜਸਕਰਨ ਸਿੰਘ ਐਸ ਡੀ ਓ ਮੰਡੀ ਬੋਰਡ

ਕੈਪਟਨ ਸਿੰਘ ਬਘਿਆੜੀ ਕਿਸਾਨ ਆਗੂ | ਕਾਮਰੇਡ ਦਵਿੰਦਰ ਸੋਹਲ ਜ਼ਿਲ੍ਹਾ ਸਕੱਤਰ | ਮਨਦੀਪ ਸਿੰਘ ਜੇ ਈ ਬਿਜਲੀ ਬੋਰਡ | ਗੁਰਦਿਆਲ ਸਿੰਘ ਲਾਲੀ | ਗੁਰਪਾਲ ਸਿੰਘ ਸਰਪੰਚ ਜਗਤਪੁਰਾ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਸੁਖਬੀਰ ਸਿੰਘ ਬਾਦਲ ਅਕਾਲੀ ਦਲ ਪ੍ਰਧਾਨ | ਬਿਕਰਮ ਸਿੰਘ ਮਜੀਠੀਆ ਸਾਬਕਾ ਮੰਤਰੀ | ਕੰਚਨਪ੍ਰੀਤ ਕੌਰ ਹਲਕਾ ਇੰਚਾਰਜ | ਕਸ਼ਮੀਰ ਸਿੰਘ ਮੰਨਣ ਚੇਅਰਮੈਨ

ਸਰਪੰਚ ਮਨਜਿੰਦਰ ਸਿੰਘ ਐਮਾ ਕਲਾਂ | ਸਰਪੰਚ ਤਜਿੰਦਰ ਸਿੰਘ ਕੋਟ ਸਿਵਿਆ | ਸਰਪੰਚ ਸੋਨੂੰ ਬਰਾੜ ਦੋਦੇ | ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰਾ

ਕੁਲਬੀਰ ਸਿੰਘ ਜ਼ੀਰਾ ਸਾਬਕਾ ਐਮ ਐਲ ਏ | ਰਾਜਬੀਰ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ | ਅਮਰੀਕ ਸਿੰਘ ਵਰਪਾਲ ਸੀਨੀ. ਕਾਂਗਰਸ ਆਗੂ | ਰਮਨ ਕੁਮਾਰ ਝਬਾਲ ਚੇਅਰਮੈਨ

ਸਰਪੰਚ ਪ੍ਰਗਟ ਸਿੰਘ ਝਬਾਲ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਹਰਜੋਤ ਸਿੰਘ ਛਾਪਾ

ਸੰਦੇਸ਼

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਦਿਲਬਾਗ ਸਿੰਘ ਸਾਬਕਾ ਡੀ ਜੀ ਪੀ | ਗੁਰਪ੍ਰੀਤ ਸਿੰਘ ਏ ਆਈ ਜੀ, ਅੰਮ੍ਰਿਤਸਰ | ਜਗਜੀਤ ਸਿੰਘ ਡੀ ਐਸ ਪੀ | ਸੁਖਬੀਰ ਸਿੰਘ ਡੀ ਐਸ ਪੀ ਡੀ ਸਿਟੀ ਤਰਨ ਤਾਰਨ | ਇੰਸਪੈਕਟਰ ਕਸ਼ਮੀਰ ਸਿੰਘ ਝਬਾਲ

ਰਜਿੰਦਰ ਸਿੰਘ ਇੰਸਪੈਕਟਰ | ਕਾਮਰੇਡ ਜਸਬੀਰ ਸਿੰਘ ਸੂਬਾ ਆਗੂ ਖੇਤ ਮਜ਼ਦੂਰ ਯੂਨੀਅਨ | ਬਲਦੇਵ ਸਿੰਘ ਸੋਨੀ ਝਬਾਲ | ਦਿਲਬਾਗ ਸਿੰਘ ਦਸਮੇਸ਼ ਫਿਲਿੰਗ ਸਟੇਸ਼ਨ ਝੰਡਾਲਾ | ਬਾਬਾ ਵਰਿਆਮ ਸਿੰਘ ਝਬਾਲ, ਪ੍ਰਧਾਨ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

Dashmesh Parivar International School

Aima Kalan, Distt. Tarn Taran Mob 9872224144
(Affiliated to CBSE, New Dehli No. 1630387)



Jaswant Singh
Chairman Deshmesh Group of School

☛ Institution is Committed to give Valuable Education to the School Students.
☛ Institution is Proud to produce Students with National and International Level Players.

Baba Gurbachan Singh
Patron Deshmesh privar Group of School

Issued by : Jaswant Singh Chairman, Dasmesh Parivar of Schools

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਨਰਿੰਦਰ ਮੋਦੀ ਪ੍ਰਧਾਨ ਮੰਤਰੀ | ਹਰਜੀਤ ਸਿੰਘ ਸੰਧੂ ਹਲਕਾ ਇੰਚਾਰਜ | ਰਣਜੀਤ ਸਿੰਘ ਰਾਣਾ ਗੰਡੀਵਿੰਡ | ਜਸਵੰਤ ਸਿੰਘ ਜੱਸਾ ਪੰਜਵੜ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਹਰਮੀਤ ਸਿੰਘ ਸੰਧੂ ਐਮ ਐਲ ਏ ਤਰਨ ਤਾਰਨ | ਵਿਕਰਮ ਸਿੰਘ ਢਿੱਲੋਂ ਝਬਾਲ ਆਪ ਆਗੂ | ਜਸਬੀਰ ਸਿੰਘ ਸਰਪੰਚ ਸਵਾਰਗਾਪੁਰੀ | ਸਰਪੰਚ ਸੁਰਜੀਤ ਸਿੰਘ ਸ਼ਾਹ ਢੰਡ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਹਰਭਜਨ ਸਿੰਘ ਕੈਰੋਂ
ਪ੍ਰਧਾਨ ਫੋਕਲ ਪੁਆਇੰਟ
ਤਰਨ ਤਾਰਨ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਬਾਬਾ ਬੁੱਢਾ ਜੀ ਕਾਲਜ ਬੀੜ ਸਾਹਿਬ

ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਮਾਨਤਾ ਪ੍ਰਾਪਤ

ਪ੍ਰਿੰਸੀਪਲ ਡਾ. ਕਰਨਜੀਤ ਸਿੰਘ ਬੇਦੀ | ਸ. ਤਜਿੰਦਰਜੀਤ ਸਿੰਘ ਸੁਪਰਡੈਂਟ | ਪ੍ਰੋ. ਅਮਰਬੀਰ ਸਿੰਘ | ਸ. ਸੁਖਬੀਰ ਸਿੰਘ

ਡਾ. ਰਾਜਬੀਰ ਸਿੰਘ ਸੀਨੀ. ਮੈਡੀਕਲ ਅਫਸਰ ਅੰਮ੍ਰਿਤਸਰ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਹਰਪ੍ਰੀਤ ਸਿੰਘ ਪੰਚਾਇਤ ਸੈਕਟਰੀ ਬਲਾਕ ਗੰਡੀਵਿੰਡ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਸੁਖਬੀਰ ਸਿੰਘ ਗੱਗੋਬੂਹਾ | ਬਾਬਾ ਬਲਜਿੰਦਰ ਸਿੰਘ ਕਾਲਾ ਝਬਾਲ | ਗੁਰਪਿੰਦਰ ਸਿੰਘ ਨਾਥੂ ਝਬਾਲ | ਦਿਲਬਾਗ ਸਿੰਘ ਐਮਾ ਕਲਾਂ

ਕਿਸਾਨ ਆਗੂ ਬੀ ਕੇ ਯੂ ਉਗਰਾਹਾਂ, ਝਬਾਲ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਗਿਆਨ ਜੋਤੀ ਪਬਲਿਕ ਸਕੂਲ

ਝਬਾਲ ਕਲਾਂ (ਤਰਨ ਤਾਰਨ)

ਦਾਖ਼ਲਾ ਸ਼ੁਰੂ

ਪ੍ਰੀ ਨਰਸਰੀ ਤੋਂ 10 ਤੱਕ ਮਾਨਤਾ ਪ੍ਰਾਪਤ (ਅੰਗਰੇਜ਼ੀ ਮਾਧਿਅਮ ਵਿਸ਼ੇਸ਼ਤਾਵਾਂ) Free Study orphan, Student • ਖਰਚਾ ਦੂਸਰੇ ਸਕੂਲਾਂ ਮੁਕਾਬਲੇ ਘੱਟ • ਬੱਚਿਆਂ ਦੇ ਆਤਮਿਕ ਅਤੇ ਧਾਰਮਿਕ ਵਿਕਾਸ ਵਿੱਚ ਧਾਰਮਿਕ ਪ੍ਰੀਖਿਆ ਦਾ ਖਾਸ ਪ੍ਰਬੰਧ • ਸੱਭਿਆਚਾਰਕ ਪ੍ਰੋਗਰਾਮ ਭਾਸ਼ਣ ਮੁਕਾਬਲੇ, ਲਿਖਤੀ ਮੁਕਾਬਲੇ ਵਿੱਚ ਸਕੂਲ ਦੀ ਸ਼ਮੂਲੀਅਤ, Junior Kids ਦੀ ਪੜ੍ਹਾਈ ਲਈ Play Way Method Technique activity Room ਦੀ ਸਹੂਲਤ ਤਜਰਬੇਕਾਰ ਮਿਹਨਤੀ ਅਤੇ ਉੱਚ ਸਿੱਖਿਆ ਪ੍ਰਾਪਤ ਸਟਾਫ, • English Medium NCERT ਅਧਾਰਿਤ ਸਕੂਲ ਸਿਲੇਬਸ ਬਿਲਕੁਲ CBSE Pattern ਦੀ ਤਰਜ਼ ’ਤੇ

ਪ੍ਰਿੰਸੀ. ਅਮਰਜੀਤ ਸਿੰਘ

99153-47727, 98559-99779

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਮਨਜੀਤ ਸਟੀਲ ਸ਼ਟਰਿੰਗ ਸਟੋਰ

ਸਿਮਰਨ ਦੀ ਹੱਟੀ

ਇੱਥੇ ਸਕੈਪ ਫੋਲਡ, ਗਾਡਰ, ਪਲੇਟਾਂ, ਬੱਲੀਆਂ, ਫਰਮੇ, ਮਿਕਸਚਰ ਮਸ਼ੀਨ ਵਾਈਵੇਟਰ ਕਿਰਾਏ ਤੇ ਮਿਲਦੇ ਹਨ ਅਤੇ ਸ਼ਟਰਿੰਗ ਕਰਨ ਅਤੇ ਖੋਲ ਦਾ ਖਾਸ ਪ੍ਰਬੰਧ ਹੈ।

ਇੱਥੇ ਗੁਰਦੁਆਰੇ ਅਤੇ ਵਡਿਆ ਬਿਲਡਿੰਗਾ ਦੀ ਸ਼ਟਰਿੰਗ ਬੀਮਾ ਵਾਲੀ ਕਰਵਾਉਣ ਲਈ ਮਿਲੋ।

ਮੁਹੱਲਾ ਨਾਨਕਸਰ, ਸਰਕਾਰੀ ਹਸਪਤਾਲ ਰੋਡ, ਅੱਡਾ ਝਬਾਲ (ਤਰਨ ਤਾਰਨ)
ਮੋਬਾ. 98153-50408, 98146-25477

ਮਨਜੀਤ ਸਿੰਘ ਭੋਜੀਆਂ ਵਾਲੇ

ਬਲਕਾਰ ਸਿੰਘ ਵਲਟੋਹਾ | ਮੰਗਤ ਸਿੰਘ ਪ੍ਰਿੰਸੀਪਲ | ਧਰਮਿੰਦਰ ਸਿੰਘ ਛੀਨਾ ਲੈਕਚਰਾਰ | ਨਰਿੰਦਰ ਕੁਮਾਰ ਨੂਰ ਅਧਿਆਪਕ

ਹਰਮੀਤ ਸਿੰਘ ਝਬਾਲ ਕਲਾਰਕ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਰਾਜਬੀਰ ਸਿੰਘ ਅਧਿਆਪਕ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

WASSAN GAS AGENCY

Off. Attari Road, Chabhal (T.T.)
Resi :A-348, Ranjit Avenue, Amritsar
Prop. Davinder Kumar Mintoo
Tel. (O) 01852-278505,277211,
(M) 98155-89500, 97794-28677
Email-davinderwassan@gmail.com

Davinder Kumar

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਪੰਜਾਬ | ਰਮਨਦੀਪ ਸਿੰਘ ਸਿੱਕੀ ਸਾਬਕਾ ਵਿਧਾਇਕ ਕਾਂਗਰਸ | ਰਾਜਬੀਰ ਸਿੰਘ ਪੱਖੋਕੇ ਮੀਤ ਪ੍ਰਧਾਨ, ਪੰਜਾਬ

ਸਿੱਖ ਧਰਮ ਦੇ ਪਹਿਲੇ ਸ਼ਹੀਦ ਅਤੇ ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਕੁਰਬਾਨੀ ਨੂੰ ਕੋਟਿ-ਕੋਟਿ ਪ੍ਰਣਾਮ

ਡਾ. ਰਮਨ ਕੁਮਾਰ ਗੁਪਤਾ

Gupta Hospital

Dr. Raman Gupta
M.B.B.S., M.S., F.C.C.S
Consultant and General Surgeon
* Life Mamber Indian Association of Gastro Intestinal Endo Surgoen (IAGES) *Life Mamber Surgeon Society of Amritsar *Life Mamber (M.A.) Tarn Taran *Fellow Fundamental Critical Care Support (U.S.A.)
Chabhal Distt Tarn Taran 01852-278150 (M) 98727-49792

ਧੰਨਵਾਦ

ਹਰਜਿੰਦਰ ਸਿੰਘ ਸੋਨੀ
ਪੱਤਰਕਾਰ ਝਬਾਲ
98154-42347, 94177-27771

ਮੈਂ ਉਨ੍ਹਾਂ ਸਾਰੇ ਹੀ ਸੱਜਣਾਂ-ਮਿੱਤਰਾਂ, ਸਨੇਹੀਆਂ ਦਾ ਕੋਟਿਨ-ਕੋਟ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਝਬਾਲ ਤੋਂ ਵਿਸ਼ੇਸ਼ ਸਪਲੀਮੈਂਟ ਕੱਢਣ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਹੈ।

ਰੌਬਿਨ ਸਿੰਘ ਸੋਨੀ
ਝਬਾਲ

ਪੈਨਸ਼ਨਰਜ਼ ਜੁਆਇੰਟ ਫਰੰਟ ਨੇ ਕੀਤੀ ਚੇਤਨਾ ਕਨਵੈਨਸ਼ਨ

ਜਲੰਧਰ (ਰਾਜੇਸ਼ ਥਾਪਾ, ਲਖਵਿੰਦਰ ਸਿੰਘ ਆਧੀ)- ਪੰਜਾਬ ਗੌਰਮਿੰਟ ਪੈਨਸ਼ਨਜ ਜੁਆਇੰਟ ਫਰੰਟ ਪੰਜਾਬ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਵਿਖੇ, ਪੰਜਾਬ ਸਰਕਾਰ ਦੇ ਪੈਨਸ਼ਨਰ ਵਿਰੋਧੀ ਰਵਈਏ ਖ਼ਿਲਾਫ਼ ਅਤੇ ਕੇਂਦਰ ਸਰਕਾਰ ਦੁਆਰਾ ਦੇਸ਼ ਦੇ ਜਨਤਕ ਅਦਾਰਿਆਂ ਦੀ ਕੀਤੀ ਜਾ ਰਹੀ ਤਬਾਹੀ ਖ਼ਿਲਾਫ਼ , ਪੈਨਸ਼ਨਰਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਸੂਬਾ ਪੱਧਰੀ ਚੇਤਨਾ ਕਨਵੈਨਸ਼ਨ ਕੀਤੀ ਗਈ। ਕਨਵੈਨਸ਼ਨ ਦੇ ਮੁੱਖ ਮਤੇ ’ਤੇ ਜੁਆਇੰਟ ਫਰੰਟ ਦੇ ਕਨਵੀਨਰਾਂ ਭਜਨ ਸਿੰਘ ਗਿੱਲ, ਅਵਿਨਾਸ਼ ਸ਼ਰਮਾ , ਕਰਮ ਸਿੰਘ ਧਨੋਆ ਅਤੇ ਸੁਖਵਿੰਦਰ ਸਿੰਘ ਸੈਨੀ ਨੇ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਬੋਲਦਿਆਂ ਕਿਹਾ ਕਿ ਇਹ ਸੂਬਾ ਪੱਧਰੀ ਕਨਵੈਨਸ਼ਨ ਪੰਜਾਬ ਦੇ ਸਮੂਹ ਪੈਨਸ਼ਨਰਾਂ ਨਾਲ ਕੀਤੇ ਜਾ ਰਹੇ ਧੱਕਿਆਂ ਅਤੇ ਕੇਂਦਰ ਦੀ ਫਾਸ਼ੀਵਾਦੀ ਕਾਰਪੋਰੇਟ ਸਾਮਰਾਜ ਪੱਖੀ ਮੋਦੀ ਦੀ ਅਗਵਾਈ ਵਾਲੀ ਸਰਕਾਰ ਦੀਆਂ ਮੁਲਾਜਮ ਪੈਨਸ਼ਨਰ ਵਿਰੋਧੀ ਨੀਤੀਆਂ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ਅਤੇ ਇਹਨਾਂ ਸਰਕਾਰਾਂ ਵੱਲੋਂ ਦੇਸ਼

ਦੇ ਪਬਲਿਕ ਅਦਾਰਿਆਂ ਨੂੰ ਖਤਮ ਕਰਕੇ ਉਹਨਾਂ ਨੂੰ ਨਿੱਜੀ ਸੈਕਟਰ ਵਿੱਚ ਬਦਲਣ ਦੀਆ ਨੀਤੀਆਂ ਦੇ ਖ਼ਿਲਾਫ਼ ਲੋਕ ਜਨਸਮੂਹਾਂ ਵੱਲੋਂ ਕੀਤੇ ਜਾ ਰਹੇ ਵਿਰੋਧ ਨੂੰ ਦਬਾਉਣ ਲਈ ਕੀਤੇ ਜਾ ਰਹੇ ਜਬਰ ਜੁਲਮ ਦੇ ਖ਼ਿਲਾਫ਼ ਸਮੂਹ ਸੰਘਰਸ਼ਸ਼ੀਲ ਤਬਕਿਆਂ ਨਾਲ ਭਰਾਤਰੀ ਏਕਤਾ ਨੂੰ ਹੋਰ ਮਜ਼ਬੂਤ ਕਰਨ ਦਾ ਅਹਿਦ ਕਰਦੀ ਹੈ। ਅੰਤ ਵਿੱਚ ਕਨਵੈਨਸ਼ਨ ਮੰਗ ਕਰਦੀ ਹੈ ਕਿ ਪੈਨਸ਼ਨਰਾਂ ਦੀਆਂ ਮੰਗਾਂ ’ਤੇ ਵਿਚਾਰ ਚਰਚਾ ਕਰਕੇ ਲਾਗੂ ਕਰਨ ਹਿੱਤ ਪੰਜਾਬ ਦੇ ਮੁੱਖ ਮੰਤਰੀ ਨਾਲ ਪੈਨਸ਼ਨਰਜ਼ ਜੁਆਇੰਟ ਫਰੰਟ ਨਾਲ ਮੀਟਿੰਗ ਤਹਿ ਕਰਵਾਈ ਜਾਵੇ। ਕਨਵੈਨਸ਼ਨ ਨੂੰ ਮੁੱਖ ਕਨਵੀਨਰਾ ਤੋਂ ਇਲਾਵਾ ਰਾਕੇਸ਼ ਸ਼ਰਮਾ, ਹਰਭਜਨ ਸਿੰਘ ਅਜਨੋਹਾ, ਕਸ਼ਮੀਰ ਸਿੰਘ, ਗੁਰਦੀਪ ਸਿੰਘ, ਰਾਜ ਕੁਮਾਰ ਆਰੋੜਾ, ਹਰਜੀਤ ਸਿੰਘ ਫਤਿਹਗੜ੍ਹ , ਅਜੀਤ ਸਿੰਘ ਫ਼ਤਿਹ ਤੱਕ, ਗੁਰਨਾਮ ਸਿੰਘ, ਬਲਵੀਰ ਲੰਘ, ਗੁਰਦੀਪ ਸਿੰਘ ਵਾਲੀਆ, ਦੇਵਰਾਜ ਸ਼ਰਮਾ, ਜਸਵੰਤ ਸਿੰਘ, ਅਮਰਜੀਤ ਸਿੰਘ ਸਿੱਧੂ, ਅਸ਼ੋਕ ਭੰਡਾਰੀ, ਅਮਰਜੀਤ ਸਿੰਘ ਸਿੱਧੂ, ਤਰਸੇਮ ਸਿੰਘ ਰੰਧਾਵਾ, ਸ਼ਿਵ ਕੁਮਾਰ ਤਿਵਾੜੀ, ਜਸਪਤ ਰਾਏ ਅਤੇ ਹੋਰ ਬਹੁਤ ਸਾਰੇ ਆਗੂਆਂ ਨੇ ਆਪਣੇ ਵਿਚਾਰ ਰੱਖੇ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਕਰਮ ਸਿੰਘ ਧਨੋਆ ਅਤੇ ਸੁਰਿੰਦਰ ਰਾਮ ਕੁੱਸਾ ਨੇ ਨਿਭਾਈ।

ਅਮਰਨਾਥ ਯਾਤਰਾ ਲਈ ਸ਼ਾਹਕੋਟ ਤੋਂ ਚਾਰ ਟਰੱਕ ਰਾਸ਼ਨ ਦੇ ਰਵਾਨਾ

ਸ਼ਾਹਕੋਟ (ਗਿਆਨ ਸੈਦਪੁਰੀ)- ਵੀਰਵਾਰ ਨੂੰ ਸ੍ਰੀ ਅਮਰਨਾਥ ਯਾਤਰਾ ਲੰਗਰ ਸੇਵਾ ਸੰਮਤੀ ਸ਼ਾਹਕੋਟ ਵੱਲੋਂ 36ਵੀਂ ਯਾਤਰਾ ਲਈ ਅਨਾਜ ਮੰਡੀ ਸ਼ਾਹਕੋਟ ਤੋਂ ਚਾਰ ਟਰੱਕ

ਰਾਸ਼ਨ ਦੇ ਰਵਾਨਾ ਕੀਤੇ ਗਏ। ਟਰੱਕ ਰਵਾਨਾ ਕਰਨ ਤੋਂ ਪਹਿਲਾਂ ਪੰਡਿਤ ਉਮਾ ਸ਼ੰਕਰ ਵੱਲੋਂ ਵਿਧੀ ਵਿਧਾਨ ਮੁਤਾਬਕ ਪੂਜਾ ਕੀਤੀ ਗਈ।ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਉਚੇਚੇ ਤੌਰ ’ਤੇ ਹਾਜ਼ਰ ਹੋਏ।ਉਨ੍ਹਾਂ ਸੰਬੋਧਨਾਂ ਕਰਦਿਆਂ ਕਿਹਾ ਕਿ ਸਾਡੇ ਸਭ ਦੇ ਬਹੁਤ ਸਤਿਕਾਰਯੋਗ ਸਵਰਗਵਾਸੀ ਸ੍ਰੀ ਚਰਨ ਦਾਸ ਗਾਬਾ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ 1989-90 ਵਿੱਚ ਇਹ ਯਾਤਰਾ ਸ਼ੁਰੂ ਕੀਤੀ ਗਈ ਸੀ। ਉਨ੍ਹਾਂ ਦੇ ਸਵਰਗਵਾਸ ਹੋਣ ਤੋਂ ਬਾਅਦ ਵੀ ਗਾਬਾ ਪਰਵਾਰ ਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਅੱਜ ਤੱਕ ਉਨ੍ਹਾਂ ਵੱਲੋਂ ਕੀਤੀ ਸ਼ੁਰੂਆਤ ਜਾਰੀ ਹੈ। ਉਨ੍ਹਾਂ ਆਪਣੇ ਵੱਲੋਂ ਵਧਾਈ ਦਿੰਦਿਆਂ ਕਿਹਾ ਕਿ ਮੇਰੇ ਲਈ ਮਾਣ ਵਾਲੀ ਗੱਲ ਹੈ ਜੋ ਸ਼ਹਿਰ ਨਿਵਾਸੀ ਉਨ੍ਹਾਂ(ਸ਼ੇਰੋਵਾਲੀਆ) ਨੂੰ ਵੀ ਇਸ ਸ਼ੁੱਭ ਅਵਸਰ ਵਿੱਚ ਸ਼ਾਮਲ ਹੋਣ ਲਈ ਹਰ ਸਾਲ ਸੱਦਾ ਦਿੰਦੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਿਸ਼ਨ ਲਾਲ ਗਾਬਾ, ਪਵਨ ਕੁਮਾਰ ਪੁਰੀ ਸਾਬਕਾ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਸੰਜੇ ਗੁਪਤਾ ਪ੍ਰਧਾਨ ਮੰਡੀ ਕਮੇਟੀ ਸ਼ਾਹਕੋਟ, ਕਪਿਲ ਕੁਮਾਰ ਗੁਪਤਾ ਸਾਬਕਾ ਵਾਈਸ ਚੇਅਰਮੈਨ ਮਾਰਕੀਟ ਕਮੇਟੀ ਸ਼ਾਹਕੋਟ, ਯਸ਼ਪਾਲ ਗੁਪਤਾ ਸਾਬਕਾ ਵਾਈਸ ਚੇਅਰਮੈਨ ਮਾਰਕੀਟ ਕਮੇਟੀ ਸ਼ਾਹਕੋਟ, ਸੋਨੂੰ ਕੰਗ ਪੀ ਏ, ਲਛਮਣ ਸੋਬਤੀ ਸ਼ਹਿਰੀ ਪ੍ਰਧਾਨ, ਪਵਨ ਅੱਗਰਵਾਲ ਸਾਬਕਾ ਪ੍ਰਧਾਨ, ਬੰਟੀ ਬਠੱਲਾ ਪ੍ਰਧਾਨ ਵਾਤਾਵਰਨ ਸੁਧਾਰ ਸੁਸਾਇਟੀ, ਰਾਜੇਸ਼ ਗੁਪਤਾ ਕਾਂਗਰਸੀ ਆਗੂ, ਟਿੰਪੀ ਕੁਮਰਾ ਕਾਂਗਰਸੀ ਆਗੂ, ਮੱਦੀ ਡਾਬਰ, ਦਿਨੇਸ਼ ਗੁਪਤਾ, ਰਾਕੇਸ਼ ਚੰਦ ਸੇਵਾ ਮੁਕਤ ਬੀ.ਪੀ.ਈ. ਓ, ਬੈਜ ਨਾਥ ਅੱਗਰਵਾਲ, ਅਸ਼ਨੀ ਜਿੰਦਲ, ਤਾਨਿਸ਼ ਗਾਬਾ, ਸੋਨੂੰ ਅਰੋੜਾ, ਮੋਹਿਤ ਗਰਗ, ਜੱਗੂ ਉੱਪਲ, ਬੱਬੂ ਵੈਡਹਿਰਾ, ਸਮੂਹ ਆੜ੍ਹਤੀਆ ਐਸੋਸੀਏਸ਼ਨ ਦੇ ਮੈਂਬਰ ਅਤੇ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ।

ਅਭੈਦੀਪ ਸਿੰਘ ਚੱਠਾ ਨੇ ‘ਐਕਸੀਲੈਂਸੀ ਅਕੈਡੇਮਿਕ ਐਵਾਰਡ’ ਜਿੱਤ ਕੇ ਚਮਕਾਇਆ ਮਾਪਿਆਂ ਦਾ ਨਾਂਅ

ਸ਼ਾਹਕੋਟ (ਗਿਆਨ ਸੈਦਪੁਰੀ) ਨਜ਼ਦੀਕੀ ਪਿੰਡ ਢੰਡੋਵਾਲ ਦੇ ਕੈਨੇਡਾ ਦੇ ਸਰੀ ਸ਼ਹਿਰ ਵਿਚ ਰਹਿ ਰਹੇ ਗੁਰਦੀਪ ਸਿੰਘ ਚੱਠਾ ਦੇ ਪੋਤਰੇ ਅਭੈਦੀਪ ਸਿੰਘ ਚੱਠਾ ਪੁੱਤਰ ਸਤਨਾਮ ਸਿੰਘ ਚੱਠਾ ਨੇ ਕੈਨੇਡਾ ਵਿੱਚ ਦਸਵੀਂ ਜਮਾਤ ਦੇ ਇਮਤਿਹਾਨ ਵਿਚ 300 ਵਿਦਿਆਰਥੀਆਂ ਵਿਚੋਂ ਪਹਿਲਾ ਸਥਾਨ ਹਾਸਿਲ ਕੀਤਾ। ਪਰਿਸੈਸ ਮਾਰਗਰੇਟ ਸੈਕੰਡਰੀ ਸਕੂਲ ਸਰੀ ਦੇ ਵਿਦਿਆਰਥੀ ਅਭੈਦੀਪ ਸਿੰਘ ਚੱਠਾ ਨੂੰ ਇੰਗਲਿਸ਼, ਫਰੈਂਚ, ਪ੍ਰੀ ਕੈਲਕੁਲਸ ਮੈਥੇਮੈਟਿਕਸ, ਸਾਇੰਸ, ਸੋਸ਼ਲ ਸਾਇੰਸ, ਇੰਟਰਪ੍ਰਾਇਨਰਸ਼ਿਪ ਐਂਡ ਮਾਰਕੀਟਿੰਗ, ਕਰੀਅਰ ਲਾਈਫ ਐਜੂਕੇਸ਼ਨ ਅਤੇ ਫਿਜ਼ੀਕਲ ਐਜੂਕੇਸ਼ਨ ਵਿਸ਼ਿਆਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਨ ਦੇ ਬਦਲੇ ਸਕੂਲ ਪ੍ਰਬੰਧਕਾਂ ਵੱਲੋਂ ‘ਐਕਸੀਲੈਂਸੀ ਅਕੈਡੇਮਿਕ ਐਵਾਰਡਜ਼’ ਨਾਲ ਸਨਮਾਨਤ ਕੀਤਾ ਗਿਆ। ਅਭੈਦੀਪ ਦੀ ਇਸ ਪ੍ਰਾਪਤੀ ’ਤੇ ਜਿਥੇ ਉਸ ਦੇ ਪਰਿਵਾਰ ਵਿੱਚ ਖੁਸ਼ੀ ਦਾ ਮਾਹੌਲ ਹੈ, ਉਥੇ ਉਹ ਆਪਣੇ ਹੋਣਹਾਰ ਬੱਚੇ ’ਤੇ ਮਾਣ ਮਹਿਸੂਸ ਕਰ ਰਹੇ ਹਨ।

ਡਾਇਰੀਆ ਦੀ ਰੋਕਥਾਮ ਉਪਰਾਲੇ ਜਾਰੀ : ਡਿਪਟੀ ਕਮਿਸ਼ਨਰ

ਜ਼ੀਰਕਪੁਰ (ਵਿਨੈ ਕੁਮਾਰ ਜੈਨ)- ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਿਹਤ ਵਿਭਾਗ ਵੱਲੋਂ ਢਕੋਲੀ ਖੇਤਰ ਵਿੱਚ ਡਾਇਰੀਆ ਦੀ ਜਾਂਚ ਅਤੇ ਨਿਗਰਾਨੀ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਤਹਿਤ ਬਲਾਕ ਰੈਪਿਡ ਰਿਸਪਾਂਸ ਟੀਮ ਵੱਲੋਂ ਦਸ਼ਮੇਸ਼ ਐਨਕਲੇਵ ਅਤੇ ਕ੍ਰਿਸ਼ਨਾ ਐਨਕਲੇਵ ਖੇਤਰਾਂ ਦਾ ਦੌਰਾ ਕਰਕੇ ਘਰ-ਘਰ ਸਰਵੇਖਣ ਕੀਤਾ ਗਿਆ। ਦਸ਼ਮੇਸ਼ ਐਨਕਲੇਵ ਵਿੱਚ ਕੁੱਲ 120 ਘਰਾਂ ਦਾ ਸਰਵੇਖਣ ਕੀਤਾ ਗਿਆ, ਜਿਸ ਦੌਰਾਨ ਡਾਇਰੀਆ ਦੇ 3 ਮਾਮਲੇ ਸਾਹਮਣੇ ਆਏ, ਜੋ ਕਿ ਗੰਭੀਰ ਨਹੀਂ ਸਨ। ਪ੍ਰਭਾਵਿਤ ਪਰਵਾਰਾਂ ਨੂੰ ਲੋੜੀਂਦੀ ਸਿਹਤ ਸਲਾਹ ਦਿੱਤੀ ਗਈ ਅਤੇ ਓ.ਆਰ.ਐਸ. ਦੇ ਘੋਲ ਦੀ ਵਰਤੋਂ, ਸੁਰੱਖਿਅਤ ਪੀਣ ਵਾਲੇ ਪਾਣੀ, ਹੱਥਾਂ ਦੀ ਸਫ਼ਾਈ ਅਤੇ ਸਵੱਛਤਾ ਸੰਬੰਧੀ ਜਾਗਰੂਕ ਕੀਤਾ ਗਿਆ। ਸਿਹਤ ਟੀਮਾਂ ਵੱਲੋਂ ਇਲਾਕਾ ਨਿਵਾਸੀਆਂ ਨੂੰ 50 ਓ.ਆਰ.ਐਸ. ਪੈਕਟ ਅਤੇ 250 ਕਲੋਰੀਨ ਗੋਲੀਆਂ ਵੰਡੀਆਂ ਗਈਆਂ। ਇਸ ਤੋਂ ਇਲਾਵਾ ਪਾਣੀ ਦੀ ਗੁਣਵੱਤਾ ਦੀ ਜਾਂਚ ਲਈ 4 ਪਾਣੀ ਦੇ ਨਮੂਨੇ ਇਕੱਠੇ ਕੀਤੇ ਗਏ। ਕ੍ਰਿਸ਼ਨਾ ਐਨਕਲੇਵ ਵਿੱਚ 90 ਘਰਾਂ ਦਾ ਸਰਵੇਖਣ ਕੀਤਾ ਗਿਆ, ਜਿੱਥੇ ਡਾਇਰੀਆ ਦਾ ਕੋਈ ਵੀ ਮਾਮਲਾ ਸਾਹਮਣੇ ਨਹੀਂ ਆਇਆ। ਸਿਹਤ ਟੀਮ ਵੱਲੋਂ 50 ਓ.ਆਰ.ਐਸ. ਪੈਕਟ ਅਤੇ 200 ਕਲੋਰੀਨ ਗੋਲੀਆਂ ਵੰਡੀਆਂ ਗਈਆਂ ਅਤੇ ਪਾਣੀ ਦੇ 3 ਨਮੂਨੇ ਜਾਂਚ ਲਈ ਇਕੱਠੇ ਕੀਤੇ ਗਏ। ਇਸ ਦੇ ਨਾਲ-ਨਾਲ ਪਾਣੀ ਰਾਹੀਂ ਫੈਲਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਸੰਬੰਧੀ ਜਾਗਰੂਕਤਾ ਗਤੀਵਿਧੀਆਂ ਵੀ ਕਰਵਾਈਆਂ ਗਈਆਂ।

ਐੱਸ ਆਈ ਆਰ ਸਰਵੇ ਕਾਰਨ 17,000 ਅਧਿਆਪਕ ਸਕੂਲਾਂ ਤੋਂ ਬਾਹਰ ਰਹਿਣਗੇ

ਗੁਰਾਇਆ (ਬਿੰਦਰ ਸੁਮਨ)- ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਦੇ 17,000 ਤੋਂ ਵੱਧ ਅਧਿਆਪਕਾਂ ਨੂੰ ਬੀ ਐੱਲ ਓ ਡਿਊਟੀ ਵਿੱਚ ਲਗਾ ਕੇ ਐੱਸ ਆਈ ਆਰ ਸਰਵੇ ਕਰਨ ਲਈ ਸਕੂਲਾਂ ਤੋਂ ਬਾਹਰ ਕਰ ਦਿੱਤਾ ਹੈ। ਉਹ ਆਉਣ ਵਾਲੇ ਮਹੀਨਿਆਂ ਵਿੱਚ ਘਰ ਘਰ ਜਾ ਕੇ ਵੋਟਰਾਂ ਦੇ ਫਾਰਮ ਭਰਨਗੇ ਅਤੇ ਉਹਨਾਂ ਨੂੰ ਔਨਲਾਈਨ ਅਪਲੋਡ ਕਰਨਗੇ। ਜੋ ਕਿ ਇੱਕ ਲੰਬੀ ਪ੍ਰਕਿਰਿਆ ਹੈ ਅਤੇ ਕਈ ਮਹੀਨੇ ਤੱਕ ਚਲਦੀ ਰਹੇਗੀ।ਡਰੱਗ ਸੈਂਸਜ਼, ਜਨਗਣਨਾ ਅਤੇ ਮਾਵਾਂ ਧੀਆਂ ਸਤਿਕਾਰ ਯੋਜਨਾ ਦੇ ਨਾਂਅ ’ਤੇ

ਲਗਭਗ ਵੀਹ ਹਜ਼ਾਰ ਅਧਿਆਪਕਾਂ ਨੂੰ ਸਕੂਲਾਂ ਤੋਂ ਬਾਹਰ ਕਰ ਦਿੱਤਾ ਹੈ। ਹਜ਼ਾਰਾਂ ਅਧਿਆਪਕ ਮਈ ਮਹੀਨੇ ਜਨਗਣਨਾ ਦਾ ਪਹਿਲਾ ਫੇਜ਼ ਕਰ ਕੇ ਹਟੇ ਹਨ ਅਤੇ ਹੁਣ ਫਰਵਰੀ ਵਿੱਚ ਦੂਜਾ ਫੇਜ਼ ਕਰਨਗੇ। ਇਸੇ ਦੌਰਾਨ ਨਵੰਬਰ ਮਹੀਨੇ ਵਿਧਾਨ ਸਭਾ ਚੋਣਾਂ ਕਰਵਾਉਣ ਦੀ ਤਿਆਰੀ ਚੱਲ ਰਹੀ ਹੈ ਤਾਂ ਲਗਭਗ ਦੋ ਮਹੀਨੇ ਹਜ਼ਾਰਾਂ ਅਧਿਆਪਕ ਉਸ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਨਗੇ।ਆਗੂਆਂ ਨੇ ਬੀ ਐੱਲ ਓਜ਼ ਅਤੇ ਜਨਗਣਨਾ ਵਿੱਚ ਲੱਗੇ ਅਧਿਆਪਕਾਂ ਦੀਆਂ ਬਦਲੀਆਂ ਰੋਕ ਦਾ ਵੀ ਵਿਰੋਧ ਕੀਤਾ।ਜਥੇਬੰਦੀ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ, ਸਕੱਤਰ ਅਵਤਾਰ ਲਾਲ, ਵਿੱਤ ਸਕੱਤਰ ਅੰਮ੍ਰਿਤਪਾਲ ਸਿੰਘ, ਨਰਿੰਦਰ ਪਾਲ, ਅਮਨਦੀਪ ਸਿੰਘ, ਗੌਰਵ ਕੁਮਾਰ ਨੇ ਕਿਹਾ ਕਿ ਪਹਿਲਾਂ ਹੀ ਪ੍ਰਿੰਸੀਪਲਾਂ, ਹੈਡਮਾਸਟਰਾਂ, ਲੈਕਚਰਾਰਾਂ, ਮਾਸਟਰਾਂ ਅਤੇ ਈ ਟੀ ਟੀ ਅਧਿਆਪਕਾਂ ਦੀਆਂ ਹਜ਼ਾਰਾਂ ਖਾਲੀ ਅਸਾਮੀਆਂ ਹਨ।

ਅੰਤਰਰਾਸ਼ਟਰੀ ਯੋਗ ਦਿਵਸ 21 ਨੂੰ

ਨਵਾਂਸ਼ਹਿਰ/ਬਲਾਚੌਰ (ਮਨੋਜ ਲਾਡੀ, ਜਸਵਿੰਦਰ ਬੈਂਸ)- ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਅੰਤਰਾਸ਼ਟਰੀ ਯੋਗ ਦਿਵਸ ਮੌਕੇ 21 ਜੂਨ ਨੂੰ ਜ਼ਿਲ੍ਹਾ ਪੱਧਰੀ ਸਮਾਗਮ ਬਾਰਾਦਰੀ ਗਾਰਡਨ, ਨਵਾਂਸ਼ਹਿਰ ਵਿਖੇ ਸਵੇਰੇ 6:00 ਵਜੇ ਤੋਂ 7:00 ਵਜੇ ਕਰਵਾਇਆ ਜਾਵੇਗਾ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮਾਗਮ ਵਿੱਚ ਆਮ ਲੋਕਾਂ ਤੋਂ ਇਲਾਵਾ ਸਕੂਲਾਂ-ਕਾਲਜਾਂ ਦੇ ਵਿਦਿਆਰਥੀਆਂ, ਐਨ ਸੀ ਸੀ, ਐਨ ਐਸ ਐਸ ਵਲੰਟੀਅਰਾਂ, ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਅਤੇ ਵੱਖ-ਵੱਖ ਸਮਾਜਿਕ ਜਥੇਬੰਦੀਆਂ ਦੇ ਮੈਂਬਰਾਂ ਨੂੰ ਸੱਦਾ ਦਿੱਤਾ ਗਿਆ ਹੈ। ਯੋਗ ਮਾਹਿਰਾਂ ਵੱਲੋਂ ਆਮ ਯੋਗ ਪ੍ਰੋਟੋਕੋਲ ਅਨੁਸਾਰ ਤਾੜ ਆਸਨ, ਵ੍ਰਿਕਸ਼ਾਸਨ, ਭੁਜੰਗਾਸਨ, ਪ੍ਰਾਣਾਯਾਮ ਅਤੇ ਧਿਆਨ ਆਦਿ ਕਰਵਾਏ ਜਾਣਗੇ।ਉਨ੍ਹਾਂ ਕਿਹਾ ਕਿ ਯੋਗ ਸਰੀਰਕ ਅਤੇ ਮਾਨਸਿਕ ਸਿਹਤ ਲਈ ਬਹੁਤ ਲਾਭਕਾਰੀ ਹੈ। ਰੋਜ਼ਾਨਾ ਜੀਵਨ ਵਿੱਚ ਯੋਗ ਨੂੰ ਅਪਣਾ ਕੇ ਅਸੀਂ ਨਾ ਸਿਰਫ ਬਿਮਾਰੀਆਂ ਤੋਂ ਬਚ ਸਕਦੇ ਹਾਂ, ਸਗੋਂ ਤਣਾਅ ਮੁਕਤ ਜੀਵਨ ਵੀ ਜੀ ਸਕਦੇ ਹਾਂ। ਪ੍ਰਸ਼ਾਸਨ ਵੱਲੋਂ ਸਮਾਗਮ ਦੇ ਪ੍ਰਬੰਧਾਂ ਲਈ ਵੱਖ -ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ।

ਸ੍ਰੀ ਗੁਰੂ ਅਰਜਨ ਦੇਵ ਦਾ ਸ਼ਹੀਦੀ ਦਿਵਸ ਮਨਾਇਆ

ਫਿਲੌਰ (ਨਿਰਮਲ)- ਸ੍ਰੀ ਗੁਰੂ ਅਰਜਨ ਦੇਵ ਦਾ ਸ਼ਹੀਦੀ ਦਿਹਾੜਾ ਪਿੰਡ ਮਨਸੂਰਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੁਦਵਾਰਾ ਸਿੰਘ ਸਭਾ ਪ੍ਰਬੰਧਕ ਕਮੇਟੀ, ਐਨ ਆਰ ਆਈ ਵੀਰ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਦੌਰਾਨ ਗੁਰਦੁਆਰਾ ਸਾਹਿਬ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਸਹਿਜ ਪਾਠ ਦੇ ਭੋਗ ਪਾਏ ਗਏ ਜਿਸ ਉਪਰੰਤ ਭਾਈ ਪਰਮਜੀਤ ਸਿੰਘ ਪ੍ਰੇਮੀ ਦੇ ਜਥੇ ਦੁਆਰਾ ਸੰਗਤਾਂ ਨੂੰ ਬਾਣੀ ਨਾਲ ਨਿਹਾਲ ਕੀਤਾ ਗਿਆ। ਇਸ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਗੁਰੂ ਘਰ ਵਿਖੇ ਹਾਜ਼ਰੀ ਲਗਵਾਈ ਗਈ। ਇਸ ਮੌਕੇ ਸੰਗਤਾਂ ਵੱਲੋਂ ਗੁਰੂ ਘਰ ਦੀ ਸੇਵਾ ਲਈ ਮਾਇਆ ਭੇਟ ਕੀਤੀ। ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਵੱਲੋਂ ਸੇਵਾ ਕਰਨ ਵਾਲੀਆਂ ਸੰਗਤਾਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ ਕੁਲਦੀਪ ਸਿੰਘ ਸਾਬਕਾ ਸਰਪੰਚ, ਦਲਜੀਤ ਸਿੰਘ, ਬਲਰਾਜ ਸਿੰਘ, ਜਸਵੀਰ ਸਿੰਘ, ਸੁਰਜੀਤ ਸਿੰਘ ਧਾਲੀਵਾਲ, ਜਸਕਰਨ ਸਿੰਘ, ਮੱਖਣ ਸਿੰਘ, ਬਲਦੇਵ ਸਿੰਘ, ਨਰਿੰਦਰ ਸਿੰਘ, ਮਨਜੀਤ ਸਿੰਘ, ਅਮਰੀਕ ਸਿੰਘ, ਕੁਲਵੰਤ ਸਿੰਘ, ਹਰਨੇਕ ਸਿੰਘ, ਅਵਤਾਰ ਸਿੰਘ, ਜੱਗਾ ਸਿੰਘ ਅਤੇ ਹੋਰ ਹਾਜ਼ਰ ਸਨ।

ਜਨਮ ਦਿਨ ਮੁਬਾਰਕ

ਹਰਜਾਪ ਕੌਰ
ਪਿੰਡ ਲਾਲੂ ਘੁੰਮਣ,
ਤਰਨ ਤਾਰਨ

ਰੰਜਿਸ਼ ਦੇ ਚੱਲਦਿਆਂ ਭਤੀਜੇ ਨੇ ਚਾਚੇ ’ਤੇ ਚਲਾਈਆਂ ਗੋਲੀਆਂ

ਚਾਚੇ ਨੂੰ ਖ਼ੂਨ ਨਾਲ ਲੱਥਪੱਥ ਹਾਲਤ ’ਚ ਗੱਡੀ ’ਚ ਪਾ ਕੇ ਹੋਇਆ ਫ਼ਰਾਰ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਲਾਲੜੂ ਦੇ ਨਜ਼ਦੀਕੀ ਪਿੰਡ ਘੋਲੂਮਾਜਰਾ ਵਿਖੇ ਇੱਕ ਨੌਜਵਾਨ ਨੇ ਪਰਵਾਰਕ ਅਤੇ ਕਾਰੋਬਾਰੀ ਰੰਜਿਸ਼ ਦੇ ਚੱਲਦਿਆਂ ਆਪਣੇ ਹੀ ਸਕੇ ਚਾਚੇ ’ਤੇ ਉਸ ਦੇ ਦਫ਼ਤਰ ਦੇ ਅੰਦਰ ਵੜ ਕੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮ ਨਾ ਸਿਰਫ਼ ਆਪਣੇ ਚਾਚੇ ਨੂੰ ਖ਼ੂਨ ਨਾਲ ਲੱਥਪੱਥ ਅਤੇ ਗੰਭੀਰ ਜ਼ਖ਼ਮੀ ਹਾਲਤ ਵਿੱਚ ਉਸ ਦੀ ਹੀ ਟਾਟਾ ਸਵਾਰੀ ਗੱਡੀ ਵਿੱਚ ਪਾ ਕੇ ਮੌਕੇ ਤੋਂ ਫ਼ਰਾਰ ਹੋ ਗਿਆ, ਸਗੋਂ ਪੁਲਸ ਨੂੰ ਗੁੰਮਰਾਹ ਕਰਨ ਅਤੇ ਸਬੂਤ ਮਿਟਾਉਣ ਦੇ ਮਕਸਦ ਨਾਲ ਦਫ਼ਤਰ ਵਿੱਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਦਾ ਡੀ ਵੀ ਆਰ ਵੀ ਆਪਣੇ ਨਾਲ ਪੁੱਟ ਕੇ ਲੈ ਗਿਆ। ਜ਼ਖ਼ਮੀ ਹੋਏ ਵਿਅਕਤੀ ਦੀ ਪਛਾਣ 45 ਸਾਲਾ ਰਾਹੁਲ ਮਲਿਕ ਪੁੱਤਰ ਰਾਮ ਮਲਿਕ, ਵਾਸੀ ਐੱਸ ਬੀ ਪੀ ਸੁਸਾਇਟੀ ਡੇਰਾਬੱਸੀ ਵਜੋਂ ਹੋਈ ਹੈ। ਖ਼ਬਰ ਲਿਖੇ ਜਾਣ ਤੱਕ ਨਾ ਤਾਂ ਜ਼ਖ਼ਮੀ ਹਾਲਤ ਵਿੱਚ ਅਗਵਾ ਕੀਤੇ ਗਏ ਰਾਹੁਲ ਮਲਿਕ ਦਾ ਕੋਈ ਸੁਰਾਗ ਲੱਗ ਸਕਿਆ ਸੀ ਅਤੇ ਨਾ ਹੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਮੁਲਜ਼ਮ ਭਤੀਜੇ ਸਾਹਿਲ ਬਾਰੇ ਕੋਈ ਪਤਾ ਲੱਗ ਸਕਿਆ ਹੈ। ਪੁਲਸ ਦੀਆਂ ਵੱਖ-ਵੱਖ ਟੀਮਾਂ ਦੋਵਾਂ ਦੀ ਭਾਲ ਵਿੱਚ ਇਲਾਕੇ ਅਤੇ ਆਸ-ਪਾਸ ਦੇ ਰਾਜਾਂ ਵਿੱਚ ਲਗਾਤਾਰ ਛਾਪੇਮਾਰੀ ਕਰ ਰਹੀਆਂ ਹਨ। ਪੁਲਸ ਦੀ ਮੁਢਲੀ ਜਾਂਚ ਅਤੇ ਪਰਵਾਰਕ ਮੈਂਬਰਾਂ ਦੇ ਬਿਆਨਾਂ ਤੋਂ ਇਹ ਸ਼ੱਕ ਪ੍ਰਗਟਾਇਆ ਜਾ ਰਿਹਾ ਹੈ ਕਿ ਮੁਲਜ਼ਮ ਸਾਹਿਲ ਪਹਿਲਾਂ ਤੋਂ ਹੀ ਪੂਰੀ ਯੋਜਨਾ (ਪ੍ਰੀ-ਪਲੈਨਡ) ਬਣਾ ਕੇ ਆਇਆ ਸੀ। ਵਾਰਦਾਤ ਤੋਂ ਬਾਅਦ ਜਿਸ ਤਰ੍ਹਾਂ ਉਸ ਨੇ ਠੰਢੇ ਦਿਮਾਗ ਨਾਲ ਕੰਮ ਲਿਆ, ਉਹ ਕਿਸੇ ਵੱਡੀ ਸਾਜ਼ਿਸ਼ ਵੱਲ ਇਸ਼ਾਰਾ ਕਰਦਾ ਹੈ। ਸਾਹਿਲ ਨੇ ਗੋਲੀ ਲੱਗਣ ਕਾਰਨ ਬੇਸੁੱਧ ਹੋਏ ਆਪਣੇ ਚਾਚੇ ਰਾਹੁਲ ਮਲਿਕ ਨੂੰ ਚੁੱਕਿਆ ਅਤੇ ਬਾਹਰ ਖੜ੍ਹੀ ਉਸ ਦੀ ਹੀ ਟਾਟਾ ਸਵਾਰੀ ਗੱਡੀ ਵਿੱਚ ਸੁੱਟ ਲਿਆ। ਇਸ ਤੋਂ ਵੀ ਵੱਡੀ ਗੱਲ ਇਹ ਹੈ ਕਿ ਆਪਣੇ ਖ਼ਿਲਾਫ਼ ਕੋਈ ਵੀ ਪੁਖ਼ਤਾ ਸਬੂਤ ਨਾ ਛੱਡਣ ਦੇ ਮਕਸਦ ਨਾਲ ਉਹ ਦਫ਼ਤਰ ਦੇ ਅੰਦਰ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦਾ ਡੀ.ਵੀ.ਆਰ. ਵੀ ਉਖਾੜ ਕੇ ਆਪਣੇ ਨਾਲ ਲੈ ਗਿਆ। ਪਰਵਾਰਕ ਮੈਂਬਰਾਂ, ਜਿਨ੍ਹਾਂ ਵਿੱਚ ਰਾਹੁਲ ਮਲਿਕ ਦੀ ਭੈਣ ਅਤੇ ਮੁਲਜ਼ਮ ਸਾਹਿਲ ਦੀ ਭੂਆ ਸ਼ਾਮਲ ਹਨ, ਨੇ ਪੁਲਸ ਦੇ ਉੱਚ ਅਧਿਕਾਰੀਆਂ ਦੇ ਸਾਹਮਣੇ ਬਿਆਨ ਦਿੱਤਾ ਕਿ ਸਾਹਿਲ ਨੇ ਹੀ ਇਸ ਖ਼ੂਨੀ ਕਾਂਡ ਨੂੰ ਅੰਜਾਮ ਦਿੱਤਾ ਹੈ ਅਤੇ ਉਹ ਹੀ ਚਾਚੇ ਨੂੰ ਗੱਡੀ ਵਿੱਚ ਪਾ ਕੇ ਲੈ ਗਿਆ ਹੈ। ਇਸ ਘਟਨਾ ਨੇ ਪੂਰੇ ਪਰਵਾਰ ਨੂੰ ਗਹਿਰੇ ਸਦਮੇ ਵਿੱਚ ਪਾ ਦਿੱਤਾ ਹੈ।

ਪਾਵਰ ਲਿਫਟਿੰਗ ਚੈਂਪੀਅਨਸ਼ਿਪ ’ਚ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ

ਹੁਸ਼ਿਆਰਪੁਰ (ਓ ਪੀ ਰਾਣਾ)- ਪਿੰਡ ਖਨੌਰਾ ਦੇ ਰਹਿਣ ਵਾਲੇ ਜਸਵੰਤ ਸਿੰਘ ਪੁੱਤਰ ਪਰਮਜੀਤ ਸਿੰਘ (ਸਰਪੰਚ) ਨੇ 13 ਜੂਨ ਨੂੰ ਥਾਈਲੈਂਡ ਦੇ ਬੈਂਕਾਕ ਵਿੱਚ ਹੋਈ ਡਬਲਯੂ ਆਰ ਪੀ ਐੱਫ਼ ਵਰਲਡ ਪਾਵਰਲਿਫਟਿੰਗ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਡੈੱਡਲਿਫਟ ਮੁਕਾਬਲੇ ਵਿੱਚ ਸੋਨੇ ਦਾ ਤਗਮਾ ਜਿੱਤ ਕੇ ਭਾਰਤ, ਪੰਜਾਬ ਅਤੇ ਆਪਣੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ।ਇਸੇ ਚੈਂਪੀਅਨਸ਼ਿਪ ਵਿੱਚ ਪਿੰਡ ਮੇਹਤੀਆਣਾ ਦੇ ਰਾਜ ਕੁਮਾਰ ਨੇ ਵੀ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕਰਦਿਆਂ ਡੈੱਡਲਿਫਟ ਵਿੱਚ ਇੱਕ ਸੋਨੇ ਦਾ ਤਗਮਾ ਅਤੇ ਬੈਂਚ ਪ੍ਰੈੱਸ ਵਿੱਚ ਦੋ ਚਾਂਦੀ ਦੇ ਤਗਮੇ ਆਪਣੇ ਨਾਂਅ ਕੀਤੇ।ਦੋਵੇਂ ਖਿਡਾਰੀਆਂ ਦੀ ਇਸ ਅੰਤਰਰਾਸ਼ਟਰੀ ਪ੍ਰਾਪਤੀ ਨਾਲ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ। ਖੇਡ ਪ੍ਰੇਮੀਆਂ ਅਤੇ ਸਮਾਜਿਕ ਸੰਸਥਾਵਾਂ ਵੱਲੋਂ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਭੇਜੀਆਂ ਜਾ ਰਹੀਆਂ ਹਨ।

ਅਦਾਕਾਰ ਕੁੱਕੂ ਦੀਵਾਨ ਸਮਰ ਕੈਂਪ ਦੌਰਾਨ ਸਿਖਿਆਰਥੀਆਂ ਦੇ ਹੋਏ ਰੂ-ਬ-ਰੂ

ਚੰਡੀਗੜ੍ਹ (ਸੁਰਜੀਤ ਸੁਮਨ, ਗੁਰਜੀਤ ਬਿੱਲਾ)- ਵੀਹ ਦਿਨਾਂ ਰੰਗਮੰਚੀ ਸਿਖਲਾਈ ਸਮਰ ਕੈਂਪ ਦੌਰਾਨ ਰੰਗਮੰਚੀ ਅਤੇ ਫਿਲਮ ਅਦਾਕਾਰ ਕੁੱਕੂ ਦੀਵਾਨ ਨੇ ਸਿਖਿਆਰਥੀਆਂ ਦੇ ਰੂ-ਬ-ਰੂ ਦੌਰਾਨ ਕਿਹਾ ਕਿ ਕਲਾ ਸਾਧਨਾ ਹੈ, ਤੱਪਸਿਆ ਹੈ, ਪੂਜਾ ਹੈ।ਕਲਾ ਅਤੇ ਕਲਮ ਲੋਕਾਂ ਦੀ ਗੱਲ ਕਰਦੀ ਹੋਣੀ ਚਾਹੀਦੀ ਹੈ, ਜਿਹੜੀ ਕਲਾ ਅਤੇ ਕਲਮ ਲੋਕਾਂ ਦੀ ਬਾਤ ਨਹੀਂ ਪਾਉਂਦੀ ਉਹ ਕਲਾ ਹਰਗਿਜ਼ ਨਹੀ ਕਹੀ ਜਾ ਸਕਦੀ।ਇਹ ਸਮਰ ਕੈਂਪ ਨਾਟਕਰਮੀ ਸੰਜੀਵਨ ਸਿੰਘ ਦੀ ਰਹਿਨੁਮਾਈ ਹੇਠ ਉੱਤਰੀ ਖੇਤਰ ਸਭਿਆਚਾਰ ਕੇਂਦਰ, ਪਟਿਆਲਾ ਵੱਲੋਂ ਆਯੋਜਿਤ ਪੈਰਾਗਾਨ ਸੀਨੀਅਰ ਸੈਕੰਡਰੀ ਸਕੂਲ, ਸੈਕਟਰ-69, ਮੁਹਾਲੀ ਵਿਖੇ ਚੱਲ ਰਿਹਾ ਹੈ।ਇਹ ਜਾਣਕਾਰੀ ਸਕੂਲ ਦੇ ਕੋਆਰਡੀਨੇਟਰ ਦੀਪਇੰਦਰ ਕੌਰ ਸ਼ੇਰਗਿੱਲ ਸਮਰ ਕੈਂਪ ਦੌਰਾਨ ਤਿਆਰ ਕਰਵਾਏ ਸ਼ਹੀਦ ਭਗਤ ਸਿੰਘ ਦੇ ਜ਼ਿੰਦਗੀ ਦੇ ਅਣਛੋਹੇ ਪਲਾਂ ਅਤੇ ਦੇਸ਼ ਦੀ ਅਜ਼ਾਦੀ ਲਈ ਦਿੱਤੀਆਂ ਕੁਰਬਾਨੀਆਂ ਨੂੰ ਦਰਸਾਉਂਦੇ ਸੰਜੀਵਨ ਸਿੰਘ ਦੇ ਲਿਖੇ ਨਾਟਕ ‘ਸਰਦਾਰ’ ਦੇ ਕੁੱਝ ਅੰਸ਼ਾ ਦਾ ਮੰਚਣ ਸਕੂਲ ਖੁੱਲਣ ਮਗਰੋਂ ਵਿਦਿਆਰਥੀਆਂ ਅਤੇ ਮਾਪਿਆਂ ਸਾਹਮਣੇ ਮੰਚਣ ਤੋਂ ਇਲਾਵਾ ਮੁਹਾਲੀ ਵਾਸੀਆਂ ਨੂੰ ਦੇਸ਼ ਭਗਤਾਂ ਦੀ ਕੁਰਬਾਨੀਆਂ ਤੋਂ ਵਾਕਿਫ਼ ਕਰਵਾਉਂਣ ਲਈ ਅਜ਼ਾਦੀ ਦਿਹਾੜੇ 15 ਅਗਸਤ ਤੱਕ ਸ਼ਹਿਰ ਦੇ ਬਜ਼ਾਰਾਂ ਵਿਚ ਨਾਟਕ ਦੇ ਮੰਚਣ ਕਰਵਾਏ ਜਾਣਗੇ।